ਸ਼ਨੀਵਾਰ, 30 ਮਈ, 2026
16 ਜੇਠ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 74
ਅੰਕ/NO. : 359

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • SATURDAY, 30 MAY, 2026
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 14


# ਸਿੱਖਿਆ ਦਾ ਮਹਾਂ ਜਸ਼ਨ

**ਨੀਤੀ ਆਯੋਗ ਦੀ ਰਿਪੋਰਟ, ਪੰਜਾਬ ਦੇ ਸਰਕਾਰੀ ਸਕੂਲਾਂ ਦੀ ਸਿੱਖਿਆ ਦੇਸ਼ ਵਿੱਚ ਨੰਬਰ 1**




**19,000+** ਸਰਕਾਰੀ ਸਕੂਲ

**1.8 ਲੱਖ+** ਸਰਕਾਰੀ ਸਕੂਲ ਸਟਾਫ਼

**25 ਲੱਖ+** ਸਰਕਾਰੀ ਵਿਦਿਆਰਥੀ

**ਮੁੱਖ ਮੰਤਰੀ ਭਗਵੰਤ ਸਿੰਘ ਮਾਨ**
ਤੁਹਾਨੂੰ ਇਸ ਇਤਿਹਾਸਿਕ ਜਸ਼ਨ ਦਾ ਹਿੱਸਾ ਬਣਨ ਲਈ ਨਿੱਘਾ ਸੱਦਾ ਦਿੰਦੇ ਹਨ।

**ਸਵੇਰੇ 8:00 ਵਜੇ | 30 ਮਈ, 2026**

**ਜਸ਼ਨ**
**ਸਿੱਖਿਆ ਦਾ ਮਹਾਂ ਜਸ਼ਨ**
ਆਪਣੇ ਬੱਚੇ ਦੇ ਸਕੂਲ ਵਿੱਚ ਮੈਗਾ ਪੀ.ਟੀ.ਐਮ. (ਮਾਪੇ-ਅਧਿਆਪਕ ਮਿਲਣੀ) ਅਤੇ ਪੇਰੈਂਟਸ ਵਰਕਸ਼ਾਪ ਵਿੱਚ ਸ਼ਾਮਲ ਹੋਵੋ।

**ਸਿੱਖੋ**
**ਵਰਕਸ਼ਾਪ ਵਿੱਚ**
ਗਰਮੀਆਂ ਦੀਆਂ ਛੁੱਟੀਆਂ ਦੌਰਾਨ ਆਪਣੇ ਬੱਚੇ ਦੀ ਪੜ੍ਹਾਈ ਨੂੰ ਜਾਰੀ ਰੱਖਣ ਦੇ ਸੌਖੇ ਤਰੀਕੇ ਜਾਣੋ।

**ਜਾਣੋ**
**ਪੀ.ਟੀ.ਐਮ. ਵਿੱਚ**
ਅਧਿਆਪਕਾਂ ਨੂੰ ਮਿਲੋ, ਜਾਣੋ ਕਿ ਤੁਹਾਡਾ ਬੱਚਾ ਕਿਵੇਂ ਪੜ੍ਹ ਰਿਹਾ ਹੈ ਅਤੇ ਉਸ ਨੂੰ ਕਿੱਥੇ ਮਦਦ ਦੀ ਲੋੜ ਹੈ।

**ਮੈਗਾ ਮਾਪੇ-ਅਧਿਆਪਕ ਮਿਲਣੀ ਅਤੇ ਵਰਕਸ਼ਾਪ**

ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ

# ਏ ਡੀ ਸੀ ਨੇ ਜਨਗਣਨਾ ਦੇ ਕੰਮਾਂ ਦੀ ਕੀਤੀ ਸਮੀਖਿਆ, ਦਿੱਤੇ ਦਿਸ਼ਾ-ਨਿਰਦੇਸ਼



**ਲੁਧਿਆਣਾ (ਰੈਕਟਰ ਕਥੂਰੀਆ)**-ਵਧੀਕ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਜਨਗਣਨਾ ਅਫਸਰ ਪੂਨਮ ਸਿੰਘ ਨੇ ਜਨਗਣਨਾ 2027 ਦੇ ਪੜਾਅ-1 ਅਧੀਨ ਲੁਧਿਆਣਾ ਪੱਛਮੀ ਤਹਿਸੀਲ ਵਿੱਚ ਤਾਇਨਾਤ ਗਿਣਤੀਕਾਰਾਂ ਤੇ ਸੁਪਰਵਾਈਜ਼ਰਾਂ ਨਾਲ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕੀਤੀ, ਜਿਸ ਵਿੱਚ ਘਰ ਦੀ ਸੂਚੀਕਰਨ ਕਾਰਜ ਤੇ ਰਿਹਾਇਸ਼ੀ ਜਨਗਣਨਾ ਸ਼ਾਮਲ ਹੈ।ਮੀਟਿੰਗ ਦੌਰਾਨ ਜ਼ਿਲ੍ਹਾ ਜਨਗਣਨਾ ਕੋਆਰਡੀਨੇਟਰ ਅਲੋਕ ਕੁਮਾਰ, ਮਾਸਟਰ ਟ੍ਰੇਨਰ ਉਪਮਾ ਕੌਲ, ਜਨਗਣਨਾ ਸਟਾਫ, ਲੁਧਿਆਣਾ ਪੱਛਮੀ ਦੇ ਤਹਿਸੀਲਦਾਰ ਤੇ ਹੋਰ ਅਧਿਕਾਰੀ ਮੌਜੂਦ ਸਨ। ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਨੇ ਚੱਲ ਰਹੀਆਂ ਫੀਲਡ ਗਤੀਵਿਧੀਆਂ ਦੀ ਪ੍ਰਗਤੀ ਦੀ ਸਮੀਖਿਆ ਕੀਤੀ ਤੇ ਜਨਗਣਨਾ ਅਭਿਆਸ ਦੌਰਾਨ ਗਿਣਤੀਕਾਰਾਂ ਅਤੇ ਸੁਪਰਵਾਈਜ਼ਰਾਂ ਨੂੰ ਦਰਪੇਸ਼ ਵੱਖ-ਵੱਖ ਤਕਨੀਕੀ, ਪ੍ਰਸ਼ਾਸਕੀ ਅਤੇ ਸੰਚਾਲਨ ਚੁਣੌਤੀਆਂ 'ਤੇ ਚਰਚਾ ਕੀਤੀ ਗਈ।ਉਨ੍ਹਾਂ ਜਨਗਣਨਾ ਕਾਰਜਾਂ ਦੇ ਸੁਚਾਰੂ, ਪਾਰਦਰਸ਼ੀ ਅਤੇ ਪ੍ਰਭਾਵਸ਼ਾਲੀ ਸੰਚਾਲਨ ਨੂੰ ਯਕੀਨੀ ਬਣਾਉਣ ਲਈ ਜ਼ਰੂਰੀ ਮਾਰਗਦਰਸ਼ਨ ਤੇ ਨਿਰਦੇਸ਼ ਦਿੱਤੇ। ਨਿਰਧਾਰਤ ਕੰਮਾਂ ਦੀ ਸ਼ੁੱਧਤਾ ਤੇ ਸਮੇਂ ਸਿਰ ਪੂਰਾ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ ਪੂਨਮ ਸਿੰਘ ਨੇ ਫੀਲਡ ਸਟਾਫ ਨੂੰ ਘਰ ਸੂਚੀਕਰਨ ਕਾਰਜਾਂ ਨੂੰ ਪੂਰਾ ਕਰਦੇ ਸਮੇਂ ਜਨਗਣਨਾ ਦਿਸ਼ਾ-ਨਿਰਦੇਸ਼ਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਦੇ ਨਿਰਦੇਸ਼ ਦਿੱਤੇ।ਉਨ੍ਹਾਂ ਅਧਿਕਾਰੀਆਂ ਨੂੰ ਗੁਣਵੱਤਾ ਵਾਲੇ ਡਾਟਾ ਸੰਗ੍ਰਹਿ ਨੂੰ ਯਕੀਨੀ ਬਣਾਉਣ ਲਈ ਹਰ ਪੱਧਰ 'ਤੇ ਤਾਲਮੇਲ ਬਣਾਈ ਰੱਖਣ ਦੀ ਵੀ ਅਪੀਲ ਕੀਤੀ।ਉਨ੍ਹਾਂ ਸੁਪਰਵਾਈਜ਼ਰਾਂ ਨੂੰ ਗਣਨਾਕਾਰਾਂ ਦੇ ਕੰਮ ਦੀ ਨਿਯਮਤ ਤੌਰ 'ਤੇ ਨਿਗਰਾਨੀ ਕਰਨ ਅਤੇ ਇਹ ਯਕੀਨੀ ਬਣਾਉਣ ਲਈ ਵੀ ਕਿਹਾ ਕਿ ਸਰਵੇਖਣ ਪ੍ਰਕਿਰਿਆ ਦੌਰਾਨ ਕੋਈ ਵੀ ਘਰ ਅਣਗੌਲਿਆ ਨਾ ਰਹੇ।ਅਧਿਕਾਰੀਆਂ ਨੇ ਮੀਟਿੰਗ ਦੌਰਾਨ ਦੱਸਿਆ ਕਿ ਜਨਗਣਨਾ 2027 ਦੇ ਫੀਲਡ ਕਾਰਜਾਂ ਲਈ ਜ਼ਿਲ੍ਹਾ ਲੁਧਿਆਣਾ ਵਿੱਚ ਕਰੀਬ 10,000 ਗਣਨਾਕਾਰ ਤੇ ਲਗਭਗ 1,600 ਸੁਪਰਵਾਈਜ਼ਰ ਤਾਇਨਾਤ ਕੀਤੇ ਗਏ ਹਨ।

# ਐੱਸ ਕੇ ਐੱਮ ਖਾਦਾਂ ਦੀ ਸਪਲਾਈ ਯਕੀਨੀ ਬਣਾਉਣ ਤੇ ਤੇਲ ਕੀਮਤਾਂ ਖਿਲਾਫ਼ ਪ੍ਰਦਰਸ਼ਨ ਕਰੇਗਾ : ਆਗੂ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀ ਅਹਿਮ ਮੀਟਿੰਗ ਭਾਰਤੀ ਕਿਸਾਨ ਯੂਨੀਅਨ (ਉਗਰਾਹਾਂ) ਦੇ ਜ਼ਿਲ੍ਹਾ ਸਕੱਤਰ ਜਥੇਦਾਰ ਗੁਰਭਗਤ ਸਿੰਘ ਭਲਾਈਆਣਾ ਤੇ ਕੌਮੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰੈੱਸ ਸਕੱਤਰ ਜਥੇਦਾਰ ਰਜਿੰਦਰ ਸਿੰਘ ਦੂਹੇਵਾਲਾ ਦੇ ਸਾਂਝੇ ਪ੍ਰਧਾਨਗੀ ਮੰਡਲ ਹੇਠ ਸ਼ਹੀਦ ਭਾਈ ਮਹਾਂ ਸਿੰਘ ਦੀਵਾਨ ਹਾਲ ਵਿੱਚ ਹੋਈ।ਮੀਟਿੰਗ ਵਿੱਚ ਹੋਰ ਮੁੱਦਿਆਂ ਤੋਂ ਇਲਾਵਾ ਭਾਖੜਾ ਬਿਆਸ ਪ੍ਰਬੰਧਕੀ ਬੋਰਡ ਵਿੱਚੋਂ ਪੰਜਾਬ ਦੀ ਸਥਾਈ ਨੁਮਾਇੰਦਗੀ ਦਾ ਹੱਕ ਖੋਹਣ, ਯੂਰੀਆ ਤੇ ਡੀਏਪੀ ਖਾਦ ਦੀ ਕਿੱਲਤ, ਡੀਜ਼ਲ ਦੀਆਂ ਵਧਾਈਆਂ ਗਈਆਂ ਕੀਮਤਾਂ, ਕੇਂਦਰ ਸਰਕਾਰ ਵੱਲੋਂ ਫਸਲਾਂ ਦੀ ਐੱਮ.ਐੱਸ.ਪੀ. ਵਿੱਚ ਕੀਤਾ ਗਿਆ ਨਿਗੂਣਾ ਵਾਧਾ, ਪੰਜਾਬ ਸਰਕਾਰ ਵੱਲੋਂ ਨਵਾਂ ਹੱਦ ਕਰਜ਼ਾ ਲਾਗੂ ਨਾ ਕਰਨ ਤੇ ਬੈਂਕਾਂ ਵੱਲੋਂ ਨਗਦੀ ਦੇਣ ਲਈ ਖੜੀਆਂ ਕੀਤੀਆਂ ਜਾ ਰਹੀਆਂ ਰੁਕਾਵਟਾਂ ਹਟਾਈਆਂ ਜਾਣ ਆਦਿ ਮੰਗਾਂ 'ਤੇ ਵਿਚਾਰ ਚਰਚਾ ਕੀਤੀ ਗਈ।ਇਸ ਮੌਕੇ ਬੀ.ਕੇ.ਯੂ. ਰਾਜੇਵਾਲ ਨੇ ਜ਼ਿਲ੍ਹਾ ਪ੍ਰਧਾਨ ਗੋਬਿੰਦ ਸਿੰਘ ਕੋਟਲੀ ਦਿਉਣ, ਬੀ.ਕੇ.ਯੂ. ਡਕੌਂਦਾ (ਬੁਰਜ ਗਿੱਲ) ਦੇ ਜ਼ਿਲ੍ਹਾ ਖਜ਼ਾਨਚੀ ਅਮਨਦੀਪ ਸਿੰਘ ਹਰੀਕੇ ਕਲਾਂ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਜਥੇਦਾਰ ਹਰਪ੍ਰੀਤ ਸਿੰਘ ਝਬੇਲਵਾਲੀ, ਬੀ.ਕੇ.ਯੂ. ਲੱਖੋਵਾਲ (ਟਿਕੈਤ) ਦੇ ਜ਼ਿਲ੍ਹਾ ਸਕੱਤਰ ਜਥੇਦਾਰ ਗੁਰਮੀਤ ਸਿੰਘ ਲੰਬੀ ਢਾਬ, ਬੀ.ਕੇ.ਯੂ. ਮਾਲਵਾ ਦੇ ਸੀਨੀਅਰ ਆਗੂ ਸੁਖਦੇਵ ਸਿੰਘ ਨਵਾਂ ਭੁੱਲਰ, ਕੁੱਲ ਹਿੰਦ ਕਿਸਾਨ ਸਭਾ (ਪੁੰਨਾਂਵਾਲ) ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਧਰਮਪਾਲ ਸਿੰਘ ਝਬੇਲਵਾਲੀ ਨੇ ਕਿਹਾ ਕਿ ਰਜਿਸਟਰਾਰ, ਸਹਿਕਾਰੀ ਸਭਾਵਾਂ ਵੱਲੋਂ ਨਵਾਂ ਹੱਦ ਕਰਜ਼ਾ 15 ਮਈ ਤੱਕ ਲਾਗੂ ਕਰਨ ਦਾ ਵਾਅਦਾ ਕੀਤਾ ਗਿਆ ਸੀ, ਜੋ ਕਿ ਅੱਜ ਤੱਕ ਪੂਰਾ ਨਹੀਂ ਕੀਤਾ ਗਿਆ।ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਨਵੇਂ ਹੱਦ ਕਰਜ਼ੇ ਦਾ ਨੋਟੀਫਿਕੇਸ਼ਨ ਤੁਰੰਤ ਲਾਗੂ ਕੀਤਾ ਜਾਵੇ।ਐੱਸਕੇਐੱਮ ਨੇ ਬੀਜ ਬਿੱਲ ਤੇ ਬਿਜਲੀ ਸੋਧ ਬਿੱਲ ਦਾ ਵਿਰੋਧ ਕਰਦਿਆਂ ਭਾਰਤ ਅਮਰੀਕਾ ਮੁਕਤ ਵਪਾਰ ਸਮਝੌਤੇ ਵਿੱਚੋਂ ਖੇਤੀ ਖੇਤਰ ਨੂੰ ਬਾਹਰ ਰੱਖਣ ਦੀ ਮੰਗ ਜ਼ੋਰਦਾਰ ਢੰਗ ਨਾਲ ਉਠਾਈ।ਆਗੂਆਂ ਨੇ ਮੰਗ ਕਰਦਿਆਂ ਕਿਹਾ ਕਿ ਗਰਮੀ ਹੋਣ ਕਰਕੇ ਮੱਕੀ, ਸਬਜ਼ੀਆਂ ਤੇ ਝੋਨੇ ਦੀ ਪਨੀਰੀ ਪਾਣੀ ਖੁਣੋਂ ਮੱਚ ਰਹੀਆਂ ਹਨ, ਤੜਕੇ ਆਥਣੇ ਮੋਟਰਾਂ ਵਾਲੀ ਲਾਈਟ ਦਾ ਪ੍ਰਬੰਧ ਯਕੀਨੀ ਬਣਾਉਣ ਦੀ ਸਰਕਾਰ ਕੋਲੋਂ ਮੰਗ ਕੀਤੀ ਗਈ।ਇਸ ਮੌਕੇ ਸੰਯੁਕਤ ਕਿਸਾਨ ਮੋਰਚੇ ਦੇ ਸੀਨੀਅਰ ਆਗੂ ਮਾਸਟਰ ਬਲਵਿੰਦਰ ਸਿੰਘ ਥਾਂਦੇਵਾਲਾ ਨੇ ਪ੍ਰੈੱਸ ਨੋਟ ਜਾਰੀ ਕਰਦਿਆਂ ਕਿਹਾ ਕਿ ਕਿਸਾਨਾਂ ਮਜ਼ਦੂਰਾਂ ਦੀਆਂ ਭਖਦੀਆਂ ਮੰਗਾਂ ਨੂੰ ਲੈ ਕੇ 2 ਜੂਨ ਨੂੰ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਡੀ ਸੀ ਦਫਤਰ ਮੂਹਰੇ 9 ਵਜੇ ਤੋਂ ਲੈ ਕੇ 12 ਵਜੇ ਤੱਕ ਧਰਨਾ ਦਿੱਤਾ ਜਾਵੇਗਾ ਤੇ ਮੰਗ ਪੱਤਰ ਵੀ ਸੌਂਪਿਆ ਜਾਵੇਗਾ।ਇਸ ਮੌਕੇ ਜਸਕਰਨ ਸਿੰਘ ਬੂੜਾ ਗੁੱਜਰ, ਬਲਦੇਵ ਸਿੰਘ ਹਰੀਕੇ ਕਲਾਂ, ਜੋਗਿੰਦਰ ਸਿੰਘ ਬੁੱਟਰ ਸ਼ਰੀਹ, ਗੁਰਨੈਬ ਸਿੰਘ ਭੁੱਲਰ ਆਦਿ ਕਿਸਾਨ ਆਗੂ ਹਾਜ਼ਰ ਸਨ।

# ਸੰਯੁਕਤ ਸਮਾਜ ਮੋਰਚਾ ਦੇ ਜ਼ਿਲ੍ਹਾ ਪ੍ਰਧਾਨ ਆਪ 'ਚ ਸ਼ਾਮਲ

■ ਮੌੜਾ ਸਿੰਘ ਅਣਜਾਨ ਤੇ ਸਾਥੀਆਂ ਨੂੰ ਪਾਰਟੀ 'ਚ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ : ਅਮਨ ਅਰੋੜਾ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਆਮ ਆਦਮੀ ਪਾਰਟੀ ਦੀ ਲੋਕ ਪੱਖੀ ਸੋਚ ਤੇ ਕੀਤੇ ਜਾ ਰਹੇ ਲੋਕ ਭਲਾਈ ਦੇ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਅੱਜ ਫਿਰੋਜ਼ਪੁਰ ਤੋਂ ਸਯੁੰਕਤ ਸਮਾਜ ਮੋਰਚਾ (ਰਾਜਨੀਤਕ) ਦੇ ਜ਼ਿਲ੍ਹਾ ਪ੍ਰਧਾਨ ਮੌੜਾ ਸਿੰਘ ਅਨਜਾਨ ਆਪਣੇ ਸਾਥੀਆਂ ਸਣੇ 'ਆਪ' ਵਿੱਚ ਸ਼ਾਮਲ ਹੋ ਗਏ।ਆਮ ਆਦਮੀ ਪਾਰਟੀ ਦੇ ਪੰਜਾਬ ਪ੍ਰਧਾਨ ਤੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਮੌੜਾ ਸਿੰਘ ਅਣਜਾਣ ਤੇ ਉਨ੍ਹਾਂ ਦੇ ਸਾਥੀਆਂ ਦੀ ਪਾਰਟੀ 'ਚ ਸ਼ਮੂਲੀਅਤ ਕਰਵਾਈ।ਇਸ ਮੌਕੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਣ ਜਾ ਰਹੇ ਮੌੜਾ ਸਿੰਘ ਅਣਜਾਣ ਤੇ ਸਾਥੀਆਂ ਨੂੰ ਪਾਰਟੀ ਵਿੱਚ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ। ਜ਼ਿਕਰਯੋਗ ਹੈ ਕਿ 2022 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਵੀ ਮੌੜਾ ਸਿੰਘ ਅਣਜਾਣ ਆਮ ਆਦਮੀ ਪਾਰਟੀ ਦੇ ਉੱਘੇ ਆਗੂਆਂ ਵਜੋਂ ਜਾਣੇ ਜਾਂਦੇ ਰਹੇ ਹਨ ਤੇ ਪਾਰਟੀ ਦੀ ਫਿਰੋਜ਼ਪੁਰ ਵਰਗੇ ਸਰਹੱਦੀ ਏਰੀਏ ਵਿੱਚ ਪਛਾਣ ਬਣਾਉਣ ਵਿੱਚ ਉਨ੍ਹਾਂ ਅਹਿਮ ਭੂਮਿਕਾ ਨਿਭਾਈ ਸੀ।ਹਲਕਾ ਫਿਰੋਜ਼ਪੁਰ ਦਿਹਾਤੀ ਤੋਂ 2022 ਵਿੱਚ ਆਮ ਆਦਮੀ ਪਾਰਟੀ ਵੱਲੋਂ ਅਮਰਦੀਪ ਸਿੰਘ ਆਸ਼ੂ ਬੰਗੜ ਨੂੰ ਟਿਕਟ ਦਿੱਤੇ ਜਾਣ ਤੇ ਆਪਣੀ ਟਿਕਟ ਕੱਟੇ ਜਾਣ 'ਤੇ ਨਰਾਜ਼ਗੀ ਵਜੋਂ ਉਨ੍ਹਾ ਪਾਰਟੀ ਛੱਡ ਦਿੱਤੀ ਸੀ।ਹੁਣ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਮੌੜਾ ਸਿੰਘ ਅਣਜਾਣ ਦਾ ਫਿਰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣਾ ਖਾਸ ਕਰਕੇ ਹਲਕਾ ਫਿਰੋਜ਼ਪੁਰ ਦਿਹਾਤੀ ਵਿੱਚ ਇੱਕ ਨਵੀਂ ਚਰਚਾ ਦਾ ਵਿਸ਼ਾ ਬਣ ਗਿਆ ਹੈ।ਦੂਜੇ ਪਾਸੇ ਕੁਝ ਪੁਰਾਣੇ ਪਾਰਟੀ ਆਗੂਆਂ ਤੇ ਵਰਕਰਾਂ ਨੇ ਮੌੜਾ ਸਿੰਘ ਅਣਜਾਣ ਦਾ ਮੁੜ ਪਾਰਟੀ ਵਿੱਚ ਸ਼ਾਮਲ ਹੋਣ ਦਾ ਸਵਾਗਤ ਕਰਦਿਆਂ ਇਸ ਨੂੰ ਪਾਰਟੀ ਵਾਸਤੇ ਸ਼ੁਭ ਸੰਕੇਤ ਦੱਸਿਆ ਹੈ।

## ਈਦ-ਉਲ-ਅਜ਼ਹਾ ਮੌਕੇ ਅਨਵਰ ਹੁਸੈਨ ਜ਼ੀਰਾ ਨੂੰ ਦਿੱਤੀਆਂ ਵਧਾਈਆਂ



**ਫਿਰੋਜ਼ਪੁਰ (ਗੁਰਬਚਨ ਸਿੰਘ)**-ਈਦ-ਉਲ-ਅਜ਼ਹਾ ਦੇ ਪਵਿੱਤਰ ਤਿਉਹਾਰ ਮੌਕੇ ਜ਼ੀਰਾ ਸ਼ਹਿਰ ਵਿੱਚ ਸਮੂਹ ਮੁਸਲਿਮ ਅਤੇ ਹਿੰਦੂ ਭਾਈਚਾਰੇ ਵੱਲੋਂ ਆਪਸੀ ਪਿਆਰ ਅਤੇ ਭਾਈਚਾਰੇ ਦੀ ਮਿਸਾਲ ਪੇਸ਼ ਕੀਤੀ ਗਈ। ਇਸ ਮੌਕੇ ਪੰਜਾਬ ਕਾਂਗਰਸ ਦੇ ਸੀਨੀਅਰ ਆਗੂ, ਮਸਜਿਦ ਬਾਬਾ ਮੋਜਦੀਨ ਵੈਲਫੇਅਰ ਸੋਸਾਇਟੀ (ਰਜਿ. ਨੰਬਰ 6824) ਦੇ ਪ੍ਰਧਾਨ ਅਤੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਕਿਸਾਨ ਸੈੱਲ ਦੇ ਵਾਇਸ ਚੇਅਰਮੈਨ ਜਨਾਬ ਅਨਵਰ ਹੁਸੈਨ ਜ਼ੀਰਾ ਨੂੰ ਗਲੇ ਮਿਲ ਕੇ ਵਧਾਈਆਂ ਦਿੱਤੀਆਂ ਗਈਆਂ ਅਤੇ ਲੱਡੂ ਖਵਾ ਕੇ ਮੂੰਹ ਮਿੱਠਾ ਕਰਵਾਇਆ ਗਿਆ।ਇਸ ਮੌਕੇ ਜਨਾਬ ਅਨਵਰ ਹੁਸੈਨ ਜ਼ੀਰਾ ਨੇ ਕਿਹਾ ਕਿ ਈਦ, ਬਕਰੀਦ, ਦੀਵਾਲੀ ਅਤੇ ਦੁਸਹਿਰਾ ਸਾਰੇ ਧਰਮਾਂ ਦੇ ਸਾਂਝੇ ਤਿਉਹਾਰ ਹਨ, ਜਿਨ੍ਹਾਂ ਨੂੰ ਜਾਤ-ਪਾਤ ਅਤੇ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਮਨਾਉਣਾ ਚਾਹੀਦਾ ਹੈ। ਇਸ ਨਾਲ ਦੇਸ਼ ਦੀ ਏਕਤਾ ਅਤੇ ਭਾਈਚਾਰੇ ਦਾ ਸੰਦੇਸ਼ ਦੁਨੀਆ ਤੱਕ ਪਹੁੰਚਦਾ ਹੈ।ਉਨ੍ਹਾਂ ਅਪੀਲ ਕੀਤੀ ਕਿ ਸਾਰੇ ਧਰਮਾਂ ਦੇ ਲੋਕ ਆਪਸੀ ਪਿਆਰ ਅਤੇ ਸਾਂਝ ਨੂੰ ਬਣਾਈ ਰੱਖਣ ਤਾਂ ਜੋ ਦੇਸ਼ ਵਿਰੋਧੀ ਤਾਕਤਾਂ ਲੋਕਾਂ ਨੂੰ ਗਲਤ ਤਰੀਕੇ ਨਾਲ ਵਰਤ ਨਾ ਸਕਣ ਅਤੇ ਦੇਸ਼ ਦੀ ਏਕਤਾ ਤੇ ਅਖੰਡਤਾ ਮਜ਼ਬੂਤ ਰਹੇ।ਇਸ ਮੌਕੇ ਜੋਗਾ ਸਿੰਘ ਸਕੱਤਰ ਘੱਟ ਗਿਣਤੀ ਵਿਭਾਗ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ, ਮੋਹਸ਼ੀਨ, ਸੁੱਖਜਿੰਦਰ ਸਿੰਘ ਭੋਲਾ ਸਕੱਤਰ ਬਲਾਕ ਕਾਂਗਰਸ ਕਮੇਟੀ ਜੀਰਾ, ਵਿਜੈ ਕੁਮਾਰ ਵੋਹਰਾ ਸਾਬਕਾ ਸ਼ਹਿਰੀ ਪ੍ਰਧਾਨ ਯੂਥ ਕਾਂਗਰਸ ਜੀਰਾ, ਪੂਰਨ ਚੰਦ ਟਿੱਬਾ ਵਸਤੀ ਜ਼ੀਰਾ, ਅਜੀਤ ਸਿੰਘ ਘਾਰੂ, ਰਾਮ ਸਰੂਪ ਸਾਬਕਾ ਪੰਚ ਕਲਗੀਧਰ ਨਗਰ ਜ਼ੀਰਾ, ਹੀਰਾ ਲਾਲ ਪ੍ਰਧਾਨ ਬੋਰੀਆ ਬਰਾਦਰੀ ਜ਼ੀਰਾ ਸਮੇਤ ਕਈ ਹੋਰ ਆਗੂ ਹਾਜ਼ਰ ਸਨ।

# ਕੈਬਨਿਟ ਮੰਤਰੀਆਂ ਦੀ ਹਾਜ਼ਰੀ 'ਚ ਜ਼ਿਲ੍ਹਾ ਪ੍ਰੀਸ਼ਦ ਦੇ ਚੇਅਰਮੈਨ ਟਿਵਾਣਾ ਨੇ ਅਹੁਦਾ ਸੰਭਾਲਿਆ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਆਮ ਆਦਮੀ ਪਾਰਟੀ ਦੇ ਸੀਨੀਅਰ ਯੂਥ ਆਗੂ ਗੁਰਦੇਵ ਸਿੰਘ ਟਿਵਾਣਾ ਨੇ ਪ੍ਰਮਾਤਮਾ ਅੱਗੇ ਅਰਦਾਸ ਤੇ ਸ੍ਰੀ ਗੁਰੂ ਸਾਹਿਬ ਜੀ ਦਾ ਸ਼ੁਕਰਾਨਾ ਕਰਕੇ ਜ਼ਿਲ੍ਹਾ ਪ੍ਰੀਸ਼ਦ ਦੇ ਚੇਅਰਮੈਨ ਵਜੋਂ ਰਸਮੀ ਤੌਰ 'ਤੇ ਅਹੁਦਾ ਸੰਭਾਲ ਲਿਆ ਹੈ।ਉਨ੍ਹਾਂ ਨਾਲ ਬਿੰਦਰ ਕੌਰ ਨੇ ਵੀ ਵਾਈਸ ਚੇਅਰਪਰਸਨ ਵਜੋਂ ਅਹੁਦਾ ਸੰਭਾਲ ਲਿਆ ਹੈ।ਇੱਥੇ ਸਰਹਿੰਦ ਰੋਡ 'ਤੇ ਸਥਿਤ ਜ਼ਿਲ੍ਹਾ ਪ੍ਰੀਸ਼ਦ ਦੇ ਦਫ਼ਤਰ ਵਿਖੇ ਸ੍ਰੀ ਸੁਖਮਨੀ ਸਾਹਿਬ ਦੇ ਕਰਵਾਏ ਪਾਠ ਸਮਾਗਮ ਦੌਰਾਨ ਵਿਸ਼ੇਸ਼ ਤੌਰ 'ਤੇ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ, ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ, ਜਲ ਸਰੋਤ ਮੰਤਰੀ ਬਰਿੰਦਰ ਗੋਇਲ, ਵਿਧਾਇਕ ਚੇਤਨ ਸਿੰਘ ਜੌੜਾਮਾਜਰਾ, ਅਜੀਤਪਾਲ ਸਿੰਘ ਕੋਹਲੀ, ਨੀਨਾ ਮਿੱਤਲ, ਗੁਰਲਾਲ ਘਨੌਰ, ਕੁਲਵੰਤ ਸਿੰਘ ਬਾਜ਼ੀਗਰ, ਗੁਰਦੇਵ ਸਿੰਘ ਦੇਵ ਮਾਨ ਤੇ ਚੇਅਰਮੈਨ ਮੰਡੀ ਬੋਰਡ ਹਰਚੰਦ ਸਿੰਘ ਬਰਸਟ, ਮੇਅਰ ਕੁੰਦਨ ਗੋਗੀਆ ਸਮੇਤ ਹੋਰ ਸੀਨੀਅਰ ਆਗੂਆਂ ਨੇ ਸ਼ਿਰਕਤ ਕੀਤੀ। ਇਸ ਮੌਕੇ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ, ਡਾ. ਬਲਬੀਰ ਸਿੰਘ ਤੇ ਬਰਿੰਦਰ ਗੋਇਲ ਨੇ ਗੁਰਦੇਵ ਸਿੰਘ ਟਿਵਾਣਾ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਸ ਨੌਜਵਾਨ ਆਗੂ ਦੇ ਜ਼ਿਲ੍ਹਾ ਪ੍ਰੀਸ਼ਦ ਦਾ ਚੇਅਰਮੈਨ ਬਣਨ ਨਾਲ ਪਟਿਆਲਾ ਜ਼ਿਲ੍ਹੇ ਦੇ ਪੇਂਡੂ ਵਿਕਾਸ ਨੂੰ ਹੋਰ ਰਫ਼ਤਾਰ ਮਿਲੇਗੀ।ਉਨ੍ਹਾਂ ਕਿਹਾ ਕਿ ਪੰਜਾਬ ਪਿੰਡਾਂ ਵਿੱਚ ਵੱਸਦਾ ਹੈ ਤੇ ਜ਼ਿਲ੍ਹਾ ਪ੍ਰੀਸ਼ਦ ਪਿੰਡਾਂ ਦੇ ਵਿਕਾਸ ਦਾ ਧੁਰਾ ਹੁੰਦਾ ਹੈ ਅਤੇ ਪਿੰਡਾਂ ਦੇ ਲੋਕਾਂ ਨੇ ਇਸ ਟੀਮ ਉੱਪਰ ਵਿਸ਼ਵਾਸ ਜਤਾਉਂਦਿਆਂ ਵੱਡੀ ਜਿੱਤ ਦਿਵਾਈ ਹੈ।ਉਨ੍ਹਾਂ ਕਿਹਾ ਕਿ ਜਿਵੇਂ ਪੰਜਾਬ ਸਰਕਾਰ ਨੇ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕੀਤੇ ਹਨ, ਉਸੇ ਤਰ੍ਹਾਂ ਜ਼ਿਲ੍ਹਾ ਪ੍ਰੀਸ਼ਦ ਦੀ ਸਾਰੀ ਟੀਮ ਵੀ ਲੋਕਾਂ ਦੇ ਇਸ ਵਿਸ਼ਵਾਸ ਉੱਪਰ ਖਰਾ ਉਤਰੇਗੀ।ਨਵੇਂ ਚੇਅਰਮੈਨ ਗੁਰਦੇਵ ਸਿੰਘ ਟਿਵਾਣਾ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਆਪ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਸਮੇਤ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ, ਡਾ. ਬਲਬੀਰ ਸਿੰਘ, ਬਰਿੰਦਰ ਗੋਇਲ ਤੇ ਚੇਤਨ ਸਿੰਘ ਜੌੜਾਮਾਜਰਾ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਸੌਂਪੀ ਗਈ ਜ਼ਿੰਮੇਵਾਰੀ ਨੂੰ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ।ਜ਼ਿਕਰਯੋਗ ਹੈ ਕਿ ਬੀਤੇ ਦਿਨੀਂ ਜ਼ਿਲ੍ਹਾ ਪ੍ਰੀਸ਼ਦ ਜ਼ੋਨ ਬੰਮਣਾ ਤੋਂ ਮੈਂਬਰ ਗੁਰਦੇਵ ਸਿੰਘ ਟਿਵਾਣਾ ਨੂੰ ਸਰਬ ਸੰਮਤੀ ਨਾਲ ਚੇਅਰਮੈਨ ਤੇ ਜ਼ੋਨ ਦਫ਼ਤਰੀਵਾਲਾ ਤੋਂ ਮੈਂਬਰ ਬਿੰਦਰ ਕੌਰ ਦੀ ਵਾਇਸ ਚੇਅਰਪਰਸਨ ਵਜੋਂ ਚੋਣ ਕੀਤੀ ਗਈ ਸੀ।




# ਰੇਲਗੱਡੀਆਂ ਦੇ ਸਲੀਪਰ ਕੋਚਾਂ 'ਚ ਮਿਲੇਗੀ ਹੈਂਡਵਾਸ਼ ਦੀ ਸਹੂਲਤ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਫਿਰੋਜ਼ਪੁਰ ਮੰਡਲ ਵੱਲੋਂ ਰੇਲ ਯਾਤਰੀਆਂ ਨੂੰ ਸੁਖਾਵਾਂ ਤੇ ਆਰਾਮਦਾਇਕ ਸਫ਼ਰ ਦਾ ਅਨੁਭਵ ਪ੍ਰਦਾਨ ਕਰਨ ਦੀ ਦਿਸ਼ਾ ਵਿੱਚ ਇੱਕ ਅਹਿਮ ਪਹਿਲਕਦਮੀ ਕੀਤੀ ਗਈ ਹੈ। ਹੁਣ ਅੰਮ੍ਰਿਤਸਰ ਤੋਂ ਚੱਲਣ ਵਾਲੀਆਂ ਸਾਰੀਆਂ ਰੇਲਗੱਡੀਆਂ ਦੇ ਸਲੀਪਰ ਰਾਖਵੇਂ (ਰਿਜ਼ਰਵ) ਕੋਚਾਂ ਵਿੱਚ ਵੀ ਹੈਂਡਵਾਸ਼ ਦੀ ਸਹੂਲਤ ਮੁਹੱਈਆ ਕਰਵਾ ਦਿੱਤੀ ਗਈ ਹੈ। ਪਹਿਲਾਂ ਇਹ ਸਹੂਲਤ ਸਿਰਫ਼ ਵਾਤਾਨੁਕੂਲਿਤ (ਏਸੀ) ਕੋਚਾਂ ਤੱਕ ਹੀ ਸੀਮਤ ਸੀ, ਪਰ ਹੁਣ ਯਾਤਰੀਆਂ ਦੀ ਸਹੂਲਤ ਨੂੰ ਧਿਆਨ ਵਿਚ ਰੱਖਦੇ ਹੋਏ ਇਸ ਨੂੰ ਸਲੀਪਰ ਰਾਖਵੇਂ ਕੋਚਾਂ ਵਿੱਚ ਵੀ ਉਪਲਬੱਧ ਕਰਵਾਇਆ ਗਿਆ ਹੈ। ਇਸ ਪਹਿਲਕਦਮੀ ਨਾਲ ਯਾਤਰੀਆਂ ਨੂੰ ਸਫ਼ਰ ਦੌਰਾਨ ਹੱਥਾਂ ਦੀ ਸਫ਼ਾਈ ਬਣਾਈ ਰੱਖਣ ਵਿੱਚ ਸਹੂਲਤ ਹੋਵੇਗੀ ਤੇ ਇਕ ਸਾਫ਼-ਸੁਥਰੇ ਸਫ਼ਰ ਦੇ ਮਾਹੌਲ ਨੂੰ ਹੁਲਾਰਾ ਮਿਲੇਗਾ। ਫਿਰੋਜ਼ਪੁਰ ਮੰਡਲ ਲਗਾਤਾਰ ਯਾਤਰੀ ਸਹੂਲਤਾਂ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਹੈ।



ਅੰਮ੍ਰਿਤਸਰ ਤੋਂ ਚੱਲਣ ਵਾਲੀਆਂ ਰੇਲ ਗੱਡੀ ਵਿਚ ਹੱਥ ਸਾਫ ਕਰਨ ਲਈ ਸਹੂਲਤ ਮੁਹੱਈਆ ਕਰਵਾਏ ਜਾਣ ਦੀ ਤਸਵੀਰ।

# ਪੈਨਸ਼ਨਰਜ਼ ਜੁਆਇੰਟ ਫਰੰਟ ਨੇ ਸਰਕਾਰ ਖਿਲਾਫ ਵਜਾਇਆ ਸੰਘਰਸ਼ ਦਾ ਬਿਗੁਲ

## ਮੋਗਾ ਦੇ ਡੀ ਸੀ ਨੂੰ 3 ਜੂਨ ਨੂੰ ਦਿੱਤਾ ਜਾਵੇਗਾ ਮੰਗ ਪੱਤਰ : ਸੁਖਮੰਦਰ ਸਿੰਘ



**ਮੋਗਾ (ਇਕਬਾਲ ਸਿੰਘ ਖਹਿਰਾ)**

ਪੈਨਸ਼ਨਰਜ਼ ਜੁਆਇੰਟ ਫਰੰਟ ਪੰਜਾਬ ਦੀ ਚੰਡੀਗੜ੍ਹ ਹੋਈ ਮੀਟਿੰਗ ਦੇ ਫੈਸਲਿਆਂ ਦੀ ਜੁਆਇੰਟ ਫਰੰਟ ਦੇ ਕਨਵੀਨਰ ਭਜਨ ਸਿੰਘ ਗਿੱਲ ਨੇ ਦੱਸਿਆ ਕਿ ਜੁਆਇੰਟ ਫਰੰਟ ਵੱਲੋਂ ਪੈਨਸ਼ਨਰਾਂ ਦੀਆਂ ਪਿਛਲੇ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਪ੍ਰਤੀ ਪੰਜਾਬ ਸਰਕਾਰ ਦੀ ਬੇਰੁੱਖੀ ਦੇ ਖਿਲਾਫ਼ ਸਾਰੇ ਪੰਜਾਬ ਵਿੱਚ 1 ਜੂਨ ਤੋਂ 5 ਜੂਨ ਤੱਕ ਡਿਪਟੀ ਕਮਿਸ਼ਨਰਾਂ ਨੂੰ ਪੰਜਾਬ ਦੇ ਮੁੱਖ ਮੰਤਰੀ, ਵਿੱਤ ਮੰਤਰੀ, ਵਿੱਤ ਸਕੱਤਰ ਤੇ ਮੁੱਖ ਸਕੱਤਰ ਦੇ ਨਾਮ ਮੰਗ ਪੱਤਰ ਸੌਂਪੇ ਜਾਣਗੇ, ਜਿਸ ਦੀ ਕੜੀ ਵਿੱਚ ਮੋਗਾ ਜ਼ਿਲ੍ਹੇ ਦੇ ਪੈਨਸ਼ਨਰ 3 ਜੂਨ ਨੂੰ ਗਿਆਰਾਂ ਵਜੇ ਡੀ. ਸੀ. ਮੋਗਾ ਨੂੰ ਮੰਗ ਪੱਤਰ ਸੌਂਪਣਗੇ, ਜਿਸ ਵਿੱਚ ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਜ਼ਿਲ੍ਹਾ ਪ੍ਰਧਾਨ ਸੁਖਮੰਦਰ ਸਿੰਘ ਦੀ ਅਗਵਾਈ ਵਿੱਚ 15 ਸਾਥੀ ਸ਼ਾਮਲ ਹੋਣਗੇ ਤੇ ਜੁਆਇੰਟ ਫਰੰਟ ਦੀਆਂ ਦੂਜੀਆਂ ਧਿਰਾਂ ਦੇ ਸਾਥੀ ਵੀ ਇਸ ਮੌਕੇ ਆਪਣੇ ਸਾਥੀਆਂ ਸਮੇਤ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਗੇ।ਜੁਆਇੰਟ ਫਰੰਟ ਦੇ ਸੂਬਾ ਕਮੇਟੀ ਮੈਂਬਰ ਸੁਰਿੰਦਰ ਰਾਮ ਕੁੱਸਾ ਨੇ ਪੰਜਾਬ ਸਰਕਾਰ ਛੇਵੇਂ ਪੇ ਕਮਿਸ਼ਨ ਦੀਆਂ ਸ਼ਿਫਾਰਸ਼ਾਂ ਨੂੰ ਲਾਗੂ ਕਰਨ ਤੋਂ ਮੁਕਰਨ ਲਈ ਐੱਲ.ਪੀ.ਏ. ਪਾ ਕੇ ਇਸ 'ਤੇ ਸਟੇਅ ਲਾਉਣ ਦੀ ਮੰਗ ਕਰ ਰਹੀ ਹੈ।ਜਦੋਂ ਕਿ ਹਾਈ ਕੋਰਟ ਨੇ ਇਸ ਨੂੰ ਲਾਗੂ ਕਰਨ ਲਈ 30 ਜੂਨ 2026 ਤੱਕ ਲਾਗੂ ਕਰਨ ਦੀ ਮਿਤੀ ਨਿਰਧਾਰਤ ਕੀਤੀ ਹੈ।ਪੈਨਸ਼ਨਰਜ਼ ਜੁਆਇੰਟ ਫਰੰਟ ਨੇ ਮੌਜੂਦਾ ਸਥਿੱਤੀ 'ਤੇ ਵਿਚਾਰ ਵਟਾਂਦਰਾਂ ਕਰਨ ਲਈ 6 ਜੂਨ 2026 ਨੂੰ 11 ਵਜੇ ਈਸੜੂ ਭਵਨ ਲੁਧਿਆਣਾ ਵਿਖੇ ਇੱਕ ਅਹਿਮ ਮੀਟਿੰਗ ਕਰਨ ਦਾ ਫੈਸਲਾ ਕੀਤਾ ਹੈ, ਜਿਸ ਵਿੱਚ 17 ਜੂਨ 2026 ਨੂੰ ਪੰਜਾਬ ਦੇ ਸਮੁੱਚੇ ਪੈਨਸ਼ਨਰਾਂ ਦੀਆਂ ਮੁਸ਼ਕਲਾਂ ਤੇ ਮੰਗਾਂ ਦੇ ਹੱਲ ਲਈ ਦੇਸ਼ ਭਗਤ ਯਾਦਗਰ ਹਾਲ ਵਿੱਚ ਇੱਕ ਵਿਸ਼ਾਲ ਕਨਵੈਨਸ਼ਨ ਕਰਨ।ਜ਼ਿਲ੍ਹਾ ਮੋਗਾ ਦੇ ਸਕੱਤਰ ਸਰਬਜੀਤ ਸਿੰਘ ਦਾਉਧਰ ਨੇ ਪੈਨਸ਼ਨਰ ਜੁਆਇੰਟ ਫਰੰਟ ਵਿੱਚ ਸ਼ਾਮਲ ਸਮੂਹ ਜਥੇਬੰਦੀਆਂ ਪੈਨਸ਼ਨਰਜ ਐਸੋਸੀਏਸ਼ਨ, ਪੰਜਾਬ ਪੁਲਸ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ , ਪੈਨਸ਼ਨਰਜ਼ ਐਸੋਸੀਏਸ਼ਨ ਪੀ ਐੱਸ ਪੀ ਸੀ ਐੱਲ ਮੋਗਾ, ਪੈਨਸ਼ਨਰਜ਼ ਮਹਾਂ ਸੰਘ ਦੇ ਸਾਥੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਡੀ.ਸੀ. ਨੂੰ ਮੰਗ ਪੱਤਰ ਸੌਂਪਣ ਲਈ ਘੱਟੋ ਘੱਟ 10-10 ਸਾਥੀਆਂ ਸਮੇਤ ਸਮੇਂ ਸਿਰ ਹਾਜ਼ਰ ਹੋਣ।

ਇਸ ਸਮੇਂ ਪੈਨਸ਼ਨਰਜ਼ ਐਸੋਸੀਏਸ਼ਨ ਜ਼ਿਲ੍ਹਾ ਮੋਗਾ ਦੇ ਪ੍ਰੈੱਸ ਸਕੱਤਰ ਗਿਆਨ ਸਿੰਘ, ਪ੍ਰੇਮ ਕੁਮਾਰ ਵਿੱਤ ਸਕੱਤਰ, ਬਿੱਕਰ ਸਿੰਘ ਮਾਛੀਕੇ, ਤੇਜਾ ਸਿੰਘ ਘੱਲ ਕਲਾਂ, ਮੇਵਾ ਸਿੰਘ ਧਰਮ ਕੋਟ, ਗੁਰਜੰਟ ਸਿੰਘ ਸੰਘਾ, ਅਮਰਜੀਤ ਮਾਣੂਕੇ, ਮਨਜੀਤ ਸਿੰਘ ਧਰਮਕੋਟ, ਰੂਪ ਸਿੰਘ ਦੀਨਾ, ਭੁਪਿੰਦਰ ਸਿੰਘ ਜੋਗੇ ਵਾਲਾ, ਜਗਜੀਤ ਸਿੰਘ ਰਖਰਾ ਸਾਰੇ ਸਬ-ਡਵੀਜ਼ਨ ਪ੍ਰਧਾਨ ਸਕੱਤਰ ਹਾਜ਼ਰ ਸਨ।

# ਨੀਲੋਂ ਪੁਲ ਬੱਸ ਸਟੈਂਡ ਉੱਪਰ ਬੱਸਾਂ ਨਾ ਰੋਕਣ ਖਿਲਾਫ ਪ੍ਰਦਰਸ਼ਨ



**ਮਾਛੀਵਾੜਾ ਸਾਹਿਬ (ਜਗਦੀਸ਼ ਰਾਏ)**-ਸਰਕਾਰੀ ਤੇ ਪ੍ਰਾਈਵੇਟ ਬੱਸਾਂ ਵਾਲਿਆਂ ਵੱਲੋਂ ਨੀਲੋ ਪੁਲ ਬੱਸ ਸਟੈਂਡ ਉੱਪਰ ਬੱਸਾਂ ਨਾ ਰੋਕਣ ਤੇ ਬੱਸ ਕੰਡਕਟਰਾਂ ਵੱਲੋਂ ਮਹਿਲਾ ਸਵਾਰੀਆਂ ਨਾਲ ਵਰਤੀ ਜਾਂਦੀ ਭੱਦੀ ਸ਼ਬਦਾਵਲੀ ਦੇ ਰੋਸ ਵਜੋਂ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਵੱਲੋਂ ਨੀਲੋ ਪੁਲ ਵਿਖੇ ਬੱਸਾਂ ਦਾ ਚੱਕਾ ਜਾਮ ਕੀਤਾ ਗਿਆ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੁਪਿੰਦਰ ਸਿੰਘ ਬੱਗਾ ਜ਼ਿਲ੍ਹਾ ਪ੍ਰਧਾਨ ਲੁਧਿਆਣਾ ਬੀਕੇਯੂ ਏਕਤਾ ਸਿੱਧੂਪੁਰ ਨੇ ਦੱਸਿਆ ਕਿ ਲੁਧਿਆਣਾ ਤੋਂ ਚੰਡੀਗੜ੍ਹ ਮਾਰਗ ਉੱਪਰ ਸਥਿਤ ਨੀਲੋ ਨਹਿਰ ਪੁਲ ਬੱਸ ਸਟੈਂਡ ਉੱਪਰ ਬੱਸ ਰੋਕ ਕੇ ਆਸ-ਪਾਸ ਦੇ ਕਰੀਬ 15 ਪਿੰਡਾਂ ਦੇ ਲੋਕਾਂ ਨੂੰ ਬੱਸ ਸਫਰ ਦੀ ਸਰਕਾਰੀ ਸਹੂਲਤ ਪੰਜਾਬ ਸਰਕਾਰ ਵੱਲੋਂ 1970 ਤੋਂ 1980 ਦੇ ਦਹਾਕੇ ਵਿੱਚ ਸਭ ਤੋਂ ਪੰਜਾਬ ਰੋਡਵੇਜ਼ ਤੋਂ ਸ਼ੁਰੂ ਕੀਤੀ ਗਈ ਸੀ, ਜਿਸ ਤੋਂ ਇਹ ਸਿੱਧ ਹੁੰਦਾ ਹੈ ਕਿ ਇਹ ਬੱਸ ਸਟੈਂਡ ਕਰੀਬ 50 ਸਾਲ ਪੁਰਾਣਾ ਹੈ, ਪਰ ਹੁਣ ਸਰਕਾਰੀ ਤੇ ਪ੍ਰਾਈਵੇਟ ਬੱਸ ਆਪ੍ਰੇਟਰਾਂ ਵੱਲੋਂ ਕਰੀਬ 50 ਸਾਲ ਪੁਰਾਣੇ ਬੱਸ ਸਟੈਂਡ ਉੱਪਰ ਬੱਸਾਂ ਨੂੰ ਨਾ ਰੋਕ ਕੇ ਸਰਕਾਰ ਵੱਲੋਂ ਆਮ ਲੋਕਾਂ ਨੂੰ ਕਰੀਬ 50 ਸਾਲ ਪਹਿਲਾਂ ਦਿੱਤੀ ਗਈ ਬੱਸ ਸਫਰ ਦੀ ਸਹੂਲਤ ਦੇ ਸਰਕਾਰੀ ਹੁਕਮਾਂ ਦੀਆਂ ਧੱਜੀਆਂ ਬੱਸ ਆਪ੍ਰੇਟਰਾਂ ਵੱਲੋਂ ਉਡਾਈਆਂ ਜਾ ਰਹੀਆਂ ਹਨ ਅਤੇ ਆਮ ਲੋਕਾਂ ਨਾਲ ਦੁਰਵਿਹਾਰ ਕਰਦੇ ਹੋਏ ਪ੍ਰਾਈਵੇਟ ਬੱਸ ਆਪ੍ਰੇਟਰਾਂ ਵੱਲੋਂ ਔਰਤਾਂ ਨਾਲ ਭੱਦੀ ਸ਼ਬਦਾਵਲੀ ਵੀ ਵਰਤੀ ਜਾਂਦੀ ਹੈ, ਜਿਸ ਦੇ ਰੋਸ ਵਜੋਂ ਹੀ ਅੱਜ ਬੱਸਾਂ ਵਾਲਿਆਂ ਵੱਲੋਂ ਕੀਤੀ ਜਾ ਰਹੀ ਇਸ ਧੱਕੇਸ਼ਾਹੀ ਖਿਲਾਫ ਬੀਕੇਯੂ ਏਕਤਾ ਸਿੱਧੂਪੁਰ ਦੀ ਜ਼ਿਲ੍ਹਾ ਟੀਮ ਵੱਲੋਂ ਆਪਣੇ ਲੋਕਾਂ ਦੇ ਹੱਕ ਵਿੱਚ ਖੜਦੇ ਹੋਏ ਇਹ ਪ੍ਰੋਗਰਾਮ ਉਲੀਕਿਆ ਗਿਆ ਸੀ ਅਤੇ ਕੱਲ੍ਹ ਰਾਤ ਹੀ ਸ੍ਰ. ਜਗਜੀਤ ਸਿੰਘ ਡੱਲੇਵਾਲ ਵੱਲੋਂ ਵੀਡੀਓ ਬਿਆਨ ਜਾਰੀ ਕਰਦੇ ਹੋਏ ਪ੍ਰਾਈਵੇਟ ਬੱਸ ਆਪ੍ਰੇਟਰਾਂ ਨੂੰ ਚੇਤਾਵਨੀ ਦਿੱਤੀ ਗਈ ਸੀ ਕਿ ਸੂਬਾ ਕਮੇਟੀ ਜ਼ਿਲ੍ਹਾ ਟੀਮ ਵੱਲੋਂ ਉਲੀਕੇ ਗਏ ਹਰ ਇੱਕ ਪ੍ਰੋਗਰਾਮ ਦੀ ਹਮਾਇਤ ਕਰੇਗੀ।

ਇਸ ਮੌਕੇ ਤਹਿਸੀਲਦਾਰ ਸਮਰਾਲਾ ਸੰਦੀਪ ਕੁਮਾਰ, ਨਾਇਬ ਤਹਿਸੀਲਦਾਰ ਰਾਜੇਸ਼ ਕੁਮਾਰ ਤੇ ਡੀਐੱਸਪੀ ਸਮਰਾਲਾ ਪ੍ਰਿਤਪਾਲ ਸਿੰਘ ਸੰਧੂ ਵੱਲੋਂ ਧਰਨਾ ਸਥਾਨ ਉੱਪਰ ਪਹੁੰਚ ਕੇ ਅੰਦੋਲਨਕਾਰੀ ਲੋਕਾਂ ਨਾਲ ਗੱਲਬਾਤ ਕੀਤੀ ਗਈ ਤੇ ਪ੍ਰਸ਼ਾਸਨ ਵੱਲੋਂ ਇਸ ਬੱਸ ਸਟੈਂਡ ਉੱਪਰ ਪੱਕੇ ਤੌਰ 'ਤੇ ਬੱਸਾਂ ਰੋਕਣ ਦੇ ਹੱਲ ਲਈ 2 ਜੂਨ ਨੂੰ ਸਮਰਾਲਾ ਵਿਖੇ ਡੀ ਸੀ ਲੁਧਿਆਣਾ, ਐੱਸਡੀਐੱਮ, ਸਮਰਾਲਾ, ਡੀਐੱਸਪੀ ਸਮਰਾਲਾ, ਜੀ ਐੱਮ ਪੰਜਾਬ ਰੋਡਵੇਜ਼ ਤੇ ਐੱਨ ਐੱਚ ਆਈ ਅਧਿਕਾਰੀਆਂ ਨਾਲ ਮੀਟਿੰਗ ਹੋਣੀ ਤੈਅ ਹੋਈ ਹੈ। ਇਸ ਰੂਟ ਉੱਪਰ ਚੱਲਣ ਵਾਲੇ ਸਾਰੇ ਹੀ ਪ੍ਰਾਈਵੇਟ ਬੱਸ ਆਪ੍ਰੇਟਰਾਂ ਨੂੰ ਵੀ ਪ੍ਰਸ਼ਾਸਨ ਵੱਲੋਂ ਮੀਟਿੰਗ ਵਿੱਚ ਬੁਲਾਇਆ ਜਾਵੇਗਾ।ਇਸ ਮੌਕੇ ਉਨ੍ਹਾਂ ਨਾਲ ਅਵਤਾਰ ਸਿੰਘ ਬਲਾਕ ਪ੍ਰਧਾਨ, ਮਲਕੀਤ ਸਿੰਘ ਬਲਾਕ ਜਨਰਲ ਸਕੱਤਰ, ਹਰਦੀਪ ਸਿੰਘ, ਰਜਵੰਤ ਸਿੰਘ ਗਿੱਲ, ਹਰਜੀਤ ਸਿੰਘ ਲੰਬਰਦਾਰ, ਜਸਵਿੰਦਰ ਸਿੰਘ, ਪ੍ਰਦੀਪ ਸਿੰਘ, ਬਲਵਿੰਦਰ ਸਿੰਘ, ਹਰਪ੍ਰੀਤ ਰਾਣਵਾਂ, ਕਰਨੈਲ ਸਿੰਘ, ਰਣਜੀਤ ਸਿੰਘ, ਕਰਨਵੀਰ ਸਿੰਘ, ਅਰਵੇਲ ਸਿੰਘ, ਮਨਦੀਪ ਸਿੰਘ, ਪਰਮਜੀਤ ਸਿੰਘ ਆਦਿ ਕਿਸਾਨ ਆਗੂ ਤੇ ਵੱਖ ਵੱਖ ਪਿੰਡਾਂ ਦੇ ਪੰਚ, ਸਰਪੰਚ ਤੇ ਵੱਡੀ ਗਿਣਤੀ ਵਿੱਚ ਔਰਤਾਂ ਹਾਜ਼ਰ ਸਨ।

# ਸਿੱਖਿਆ ਵਿਭਾਗ ਮਨਿਸਟਰੀਅਲ ਸਟਾਫ ਯੂਨੀਅਨ ਦੀ ਸਟੇਟ ਬਾਡੀ ਦਾ ਵਿਸਥਾਰ

■ ਸੰਦੀਪ ਕੁਮਾਰ ਬੱਤਰਾ ਸੂਬਾ ਸੀਨੀਅਰ ਮੀਤ ਪ੍ਰਧਾਨ ਨਿਯੁਕਤ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ)**-ਸਿੱਖਿਆ ਵਿਭਾਗ ਮਨਿਸਟਰੀਅਲ ਸਟਾਫ ਯੂਨੀਅਨ ਪੰਜਾਬ ਦੀ ਇਕ ਅਹਿਮ ਮੀਟਿੰਗ ਸੂਬਾ ਪ੍ਰਧਾਨ ਗੁਰਪ੍ਰੀਤ ਸਿੰਘ ਖੱਟੜਾ ਦੀ ਅਗਵਾਈ ਹੇਠ ਮੁਕਤਸਰ ਵਿਖੇ ਹੋਈ।ਮੀਟਿੰਗ ਵਿੱਚ ਸੂਬਾ ਵਿੱਤ ਸਕੱਤਰ ਪਰਮਪਾਲ ਸਿੰਘ ਰੂਬੀ ਤੇ ਸੂਬਾ ਪ੍ਰੈੱਸ ਸਕੱਤਰ ਅਮਨਇੰਦਰ ਸਿੰਘ ਘੁਡਾਨੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਮੀਟਿੰਗ ਦੌਰਾਨ ਯੂਨੀਅਨ ਦੀ ਸਟੇਟ ਬਾਡੀ ਦਾ ਵਿਸਥਾਰ ਕਰਦੇ ਹੋਏ ਸੰਦੀਪ ਕੁਮਾਰ ਬੱਤਰਾ ਨੂੰ ਸੂਬਾ ਸੀਨੀਅਰ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ।ਇਸ ਮੌਕੇ ਹਾਜ਼ਰ ਆਗੂਆਂ ਤੇ ਮੈਂਬਰਾਂ ਵੱਲੋਂ ਉਨ੍ਹਾਂ ਨੂੰ ਨਵੀਂ ਜ਼ਿੰਮੇਵਾਰੀ ਲਈ ਵਧਾਈ ਦਿੱਤੀ ਗਈ।ਨਵੀਂ ਜ਼ਿੰਮੇਵਾਰੀ ਸੰਭਾਲਦਿਆਂ ਸੰਦੀਪ ਕੁਮਾਰ ਬੱਤਰਾ ਨੇ ਕਿਹਾ ਕਿ ਉਹ ਕਰਮਚਾਰੀਆਂ ਦੇ ਹੱਕਾਂ ਦੀ ਰੱਖਿਆ ਲਈ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਕੰਮ ਕਰਨਗੇ।ਉਨ੍ਹਾਂ ਕਿਹਾ ਕਿ ਯੂਨੀਅਨ ਦੀ ਮਜ਼ਬੂਤੀ ਤੇ ਕਰਮਚਾਰੀਆਂ ਦੀ ਭਲਾਈ ਲਈ ਹਰ ਸੰਭਵ ਯਤਨ ਜਾਰੀ ਰਹੇਗਾ।ਸੂਬਾ ਪ੍ਰਧਾਨ ਗੁਰਪ੍ਰੀਤ ਸਿੰਘ ਖੱਟੜਾ ਨੇ ਕਿਹਾ ਕਿ ਯੂਨੀਅਨ ਹਮੇਸ਼ਾ ਕਰਮਚਾਰੀਆਂ ਦੀ ਆਵਾਜ਼ ਬਣ ਕੇ ਖੜੀ ਰਹੀ ਹੈ ਤੇ ਸੰਦੀਪ ਕੁਮਾਰ ਬੱਤਰਾ ਆਪਣੀ ਨਵੀਂ ਜ਼ਿੰਮੇਵਾਰੀ ਨੂੰ ਬਾਖੂਬੀ ਨਿਭਾਉਣਗੇ।ਮੀਟਿੰਗ ਦੌਰਾਨ ਭਵਿੱਖ ਦੀਆਂ ਯੂਨੀਅਨ ਗਤੀਵਿਧੀਆਂ ਤੇ ਕਰਮਚਾਰੀਆਂ ਨਾਲ ਸੰਬੰਧਤ ਮਸਲਿਆਂ 'ਤੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਸੂਬਾ ਵਿੱਤ ਸਕੱਤਰ ਪਰਮਪਾਲ ਸਿੰਘ ਮੋਗਾ, ਸੂਬਾ ਪ੍ਰੈੱਸ ਸਕੱਤਰ ਅਮਨਇੰਦਰ ਸਿੰਘ ਘੁਡਾਨੀ, ਅਮਰਦੀਪ ਸਿੰਘ, ਸੁਨੀਲ ਕੁਮਾਰ ਜੱਗੀ ਕੁਮਾਰ, ਰਾਕੇਸ਼ ਕੁਮਾਰ, ਗੁਰਸਿਮਰਨਜੀਤ ਸਿੰਘ, ਰਵਿੰਦਰ ਕੁਮਾਰ, ਮੈਡਮ ਕਿਰਨਜੋਤ ਕੌਰ, ਰਾਜਪਾਲ ਸਿੰਘ, ਗੁਰਸ਼ਰਨਪਾਲ ਸਿੰਘ, ਸਾਹਿਲ ਸਰਦਾਨਾ, ਸਿਮਰਨਪ੍ਰੀਤ ਸਿੰਘ, ਬਲਰਾਜ ਸਿੰਘ, ਹਰਸੰਦੀਪ ਸਿੰਘ, ਪਵਨ ਕੁਮਾਰ, ਨਿਰਮਲ ਸਿੰਘ, ਰੋਹਿਤ ਕੁਮਾਰ, ਰੁਪਿੰਦਰਜੀਤ ਸਿੰਘ ਤੇ ਹੋਰ ਆਗੂ ਹਾਜ਼ਰ ਸਨ।

# ਬਰੇਟਾ ਵਿਖੇ ਰੇਲਵੇ ਅੰਡਰ ਬ੍ਰਿਜ ਦਾ ਕੰਮ ਸ਼ੁਰੂ, ਦਰਜਨਾਂ ਪਿੰਡਾਂ ਨੂੰ ਮਿਲੇਗੀ ਰਾਹਤ



**ਬਰੇਟਾ (ਗੀਤਵਾਲ)**

ਬਰੇਟਾ ਨਿਵਾਸੀਆਂ ਦੀ ਚਿਰੋਕਣੀ ਮੰਗ ਨੂੰ ਉਸ ਸਮੇਂ ਬੂਰ ਪਿਆ, ਜਦੋਂ ਇਥੇ ਦੇ ਕੁਲਰੀਆਂ ਫਾਟਕ 'ਤੇ ਅੰਡਰ ਬ੍ਰਿਜ ਬਣਾਉਣ ਦਾ ਕੰਮ ਸ਼ੁਰੂ ਕੀਤਾ ਗਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਭਾਜਪਾ ਦੇ ਜ਼ਿਲ੍ਹਾ ਜਨਰਲ ਸਕੱਤਰ ਗਗਨਦੀਪ ਸ਼ਰਮਾ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਬ੍ਰਿਜ ਦੇ ਬਨਣ ਦੇ ਨਾਲ ਬਰੇਟਾ ਵਾਸੀਆਂ ਤੇ ਨੇੜਲੇ ਦਰਜਨਾਂ ਪਿੰਡਾਂ ਨੂੰ ਲਾਭ ਹੋਵੇਗਾ।ਉਨ੍ਹਾਂ ਕਿਹਾ ਕਿ ਇਸ ਨਾਲ ਲੋਕਾਂ ਨੂੰ ਟ੍ਰੈਫਿਕ ਦੀ ਸਮੱਸਿਆ ਤੋਂ ਰਾਹਤ ਮਿਲੇਗੀ।ਇਸ ਮੌਕੇ ਉਨ੍ਹਾਂ ਵੱਲੋਂ ਲੱਡੂ ਵੰਡ ਕੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ।

ਇਸ ਮੌਕੇ ਸੂਰਜ ਪ੍ਰਕਾਸ਼, ਪ੍ਰੇਮ ਬਖਸ਼ੀਵਾਲਾ, ਗੋਰਾ ਲਾਲ, ਮੰਡਲ ਪ੍ਰਧਾਨ ਰਾਜ ਕੁਮਾਰ ਬਾਂਸਲ, ਸਾਗਰ ਸਿੰਘ, ਅ੍ਰਮਿਤਪਾਲ ਸਿੰਘ ਤੇ ਮਨੋਜ ਕੁਮਾਰ ਹਾਜ਼ਰ ਸਨ।

# ਡਾ. ਮਿੱਤਲ ਦੀਆਂ ਅੰਤਿਮ ਰਸਮਾਂ ਦੇ ਭੋਗ ਮੌਕੇ ਸੈਂਕੜੇ ਲੋਕਾਂ ਵੱਲੋਂ ਸ਼ਰਧਾਂਜਲੀ



**ਬਰੇਟਾ (ਗੀਤਵਾਲ)**-ਪਿਛਲੇ ਦਿਨੀਂ ਪਟਿਆਲਾ ਦੇ ਰਾਜਿੰਦਰਾ ਕਾਲਜ ਵਿਖੇ ਐੱਮ ਬੀ ਬੀ ਐੱਸ ਦੇ ਅੰਤਿਮ ਸਾਲ ਦੀ ਪੜ੍ਹਾਈ ਕਰ ਰਹੇ ਬਰੇਟਾ ਦੇ ਨੌਜਵਾਨ ਡਾ. ਕਮਲਦੀਪ ਮਿੱਤਲ, ਜਿਸ ਦਾ ਕਿ ਉਸ ਦੇ ਹੀ ਦੋਸਤ ਵੱਲੋਂ ਪੀ ਜੀ ਵਿਖੇ ਬੇਰਹਿਮੀ ਨਾਲ ਕਤਲ ਕਰ ਦਿੱਤਾ ਗਿਆ ਸੀ, ਦੀਆਂ ਅੰਤਿਮ ਰਸਮਾਂ ਸਬੰਧੀ ਭੋਗ ਸਮਾਗਮ ਦੁਰਗਾ ਮੰਦਿਰ ਧਰਮਸ਼ਾਲਾ ਬਰੇਟਾ ਵਿਖੇ ਕੀਤਾ ਗਿਆ।ਇਸ ਭੋਗ ਸਮਾਗਮ ਵਿੱਚ ਵੱਖ ਵੱਖ ਰਾਜਨੀਤਕ ਪਾਰਟੀਆਂ ਦੇ ਨੁਮਾਇੰਦਿਆਂ ਤੋਂ ਇਲਾਵਾ ਸ਼ਹਿਰ ਦੀਆਂ ਸਮਾਜਿਕ, ਧਾਰਮਿਕ ਤੇ ਜਨਤਕ ਜਥੇਬੰਦੀਆਂ ਦੇ ਨੁਮਾਇੰਦਿਆਂ ਵੱਲੋਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਗਈ।ਇਨ੍ਹਾਂ ਸੰਸਥਾਵਾਂ ਵਿੱਚ ਅਧਿਆਪਕ ਏਕਤਾ ਮੰਚ, ਆੜ੍ਹਤੀ ਐਸੋਸੀਏਸ਼ਨ, ਕਰਿਆਨਾ ਐਸੋਸੀਏਸ਼ਨ, ਵਪਾਰ ਮੰਡਲ, ਗਊਸ਼ਾਲਾ ਕਮੇਟੀਆਂ, ਸਮੂਹ ਮੰਦਿਰ ਕਮੇਟੀਆਂ, ਜੈਨ ਸਭਾਵਾਂ, ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ, ਜਮਹੂਰੀ ਕਿਸਾਨ ਸਭਾ, ਮਜ਼ਦੂਰ ਮੁਕਤੀ ਮੋਰਚਾ ਆਜ਼ਾਦ, ਗੱਤਾ ਫੈਕਟਰੀ ਐਸੋਸੀਏਸ਼ਨ, ਸੈਲਰ ਐਸੋਸੀਏਸ਼ਨ, ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ, ਆਸਰਾ ਕਲੱਬ, ਲੋਕ ਹਿੱਤ ਕਲੱਬ, ਪੰਜਾਬ ਕਿਸਾਨ ਯੂਨੀਅਨ, ਭਾਰਤੀ ਮਹਾਵੀਰ ਦਲ ਆਦਿ ਸੰਸਥਾਵਾਂ ਦੇ ਨੁਮਾਇੰਦੇ ਸ਼ਾਮਲ ਹੋਏ।ਇਨ੍ਹਾਂ ਸੰਸਥਾਵਾਂ 'ਤੇ ਅਧਾਰਤ ਇੱਕ ਕਮੇਟੀ ਦਾ ਗਠਨ ਵੀ ਕੀਤਾ ਗਿਆ, ਜੋ ਕਿ ਡਾਕਟਰ ਕਮਲਦੀਪ ਮਿੱਤਲ ਦੇ ਕੇਸ ਸਬੰਧੀ ਪੈਰਵਾਈ ਵਿੱਚ ਸਹਿਯੋਗ ਕਰੇਗੀ।ਵੱਖ ਵੱਖ ਰਾਜਨੀਤਕ ਪਾਰਟੀਆਂ ਦੇ ਨੁਮਾਇੰਦੇ, ਜਿਨ੍ਹਾਂ ਵਿੱਚ ਹਲਕਾ ਵਿਧਾਇਕ ਪ੍ਰਿੰਸੀਪਲ ਬੁੱਧਰਾਮ, ਸਾਬਕਾ ਵਿਧਾਇਕ ਕਾਮਰੇਡ ਹਰਦੇਵ ਸਿੰਘ ਅਰਸ਼ੀ, ਸ਼੍ਰੋਮਣੀ ਅਕਾਲੀ ਦਲ ਵੱਲੋਂ ਡਾ. ਨਿਸ਼ਾਨ ਸਿੰਘ, ਕਾਂਗਰਸ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਕੁਲਵੰਤ ਰਾਏ ਸਿੰਗਲਾ, ਭਾਰਤੀ ਜਨਤਾ ਪਾਰਟੀ ਵੱਲੋਂ ਬਲਵਿੰਦਰ ਸਿੰਘ ਹਾਕਮਵਾਲਾ, ਜ਼ਿਲ੍ਹਾ ਤੇ ਬਲਾਕ ਪੱਧਰ ਦੇ ਅਹੁਦੇਦਾਰ ਇਲਾਕੇ ਦੇ ਪਤਵੰਤੇ ਪੰਚ ਸਰਪੰਚ ਇਸ ਭੋਗ ਸਮਾਗਮ ਮੌਕੇ ਡਾ. ਕਮਲਦੀਪ ਮਿੱਤਲ ਦੇ ਪਰਿਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕਰਨ ਲਈ ਸ਼ਾਮਲ ਹੋਏ।ਪਰਿਵਾਰ ਦੀਆਂ ਭਾਵਨਾਵਾਂ ਅਨੁਸਾਰ ਸਿਰਫ ਇੱਕ ਬੁਲਾਰੇ ਵੱਲੋਂ ਪੂਰੇ ਇਕੱਠ ਦੀ ਨੁਮਾਇੰਦਗੀ ਕਰਦਿਆਂ ਗੱਲ ਰੱਖੀ ਗਈ ਕਿ ਮਾਸਟਰ ਮਹਿੰਦਰ ਪਾਲ, ਜਿਨ੍ਹਾਂ ਦੇ ਪੁੱਤਰ ਡਾਕਟਰ ਕਮਲਦੀਪ ਦਾ ਬੜੀ ਬੇਰਹਿਮੀ ਨਾਲ ਕਤਲ ਹੋਇਆ ਹੈ, ਉਸ ਦੇ ਕਾਤਲ ਨੂੰ ਅੰਜਾਮ ਤੱਕ ਪਹੁੰਚਾਉਣ ਲਈ ਪੂਰਾ ਸਮਾਜ ਉਨ੍ਹਾਂ ਨਾਲ ਡੱਟ ਕੇ ਖੜ੍ਹਾ ਹੈ।

# ਕੇਵਲ ਢਿੱਲੋਂ ਦੇ ਭਾਜਪਾ ਦਾ ਸੂਬਾ ਪ੍ਰਧਾਨ ਬਣਨ 'ਤੇ ਭਵਾਨੀਗੜ੍ਹ 'ਚ ਖੁਸ਼ੀ ਦੀ ਲਹਿਰ



**ਭਵਾਨੀਗੜ੍ਹ (ਰਾਜ ਖੁਰਮੀ)**

ਭਾਰਤੀ ਜਨਤਾ ਪਾਰਟੀ ਵੱਲੋਂ ਕੇਵਲ ਢਿੱਲੋਂ ਨੂੰ ਪੰਜਾਬ ਭਾਜਪਾ ਦਾ ਪ੍ਰਧਾਨ ਨਿਯੁਕਤ ਕੀਤੇ ਜਾਣ 'ਤੇ ਭਵਾਨੀਗੜ੍ਹ ਵਿੱਚ ਭਾਜਪਾ ਵਰਕਰਾਂ ਤੇ ਆਗੂਆਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।ਇਸ ਮੌਕੇ ਭਾਜਪਾ ਦੇ ਸੀਨੀਅਰ ਆਗੂ ਮੰਡਲ ਪ੍ਰਧਾਨ ਲੱਛਮਣ, ਆਗੂ ਕੁਲਵਿੰਦਰ ਸਿੰਘ ਭੱਟੀਵਾਲ ਕਲਾਂ ਨੇ ਕੇਵਲ ਢਿੱਲੋਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਪਾਰਟੀ ਹਾਈਕਮਾਂਡ ਨੇ ਪੰਜਾਬ ਵਿੱਚ ਸਿੱਖ ਚਿਹਰੇ ਨੂੰ ਅਹਿਮ ਜ਼ਿੰਮੇਵਾਰੀ ਦੇ ਕੇ ਸੂਬੇ ਦੇ ਲੋਕਾਂ ਦੀਆਂ ਭਾਵਨਾਵਾਂ ਦਾ ਸਨਮਾਨ ਕੀਤਾ ਹੈ।ਉਨ੍ਹਾਂ ਕਿਹਾ ਕਿ ਉਹ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਤੇ ਪੰਜਾਬ ਭਾਜਪਾ ਮਾਮਲਿਆਂ ਦੇ ਇੰਚਾਰਜ ਨਿਤਿਨ ਨਵੀਨ ਦਾ ਤਹਿ ਦਿਲੋਂ ਧੰਨਵਾਦ ਕਰਦੇ ਹਨ, ਜਿਨ੍ਹਾਂ ਨੇ ਪੰਜਾਬ ਵਿੱਚ ਸਿੱਖ ਆਗੂ ਨੂੰ ਪ੍ਰਧਾਨ ਦੀ ਜ਼ਿੰਮੇਵਾਰੀ ਸੌਂਪ ਕੇ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਵੱਲ ਕਦਮ ਚੁੱਕਿਆ ਹੈ।ਉਨ੍ਹਾਂ ਕਿਹਾ ਕਿ ਕੇਵਲ ਢਿੱਲੋਂ ਦੀ ਅਗਵਾਈ ਹੇਠ ਪੰਜਾਬ ਵਿੱਚ ਭਾਜਪਾ ਹੋਰ ਮਜ਼ਬੂਤ ਹੋਵੇਗੀ ਤੇ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਇਆ ਜਾਵੇਗਾ। ਉਨ੍ਹਾਂ ਆਖਿਆ ਕਿ ਆਉਣ ਵਾਲੇ ਸਮੇਂ ਵਿੱਚ ਪੰਜਾਬ ਦੀ ਰਾਜਨੀਤੀ ਵਿੱਚ ਭਾਜਪਾ ਇੱਕ ਮਜ਼ਬੂਤ ਵਿਕਲਪ ਵਜੋਂ ਉਭਰੇਗੀ।ਇਸ ਮੌਕੇ ਪ੍ਰਸ਼ੋਤਮ ਕਾਸਲ, ਵਿੱਕੀ, ਪਰਵਿੰਦਰ ਵਰਮਾ, ਵਿਕਾਸ ਮਿੱਤਲ ਸਮੇਤ ਹੋਰ ਭਾਜਪਾ ਵਰਕਰ ਮੌਜੂਦ ਸਨ।

# ਕੇਂਦਰ ਵਿਰੋਧੀ ਧਿਰ ਦੀਆਂ ਵੋਟਾਂ ਕੱਟ ਕੇ ਚੋਣ ਚੋਰੀ ਕਰਨਾ ਚਾਹੁੰਦੀ ਹੈ : ਲਾਰੈਂਸ ਚੌਧਰੀ

■ ਕ੍ਰਿਸ਼ਚੀਅਨ ਨੈਸ਼ਨਲ ਫਰੰਟ ਦੀ ਜ਼ਿਲ੍ਹਾ ਪੱਧਰੀ ਵਫ਼ਦ ਦੀ ਮੀਟਿੰਗ
■ ਸੁਪਰੀਮ ਕੋਰਟ ਨੂੰ 'ਐੱਸ ਆਈ ਆਰ' ਦੇ ਫੈਸਲੇ 'ਤੇ ਮੁੜ ਵਿਚਾਰ ਕਰਨ ਦੀ ਅਪੀਲ



**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**

ਕ੍ਰਿਸ਼ਚੀਅਨ ਨੈਸ਼ਨਲ ਫਰੰਟ (ਸੀ ਐੱਨ ਐੱਫ) ਦੀ ਇੱਕ ਮਹੱਤਵਪੂਰਨ ਜ਼ਿਲ੍ਹਾ ਪੱਧਰੀ ਵਫ਼ਦ ਦੀ ਮੀਟਿੰਗ ਫਰੀਦਕੋਟ ਦੇ ਪਿੰਡ ਅਰਾਈਆਂਵਾਲਾ ਕਲਾਂ ਵਿੱਚ ਹੋਈ।ਪੰਜਾਬ ਦੇ ਸੀਨੀਅਰ ਉੱਪ ਪ੍ਰਧਾਨ ਤਰਸੇਮ ਸੰਗਲਾ ਤੇ ਜ਼ਿਲ੍ਹਾ ਪ੍ਰਧਾਨ ਬਰਕਤ ਮਸੀਹ ਦੀ ਪ੍ਰਧਾਨਗੀ ਹੇਠ ਹੋਈ ਇਸ ਮੀਟਿੰਗ ਨੂੰ ਬਿਸ਼ਪ ਸੁਖਦੇਵ ਮਸੀਹ ਨੇ ਵਿਸ਼ੇਸ਼ ਸਮਰਥਨ ਦਿੱਤਾ।ਕ੍ਰਿਸ਼ਚੀਅਨ ਨੈਸ਼ਨਲ ਫਰੰਟ ਦੇ ਰਾਸ਼ਟਰੀ ਪ੍ਰਧਾਨ ਲਾਰੈਂਸ ਚੌਧਰੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਰਾਸ਼ਟਰੀ ਪ੍ਰਧਾਨ ਲਾਰੈਂਸ ਚੌਧਰੀ ਨੇ ਕੇਂਦਰ ਦੀ ਮੋਦੀ ਸਰਕਾਰ ਤੇ ਚੋਣ ਪ੍ਰਕਿਰਿਆ 'ਤੇ ਗੰਭੀਰ ਦੋਸ਼ ਲਗਾਏ।ਉਨ੍ਹਾਂ ਕਿਹਾ ਕਿ ਲੋਕ ਪ੍ਰਤੀਨਿਧਤਾ ਐਕਟ 1951 ਦੇ ਤਹਿਤ, ਚੋਣ ਕਮਿਸ਼ਨ, ਜਦੋਂ 'ਐੱਸ ਆਈ ਆਰ' (ਵਿਸ਼ੇਸ਼ ਤੀਬਰ ਸਮੀਖਿਆ) ਕਰਦਾ ਹੈ, ਤਾਂ ਇੱਕ ਨਾਗਰਿਕ ਦੀ ਭਾਰਤੀ ਨਾਗਰਿਕਤਾ ਨੂੰ ਯਕੀਨੀ ਬਣਾਉਣ, ਮ੍ਰਿਤਕਾਂ ਦੇ ਨਾਮ ਹਟਾਉਣ ਤੇ 18 ਸਾਲ ਤੋਂ ਘੱਟ ਉਮਰ ਦੇ ਲੋਕਾਂ ਦੇ ਨਾਮ ਜੋੜਨ ਲਈ ਸਪੱਸ਼ਟ ਨਿਯਮ ਹਨ।ਹਾਲਾਂਕਿ, ਕੇਂਦਰ ਦੀ ਮੋਦੀ ਸਰਕਾਰ ਇਨ੍ਹਾਂ ਨਿਯਮਾਂ ਦੀ ਉਲੰਘਣਾ ਕਰ ਰਹੀ ਹੈ ਤੇ ਵਿਰੋਧੀ ਧਿਰ ਦੀਆਂ ਵੋਟਾਂ ਕੱਟਣ ਅਤੇ ਚੋਣਾਂ ਵਿੱਚ ਧਾਂਦਲੀ ਕਰਨ ਦਾ ਇਰਾਦਾ ਰੱਖਦੀ ਹੈ।ਉਨ੍ਹਾਂ ਸੁਪਰੀਮ ਕੋਰਟ ਦੇ ਚੋਣ ਕਮਿਸ਼ਨ ਦੀ 'ਐੱਸ ਆਈ ਆਰ' ਪ੍ਰਕਿਰਿਆ ਨੂੰ ਬਰਕਰਾਰ ਰੱਖਣ ਦੇ ਫੈਸਲੇ 'ਤੇ ਵੀ ਚਿੰਤਾ ਪ੍ਰਗਟ ਕੀਤੀ।ਚੌਧਰੀ ਨੇ ਕਿਹਾ ਕਿ ਇਹ ਲੱਖਾਂ ਵੋਟਰਾਂ ਦੇ ਅਧਿਕਾਰਾਂ ਦੀ ਉਲੰਘਣਾ ਕਰਦਾ ਹੈ, ਜਿਨ੍ਹਾਂ ਦੇ ਨਾਮ ਮਿਟਾ ਦਿੱਤੇ ਗਏ ਹਨ।ਉਨ੍ਹਾਂ ਸੁਪਰੀਮ ਕੋਰਟ ਨੂੰ ਇਸ ਫੈਸਲੇ 'ਤੇ ਮੁੜ ਵਿਚਾਰ ਕਰਨ ਦੀ ਅਪੀਲ ਕੀਤੀ।ਮੀਡੀਆ ਨਾਲ ਗੱਲਬਾਤ ਦੌਰਾਨ, ਲਾਰੈਂਸ ਚੌਧਰੀ ਨੇ ਰਾਜਨੀਤਕ ਪਾਰਟੀਆਂ 'ਤੇ ਈਸਾਈ ਭਾਈਚਾਰੇ ਦਾ ਸ਼ੋਸ਼ਣ ਕਰਨ ਦਾ ਦੋਸ਼ ਲਗਾਇਆ।ਉਨ੍ਹਾਂ ਕਿਹਾ ਕਿ ਆਜ਼ਾਦੀ ਦੇ 79 ਸਾਲਾਂ ਬਾਅਦ ਵੀ, ਭਾਈਚਾਰਾ ਅਜੇ ਵੀ ਭੋਜਨ, ਕੱਪੜੇ ਤੇ ਰਿਹਾਇਸ਼ ਲਈ ਭੁੱਖਾ ਹੈ।ਪਿੰਡਾਂ ਵਿੱਚ ਨਾ ਤਾਂ ਕਬਰਸਤਾਨ ਹੈ ਤੇ ਨਾ ਹੀ ਕਮਿਊਨਿਟੀ ਹਾਲ।ਉਨ੍ਹਾਂ ਮੰਗ ਕੀਤੀ ਕਿ ਫਰੀਦਕੋਟ ਦੇ ਡਿਪਟੀ ਕਮਿਸ਼ਨਰ ਤੁਰੰਤ ਕਬਰਸਤਾਨ ਦੀ ਨਿਸ਼ਾਨਦੇਹੀ ਕਰਨ ਤੇ ਚਾਰਦੀਵਾਰੀ, ਬੈਠਣ ਵਾਲੀ ਜਗ੍ਹਾ ਤੇ ਪਾਣੀ ਦੇ ਢੁੱਕਵੇਂ ਪ੍ਰਬੰਧ ਯਕੀਨੀ ਬਣਾਉਣ।ਇਸ ਮੌਕੇ, ਰਾਸ਼ਟਰੀ ਪ੍ਰਧਾਨ ਨੇ ਸੰਗਠਨ ਨੂੰ ਮਜ਼ਬੂਤ ?ਕਰਨ ਲਈ ਨਵੀਆਂ ਨਿਯੁਕਤੀਆਂ ਦਾ ਐਲਾਨ ਕੀਤਾ ਤੇ ਉਨ੍ਹਾਂ ਨੂੰ ਨਿਯੁਕਤੀ ਪੱਤਰ ਭੇਟ ਕੀਤੇ।ਮੀਟਿੰਗ ਵਿੱਚ ਸੂਬਾ ਜਨਰਲ ਸਕੱਤਰ ਭਰਪੂਰ ਜੱਸੀ, ਸੀਨੀਅਰ ਯੂਥ ਮੀਤ ਪ੍ਰਧਾਨ (ਪੰਜਾਬ) ਰਵੀ ਪਾਲ, ਸੂਬਾ ਕਮੇਟੀ ਮੈਂਬਰ ਰਾਜ ਕੁਮਾਰ, ਪਾਸਟਰ ਕੁਲਵੰਤ (ਰਾਜ ਸਕੱਤਰ), ਪਾਸਟਰ ਸ਼ੇਰਾ (ਮੁੱਖ ਸਲਾਹਕਾਰ, ਪੰਜਾਬ), ਪ੍ਰੋਫੈਸਰ ਜਗਸ਼ੀਰ ਮਸੀਹ, ਪਾਸਟਰ ਦਰਸ਼ਨ (ਪ੍ਰਧਾਨ, ਮਲੇਰਕੋਟਲਾ), ਪਾਸਟਰ ਸ਼ਿੰਦਰ ਪਾਲ (ਉਪ ਪ੍ਰਧਾਨ, ਫਿਰੋਜ਼ਪੁਰ), ਪਾਸਟਰ ਜਗਜੀਤ (ਚੇਅਰਮੈਨ, ਫਾਜ਼ਿਲਕਾ), ਮਨਦੀਪ ਸੀ. (ਉਪ ਪ੍ਰਧਾਨ, ਮੋਗਾ), ਸੰਜੇ (ਪ੍ਰਧਾਨ, ਬਰਨਾਲਾ), ਹੀਰਾ ਸਿੰਘ, ਪੀ. ਸੋਹਨ ਸੰਧੂ, ਪਾਸਟਰ ਪਿਆਰਾ ਮਸੀਹ, ਪਾਸਟਰ ਬਲਜੀਤ, ਪਾਸਟਰ ਜੋਹਾਨਾ ਅਤੇ ਪਾਸਟਰ ਸੋਨੂੰ ਸਿੱਧੂ ਸਮੇਤ ਵੱਡੀ ਗਿਣਤੀ ਵਿੱਚ ਅਹੁਦੇਦਾਰ ਤੇ ਵਰਕਰ ਮੌਜੂਦ ਸਨ।

# ਤੇਲ ਕੀਮਤਾਂ 'ਚ ਨਿਰੰਤਰ ਵਾਧਾ ਕਿਸਾਨਾਂ, ਟਰਾਂਸਪੋਟਰਾਂ ਤੇ ਆਮ ਲੋਕਾਂ ਦੀ ਜੇਬ 'ਤੇ ਵੱਡੀ ਆਰਥਿਕ ਸੱਟ : ਸ਼ਾਹਪੁਰ

**ਦੋਰਾਹਾ (ਹਰਮਿੰਦਰ ਸੇਠ)**

ਤੇਲ ਕੰਪਨੀਆਂ ਵੱਲੋਂ ਵਾਰ ਵਾਰ ਡੀਜ਼ਲ, ਪੈਟਰੋਲ ਦੀਆਂ ਕੀਮਤਾਂ ਵਿੱਚ ਨਿਰੰਤਰ ਵਾਧਾ ਕੀਤਾ ਜਾ ਰਿਹਾ ਹੈ, ਪਰ ਕੇਂਦਰ ਸਰਕਾਰ ਇਸ ਕੀਤੇ ਜਾ ਰਹੇ ਵਾਧੇ ਪ੍ਰਤੀ ਬਿਲਕੁਲ ਖਾਮੋਸ਼ ਦਿਖਾਈ ਦੇ ਰਹੀ ਹੈ।ਇਸ ਬਾਰੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਸਾਬਕਾ ਜ਼ਿਲ੍ਹਾ ਵੈਟਨਰੀ ਇੰਸਪੈਕਟਰ ਤੇ ਸੀਨੀਅਰ ਅਕਾਲੀ ਆਗੂ ਡਾ. ਸੁਰਿੰਦਰ ਸਿੰਘ ਸ਼ਾਹਪੁਰ ਨੇ ਕਿਹਾ ਕਿ ਡੀਜ਼ਲ ਤੇ ਪੈਟਰੋਲ ਦੀਆਂ ਕੀਮਤਾਂ 'ਚ ਵਾਰ ਵਾਰ ਕੀਤਾ ਜਾ ਰਿਹਾ ਨਿਰੰਤਰ ਵਾਧਾ ਕਿਸਾਨਾਂ, ਟਰਾਸਪੋਟਰਾਂ, ਛੋਟੇ ਵਿਉਪਾਰੀਆਂ ਤੇ ਆਮ ਲੋਕਾਂ ਦੀ ਜੇਬ 'ਤੇ ਵੱਡੀ ਆਰਥਿਕ ਸੱਟ ਮਾਰੇਗਾ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੇ ਤੇਲ ਕੰਪਨੀਆਂ ਨੂੰ ਖੁੱਲ੍ਹ ਦੇ ਰੱਖੀ ਹੈ।ਉਹ ਆਪਣੀ ਮਰਜ਼ੀ ਨਾਲ ਤੇਲ ਦੇ ਭਾਅ ਵਧਾਈ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਤੇਲ ਕੰਪਨੀਆਂ ਨੇ ਦੋ ਹਫ਼ਤਿਆਂ ਅੰਦਰ ਡੀਜ਼ਲ, ਪੈਟਰੋਲ ਦੇ ਰੇਟ 'ਚ ਚਾਰ ਵਾਰ ਵਾਧਾ ਕਰਕੇ ਲੋਕਾਂ ਨੂੰ ਹੈਰਾਨ ਪ੍ਰੇਸ਼ਾਨ ਕਰ ਦਿੱਤਾ।ਉਨ੍ਹਾਂ ਕਿਹਾ ਕਿ ਪੱਛਮੀ ਏਸ਼ੀਆ 'ਚ ਚੱਲ ਰਹੀ ਜੰਗ ਕਾਰਨ ਕੱਚੇ ਤੇਲ ਦੀਆਂ ਕੀਮਤਾਂ ਵਧ ਗਈਆਂ ਸਨ, ਪਰ ਜੰਗ ਤੋਂ ਕੁਝ ਸਮਾਂ ਪਹਿਲਾਂ ਜਦੋਂ ਕੱਚੇ ਤੇਲ ਦੀਆਂ ਕੀਮਤਾਂ ਕਾਫ਼ੀ ਘੱਟ ਗਈਆਂ ਸਨ ਤਾਂ ਤੇਲ ਕੰਪਨੀਆਂ ਨੇ ਤੇਲ ਦੀ ਕੀਮਤ ਬਿਲਕੁਲ ਨਹੀਂ ਘਟਾਈ ਸੀ।ਉਨ੍ਹਾਂ ਕਿਹਾ ਕਿ ਹੁਣ ਮਹਿੰਗਾਈ ਵੀ ਤੇਲ ਵਾਂਗ ਦਿਨੋਂ ਦਿਨ ਵਧ ਰਹੀ ਹੈ।ਜ਼ਰੂਰੀ ਵਸਤਾਂ ਦੀਆਂ ਚੀਜ਼ਾਂ 'ਚ ਬਹੁਤ ਵਾਧਾ ਦੇਖਣ ਨੂੰ ਮਿਲ ਰਿਹਾ ਹੈ।ਕਈ ਵਾਰ ਜੇਕਰ ਕੋਈ ਚੀਜ਼ ਅਸੀਂ ਹਫ਼ਤੇ ਬਾਅਦ ਖਰੀਦ ਕਰਦੇ ਹਾਂ ਤਾਂ ਉਸ ਦਾ ਭਾਅ ਵੀ ਵਧਿਆ ਹੁੰਦਾ ਹੈ, ਕਿਉਂਕਿ ਟਰਾਂਸਪੋਰਟ ਦੇ ਰੇਟ ਵੱਧ ਜਾਂਦੇ ਹਨ।ਇਸ ਤੋਂ ਇਲਾਵਾ ਕਿਸਾਨ ਤੇ ਡੀਜ਼ਲ ਦੇ ਭਾਅ ਨੇ ਵੱਡੀ ਆਰਥਿਕ ਸੱਟ ਮਾਰੀ ਹੈ, ਕਿਉਂਕਿ ਕਿਸਾਨ ਟਰੈਕਟਰ ਵਾਸਤੇ ਵਾਹੀ ਤੇ ਹੋਰ ਕੰਮਾਂ ਵਾਸਤੇ ਡੀਜ਼ਲ ਦੀ ਵੱਡੀ ਮਾਤਰਾ 'ਚ ਵਰਤੋਂ ਕਰਨੀ ਪੈਂਦੀ ਹੈ।ਇਸੇ ਤਰ੍ਹਾਂ ਟਰਾਂਸਪੋਰਟ ਨੂੰ ਵੱਡੀ ਮਾਤਰਾ 'ਚ ਡੀਜ਼ਲ ਦੀ ਵਰਤੋਂ ਕਰਨੀ ਪੈਂਦੀ ਹੈ।ਉਨ੍ਹਾਂ ਕਿਹਾ ਕਿ ਅਖੀਰ ਮਹਿੰਗਾਈ ਦੀ ਸਾਰੀ ਮਾਰ ਆਮ ਲੋਕਾਂ 'ਤੇ ਜਾ ਪੈਂਦੀ ਹੈ, ਕਿਉਂਕਿ ਹਰ ਚੀਜ਼ ਮਹਿੰਗੀ ਹੋ ਜਾਂਦੀ ਹੈ।ਉਨ੍ਹਾਂ ਕੇਂਦਰ ਸਰਕਾਰ ਨੂੰ ਜ਼ੋਰਦਾਰ ਅਪੀਲ ਕਰਦਿਆਂ ਕਿਹਾ ਕਿ ਮਹਿੰਗਾਈ 'ਤੇ ਕੰਟਰੋਲ ਕਰਨ ਲਈ ਡੀਜ਼ਲ ਤੇ ਪੈਟਰੋਲ ਦੀਆਂ ਕੀਮਤਾਂ 'ਚ ਕੀਤਾ ਵਾਧਾ ਵਾਪਸ ਲਿਆ ਜਾਵੇ।

ਸ਼ਨੀਵਾਰ, 30 ਮਈ, 2026
16 ਜੇਠ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 74
ਅੰਕ/NO. : 359

ਰੋਜ਼ਾਨਾ
# ਨਵਾਂ ਜ਼ਮਾਨਾ
DAILY NAWAN ZAMANA • SATURDAY, 30 MAY, 2026
75 ਜਲੰਧਰ | 1952
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in

# ਲੋਕਲ ਬਾਡੀਜ਼ ਚੋਣਾਂ 'ਚ 'ਆਪ' ਨੂੰ ਵੱਡੀ ਸਫਲਤਾ

**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ, ਕ੍ਰਿਸ਼ਨ ਗਰਗ)**

ਪੰਜਾਬ 'ਚ ਅੱਠ ਨਗਰ ਨਿਗਮਾਂ, 75 ਨਗਰ ਕੌਂਸਲਾਂ ਅਤੇ 19 ਨਗਰ ਪੰਚਾਇਤਾਂ ਦੇ ਨਿਕਲੇ ਨਤੀਜਿਆਂ ਵਿੱਚ ਆਮ ਆਦਮੀ ਪਾਰਟੀ ਨੇ ਤਕੜਾ ਪ੍ਰਦਰਸ਼ਨ ਕੀਤਾ ਹੈ। ਮੋਗਾ ਨਗਰ ਨਿਗਮ ਦੇ 50 ਵਾਰਡਾਂ ਵਿੱਚੋਂ 30 ਵਿੱਚ ਆਪ ਉਮੀਦਵਾਰ ਜੇਤੂ ਰਹੇ ਹਨ। ਕਾਂਗਰਸ ਦੇ ਹਿੱਸੇ 7, ਅਕਾਲੀ ਦਲ ਤੇ ਭਾਜਪਾ ਦੇ 3-3 ਅਤੇ ਆਜ਼ਾਦ ਉਮੀਦਵਾਰਾਂ ਦੇ ਹਿੱਸੇ 7 ਵਾਰਡ ਆਏ ਹਨ। ਬਰਨਾਲਾ ਨਗਰ ਨਿਗਮ ਦੀ ਪਹਿਲੀ ਚੋਣ ਵਿੱਚ ਆਪ ਨੇ ਦੋ-ਤਿਹਾਈ ਬਹੁਮਤ ਨਾਲ ਇਤਿਹਾਸਕ ਜਿੱਤ ਦਰਜ ਕੀਤੀ ਹੈ। 'ਆਪ' ਨੇ ਕੁੱਲ 50 ਵਾਰਡਾਂ ਵਿੱਚੋਂ 36 ਵਾਰਡ ਜਿੱਤ ਲਏ। ਭਾਜਪਾ 7 ਸੀਟਾਂ ਜਿੱਤ ਕੇ ਦੂਜੇ ਨੰਬਰ 'ਤੇ ਰਹੀ ਹੈ। ਕਾਂਗਰਸ 2 ਸੀਟਾਂ 'ਤੇ ਸਿਮਟ ਕੇ ਰਹਿ ਗਈ, ਜਦੋਂ ਕਿ ਅਕਾਲੀ ਦਲ ਖਾਤਾ ਖੋਲ੍ਹਣ ਵਿੱਚ ਵੀ ਨਾਕਾਮ ਰਿਹਾ। ਪੰਜ ਆਜ਼ਾਦ ਜੇਤੂ ਰਹੇ। ਨਗਰ ਨਿਗਮ ਕਪੂਰਥਲਾ 'ਚ ਹੁਣ ਕਾਂਗਰਸ ਪਾਰਟੀ ਦਾ ਮੇਅਰ ਬਣਨਾ ਤੈਅ ਹੈ, ਕਿਉਂਕਿ ਕਾਂਗਰਸ ਨੇ 50 'ਚੋਂ 31 ਵਾਰਡ ਜਿੱਤ ਕੇ ਬਹੁਮਤ ਦਾ ਅੰਕੜਾ ਪਾਰ ਕਰ ਲਿਆ ਹੈ। ਕਾਂਗਰਸੀ ਵਿਧਾਇਕ ਰਾਣਾ ਗੁਰਜੀਤ ਸਿੰਘ ਨੇ ਦਬਦਬਾ ਕਾਇਮ ਰੱਖ ਕੇ ਆਪਣਾ ਸਿਆਸੀ ਜਲਵਾ ਦਿਖਾ ਦਿੱਤਾ ਹੈ। ਆਪ ਨੇ 11 ਵਾਰਡ ਜਿੱਤੇ ਹਨ ਜਦਕਿ ਭਾਜਪਾ ਤੇ ਅਕਾਲੀ ਦਲ ਨੇ 3-3 ਅਤੇ ਆਜ਼ਾਦਾਂ ਨੇ ਦੋ ਵਾਰਡ ਜਿੱਤੇ ਹਨ।

ਨਗਰ ਕੌਂਸਲ ਸੁਲਤਾਨਪੁਰ ਲੋਧੀ ਦੇ 13 ਵਾਰਡਾਂ ਵਿੱਚੋਂ 7 ਆਜ਼ਾਦ ਵਿਧਾਇਕ ਰਾਣਾ ਇੰਦਰ ਪ੍ਰਤਾਪ ਸਿੰਘ ਦੀ ਹਮਾਇਤ ਵਾਲੇ ਆਜ਼ਾਦ ਉਮੀਦਵਾਰਾਂ ਨੇ ਜਿੱਤ ਕੇ ਬਹੁਮਤ ਬਣਾ ਲਿਆ। ਇੱਕ ਹੋਰ ਆਜ਼ਾਦ ਵੀ ਜਿੱਤਿਆ ਜਦਕਿ ਆਪ ਦੇ 5 ਉਮੀਦਵਾਰ ਸਫਲ ਰਹੇ।

ਫਿਲੌਰ ਨਗਰ ਕੌਂਸਲ ਦੇ 15 'ਚੋਂ 8 ਵਾਰਡ ਆਪ ਨੇ ਜਿੱਤ ਲਏ।

ਕਾਂਗਰਸ ਪਾਰਟੀ ਨੂੰ ਸਿਰਫ ਤਿੰਨ ਵਾਰਡਾਂ 'ਚ ਹੀ ਜਿੱਤ ਨਸੀਬ ਹੋ ਸਕੀ। ਬਸਪਾ ਨੇ 2 ਅਤੇ ਅਜ਼ਾਦਾਂ ਨੇ 2 ਵਾਰਡ ਜਿੱਤੇ।

ਆਪ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਦੇ ਹਲਕੇ ਦੀ ਰਮਦਾਸ ਨਗਰ ਕੌਂਸਲ ਦੀਆਂ 11 ਵਿੱਚੋਂ 10 ਸੀਟਾਂ ਆਪ ਨੇ ਜਿੱਤ ਲਈਆਂ ਹਨ। ਕਾਂਗਰਸ ਤੇ ਭਾਜਪਾ ਖਾਤਾ ਨਹੀਂ ਖੋਲ ਸਕੀਆਂ ਜਦਕਿ ਅਕਾਲੀ ਦਲ ਨੇ ਇੱਕ ਸੀਟ ਜਿੱਤੀ।

• ਬਾਕੀ ਸਫਾ 10 'ਤੇ

# ਪੰਜਾਬ ਨੇ ਨਫ਼ਰਤ ਦੀ ਰਾਜਨੀਤੀ ਨੂੰ ਨਕਾਰਿਆ : ਮਾਨ

**ਚੰਡੀਗੜ੍ਹ (ਨ ਜ਼ ਸ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮਿਉਂਸਪਲ ਚੋਣਾਂ ਵਿੱਚ ਆਮ ਆਦਮੀ ਪਾਰਟੀ (ਆਪ) ਦੀ ਹੂੰਝਾ ਫੇਰ ਜਿੱਤ ਨੂੰ ਪੰਜਾਬ ਸਰਕਾਰ ਦੇ ਵਿਕਾਸ-ਮੁਖੀ ਸ਼ਾਸਨ ਮਾਡਲ 'ਤੇ ਫੈਸਲਾਕੁਨ ਮੋਹਰ ਅਤੇ ਵਿਰੋਧੀ ਧਿਰ ਦੀ ਨਫ਼ਰਤ, ਵੰਡੀਆਂ ਪਾਉਣ ਵਾਲੀ ਤੇ ਨਕਾਰਾਤਮਕ ਰਾਜਨੀਤੀ ਨੂੰ ਪੂਰੀ ਤਰ੍ਹਾਂ ਨਕਾਰਨ ਵਾਲਾ ਦੱਸਿਆ ਹੈ।ਉਨ੍ਹਾਂ ਕਿਹਾ ਕਿ ਪੰਜਾਬੀਆਂ ਨੇ ਕਾਂਗਰਸ, ਸ਼੍ਰੋਮਣੀ ਅਕਾਲੀ ਦਲ ਅਤੇ ਭਾਜਪਾ ਦਾ ਪੂਰੀ ਤਰ੍ਹਾਂ 'ਸਫ਼ਾਇਆ' ਕਰ ਦਿੱਤਾ ਹੈ।ਮਾਨ ਨੇ ਕਿਹਾ ਕਿ ਇਹ ਫ਼ੈਸਲਾ ਮੁਫ਼ਤ ਬਿਜਲੀ, ਮਿਆਰੀ ਸਿੱਖਿਆ, ਬਿਹਤਰ ਤੇ ਮੁਫ਼ਤ ਸਿਹਤ ਸਹੂਲਤਾਂ, ਰੁਜ਼ਗਾਰ ਦੇ ਮੌਕੇ ਪੈਦਾ ਕਰਨ ਅਤੇ ਹੋਰ ਲੋਕ ਭਲਾਈ ਸਕੀਮਾਂ ਵਿੱਚ ਜਨਤਾ ਦੇ ਵਿਸ਼ਵਾਸ ਨੂੰ ਦਰਸਾਉਂਦਾ ਹੈ।



ਪੂਰੇ ਪੰਜਾਬ ਵਿੱਚ 'ਆਪ' ਦੇ ਦਬਦਬੇ, ਜਿਸ ਵਿੱਚ ਧੂਰੀ ਵਿੱਚ ਪਾਰਟੀ ਨੇ 21 ਵਿੱਚੋਂ 19 ਸੀਟਾਂ ਜਿੱਤ ਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ, ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਇਨ੍ਹਾਂ ਨਤੀਜਿਆਂ ਨੇ ਭਾਜਪਾ (ਜਿਸ ਨੂੰ 'ਈ.ਡੀ. ਪਾਰਟੀ' ਕਿਹਾ ਜਾਂਦਾ ਹੈ) ਨੂੰ ਪੰਜਵੇਂ ਸਥਾਨ 'ਤੇ ਧੱਕ ਦਿੱਤਾ ਹੈ ਅਤੇ ਇੱਕ ਸਪਸ਼ਟ ਸੰਦੇਸ਼ ਦਿੱਤਾ ਹੈ ਕਿ ਪੰਜਾਬ ਪੂਰੀ ਤਰ੍ਹਾਂ ਕਾਰਗੁਜ਼ਾਰੀ ਦੀ ਰਾਜਨੀਤੀ ਦੇ ਨਾਲ ਖੜ੍ਹਾ ਹੈ। ਮੁੱਖ ਮੰਤਰੀ ਨੇ ਦਾਅਵਾ ਕੀਤਾ ਕਿ ਇਹ ਫ਼ਤਵਾ ਇਸ ਗੱਲ ਦਾ ਵੀ ਸੰਕੇਤ ਹੈ ਕਿ 'ਆਪ' 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ 2022 ਦੀ ਆਪਣੀ ਇਤਿਹਾਸਕ ਜਿੱਤ ਦੇ ਰਿਕਾਰਡ ਨੂੰ ਵੀ ਪਾਰ ਕਰਨ ਦੇ ਰਾਹ 'ਤੇ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਵਿਰੋਧੀ ਪਾਰਟੀਆਂ ਦੀ ਸਾਂਝੀ ਤਾਕਤ ਵੀ 'ਆਪ' ਨੂੰ ਮਿਲੇ ਸਮਰਥਨ ਦਾ ਮੁਕਾਬਲਾ ਕਰਨ ਵਿੱਚ ਨਾਕਾਮ ਰਹੀ। ਉਨ੍ਹਾਂ ਕਿਹਾ, "ਕਾਂਗਰਸ, ਸ਼੍ਰੋਮਣੀ ਅਕਾਲੀ ਦਲ ਅਤੇ ਭਾਜਪਾ, ਜਿਸ ਨੂੰ ਮੈਂ ਈ.ਡੀ. ਪਾਰਟੀ ਕਹਿੰਦਾ ਹਾਂ, ਸਾਰੇ ਮਿਲ ਕੇ ਵੀ @ਆਪ@ ਵੱਲੋਂ ਜਿੱਤੀਆਂ ਗਈਆਂ ਸੀਟਾਂ ਦੀ ਗਿਣਤੀ ਤੱਕ ਨਹੀਂ ਪਹੁੰਚ ਸਕੇ। ਲੋਕਾਂ ਨੇ ਉਨ੍ਹਾਂ ਦੇ ਨਕਾਰਾਤਮਕ ਅਤੇ ਵੰਡ-ਪਾਊ ਏਜੰਡੇ ਨੂੰ ਪੂਰੀ ਤਰ੍ਹਾਂ ਨਕਾਰ ਦਿੱਤਾ ਹੈ। ਇੱਥੋਂ ਤੱਕ ਕਿ ਸ਼ਹਿਰੀ ਖੇਤਰਾਂ ਵਿੱਚ ਵੀ, ਜਿਨ੍ਹਾਂ ਨੂੰ ਭਾਜਪਾ ਆਪਣਾ ਰਵਾਇਤੀ ਵੋਟ ਬੈਂਕ ਮੰਨਦੀ ਹੈ, ਵੋਟਰਾਂ ਨੇ ਉਨ੍ਹਾਂ ਨੂੰ ਬੁਰੀ ਤਰ੍ਹਾਂ ਨਕਾਰ ਦਿੱਤਾ ਹੈ।"

ਭਾਜਪਾ ਦੀ ਕਾਰਗੁਜ਼ਾਰੀ ਦਾ ਹਵਾਲਾ ਦਿੰਦੇ ਹੋਏ ਮੁੱਖ ਮੰਤਰੀ

• ਬਾਕੀ ਸਫਾ 10 'ਤੇ

# ਆਮ ਲੋਕਾਂ ਨੂੰ ਲੁੱਟ ਕੇ ਕਾਰਪੋਰੇਟਾਂ ਦੇ ਘਰ ਭਰ ਰਹੀ ਮੋਦੀ ਸਰਕਾਰ : ਬਰਾੜ, ਨਰਿੰਦਰ ਸੋਹਲ

## ਘੱਟੋ-ਘੱਟ ਉਜਰਤ 35 ਹਜ਼ਾਰ ਰੁਪਏ ਦਿੱਤੀ ਜਾਵੇ : ਮਾੜੀਮੇਘਾ

**ਝਬਾਲ (ਹਰਜਿੰਦਰ ਸਿੰਘ ਸੋਨੀ)**

ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਤਰਨ ਤਾਰਨ ਵੱਲੋਂ ਸ਼ੁੱਕਰਵਾਰ ਰਾਮਗੜ੍ਹੀਆ ਬੁੰਗਾ ਵਿਖੇ ਜ਼ਿਲ੍ਹਾ ਕਨਵੈਨਸ਼ਨ ਗੁਰਦਿਆਲ ਸਿੰਘ ਖਡੂਰ ਸਾਹਿਬ, ਕਿਰਨਜੀਤ ਕੌਰ ਤੇ ਬਲਕਾਰ ਸਿੰਘ ਵਲਟੋਹਾ ਦੀ ਪ੍ਰਧਾਨਗੀ ਹੇਠ ਕੀਤੀ ਗਈ। ਇਸ ਤੋਂ ਬਾਅਦ ਕੇਂਦਰ ਤੇ ਪੰਜਾਬ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਵਿਰੁੱਧ ਬਜ਼ਾਰ ਵਿੱਚ ਰੋਸ ਮਾਰਚ ਕੱਢਿਆ ਗਿਆ।ਇਸ ਪ੍ਰੋਗਰਾਮ ਵਿੱਚ ਭਾਰਤੀ ਕਮਿਊਨਿਸਟ ਪਾਰਟੀ ਦੇ ਸੂਬਾਈ ਆਗੂ ਤੇ ਏਟਕ ਦੇ ਪ੍ਰਧਾਨ ਕਾਮਰੇਡ ਬੰਤ ਬਰਾੜ ਤੇ ਨਰਿੰਦਰ ਸੋਹਲ ਉਚੇਚੇ ਤੌਰ 'ਤੇ ਸ਼ਾਮਲ ਹੋਏ। ਜ਼ਿਲ੍ਹਾ ਸਕੱਤਰ ਕਾਮਰੇਡ ਦਵਿੰਦਰ ਸੋਹਲ ਨੇ ਦੱਸਿਆ ਕਿ ਇਸ ਮੌਕੇ ਸੰਬੋਧਨ ਕਰਦਿਆਂ ਕਾਮਰੇਡ ਬੰਤ ਸਿੰਘ ਬਰਾੜ ਨੇ ਕਿਹਾ ਕਿ ਡੀਜ਼ਲ ਤੇ ਪੈਟਰੋਲ ਗੈਸ ਦੀਆਂ ਕੀਮਤਾਂ ਬਹੁਤ ਵਧਾਈਆਂ ਗਈਆਂ ਹਨ, ਜਿਸ ਨਾਲ ਲੋੜੀਂਦੀਆਂ ਸਭ ਵਸਤਾਂ ਬਹੁਤ ਮਹਿੰਗੀਆਂ ਹੋ ਗਈਆਂ ਹਨ। ਆਮ ਆਦਮੀ ਦਾ ਜਿਉਣਾ ਦੁੱਭਰ ਹੋ ਗਿਆ ਹੈ। ਜਿਸ ਤਰ੍ਹਾਂ ਹੁਣ ਕਾਰਪੋਰੇਟ ਘਰਾਣਿਆਂ ਦੀ ਲੁੱਟ-ਘਸੁੱਟ ਬਹੁਤ ਤੇਜ਼ ਹੋ ਗਈ ਹੈ, ਅਜਿਹੇ ਸਮੇਂ ਸਮਾਜਵਾਦੀ ਰਾਜ ਪ੍ਰਬੰਧ ਹੀ ਮਿਹਨਤਕਸ਼ ਲੋਕਾਂ ਨੂੰ ਵਧੀਆ ਜੀਵਨ ਦੇ ਸਕਦਾ ਹੈ। ਉਹਨਾਂ ਸੱਦਾ ਦਿੱਤਾ ਕਿ ਪਾਰਟੀ ਨੂੰ ਤਕੜੀ ਕਰਦਿਆਂ ਇਨਕਲਾਬੀ ਲਹਿਰ ਨੂੰ ਮਜ਼ਬੂਤ ਕੀਤਾ ਜਾਵੇ।ਉਹਨਾਂ ਇਹ ਵੀ ਕਿਹਾ ਕਿ ਪੰਜਾਬ ਦੇ ਪਾਣੀਆਂ 'ਤੇ ਕੇਂਦਰ ਸਰਕਾਰ ਡਾਕਾ ਮਾਰ ਰਹੀ ਹੈ। ਪੰਜਾਬ ਦੀ ਰਾਜਧਾਨੀ ਚੰਡੀਗੜ੍ਹ ਪੰਜਾਬ ਨੂੰ ਨਹੀਂ ਦਿੱਤੀ ਗਈ। ਪੰਜਾਬੀ ਬੋਲੀ ਨਾਲ ਅਨਿਆਂ ਕੀਤਾ ਜਾ ਰਿਹਾ ਹੈ। ਇਸ ਕਰਕੇ ਲੋੜ ਹੈ ਕਿ ਪੰਜਾਬ ਦੇ ਲੋਕ ਮੋਦੀ ਸਰਕਾਰ ਵਿਰੁੱਧ ਡਟ ਕੇ ਖਲੋਣ।

ਕਾਮਰੇਡ ਨਰਿੰਦਰ ਸੋਹਲ ਨੇ ਕਿਹਾ ਕਿ ਅੱਜ ਅੰਤ ਦੀ ਮਹਿੰਗਾਈ 'ਚ ਔਰਤਾਂ ਨੂੰ ਰਸੋਈ ਚਲਾਉਣੀ ਔਖੀ ਹੋ ਗਈ ਹੈ। ਹਰ ਔਰਤ ਨੂੰ ਰੁਜ਼ਗਾਰ ਮਿਲਣਾ ਬਹੁਤ ਜ਼ਰੂਰੀ ਹੈ ਅਤੇ ਮਿਹਨਤਾਨਾ ਵੀ ਘੱਟੋ-ਘੱਟ

• ਬਾਕੀ ਸਫਾ 10 'ਤੇ

### ਤਰਨ ਤਾਰਨ 'ਚ ਜ਼ਿਲ੍ਹਾ ਕਨਵੈਨਸ਼ਨ ਤੇ ਰੋਸ ਮਾਰਚ



# ਕਿਰਨਾ ਰਾਣੀ ਤੇ ਜਗਸੀਰ ਰਾਏ ਕੇ ਦੀ ਜਿੱਤ ਦੀ ਅਰਸ਼ੀ ਵੱਲੋਂ ਵਧਾਈ



**ਮਾਨਸਾ (ਨਵਾਂ ਜ਼ਮਾਨਾ ਸਰਵਿਸ)**-ਮਾਨਸਾ ਨਗਰ ਕੌਂਸਲ ਦੇ ਵਾਰਡ ਨੰਬਰ 13 ਤੋਂ ਸੀ ਪੀ ਆਈ ਦੇ ਕਾਮਰੇਡ ਕਿਰਨਾ ਰਾਣੀ ਚੌਹਾਨ ਨੇ ਆਮ ਆਦਮੀ ਪਾਰਟੀ ਦੇ ਉਮੀਦਵਾਰ ਨੂੰ 566 ਵੋਟਾਂ ਨਾਲ ਹਰਾਕੇ ਜਿੱਤ ਦਰਜ ਕੀਤੀ।ਇਸੇ ਤਰ੍ਹਾਂ ਬੁਢਲਾਡਾ ਮੰਡੀ ਜ਼ਿਲ੍ਹਾ ਮਾਨਸਾ ਦੇ ਵਾਰਡ ਨੰਬਰ ਇੱਕ ਤੋਂ ਪਾਰਟੀ ਦੀ ਸੂਬਾ ਕੌਂਸਲ ਦੇ ਮੈਂਬਰ ਕਾਮਰੇਡ ਜਗਸੀਰ ਸਿੰਘ ਰਾਏ ਕੇ ਨੇ ਆਮ ਆਦਮੀ ਪਾਰਟੀ ਦੇ ਉਮੀਦਵਾਰ ਨੂੰ 3 ਵੋਟਾਂ ਨਾਲ ਹਰਾਇਆ।ਸੀ ਪੀ ਆਈ ਦੇ ਕੌਮੀ ਆਗੂ ਤੇ ਸਾਬਕਾ ਵਿਧਾਇਕ ਹਰਦੇਵ ਅਰਸ਼ੀ ਨੇ ਕਿਰਨਾ ਰਾਣੀ ਚੌਹਾਨ ਤੇ ਜਗਸੀਰ ਰਾਏ ਕੇ ਦੀ ਜਿੱਤ 'ਤੇ ਮਾਨਸਾ ਜ਼ਿਲ੍ਹਾ ਪਾਰਟੀ ਨੂੰ ਵਧਾਈ ਦਿੰਦਿਆਂ ਕਿਹਾ ਹੈ ਕਿ ਜੋਗਾ ਨਗਰ ਪੰਚਾਇਤ ਵਿੱਚ ਪਾਰਟੀ ਦੇ 4 ਸਾਥੀ ਜਿੱਤ ਗਏ ਹਨ, ਪਰ ਇਹ ਪਾਰਟੀ ਦੇ ਅੰਦਾਜ਼ਿਆਂ ਤੋਂ ਬਹੁਤ ਘੱਟ ਹਨ। ਇਸ ਸੰਬੰਧੀ ਪਾਰਟੀ ਡੂੰਘਾਈ ਨਾਲ ਵਿਚਾਰ ਕਰੇਗੀ।

# ਮੁਹਾਲੀ ਤੋਂ ਏਅਰਪੋਰਟ ਲਈ ਸ਼ਾਰਟਕੱਟ ਰੂਟ

**ਚੰਡੀਗੜ੍ਹ** : ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੂੰ ਦੱਸਿਆ ਗਿਆ ਹੈ ਕਿ ਮੁਹਾਲੀ ਵਾਲੇ ਪਾਸੇ ਤੋਂ ਏਅਰਪੋਰਟ ਜਾਣ ਲਈ ਇੱਕ ਨਵਾਂ ਅਤੇ ਛੋਟਾ ਰਸਤਾ 31 ਮਈ 2026 ਤੋਂ ਸ਼ੁਰੂ ਹੋ ਜਾਵੇਗਾ। ਇਹ ਫੈਸਲਾ ਏਅਰਪੋਰਟ ਦੇ ਰਸਤੇ ਨੂੰ ਲੈ ਕੇ 2015 ਤੋਂ ਚੱਲ ਰਹੇ ਇੱਕ ਪੁਰਾਣੇ ਮਾਮਲੇ ਦੀ ਸੁਣਵਾਈ ਦੌਰਾਨ ਸਾਹਮਣੇ ਆਇਆ ਹੈ। ਗਮਾਡਾ ਦੇ ਸੀਨੀਅਰ ਵਕੀਲ ਆਰ.ਐੱਸ. ਖੋਸਲਾ ਨੇ ਦੱਸਿਆ ਕਿ ਮੁਹਾਲੀ ਦੇ 'ਬਾਵਾ ਵਾਈਟ ਹਾਊਸ' (ਸੈਕਟਰ 65-66 ਦੇ ਜੰਕਸ਼ਨ) ਤੋਂ ਸ਼ੁਰੂ ਹੋਣ ਵਾਲਾ ਇਹ ਛੋਟਾ ਰਸਤਾ ਪੂਰੀ ਤਰ੍ਹਾਂ ਤਿਆਰ ਹੈ ਅਤੇ 31 ਮਈ ਤੋਂ ਚਾਲੂ ਕਰ ਦਿੱਤਾ ਜਾਵੇਗਾ।

# ਪਲਾਸਟਿਕ ਨੋਟ ਚਲਾਉਣ 'ਤੇ ਵਿਚਾਰ

**ਨਵੀਂ ਦਿੱਲੀ (ਨ ਜ਼ ਸ)**-ਕਰੰਸੀ ਦੀ ਲਗਾਤਾਰ ਵਧ ਰਹੀ ਮੰਗ ਨੂੰ ਦੇਖਦਿਆਂ ਭਾਰਤੀ ਰਿਜ਼ਰਵ ਬੈਂਕ ਨੇ ਇੱਕ ਵਾਰ ਫਿਰ ਭਾਰਤ ਵਿੱਚ 'ਪੌਲੀਮਰ' (ਪਲਾਸਟਿਕ) ਦੇ ਬੈਂਕ ਨੋਟ ਪੇਸ਼ ਕਰਨ ਦੀ ਯੋਜਨਾ 'ਤੇ ਵਿਚਾਰ ਸ਼ੁਰੂ ਕਰ ਦਿੱਤਾ ਹੈ। ਇਨ੍ਹਾਂ ਨੂੰ ਛਾਪਣ ਦਾ ਖਰਚਾ ਵੀ ਰਵਾਇਤੀ ਕਾਗਜ਼ੀ ਨੋਟਾਂ ਨਾਲੋਂ ਘੱਟ ਪੈਂਦਾ ਹੈ ਅਤੇ ਇਹ ਨੋਟ ਏ ਟੀ ਐੱਮ ਮਸ਼ੀਨਾਂ ਰਾਹੀਂ ਵੀ ਆਸਾਨੀ ਨਾਲ ਕੱਢੇ ਜਾ ਸਕਣਗੇ।

# ਵਿਨੇਸ਼ ਫੋਗਾਟ ਨੂੰ ਚੋਣ ਟਰਾਇਲਾਂ 'ਚ ਹਿੱਸਾ ਲੈਣ ਦੀ ਇਜਾਜ਼ਤ ਮਿਲੀ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਸ਼ੁੱਕਰਵਾਰ ਨੂੰ ਪਹਿਲਵਾਨ ਵਿਨੇਸ਼ ਫੋਗਾਟ ਨੂੰ 30 ਮਈ ਨੂੰ ਹੋਣ ਵਾਲੇ ਏਸ਼ੀਅਨ ਖੇਡਾਂ 2026 ਲਈ ਚੋਣ ਟਰਾਇਲਾਂ ਵਿੱਚ ਹਿੱਸਾ ਲੈਣ ਦੀ ਇਜਾਜ਼ਤ ਦੇ ਦਿੱਤੀ। "ਅਸੀਂ ਤੁਹਾਨੂੰ ਨਹੀਂ ਰੋਕ ਰਹੇ, ਤੁਸੀਂ ਜਾਓ ਅਤੇ ਹਿੱਸਾ ਲਓ।" ਜਸਟਿਸ ਪੀ ਐੱਸ ਨਰਸਿਮਹਾ ਅਤੇ ਜਸਟਿਸ ਆਲੋਕ ਅਰਾਧੇ ਦੇ ਬੈਂਚ ਨੇ ਦਿੱਲੀ ਹਾਈ ਕੋਰਟ ਦੇ ਉਸ ਹੁਕਮ 'ਤੇ ਰੋਕ ਲਗਾਉਣ ਤੋਂ ਇਨਕਾਰ ਕਰਦੇ ਹੋਏ ਕਿਹਾ ਜਿਸ ਹੁਕਮ ਤਹਿਤ ਉਸ ਨੂੰ ਰਾਹਤ ਦਿੱਤੀ ਸੀ। ਜੱਜਾਂ ਨੇ ਕਿਹਾ ਕਿ ਤੁਸੀਂ ਇੱਕ ਸ਼ਾਨਦਾਰ ਪਹਿਲਵਾਨ ਹੋ... ਤੁਸੀਂ ਦੇਸ਼ ਨੂੰ ਮਾਣ ਦਿਵਾਇਆ ਹੈ। ਇਹ ਹੁਕਮ ਰੈਸਲਿੰਗ ਫੈਡਰੇਸ਼ਨ ਆਫ ਇੰਡੀਆ (ਡਬਲਯੂ ਐੱਫ ਆਈ) ਦੁਆਰਾ 22 ਮਈ ਨੂੰ ਹਾਈ ਕੋਰਟ ਦੇ ਆਦੇਸ਼ ਨੂੰ ਚੁਣੌਤੀ ਦੇਣ ਵਾਲੀ ਪਟੀਸ਼ਨ 'ਤੇ ਆਇਆ ਹੈ।

# ਮੋਦੀ ਸਰਕਾਰ ਕਾਰਪੋਰੇਟਾਂ ਦੀ ਬਾਂਦੀ : ਗੁਲਜ਼ਾਰ ਗੋਰੀਆ




**ਕਾਮਰੇਡ ਗੁਲਜ਼ਾਰ ਸਿੰਘ ਗੋਰੀਆ ਰਿਪੋਰਟ ਪੇਸ਼ ਕਰਦੇ ਹੋਏ, ਮੰਚ 'ਤੇ ਸੁਸ਼ੋਭਿਤ ਕਾਮਰੇਡ ਐਨੀ ਰਾਜਾ, ਵੀ ਐੱਸ ਨਿਰਮਲ ਤੇ ਹੋਰ।**

**ਅੰਗੋਲ (ਗਿਆਨ ਸੈਦਪੁਰੀ)**

ਮੌਜੂਦਾ ਸਿਆਸੀ ਅਤੇ ਆਰਥਿਕ ਪ੍ਰਸਥਿਤੀਆਂ ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ 'ਤੇ ਡੂੰਘੇ ਸੰਕਟ ਵਿੱਚ ਹਨ। ਨਵੀਆਂ ਉਦਾਰਵਾਦੀ ਨੀਤੀਆਂ ਤਹਿਤ ਮਜ਼ਦੂਰਾਂ ਅਤੇ ਕਿਸਾਨਾਂ 'ਤੇ ਹਮਲੇ ਕੀਤੇ ਜਾ ਰਹੇ ਹਨ। ਦੱਖਣਪੰਥੀ ਸ਼ਕਤੀਆਂ ਵੱਲੋਂ ਸਮਾਜ 'ਚ ਵੰਡੀਆਂ ਪਾ ਕੇ ਲੋਕਾਂ ਦਾ ਧਿਆਨ ਜ਼ਿੰਦਗੀ ਨਾਲ ਜੁੜੇ ਅਸਲੀ ਮੁੱਦਿਆਂ ਤੋਂ ਪਾਸੇ ਹਟਾ ਕੇ ਉਲਝਾਇਆ ਜਾ ਰਿਹਾ ਹੈ। ਉਕਤ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਜਨਰਲ ਸਕੱਤਰ ਕਾਮਰੇਡ ਗੁਲਜ਼ਾਰ ਸਿੰਘ ਗੋਰੀਆ ਨੇ ਯੂਨੀਅਨ ਦੀ ਕੌਮੀ ਕੌਂਸਲ ਦੀ ਮੀਟਿੰਗ ਵਿੱਚ ਰਿਪੋਰਟ ਪੇਸ਼ ਕਰਦਿਆਂ ਕੀਤਾ। ਉਹਨਾਂ ਕਿਹਾ ਕਿ ਪੂੰਜੀਵਾਦੀ ਸੰਕਟ ਦਾ ਖੇਤ ਮਜ਼ਦੂਰਾਂ, ਕਿਸਾਨਾਂ, ਪੇਂਡੂ ਗਰੀਬਾਂ, ਦਲਿਤਾਂ, ਆਦਿਵਾਸੀਆਂ, ਘੱਟ ਗਿਣਤੀਆਂ ਅਤੇ ਬੇਰੁਜ਼ਗਾਰ ਜਵਾਨੀ 'ਤੇ ਭਾਰੀ ਬੋਝ ਹੈ। ਭਾਰਤੀ ਜਨਤਾ ਪਾਰਟੀ ਦੀ ਅਗਵਾਈ ਵਿੱਚ ਚੱਲ ਰਹੀ ਕੇਂਦਰੀ ਹਕੂਮਤ ਇਸ ਤਰ੍ਹਾਂ ਕੰਮ ਕਰਦੀ ਹੈ, ਜਿਵੇਂ ਉਹ ਕਾਰਪੋਰੇਟਾਂ ਦੀ ਬਾਂਦੀ ਹੋਵੇ। ਸਾਮਰਾਜਵਾਦੀਆਂ ਵੱਲੋਂ ਪੂਰੀ ਦੁਨੀਆ ਵਿੱਚ ਜੰਗਾਂ-ਯੁੱਧਾਂ ਰਾਹੀਂ

• ਬਾਕੀ ਸਫਾ 10 'ਤੇ

# ਅੱਜ-ਨਾਮਾ

ਚੋਣਾਂ ਹੁੰਦੀਆਂ, ਹੋਰ ਇੱਕ ਚੋਣ ਕਰ'ਤੀ,
ਅਗਲੇ ਦਿਨੀਂ ਇੱਕ ਹੋਊਗੀ ਹੋਰ ਮੀਆਂ।
ਆਹ ਜਿੱਤਣਾ, ਔਹ ਨਹੀਂ ਜਿੱਤ ਸਕਦਾ,
ਇਹੀਓ ਸੁਣੇਗਾ ਰਾਤ ਦਿਨ ਸ਼ੋਰ ਮੀਆਂ।
ਸੁਣਦੇ ਰਹਾਂਗੇ ਨਿੱਤ ਦਿਨ ਇਹੀ ਚਰਚਾ,
ਪਾਰਟੀ ਇੱਕ ਤੋਂ ਦੂਜੀ ਕਮਜ਼ੋਰ ਮੀਆਂ।
ਕਰਨਾ ਤੇ ਦੁਖੀ ਆ ਚੋਣ ਪ੍ਰਚਾਰੀਆਂ ਨੇ,
ਕਰਦੇ ਬਹੁਤਾ ਈ ਲੋਕਾਂ ਨੂੰ ਬੋਰ ਮੀਆਂ।
ਹੋਊਗੀ ਜਿੱਤ ਜਾਂ ਹਾਰ ਤਾਂ ਆਗੂਆਂ ਦੀ,
ਕਰਿਆ ਲੋਕਾਂ ਨੂੰ ਜਾਂਦਾ ਹੈ ਤੰਗ ਮੀਆਂ।
ਡੰਗੋ-ਡੰਗ ਦੇ ਚੱਕਰ ਵਿੱਚ ਲੋਕ ਉਲਝੇ,
ਚੱਲਦੀ ਚੋਣਾਂ ਦੀ ਰਹਿੰਦੜੀ ਜੰਗ ਮੀਆਂ।

-ਤੀਸ ਮਾਰ ਖਾਂ

# ਟ੍ਰਿਬਿਊਨ ਚੌਕ ਫਲਾਈਓਵਰ ਪ੍ਰੋਜੈਕਟ ਨੂੰ ਮਨਜ਼ੂਰੀ ਤੋਂ ਨਾਂਹ

ਚੰਡੀਗੜ੍ਹ (ਨ ਜ਼ ਸ) : ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਸ਼ੁੱਕਰਵਾਰ ਚੰਡੀਗੜ੍ਹ ਵਿੱਚ 'ਟ੍ਰਿਬਿਊਨ ਚੌਕ ਫਲਾਈਓਵਰ' ਪ੍ਰੋਜੈਕਟ ਨੂੰ ਮਨਜ਼ੂਰੀ ਦੇਣ ਤੋਂ ਸਾਫ ਇਨਕਾਰ ਕਰ ਦਿੱਤਾ। ਚੀਫ ਜਸਟਿਸ ਸ਼ੀਲ ਨਾਗੂ ਦੀ ਅਗਵਾਈ ਵਾਲੀ ਬੈਂਚ ਨੇ ਸਪੱਸ਼ਟ ਕੀਤਾ ਕਿ ਇਹ ਫਲਾਈਓਵਰ 'ਚੰਡੀਗੜ੍ਹ ਮਾਸਟਰ ਪਲਾਨ-2031' ਦੇ ਨਿਯਮਾਂ ਦੇ ਸਿੱਧਾ ਖਿਲਾਫ ਹੈ। ਹਾਲਾਂਕਿ, ਕੋਰਟ ਨੇ ਕਿਹਾ ਕਿ ਮਾਸਟਰ ਪਲਾਨ ਤਹਿਤ ਅੰਡਰਪਾਸ ਬਣਾਇਆ ਜਾ ਸਕਦਾ ਹੈ।

# ਜ਼ਹਿਰੀਲੀ ਸ਼ਰਾਬ ਨਾਲ 10 ਮੌਤਾਂ

**ਮੁੰਬਈ** : ਮਹਾਰਾਸ਼ਟਰ ਦੇ ਪਿੰਪਰੀ ਚਿੰਚਵੜ ਇਲਾਕੇ ਵਿੱਚ ਜ਼ਹਿਰੀਲੀ ਸ਼ਰਾਬ ਪੀਣ ਕਾਰਨ ਸੱਤ ਲੋਕਾਂ ਦੀ ਮੌਤ ਹੋ ਗਈ, ਜਦ ਕਿ ਪਿਛਲੇ 24 ਘੰਟਿਆਂ ਦਰਮਿਆਨ ਪੁਣੇ ਸ਼ਹਿਰ ਵਿੱਚ ਵੀ ਤਿੰਨ ਹੋਰ ਵਿਅਕਤੀਆਂ ਦੀ ਸ਼ੱਕੀ ਹਾਲਤ ਵਿੱਚ ਮੌਤ ਹੋ ਗਈ ਹੈ।



ਨਵਾਂ ਜ਼ਮਾਨਾ
ਸ਼ਨੀਵਾਰ, 30 ਮਈ 2026

# ਯਾਰਾਂ ਦੀ ਰਿਪੋਰਟ

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪਿਆਰੇ ਦੋਸਤ ਡੋਨਾਲਡ ਟਰੰਪ ਦੇ ਦੇਸ਼ ਅਮਰੀਕਾ ਦੇ ਕੌਮਾਂਤਰੀ ਧਾਰਮਿਕ ਆਜ਼ਾਦੀ ਕਮਿਸ਼ਨ (ਯੂ ਐੱਸ ਸੀ ਆਈ ਆਰ ਐੱਫ) ਦੀ 2026 ਦੀ ਸਾਲਾਨਾ ਰਿਪੋਰਟ ਨੇ ਇੱਕ ਵਾਰ ਫਿਰ ਭਾਰਤ ਵਿੱਚ ਧਾਰਮਿਕ ਆਜ਼ਾਦੀ, ਰਾਜ-ਪੱਧਰੀ ਸ਼ਾਸਨ ਅਤੇ ਪ੍ਰਸ਼ਾਸਨਕ ਨੀਤੀਆਂ ਬਾਰੇ ਕੌਮਾਂਤਰੀ ਬਹਿਸ ਨੂੰ ਤੇਜ਼ ਕਰ ਦਿੱਤਾ ਹੈ। ਇੱਕ ਸੁਤੰਤਰ ਅਤੇ ਦੋ-ਪੱਖੀ ਅਮਰੀਕੀ ਸੰਘੀ ਸੰਸਥਾ ਮੰਨੇ ਜਾਣ ਵਾਲੇ ਯੂ ਐੱਸ ਸੀ ਆਈ ਆਰ ਐੱਫ ਨੇ ਲਗਾਤਾਰ ਸੱਤਵੇਂ ਸਾਲ ਭਾਰਤ ਨੂੰ 'ਖਾਸ ਚਿੰਤਾ' ਵਾਲੇ ਦੇਸ਼ਾਂ ਦੀ ਸ਼੍ਰੇਣੀ ਵਿੱਚ ਸ਼ਾਮਲ ਕਰਨ ਦੀ ਸਿਫਾਰਸ਼ ਕੀਤੀ ਹੈ, ਪਰ ਇਸ ਵਾਰ ਦੀ ਰਿਪੋਰਟ ਦੀ ਸਭ ਤੋਂ ਖਾਸ ਗੱਲ ਇਹ ਹੈ ਕਿ ਇਸ ਵਿੱਚ ਨਾ ਸਿਰਫ ਕੇਂਦਰ ਸਰਕਾਰ ਦੀਆਂ ਨੀਤੀਆਂ ਦਾ ਹੀ, ਸਗੋਂ ਅਸਾਮ ਦੇ ਮੁੱਖ ਮੰਤਰੀ ਹਿਮੰਤਾ ਬਿਸਵਾ ਸਰਮਾ, ਯੂ ਪੀ ਦੇ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਅਤੇ ਉੱਤਰਾਖੰਡ ਦੇ ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਦੀਆਂ ਪ੍ਰਸ਼ਾਸਕੀ ਕਾਰਵਾਈਆਂ, ਜਨਤਕ ਬਿਆਨਾਂ ਅਤੇ ਵਿਧਾਨਕ ਪਹਿਲਕਦਮੀਆਂ ਦਾ ਵੀ ਵਿਸਥਾਰ ਨਾਲ ਜ਼ਿਕਰ ਕੀਤਾ ਗਿਆ ਹੈ।

ਰਿਪੋਰਟ ਵਿੱਚ ਦੋਸ਼ ਲਗਾਇਆ ਗਿਆ ਹੈ ਕਿ ਵੱਖ-ਵੱਖ ਰਾਜਾਂ ਵਿੱਚ ਧਾਰਮਿਕ ਘੱਟਗਿਣਤੀਆਂ ਨੂੰ ਪ੍ਰਭਾਵਤ ਕਰਨ ਵਾਲੇ ਉਪਾਵਾਂ ਨੂੰ ਲਾਗੂ ਕਰਨ ਲਈ ਪ੍ਰਸ਼ਾਸਕੀ ਅਤੇ ਕਾਨੂੰਨੀ ਤੰਤਰ ਦੀ ਵਰਤੋਂ ਵਧੇਰੇ ਹਮਲਾਵਰ ਢੰਗ ਨਾਲ ਕੀਤੀ ਜਾ ਰਹੀ ਹੈ। ਰਿਪੋਰਟ ਦਾ ਇੱਕ ਵੱਡਾ ਹਿੱਸਾ ਇਸ ਗੱਲ 'ਤੇ ਕੇਂਦਰਤ ਹੈ ਕਿ ਕਿਵੇਂ ਭਾਰਤੀ ਰਾਜਾਂ 'ਚ ਆਮ ਨਿਆਂਇਕ ਪ੍ਰਕਿਰਿਆ ਨੂੰ ਬਾਈਪਾਸ ਕਰਨ ਲਈ ਪ੍ਰਸ਼ਾਸਕੀ ਸ਼ਕਤੀਆਂ ਦੀ ਵਰਤੋਂ ਕੀਤੀ ਜਾ ਰਹੀ ਹੈ। ਇਸ ਸੰਦਰਭ ਵਿੱਚ ਯੂ ਪੀ ਦੇ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਦੀਆਂ ਨੀਤੀਆਂ ਨੂੰ ਇੱਕ ਉਦਾਹਰਣ ਵਜੋਂ ਦਰਸਾਇਆ ਗਿਆ ਹੈ। ਰਿਪੋਰਟ ਵਿੱਚ 'ਬੁਲਡੋਜ਼ਰ ਸੱਭਿਆਚਾਰ' ਜਾਂ 'ਦੰਡਕਾਰੀ ਜਨਤਕ ਪ੍ਰਸ਼ਾਸਨ' ਦੇ ਵਧ ਰਹੇ ਰੁਝਾਨ 'ਤੇ ਡੂੰਘੀ ਚਿੰਤਾ ਪ੍ਰਗਟ ਕੀਤੀ ਗਈ ਹੈ। ਕਮਿਸ਼ਨ ਦਾ ਦੋਸ਼ ਹੈ ਕਿ ਯੂ ਪੀ ਵਿੱਚ ਦੰਗਿਆਂ, ਵਿਰੋਧ ਪ੍ਰਦਰਸ਼ਨਾਂ ਜਾਂ ਗੋਕਸ਼ੀ ਦੇ ਮੁਲਜ਼ਮਾਂ ਦੇ ਘਰਾਂ ਅਤੇ ਵਪਾਰਕ ਅਦਾਰਿਆਂ-ਜ਼ਿਆਦਾਤਰ ਮੁਸਲਮ ਭਾਈਚਾਰੇ ਦੇ-ਨੂੰ 'ਗੈਰ-ਕਾਨੂੰਨੀ ਕਬਜ਼ੇ' ਹਟਾਉਣ ਦੇ ਬਹਾਨੇ ਢਾਹ ਦਿੱਤਾ ਗਿਆ, ਬਿਨਾਂ ਕਿਸੇ ਢੁਕਵੀਂ ਪ੍ਰਕਿਰਿਆ ਜਾਂ ਅੰਤਮ ਅਦਾਲਤੀ ਫੈਸਲੇ ਦੇ। ਰਿਪੋਰਟ ਇਸ ਨੂੰ ਕਾਨੂੰਨੀ ਵਿਵਸਥਾ ਦੀ ਉਲੰਘਣਾ ਅਤੇ ਸਮੂਹਕ ਸਜ਼ਾ ਦਾ ਇੱਕ ਰੂਪ ਮੰਨਦੀ ਹੈ। ਇਸ ਤੋਂ ਇਲਾਵਾ, ਰਿਪੋਰਟ ਵਿੱਚ ਯੂ ਪੀ 'ਚ ਅੱਤਵਾਦ ਵਿਰੋਧੀ ਅਤੇ ਰਾਸ਼ਟਰੀ ਸੁਰੱਖਿਆ ਕਾਨੂੰਨਾਂ (ਜਿਵੇਂ ਕਿ ਐੱਨ ਐੱਸ ਏ) ਦੀ ਵਰਤੋਂ ਦਾ ਜ਼ਿਕਰ ਕੀਤਾ ਗਿਆ ਹੈ, ਜਿਸ ਦੇ ਤਹਿਤ ਕਈ ਪੱਤਰਕਾਰਾਂ, ਕਾਰਕੁੰਨਾਂ ਅਤੇ ਧਾਰਮਿਕ ਘੱਟਗਿਣਤੀਆਂ ਦੇ ਲੋਕਾਂ ਨੂੰ ਲੰਬੇ ਸਮੇਂ ਤੋਂ ਹਿਰਾਸਤ 'ਚ ਰੱਖਿਆ ਜਾ ਰਿਹਾ ਹੈ।

ਕਮਿਸ਼ਨ ਨੇ ਕਿਹਾ ਹੈ ਕਿ ਹਿਮੰਤਾ ਬਿਸਵਾ ਸਰਮਾ ਦੀ ਅਸਾਮ ਸਰਕਾਰ ਵੱਲੋਂ ਵੱਡੇ ਪੱਧਰ 'ਤੇ ਚਲਾਈਆਂ ਗਈਆਂ ਬੇਦਖਲੀ ਮੁਹਿੰਮਾਂ ਕਾਰਨ ਹਜ਼ਾਰਾਂ ਬੰਗਾਲੀ ਬੋਲਣ ਵਾਲੇ ਮੁਸਲਮ ਪਰਵਾਰ ਬੇਘਰ ਹੋ ਗਏ ਹਨ। ਮੁੱਖ ਮੰਤਰੀ ਦੀ ਭਾਸ਼ਾ ਅਕਸਰ ਧਰੁਵੀਕਰਨ ਕਰਨ ਵਾਲੀ ਅਤੇ ਬੰਗਾਲੀ ਮੂਲ ਦੇ ਮੁਸਲਮਾਨਾਂ ਨੂੰ ਘੁਸਪੈਠੀਏ ਜਾਂ ਰਾਜ ਦੇ ਸੱਭਿਆਚਾਰ ਲਈ ਖਤਰੇ ਵਜੋਂ ਪੇਸ਼ ਕਰਨ ਵਾਲੀ ਹੁੰਦੀ ਹੈ। ਮੁੱਖ ਮੰਤਰੀ ਦੇ ਬਿਆਨ ਨਾ ਸਿਰਫ ਸਮਾਜੀ ਤਾਣੇ-ਬਾਣੇ ਨੂੰ ਕਮਜ਼ੋਰ ਕਰਦੇ ਹਨ, ਬਲਕਿ ਗਊ ਰੱਖਿਅਕਾਂ ਤੇ ਸੱਜੇ-ਪੱਖੀ ਸਮੂਹਾਂ ਨੂੰ ਜ਼ਮੀਨੀ ਪੱਧਰ 'ਤੇ ਹਿੰਸਾ ਕਰਨ ਲਈ ਇੱਕ ਕਿਸਮ ਦੀ ਖਾਮੋਸ਼ ਸਹਿਮਤੀ ਜਾਂ ਉਤਸ਼ਾਹ ਵੀ ਪ੍ਰਦਾਨ ਕਰਦੇ ਹਨ।

ਰਿਪੋਰਟ ਮੁਤਾਬਕ ਉੱਤਰਾਖੰਡ ਦੇ ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਨੇ ਵਿਧਾਨ ਸਭਾ ਵਿੱਚ ਜਿਹੜਾ ਸਾਂਝਾ ਸਿਵਲ ਕੋਡ ਪਾਸ ਕਰਵਾਇਆ ਹੈ, ਉਹ ਨਿੱਜੀ ਆਜ਼ਾਦੀ ਅਤੇ ਧਾਰਮਿਕ ਘੱਟਗਿਣਤੀਆਂ ਦੇ ਅਧਿਕਾਰਾਂ ਨੂੰ ਪ੍ਰਭਾਵਤ ਕਰਦਾ ਹੈ। ਖਾਸ ਤੌਰ 'ਤੇ, ਲਿਵ-ਇਨ ਰਿਲੇਸ਼ਨਸ਼ਿਪ (ਵਿਆਹ ਤੋਂ ਬਿਨਾਂ ਇਕੱਠੇ ਰਹਿਣ ਵਾਲੇ ਜੋੜੇ) ਦੀ ਲਾਜ਼ਮੀ ਰਜਿਸਟ੍ਰੇਸ਼ਨ ਅਤੇ ਅਜਿਹਾ ਕਰਨ ਵਿੱਚ ਅਸਫਲ ਰਹਿਣ 'ਤੇ ਜੇਲ੍ਹ ਅਤੇ ਜੁਰਮਾਨੇ ਦੀ ਸਜ਼ਾ ਨੂੰ ਕਮਿਸ਼ਨ ਨੇ ਨਿੱਜੀ ਨਿੱਜਤਾ ਅਤੇ ਆਜ਼ਾਦੀ ਦੀ ਉਲੰਘਣਾ ਮੰਨਿਆ ਹੈ। ਰਿਪੋਰਟ ਨੇ ਧਰਮ ਪਰਿਵਰਤਨ ਵਿਰੋਧੀ ਕਾਨੂੰਨ ਦੀ ਵੀ ਆਲੋਚਨਾ ਕੀਤੀ ਹੈ, ਜਿਸ ਕਾਰਨ ਈਸਾਈ ਮਿਸ਼ਨਰੀਆਂ, ਪਾਦਰੀਆਂ ਅਤੇ ਸਥਾਨਕ ਮੁਸਲਮ ਨਾਗਰਿਕਾਂ 'ਤੇ ਜ਼ਬਰਦਸਤੀ ਧਰਮ ਪਰਿਵਰਤਨ ਦੇ ਝੂਠੇ ਦੋਸ਼ ਲਗਾਏ ਜਾਣ ਅਤੇ ਪ੍ਰੇਸ਼ਾਨ ਕੀਤੇ ਜਾਣ ਦੀਆਂ ਘਟਨਾਵਾਂ ਵਾਪਰੀਆਂ ਹਨ।

ਇਸ ਸਾਲ ਦੀ ਰਿਪੋਰਟ ਬਾਰੇ ਸਭ ਤੋਂ ਹੈਰਾਨੀਜਨਕ ਅਤੇ ਬੇਮਿਸਾਲ ਗੱਲ ਇਹ ਹੈ ਕਿ ਇਸ ਦੀਆਂ ਸਿਫਾਰਸ਼ਾਂ ਦਾ ਦਾਇਰਾ ਬਹੁਤ ਵੱਡਾ ਹੈ। ਕਮਿਸ਼ਨ ਨੇ ਨਾ ਸਿਰਫ ਭਾਰਤ ਨੂੰ ਖਾਸ ਚਿੰਤਾ ਵਾਲੇ ਦੇਸ਼ ਵਜੋਂ ਨਾਮਜ਼ਦ ਕਰਨ ਨੂੰ ਦੁਹਰਾਇਆ ਹੈ, ਸਗੋਂ ਅਮਰੀਕੀ ਸਰਕਾਰ ਨੂੰ ਭਾਰਤੀ ਸਰਕਾਰੀ ਏਜੰਸੀਆਂ, ਰਾਜ-ਪੱਧਰੀ ਅਧਿਕਾਰੀਆਂ ਅਤੇ ਧਾਰਮਿਕ ਆਜ਼ਾਦੀ ਦੀਆਂ ਗੰਭੀਰ ਤੇ ਯੋਜਨਾਬੱਧ ਉਲੰਘਣਾਵਾਂ ਲਈ ਸਿੱਧੇ ਤੌਰ 'ਤੇ ਜ਼ਿੰਮੇਵਾਰ ਨੇਤਾਵਾਂ 'ਤੇ ਨਿਸ਼ਾਨਾਬੱਧ ਪਾਬੰਦੀਆਂ ਲਗਾਉਣ ਦੀ ਸਿਫਾਰਸ਼ ਵੀ ਕੀਤੀ ਹੈ। ਇਸ ਵਿੱਚ ਜਾਇਦਾਦ ਫ੍ਰੀਜ਼ ਅਤੇ ਵੀਜ਼ਾ ਪਾਬੰਦੀਆਂ ਵਰਗੀਆਂ ਕਾਰਵਾਈਆਂ ਸ਼ਾਮਲ ਹੋ ਸਕਦੀਆਂ ਹਨ। ਹਾਲਾਂਕਿ ਇਹ ਸਿਫਾਰਸ਼ਾਂ ਅਮਰੀਕੀ ਵਿਦੇਸ਼ ਵਿਭਾਗ ਲਈ ਲਾਗੂ ਕਰਨੀਆਂ ਜ਼ਰੂਰੀ ਨਹੀਂ ਹਨ ਅਤੇ ਅਮਰੀਕੀ ਪ੍ਰਸ਼ਾਸਨ ਭਾਰਤ ਨਾਲ ਆਪਣੇ ਰਣਨੀਤਕ ਅਤੇ ਆਰਥਿਕ ਸੰਬੰਧਾਂ ਦੇ ਕਾਰਨ ਅਕਸਰ ਇਨ੍ਹਾਂ ਨੂੰ ਨਜ਼ਰਅੰਦਾਜ਼ ਕਰਦਾ ਆਇਆ ਹੈ, ਪਰ ਕੌਮਾਂਤਰੀ ਪੱਧਰ 'ਤੇ ਅਜਿਹੀਆਂ ਰਿਪੋਰਟਾਂ ਦਾ ਆਉਣਾ ਭਾਰਤ ਦੇ ਵਿਸ਼ਵਵਿਆਪੀ ਅਕਸ ਨੂੰ ਪ੍ਰਭਾਵਤ ਕਰਦਾ ਹੈ। ਰਿਪੋਰਟ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਭਾਰਤ ਵਿੱਚ ਧਾਰਮਿਕ ਆਜ਼ਾਦੀ ਦਾ ਮੁੱਦਾ ਹੁਣ ਸਿਰਫ ਇੱਕ ਅੰਦਰੂਨੀ ਮਨੁੱਖੀ ਅਧਿਕਾਰਾਂ ਦਾ ਮੁੱਦਾ ਨਹੀਂ ਰਿਹਾ, ਸਗੋਂ ਇਹ ਦੱਖਣੀ ਏਸ਼ੀਆ ਦੀ ਭੂ-ਰਾਜਨੀਤਕ ਸਥਿਰਤਾ ਅਤੇ ਅਮਰੀਕਾ-ਭਾਰਤ ਰਣਨੀਤਕ ਭਾਈਵਾਲੀ ਦੇ ਲੋਕਤੰਤਰੀ ਮੁੱਲਾਂ ਨੂੰ ਵੀ ਪ੍ਰਭਾਵਤ ਕਰ ਸਕਦਾ ਹੈ।

## ਐੱਸ ਆਈ ਆਰ ਹੁਸ਼ਿਆਰ !

ਵਕਤ ਸਿਰ ਜੋ 'ਹੱਲ' ਕੋਈ ਸੋਚਦੇ ਨਾ,
ਕਹਿੰਦੇ ਕਰੂਗਾ ਭਲੀ ਕਰਤਾਰ ਪਿੱਛੋਂ।
'ਲਾਠੀ ਹੱਥ' ਜਿਹਦੇ ਮੱਝ ਉਸ ਦੀ ਹੀ,
ਬਦਲੇ ਤੱਥ ਜੇ ਪਵੇ 'ਲਲਕਾਰ' ਪਿੱਛੋਂ।
ਇੱਕ ਇੱਕ ਵੋਟ 'ਤੇ ਅੱਖ ਜੋ ਰੱਖਦੇ ਐ,
ਬਣੇ ਉਨ੍ਹਾਂ ਦੀ ਯਾਰੋ 'ਸਰਕਾਰ' ਪਿੱਛੋਂ।
ਚਿੜੀਆਂ ਚੁਗ ਹੀ ਲੈਣ ਜੇ 'ਖੇਤ ਸਾਰਾ',
ਫਾਇਦਾ ਹੋਣਾ ਕੀ ਹੋਏ 'ਲਾਚਾਰ' ਪਿੱਛੋਂ।
ਪਹਿਲਾਂ ਕਲਮ ਦਾ ਕਾਜ 'ਸਰਤਾਰ' ਦੱਸੇ,
ਕਰਿਆ ਜਾਂਦਾ ਐ 'ਖੰਡੇ ਦਾ ਵਾਰ' ਪਿੱਛੋਂ।
ਜ਼ੋਰਾਵਰਾਂ ਨੇ 'ਮਿਸ਼ਨ' ਜੋ ਮਿਥ ਲਿਆ ਏ,
ਪੂਰਾ ਕਰਨਗੇ 'ਐੱਸ ਆਈ ਆਰ' ਪਿੱਛੋਂ।

-ਤਰਲੋਚਨ ਸਿੰਘ ਦੁਪਾਲਪੁਰ, 001-408-905-5517

# ਕੀ ਪੰਜਾਬ ਸਿਆਸੀ ਖਲਾਅ ਵਿੱਚੋਂ ਨਿਕਲ ਸਕੇਗਾ


ਗੁਰਮੀਤ ਸਿੰਘ ਪਲਾਹੀ

ਪੰਜਾਬ ਦੀ ਮੌਜੂਦਾ ਸਿਆਸੀ ਅਤੇ ਸਮਾਜਿਕ ਸਥਿਤੀ ਇਸ ਵੇਲੇ ਬੇਹੱਦ ਨਾਜ਼ੁਕ ਅਤੇ ਡਾਵਾਂਡੋਲ ਦੌਰ ਵਿੱਚੋਂ ਲੰਘ ਰਹੀ ਹੈ। ਸੂਬੇ ਵਿੱਚ ਇੱਕ ਅਜਿਹਾ ਗੰਭੀਰ ਸਿਆਸੀ ਅਤੇ ਬੌਧਿਕ ਖਲਾਅ ਪੈਦਾ ਹੋ ਚੁੱਕਾ ਹੈ, ਜਿਸ ਨੇ ਹਰ ਦਰਦਮੰਦ ਪੰਜਾਬੀ ਨੂੰ ਡੂੰਘੀ ਚਿੰਤਾ ਵਿੱਚ ਪਾ ਦਿੱਤਾ ਹੈ।

ਸਾਰੀ ਸਥਿਤੀ ਦੇ ਬਾਵਜੂਦ ਸਭ ਤੋਂ ਵੱਡਾ ਦੁਖਾਂਤ ਇਹ ਹੈ ਕਿ ਮੁੱਖ ਵਿਰੋਧੀ ਧਿਰ ਕਾਂਗਰਸ ਖੁਦ ਕਈ ਧੜਿਆਂ ਵਿੱਚ ਵੰਡੀ ਹੋਈ ਹੈ। ਉਸ ਦੇ ਆਗੂ ਆਪਸ ਵਿੱਚ ਹੀ ਉਲਝੇ ਹੋਏ ਹਨ ਅਤੇ ਹਰ ਕੋਈ ਮੁੱਖ ਮੰਤਰੀ ਦੀ ਕੁਰਸੀ ਦਾ ਦਾਅਵੇਦਾਰ ਬਣਿਆ ਬੈਠਾ ਹੈ। ਜਨਤਾ ਦੇ ਬੁਨਿਆਦੀ ਮਸਲਿਆਂ 'ਤੇ ਵਿਰੋਧੀ ਧਿਰ ਕਾਂਗਰਸ ਵੱਲੋਂ ਕੋਈ ਠੋਸ ਲਾਮਬੰਦੀ ਜਾਂ ਸਾਰਥਕ ਵਿਰੋਧ ਦੇਖਣ ਨੂੰ ਨਹੀਂ ਮਿਲ ਰਿਹਾ।

ਪੰਜਾਬ ਦੀ ਸਿਆਸਤ ਦਾ ਇਹ ਇਤਿਹਾਸ ਰਿਹਾ ਹੈ ਕਿ ਇੱਥੋਂ ਦੇ ਲੋਕਾਂ ਨੇ ਹਮੇਸ਼ਾ ਖੇਤਰੀ ਪਾਰਟੀਆਂ ਉੱਤੇ ਵੱਡਾ ਯਕੀਨ ਕੀਤਾ ਹੈ। ਸ਼੍ਰੋਮਣੀ ਅਕਾਲੀ ਦਲ ਉਹਨਾਂ ਇਤਿਹਾਸਕ ਖੇਤਰੀ ਪਾਰਟੀਆਂ ਵਿੱਚੋਂ ਇੱਕ ਹੈ, ਜਿਸ ਨੂੰ ਪੰਜਾਬੀਆਂ ਨੇ ਬੇਹੱਦ ਮਾਣ ਬਖਸ਼ਿਆ, ਕਿਉਂਕਿ ਪੰਜਾਬੀ ਮਾਨਸਿਕਤਾ ਹਮੇਸ਼ਾ ਆਪਣੀ ਖੇਤਰੀ ਲੀਡਰਸ਼ਿਪ ਦੇ ਹੱਕ ਵਿੱਚ ਭੁਗਤਦੀ ਰਹੀ ਹੈ, ਪਰ ਅਫ਼ਸੋਸ ਕਿ ਸਮਾਂ ਪਾ ਕੇ ਅਕਾਲੀ ਦਲ ਵੱਲੋਂ ਕੁਝ ਇਹੋ ਜਿਹੀਆਂ ਇਤਿਹਾਸਕ ਗ਼ਲਤੀਆਂ ਕੀਤੀਆਂ ਗਈਆਂ, ਜਿਨ੍ਹਾਂ ਨਾਲ ਉਸ ਨੂੰ ਆਪਣਾ ਰਾਜ-ਭਾਗ ਗੁਆਉਣਾ ਪਿਆ ਅਤੇ ਪਾਰਟੀ ਲਗਾਤਾਰ ਪਛੜਦੀ ਗਈ। ਕੀ ਅੱਜ ਵੀ ਸ਼੍ਰੋਮਣੀ ਅਕਲੀ ਦਲ ਆਪਣਾ ਅਧਾਰ ਮੁੜ ਬਣਾਉਣ ਵਿੱਚ ਕਾਮਯਾਬ ਹੋ ਰਿਹਾ ਹੈ?

ਅਕਾਲੀ ਦਲ ਸਭ ਤੋਂ ਵੱਡੀ ਭੁੱਲ ਪੰਜਾਬ ਵਿੱਚ ਭਾਜਪਾ ਨਾਲ ਲੰਮਾ ਗੱਠਜੋੜ ਕਰਨਾ ਗਿਣਿਆ ਜਾਂਦਾ ਹੈ, ਜੋ ਪੰਜਾਬ ਦੇ ਸੁਝਵਾਨ ਲੋਕਾਂ ਨੂੰ ਮਨੋ-ਚਿਤੋ ਕਦੇ ਵੀ ਪ੍ਰਵਾਨ ਨਹੀਂ ਸੀ। ਭਾਜਪਾ ਵਰਗੀ ਪਾਰਟੀ ਜੋ ਕੇਂਦਰੀਕਰਨ ਦੀ ਸਿਆਸਤ ਕਰਦੀ ਹੈ ਅਤੇ ਦੇਸ਼ ਭਰ ਦੀਆਂ ਖੇਤਰੀ ਪਾਰਟੀਆਂ ਨੂੰ ਆਪਣੇ ਵਿੱਚ ਜਜ਼ਬ ਕਰਕੇ ਖ਼ਤਮ ਕਰਦੀ ਆ ਰਹੀ ਹੈ, ਉਸ ਕੋਲੋਂ ਇਹ ਤਵੱਕੋ ਨਹੀਂ ਸੀ ਕੀਤੀ ਜਾ ਸਕਦੀ ਕਿ ਉਹ ਪੰਜਾਬ ਦੇ ਨਿਰੋਲ ਹਿੱਤਾਂ, ਪਾਣੀਆਂ ਅਤੇ ਖੇਤੀਬਾੜੀ ਦੀ ਰਾਖੀ ਕਰੇਗੀ। ਅਕਾਲੀ ਦਲ ਨੇ ਸੱਤਾ ਦੇ ਮੋਹ ਵਿੱਚ ਇਸ ਖ਼ਤਰੇ ਨੂੰ ਨਜ਼ਰਅੰਦਾਜ਼ ਕੀਤਾ, ਜਿਸ ਦਾ ਖਮਿਆਜ਼ਾ ਉਸ ਨੂੰ ਆਪਣਾ ਵਜੂਦ ਗੁਆ ਕੇ ਭੁਗਤਣਾ ਪੈ ਰਿਹਾ ਹੈ।

ਸ਼੍ਰੋਮਣੀ ਅਕਾਲੀ ਦਲ ਵੱਖੋ-ਵੱਖਰੇ ਧੜਿਆਂ ਵਿੱਚ ਵੰਡਿਆ ਗਿਆ ਹੈ। ਪਾਰਟੀ ਦੇ ਕਮਜ਼ੋਰ ਹੁੰਦਿਆਂ ਹੀ ਪੈਦਾ ਹੋਏ ਖਲਾਅ ਵਿੱਚ ਇੱਕ ਪਾਸੇ 'ਤੱਤੇ ਦਲ' ਅਤੇ ਗਰਮ-ਖਿਆਲੀ ਲੋਕ ਸ਼ਾਮਲ ਹੋ ਗਏ ਹਨ, ਜੋ ਕੱਟੜਤਾ ਦੀਆਂ ਗੱਲਾਂ ਕਰਦੇ ਹਨ, ਪਰ ਪੰਜਾਬ ਦੇ ਅਸਲ ਹਿੱਤ ਇਸ ਕੱਟੜਤਾ ਤੋਂ ਬਿਲਕੁਲ ਵੱਖਰੇ ਹਨ। ਬਿਨਾਂ ਸ਼ੱਕ, ਪੰਜਾਬ ਵਿੱਚ ਮੁੜ ਉਹੀ ਖੇਤਰੀ ਪਾਰਟੀ ਅੱਗੇ ਆ ਸਕਦੀ ਹੈ, ਜਿਹੜੀ ਪੰਜਾਬ ਦੇ ਹਿੱਤਾਂ ਦੀ ਸੱਚੀ ਰਾਖੀ ਕਰੇ, ਲੋਕਾਂ ਦੀ ਸਹੀ ਤਰਜਮਾਨੀ ਕਰੇ ਅਤੇ ਸਭ ਤੋਂ ਅਹਿਮ-'ਅਨੰਦਪੁਰ ਸਾਹਿਬ ਦੇ ਮਤੇ' ਦੇ ਉਸ ਮੂਲ ਸੰਕਲਪ ਨੂੰ ਮੁੜ ਸੁਰਜੀਤ ਕਰੇ, ਜਿਸ ਵਿੱਚ ਸੂਬਿਆਂ ਨੂੰ ਵੱਧ ਅਧਿਕਾਰ ਅਤੇ ਖੁਦਮੁਖਤਿਆਰੀ ਦੇਣ ਦੀ ਵਕਾਲਤ ਕੀਤੀ ਗਈ ਸੀ। ਪੰਜਾਬੀਆਂ ਦਾ ਮੰਨਣਾ ਹੈ ਕਿ ਕੇਂਦਰ ਦੀਆਂ ਬੇੜੀਆਂ ਵਿੱਚ ਜਕੜ ਕੇ ਨਹੀਂ, ਸਗੋਂ ਵੱਧ ਅਧਿਕਾਰਾਂ ਨਾਲ ਹੀ ਕੋਈ ਸੂਬਾ ਸੱਚੀ ਆਰਥਿਕ ਅਤੇ ਸਮਾਜਿਕ ਤਰੱਕੀ ਕਰ ਸਕਦਾ ਹੈ।

ਇਸੇ ਸਿਆਸੀ ਅਸਥਿਰਤਾ ਅਤੇ ਖੇਤਰੀ ਪਾਰਟੀਆਂ ਦੀ ਕਮਜ਼ੋਰੀ ਦਾ ਫਾਇਦਾ ਚੁੱਕਣ ਲਈ ਭਾਜਪਾ ਪੰਜਾਬ ਵਿੱਚ ਹਮਲਾਵਰ ਰੁਖ਼ ਅਖਤਿਆਰ ਕਰ ਰਹੀ ਹੈ। ਪਿੰਡਾਂ ਵਿੱਚ ਅਧਾਰ ਨਾ ਹੋਣ ਕਰਕੇ ਭਾਜਪਾ ਕੇਂਦਰੀਕਰਨ ਦੀ ਆਪਣੀ ਸਿਆਸਤ ਨੂੰ ਅੱਗੇ ਵਧਾਉਣ ਲਈ ਦੂਜੀਆਂ ਪਾਰਟੀਆਂ ਦੇ ਵੱਡੇ, ਖ਼ਾਸ ਕਰਕੇ ਸਿੱਖ ਅਤੇ ਪਗੜੀਧਾਰੀ ਨੇਤਾਵਾਂ (ਕੈਪਟਨ ਅਮਰਿੰਦਰ ਸਿੰਘ, ਸੁਨੀਲ ਜਾਖੜ) ਨੂੰ ਆਪਣੇ ਵਿੱਚ ਸ਼ਾਮਲ ਕਰ ਰਹੀ ਹੈ, ਤਾਂ ਜੋ ਪਿੰਡਾਂ ਵਿੱਚ ਅਧਾਰ ਵਧਾਇਆ ਜਾ ਸਕੇ, ਜਿੱਥੇ ਕਿਸਾਨ ਅੰਦੋਲਨ ਕਾਰਨ ਉਨ੍ਹਾਂ ਦਾ ਬਾਈਕਾਟ ਹੋਇਆ ਸੀ। ਭਾਜਪਾ ਵੱਲੋਂ ਕੇਵਲ ਸਿੰਘ ਢਿੱਲੋਂ ਨੂੰ ਸਾਬਕਾ ਕਾਂਗਰਸੀ ਨੇਤਾ, ਜੋ ਕੁਝ ਸਮਾਂ ਪਹਿਲਾਂ ਭਾਜਪਾ ਵਿੱਚ ਸ਼ਾਮਲ ਹੋ ਗਏ ਸਨ, ਨੂੰ ਭਾਜਪਾ ਦਾ ਸੂਬਾ ਪ੍ਰਧਾਨ ਐਲਾਨਿਆ ਗਿਆ ਹੈ।

ਪੰਜਾਬ ਵਿੱਚ ਭਾਜਪਾ ਦੇ ਰਾਹ ਦੀ ਸਭ ਤੋਂ ਵੱਡੀ ਰੁਕਾਵਟ ਸੂਬੇ ਦੀ ਭੂਗੋਲਿਕ ਬਣਤਰ ਹੈ। ਪੰਜਾਬ ਵਿੱਚ ਬਹੁਤਾ ਪੇਂਡੂ ਖਿੱਤਾ ਹੋਣ ਕਾਰਨ ਅਤੇ ਸ਼ਹਿਰੀ ਖਿੱਤਾ ਬਹੁਤ ਘੱਟ ਹੋਣ ਕਾਰਨ, ਇੱਥੇ ਆਰ ਐੱਸ ਐੱਸ ਦਾ ਸੰਗਠਨਾਤਮਕ ਪ੍ਰਭਾਵ ਬੇਹੱਦ ਘੱਟ ਹੈ। ਭਾਵੇਂ ਕਿ ਸ਼ਹਿਰੀ ਇਲਾਕਿਆਂ ਵਿੱਚ ਆਰ ਐੱਸ ਐੱਸ ਆਪਣੀਆਂ ਸ਼ਾਖਾਵਾਂ ਲਗਾਉਂਦਾ ਹੈ ਅਤੇ ਚੋਣਾਂ ਵੇਲੇ ਪੂਰੇ ਯਤਨਾਂ ਨਾਲ ਭਾਜਪਾ ਦੇ ਪਿੱਛੇ ਖੜ੍ਹਦਾ ਹੈ, ਪਰ ਪੰਜਾਬ ਦੇ ਵਿਸ਼ਾਲ ਪਿੰਡਾਂ ਵਿੱਚ ਆਰ ਐੱਸ ਐੱਸ ਦਾ ਕੋਈ ਵਜੂਦ ਜਾਂ ਪ੍ਰਭਾਵ ਨਹੀਂ।

ਇਸ ਘਾਟ ਨੂੰ ਪੂਰਾ ਕਰਨ ਲਈ ਭਾਜਪਾ ਵੱਲੋਂ ਪੰਜਾਬ ਦੀ ਸਿਆਸਤ ਵਿੱਚ ਕੁਝ ਅਜਿਹੇ ਮਾੜੇ ਵਰਤਾਰੇ ਵਰਤੇ ਜਾ ਰਹੇ ਹਨ, ਜੋ ਬਿਲਕੁਲ ਉਸੇ ਖੇਡ ਦੀ ਯਾਦ ਦਿਵਾਉਂਦੇ ਹਨ, ਜੋ ਉਨ੍ਹਾਂ ਬੰਗਾਲ ਵਿੱਚ ਖੇਡੀ ਸੀ। ਭਾਜਪਾ ਵੱਲੋਂ ਲਗਾਤਾਰ ਆਈ.ਬੀ., ਈ ਡੀ ਅਤੇ ਹੋਰ ਕੇਂਦਰੀ ਏਜੰਸੀਆਂ ਰਾਹੀਂ ਪੰਜਾਬ ਵਿੱਚ ਰੇਡਾਂ ਕੀਤੀਆਂ ਜਾ ਰਹੀਆਂ ਹਨ। ਵਿਰੋਧੀ ਧਿਰਾਂ ਦੇ ਨੇਤਾਵਾਂ ਉੱਤੇ ਕੇਸ ਦਰਜ ਕੀਤੇ ਜਾ ਰਹੇ ਹਨ, ਤਾਂ ਜੋ ਵਿਰੋਧ ਦੀ ਆਵਾਜ਼ ਨੂੰ ਦਬਾਇਆ ਜਾ ਸਕੇ। ਇਸ ਤੋਂ ਵੀ ਅਗਲਾ ਹੱਥਕੰਡਾ ਪੰਜਾਬ ਦੇ ਡੇਰਿਆਂ 'ਤੇ ਕੀਤੀ ਜਾ ਰਹੀ ਸਿਆਸਤ ਹੈ। ਭਾਜਪਾ ਵੱਲੋਂ ਪ੍ਰਮੁੱਖ ਡੇਰਿਆਂ, ਜਿਵੇਂ ਕਿ ਡੇਰਾ ਸੱਚਖੰਡ ਬੱਲਾਂ, ਰਾਧਾ ਸੁਆਮੀ ਡੇਰਾ ਬਿਆਸ ਅਤੇ ਡੇਰਾ ਸੱਚਾ ਸੌਦਾ (ਰਾਮ ਰਹੀਮ) ਦੇ ਮੁਖੀਆਂ ਤਾਈਂ ਪਹੁੰਚ ਕਰਨ ਦਾ ਲਗਾਤਾਰ ਯਤਨ ਕੀਤਾ ਜਾ ਰਿਹਾ ਹੈ, ਤਾਂ ਜੋ ਪੇਂਡੂ ਅਤੇ ਦਲਿਤ ਵੋਟਰਾਂ ਵਿੱਚ ਸੰਨ੍ਹ ਲਾਈ ਜਾ ਸਕੇ, ਪਰ ਇਹ ਸਮਝਣ ਵਾਲੀ ਗੱਲ ਹੈ ਕਿ ਕਿਸਾਨ ਅੰਦੋਲਨ ਵੇਲੇ ਪੇਂਡੂ ਖ਼ਾਸ ਕਰਕੇ ਕਿਸਾਨ ਭਾਜਪਾ ਤੋਂ ਮਨੋਂ ਦੂਰ ਹੋ ਚੁੱਕੇ ਹਨ।

ਇਸ ਦੇ ਬਾਵਜੂਦ ਭਾਜਪਾ ਚੁੱਪ ਨਹੀਂ ਬੈਠੀ। ਵੋਟਰ ਸੂਚੀਆਂ ਦੀ ਸੁਧਾਈ ਦੇ ਕੰਮ ਰਾਹੀਂ ਪੰਜਾਬ ਵਿੱਚ ਰਹਿ ਰਹੇ ਲਗਭਗ 30 ਲੱਖ ਪ੍ਰਵਾਸੀ ਮਜ਼ਦੂਰਾਂ ਦੀਆਂ ਵੋਟਾਂ ਨੂੰ ਪੱਕਾ ਕਰਨਾ ਅਤੇ 15 ਲੱਖ ਐੱਨ ਆਰ ਆਈ ਵੋਟਰਾਂ ਦੀਆਂ ਵੋਟਾਂ ਨੂੰ ਕੱਟਣ-ਕਟਾਉਣ ਦੀ ਸਿਆਸਤ ਚੱਲ ਰਹੀ ਹੈ, ਤਾਂ ਜੋ ਪੇਂਡੂ ਖੇਤਰਾਂ ਦੇ ਵੋਟ ਸਮੀਕਰਨਾਂ ਨੂੰ ਬਦਲਿਆ ਜਾ ਸਕੇ, ਪਰ ਭਾਜਪਾ ਭਾਵੇਂ ਇਹ ਸਾਰੇ ਹੱਥਕੰਡੇ ਅਪਣਾ ਲਵੇ, ਪੰਜਾਬ ਦੀ ਵੱਖਰੀ ਸਮਾਜਿਕ ਤਾਸੀਰ ਅਤੇ ਪਿੰਡਾਂ ਵਿੱਚ ਸੰਘ ਦੇ ਅਧਾਰ ਦੀ ਘਾਟ ਕਾਰਨ ਉਸ ਨੂੰ ਇੱਥੇ ਇੱਕੋ ਦਮ ਸਫ਼ਲਤਾ ਮਿਲਣੀ ਬਿਲਕੁਲ ਅਸੰਭਵ ਲੱਗਦੀ ਹੈ।

ਇਸ ਸਾਰੀ ਸਿਆਸੀ ਜੋੜ-ਤੋੜ, ਏਜੰਸੀਆਂ ਦੇ ਡਰ ਅਤੇ ਡੇਰਾ ਸਿਆਸਤ ਦੇ ਸ਼ੋਰ-ਗੁਲ ਵਿੱਚ ਪੰਜਾਬ ਦੇ ਅਸਲ ਮੁੱਦੇ ਪੂਰੀ ਤਰ੍ਹਾਂ ਹਾਸ਼ੀਏ 'ਤੇ ਧੱਕ ਦਿੱਤੇ ਗਏ ਹਨ। ਪੰਜਾਬ ਦਾ ਜ਼ਮੀਨਦੋਜ਼ ਪਾਣੀ ਨਿੱਤ ਦਿਨ ਖ਼ਤਰਨਾਕ ਪੱਧਰ ਤੱਕ ਮੁੱਕਦਾ ਜਾ ਰਿਹਾ ਹੈ। ਪਾਣੀ ਜ਼ਹਿਰੀਲਾ ਹੋਣ ਕਰਕੇ ਮਾਲਵਾ ਪੱਟੀ ਵਿੱਚ ਕੈਂਸਰ ਮਹਾਂਮਾਰੀ ਵਾਂਗ ਫੈਲ ਰਿਹਾ ਹੈ। ਰੁਜ਼ਗਾਰ ਦੇ ਮੌਕੇ ਨਾ ਹੋਣ ਕਰਕੇ ਪੰਜਾਬੀ ਨੌਜਵਾਨ ਲੱਖਾਂ ਰੁਪਏ ਦੇ ਕਰਜ਼ੇ ਚੁੱਕ ਕੇ 'ਆਈਲੈਟਸ' ਦੇ ਸਹਾਰੇ ਬਾਹਰਲੇ ਮੁਲਕਾਂ ਵੱਲ ਹਿਜਰਤ ਕਰ ਰਿਹਾ ਹੈ। ਨੌਜਵਾਨਾਂ ਦੇ ਬਾਹਰ ਜਾਣ ਅਤੇ ਦੂਜੇ ਸੂਬਿਆਂ ਤੋਂ ਆ ਰਹੀ ਆਬਾਦੀ ਦੇ ਇੱਥੇ ਪੱਕੇ ਤੌਰ 'ਤੇ ਵਸਣ ਕਾਰਨ ਪੰਜਾਬ ਦੀ ਸਮਾਜਿਕ, ਸੱਭਿਆਚਾਰਕ ਅਤੇ ਡੈਮੋਗ੍ਰਾਫਿਕ ਬਣਤਰ ਵਿੱਚ ਬਹੁਤ ਵੱਡਾ ਬਦਲਾਅ ਆ ਰਿਹਾ ਹੈ। ਮਾਂ-ਬੋਲੀ ਪੰਜਾਬੀ ਨੂੰ ਅਜੇ ਤੱਕ ਪ੍ਰਸ਼ਾਸਨ ਅਤੇ ਅਦਾਲਤਾਂ ਵਿੱਚ ਬਣਦਾ ਰੁਤਬਾ ਨਹੀਂ ਮਿਲਿਆ। ਕਾਨੂੰਨ ਵਿਵਸਥਾ ਦੀ ਸਥਿਤੀ ਏਨੀ ਨਾਜ਼ੁਕ ਹੋ ਚੁੱਕੀ ਹੈ ਕਿ ਦਿਨ-ਦਿਹਾੜੇ ਹੁੰਦੀਆਂ ਵਾਰਦਾਤਾਂ ਨੇ ਆਮ ਨਾਗਰਿਕ ਦੇ ਮਨ ਵਿੱਚ ਦਹਿਸ਼ਤ ਪੈਦਾ ਕਰ ਦਿੱਤੀ ਹੈ। ਸੂਬਾ ਲਗਭਗ 3.5 ਲੱਖ ਕਰੋੜ ਤੋਂ ਵਧੇਰੇ ਕਰਜ਼ੇ ਹੇਠ ਦੱਬਿਆ ਹੋਇਆ ਹੈ। ਜੋ ਵੀ ਧਿਰ ਰਾਜ ਕਰਨ ਆਉਂਦੀ ਹੈ, ਉਹ ਨਵਾਂ ਕਰਜ਼ਾ ਚੁੱਕ ਕੇ ਰਾਜ-ਭਾਗ ਚਲਾਉਂਦੀ ਹੈ। ਅਸਲ ਵਿੱਚ ਲੋਕਾਂ ਨੂੰ ਮੁਫ਼ਤ ਦੀਆਂ ਚੀਜ਼ਾਂ ਦੇ ਕੇ ਮੰਗਤੇ ਬਣਾਉਣ ਦੀ ਲੋੜ ਨਹੀਂ, ਸਗੋਂ ਚੰਗੀ ਸਿੱਖਿਆ ਅਤੇ ਸਨਮਾਨਜਨਕ ਰੁਜ਼ਗਾਰ ਦੇਣ ਦੀ ਲੋੜ ਹੈ। ਪਰ ਇਸ ਮਾਮਲੇ ਵਿੱਚ ਸਾਰੀਆਂ ਪਾਰਟੀਆਂ ਹਮਾਮ ਵਿੱਚ ਨੰਗੀਆਂ ਹਨ?

ਕੇਂਦਰੀ ਸੱਤਾ (ਭਾਜਪਾ) ਇਹ ਸੋਚਦੀ ਹੈ ਕਿ ਪੰਜਾਬ ਵਿੱਚ ਏਜੰਸੀਆਂ ਦੇ ਡਰ, ਡੇਰਾ ਸਿਆਸਤ ਅਤੇ ਜੋੜ-ਤੋੜ ਰਾਹੀਂ ਵੱਖੋ-ਵੱਖਰੀਆਂ ਪਾਰਟੀਆਂ ਦੇ ਆਗੂਆਂ ਨੂੰ ਆਪਣੇ ਨਾਲ ਰਲਾ ਕੇ ਉਹ ਪੰਜਾਬ 'ਤੇ ਮੁਕੰਮਲ ਕਾਬੂ ਪਾ ਲਵੇਗੀ, ਜਿਵੇਂ ਕਿ ਉਨ੍ਹਾਂ ਨੇ ਬੰਗਾਲ ਵਿੱਚ ਮੁੱਖ ਵਿਰੋਧੀ ਧਿਰ ਬਣ ਕੇ ਵੱਡੀ ਸੰਧ ਲਾਈ ਸੀ, ਪਰ ਦਿੱਲੀ ਦੇ ਹਾਕਮ ਇਹ ਸੱਚਾਈ ਭੁੱਲ ਰਹੇ ਹਨ ਕਿ ਪੰਜਾਬ ਕਦੇ ਵੀ ਬੰਗਾਲ ਨਹੀਂ ਬਣ ਸਕਦਾ। ਬੰਗਾਲ ਦੀ ਸਿਆਸਤ ਦਾ ਸੁਭਾਅ ਬਿਲਕੁਲ ਵੱਖਰਾ ਸੀ, ਜਿੱਥੇ ਆਰ ਐੱਸ ਐੱਸ ਦੇ ਕਾਡਰ ਨੇ ਲੰਮਾ ਸਮਾਂ ਕੰਮ ਕੀਤਾ। ਪੰਜਾਬ ਦੀ ਤਾਸੀਰ, ਇੱਥੋਂ ਦਾ ਇਤਿਹਾਸ, ਪਿੰਡਾਂ ਦੀ ਬਣਤਰ ਅਤੇ ਲੋਕਾਂ ਦੀ ਮਾਨਸਿਕਤਾ ਬਿਲਕੁਲ ਵੱਖਰੀ ਹੈ। ਪੰਜਾਬ ਦੇ ਲੋਕਾਂ ਦੀ ਸੋਚ ਕਦੇ ਵੀ ਫਿਰਕੂ ਨਹੀਂ ਰਹੀ। ਪੰਜਾਬੀਆਂ ਨੇ ਹਮੇਸ਼ਾ ਆਪਸੀ ਭਾਈਚਾਰਕ ਸਾਂਝ (ਸਾਂਝੀਵਾਲਤਾ) ਨੂੰ ਪਹਿਲ ਦਿੱਤੀ ਹੈ।

ਇਸ ਤੋਂ ਵੀ ਵੱਡੀ ਗੱਲ ਇਹ ਹੈ ਕਿ ਪੰਜਾਬ ਅਤੇ ਦਿੱਲੀ (ਕੇਂਦਰੀ ਹਕੂਮਤ) ਦਾ ਟਕਰਾਅ ਸਦੀਆਂ ਪੁਰਾਣਾ ਹੈ। ਪੰਜਾਬ ਦੇ ਲੋਕਾਂ ਨੇ ਸਦਾ ਦਿੱਲੀ ਦੇ ਤਖ਼ਤ ਨਾਲ ਲੋਹਾ ਲੈ ਕੇ ਰੱਖਿਆ ਹੈ ਅਤੇ ਕਦੇ ਵੀ ਆਪਣੀ ਅਣਖ ਦਾ ਸੌਦਾ ਨਹੀਂ ਕੀਤਾ। 1975 ਦੀ ਐਮਰਜੈਂਸੀ ਵੇਲੇ ਜਦੋਂ ਪੂਰੇ ਦੇਸ਼ ਵਿੱਚ ਡਰ ਕਾਰਨ ਖਾਮੋਸ਼ੀ ਛਾਈ ਹੋਈ ਸੀ, ਉਦੋਂ ਪੰਜਾਬ ਦੀ ਧਰਤੀ 'ਤੇ ਕੇਂਦਰ ਸਰਕਾਰ ਵਿਰੁੱਧ ਸਭ ਤੋਂ ਵੱਡਾ ਮੋਰਚਾ ਲਾਇਆ ਗਿਆ ਸੀ। ਜਦੋਂ ਵੀ ਕੇਂਦਰ ਵਿੱਚ ਕੋਈ ਬਹੁਤ ਤਾਕਤਵਰ ਹਾਕਮ ਆਇਆ, ਪੰਜਾਬ ਦੇ ਲੋਕਾਂ ਨੇ ਹਮੇਸ਼ਾ ਉਸ ਦੇ ਵਿਰੁੱਧ ਭੁਗਤ ਕੇ ਸੂਬੇ ਦੀ ਖੇਤਰੀ ਖੁਦਮੁਖਤਿਆਰੀ ਦਾ ਪਰਚਮ ਬੁਲੰਦ ਕੀਤਾ।

ਪੰਜਾਬੀ ਸੁਭਾਅ ਤੋਂ ਹੀ ਬਾਗੀ, ਗ਼ੈਰਤਮੰਦ ਅਤੇ ਸੰਘੀ ਢਾਂਚੇ ਦੇ ਹਾਮੀ ਹਨ, ਉਹ ਦਿੱਲੀ ਦੀ ਅਧੀਨਗੀ, ਕੇਂਦਰੀ ਏਜੰਸੀਆਂ ਦੇ ਡਰ ਜਾਂ ਕੇਂਦਰੀ ਧੱਕੇਸ਼ਾਹੀ ਨੂੰ ਕਦੇ ਪ੍ਰਵਾਨ ਨਹੀਂ ਕਰਦੇ। ਭਾਜਪਾ ਭਾਵੇਂ ਪੰਜਾਬ ਵਿੱਚ ਕਿੰਨੀ ਵੀ ਕੋਸ਼ਿਸ਼ ਕਰ ਲਵੇ, ਭਾਵੇਂ ਉਹ ਕਾਂਗਰਸ ਨੂੰ ਮੁੜ ਕਾਬਜ਼ ਹੋਣ ਤੋਂ ਰੋਕਣ ਲਈ ਪਿੱਛੇ ਰਹਿ ਕੇ ਕੂਟਨੀਤੀ ਅਪਣਾ ਲਵੇ, ਪਰ ਉਹ ਪੰਜਾਬੀ ਮਾਨਸਿਕਤਾ, ਇੱਥੋਂ ਦੀ ਪੇਂਡੂ-ਸਮਾਜਿਕ ਬਣਤਰ ਅਤੇ ਅਣਖ ਨੂੰ ਖਰੀਦ ਨਹੀਂ ਸਕਦੀ। ਪੰਜਾਬੀ ਮੁਫ਼ਤਖੋਰੀ ਦੇ ਜਾਲ, ਡੇਰਾਵਾਦ ਦੇ ਭੁਲੇਖਿਆਂ, ਸੰਘ ਦੇ ਪ੍ਰਭਾਵ ਜਾਂ ਕੇਂਦਰੀ ਡਰ ਅੱਗੇ ਕਦੇ ਨਹੀਂ ਝੁਕਦੇ। ਦਿੱਲੀ ਦੀ ਹਮਲਾਵਰ ਸਿਆਸਤ ਪੰਜਾਬ ਦੀ ਸਾਂਝੀਵਾਲਤਾ ਅਤੇ ਅਣਖੀਲੇ ਇਤਿਹਾਸ ਦੀ ਕੰਧ ਨਾਲ ਟਕਰਾ ਕੇ ਹਮੇਸ਼ਾ ਨਾਕਾਮ ਹੁੰਦੀ ਰਹੀ ਹੈ। ਇਸ ਵਾਰ ਵੀ ਪੰਜਾਬ ਆਪਣੀ ਵੱਖਰੀ ਹੋਂਦ, ਸੂਬਾਈ ਖੁਦਮੁਖਤਿਆਰੀ ਅਤੇ ਪਛਾਣ ਨੂੰ ਹਰ ਕੀਮਤ 'ਤੇ ਬਰਕਰਾਰ ਰੱਖੇਗਾ।

# ਸੰਪਰਕ : 98158-02070

# ਭਾਖੜਾ ਬਿਆਸ ਮੈਨੇਜਮੈਂਟ ਬੋਰਡ 'ਚ ਪੰਜਾਬ ਦੀ ਨੁਮਾਇੰਦਗੀ ਜ਼ਰੂਰੀ

ਪਿਰਥੀਪਾਲ ਸਿੰਘ ਮਾੜੀਮੇਘਾ

ਕੇਂਦਰ ਦੀ ਮੋਦੀ ਦੀ ਅਗਵਾਈ ਵਾਲੀ ਸਰਕਾਰ ਨੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ(ਬੀ ਬੀ ਐੱਮ ਬੀ) 'ਚੋਂ ਪੰਜਾਬ ਦੀ ਨੁਮਾਇੰਦਗੀ ਖਤਮ ਕਰ ਦਿੱਤੀ ਹੈ।ਕੇਂਦਰ ਸਰਕਾਰ ਇਸ ਕੰਮ ਪਿੱਛੇ ਚਾਰ-ਪੰਜ ਵਰ੍ਹਿਆਂ ਤੋਂ ਲੱਗੀ ਹੋਈ ਸੀ।

ਭਾਖੜਾ ਡੈਮ ਹਿਮਾਚਲ ਪ੍ਰਦੇਸ਼ ਦੇ ਬਿਲਾਸਪੁਰ ਜ਼ਿਲ੍ਹੇ ਦੇ ਪਿੰਡ ਭਾਖੜਾ ਵਿਖੇ ਸਤਲੁਜ ਦਰਿਆ ਉੱਤੇ ਬਣਿਆ ਹੋਇਆ ਹੈ। ਇਸ ਡੈਮ ਦੇ ਪਾਣੀ ਨਾਲ ਗੋਬਿੰਦ ਸਾਗਰ ਸਰੋਵਰ (ਝੀਲ) ਵੀ ਬਣੀ ਹੈ। ਇਸ ਡੈਮ ਦੀ ਉਚਾਈ ਦਿੱਲੀ ਦੇ ਕੁਤਬ ਮੀਨਾਰ ਤੋਂ ਤਿੰਨ ਗੁਣਾ ਵੱਧ 226 ਮੀਟਰ, ਲੰਬਾਈ 518.25 ਮੀਟਰ ਅਤੇ ਚੌੜਾਈ 9.1 ਮੀਟਰ ਹੈ। ਇਸ ਡੈਮ ਦੇ ਗੋਬਿੰਦ ਸਾਗਰ ਸਰੋਵਰ ਦੇ ਭੰਡਾਰ ਵਿੱਚ 9.34 ਬਿਲੀਅਨ ਕਿਊਬਿਕ ਮੀਟਰ (ਵੱਡੀ ਪੱਧਰ 'ਤੇ ਜਮ੍ਹਾਂ ਹੋਏ ਤਰਲ ਪਦਾਰਥ ਨੂੰ ਮਾਪਣ ਦੀ ਇਕਾਈ) ਪਾਣੀ ਦਾ ਭੰਡਾਰ ਹੈ। ਭਾਖੜਾ ਡੈਮ ਦੁਆਰਾ ਬਣਾਇਆ ਗਿਆ 90 ਕਿਲੋਮੀਟਰ ਲੰਮਾ ਜਲ ਭੰਡਾਰ 168.35 ਕਿਲੋਮੀਟਰ ਦੇ ਖੇਤਰ ਵਿੱਚ ਫੈਲਿਆ ਹੋਇਆ ਹੈ। ਝੀਲ ਦੇ ਪਾਣੀ ਦਾ ਭੰਡਾਰ ਹਿੰਦੁਸਤਾਨ ਵਿੱਚ ਤੀਜੇ ਸਥਾਨ 'ਤੇ ਹੈ। ਪਹਿਲਾ ਮੱਧ ਪ੍ਰਦੇਸ਼ ਵਿੱਚ 12.22 ਬਿਲੀਅਨ ਘਣ ਮੀਟਰ ਦੀ ਸਮਰੱਥਾ ਵਾਲਾ ਇੰਦਰਾ ਸਾਗਰ ਡੈਮ ਅਤੇ ਦੂਜਾ ਤੇਲੰਗਾਨਾ ਵਿੱਚ ਨਾਗਾਰਾਜੁਨ ਸਾਗਰ ਡੈਮ ਹੈ। ਭਾਖੜਾ ਡੈਮ ਪੰਜਾਬ ਦੇ ਨੰਗਲ ਸ਼ਹਿਰ ਤੋਂ 15 ਕਿਲੋਮੀਟਰ ਅਤੇ ਬਿਲਾਸਪੁਰ ਤੋਂ 106 ਕਿਲੋਮੀਟਰ ਦੂਰ ਹੈ।

1948 ਵਿੱਚ ਭਾਖੜਾ ਡੈਮ ਬਣਾਉਣ ਦੀ ਸ਼ੁਰੂਆਤ ਹੋਈ ਅਤੇ 1963 ਵਿੱਚ ਮੁਕੰਮਲ ਹੋਇਆ। ਡੈਮ ਦੀ ਉਸਾਰੀ ਲਈ 30 ਵਿਦੇਸ਼ੀ ਮਾਹਰਾਂ ਤੋਂ ਇਲਾਵਾ ਹਿੰਦੁਸਤਾਨ ਦੇ 300 ਇੰਜੀਨੀਅਰਾਂ ਅਤੇ 13000 ਮਜ਼ਦੂਰਾਂ ਨੇ ਕੰਮ ਕੀਤਾ। ਇੱਕ ਅੰਦਾਜ਼ੇ ਅਨੁਸਾਰ ਇਸ ਡੈਮ ਦੀ ਉਸਾਰੀ ਲਈ 245.28 ਕਰੋੜ ਰੁਪਏ ਖਰਚ ਹੋਏ।

ਡੈਮ ਉੱਤੇ ਗੋਬਿੰਦ ਸਾਗਰ ਝੀਲ ਵਿੱਚ ਉਚਾਈ 'ਤੇ ਜਮ੍ਹਾਂ ਹੋਏ ਪਾਣੀ ਦੀ ਸਥਿਤਿਜ ਊਰਜਾ (ਜੋ ਪਾਣੀ ਵਿੱਚ ਉਸ ਦੀ ਉਚਾਈ, ਸਥਿਤੀ ਜਾਂ ਭੰਡਾਰਨ ਕਾਰਨ ਮੌਜੂਦ ਹੁੰਦੀ ਹੈ। ਜਦੋਂ ਪਾਣੀ ਨੂੰ ਉੱਚੇ ਸਥਾਨ 'ਤੇ ਇਕੱਠਾ ਕੀਤਾ ਜਾਂਦਾ ਹੈ ਤਾਂ ਗੁਰੂਤਾਕਰਸ਼ਨ ਕਾਰਨ ਇਸ ਵਿੱਚ ਸਥਿਤਿਜ ਊਰਜਾ ਜਮ੍ਹਾਂ ਹੋ ਜਾਂਦੀ ਹੈ) ਗਤਿਜ ਊਰਜਾ (ਜਦੋਂ ਉੱਚੇ ਪਾਣੀ ਭੰਡਾਰਾਂ ਤੋਂ ਪਾਣੀ ਹੇਠਾਂ ਡਿੱਗਦਾ ਹੈ, ਇਹ ਸਥਿਤਿਜ ਊਰਜਾ ਗਤਿਜ ਊਰਜਾ ਵਿੱਚ ਬਦਲ ਜਾਂਦੀ ਹੈ) ਵਿੱਚ ਬਦਲ ਜਾਣ ਤੇ ਪੈਦਾ ਹੋਈ ਪਾਣੀ ਊਰਜਾ ਨਾਲ ਟਰਬਾਈਨਾਂ ਘੁੰਮਦੀਆਂ ਤੇ ਬਿਜਲੀ ਪੈਦਾ ਹੁੰਦੀ ਹੈ। ਭਾਖੜਾ ਡੈਮ ਊਰਜਾ ਨਵਿਆਉਣਯੋਗ ਸੋਮਾ ਹੈ। ਡੈਮ ਰਾਹੀਂ ਗੋਬਿੰਦ ਸਾਗਰ ਵਿੱਚ ਪਾਣੀ ਦੀ ਊਰਜਾ ਨੂੰ ਚੈਨੇਲਾਈਜ ਕੀਤਾ ਹੋਇਆ ਹੈ। ਇਸੇ ਤਕਨੀਕ ਰਾਹੀਂ ਨਹਿਰਾਂ ਦੇ ਪੁਲ ਹੇਠ ਝਾਲਾਂ (ਠੋਕਰਾਂ) ਬਣਾ ਕੇ ਮਿੰਨੀ ਹਾਈਡ੍ਰੋਲਿਕ ਪਾਵਰ ਹਾਊਸ (ਬਿਜਲੀ ਪੈਦਾ ਕਰਨ ਵਾਲੇ ਪਣ ਬਿਜਲੀ ਘਰ) ਬਣਾਏ ਜਾ ਸਕਦੇ ਹਨ, ਜੋ ਉਸ ਇਲਾਕੇ ਦੀ ਬਿਜਲੀ ਦੀ ਘਾਟ ਨੂੰ ਪੂਰਾ ਕਰ ਸਕਦੇ ਹਨ।

ਭਾਖੜਾ ਡੈਮ ਤੋਂ ਬਿਜਲੀ ਪੈਦਾ ਕਰਨ ਲਈ ਬਿਜਲੀ ਘਰਾਂ ਤੋਂ ਕ੍ਰਮਵਾਰ 108 ਮੈਗਾਵਾਟ (ਪਾਵਰ ਨੂੰ ਮਾਪਣ ਦੀ ਇੱਕ ਵੱਡੀ ਇਕਾਈ) ਅਤੇ 157 ਮੈਗਾਵਾਟ ਬਿਜਲੀ ਦਾ ਉਤਪਾਦਨ ਹੋ ਰਿਹਾ ਹੈ। ਭਾਖੜਾ ਡੈਮ ਤੋਂ 13 ਕਿਲੋਮੀਟਰ ਦੂਰੀ 'ਤੇ ਨੰਗਲ ਡੈਮ ਵੀ ਹੈ, ਜਿਸ ਦੀ ਉਚਾਈ 95 ਫੁੱਟ ਹੈ। ਇਸੇ ਕਰਕੇ ਦੋਹਾਂ ਡੈਮਾਂ ਨੂੰ ਭਾਖੜਾ ਨੰਗਲ ਡੈਮ ਕਿਹਾ ਜਾਂਦਾ ਹੈ। ਭਾਖੜਾ ਨੰਗਲ ਡੈਮ ਤੋਂ ਪੈਦਾ ਹੁੰਦੀ ਬਿਜਲੀ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼, ਚੰਡੀਗੜ੍ਹ, ਦਿੱਲੀ ਅਤੇ ਰਾਜਸਥਾਨ ਨੂੰ ਜਾਂਦੀ ਹੈ।

ਭਾਖੜਾ ਨੰਗਲ ਡੈਮ ਦੀ ਸੁਰੱਖਿਆ ਲਈ ਪ੍ਰਬੰਧ ਬਹੁਤ ਸਖਤ ਹਨ। ਪਾਵਰ ਹਾਊਸ ਨੂੰ ਅੰਦਰ ਜਾ ਕੇ ਵੇਖਣ ਦੀ ਮਨਾਹੀ ਹੈ। ਬੋਰਡ ਦੇ ਦਫ਼ਤਰ ਤੋਂ ਪਾਸ ਲੈ ਕੇ ਡੈਮ ਦੇ ਨੇੜੇ ਜਾ ਕੇ ਗੋਬਿੰਦ ਸਾਗਰ ਝੀਲ ਅਤੇ ਉਚਾਈ ਤੋਂ ਡਿਗਦੇ ਪਾਣੀ ਨੂੰ ਵੇਖਿਆ ਜਾ ਸਕਦਾ ਹੈ। ਗੋਬਿੰਦ ਸਾਗਰ ਝੀਲ ਅਤੇ ਪਾਣੀ ਦੀ ਗੜਗੜਾਹਟ ਦਾ ਮਜ਼ਾ ਲੈਣ ਵਾਸਤੇ ਹਰ ਸਾਲ ਪੰਜ ਲੱਖ ਦੇ ਕਰੀਬ ਸੈਲਾਨੀ ਆਉਂਦੇ ਹਨ। ਡੈਮ ਦੇ



ਪ੍ਰਬੰਧਕੀ ਬੋਰਡ ਨੇ ਡੈਮ ਨੂੰ ਵੇਖਣ ਦਾ ਸਮਾਂ ਸਵੇਰੇ 8 ਵਜੇ ਤੋਂ ਦੁਪਹਿਰ 3 ਵਜੇ ਤੱਕ ਤਹਿ ਕੀਤਾ ਕੀਤਾ ਹੋਇਆ ਹੈ, ਪਾਸ ਦੀ ਕੋਈ ਫੀਸ ਨਹੀਂ ਹੈ।ਪੰਜਾਬ ਸੂਬੇ ਦੇ ਪੁਨਰਗਠਨ ਉੱਤੇ ਭਾਖੜਾ ਮੈਨੇਜਮੈਂਟ ਬੋਰਡ 1966 ਵਿੱਚ ਬਣਿਆ ਸੀ। ਭਾਖੜਾ ਨੰਗਲ ਪ੍ਰੋਜੈਕਟ ਦਾ ਪ੍ਰਬੰਧ 1 ਅਕਤੂਬਰ 1967 ਨੂੰ ਭਾਖੜਾ ਮੈਨੇਜਮੈਂਟ ਬੋਰਡ ਨੂੰ ਦਿੱਤਾ ਗਿਆ। ਬਿਆਸ ਪ੍ਰੋਜੈਕਟ ਦਾ ਕੰਮ ਪੂਰਾ ਹੋਣ ਤੋਂ ਬਾਅਦ ਪੰਜਾਬ ਪੁਨਰਗਠਨ ਐਕਟ 1966 ਦੀ ਧਾਰਾ 80 ਅਨੁਸਾਰ ਭਾਰਤ ਸਰਕਾਰ ਨੇ ਬਿਆਸ ਨਿਰਮਾਣ ਬੋਰਡ (ਬੀ ਸੀ ਬੀ) ਦਾ ਰਲੇਵਾਂ ਭਾਖੜਾ ਮੈਨੇਜਮੈਂਟ ਬੋਰਡ ਵਿੱਚ ਕਰ ਦਿੱਤਾ ਸੀ। ਇਸੇ ਤਰ੍ਹਾਂ 15 ਮਈ 1976 ਤੋਂ ਭਾਖੜਾ ਮੈਨੇਜਮੈਂਟ ਬੋਰਡ ਦਾ ਨਾਂਅ ਬਦਲ ਕੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਰੱਖ ਦਿੱਤਾ।

ਪੰਜਾਬ ਪੁਨਰਗਠਨ ਐਕਟ 1966 ਦੀ ਧਾਰਾ 79 (2) ਦੇ ਅਨੁਸਾਰ ਬੋਰਡ ਦੀ ਅਗਵਾਈ ਕੇਂਦਰ ਦੀ ਸਰਕਾਰ ਵੱਲੋਂ ਨਿਯੁਕਤ ਕੀਤਾ ਹੋਇਆ ਚੇਅਰਮੈਨ ਕਰਦਾ ਹੈ। ਚੇਅਰਮੈਨ ਨਾਲ ਦੋ ਹੋਰ ਸਹਾਇਕ ਮੈਂਬਰ ਭਾਵ ਅਧਿਕਾਰੀ ਸਿੰਜਾਈ ਅਤੇ ਪਾਵਰ, ਜੋ ਪੰਜਾਬ ਅਤੇ ਹਰਿਆਣੇ ਦੇ ਹੁੰਦੇ ਹਨ। ਪੰਜਾਬ ਦੇ ਅਧਿਕਾਰੀ ਕੋਲ ਪਾਵਰ ਦਾ ਅਧਿਕਾਰ ਸੀ।ਕੇਂਦਰ ਸਰਕਾਰ ਨੇ 2022 ਵਿੱਚ ਬੋਰਡ ਦੇ ਨਿਯਮ ਵਿੱਚ ਬਦਲਾਅ ਕਰਨ ਲਈ ਖਰੜਾ ਜਾਰੀ ਕੀਤਾ। ਨਤੀਜੇ ਵਜੋਂ ਸਰਕਾਰ ਨੇ ਸਤੰਬਰ 2025 ਵਿੱਚ ਸੋਧੇ ਹੋਏ ਡਰਾਫਟ ਦਾ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ। ਇਸ ਨੋਟੀਫਿਕੇਸ਼ਨ ਨੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ 'ਚੋਂ ਪੰਜਾਬ ਦੀ ਨੁਮਾਇੰਦਗੀ ਖਤਮ ਕਰ ਦਿੱਤੀ।

ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚ ਪੰਜਾਬ ਦਾ ਪਾਵਰ ਜਾਂ ਸਿੰਜਾਈ ਦਾ ਮੁੱਖ ਅਧਿਕਾਰੀ ਇਸ ਲਈ ਰਹਿਣਾ ਜ਼ਰੂਰੀ ਹੈ। ਇੱਕ ਤਾਂ ਇਹ ਡੈਮ ਹਿਮਾਚਲ ਵਿੱਚ ਜ਼ਰੂਰ ਹੈ, ਪਰ ਪੰਜਾਬ ਦੇ ਨੰਗਲ ਸ਼ਹਿਰ ਦੇ ਨਾਲ ਹੈ। ਦੂਜਾ ਜਿਸ ਸਤਲੁਜ ਦਰਿਆ 'ਤੇ ਇਹ ਡੈਮ ਬਣਿਆ ਹੈ, ਇਸ ਦਾ ਪਾਣੀ ਪੰਜਾਬ ਵਿੱਚ ਆਉਂਦਾ ਹੈ। ਇਹ ਪਾਣੀ ਧਰਤੀ ਵੀ ਸਿੰਜਦਾ ਅਤੇ ਨੁਕਸਾਨ ਵੀ ਕਰਦਾ ਹੈ। ਤੀਜਾ ਬਾਰਸ਼ਾਂ ਦੇ ਪਾਣੀ ਨਾਲ ਭਾਖੜਾ ਡੈਮ 'ਤੇ ਪਾਣੀ ਵੱਧ ਇਕੱਠਾ ਹੋਣ ਕਰਕੇ ਪਾਣੀ ਅੱਗੇ ਦਰਿਆ ਵਿੱਚ ਛੱਡਣ ਦਾ ਅਧਿਕਾਰ ਵੀ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਕੋਲ ਹੈ। ਜਦੋਂ ਇਹ ਪਾਣੀ ਛੱਡਿਆ ਜਾਂਦਾ ਹੈ ਤਾਂ ਪੰਜਾਬ ਦਾ ਭਾਰੀ ਨੁਕਸਾਨ ਹੁੰਦਾ ਹੈ। ਸਤਲੁਜ ਦਰਿਆ ਪੰਜਾਬ ਵਿੱਚ ਕਰੀਬ 284 ਕਿਲੋਮੀਟਰ ਸਫਰ ਤਹਿ ਕਰਦਾ ਹੋਇਆ ਹਰੀਕੇ ਤੇ ਅੱਗੇ ਪਾਕਿਸਤਾਨ ਵਿੱਚ ਚਲੇ ਜਾਂਦਾ ਹੈ। ਉਕਤ ਸਾਰੇ ਹਾਲਾਤ ਦੇ ਮੱਦੇਨਜ਼ਰ ਹੀ ਕੇਂਦਰ ਸਰਕਾਰ ਨੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚ ਪੰਜਾਬ ਨੂੰ ਨੁਮਾਇੰਦਗੀ ਦਿੱਤੀ ਸੀ। ਹੁਣ ਭਾਜਪਾ ਦੀ ਹਕੂਮਤ ਨੇ ਨੁਮਾਇੰਦਗੀ ਖਤਮ ਕਰ ਦਿੱਤੀ ਅਤੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ 'ਤੇ ਕਬਜ਼ਾ ਕਰ ਲਿਆ ਹੈ। ਹਕੀਕਤ ਵਿੱਚ ਕੇਂਦਰ ਸਰਕਾਰ ਨੇ ਬਿਜਲੀ ਪੈਦਾ ਕਰਨ ਵਾਲੇ ਸੋਮਿਆਂ 'ਤੇ ਕਬਜ਼ਾ ਕੀਤਾ ਹੈ। ਜੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚ ਪੰਜਾਬ ਦੀ ਨੁਮਾਇੰਦਗੀ ਹੋਵੇਗੀ, ਉਸ ਨਾਲ ਸਲਾਹ ਕਰਕੇ ਬੋਰਡ ਦੇ ਅਧਿਕਾਰੀ ਡੈਮ ਦਾ ਵਾਧੂ ਪਾਣੀ ਛੱਡਣਗੇ। ਸਲਾਹ ਇਹ ਹੀ ਹੋਵੇਗੀ ਕਿ ਕਿਸ ਵਕਤ ਪਾਣੀ ਛੱਡਿਆ ਜਾਵੇ, ਜਦੋਂ ਪੰਜਾਬ ਦਾ ਨੁਕਸਾਨ ਘੱਟ ਹੋਵੇ। ਇਸ ਲਈ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚ ਪੰਜਾਬ ਦੀ ਨੁਮਾਇੰਦਗੀ ਬਹੁਤ ਜ਼ਰੂਰੀ ਹੈ।

# ਸੰਪਰਕ : 98768-78731

# ਸਮਾਜਿਕ ਨੈਤਿਕਤਾ ਦਾ ਘਾਣ ਅਤੇ ਵਧ ਰਹੀ ਦਰਿੰਦਗੀ


ਡਾ. ਕ੍ਰਿਸ਼ਨ ਲਾਲ

ਭਾਰਤੀ ਸਮਾਜ ਨੂੰ ਸਦੀਆਂ ਤੋਂ ਉੱਚ ਨੈਤਿਕਤਾ, ਆਪਸੀ ਵਿਸ਼ਵਾਸ ਅਤੇ ਮਨੁੱਖੀ ਕਦਰਾਂ-ਕੀਮਤਾਂ ਦੇ ਪ੍ਰਤੀਕ ਵਜੋਂ ਜਾਣਿਆ ਜਾਂਦਾ ਰਿਹਾ ਹੈ, ਪਰ ਅਜੋਕੇ ਸਮੇਂ ਵਿੱਚ ਸਾਹਮਣੇ ਆ ਰਹੀਆਂ ਦਰਿੰਦਗੀ ਭਰੀਆਂ ਘਟਨਾਵਾਂ ਇਹ ਸਾਬਤ ਕਰਦੀਆਂ ਹਨ ਕਿ ਅਸੀਂ ਆਪਣੇ ਪੂਰਵਜ਼ਾਂ ਦੇ ਉੱਚੇ ਆਦਰਸ਼ਾਂ ਨੂੰ ਪੂਰੀ ਤਰ੍ਹਾਂ ਵਿਸਾਰ ਚੁੱਕੇ ਹਾਂ। ਮਨੁੱਖਤਾ ਨੂੰ ਸ਼ਰਮਸਾਰ ਕਰਦੀਆਂ ਕੁਝ ਲੋਕਾਂ ਦੀਆਂ ਕਰਤੂਤਾਂ ਅੱਜ ਦੇ ਸਮਾਜ ਦਾ ਸਭ ਤੋਂ ਵੱਡਾ ਰੌਂਗਟੇ ਖੜ੍ਹੇ ਕਰਨ ਵਾਲਾ ਸੱਚ ਬਣ ਚੁੱਕਾ ਹੈ। ਇਹ ਬਹੁਤ ਹੀ ਚਿੰਤਾਜਨਕ ਹੈ ਕਿ ਜਿਸ ਦੇਸ਼ ਨੂੰ ਰਿਸ਼ੀ-ਮੁਨੀਆਂ, ਪੀਰਾਂ-ਫਕੀਰਾਂ ਅਤੇ ਗੁਰੂਆਂ ਦੀ ਚਰਨ-ਛੋਹ ਪ੍ਰਾਪਤ ਹੈ, ਉੱਥੇ ਅੱਜ ਧੀਆਂ ਆਪਣੇ ਘਰਾਂ ਦੇ ਅੰਦਰ ਵੀ ਸੁਰੱਖਿਅਤ ਨਹੀਂ ਹਨ। ਜਿੱਥੇ ਕਦੇ ਔਰਤ ਨੂੰ ਸਤਿਕਾਰ ਦਿੱਤਾ ਜਾਂਦਾ ਸੀ, ਉੱਥੇ ਹੁਣ ਉਸ ਨੂੰ ਮਹਿਜ਼ ਇੱਕ ਵਸਤੂ ਵਜੋਂ ਦੇਖਿਆ ਜਾਣ ਲੱਗਾ ਹੈ, ਜੋ ਸਾਡੇ ਸੱਭਿਆਚਾਰ 'ਤੇ ਇੱਕ ਵੱਡਾ ਸਵਾਲੀਆ ਨਿਸ਼ਾਨ ਹੈ।

ਅਜੋਕੇ ਦੌਰ ਵਿੱਚ ਰਿਸ਼ਤਿਆਂ ਦੀ ਪਾਕੀਜ਼ਗੀ ਅਤੇ ਮਰਿਆਦਾ ਬੁਰੀ ਤਰ੍ਹਾਂ ਖ਼ਤਮ ਹੋ ਚੁੱਕੀ ਹੈ। ਸਮਾਜ ਵਿੱਚੋਂ ਉਮਰ ਦਾ ਲਿਹਾਜ਼ ਗਾਇਬ ਹੋ ਗਿਆ ਹੈ ਅਤੇ ਖ਼ੂਨ ਦੇ ਰਿਸ਼ਤੇ ਹੀ ਇੱਕ-ਦੂਜੇ ਦੇ ਵੈਰੀ ਬਣ ਰਹੇ ਹਨ। ਜਦੋਂ ਇੱਕ ਭਰਾ ਵੱਲੋਂ ਭੈਣ ਦੀ ਇੱਜ਼ਤ ਨਾਲ ਖਿਲਵਾੜ ਕਰਨ ਜਾਂ 70 ਸਾਲ ਦੇ ਦਾਦੇ ਵੱਲੋਂ ਆਪਣੀ ਹੀ 9 ਸਾਲ ਦੀ ਮਾਸੂਮ ਪੋਤੀ ਨੂੰ ਹਵਸ ਦਾ ਸ਼ਿਕਾਰ ਬਣਾਉਣ ਵਰਗੀਆਂ ਖ਼ਬਰਾਂ ਆਉਂਦੀਆਂ ਹਨ, ਤਾਂ ਇਹ ਰਿਸ਼ਤਿਆਂ ਦੇ ਪੂਰੀ ਤਰ੍ਹਾਂ ਮਰ ਚੁੱਕੇ ਹੋਣ ਦਾ ਪ੍ਰਤੱਖ ਸੰਕੇਤ ਹੈ। ਪੁਰਾਣੇ ਸਮਿਆਂ ਵਿੱਚ ਗੁਆਂਢੀਆਂ ਨੂੰ ਪਰਿਵਾਰਕ ਮੈਂਬਰ ਮੰਨਿਆ ਜਾਂਦਾ ਸੀ, ਪਰ ਹੁਣ ਜਦੋਂ ਗਰੀਬ ਮਾਪੇ ਰੋਜ਼ੀ-ਰੋਟੀ ਲਈ ਬਾਹਰ ਜਾਂਦੇ ਹਨ, ਤਾਂ ਪਿੱਛੋਂ ਗੁਆਂਢੀਆਂ ਵੱਲੋਂ ਹੀ ਮਾਸੂਮ ਬੱਚੀਆਂ ਨੂੰ ਬਹਿਲਾ-ਫੁਸਲਾ ਕੇ ਉਨ੍ਹਾਂ ਦਾ ਸ਼ੋਸ਼ਣ ਕੀਤਾ ਜਾਂਦਾ ਹੈ, ਜਿਸ ਨੇ ਆਪਸੀ ਭਰੋਸਾ ਬਿਲਕੁਲ ਖ਼ਤਮ ਕਰ ਦਿੱਤਾ ਹੈ।ਸਕੂਲ ਅਤੇ ਕਾਲਜ, ਜਿਨ੍ਹਾਂ ਨੂੰ ਗਿਆਨ ਅਤੇ ਉੱਚੇ ਕਿਰਦਾਰ ਦੇ ਮੰਦਰ ਮੰਨਿਆ ਜਾਂਦਾ ਹੈ, ਉੱਥੇ ਵੀ ਹੁਣ ਵਾਸਨਾ ਦੀ ਗੰਦੀ ਖੇਡ ਖੇਡੀ ਜਾਣ ਲੱਗੀ ਹੈ। ਕੁਝ ਅਧਿਆਪਕਾਂ ਅਤੇ ਪ੍ਰਿੰਸੀਪਲਾਂ ਵੱਲੋਂ ਰਾਖਸ਼ ਬਣ ਕੇ ਮਾਸੂਮ ਬੱਚਿਆਂ ਦਾ ਸ਼ੋਸ਼ਣ ਕਰਨਾ ਬੇਹੱਦ ਚਿੰਤਾਜਨਕ ਹੈ। ਸਹਿ-ਸਿੱਖਿਆ ਦੇ ਨਾਂਅ 'ਤੇ ਕਲਾਸਰੂਮਾਂ ਦੇ ਅੰਦਰ ਵਧ ਰਹੀ ਨੈਤਿਕ ਗਿਰਾਵਟ ਦੇ ਗੰਭੀਰ ਅਤੇ ਭਿਆਨਕ ਸਿੱਟੇ ਸਾਹਮਣੇ ਆ ਰਹੇ ਹਨ।

ਅਖ਼ਬਾਰੀ ਰਿਪੋਰਟਾਂ ਮੁਤਾਬਕ ਫਰਵਰੀ ਤੋਂ ਅਪ੍ਰੈਲ ਮਹੀਨਿਆਂ ਦੌਰਾਨ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਜਨਤਕ ਥਾਵਾਂ 'ਤੇ ਅਪਰਾਧੀਆਂ ਦੇ ਹੌਸਲੇ ਬੁਲੰਦ ਰਹੇ, ਜੋ ਦਰਸਾਉਂਦਾ ਹੈ ਕਿ ਉਨ੍ਹਾਂ ਦੇ ਮਨਾਂ ਵਿੱਚੋਂ ਕਾਨੂੰਨ ਦਾ ਡਰ ਪੂਰੀ ਤਰ੍ਹਾਂ ਖ਼ਤਮ ਹੋ ਚੁੱਕਾ ਹੈ। 28 ਫਰਵਰੀ ਨੂੰ ਸਾਗਰ ਵਿੱਚ ਇੱਕ ਔਰਤ ਨਾਲ ਪਹਿਲਾਂ ਜਬਰ-ਜ਼ਨਾਹ ਕੀਤਾ ਗਿਆ ਅਤੇ ਫਿਰ ਮਦਦ ਦੇ ਬਹਾਨੇ ਦੂਜੇ ਵਿਅਕਤੀ ਨੇ ਵੀ ਦਰਿੰਦਗੀ ਕੀਤੀ, ਜਿਸ ਤੋਂ ਬਾਅਦ ਉਸ ਨੂੰ ਚਾਰ ਮੰਜ਼ਲਾ ਇਮਾਰਤ ਤੋਂ ਹੇਠਾਂ ਸੁੱਟ ਦਿੱਤਾ ਗਿਆ। ਇਸੇ ਤਰ੍ਹਾਂ 6 ਅਪ੍ਰੈਲ ਨੂੰ ਕੋਰਬਾ (ਛੱਤੀਸਗੜ੍ਹ) ਵਿੱਚ ਮਾਮੂਲੀ ਝਗੜੇ ਕਾਰਨ ਅਮਰਦਾਸ ਨਾਂਅ ਦੇ ਵਿਅਕਤੀ ਨੂੰ ਨੰਗਾ ਕਰਕੇ ਸੜਕ 'ਤੇ ਬੇਰਹਿਮੀ ਨਾਲ ਕੁੱਟ-ਕੁੱਟ ਕੇ ਮਾਰ ਦਿੱਤਾ ਗਿਆ, ਜੋ ਮਨੁੱਖੀ ਸੰਵੇਦਨਸ਼ੀਲਤਾ ਦੇ ਮਰ ਜਾਣ ਦਾ ਸਬੂਤ ਹੈ।ਸਮਾਜ ਵਿੱਚ ਮਾਸੂਮ ਬੱਚੇ ਵੀ ਇਸ ਵਧ ਰਹੀ ਵਹਿਸ਼ੀਅਤ ਤੋਂ ਬਚ ਨਹੀਂ ਰਹੇ। ਬੀਤੀ 7 ਅਪ੍ਰੈਲ ਨੂੰ ਕੋਰਬਾ ਵਿੱਚ ਹੀ ਰੰਜੀਤ ਕੁਮਾਰ ਨਾਂਅ ਦੇ ਨੌਜਵਾਨ ਵੱਲੋਂ ਇੱਕ 7 ਸਾਲਾ ਬੱਚੇ ਨਾਲ ਕੁਕਰਮ ਕਰਨ ਤੋਂ ਬਾਅਦ ਉਸ ਨੂੰ 12 ਫੁੱਟ ਡੂੰਘੇ ਖੂਹ ਵਿੱਚ ਸੁੱਟ ਕੇ ਮਾਰ ਦਿੱਤਾ ਗਿਆ। ਅਪਰਾਧ ਦੀ ਇਹ ਬਿਮਾਰੀ ਹੁਣ ਛੋਟੀ ਉਮਰ ਦੇ ਬੱਚਿਆਂ ਵਿੱਚ ਵੀ ਫੈਲ ਰਹੀ ਹੈ। 28 ਅਪ੍ਰੈਲ ਨੂੰ ਸੰਭਲ (ਉੱਤਰ ਪ੍ਰਦੇਸ਼) ਵਿੱਚ ਤਿੰਨ ਨਾਬਾਲਗਾਂ ਵੱਲੋਂ ਪੰਜਵੀਂ ਜਮਾਤ ਦੇ ਇੱਕ ਵਿਦਿਆਰਥੀ ਦੇ ਨਿੱਜੀ ਅੰਗਾਂ ਨੂੰ ਨੁਕਸਾਨ ਪਹੁੰਚਾਉਣ ਦੀ ਗੈਰ-ਮਨੁੱਖੀ ਹਰਕਤ ਸਾਹਮਣੇ ਆਈ। ਇਹ ਘਟਨਾਵਾਂ ਸਾਬਤ ਕਰਦੀਆਂ ਹਨ ਕਿ ਸਾਡੇ ਬੱਚਿਆਂ ਦੀ ਮਾਨਸਿਕਤਾ ਕਿਸ ਕਦਰ ਹਿੰਸਕ ਅਤੇ ਵਿਕ੍ਰਿਤ ਹੁੰਦੀ ਜਾ ਰਹੀ ਹੈ। ਸਮਾਜ ਦੇ ਪੱਛੜੇ, ਆਦਿਵਾਸੀ ਅਤੇ ਕਮਜ਼ੋਰ ਵਰਗ ਅਕਸਰ ਦਬੰਗਾਂ ਦੇ ਜ਼ੁਲਮ ਦਾ ਸ਼ਿਕਾਰ ਬਣਦੇ ਹਨ। ਉਤਰ ਪ੍ਰਦੇਸ਼ ਦੇ ਬਾਗਪਤ (22 ਅਪ੍ਰੈਲ) ਅਤੇ ਬਾਰਾਬੰਕੀ (27 ਅਪ੍ਰੈਲ) ਵਿੱਚ ਨੌਜਵਾਨਾਂ ਨੂੰ ਅਗਵਾ ਕਰਕੇ, ਨੰਗਾ ਕਰਕੇ ਬੇਰਹਿਮੀ ਨਾਲ ਕੁੱਟਣ ਅਤੇ ਜ਼ਬਰਦਸਤੀ ਪਿਸ਼ਾਬ ਪਿਲਾਉਣ ਵਰਗੀਆਂ ਸ਼ਰਮਨਾਕ ਹਰਕਤਾਂ ਕੀਤੀਆਂ ਗਈਆਂ।ਇਸੇ ਤਰ੍ਹਾਂ 30 ਅਪ੍ਰੈਲ ਨੂੰ ਭੋਪਾਲ ਵਿੱਚ ਇੱਕ 22 ਸਾਲਾ ਆਦਿਵਾਸੀ ਨੌਜਵਾਨ ਨੂੰ ਨੰਗਾ ਕਰਕੇ ਕੁੱਟਿਆ ਗਿਆ ਅਤੇ ਉਸ ਦੇ ਚਿਹਰੇ 'ਤੇ ਪਿਸ਼ਾਬ ਕੀਤਾ ਗਿਆ। ਇਹ ਘਟਨਾਵਾਂ ਮਨੁੱਖੀ ਅਣਖ ਨੂੰ ਮਿੱਟੀ ਵਿੱਚ ਰੋਲਣ ਅਤੇ ਸਮਾਜ ਵਿੱਚ ਰਹਿਮ ਦੀ ਭਾਵਨਾ ਦੇ ਪੂਰੀ ਤਰ੍ਹਾਂ ਖ਼ਤਮ ਹੋਣ ਦਾ ਪ੍ਰਤੱਖ ਪ੍ਰਮਾਣ ਹਨ।ਮਈ ਮਹੀਨੇ ਦੀਆਂ ਘਟਨਾਵਾਂ ਵੀ ਇਸੇ ਤਰ੍ਹਾਂ ਦੀ ਵਹਿਸ਼ੀਅਤ ਦੀ ਗਵਾਹੀ ਭਰਦੀਆਂ ਹਨ। 3 ਮਈ ਨੂੰ ਅਮਰੋਹਾ ਵਿੱਚ ਇੱਕ ਲੜਕੀ ਨੂੰ ਨੰਗਾ ਕਰਕੇ ਖੰਭੇ ਨਾਲ ਬੰਨ੍ਹ ਕੇ ਕੁੱਟਿਆ ਗਿਆ ਅਤੇ 12 ਮਈ ਨੂੰ ਉਲਹਾਸਨਗਰ (ਮਹਾਰਾਸ਼ਟਰ) ਵਿੱਚ ਇੱਕ ਔਰਤ ਨੂੰ ਨਿਰਵਸਤਰ ਕਰਕੇ, ਚੱਪਲਾਂ ਦਾ ਹਾਰ ਪਾ ਕੇ ਪਿੰਡ ਵਿੱਚ ਘੁਮਾਇਆ ਗਿਆ। ਮਨੁੱਖ ਦੀ ਇਹ ਦਰਿੰਦਗੀ ਸਿਰਫ਼ ਇਨਸਾਨਾਂ ਤੱਕ ਹੀ ਸੀਮਤ ਨਹੀਂ ਰਹੀ, 17 ਮਈ ਨੂੰ ਚੰਡੀਗੜ੍ਹ ਵਿੱਚ ਇੱਕ ਬੇਜ਼ਬਾਨ ਕੁੱਤੇ ਦੇ ਬੱਚੇ ਨੂੰ ਕੋਠੇ ਤੋਂ ਹੇਠਾਂ ਸੁੱਟ ਕੇ ਮਾਰ ਦਿੱਤਾ ਗਿਆ। ਉਸੇ ਦਿਨ ਅੰਬਿਕਾਪੁਰ ਵਿੱਚ ਇੱਕ ਵਿਅਕਤੀ ਨੇ ਆਪਣੀ ਗਰਭਵਤੀ ਪਤਨੀ ਦੇ ਨਿੱਜੀ ਅੰਗਾਂ ਵਿੱਚ ਲੋਹੇ ਦੀ ਰਾਡ ਪਾ ਕੇ ਪੇਟ ਵਿੱਚ ਪਲ ਰਹੇ ਬੱਚੇ ਦੀ ਹੱਤਿਆ ਕਰ ਦਿੱਤੀ, ਜੋ ਵਹਿਸ਼ੀਅਤ ਦੀ ਹੱਦ ਹੈ।

ਇਨ੍ਹਾਂ ਭਿਆਨਕ ਅਤੇ ਸ਼ਰਮਨਾਕ ਹਾਲਾਤ ਤੋਂ ਨਿਜਾਤ ਪਾਉਣ ਲਈ ਜਿੱਥੇ ਕਾਨੂੰਨ ਨੂੰ ਵਧੇਰੇ ਸਖ਼ਤ, ਮੁਸਤੈਦ ਅਤੇ ਤੇਜ਼ ਬਣਾਉਣ ਦੀ ਲੋੜ ਹੈ, ਉੱਥੇ ਹੀ ਸਭ ਤੋਂ ਵੱਡੀ ਲੋੜ ਲੋਕਾਂ ਦੀ ਮਾਨਸਿਕਤਾ ਨੂੰ ਬਦਲਣ ਦੀ ਹੈ। ਸਾਡੀਆਂ ਸਮਾਜਿਕ, ਧਾਰਮਿਕ ਅਤੇ ਵਿਦਿਅਕ ਸੰਸਥਾਵਾਂ ਨੂੰ ਅੱਗੇ ਆ ਕੇ ਨਵੀਂ ਪੀੜ੍ਹੀ ਨੂੰ ਇਨਸਾਨੀ ਕਦਰਾਂ-ਕੀਮਤਾਂ, ਨੈਤਿਕਤਾ ਅਤੇ ਦਇਆ-ਭਾਵਨਾ ਦੀ ਗੁੜ੍ਹਤੀ ਦੇਣੀ ਪਵੇਗੀ, ਤਾਂ ਜੋ ਮਨੁੱਖਤਾ ਨੂੰ ਹੋਰ ਸ਼ਰਮਸਾਰ ਹੋਣ ਤੋਂ ਬਚਾਇਆ ਜਾ ਸਕੇ।

# ਸੰਪਰਕ : 62831-16797

# ਅਧਿਆਪਕਾਂ ਵੱਲੋਂ ਡਬਲ-ਟ੍ਰਿਪਲ ਡਿਊਟੀਆਂ ਦੇ ਵਿਰੋਧ 'ਚ ਡੀ ਸੀ ਦਫਤਰ ਅੱਗੇ ਧਰਨਾ



**ਸੰਗਰੂਰ (ਪ੍ਰਵੀਨ ਸਿੰਘ)**-ਡੈਮੋਕ੍ਰੇਟਿਕ ਟੀਚਰ ਫਰੰਟ ਸੰਗਰੂਰ (ਵਿਕਰਮਦੇਵ, ਡੀ ਐਮ ਐੱਫ) ਤੇ ਡੈਮੋਕ੍ਰੇਟਿਕ ਟੀਚਰ ਫਰੰਟ (ਦਿਗਵਿਜੇ ਪਾਲ) ਵੱਲੋਂ ਸੰਗਰੂਰ ਦੇ ਡੀ ਸੀ ਦਫਤਰ ਦੇ ਗੇਟ ਅੱਗੇ ਧਰਨਾ ਦਿੱਤਾ ਗਿਆ।ਜ਼ਿਕਰਯੋਗ ਹੈ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਅਧਿਆਪਕਾਂ ਦੀਆਂ ਜਨਗਣਨਾ, ਬੀਐੱਲਓ, ਇਲੈਕਸ਼ਨ ਆਦਿ ਦੀਆਂ ਦੂਹਰੀਆਂ ਤੀਹਰੀਆਂ ਡਿਊਟੀਆਂ ਲਗਾਈਆਂ ਗਈਆਂ ਸਨ, ਜਿਸ ਦੇ ਵਿਰੋਧ ਵਿੱਚ ਉਕਤ ਜਥੇਬੰਦੀਆਂ ਵੱਲੋਂ ਪਹਿਲਾਂ ਤਾਂ ਡਿਪਟੀ ਕਮਿਸ਼ਨਰ ਸੰਗਰੂਰ ਨੂੰ ਮਿਲਿਆ ਗਿਆ ਅਤੇ ਉਨ੍ਹਾਂ ਦੇ ਗੈਰ ਜ਼ਿੰਮੇਵਾਰਾਨਾ ਵਤੀਰੇ ਤੋਂ ਬਾਅਦ 21 ਮਈ ਨੂੰ ਡਿਪਟੀ ਕਮਿਸ਼ਨਰ ਸੰਗਰੂਰ ਦੇ ਖਿਲਾਫ ਡੀਸੀ ਦਫਤਰ ਸੰਗਰੂਰ ਵਿਖੇ ਧਰਨਾ ਲਗਾਇਆ ਗਿਆ ਸੀ, ਜਿਸ ਮੌਕੇ ਐੱਸਡੀਐੱਮ ਸੰਗਰੂਰ ਨੇ ਧਰਨੇ ਵਿੱਚ ਆ ਕੇ ਦੋਹਰੀ ਡਿਊਟੀ ਕਰ ਰਹੇ ਅਧਿਆਪਕਾਂ ਨੂੰ ਚੋਣ ਡਿਊਟੀ ਤੋਂ ਰਾਹਤ ਦੇਣ ਦਾ ਭਰੋਸਾ ਦਿੱਤਾ ਸੀ।ਪਰ ਬੀਡੀਪੀਓ ਕਮ ਆਰ ਓ ਧੂਰੀ ਨੇ ਪਹਿਲਾਂ ਤੋਂ ਹੀ ਜਨਗਣਨਾ ਡਿਊਟੀ ਕਰ ਰਹੇ ਅਧਿਆਪਕਾਂ ਨੂੰ ਡਿਊਟੀ 'ਤੇ ਗੈਰ-ਹਾਜ਼ਰ ਰਹਿਣ ਕਾਰਨ ਨੋਟਿਸ ਕੱਢਣ ਤੋਂ ਬਾਅਦ ਉਨ੍ਹਾਂ 'ਤੇ ਐੱਫ ਆਈ ਆਰ ਕਰਨ ਤੇ ਵਿਭਾਗੀ ਕਾਰਵਾਈ ਕਰਨ ਲਈ ਪੱਤਰ ਜਾਰੀ ਕੀਤਾ, ਜਿਸ ਨਾਲ ਪਹਿਲਾਂ ਤੋਂ ਹੀ ਦੋ ਦੋ ਡਿਊਟੀਆਂ ਕਰ ਰਹੇ ਅਧਿਆਪਕਾਂ ਵਿੱਚ ਗੁੱਸੇ ਦੀ ਲਹਿਰ ਦੌੜ ਗਈ, ਜਿਸ ਦੇ ਨਤੀਜੇ ਵਜੋਂ ਅਧਿਆਪਕਾਂ ਦੀ ਅਗਵਾਈ ਕਰਦੀਆਂ ਦੋਨੋਂ ਡੀਟੀਐੱਫ ਜਥੇਬੰਦੀਆਂ ਨੇ ਅੱਜ ਸੰਗਰੂਰ ਦੇ ਡੀ ਸੀ ਦਫਤਰ ਦੇ ਗੇਟ ਅੱਗੇ ਧਰਨਾ ਲਗਾ ਕੇ ਸੰਗਰੂਰ ਪ੍ਰਸ਼ਾਸਨ ਤੇ ਬੀਡੀਪੀਓ ਧੂਰੀ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕਰਦੇ ਹੋਏ ਪ੍ਰਦਰਸ਼ਨ ਕੀਤਾ। ਜਿਸ ਤੋਂ ਬਾਅਦ ਡੀਐੱਸਪੀ ਦਲਵੀਰ ਸਿੰਘ ਵੱਲੋਂ ਜ਼ਿੰਮੇਵਾਰੀ ਲੈਂਦਿਆਂ ਸੋਮਵਾਰ ਤੱਕ ਬੀਡੀਪੀਓ ਨਾਲ ਮੀਟਿੰਗ ਕਰਵਾ ਕੇ ਅਧਿਆਪਕਾਂ ਖਿਲਾਫ ਕੀਤੀ ਕਾਰਵਾਈ ਦਾ ਪੱਤਰ ਵਾਪਸ ਕਰਵਾਉਣ ਦਾ ਭਰੋਸਾ ਦਿੱਤਾ।ਇਸ ਤੋਂ ਬਾਅਦ ਅਧਿਆਪਕ ਜਥੇਬੰਦੀਆਂ ਨੇ ਐਲਾਨ ਕੀਤਾ ਕਿ ਜੇਕਰ ਬੀਡੀਪੀਓ ਵੱਲੋਂ ਆਪਣਾ ਪੱਤਰ ਵਾਪਸ ਨਹੀਂ ਲਿਆ ਜਾਂਦਾ ਤਾਂ ਅਗਲਾ ਐਕਸ਼ਨ ਬੀਡੀਪੀਓ ਦਫਤਰ ਧੂਰੀ ਵਿਖੇ ਕੀਤਾ ਜਾਵੇਗਾ। ਇਸ ਮੌਕੇ ਦਾਤਾ ਸਿੰਘ ਨਮੋਲ, ਸੁਖਵਿੰਦਰ ਗਿਰ, ਜਗਦੀਪ ਸਿੰਘ, ਦਲਜੀਤ ਸਫ਼ੀਪੁਰ, ਗੌਰਮਿੰਟ ਟੀਚਰਜ਼ ਯੂਨੀਅਨ ਦੇ ਫ਼ਕੀਰ ਟਿੱਬਾ, ਐੱਸ.ਸੀ.ਬੀ.ਸੀ. ਯੂਨੀਅਨ ਦੇ ਕ੍ਰਿਸ਼ਨ ਦੁੱਗਾਂ, 1158 ਅਸਿਸਟੈਂਟ ਪ੍ਰੋਫੈਸਰ ਯੂਨੀਅਨ ਦੇ ਨਿਰਭੈ ਸਿੰਘ, ਬੀ.ਕੇ.ਯੂ. ਉਗਰਾਹਾਂ ਦੇ ਰਣਜੀਤ ਸਿੰਘ, ਬੀ.ਕੇ.ਯੂ. ਡਕੌਂਦਾ/ਧਨੇਰ ਦੇ ਪਰਵਿੰਦਰ ਸਿੰਘ, ਕਿਰਤੀ ਕਿਸਾਨ ਯੂਨੀਅਨ ਦੇ ਭੁਪਿੰਦਰ ਲੌਂਗੋਵਾਲ, ਜਮਹੂਰੀ ਅਧਿਕਾਰ ਸਭਾ ਦੇ ਬਸ਼ੇਸਰ ਰਾਮ, ਤਰਕਸ਼ੀਲ ਸੁਸਾਇਟੀ ਪੰਜਾਬ ਦੇ ਜੁਝਾਰ ਲੌਂਗੋਵਾਲ, ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਬਿੱਕਰ ਹਥੋਆ, ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਦੇ ਬਲਜੀਤ ਨਮੋਲ, ਪੰਜਾਬ ਕਿਸਾਨ ਸਭਾ ਦੇ ਊਧਮ ਸਿੰਘ ਸੰਤੋਖਪੁਰਾ, ਸੀ.ਟੀ.ਯੂ. ਦੇ ਸਰਬਜੀਤ ਸਿੰਘ, ਪੀ.ਐੱਸ.ਯੂ. (ਲਲਕਾਰ) ਦੇ ਗੁਰਦੀਪ ਸਿੰਘ, ਟੈਕਨੀਕਲ ਮਕੈਨੀਕਲ ਯੂਨੀਅਨ ਦੇ ਹਰਜੀਤ ਵਾਲੀਆ, ਜ਼ਿਲ੍ਹਾ ਪੈਨਸ਼ਨਰ ਐਸੋਸੀਏਸ਼ਨ ਦੇ ਸੀਤਾ ਰਾਮ ਤੇ ਬਲਵੀਰ ਚੰਦ ਲੌਂਗੋਵਾਲ, ਰਘਵੀਰ ਭਵਾਨੀਗੜ੍ਹ, 6505 ਅਧਿਆਪਕ ਯੂਨੀਅਨ ਦੇ ਸੰਸਾਰ ਸਿੰਘ, ਲੈਕਚਰਾਰ ਯੂਨੀਅਨ ਦੇ ਆਗੂ ਪਰਮਿੰਦਰ ਕੁਮਾਰ, ਪੀ ਐੱਸ ਯੂ ਦੇ ਆਗੂ ਰਾਜਵੀਰ ਮੰਗਾ ਨੇ ਸੰਬੋਧਨ ਕੀਤਾ।ਧਰਨੇ ਵਿੱਚ ਵੱਡੀ ਗਿਣਤੀ ਵਿੱਚ ਜਥੇਬੰਦੀਆਂ ਦੇ ਆਗੂ ਤੇ ਕਾਰਕੁਨ ਸ਼ਾਮਲ ਸਨ।ਇਸ ਮੌਕੇ ਜ਼ਿਲ੍ਹਾ ਸੰਗਰੂਰ ਦੇ ਅਧਿਆਪਕ, ਕਿਸਾਨ, ਮਜ਼ਦੂਰ ਮੁਲਾਜ਼ਮ, ਵਿਦਿਆਰਥੀ ਤੇ ਜਮਹੂਰੀ ਜਥੇਬੰਦੀਆਂ ਦੇ ਆਗੂ ਮੌਜੂਦ ਸਨ।

# ਭਿਆਨਕ ਸੜਕ ਹਾਦਸੇ 'ਚ ਬੱਚੇ ਦੀ ਮੌਤ, ਤਿੰਨ ਦੀ ਹਾਲਤ ਨਾਜ਼ੁਕ

## ਟਰੈਕਟਰ 'ਤੇ ਸਵਾਰ ਸਨ ਬੱਚੇ ਸਮੇਤ ਦਸ ਵਿਅਕਤੀ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**
ਪਿੰਡ ਫੂਲ ਟਾਊਨ ਤੋਂ ਪਿੰਡ ਭਾਈਰੂਪਾ ਨੂੰ ਜਾਂਦੀ ਲਿੰਕ ਸੜਕ 'ਤੇ ਰਾਤ ਕਰੀਬ 2 ਵਜੇ ਟਰੈਕਟਰ ਟਰਾਲੀ ਅੱਗੇ ਰੋਜ਼ ਆਉਣ ਕਾਰਨ ਭਿਆਨਕ ਐਕਸੀਡੈਂਟ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।

ਮਿਲੀ ਜਾਣਕਾਰੀ ਅਨੁਸਾਰ ਸਹਾਰਾ ਸਮਾਜ ਸੇਵਾ ਦੇ ਪ੍ਰਧਾਨ ਸੰਦੀਪ ਵਰਮਾ ਨੇ ਦੱਸਿਆ ਕਿ ਸਾਨੂੰ ਰਾਤ ਕਰੀਬ 2 ਵਜੇ ਇਤਲਾਹ ਮਿਲੀ ਕਿ ਪਿੰਡ ਫੂਲ ਤੋਂ ਭਾਈਰੂਪਾ ਨੂੰ ਜਾਂਦੀ ਲਿੰਕ ਸੜਕ 'ਤੇ ਇੱਕ ਟਰੈਕਟਰ ਟਰਾਲੀ ਦਾ ਐਕਸੀਡੈਂਟ ਹੋਇਆ ਹੈ, ਜਿਸ ਵਿੱਚ ਕਾਫੀ ਲੋਕ ਸਵਾਰ ਨੇ, ਬਿਨਾਂ ਕਿਸੇ ਦੇਰੀ ਤੋਂ ਸਹਾਰਾ ਸਮਾਜ ਸੇਵਾ ਦੀਆਂ ਐਂਬੂਲੈਂਸਾਂ, 112 ਪੁਲਸ ਪਾਰਟੀ ਥਾਣਾ ਫੂਲ ਤੇ 108 ਐਂਬੂਲੈਂਸਾਂ ਘਟਨਾ ਸਥਾਨ 'ਤੇ ਪਹੁੰਚੀਆਂ ਤੇ ਜ਼ਖਮੀਆਂ ਨੂੰ ਤੁਰੰਤ ਸਿਵਲ ਹਸਪਤਾਲ ਰਾਮਪੁਰਾ ਵਿਖੇ ਦਾਖਲ ਕਰਵਾਇਆ ਗਿਆ।ਉਨ੍ਹਾਂ ਕਿਹਾ ਕਿ ਇਸ ਟਰੈਕਟਰ ਟਰਾਲੀ ਵਿੱਚ ਦਰੱਖਤਾਂ ਦੀ ਕਟਾਈ ਦਾ ਕੁਤਰਾ ਸੀ ਤੇ ਇਹ ਪਿੰਡ ਦਿਆਲਪੁਰਾ ਤੋਂ ਪਿੰਡ ਸੰਦੋਹਾ ਵੱਲ ਜਾ ਰਿਹਾ ਸੀ। ਟਰੈਕਟਰ 'ਤੇ ਬੱਚੇ ਸਮੇਤ ਦਸ ਵਿਅਕਤੀ ਸਵਾਰ ਸਨ।

ਪਿੰਡ ਫੂਲ ਟਾਊਨ ਨਜ਼ਦੀਕ ਅਚਾਨਕ ਸੜਕ 'ਤੇ ਰੋਜ਼ ਆਉਣ ਕਾਰਨ ਟਰੈਕਟਰ ਟਰਾਲੀ ਦਾ ਸੰਤੁਲਨ ਵਿਗੜ ਗਿਆ, ਜਿਸ ਨਾਲ ਭਿਆਨਕ ਹਾਦਸਾ ਹੋ ਗਿਆ, ਜਿਸ ਵਿੱਚ ਦੀਪਕ ਉਮਰ 18 ਸਾਲ ਪੁੱਤਰ ਜਸਕਰਨ ਸਿੰਘ ਵਾਸੀ ਪਿੰਡ ਸਦੋਹਾ ਦੀ ਮੌਕੇ 'ਤੇ ਹੀ ਮੌਤ ਹੋ ਗਈ।ਜਦ ਕਿ ਖੁਸ਼ਦੀਪ ਸਿੰਘ, ਹਰਮਨ ਉਰਫ ਸੁਖਦੀਪ ਸਿੰਘ, ਪਾਲਾ ਸਿੰਘ ਪਿੰਡ ਵਾਸੀ ਸੰਦੋਹਾ ਦੀ ਹਾਲਤ ਨੂੰ ਨਾਜ਼ੁਕ ਦੇਖਦੇ ਹੋਏ ਰੈਫਰ ਬਠਿੰਡਾ ਕਰ ਦਿੱਤਾ ਗਿਆ।ਮੱਛਾ ਸਿੰਘ, ਇੰਦਰਜੀਤ ਸਿੰਘ, ਜਸਨੂਰ ਸਿੰਘ ਜ਼ਖਮੀ ਜ਼ੇਰੇ ਇਲਾਜ ਲਈ ਸਿਵਲ ਹਸਪਤਾਲ ਰਾਮਪੁਰਾ ਵਿੱਚ ਦਾਖਲ ਹਨ, ਜਦਕਿ ਰੋਹੀ ਸਿੰਘ, ਬਲਵੰਤ ਸਿੰਘ, ਜਸਕਰਨ ਸਿੰਘ ਦੇ ਮਾਮੂਲੀ ਸੱਟਾਂ ਲੱਗੀਆਂ ਹਨ।

# ਨਗਰ ਕੌਂਸਲ ਧੂਰੀ ਚੋਣਾਂ 'ਚ 'ਆਪ' ਦੀ ਹੂੰਝਾਫੇਰ ਜਿੱਤ

- ਧੂਰੀ ਦੇ ਲੋਕਾਂ ਮੁੱਖ ਮੰਤਰੀ ਦੀਆਂ ਲੋਕ-ਪੱਖੀ ਨੀਤੀਆਂ 'ਤੇ ਮੋਹਰ ਲਗਾਈ : ਓ.ਐੱਸ.ਡੀ.
- ਓ ਐੱਸ ਡੀ ਦਾ ਫੁੱਲਾਂ ਦੀ ਵਰਖਾ ਕਰਕੇ ਥਾਂ-ਥਾਂ ਭਰਵਾਂ ਸਵਾਗਤ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਨਗਰ ਕੌਂਸਲ ਧੂਰੀ ਦੇ ਚੋਣ ਨਤੀਜਿਆਂ ਨੇ ਪੰਜਾਬ ਭਰ ਦੇ ਸਿਆਸੀ ਹਲਕਿਆਂ ਦਾ ਧਿਆਨ ਆਪਣੇ ਵੱਲ ਖਿੱਚ ਲਿਆ ਹੈ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਆਪਣੇ ਹਲਕੇ ਧੂਰੀ ਦੀ 21 ਵਾਰਡਾਂ ਵਾਲੀ ਇਸ ਨਗਰ ਕੌਂਸਲ ਵਿੱਚ ਆਮ ਆਦਮੀ ਪਾਰਟੀ ਨੇ ਇਤਿਹਾਸਕ ਪ੍ਰਦਰਸ਼ਨ ਕਰਦਿਆਂ 19 ਸੀਟਾਂ 'ਤੇ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ ਹੈ।ਚੋਣ ਮੈਦਾਨ ਵਿੱਚ ਵਿਰੋਧੀ ਧਿਰਾਂ ਦੇ ਸਾਰੇ ਸਿਆਸੀ ਸਮੀਕਰਨ ਢੇਰ ਹੋ ਗਏ ਤੇ ਸਿਰਫ਼ 2 ਸੀਟਾਂ ਹੀ ਆਜ਼ਾਦ ਉਮੀਦਵਾਰਾਂ ਦੇ ਹਿੱਸੇ ਆਈਆਂ। ਦੱਸਣਯੋਗ ਹੈ ਕਿ ਵਾਰਡ ਨੰਬਰ 2, 3, 6, 11 ਤੇ 12 ਵਿੱਚੋਂ ਵਿਰੋਧੀ ਪਾਰਟੀਆਂ ਦੇ ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਰੱਦ ਹੋਣ ਕਾਰਨ 'ਆਪ' ਦੇ ਉਮੀਦਵਾਰ ਕ੍ਰਮਵਾਰ ਪੁਸ਼ਪਿੰਦਰ ਸ਼ਰਮਾ, ਕਿਰਨ ਸ਼ਰਮਾ, ਅਸ਼ਵਨੀ ਕੁਮਾਰ ਧੀਰ, ਸ਼ਸ਼ੀ ਰਾਣੀ ਤੇ ਜਸਵੀਰ ਸਿੰਘ ਜੱਜ ਪਹਿਲਾਂ ਹੀ ਬਿਨਾਂ ਮੁਕਾਬਲਾ ਜੇਤੂ ਕਰਾਰ ਦਿੱਤੇ ਜਾ ਚੁੱਕੇ ਸਨ।ਅੱਜ ਬਾਕੀ ਰਹਿੰਦੇ 16 ਵਾਰਡਾਂ ਦੇ ਆਏ ਚੋਣ ਨਤੀਜਿਆਂ ਵਿੱਚ ਵੀ 'ਆਪ' ਦੇ ਉਮੀਦਵਾਰਾਂ ਦਾ ਦਬਦਬਾ ਪੂਰੀ ਤਰ੍ਹਾਂ ਕਾਇਮ ਰਿਹਾ।ਐਲਾਨੇ ਨਤੀਜਿਆਂ ਅਨੁਸਾਰ ਵਾਰਡ ਨੰਬਰ 1 'ਚੋਂ ਮਨਜੀਤ ਕੌਰ (ਆਪ), ਵਾਰਡ ਨੰਬਰ 4 'ਚੋਂ ਰਾਜੀਵ ਚੌਧਰੀ (ਆਪ), ਵਾਰਡ ਨੰਬਰ 5 'ਚੋਂ ਸ਼ੁਸੀਲ ਰਾਣੀ (ਆਪ), ਵਾਰਡ ਨੰਬਰ 7 'ਚੋਂ ਸਿਮਰਨ (ਆਪ), ਵਾਰਡ ਨੰਬਰ 8 'ਚੋਂ ਅਜੈ ਕੁਮਾਰ (ਆਜ਼ਾਦ), ਵਾਰਡ ਨੰਬਰ 9 'ਚੋਂ ਅਮਨਦੀਪ ਕੌਰ (ਆਪ), ਵਾਰਡ ਨੰਬਰ 10 'ਚੋਂ ਵਿਕਰਾਂਤ ਸਿੰਘ ਚੱਠਾ (ਆਪ), ਵਾਰਡ ਨੰਬਰ 13 'ਚੋਂ ਆਸ਼ਾ ਰਾਣੀ (ਆਪ), ਵਾਰਡ ਨੰਬਰ 14 'ਚੋਂ ਸੰਦੀਪ ਬਾਂਸਲ ਸੋਨੀ (ਆਪ), ਵਾਰਡ ਨੰਬਰ 15 'ਚੋਂ ਕਮਲੇਸ਼ ਰਾਣੀ (ਆਪ), ਵਾਰਡ ਨੰਬਰ 16 'ਚੋਂ ਪੁਸ਼ਪਾ ਰਾਣੀ (ਆਜ਼ਾਦ), ਵਾਰਡ ਨੰਬਰ 17 'ਚੋਂ ਬਿੱਲਾ ਸਿੰਘ (ਆਪ), ਵਾਰਡ ਨੰਬਰ 18 'ਚੋਂ ਅਮਰਜੋਤ ਕੌਰ (ਆਪ), ਵਾਰਡ ਨੰਬਰ 19 'ਚੋਂ ਦਲੀਪ ਕੌਰ (ਆਪ), ਵਾਰਡ ਨੰਬਰ 20 'ਚੋਂ ਅਜੈਬ ਸਿੰਘ (ਆਪ), ਵਾਰਡ ਨੰਬਰ 21 'ਚੋਂ ਭੁਪਿੰਦਰ ਸਿੰਘ (ਆਪ) ਜੇਤੂ ਰਹੇ।

ਓ.ਐੱਸ.ਡੀ. ਸੁਖਵੀਰ ਸਿੰਘ ਨੇ ਭਾਵੁਕ ਹੁੰਦਿਆਂ ਕਿਹਾ ਕਿ ਉਹ ਧੂਰੀ ਦੀ ਸੂਝਵਾਨ ਜਨਤਾ ਦਾ ਇਸ ਅਥਾਹ ਸਹਿਯੋਗ ਤੇ ਬੇਮਿਸਾਲ ਪਿਆਰ ਲਈ ਦਿਲੋਂ ਕੋਟਿ-ਕੋਟਿ ਧੰਨਵਾਦ ਕਰਦੇ ਹਨ।ਇਹ ਸ਼ਾਨਦਾਰ ਜਿੱਤ ਸਿੱਧੇ ਤੌਰ 'ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਵਿਕਾਸਮੁਖੀ ਤੇ ਲੋਕ-ਪੱਖੀ ਨੀਤੀਆਂ 'ਤੇ ਜਨਤਾ ਵੱਲੋਂ ਲਗਾਈ ਗਈ ਇੱਕ ਮਜ਼ਬੂਤ ਮੋਹਰ ਹੈ।ਸ਼ਹਿਰ ਨਿਵਾਸੀਆਂ ਨੇ ਵਿਕਾਸ ਦੀ ਰਾਜਨੀਤੀ ਨੂੰ ਚੁਣਿਆ ਹੈ।ਚੋਣ ਨਤੀਜਿਆਂ ਦੇ ਐਲਾਨ ਤੋਂ ਤੁਰੰਤ ਬਾਅਦ ਪਾਰਟੀ ਵਰਕਰਾਂ ਤੇ ਸਮਰਥਕਾਂ ਵਿੱਚ ਖ਼ੁਸ਼ੀ ਦੀ ਲਹਿਰ ਦੌੜ ਗਈ।ਇਸ ਮੌਕੇ ਜੇਤੂ ਉਮੀਦਵਾਰਾਂ ਸਮੇਤ ਸ਼ਹਿਰ ਦੇ ਬਜ਼ਾਰਾਂ 'ਚੋਂ ਜੇਤੂ ਰੈਲੀ ਕੱਢੀ ਗਈ, ਜਿਸ ਦਾ ਲੋਕਾਂ ਨੇ ਫੁੱਲਾਂ ਦੀ ਵਰਖਾ ਕਰਕੇ ਭਰਵਾਂ ਸਵਾਗਤ ਕੀਤਾ।ਇਸ ਖ਼ੁਸ਼ੀ ਮੌਕੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ, ਅਸ਼ੋਕ ਕੁਮਾਰ ਲੱਖਾ, ਰਾਜਵੰਤ ਸਿੰਘ ਘੁੱਲੀ, ਡਾ. ਅਨਵਰ ਭਸੌੜ, ਸਤਿੰਦਰ ਸਿੰਘ ਚੱਠਾ, ਐਡਵੋਕੇਟ ਹੈਪੀ ਗਰਗ, ਬਲਵਿੰਦਰ ਸਿੰਘ ਬਿੱਲੂ, ਪਰਮਿੰਦਰ ਸਿੰਘ ਨੂਰ ਔਲਖ ਸਮੇਤ ਵੱਡੀ ਗਿਣਤੀ ਵਿੱਚ 'ਆਪ' ਦੇ ਸੀਨੀਅਰ ਆਗੂ ਤੇ ਉਤਸ਼ਾਹੀ ਵਰਕਰ ਹਾਜ਼ਰ ਸਨ।

## ਕਾਤਰਾਂ

### 100 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸੀਆਈਏ ਸਟਾਫ ਫਿਰੋਜ਼ਪੁਰ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਇੱਕ ਵਿਅਕਤੀ ਨੂੰ 100 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕਰਕੇ ਉਸ ਖਿਲਾਫ ਥਾਣਾ ਸਿਟੀ ਫਿਰੋਜ਼ਪੁਰ ਵਿਖੇ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸੀਆਈਏ ਸਟਾਫ ਫਿਰੋਜ਼ਪੁਰ ਦੇ ਸਹਾਇਕ ਥਾਣੇਦਾਰ ਗੁਰਦੇਵ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਦੌਰਾਨੇ ਗਸ਼ਤ ਸੀ ਤਾਂ ਇਸ ਦੌਰਾਨਾ ਸੋਨਾ ਸਿੰਘ ਉਰਫ ਸੋਨੂੰ ਪੁੱਤਰ ਬੋਹੜ ਸਿੰਘ ਵਾਸੀ ਗੁਲਾਬ ਸਿੰਘ ਵਾਲਾ ਹਾਲ ਵਾਸੀ ਹਬੀਬ ਵਾਲਾ ਨੂੰ ਸ਼ੱਕ ਦੀ ਬਿਨਾਅ 'ਤੇ ਕਾਬੂ ਕਰਕੇ ਉਸ ਦੀ ਤਲਾਸ਼ੀ ਲਈ ਗਈ ਤੇ ਉਸ ਕੋਲੋਂ 100 ਗ੍ਰਾਮ ਹੈਰੋਇਨ ਬਰਾਮਦ ਕੀਤੀ। ਪੁਲਸ ਨੇ ਦੱਸਿਆ ਕਿ ਉਕਤ ਮੁਲਜ਼ਮ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

### ਘਰ 'ਚੋਂ ਕ੍ਰਿਸ਼ਨ ਭਗਵਾਨ ਦੀ ਮੂਰਤੀ ਚੋਰੀ, ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪਿੰਡ ਰਜਿੰਦਰਗੜ੍ਹ ਦੇ ਇੱਕ ਘਰ 'ਚੋਂ ਕ੍ਰਿਸ਼ਨ ਭਗਵਾਨ ਦੀ ਮੂਰਤੀ ਚੋਰੀ ਹੋ ਜਾਣ ਦੇ ਕਥਿਤ ਮਾਮਲੇ 'ਚ ਮੂਲੇਪੁਰ ਪੁਲਸ ਵੱਲੋਂ ਕੇਸ ਦਰਜ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਸ਼ਿਵਾਨੰਦ ਨੌਤੀਆਲ ਵਾਸੀ ਪਿੰਡ ਰਜਿੰਦਰ ਨਗਰ ਨੇ ਦੱਸਿਆ ਕਿ ਉਸ ਨੇ ਆਪਣੇ ਘਰ ਵਿੱਚ ਇੱਕ ਪੂਜਾ ਵਾਲਾ ਕਮਰਾ ਬਣਾਇਆ ਹੋਇਆ ਹੈ ਜਿਸ ਵਿੱਚ ਕ੍ਰਿਸ਼ਨ ਭਗਵਾਨ(ਲੱਡੂ ਗੋਪਾਲ) ਦੀ ਅਸ਼ਟਧਾਤੂ ਦੀ ਬਣੀ ਹੋਈ ਮੂਰਤੀ ਸਥਾਪਿਤ ਕੀਤੀ ਹੋਈ ਹੈ।ਬੀਤੀ 20 ਮਈ ਨੂੰ ਉਹ ਆਪਣੀ ਪਤਨੀ ਸਮੇਤ ਬੱਚਿਆਂ ਨੂੰ ਮਿਲਣ ਲਈ ਤਲਾਨੀਆਂ ਚਲੇ ਗਏ ਸਨ।ਜਿੱਥੋਂ ਜਦੋਂ 24 ਮਈ ਨੂੰ ਉਹ ਵਾਪਸ ਘਰ ਪਰਤੇ ਤਾਂ ਦੇਖਿਆ ਕਿ ਪੂਜਾ ਵਾਲੇ ਕਮਰੇ ਵਿੱਚ ਸਥਾਪਿਤ ਕ੍ਰਿਸ਼ਨ ਭਗਵਾਨ ਦੀ ਉਕਤ ਮੂਰਤੀ ਉੱਥੋਂ ਚੋਰੀ ਹੋ ਚੁੱਕੀ ਸੀ।ਸ਼ਿਕਾਇਤਕਰਤਾ ਦੇ ਬਿਆਨਾਂ ਤੇ ਨਾਮਾਲੂਮ ਵਿਅਕਤੀ/ਵਿਅਕਤੀਆਂ ਵਿਰੁੱਧ ਅ/ਧ 303(2) ਬੀ.ਐਨ.ਐਸ. ਤਹਿਤ ਮੁਕੱਦਮਾ ਦਰਜ ਕਰਕੇ ਥਾਣਾ ਮੂਲੇਪੁਰ ਦੀ ਪੁਲਿਸ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

### ਹੈਰੋਇਨ ਸਣੇ ਗ੍ਰਿਫਤਾਰ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਵੈਰੋਕੇ ਦੀ ਪੁਲਸ ਨੇ 2 ਗ੍ਰਾਮ ਹੈਰੋਇਨ ਸਣੇ ਇਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਹੈ। ਜਾਂਚ ਅਧਿਕਾਰੀ ਰਣਜੀਤ ਸਿੰਘ ਨੇ ਦੱਸਿਆ ਕਿ ਉਹ ਸਮੇਤ ਸਾਥੀ ਕਰਮਚਾਰੀਆਂ ਦੇ ਨਾਲ ਗਸ਼ਤ ਦੌਰਾਨ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਕਰਦੇ ਹੋਏ ਪਿੰਡ ਵੈਰੋਕੇ, ਗੁੰਮਾਨੀਵਾਲਾ ਖੂਹ, ਚੱਕ ਬਲੋਚਾਂ ਆਦਿ ਤੋਂ ਹੁੰਦੇ ਹੋਏ ਗੁਮਾਨੀਵਾਲਾ ਖੂਹ ਤੋਂ ਕਰੀਬ ਇਕ ਕਿਲੋਮੀਟਰ ਅੱਗੇ ਪੁੱਜੇ ਤਾਂ ਦਾਣਾ ਮੰਡੀ ਦੇ ਕੋਲ ਦਾਣਿਆਂ ਵਾਲੇ ਫੜ ਦੇ ਕੋਲ ਇਕ ਮੋਨਾ ਨੌਜਵਾਨ ਸੜਕ ਦੇ ਸੱਜੇ ਪਾਸੇ ਬਣੇ ਕਮਰੇ ਦੇ ਉਹਲੇ ਕੁਝ ਹਰਕਤ ਕਰਦਾ ਹੋਇਆ ਦਿਖਾਈ ਦਿੱਤਾ ਤੇ ਆਪਣਾ ਸਾਮਾਨ ਸਾਈਡ 'ਤੇ ਸੁੱਟ ਕੇ ਭੱਜਣ ਲੱਗਾ ਤਾਂ ਪੁਲਸ ਪਾਰਟੀ ਨੇ ਕਾਬੂ ਕਰਨ ਉਪਰੰਤ ਚੈਕਿੰਗ ਕੀਤੀ ਗਈ ਤਾਂ ਉਸ ਪਾਸੋਂ 2 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਹੈਰੋਇਨ ਸਮੇਤ ਮਨਜੀਤ ਸਿੰਘ ਉਰਫ ਗਗਨ ਪੁੱਤਰ ਰਵਿੰਦ ਸਿੰਘ ਵਾਸੀ ਖੁੜੰਜ ਨੂੰ ਕਾਬੂ ਕਰਕੇ ਥਾਣਾ ਵੈਰੋਕੇ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

# ਪ੍ਰਸਿੱਧ ਉਰਦੂ ਸ਼ਾਇਰ ਡਾ. ਬਸ਼ੀਰ ਬਦਰ ਦੇ ਦੇਹਾਂਤ 'ਤੇ ਦੁੱਖ ਦਾ ਪ੍ਰਗਟਾਵਾ

**ਲੁਧਿਆਣਾ (ਰੈਕਟਰ ਕਥੂਰੀਆ)**-ਪੰਜਾਬੀ ਸਾਹਿਤ ਅਕਾਡਮੀ ਵੱਲੋਂ ਪ੍ਰਸਿੱਧ ਉਰਦੂ ਸ਼ਾਇਰ ਡਾ. ਬਸ਼ੀਰ ਬਦਰ ਦੇ ਦੇਹਾਂਤ 'ਤੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਹੈ।ਅਕਾਡਮੀ ਦੇ ਪ੍ਰਧਾਨ ਡਾ. ਸਰਬਜੀਤ ਸਿੰਘ ਨੇ ਕਿਹਾ ਕਿ ਡਾ. ਬਸ਼ੀਰ ਬਦਰ ਦੇ



ਤੁਰ ਜਾਣ ਨਾਲ ਭਾਰਤੀ ਉਪਮਹਾਂਦੀਪ ਦੀ ਸ਼ਾਇਰੀ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਸੀਨੀਅਰ ਮੀਤ ਪ੍ਰਧਾਨ ਡਾ. ਪਾਲ ਕੌਰ ਨੇ ਕਿਹਾ ਕਿ ਉਨ੍ਹਾਂ ਦੀ ਰਚਨਾ ਆਉਣ ਵਾਲੀਆਂ ਪੀੜ੍ਹੀਆਂ ਲਈ ਹਮੇਸ਼ਾ ਪ੍ਰੇਰਨਾ ਸ੍ਰੋਤ ਰਹੇਗੀ। ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ ਨੇ ਕਿਹਾ ਕਿ ਡਾ ਬਸ਼ੀਰ ਬਦਰ ਉਰਦੂ ਗ਼ਜ਼ਲ ਦੇ ਉਹ ਅਹਿਮ ਹਸਤਾਖਰ ਸਨ, ਜਿਨ੍ਹਾਂ ਨੇ ਆਧੁਨਿਕ ਸੰਵੇਦਨਾ ਨੂੰ ਬੇਹੱਦ ਸਧਾਰਨ ਪਰ ਗਹਿਰੀ ਸ਼ਾਇਰੀ ਰਾਹੀਂ ਲੋਕਾਂ ਦੇ ਦਿਲਾਂ ਤੱਕ ਪੁਚਾਇਆ।ਉਨ੍ਹਾਂ ਦੀ ਸ਼ਾਇਰੀ ਵਿੱਚ ਮੁਹੱਬਤ, ਵਿਛੋੜਾ, ਮਨੁੱਖੀ ਰਿਸ਼ਤੇ ਤੇ ਸਮਾਜਿਕ ਅਹਿਸਾਸ ਬੜੀ ਨਜ਼ਾਕਤ ਨਾਲ ਪ੍ਰਗਟ ਹੁੰਦੇ ਹਨ।ਬਿਆਨ ਵਿੱਚ ਆਖਿਆ ਗਿਆ ਕਿ ਡਾ. ਬਸ਼ੀਰ ਬਦਰ ਦੀਆਂ ਗ਼ਜ਼ਲਾਂ ਨੇ ਉਰਦੂ ਸਾਹਿਤ ਨੂੰ ਨਵੀਂ ਲੋਕਪ੍ਰਿਯਤਾ ਬਖ਼ਸ਼ੀ। ਉਨ੍ਹਾਂ ਦੀਆਂ ਪ੍ਰਸਿੱਧ ਪੁਸਤਕਾਂ ਆਸ, ਨਾਖੁਦਾ, ਕੁਛ ਤੋ ਮਜਬੂਰੀਆਂ ਰਹੀਂ ਹੋਂਗੀ, ਉਡਾਨ, ਆਹਟ ਤੇ ਚਾਂਦ ਚਿਹਰਾ ਆਦਿ ਪਾਠਕਾਂ ਵਿੱਚ ਬਹੁਤ ਮਕਬੂਲ ਹਨ।ਉਨ੍ਹਾਂ ਦੇ ਅਨੇਕਾਂ ਸ਼ੇਅਰ ਲੋਕ-ਚੇਤਨਾ ਦਾ ਹਿੱਸਾ ਬਣ ਚੁੱਕੇ ਹਨ।ਉਨ੍ਹਾਂ ਦੀਆਂ ਗ਼ਜ਼ਲਾਂ ਦਾ ਗਾਇਨ ਪ੍ਰਸਿੱਧ ਗਜ਼ਲ ਗਾਇਕ ਜਗਜੀਤ ਸਿੰਘ ਤੇ ਚੰਦਨ ਦਾਸ ਵੱਲੋਂ ਕੀਤਾ ਗਿਆ, ਜਿਸ ਨੂੰ ਲੋਕਾਂ ਵੱਲੋਂ ਬਹੁਤ ਪਿਆਰ ਦਿੱਤਾ ਗਿਆ।ਅਫ਼ਸੋਸ ਦਾ ਪ੍ਰਗਟਾਵਾ ਕਰਨ ਵਾਲਿਆਂ ਵਿਚ ਪ੍ਰੋ. ਗੁਰਭਜਨ ਸਿੰਘ ਗਿੱਲ, ਡਾ. ਸੁਖਦੇਵ ਸਿੰਘ ਸਿਰਸਾ, ਪ੍ਰੋ. ਰਵਿੰਦਰ ਸਿੰਘ ਭੱਠਲ, ਡਾ. ਲਖਵਿੰਦਰ ਸਿੰਘ ਜੌਹਲ, ਡਾ. ਵਰਿਆਮ ਸਿੰਘ ਸੰਧੂ, ਡਾ. ਗੁਰਇਕਬਾਲ ਸਿੰਘ, ਡਾ. ਸਰਬਜੀਤ ਕੌਰ ਸੋਹਲ, ਸ੍ਰੀ ਜਸਪਾਲ ਮਾਨਖੇੜਾ, ਸਹਿਜਪ੍ਰੀਤ ਸਿੰਘ ਮਾਂਗਟ, ਡਾ. ਗੁਰਚਰਨ ਕੌਰ ਕੋਚਰ, ਡਾ. ਅਰਵਿੰਦਰ ਕੌਰ ਕਾਕੜਾ, ਸ੍ਰੀਮਤੀ ਸੁਰਿੰਦਰ ਨੀਰ, ਸੁਰਿੰਦਰ ਕੈਲੇ, ਜਨਮੇਜਾ ਸਿੰਘ ਜੌਹਲ, ਹਰਵਿੰਦਰ ਸਿੰਘ ਸਿਰਸਾ, ਡਾ. ਅੰਮੀਆਂ ਕੁੰਵਰ, ਡਾ. ਹਰੀ ਸਿੰਘ ਜਾਚਕ, ਕੇ. ਸਾਧੂ ਸਿੰਘ, ਭੁਪਿੰਦਰ ਸਿੰਘ ਸੰਧੂ, ਸੰਜੀਵਨ ਸਿੰਘ, ਡਾ. ਸਿਮਰਜੀਤ ਕੌਰ ਗਿੱਲ, ਡਾ. ਤਰਸਪਾਲ ਕੌਰ, ਮਨਜਿੰਦਰ ਸਿੰਘ ਧਨੋਆ, ਤ੍ਰੈਲੋਚਨ ਲੋਚੀ, ਪ੍ਰਭਜੋਤ ਸਿੰਘ ਸੋਹੀ, ਪ੍ਰਿੰ. ਨਵਤੇਜ ਗੜ੍ਹਦੀਵਾਲਾ,ਰਜਿੰਦਰ ਸਿੰਘ ਰਾਜਨ, ਮੱਖਣ ਮਾਨ ਤੇ ਰੋਜ਼ੀ ਸਿੰਘ ਸ਼ਾਮਲ ਹਨ।

# ਸਰਕਾਰੀ ਸਕੂਲਾਂ ਵਿਚਲੇ ਸਕੀਮ ਵਰਕਰਾਂ ਨੂੰ ਤਨਖਾਹ ਜਾਰੀ ਕਰਵਾਉਣ ਲਈ ਰੋਸ ਪ੍ਰਦਰਸ਼ਨ




**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਇੱਥੇ ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ 1680 ਸਰਕਾਰੀ ਸਕੂਲਜ਼ ਦੇ ਚੌਥਾ ਦਰਜਾ ਕਰਮਚਾਰੀਆਂ, ਜਿਨ੍ਹਾਂ ਵਿੱਚ ਮਿਡ ਡੇ ਮੀਲ ਆਦਿ ਸ਼ਾਮਲ ਹੋਏ, ਦੀ ਮੀਟਿੰਗ ਹੋਈ, ਜਿਸ ਦੀ ਪ੍ਰਧਾਨਗੀ ਰਾਮ ਪ੍ਰਸਾਦ ਸਹੋਤਾ ਨੇ ਕੀਤੀ। ਮੀਟਿੰਗ ਵਿੱਚ ਰੋਸ ਪ੍ਰਗਟ ਕੀਤਾ ਗਿਆ ਕਿ ਸਰਕਾਰੀ ਸਕੂਲਾਂ ਵਿੱਚ ਮਿਡ ਡੇ ਮੀਲ ਕਰਮੀਆਂ ਨੂੰ ਤਨਖਾਹਾਂ ਸਮੇਂ ਸਿਰ ਜਾਰੀ ਨਹੀਂ ਕੀਤੀਆਂ ਜਾ ਰਹੀਆਂ ਤੇ ਨਾ ਹੀ ਬਣਦੀਆਂ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ ਅਤੇ ਇਨ੍ਹਾਂ ਨੂੰ ਘੱਟੋ ਘੱਟ ਉਜ਼ਰਤਾਂ ਦੇ ਘੇਰੇ ਵਿੱਚ ਵੀ ਨਹੀਂ ਲਿਆਦਾ ਜਾ ਰਿਹਾ ਹੈ।ਇਸ ਤਰ੍ਹਾਂ ਸਰਕਾਰੀ ਸਕੂਲਾਂ ਵਿੱਚ ਲੰਮੇ ਸਮੇਂ ਤੋਂ ਕੰਮ ਕਰ ਰਹੇ ਕਰਮੀਆਂ ਦੀਆਂ ਸੇਵਾਵਾਂ ਰੈਗੂਲਰ ਨਹੀਂ ਕੀਤੀਆਂ ਜਾ ਰਹੀਆਂ।ਇਸ ਮੌਕੇ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸੂਬਾ ਪ੍ਰਧਾਨ ਦਰਸ਼ਨ ਸਿੰਘ ਲੁਬਾਣਾ, ਸਕੂਲਾਂ ਦੇ ਪ੍ਰਧਾਨ ਰਾਮ ਪ੍ਰਸਾਦ ਸਹੋਤਾ, ਪੈਨਸ਼ਨਰ ਦੇ ਪ੍ਰਧਾਨ ਸ਼ਿਵ ਚਰਨ, ਬਲਜੀਤ ਸਿੰਘ ਪ੍ਰਧਾਨ ਜਲ ਸਰੋਤ ਆਦਿ ਆਗੂਆਂ ਨੇ ਕਿਹਾ ਕਿ ਪੰਜਾਬ ਦੇ 8200 ਸਰਕਾਰੀ ਸਕੂਲਾਂ ਵਿੱਚ ਆਮ ਆਦਮੀ ਸਰਕਾਰ ਨੇ ਸਫਾਈ ਸੇਵਕ 3000 ਰੁਪਏ ਤੇ ਚੌਕੀਦਾਰ 5000 ਰੁਪਏ 'ਤੇ ਨਿਯੁਕਤ ਕੀਤੇ ਗਏ ਹਨ, ਪ੍ਰੰਤੂ ਇਨ੍ਹਾਂ ਨੂੰ ਤਿੰਨ-ਤਿੰਨ ਮਹੀਨੇ ਤੋਂ ਤਨਖਾਹਾਂ ਵੀ ਨਹੀਂ ਦਿੱਤੀਆਂ ਗਈਆਂ। ਇਨ੍ਹਾਂ ਆਗੂਆਂ ਨੇ ਮੰਗ ਕੀਤੀ ਕਿ ਸਰਕਾਰ ਇਨ੍ਹਾਂ ਦਾ ਸ਼ੋਸ਼ਣ ਬੰਦ ਕਰਕੇ ਘੱਟੋ ਘੱਟ ਉਜ਼ਰਤਾਂ ਜੋ ਕਿਰਤ ਵਿਭਾਗ ਵੱਲੋਂ ਜਾਰੀ ਕੀਤੀਆਂ ਜਾਂਦੀਆਂ ਹਨ, ਲਾਗੂ ਕੀਤੇ ਜਾਣ ਦੀ ਜ਼ੋਰਦਾਰ ਮੰਗ ਕੀਤੀ।ਸੂਬਾ ਪ੍ਰਧਾਨ ਨੇ ਕਿਹਾ ਕਿ ਮਾਨਯੋਗ ਸਿੱਖਿਆ ਮੰਤਰੀ ਸ੍ਰੀ ਹਰਜੋਤ ਸਿੰਘ ਬੈਂਸ ਨਾਲ ਪੰਜਾਬ ਮਿਊਂਸਿਪਲ ਭਵਨ ਚੰਡੀਗੜ੍ਹ ਵਿਖੇ ਹੋਈ ਮੀਟਿੰਗ ਵਿੱਚ ਸਰਕਾਰੀ ਸਕੂਲਾਂ ਤੇ ਸਰਕਾਰੀ ਕਾਲਜਾਂ ਦੇ ਇਸ਼ੂ ਉਠਾਏ ਗਏ ਤੇ ਘੱਟੋ ਘੱਟ ਉਜ਼ਰਤਾਂ ਸਕੂਲ ਸਿੱਖਿਆ ਤੇ ਕਾਲਜਾਂ ਸਿੱਖਿਆ ਵਿੱਚ ਲਾਗੂ ਕਰਨ ਦੀ ਮੰਗ ਕੀਤੀ ਗਈ, ਪ੍ਰੰਤੂ ਸਿੱਖਿਆ ਮੰਤਰੀ ਵੱਲੋਂ ਕੋਈ ਵੀ ਹੁੰਗਾਰਾ ਨਹੀਂ ਭਰਿਆ ਗਿਆ, ਜਿਸ ਕਰਕੇ ਯੂਨੀਅਨ ਨੂੰ ਸੰਘਰਸ਼ਾਂ ਦੇ ਮੈਦਾਨ ਵਿੱਚ ਉਤਰਨਾ ਪੈ ਰਿਹਾ ਹੈ।ਅੱਜ ਦੇ ਇਕੱਠ ਵਿੱਚ ਚਰਨਜੀਤ ਮਰਦਾਪੁਰ, ਇੰਦਰਪਾਲ ਵਾਲੀਆ, ਸੋਨੂੰ ਪਾਲ, ਸਤਨਾਮ ਸਿੰਘ, ਕਾਲਾ ਸਿੰਘ, ਬਲਵਿੰਦਰ ਸਿੰਘ, ਸੰਦੀਪ ਕੌਰ, ਮੰਜੂ ਰਾਣੀ, ਧਰਮਿੰਦਰ ਸਿੰਘ, ਮਦਨ ਲਾਲ, ਭੀਮ ਪਾਲ, ਰਘਵੀਰ ਸਿੰਘ, ਜੱਗਾ ਸਿੰਘ, ਨਰਿੰਦਰ ਸਿੰਘ ਆਦਿ ਆਗੂ ਸ਼ਾਮਲ ਹੋਏ।




# ਖਾਦਾਂ ਦੀ ਸੰਤੁਲਿਤ ਵਰਤੋਂ ਸੰਬੰਧੀ ਕਿਸਾਨ ਜਾਗਰੂਕਤਾ

**ਸੰਗਰੂਰ/ਸੁਨਾਮ (ਪ੍ਰਵੀਨ ਸਿੰਘ)**-ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ ਸੰਗਰੂਰ ਵੱਲੋਂ ਖੇਤੀਬਾੜੀ ਵਿਭਾਗ ਸੁਨਾਮ ਦੇ ਸਹਿਯੋਗ ਨਾਲ ਪਿੰਡ ਫਤਹਿਗੜ੍ਹ, ਬਲਾਕ ਸੁਨਾਮ ਵਿਖੇ 'ਸੰਤੁਲਿਤ ਖਾਦ ਪ੍ਰਬੰਧ' ਵਿਸ਼ੇ 'ਤੇ ਕਿਸਾਨ ਜਾਗਰੂਕਤਾ ਤੇ ਸੰਵਾਦ ਪ੍ਰੋਗਰਾਮ ਕੀਤਾ ਗਿਆ, ਜਿਸ ਵਿੱਚ 45 ਕਿਸਾਨਾਂ ਨੇ ਭਾਗ ਲੈ ਕੇ ਵਿਗਿਆਨੀਆਂ ਤੇ ਖੇਤੀ ਮਾਹਰਾਂ ਨਾਲ ਸਿੱਧਾ ਸੰਵਾਦ ਕੀਤਾ।ਇਹ ਪ੍ਰੋਗਰਾਮ ਭਾਰਤੀ ਖੇਤੀਬਾੜੀ ਖੋਜ ਪ੍ਰੀਸ਼ਦ ਨਵੀਂ ਦਿੱਲੀ ਵੱਲੋਂ ਚਲਾਈ ਜਾ ਰਹੀ ਰਾਸ਼ਟਰੀ ਮੁਹਿੰਮ ਤਹਿਤ ਕੀਤਾ ਗਿਆ, ਜਿਸ ਦਾ ਉਦੇਸ਼ ਫ਼ਸਲਾਂ ਵਿੱਚ ਸੰਤੁਲਿਤ ਪੌਸ਼ਟਿਕ ਤੱਤ ਪ੍ਰਬੰਧਨ ਨੂੰ ਉਤਸ਼ਾਹਤ ਕਰਨਾ ਤੇ ਮਿੱਟੀ ਦੀ ਉਪਜਾਊ ਸ਼ਕਤੀ ਨੂੰ ਵਧਾਉਣਾ ਹੈ।ਇਸ ਕੈਂਪ ਦੌਰਾਨ ਡਾ. ਮਨਦੀਪ ਸਿੰਘ ਇੰਚਾਰਜ ਕ੍ਰਿਸ਼ੀ ਵਿਗਿਆਨ ਕੇਂਦਰ ਸੰਗਰੂਰ ਨੇ ਕਿਸਾਨਾਂ ਨੂੰ ਫਸਲਾਂ ਵਿੱਚ ਸੰਤੁਲਿਤ ਖਾਦ ਪ੍ਰਬੰਧ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ।ਉਨ੍ਹਾਂ ਕਿਹਾ ਕਿ ਫ਼ਸਲ ਵਿੱਚ ਖਾਦਾਂ ਦੀ ਵਰਤੋਂ ਮਿੱਟੀ ਪਰਖ ਆਧਾਰ 'ਤੇ ਸਹੀ ਮਾਤਰਾ, ਸਹੀ ਸਮੇਂ ਤੇ ਸਹੀ ਢੰਗ ਅਨੁਸਾਰ ਕੀਤੀ ਜਾਣੀ ਚਾਹੀਦੀ ਹੈ।ਉਨ੍ਹਾਂ ਕਿਸਾਨਾਂ ਨੂੰ ਰਸਾਇਣਕ ਖਾਦਾਂ, ਖਾਸ ਕਰਕੇ ਯੂਰੀਆ ਤੇ ਫਾਸਫੋਰਸ ਦੀ ਲੋੜ ਤੋਂ ਵੱਧ ਵਰਤੋਂ ਕਰਨ ਤੋਂ ਗ਼ੁਰੇਜ਼ ਕਰਨ ਦੀ ਸਲਾਹ ਦਿੱਤੀ ਅਤੇ ਏਕੀਕ੍ਰਿਤ ਪੌਸ਼ਟਿਕ ਤੱਤ ਪ੍ਰਬੰਧਨ 'ਤੇ ਜ਼ੋਰ ਦਿੱਤਾ।ਉਨ੍ਹਾਂ ਝੋਨੇ ਤੇ ਬਾਸਮਤੀ ਵਿੱਚ ਨਾਈਟ੍ਰੋਜਨ, ਫਾਸਫੋਰਸ ਤੇ ਪੋਟਾਸ਼ ਦੀ ਸੰਤੁਲਿਤ ਵਰਤੋਂ ਸਬੰਧੀ ਵਿਗਿਆਨਕ ਜਾਣਕਾਰੀ ਸਾਂਝੀ ਕੀਤੀ।ਇਸ ਤੋਂ ਇਲਾਵਾ ਉਨ੍ਹਾਂ ਮਿੱਟੀ ਪਰਖ ਲਈ ਨਮੂਨੇ ਲੈਣ ਦੇ ਵਿਗਿਆਨਕ ਢੰਗ ਬਾਰੇ ਵੀ ਜਾਣਕਾਰੀ ਦਿੱਤੀ।ਉਨ੍ਹਾਂ ਪਾਣੀ ਦੀ ਬੱਚਤ ਲਈ ਕਿਸਾਨਾਂ ਨੂੰ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਸਿਫਾਰਸ਼ ਕੀਤੀਆਂ ਝੋਨੇ ਦੀਆਂ ਘੱਟ ਤੇ ਦਰਮਿਆਨੇ ਸਮੇਂ ਦੀਆਂ ਕਿਸਮਾਂ ਜਿਵੇਂ ਕਿ ਪੀ ਆਰ 133, ਪੀ ਆਰ 132, ਪੀ ਆਰ 131, ਪੀ ਆਰ 128 ਤੇ ਪੀ ਆਰ 126 ਦੀ ਬਿਜਾਈ ਕਰਨ ਦੀ ਜ਼ੋਰਦਾਰ ਅਪੀਲ ਕੀਤੀ।ਡਾ. ਰੁਕਿੰਦਰਪ੍ਰੀਤ ਸਿੰਘ, ਸਹਾਇਕ ਪ੍ਰੋਫੈਸਰ (ਫ਼ਸਲ ਵਿਗਿਆਨ) ਨੇ ਕਿਸਾਨਾਂ ਨੂੰ ਝੋਨੇ ਦੀ ਪਨੀਰੀ ਤੋਂ ਲੈ ਕੇ ਨਿਸਾਰੇ ਤਕ ਖਾਦ ਪ੍ਰਬੰਧਨ ਦੀਆਂ ਵਿਗਿਆਨਕ ਵਿਧੀਆਂ ਬਾਰੇ ਜਾਣਕਾਰੀ ਦਿੱਤੀ।ਅੰਤ 'ਚ ਕਿਸਾਨਾਂ ਫਤਹਿਬੀਰ ਸਿੰਘ ਸਿੱਧੂ ਤੇ ਹਰਿੰਦਰਬੀਰ ਸਿੰਘ ਸਿੱਧੂ ਵੱਲੋਂ ਕ੍ਰਿਸ਼ੀ ਵਿਗਿਆਨ ਕੇਂਦਰ ਸੰਗਰੂਰ ਦੀ ਟੀਮ ਦਾ ਧੰਨਵਾਦ ਕੀਤਾ ਗਿਆ।

# ਤਰਕਸ਼ੀਲ ਸੁਸਾਇਟੀ ਲੁਧਿਆਣਾ ਦਾ ਵਫ਼ਦ ਡਿਪਟੀ ਕਮਿਸ਼ਨਰ ਨੂੰ ਮਿਲਿਆ

## ਪਾਖੰਡੀ ਬਾਬਿਆਂ, ਸਾਧਾਂ, ਤਾਂਤਰਿਕਾਂ, ਜੋਤਸ਼ੀਆਂ ਵਿਰੁੱਧ ਕਾਨੂੰਨੀ ਕਾਰਵਾਈ ਸੰਬੰਧੀ ਦਿੱਤਾ ਮੰਗ ਪੱਤਰ



**ਲੁਧਿਆਣਾ (ਸਤੀਸ਼ ਸਚਦੇਵਾ)**-ਤਰਕਸ਼ੀਲ ਸੁਸਾਇਟੀ ਪੰਜਾਬ (ਜ਼ੋਨ ਲੁਧਿਆਣਾ) ਦਾ ਵਫ਼ਦ ਜ਼ੋਨ ਮੁਖੀ ਜਸਵੰਤ ਜ਼ੀਰਖ ਦੀ ਅਗਵਾਈ ਵਿੱਚ ਡਿਪਟੀ ਕਮਿਸ਼ਨਰ ਲੁਧਿਆਣਾ ਹਿਮਾਂਸ਼ੂ ਜੈਨ ਨੂੰ ਮਿਲਿਆ। ਇਸ ਵਿੱਚ ਜ਼ੋਨ ਮੀਡੀਆ ਮੁਖੀ ਹਰਚੰਦ ਭਿੰਡਰ, ਸਭਿਆਚਾਰ ਮੁਖੀ ਸ਼ਮਸ਼ੇਰ ਨੂਰਪੁਰੀ, ਜਗਰਾਓਂ ਦੇ ਮੁਖੀ ਕਰਤਾਰ ਵੀਰਾਨ, ਲੁਧਿਆਣਾ ਇਕਾਈ ਮੁਖੀ ਬਲਵਿੰਦਰ ਸਿੰਘ ਸਮੇਤ ਅਜਮੇਰ ਦਾਖਾ, ਸਤੀਸ਼ ਸੱਚਦੇਵਾ ਸ਼ਾਮਲ ਸਨ।ਵਫ਼ਦ ਵੱਲੋਂ ਦਿੱਤੇ ਮੰਗ ਪੱਤਰ ਬਾਰੇ ਡਿਪਟੀ ਕਮਿਸ਼ਨਰ ਨੂੰ ਸੰਖੇਪ ਵਿੱਚ ਦੱਸਦਿਆਂ ਜਸਵੰਤ ਜ਼ੀਰਖ ਨੇ ਕਿਹਾ ਕਿ ਤਰਕਸ਼ੀਲ ਸੁਸਾਇਟੀ ਪੰਜਾਬ ਪਿਛਲੇ 40 ਸਾਲ ਤੋਂ ਸਮਾਜ ਨੂੰ ਅੰਧਵਿਸ਼ਵਾਸਾਂ, ਵਹਿਮਾਂ-ਭਰਮਾਂ ਤੋਂ ਮੁਕਤ ਕਰਵਾਉਣ ਲਈ ਯਤਨਸ਼ੀਲ ਹੈ, ਪਰ ਬਹੁਤ ਸਾਰੇ ਬਾਬੇ, ਜੋਤਿਸ਼ੀ, ਤਾਂਤਰਿਕ, ਚੌਕੀਆਂ ਲਾਉਣ ਵਾਲੇ ਇਸ਼ਤਿਹਾਰਬਾਜ਼ੀ ਰਾਹੀਂ ਦੈਵੀ ਸ਼ਕਤੀਆਂ ਦੇ ਝੂਠੇ ਪ੍ਰਚਾਰ ਰਾਹੀਂ ਲੋਕਾਂ ਨੂੰ ਆਪਣੇ ਵਿਗੜੇ ਕੰਮਾਂ ਦੇ ਹੱਲ ਕਰਵਾਉਣ ਲਈ ਚੁੰਗਲ ਵਿੱਚ ਫਸਾ ਕੇ ਵੱਡੀ ਪੱਧਰ 'ਤੇ ਲੁੱਟ ਰਹੇ ਹਨ।ਉਨ੍ਹਾਂ ਨੂੰ ਦੱਸਿਆ ਗਿਆ ਕਿ ਤਰਕਸ਼ੀਲ ਸੁਸਾਇਟੀ ਅਜਿਹੇ ਠੱਗਾਂ ਪਾਸੋਂ ਲੱਖਾਂ ਰੁਪਿਆ ਲੋਕਾਂ ਨੂੰ ਵਾਪਸ ਕਰਵਾ ਚੁੱਕੀ ਹੈ।ਡੀ ਸੀ ਸਾਹਿਬ ਨੇ ਵਿਸ਼ੇਸ਼ ਧਿਆਨ ਦਿੰਦਿਆਂ ਕਿਹਾ ਕਿ ਅਜਿਹੀ ਠੱਗੀ ਮਾਰਨ ਵਾਲਿਆਂ ਦੀ ਲਿਸਟ ਮੈਨੂੰ ਦੇਵੋ ਤਾਂ ਕਿ ਉਨ੍ਹਾਂ ਖ਼ਿਲਾਫ਼ ਕਾਰਵਾਈ ਕੀਤੀ ਜਾ ਸਕੇ।ਉਨ੍ਹਾਂ ਤੁਰੰਤ ਜ਼ਿਲ੍ਹੇ ਦੇ ਵਿੱਦਿਅਕ ਤੇ ਹੋਰ ਅਦਾਰਿਆਂ ਨੂੰ ਚਿੱਠੀ ਜਾਰੀ ਕਰਕੇ ਸੰਵਿਧਾਨ ਦੀ ਧਾਰਾ 51-ਏ (ਐੱਚ) ਅਨੁਸਾਰ ਵਿਗਿਆਨਕ ਨਜ਼ਰੀਆ ਵਿਕਸਤ ਕਰਨ ਲਈ ਤਰਕਸ਼ੀਲ ਸੁਸਾਇਟੀ ਦਾ ਸਹਿਯੋਗ ਲੈਣ ਲਈ ਨਿਰਦੇਸ਼ ਜਾਰੀ ਕਰਨ ਦਾ ਵਾਅਦਾ ਕੀਤਾ।ਇਸੇ ਤਰ੍ਹਾਂ ਦੀ ਕੇਬਲ ਟੈਲੀਵੀਜ਼ਨ ਨੈੱਟਵਰਕਸ (ਰੈਗੂਲੇਸ਼ਨ) ਰੂਲਜ਼ 1994 ਤਹਿਤ ਸਥਾਪਤ ਤੇ ਸ਼ੋਰ ਪ੍ਰਦੂਸ਼ਣ ਨਿਯਮ ਤਹਿਤ ਜ਼ਿਲ੍ਹਾ ਪੱਧਰੀ ਮੋਨੀਟਰਿੰਗ ਕਮੇਟੀ ਵਿੱਚ ਤਰਕਸ਼ੀਲ ਸੁਸਾਇਟੀ ਨੂੰ ਨੁਮਾਇੰਦਗੀ ਦੇਣ ਲਈ ਸਬੰਧਤ ਵਿਭਾਗ ਨੂੰ ਪ੍ਰਵਾਨਗੀ ਲਈ ਨਿਰਦੇਸ਼ ਜਾਰੀ ਕਰਨ ਲਈ ਭੇਜਿਆ ਗਿਆ।ਉਪਰੋਕਤ ਵਫ਼ਦ ਨੇ ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਕਿਹਾ ਕਿ ਲੁਧਿਆਣਾ ਵਿਖੇ ਤਰਕਸ਼ੀਲ ਸੁਸਾਇਟੀ ਵੱਲੋਂ ਜਿਹੜੇ ਅਖੌਤੀ ਤਾਂਤਰਿਕਾਂ, ਬਾਬਿਆਂ ਆਦਿ ਪਾਸੋਂ ਲੋਕਾਂ ਦਾ ਲੁੱਟਿਆ ਰੁਪਿਆ ਵਾਪਸ ਕਰਵਾਇਆ ਹੈ, ਉਨ੍ਹਾਂ ਦੀ ਲਿਸਟ ਡਿਪਟੀ ਕਮਿਸ਼ਨਰ ਨੂੰ ਛੇਤੀ ਹੀ ਤਿਆਰ ਕਰਕੇ ਦਿੱਤੀ ਜਾਵੇਗੀ।

# ਕੌਣ ਸੁੱਟ ਗਿਆ ਡਰੇਨ 'ਚ ਮਨੁੱਖੀ ਦਵਾਈਆਂ ਨਾਲ ਭਰੇ ਨੀਲੇ ਰੰਗ ਦੇ ਥੈਲੇ ?

- ਆਖਰ ਕੌਣ ਹੈ ਤਸਵੀਰਾਂ 'ਚ ਦਿਖਾਈ ਦੇ ਰਿਹਾ ਨੀਲੇ ਰੰਗ ਦਾ ਥੈਲਾ ਚੁੱਕੀ ਜਾ ਰਿਹਾ ਸ਼ਖਸ
- ਮਾਮਲਾ ਲਸਾੜਾ ਡਰੇਨ 'ਚੋਂ ਮਿਲੀਆਂ ਮਨੁੱਖੀ ਦਵਾਈਆਂ ਦਾ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਸਿਵਲ ਹਸਪਤਾਲ ਤਲਵੰਡੀ ਸਾਬੋ ਦੇ ਐੱਸਐੱਮਓ ਤੇ ਉਥੋਂ ਦੇ ਕੁਝ ਆਊਟ ਸੋਰਸ ਵਾਲੇ ਮੁਲਾਜ਼ਮਾਂ ਵਿੱਚ ਪਿਛਲੇ ਦਿਨਾਂ ਤੋਂ ਛਿੜਿਆ ਵਿਵਾਦ ਫਿਲਹਾਲ ਠੱਲਣ ਦਾ ਨਾ ਨਹੀਂ ਲੈ ਰਿਹਾ।ਹਥਲੇ ਵਿਵਾਦ ਦੀ ਜ਼ਾਹਰਾ ਤੌਰ 'ਤੇ ਸ਼ੁਰੂਆਤ ਪਿਛਲੇ ਦਿਨੀਂ 25 ਮਈ 2026 ਨੂੰ ਉਦੋਂ ਹੁੰਦੀ ਹੈ, ਜਦੋਂ ਉਕਤ ਮੁਲਜ਼ਮਾਂ ਤੇ ਉਨ੍ਹਾਂ ਦੀ ਜਥੇਬੰਦੀ ਦੇ ਆਗੂਆਂ ਵੱਲੋਂ ਇਹ ਕਹਿੰਦਿਆਂ ਤਲਵੰਡੀ ਸਾਬੋ ਸਿਵਲ ਹਸਪਤਾਲ ਵਿਖੇ ਧਰਨਾ ਲਾਉਣ ਦਾ ਅਸਫਲ ਯਤਨ ਕੀਤਾ ਗਿਆ ਕਿ ਐੱਸ ਐੱਮ ਓ ਤਲਵੰਡੀ ਸਾਬੋ ਦਾ ਮੁਲਾਜ਼ਮਾਂ ਪ੍ਰਤੀ ਵਤੀਰਾ ਠੀਕ ਨਹੀਂ ਹੈ।ਉਸ ਦਿਨ ਉਨ੍ਹਾਂ ਇਹ ਦੋਸ਼ ਵੀ ਲਾਇਆ ਸੀ ਕਿ ਐੱਸ ਐੱਮ ਓ ਵੱਲੋਂ ਉਕਤ ਮੁਲਜ਼ਮਾਂ ਦੇ ਇੱਕ ਵਫਦ, ਜਦੋਂ ਉਹ ਮਿਲਣ ਗਿਆ, ਨੂੰ ਵੀ ਗਾਲੀ ਗਲੋਚ ਤੇ ਅਪਸ਼ਬਦ ਬੋਲੇ ਗਏ।ਇਸ ਉਪਰੰਤ ਉਸ ਦਿਨ ਉਕਤ ਮੁਲਾਜ਼ਮਾਂ ਵੱਲੋਂ ਸਿਵਲ ਸਰਜਨ ਬਠਿੰਡਾ ਦੇ ਦਫਤਰ ਸਾਹਮਣੇ ਸੰਕੇਤਕ ਧਰਨਾ ਦਿੱਤਾ ਗਿਆ।ਉਸ ਦਿਨ ਵਾਲੇ ਉਕਤ ਧਰਨੇ ਵਿੱਚ ਵੀ ਉੱਪਰ ਦਿੱਤੇ ਦੋਸ਼ ਹੀ ਐੱਸ ਐੱਮ ਓ ਉੱਪਰ ਲਾਏ ਗਏ ਸਨ।

ਉੱਪਰ ਜ਼ਿਕਰ ਕੀਤੇ ਗਏ ਇਸ ਵਰਤਾਰੇ ਦੇ ਚਲਦਿਆਂ ਹਾਲੇ ਦੋ ਦਿਨ ਹੀ ਹੋਰ ਲੰਘੇ ਸਨ, ਭਾਵ 27 ਮਈ 26 ਨੂੰ ਉਨ੍ਹਾਂ ਹੀ ਕੁਝ ਮੁਲਾਜ਼ਮਾਂ ਵੱਲੋਂ ਪਿੰਡ ਜੀਵਨ ਸਿੰਘ ਵਾਲਾ ਲਾਗਿਓਂ ਲੰਘਦੀ ਲਸਾੜਾ ਡਰੇਨ (ਗੰਦਾ ਨਾਲਾ) ਦੇ ਕਿਨਾਰੇ ਉੱਪਰ ਖੜ੍ਹ ਕੇ ਵੀਡੀਓ ਬਣਾਉਂਦਿਆਂ ਇਹ ਦਾਅਵਾ ਕੀਤਾ ਗਿਆ ਕਿ ਨੀਲੇ ਰੰਗ ਦੇ ਥੈਲਿਆਂ ਵਿੱਚ ਬੰਦ ਦਵਾਈਆਂ ਦਾ ਇੱਕ ਭੰਡਾਰ ਉਨ੍ਹਾਂ ਨੂੰ ਉਕਤ ਡਰੇਨ ਵਿੱਚੋਂ ਮਿਲਿਆ ਹੈ। ਜੇਕਰ ਉਕਤ ਵੀਡੀਓ ਨੂੰ ਪੂਰੀ ਨੀਝ ਲਾ ਕੇ ਸੁਣਿਆ ਤੇ ਵਾਚਿਆ ਜਾਵੇ ਤਾਂ ਵੀਡੀਓ ਬਣਾਉਣ ਵਾਲਾ ਸੱਜਣ, ਜੋ ਆਪਣੇ ਕੁਝ ਸਾਥੀਆਂ ਸਮੇਤ ਡਰੇਨ ਕਿਨਾਰੇ ਖੜ੍ਹ ਕੇ ਇਹ ਬੋਲ ਰਿਹਾ ਸਾਫ ਵਿਖਾਈ ਦੇ ਰਿਹਾ ਹੈ ਕਿ ਪਾਣੀ ਵਿੱਚ ਤੈਰਦੇ ਫਿਰ ਰਹੇ ਨੀਲੇ ਰੰਗ ਦੇ ਥੈਲਿਆਂ ਵਿੱਚ ਦਵਾਈਆਂ ਹੋ ਸਕਦੀਆਂ ਹਨ, ਉਨ੍ਹਾਂ ਨੂੰ ਬਾਹਰ ਕੱਢੋ।ਉਕਤ ਵੀਡੀਓ ਦੇ ਬਣਦਿਆਂ ਮੁਲਾਜ਼ਮ ਜਦੋਂ ਉਨ੍ਹਾਂ ਨੀਲੇ ਥੈਲਿਆਂ ਨੂੰ ਡਰੇਨ ਵਿੱਚੋਂ ਕੱਢ ਕੇ ਫੋਲਦੇ ਹਨ ਤਾਂ ਉਹ ਥੈਲੇ ਕੁਝ ਐਕਸਪੈਰੀ ਤੇ ਕੁਝ ਗੈਰ-ਐਕਸਪੈਰੀ ਮਨੁੱਖੀ ਦਵਾਈਆਂ ਨਾਲ ਭਰੇ ਲੱਭਦੇ ਹਨ।ਦੱਸ ਦਈਏ ਕਿ ਉੱਥੋਂ ਮਿਲਣ ਵਾਲੀਆਂ ਇਹ ਉਹ ਦਵਾਈਆਂ ਸਨ, ਜਿਹੜੀਆਂ ਸਮੁੱਚੇ ਪੰਜਾਬ ਵਿੱਚ ਪੰਜਾਬ ਸਰਕਾਰ ਵੱਲੋਂ ਹਸਪਤਾਲਾਂ ਲਈ ਭੇਜੀਆਂ ਜਾਂਦੀਆਂ ਹਨ।

ਬਸ ਫਿਰ ਕੀ ਸੀ, ਮੁਲਾਜ਼ਮਾਂ ਵੱਲੋਂ ਐੱਸ ਐੱਮ ਓ ਵਿਰੁੱਧ ਆਪਣੀਆਂ ਬਾਕੀ ਮੰਗਾਂ ਪਿੱਛੇ ਛੱਡ ਕੇ ਡਰੇਨ ਵਿੱਚੋਂ ਦਵਾਈ ਮਿਲਣ ਵਾਲੀ ਮੰਗ ਨੂੰ ਹੁਣ ਮੂਲ ਰੂਪ ਵਿੱਚ ਉਭਾਰ ਕੇ ਸਮੁੱਚੇ ਸਿਹਤ ਪ੍ਰਸ਼ਾਸਨ ਨੂੰ ਕਟਹਿਰੇ ਵਿੱਚ ਖੜ੍ਹਾ ਕਰਨ ਦਾ ਯਤਨ ਕੀਤਾ ਜਾ ਰਿਹਾ ਹੈ, ਜਦੋਂਕਿ ਇਸ ਪੱਤਰਕਾਰ ਦੇ ਹੱਥ ਲੱਗੀਆਂ ਤਸਵੀਰਾਂ ਤੇ ਵੀਡੀਓ ਕੁਝ ਹੋਰ ਹੀ ਬਿਆਨ ਕਰ ਰਹੀਆਂ ਨਜ਼ਰੀ ਪੈ ਰਹੀਆਂ ਹਨ।ਕਿਧਰੇ ਡਰੇਨ ਵਿੱਚੋਂ ਲੱਭੇ ਦਵਾਈਆਂ ਨਾਲ ਭਰੇ ਨੀਲੇ ਰੰਗ ਦੇ ਥੈਲੇ ਜਿਵੇਂ ਕਿ ਮੁਲਾਜ਼ਮਾਂ ਵੱਲੋਂ ਵੀਡੀਓ ਵਿੱਚ ਦਾਅਵਾ ਕੀਤਾ ਗਿਆ ਹੈ, ਇਹ ਉਹੋ ਥੈਲੇ ਤਾਂ ਨਹੀਂ, ਜਿਨ੍ਹਾਂ ਵਿੱਚੋਂ ਇੱਕ ਥੈਲਾ ਹਥਲੀਆਂ ਤਸਵੀਰਾਂ ਵਿੱਚ ਚੁੱਕੀ ਇੱਕ ਸ਼ਖਸ ਆਪਣੇ ਇੱਕ ਹੋਰ ਸਾਥੀ ਸਮੇਤ ਹਸਪਤਾਲ ਤੋਂ ਤੁਰਦਾ ਵਿਖਾਈ ਦੇ ਰਿਹਾ ਹੈ।ਕੌਣ ਹੈ ਹਥਲੀਆਂ ਤਸਵੀਰਾਂ ਵਿੱਚ ਦਿਖਾਈ ਦੇ ਰਿਹਾ ਉਹ ਸ਼ਖਸ, ਜਿਹੜਾ ਡਰੇਨ ਵਿੱਚੋਂ ਮਿਲੇ ਦਵਾਈਆਂ ਵਾਲੇ ਥੈਲਿਆਂ ਨਾਲ ਬਿਲਕੁਲ ਮਿਲਦਾ ਜੁਲਦਾ ਵਿਖਾਈ ਦੇ ਰਿਹਾ ਥੈਲਾ ਚੁੱਕ ਕੇ ਹਸਪਤਾਲ ਦੇ ਅਹਾਤੇ ਵਿੱਚੋਂ ਲੰਘ ਰਿਹਾ ਨਜ਼ਰੀਂ ਪੈ ਰਿਹਾ ਹੈ।ਇੰਜ. ਜਾਪਦਾ ਹੈ ਕਿ ਜੇਕਰ ਹਥਲੀਆਂ ਤਸਵੀਰਾਂ ਦੀ ਕਿਸੇ ਫੋਰੈਂਸਿਕ ਲੈਬੋਰਟਰੀ ਤੋਂ ਜਾਂਚ ਕਰਵਾ ਕੇ ਪੜਤਾਲ ਨੂੰ ਅੱਗੇ ਵਧਾਇਆ ਜਾਵੇ ਤਾਂ ਦੁੱਧ ਦਾ ਦੁੱਧ ਤੇ ਪਾਣੀ ਦਾ ਪਾਣੀ ਹੋ ਜਾਣ ਦੀ ਸੰਭਾਵਨਾ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ।ਕੀ ਹੁਣ ਸਿਹਤ ਜਾਂ ਪੁਲਸ ਪ੍ਰਸ਼ਾਸਨ ਹਥਲੀਆਂ ਤਸਵੀਰਾਂ ਜਾਂ ਵੀਡੀਓਜ਼ ਦੀ ਜਾਂਚ ਕਰਵਾ ਕੇ ਦੋਸ਼ੀ ਪਾਏ ਜਾਣ ਵਾਲੇ ਲੋਕਾਂ ਦੀਆਂ ਮੁਸ਼ਕਾਂ ਬੰਨਣ ਲਈ ਅੱਗੇ ਆਵੇਗਾ, ਇਹ ਸਵਾਲ ਫਿਲਹਾਲ ਭਵਿੱਖ ਦੇ ਗਰਭ ਵਿੱਚ ਹੈ।

# ਜਗਰਾਉਂ ਨਗਰ ਕੌਂਸਲ 'ਚ ਕਿਸੇ ਪਾਰਟੀ ਨੂੰ ਨਹੀਂ ਮਿਲਿਆ ਬਹੁਮਤ

- ਕਾਂਗਰਸ 9, ਆਪ 9, ਭਾਜਪਾ 4 ਤੇ 1 ਆਜ਼ਾਦ ਉਮੀਦਵਾਰ ਰਹੇ ਜੇਤੂ
- ਜਗਰਾਉਂ 'ਚ ਅਕਾਲੀ ਦਲ ਕੋਈ ਨਹੀਂ




**ਜਗਰਾਉਂ (ਸੰਜੀਵ ਅਰੋੜਾ, ਅਮਿਤ ਖੰਨਾ)**-ਜਗਰਾਉਂ ਨਗਰ ਕੌਂਸਲ ਚੋਣਾਂ ਦੇ ਨਤੀਜੇ ਬਹੁਤ ਹੀ ਹੈਰਾਨੀਜਨਕ ਰਹੇ। ਇਸ ਵਾਰ ਵੱਖ-ਵੱਖ ਪਾਰਟੀਆਂ ਨਾਲ ਸਬੰਧਤ 12 ਚਿਹਰੇ ਨਵੇਂ ਆਏ ਤੇ ਨਗਰ ਕੌਂਸਲ 'ਚ ਕਿਸੇ ਵੀ ਪਾਰਟੀ ਨੂੰ ਬਹੁਮਤ ਨਹੀਂ ਮਿਲਿਆ। ਆਮ ਆਦਮੀ ਪਾਰਟੀ ਦੀ ਸਰਕਾਰ ਹੋਣ ਦੇ ਬਾਵਜੂਦ ਆਪ ਬਹੁਮਤ ਤੋਂ ਪਛੜ ਗਈ। ਦੂਜੇ ਪਾਸੇ ਜੇਕਰ ਅਕਾਲੀ ਦਲ ਦੀ ਗੱਲ ਕਰੀਏ ਤਾਂ ਜਗਰਾਉਂ 'ਚ ਅਕਾਲੀ ਦਲ ਨੂੰ ਇਕ ਵੀ ਸੀਟ ਨਹੀਂ ਮਿਲੀ, ਜਗਰਾਉਂ 'ਚ ਅਕਾਲੀ ਦਲ ਖਾਲੀ ਦਲ ਹੋਇਆ ਜਾਪਦਾ। ਨਗਰ ਕੌਂਸਲ ਚੋਣਾਂ ਨਤੀਜਿਆਂ ਤੋਂ ਬਾਅਦ ਸ਼ਹਿਰ 'ਚ ਰਾਜਨੀਤਕ ਸਰਗਰਮੀਆਂ ਤੇਜ਼ ਹੋ ਗਈਆਂ ਹਨ। ਚੋਣ ਨਤੀਜਿਆਂ ਦੌਰਾਨ ਵੱਖ-ਵੱਖ ਵਾਰਡਾਂ ਵਿੱਚ ਕਾਂਗਰਸ, ਆਮ ਆਦਮੀ ਪਾਰਟੀ, ਭਾਜਪਾ ਤੇ ਆਜ਼ਾਦ ਉਮੀਦਵਾਰਾਂ ਨੇ ਜਿੱਤਾਂ ਦਰਜ ਕੀਤੀਆਂ। ਵਾਰਡ ਨੰਬਰ 1 ਤੋਂ ਕਾਂਗਰਸ ਦੇ ਗੁਰਪ੍ਰੀਤ ਕੌਰ ਤੱਤਲਾ, ਵਾਰਡ ਨੰਬਰ 2 ਤੋਂ ਆਮ ਆਦਮੀ ਪਾਰਟੀ ਦੇ ਜਗਜੀਤ ਸਿੰਘ ਜੱਗੀ, ਵਾਰਡ ਨੰਬਰ 3 ਤੋਂ ਕਾਂਗਰਸ ਪਾਰਟੀ ਦੇ ਰਾਜਿੰਦਰ ਕੌਰ ਠੁਕਰਾਲ, ਵਾਰਡ ਨੰਬਰ 4 ਤੋਂ ਆਜ਼ਾਦ ਉਮੀਦਵਾਰ ਦਵਿੰਦਰਜੀਤ ਸਿੰਘ ਸਿੱਧੂ, ਵਾਰਡ ਨੰਬਰ 5 ਤੋਂ ਆਮ ਆਦਮੀ ਪਾਰਟੀ ਦੀ ਉਮੀਦਵਾਰ ਰਵਿੰਦਰਪਾਲ ਕੌਰ ਮਾਲਵਾ, ਵਾਰਡ ਨੰਬਰ 6 ਤੋਂ ਆਮ ਆਦਮੀ ਪਾਰਟੀ ਦੇ ਕੁਲਵੰਤ ਸਿੰਘ, ਵਾਰਡ ਨੰਬਰ 7 ਤੋਂ ਕਾਂਗਰਸ ਪਾਰਟੀ ਦੇ ਮਨਜੀਤ ਕੌਰ, ਵਾਰਡ ਨੰਬਰ 8 ਤੋਂ ਕਾਂਗਰਸ ਪਾਰਟੀ ਦੇ ਵਿੱਕੀ ਸਿੰਘ, ਵਾਰਡ ਨੰਬਰ 9 ਤੋਂ ਕਾਂਗਰਸ ਪਾਰਟੀ ਦੇ ਪ੍ਰਮਿੰਦਰ ਕੌਰ ਕਲਿਆਣ, ਵਾਰਡ ਨੰਬਰ 10 ਤੋਂ ਆਮ ਆਦਮੀ ਪਾਰਟੀ ਦੇ ਕੰਵਰਪਾਲ ਸਿੰਘ, ਵਾਰਡ ਨੰਬਰ 11 ਤੋਂ ਆਮ ਆਦਮੀ ਪਾਰਟੀ ਦੇ ਗੁਰਪ੍ਰੀਤ ਸਿੰਘ ਨੋਨੀ, ਵਾਰਡ ਨੰਬਰ 12 ਤੋਂ ਆਮ ਆਦਮੀ ਪਾਰਟੀ ਦੇ ਰਾਮ ਪ੍ਰਤਾਪ ਸਿੰਘ, ਵਾਰਡ ਨੰਬਰ 13 ਤੋਂ ਆਮ ਆਦਮੀ ਪਾਰਟੀ ਦੇ ਸੁਨੈਨਾ ਮਲਹੋਤਰਾ, ਵਾਰਡ ਨੰਬਰ 14 ਤੋਂ ਕਾਂਗਰਸ ਪਾਰਟੀ ਦੇ ਸੁਖਚੈਨ ਸਿੰਘ ਧਾਲੀਵਾਲ, ਵਾਰਡ ਨੰਬਰ 15 ਤੋਂ ਭਾਜਪਾ ਦੇ ਰਜਨੀ ਚੋਪੜਾ, ਵਾਰਡ ਨੰਬਰ 16 ਤੋਂ ਆਮ ਆਦਮੀ ਪਾਰਟੀ ਦੇ ਕਰਮਜੀਤ ਸਿੰਘ ਕੈਂਥ, ਵਾਰਡ ਨੰਬਰ 17 ਤੋਂ ਭਾਜਪਾ ਦੇ ਨੈਨਸੀ ਵਰਮਾ, ਵਾਰਡ ਨੰਬਰ 18 ਤੋਂ ਭਾਜਪਾ ਦੇ ਸਤੀਸ਼ ਕੁਮਾਰ ਪੱਪੂ, ਵਾਰਡ ਨੰਬਰ 19 ਤੋਂ ਭਾਜਪਾ ਭਾਜਪਾ ਦੇ ਸੁਮਨ ਦੇਵੀ, ਵਾਰਡ ਨੰਬਰ 20 ਤੋਂ ਕਾਂਗਰਸ ਪਾਰਟੀ ਦੇ ਜਤਿੰਦਰਪਾਲ ਰਾਣਾ, ਵਾਰਡ ਨੰਬਰ 21 ਤੋਂ ਕਾਂਗਰਸ ਪਾਰਟੀ ਦੇ ਕਵਿਤਾ ਰਾਣੀ, ਵਾਰਡ ਨੰਬਰ 22 ਤੋਂ ਕਾਂਗਰਸ ਪਾਰਟੀ ਦੇ ਵਰਿੰਦਰ ਸਿੰਘ ਕਲੇਰ ਤੇ ਵਾਰਡ ਨੰਬਰ 23 ਤੋਂ ਆਮ ਆਦਮੀ ਪਾਰਟੀ ਦੇ ਗੁਰਮੀਤ ਕੌਰ ਜੇਤੂ ਰਹੇ। ਨਤੀਜਿਆਂ ਦੇ ਐਲਾਨ ਤੋਂ ਬਾਅਦ ਜੇਤੂ ਉਮੀਦਵਾਰਾਂ ਤੇ ਸਮਰਥਕਾਂ ਵਿੱਚ ਖੁਸ਼ੀ ਦੀ ਲਹਿਰ ਦੇਖਣ ਨੂੰ ਮਿਲੀ।

# ਪਾਇਲ ਨਗਰ ਕੌਂਸਲ ਚੋਣਾਂ 'ਚ ਕਾਂਗਰਸ ਸਭ ਤੋਂ ਵੱਡੀ ਪਾਰਟੀ ਵਜੋਂ ਉੱਭਰੀ

## ਸਾਬਕਾ ਵਿਧਾਇਕ ਲੱਖਾ ਨੇ ਜੇਤੂ ਉਮੀਦਵਾਰਾਂ ਨੂੰ ਵਧਾਈ ਦਿੰਦਿਆਂ ਪਾਇਲ ਸ਼ਹਿਰ ਵਾਸੀਆਂ ਦਾ ਕੀਤਾ ਧੰਨਵਾਦ



**ਦੋਰਾਹਾ (ਹਰਮਿੰਦਰ ਸੇਠ)**-ਪਾਇਲ ਨਗਰ ਕੌਂਸਲ ਚੋਣਾਂ ਦੇ ਨਤੀਜਿਆਂ ਨੇ ਸ਼ਹਿਰ ਦੀ ਸਿਆਸਤ ਵਿੱਚ ਨਵਾਂ ਸੰਦੇਸ਼ ਦਿੱਤਾ ਹੈ।ਐਲਾਨੇ ਗਏ ਨਤੀਜਿਆਂ ਅਨੁਸਾਰ ਕਾਂਗਰਸ ਪਾਰਟੀ 11 ਵਿੱਚੋਂ 5 ਵਾਰਡਾਂ ਵਿੱਚ ਜਿੱਤ ਦਰਜ ਕਰਕੇ ਸਭ ਤੋਂ ਵੱਡੀ ਪਾਰਟੀ ਵਜੋਂ ਸਾਹਮਣੇ ਆਈ ਹੈ।ਇਸ ਜਿੱਤ ਨਾਲ ਕਾਂਗਰਸ ਨੇ ਪਾਇਲ ਸ਼ਹਿਰ ਵਿੱਚ ਆਪਣੀ ਮਜ਼ਬੂਤ ਸਿਆਸੀ ਪਕੜ ਨੂੰ ਮੁੜ ਸਾਬਿਤ ਕੀਤਾ ਹੈ।ਦੂਜੇ ਪਾਸੇ ਆਮ ਆਦਮੀ ਪਾਰਟੀ ਨੇ 3 ਵਾਰਡਾਂ ਵਿੱਚ ਜਿੱਤ ਹਾਸਲ ਕੀਤੀ, ਜਦਕਿ ਸ਼੍ਰੋਮਣੀ ਅਕਾਲੀ ਦਲ ਦੇ ਖਾਤੇ ਵਿੱਚ 2 ਸੀਟਾਂ ਗਈਆਂ।ਇੱਕ ਵਾਰਡ ਵਿੱਚ ਆਜ਼ਾਦ ਉਮੀਦਵਾਰ ਨੇ ਬਾਜ਼ੀ ਮਾਰੀ।ਚੋਣ ਨਤੀਜਿਆਂ ਤੋਂ ਬਾਅਦ ਸ਼ਹਿਰ ਵਿੱਚ ਵੱਖ-ਵੱਖ ਸਿਆਸੀ ਧਿਰਾਂ ਦੇ ਸਮਰਥਕਾਂ ਵੱਲੋਂ ਜਿੱਤ ਦਾ ਜਸ਼ਨ ਮਨਾਇਆ ਗਿਆ।ਚੋਣ ਨਤੀਜਿਆਂ ਨੂੰ ਸਿਆਸੀ ਵਿਸ਼ਲੇਸ਼ਕ ਪਾਇਲ ਦੀ ਬਦਲ ਰਹੀ ਰਾਜਨੀਤਕ ਸੋਚ ਤੇ ਸਥਾਨਕ ਨੇਤ੍ਰਿਤਵ 'ਤੇ ਲੋਕਾਂ ਦੇ ਭਰੋਸੇ ਨਾਲ ਜੋੜ ਕੇ ਵੇਖ ਰਹੇ ਹਨ।ਕਾਂਗਰਸ ਦੀ ਜਿੱਤ ਵਿੱਚ ਪਾਰਟੀ ਦੇ ਜ਼ਮੀਨੀ ਢਾਂਚੇ ਤੇ ਪੁਰਾਣੇ ਵੋਟ ਬੈਂਕ ਦੀ ਅਹਿਮ ਭੂਮਿਕਾ ਮੰਨੀ ਜਾ ਰਹੀ ਹੈ।ਇਸ ਮੌਕੇ ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾਂ ਨੇ ਜੇਤੂ ਉਮੀਦਵਾਰਾਂ ਨੂੰ ਵਧਾਈ ਦਿੰਦਿਆਂ ਪਾਇਲ ਸ਼ਹਿਰ ਵਾਸੀਆਂ ਦਾ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਲੋਕਾਂ ਨੇ ਕਾਂਗਰਸ ਪਾਰਟੀ ਦੀਆਂ ਨੀਤੀਆਂ ਤੇ ਵਿਕਾਸਪੱਖੀ ਸੋਚ 'ਤੇ ਵਿਸ਼ਵਾਸ ਜਤਾਇਆ ਹੈ।ਉਨ੍ਹਾਂ ਭਰੋਸਾ ਦਿਵਾਇਆ ਕਿ ਨਵੇਂ ਚੁਣੇ ਗਏ ਕੌਂਸਲਰ ਸ਼ਹਿਰ ਦੇ ਵਿਕਾਸ ਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਕੰਮ ਕਰਨਗੇ।ਚੋਣਾਂ ਦੌਰਾਨ ਕਈ ਵਾਰਡਾਂ ਵਿੱਚ ਕੜੇ ਮੁਕਾਬਲੇ ਵੇਖਣ ਨੂੰ ਮਿਲੇ ਤੇ ਆਖ਼ਰੀ ਪੜਾਅ ਤੱਕ ਨਤੀਜਿਆਂ ਨੂੰ ਲੈ ਕੇ ਉਤਸੁਕਤਾ ਬਣੀ ਰਹੀ।ਨਤੀਜਿਆਂ ਨੇ ਇਹ ਵੀ ਦਰਸਾਇਆ ਕਿ ਪਾਇਲ ਦੀ ਸਿਆਸਤ ਵਿੱਚ ਮੁਕਾਬਲਾ ਹੁਣ ਬਹੁਪੱਖੀ ਹੋ ਚੁੱਕਾ ਹੈ, ਜਿੱਥੇ ਹਰ ਪਾਰਟੀ ਆਪਣੇ ਅਧਾਰ ਨੂੰ ਮਜ਼ਬੂਤ ਕਰਨ ਦੀ ਕੋਸ਼ਿਸ਼ ਕਰ ਰਹੀ ਹੈ।ਹੁਣ ਲੋਕਾਂ ਦੀਆਂ ਨਿਗਾਹਾਂ ਨਵੀਂ ਨਗਰ ਕੌਂਸਲ ਦੇ ਗਠਨ ਤੇ ਸ਼ਹਿਰ ਵਿੱਚ ਹੋਣ ਵਾਲੇ ਵਿਕਾਸ ਕਾਰਜਾਂ ਵੱਲ ਟਿਕੀਆਂ ਹੋਈਆਂ ਹਨ।

# ਜ਼ਿਲ੍ਹਾ ਤੇ ਸੈਸ਼ਨ ਜੱਜ ਪਟਿਆਲਾ ਵੱਲੋਂ ਸਮਾਣਾ ਅਦਾਲਤਾਂ ਦਾ ਦੌਰਾ

- ਬਾਰ ਐਸੋਸੀਏਸ਼ਨ ਨੇ ਕੀਤਾ ਨਿੱਘਾ ਸਵਾਗਤ



**ਸਮਾਣਾ (ਇਕਬਾਲ ਸਿੰਘ ਬੱਲ)**-ਸਮਾਣਾ ਦੀਆਂ ਜੁਡੀਸ਼ੀਅਲ ਅਦਾਲਤਾਂ ਵਿਖੇ ਅੱਜ ਉਸ ਵੇਲੇ ਰੌਣਕਾਂ ਦੇਖਣ ਨੂੰ ਮਿਲੀਆਂ, ਜਦੋਂ ਮਾਨਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ ਪਟਿਆਲਾ ਸ੍ਰੀ ਅਵਤਾਰ ਸਿੰਘ ਵਿਸ਼ੇਸ਼ ਤੌਰ 'ਤੇ ਇੱਥੇ ਪਹੁੰਚੇ।ਅਦਾਲਤ ਕੰਪਲੈਕਸ ਵਿਖੇ ਪਹੁੰਚਣ 'ਤੇ ਬਾਰ ਐਸੋਸੀਏਸ਼ਨ ਸਮਾਣਾ ਦੇ ਪ੍ਰਧਾਨ ਐਡਵੋਕੇਟ ਨਵਦੀਪ ਸਿੰਘ ਢਿੱਲੋਂ ਦੀ ਅਗਵਾਈ ਹੇਠ ਸਮੂਹ ਵਕੀਲ ਸਾਹਿਬਾਨਾਂ ਵੱਲੋਂ ਉਨ੍ਹਾਂ ਦਾ ਭਰਵਾਂ ਤੇ ਨਿੱਘਾ ਸਵਾਗਤ ਕੀਤਾ ਗਿਆ। ?ਇਸ ਮੌਕੇ ਉਨ੍ਹਾਂ ਦੇ ਨਾਲ ਐਡੀਸ਼ਨਲ ਸਿਵਲ ਜੱਜ ਸੀਨੀਅਰ ਡਵੀਜ਼ਨ ਸਮਾਣਾ ਸ੍ਰੀ ਮਨਦੀਪ ਸਿੰਘ, ਜੱਜ ਮੈਡਮ ਸਵੇਤਾ, ਜੱਜ ਮੈਡਮ ਰਾਜਵਿੰਦਰ ਕੌਰ, ਜੱਜ ਮੈਡਮ ਜਸਲੀਨ ਕੌਰ ਬਵੇਜਾ, ਜੱਜ ਮੈਡਮ ਮੋਹਣੀ ਗੋਇਲ ਤੇ ਜੱਜ ਮੈਡਮ ਡਿੰਪਲ ਗਰਗ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ?

?ਸਮਾਗਮ ਦੀ ਸ਼ੁਰੂਆਤ ਵਿੱਚ ਬਾਰ ਐਸੋਸੀਏਸ਼ਨ ਸਮਾਣਾ ਦੇ ਪ੍ਰਧਾਨ ਐਡਵੋਕੇਟ ਨਵਦੀਪ ਸਿੰਘ ਢਿੱਲੋਂ ਤੇ ਮੀਤ ਪ੍ਰਧਾਨ ਐਡਵੋਕੇਟ ਸੰਦੀਪ ਜਿੰਦਲ ਨੇ ਆਏ ਹੋਏ ਮੁੱਖ ਮਹਿਮਾਨ ਜ਼ਿਲ੍ਹਾ ਤੇ ਸੈਸ਼ਨ ਜੱਜ ਸ੍ਰੀ ਅਵਤਾਰ ਸਿੰਘ ਤੇ ਹੋਰ ਜੱਜ ਸਾਹਿਬਾਨਾਂ ਨੂੰ ਜੀ-ਆਇਆਂ ਆਖਿਆ।ਇਸ ਦੌਰਾਨ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਐਡਵੋਕੇਟ ਸ੍ਰ. ਢਿੱਲੋਂ ਤੇ ਸੀਨੀਅਰ ਐਡਵੋਕੇਟ ਰਾਜ ਕੁਮਾਰ ਭਾਨ ਨੇ ਵਕੀਲ ਭਾਈਚਾਰੇ ਨੂੰ ਰੋਜ਼ਾਨਾ ਦੇ ਕੰਮਕਾਜ ਦੌਰਾਨ ਆਉਣ ਵਾਲੀਆਂ ਦਰਪੇਸ਼ ਮੁਸ਼ਕਲਾਂ ਨੂੰ ਮਾਨਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ ਦੇ ਧਿਆਨ ਵਿੱਚ ਲਿਆਂਦਾ ਤੇ ਉਨ੍ਹਾਂ ਦੇ ਜਲਦ ਨਿਪਟਾਰੇ ਦੀ ਮੰਗ ਕੀਤੀ। ?

ਵਕੀਲਾਂ ਦੀਆਂ ਗੱਲਾਂ ਨੂੰ ਬੜੀ ਸੰਜੀਦਗੀ ਨਾਲ ਸੁਣਨ ਤੋਂ ਬਾਅਦ ਜ਼ਿਲ੍ਹਾ ਤੇ ਸੈਸ਼ਨ ਜੱਜ ਸ੍ਰੀ ਅਵਤਾਰ ਸਿੰਘ ਨੇ ਸਮੂਹ ਵਕੀਲ ਸਾਹਿਬਾਨਾਂ ਨੂੰ ਵਿਸ਼ਵਾਸ ਦਿਵਾਇਆ ਕਿ ਉਨ੍ਹਾਂ ਨੂੰ ਅਦਾਲਤੀ ਕੰਮਕਾਜ ਦੌਰਾਨ ਕੋਈ ਵੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਬਾਰ (ਵਕੀਲ) ਤੇ ਬੈਂਚ (ਜੱਜ) ਨਿਆਂ ਪ੍ਰਣਾਲੀ ਦੇ ਦੋ ਮਹੱਤਵਪੂਰਨ ਪਹੀਏ ਹਨ।ਜਦੋਂ ਵੀ ਵਕੀਲ ਸਾਹਿਬਾਨਾਂ ਨੂੰ ਕੋਈ ਸਮੱਸਿਆ ਆਉਂਦੀ ਹੈ, ਤਾਂ ਉਹ ਬਿਨਾਂ ਕਿਸੇ ਝਿਜਕ ਦੇ ਉਨ੍ਹਾਂ ਦੇ ਧਿਆਨ ਵਿੱਚ ਲਿਆਉਣ, ਉਸ ਨੂੰ ਪਹਿਲ ਦੇ ਅਧਾਰ 'ਤੇ ਤੁਰੰਤ ਹੱਲ ਕੀਤਾ ਜਾਵੇਗਾ। ਇਸ ਮੌਕੇ ਮੰਚ ਸੰਚਾਲਨ ਬਾਰ ਐਸੋਸੀਏਸ਼ਨ ਸਮਾਣਾ ਦੇ ਸੈਕਟਰੀ ਕਸ਼ਮੀਰ ਸਿੰਘ ਚੁੰਬਰ ਨੇ ਬਾਖੂਬੀ ਢੰਗ ਨਾਲ ਕੀਤਾ। ?ਸਮਾਗਮ ਦੇ ਅਖੀਰ ਵਿੱਚ ਬਾਰ ਐਸੋਸੀਏਸ਼ਨ ਸਮਾਣਾ ਵੱਲੋਂ ਮਾਨਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ ਸ੍ਰੀ ਅਵਤਾਰ ਸਿੰਘ ਨੂੰ ਉਨ੍ਹਾਂ ਦੀਆਂ ਬਿਹਤਰੀਨ ਸੇਵਾਵਾਂ ਲਈ ਇੱਕ ਵਿਸ਼ੇਸ਼ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ।

# ਨਹਿਰੀ ਪਾਣੀ ਦੀ ਵਰਤੋਂ 78 ਪ੍ਰਤੀਸ਼ਤ ਤੋਂ ਵਧਣਾ ਕਿਸਾਨੀ ਲਈ ਚੰਗਾ ਉਪਰਾਲਾ : ਪਰਮਵੀਰ ਸਿੰਘ



**ਲੁਧਿਆਣਾ (ਰੈਕਟਰ ਕਥੂਰੀਆ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਹੀ ਹੇਠਾਂ, ਸੂਬੇ ਵਿੱਚ ਖੇਤੀ ਨੂੰ ਮੁੜ ਕੇ ਲਾਹੇਵੰਦ ਧੰਦਾ ਬਣਾਉਣ ਲਈ ਸੁਹਿਰਦ ਕਦਮ ਚੁੱਕੇ ਜਾ ਰਹੇ ਹਨ। ਪੰਜਾਬ ਮੀਡੀਅਮ ਇੰਡਸਟਰੀ ਬੋਰਡ ਦੇ ਵਾਈਸ ਚੇਅਰਮੈਨ ਪਰਮਵੀਰ ਸਿੰਘ ਐਡਵੋਕੇਟ ਨੇ ਦੱਸਿਆ ਕਿ ਪੰਜਾਬ ਵਿੱਚ ਨਹਿਰੀ ਪਾਣੀ ਦੀ ਸਿੰਚਾਈ ਲਈ ਜੋ ਕਾਰਜ ਚੱਲ ਰਹੇ ਹਨ, ਉਨ੍ਹਾਂ ਦੀ ਦੇਖ-ਰੇਖ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਆਪ ਕਰ ਰਹੇ ਹਨ। 2022 ਵਿੱਚ ਜਦੋਂ ਮਾਨ ਸਰਕਾਰ ਨੇ ਅਹਿਦ ਚੁਕਿਆ ਸੀ, ਉਸ ਵੇਲੇ ਵਿਰਾਸਤ ਵਿਚ ਨਹਿਰੀ ਪਾਣੀ ਦਾ ਕੇਵਲ 22 ਪ੍ਰਤੀਸ਼ਤ ਉਪਯੋਗ ਪਿਛਲੀ ਸਰਕਾਰਾਂ ਵੱਲੋਂ ਵਰਤੋਂ ਵਿਚ ਲਿਆਂਦਾ ਗਿਆ ਸੀ ਮਾਨ ਸਰਕਾਰ ਪਿਛਲੇ 4 ਸਾਲਾਂ ਤੋਂ ਖੇਤਾਂ ਦੀ ਸਿੰਚਾਈ ਸਿੱਧਾ ਨਹਿਰੀ ਪਾਣੀ ਨਾਲ ਕਰਵਾਉਣ ਲਈ ਪੁਰਜ਼ੋਰ ਉਪਰਾਲੇ ਕਰ ਰਹੀ ਹੈ। ਟੇਲਾਂ ਤੱਕ ਪਾਣੀ ਪਹੁੰਚਣ ਲਈ ਸੂਏ ਤੇ ਕੱਸੀਆਂ ਦਰੁਸਤ ਕੀਤੇ ਗਏ ਹਨ। ਸੈਂਕੜੇ ਕਿਲੋਮੀਟਰ ਨਵੀਆਂ ਕੱਸੀਆਂ ਤੇ ਪਾਈਪਾਂ ਪਾਈਆਂ ਗਈਆਂ ਹਨ। ਇਨ੍ਹਾਂ ਕੋਸ਼ਿਸ਼ਾਂ ਸਦਕਾ ਪੰਜਾਬ ਹੁਣ ਨਹਿਰੀ ਪਾਣੀ ਦਾ 78% ਤੋਂ ਵੱਧ ਪਾਣੀ ਵਰਤ ਰਿਹਾ ਹੈ। ਇਸ ਤੋਂ ਇਲਾਵਾ ਅਗਲੇ ਕੁਝ ਮਹੀਨਿਆਂ ਵਿੱਚ ਇਹ ਅੰਕੜਾ 90% ਤੋਂ ਵੱਧ ਲੈ ਕੇ ਜਾਣਾ ਮਾਨ ਸਰਕਾਰ ਦਾ ਟੀਚਾ ਹੈ। ਇਸ ਉਪਰਾਲੇ ਨਾਲ ਪੰਜਾਬ ਦੀ ਧਰਤੀ ਨੂੰ ਕਈ ਤਰ੍ਹਾਂ ਦੇ ਫਾਇਦੇ ਹੋਏ ਹਨ। ਪੰਜਾਬ ਦਾ ਜ਼ਮੀਨ ਹੇਠਲਾ ਪਾਣੀ ਕਾਫੀ ਮਾਤਰਾ ਵਿਚ ਬਚਿਆ ਹੈ ਤੇ ਕੇਂਦਰ ਦੇ ਜਲ ਸ਼ਕਤੀ ਮਹਿਕਮੇ ਵੱਲੋਂ ਜਾਰੀ ਅੰਕੜਿਆਂ ਅਨੁਸਾਰ ਪੰਜਾਬ ਦਾ ਧਰਤੀ ਹੇਠਲਾ ਪਾਣੀ ਲਗਭਗ 2 ਮੀਟਰ ਉਪਰ ਵੱਲ ਵੱਧ ਚੁਕਿਆ ਹੈ। ਪਿਛਲੇ 20 ਸਾਲਾਂ ਵਿਚ ਇਹ ਵਾਧਾ ਪਹਿਲੀ ਵਾਰ ਰਿਕਾਰਡ ਕੀਤਾ ਗਿਆ ਹੈ। ਇਸ ਤੋਂ ਇਲਾਵਾ ਵੱਡੇ ਪੱਧਰ ਤੇ ਮੋਟਰਾਂ ਨਾ ਚੱਲਣ ਕਰਕੇ ਬਿਜਲੀ ਦੀ ਭਾਰੀ ਬਚਤ ਪੰਜਾਬ ਨੂੰ ਹੋਈ ਹੈ, ਜਿਸ ਨੂੰ ਹੋਰ ਵਰਤੋਂ ਵਿੱਚ ਲਿਆਂਦਾ ਗਿਆ ਹੈ। ਮਾਹਿਰਾਂ ਅਨੁਸਾਰ ਨਹਿਰੀ ਪਾਣੀ ਦੀ ਵਰਤੋਂ ਨਾਲ ਫ਼ਸਲ ਦੀ ਗੁਣਵੱਤਾ ਵਿੱਚ ਵੀ ਵਾਧਾ ਹੋਇਆ ਹੈ, ਜਿਸ ਨਾਲ ਕਿਸਾਨਾਂ ਨੂੰ ਚੰਗਾ ਮੁਨਾਫ਼ਾ ਪ੍ਰਾਪਤ ਹੋਇਆ ਹੈ।

# ਜੰਗਾਂ ਨਾਲੋਂ ਵੱਧ ਮੌਤਾਂ ਆਵਾਜਾਈ ਹਾਦਸਿਆਂ ਕਾਰਨ ਹੋ ਰਹੀਆਂ : ਪ੍ਰਿੰ. ਸੁਖਦੇਵ ਸਿੰਘ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਹਰ ਸਾਲ ਭਾਰਤ ਵਿੱਚ 2 ਲੱਖ ਤੋਂ ਵੱਧ ਲੋਕਾਂ ਦੀਆਂ ਮੌਤਾਂ ਆਵਾਜਾਈ ਹਾਦਸਿਆਂ ਦੌਰਾਨ ਹੋ ਰਹੀਆਂ, 7 ਲੱਖ ਤੋਂ ਵੱਧ ਪੀੜਤ ਲੋਕਾਂ ਨੂੰ ਅਪਾਹਜਾਂ ਵਾਂਗ ਜ਼ਿੰਦਗੀ ਬਤੀਤ ਕਰਨੀ ਪੈਂਦੀ ਤੇ 3 ਲੱਖ ਤੋਂ ਵੱਧ ਡਰਾਈਵਰਾਂ, ਕੰਡਕਟਰਾਂ, ਮਾਪਿਆਂ ਤੇ ਨਾਬਾਲਗਾਂ ਨੂੰ ਆਵਾਜਾਈ ਨਿਯਮਾਂ, ਕਾਨੂੰਨਾਂ ਦੀ ਪਾਲਣਾ ਨਾ ਕਰਨ ਕਰਕੇ ਜੇਲ੍ਹਾਂ ਵਿੱਚ ਜਾਣਾ ਪੈਂਦਾ ਹੈ।ਇਹ ਜਾਣਕਾਰੀ ਦਿੰਦੇ ਹੋਏ ਪੰਥ ਰਤਨ ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਆਫ ਐਡਵਾਂਸ ਸਟਡੀਜ਼ ਇੰਨ ਸਿੱਖਇਜ਼ਮ ਬਹਾਦਰਗੜ੍ਹ ਦੇ ਪ੍ਰਿੰਸੀਪਲ ਸ੍ਰ. ਸੁਖਦੇਵ ਸਿੰਘ ਵੱਲੋਂ ਕਾਲਜ ਵਿਖੇ ਆਵਾਜਾਈ, ਫਸਟ ਏਡ, ਫਾਇਰ ਸੇਫਟੀ ਜਾਗ੍ਰਿਤੀ ਪ੍ਰੋਗਰਾਮ ਕਰਵਾਏ।ਇਸ ਮੌਕੇ ਏ ਐੱਸ ਆਈ ਰਾਮ ਸਰਨ ਆਵਾਜਾਈ ਸਿੱਖਿਆ ਸੈੱਲ ਪੰਜਾਬ ਪੁਲਸ ਨੇ ਆਵਾਜਾਈ ਨਿਯਮਾਂ, ਕਾਨੂੰਨਾਂ, ਅਸੂਲਾਂ, ਫਰਜ਼ਾਂ ਦੀ ਜਾਣਕਾਰੀ ਦਿੱਤੀ ਤੇ ਬੇਨਤੀ ਕੀਤੀ ਕਿ ਸੜਕਾਂ 'ਤੇ ਚਲਦੇ ਜਾਂ ਵ੍ਹੀਕਲ ਚਲਾਉਣ ਤੋਂ ਪਹਿਲਾਂ ਨਿਯਮਾਂ, ਕਾਨੂੰਨਾਂ, ਅਸੂਲਾਂ, ਸਪੀਡ ਲਿਮਟ, ਰਾਈਟ ਆਫ਼ ਵੇ ਤੇ ਆਵਾਜਾਈ ਚਿੰਨ੍ਹਾਂ ਦੀ ਜਾਣਕਾਰੀ ਜ਼ਰੂਰ ਲੈਣੀ ਚਾਹੀਦੀ ਹੈ। ਆਪਣੀ ਤੇ ਦੂਜਿਆਂ ਦੀ ਸੁਰੱਖਿਆ ਲਈ ਨਿਯਮਾਂ, ਕਾਨੂੰਨਾਂ ਦੀ ਪਾਲਣਾ ਜ਼ਰੂਰ ਕੀਤੀ ਜਾਵੇ।ਉਨ੍ਹਾਂ ਹਾਦਸਿਆਂ ਤੇ ਚਾਲਾਨਾਂ ਦੇ ਕਾਰਨਾਂ, ਸਪੀਡ ਲੀਮਟ ਤੇ ਰਾਈਟ ਆਫ਼ ਵੇ ਦੀ ਜਾਣਕਾਰੀ ਦਿੱਤੀ।ਉਨ੍ਹਾਂ ਗੱਡ ਸਮਾਰਟੀਅਨ ਜਾਂ ਪੀੜਤਾਂ ਦੇ ਮਦਦਗਾਰ ਫ਼ਰਿਸ਼ਤੇ ਬਣ ਕੇ ਪੀੜਤਾਂ ਨੂੰ ਫਸਟ ਏਡ ਦੇ ਕੇ ਹਸਪਤਾਲਾਂ ਤੱਕ ਲੈ ਕੇ ਜਾਣ ਹਿੱਤ ਬੇਨਤੀ ਕੀਤੀ, ਜਿੱਥੇ ਪੀੜਤਾਂ ਨੂੰ ਸਰਕਾਰੀ ਨਿਯਮਾਂ ਕਾਨੂੰਨਾਂ ਅਨੁਸਾਰ ਮੁਫ਼ਤ ਇਲਾਜ ਮਿਲੇਗਾ ਤੇ ਮਦਦਗਾਰ ਫ਼ਰਿਸ਼ਤੇ ਨੂੰ ਸਨਮਾਨਤ ਕੀਤਾ ਜਾਵੇਗਾ।ਇਸ ਮੌਕੇ ਆਵਾਜਾਈ ਨਿਯਮਾਂ, ਕਾਨੂੰਨਾਂ, ਅਸੂਲਾਂ, ਫਸਟ ਏਡ, ਸੀ ਪੀ ਆਰ, ਫਾਇਰ ਸੇਫਟੀ ਸਬੰਧੀ ਕੁਇੱਜ਼ ਮੁਕਾਬਲੇ ਕਰਵਾਏ ਗਏ ਤੇ ਜੇਤੂ ਵਿਦਿਆਰਥੀਆਂ ਨੂੰ ਇਨਾਮ 'ਚ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।

ਪ੍ਰੋਗਰਾਮ ਕੋਆਰਡੀਨੇਟਰ ਸ੍ਰ. ਸੰਦੀਪ ਸਿੰਘ ਤੇ ਦੂਜੇ ਅਧਿਆਪਕਾਂ ਵੱਲੋਂ ਧੰਨਵਾਦ ਕਰਦੇ ਹੋਏ ਕਿਹਾ ਕਿ ਅਜ ਭਾਰਤ ਵਿੱਚ ਆਵਾਜਾਈ ਨਿਯਮਾਂ, ਕਾਨੂੰਨਾਂ, ਅਸੂਲਾਂ, ਫਰਜ਼ਾਂ ਦੀ ਉਲੰਘਣਾ ਕਰਨ ਕਰਕੇ ਹਰ ਸਾਲ ਲੱਖਾਂ ਲੋਕਾਂ ਤੇ ਘਰ ਪਰਵਾਰਾਂ ਦੀਆਂ ਬਰਬਾਦੀਆਂ ਹੋ ਰਹੀਆਂ ਹਨ।ਉਨ੍ਹਾਂ ਪੰਜਾਬ ਪੁਲਸ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਸਾਨੂੰ ਦੇਸ਼, ਸਮਾਜ, ਸੜਕਾਂ, ਘਰ, ਪਰਵਾਰਾਂ ਤੇ ਕੁਦਰਤ ਦੇ ਅਨਮੋਲ ਨਿਯਮਾਂ ਕਾਨੂੰਨਾਂ ਦੀ ਪਾਲਣਾ ਜ਼ਰੂਰ ਕਰਨੀ ਚਾਹੀਦੀ ਹੈ।

# ਰਿਟੇਲ ਐਂਡ ਹੋਲਸੇਲ ਕਰਿਆਨਾ ਐਸੋਸੀਏਸ਼ਨ ਦੀ ਮੀਟਿੰਗ ਭਲਕੇ

**ਬਾਘਾ ਪੁਰਾਣਾ/ਨਿਹਾਲ ਸਿੰਘ ਵਾਲਾ (ਮਨੀ ਸਿੰਗਲਾ, ਲਵਲੀ)**-ਰਿਟੇਲ ਐਂਡ ਹੋਲਸੇਲ ਕਰਿਆਨਾ ਐਸੋਸੀਏਸ਼ਨ ਬਾਘਾ ਪੁਰਾਣਾ ਦੇ ਪ੍ਰਧਾਨ ਸੰਦੀਪ ਗੋਇਲ, ਦਵਿੰਦਰ ਬਾਂਸਲ, ਵਿਕਾਸ ਕਟਾਰੀਆ, ਰਾਜ ਕੁਮਾਰ ਗੋਇਲ, ਬਾਲ ਕ੍ਰਿਸ਼ਨ ਗੋਇਲ, ਸਤਪਾਲ ਗਰਗ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 31 ਮਈ 2026 ਨੂੰ ਬਾਘਾ ਪੁਰਾਣਾ ਵਿਖੇ ਜ਼ਿਲ੍ਹਾ ਪੱਧਰੀ ਵਿਸ਼ਾਲ ਵਪਾਰੀ ਮੀਟਿੰਗ ਕੀਤੀ ਜਾ ਰਹੀ ਹੈ।ਇਹ ਅਹਿਮ ਮੀਟਿੰਗ ਬਾਘਾ ਪੁਰਾਣਾ ਦੇ ਕਰਿਆਨਾ ਯੂਨੀਅਨ ਦੇ ਸਹਿਯੋਗ ਨਾਲ ਹੋਵੇਗੀ, ਜਿਸ ਵਿੱਚ ਪੰਜਾਬ ਪ੍ਰਧਾਨ ਸ੍ਰੀ ਪ੍ਰਮੋਦ ਗੁਪਤਾ, ਪੰਜਾਬ ਦੇ ਹੋਰ ਸੀਨੀਅਰ ਪਦ ਅਧਿਕਾਰੀ, ਚੇਅਰਮੈਨ ਪਵਨ ਕੁਮਾਰ ਮੋਦਗਿੱਲ, ਵਾਈਸ ਪ੍ਰਧਾਨ ਰਾਮ ਨਿਵਾਸ, ਵਾਇਸ ਪ੍ਰਧਾਨ ਮੰਗਤ ਰਾਏ, ਜਰਨਲ ਸਕੱਤਰ ਜਸਵਿੰਦਰ ਸਿੰਘ ਰੱਖਰਾ ਤੇ ਮੋਗਾ ਜ਼ਿਲ੍ਹੇ ਦੇ ਹਰ ਬਲਾਕ ਦੇ ਪ੍ਰਧਾਨ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨਗੇ।ਮੀਟਿੰਗ ਦੌਰਾਨ ਲਗਾਤਾਰ ਵੱਧ ਰਹੀ ਮਹਿੰਗਾਈ, ਕੰਪਨੀਆਂ ਵੱਲੋਂ ਵਿਕ ਰਹੇ ਅੰਡਰਵੇਟ ਸਾਮਾਨ, ਛੋਟੇ ਦੁਕਾਨਦਾਰਾਂ ਨੂੰ ਆ ਰਹੀਆਂ ਮੁਸ਼ਕਲਾਂ ਤੇ ਵਪਾਰੀਆਂ ਦੇ ਹੱਕਾਂ ਨਾਲ ਜੁੜੇ ਅਹਿਮ ਮਸਲਿਆਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਜਾਵੇਗਾ।ਸੰਗਠਨ ਦਾ ਮੂਲ ਉਦੇਸ਼ ਪੰਜਾਬ ਦੇ ਕਰਿਆਨਾ ਵਪਾਰੀਆਂ ਨੂੰ ਇਕ ਮੰਚ 'ਤੇ ਇਕਜੁੱਟ ਕਰਨਾ, ਹਰ ਵਪਾਰੀ ਦੀ ਆਵਾਜ਼ ਨੂੰ ਮਜ਼ਬੂਤੀ ਨਾਲ ਉਠਾਉਣਾ ਤੇ ਵਪਾਰੀਆਂ ਦੇ ਹੱਕਾਂ ਦੀ ਡੱਟ ਕੇ ਰੱਖਿਆ ਕਰਨਾ ਹੈ।

# ਅਰਧ ਚੇਤਨਾ ਤੋਂ ਚੇਤਨਾ ਵੱਲ ਉਡਾਨ ਅਧਿਆਤਮਕਤਾ ਹੈ : ਡਾ. ਤੇਜਵੰਤ ਮਾਨ



**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬੀ ਸਾਹਿਤ ਸਭਾ (ਰਜਿ.) ਵੱਲੋਂ ਪੁਸਤਕ ਲੋਕ ਅਰਪਣ ਅਤੇ ਵਿਚਾਰ ਚਰਚਾ ਦਾ ਆਯੋਜਨ ਮਾਨ ਹਾਊਸ ਸੰਗਰੂਰ ਵਿਖੇ ਕੀਤਾ ਗਿਆ।ਸਮਾਗਮ ਦੀ ਪ੍ਰਧਾਨਗੀ ਡਾ. ਤੇਜਵੰਤ ਮਾਨ ਡਾ. ਸਾਹਿਤ ਰਤਨ ਨੇ ਕੀਤੀ।ਡਾ. ਰਾਕੇਸ਼ ਸ਼ਰਮਾ ਸਵਾਮੀ ਅਨੰਦਗਣਤਵ ਦੀ ਪੁਸਤਕ -ਅਧਿਆਸ ਸੇ ਅਧਿਆਤਮ ਸਫ਼ਰ: ਲੋਕ ਆਰਪਣ ਕੀਤੀ ਗਈ।ਪੁਸਤਕ ਵਿੱਚ ਡਾ. ਰਾਕੇਸ਼ ਸ਼ਰਮਾ ਨੇ ਅਧਿਆਤਮਕ ਪ੍ਰਸੰਗਾਂ ਬਾਰੇ ਉੱਚ ਪੱਧਰ ਤੇ ਪ੍ਰਗਟਾਇਆ ਹੈ।ਡਾ. ਭਗਵੰਤ ਸਿੰਘ, ਜਗਦੀਪ ਸਿੰਘ, ਅਮਰ ਗਰਗ ਕਲਮਦਾਨ, ਬਲਜਿੰਦਰ ਈਲਵਾਲ, ਗੁਰਨਾਮ ਸਿੰਘ ਤੇ ਗੁਰਜਿੰਦਰ ਸਿੰਘ ਰਸੀਆ ਨੇ ਵਿਚਾਰ ਦਰਚਾ ਵਿੱਚ ਹਿੱਸਾ ਲਿਆ। ਡਾ. ਤੇਜਵੰਤ ਮਾਨ ਨੇ ਪੁਸਤਕ ਦੇ ਵਿਸ਼ੇ ਅਤੇ ਰੂਪਕ ਪੱਖ ਤੋਂ ਪ੍ਰਸੰਸਾ ਕੀਤੀ।ਉਨ੍ਹਾ ਕਿਹਾ ਕਿ ਭਾਰਤੀ ਦਰਸ਼ਨ ਦੇ ਗਿਆਨ, ਵਿਗਿਆਨ ਤੇ ਸੱਚਾ ਸੰਵਾਦ ਸਿਰਜ ਕੇ ਸਵਾਮੀ ਨੇ ਆਪਣੀ ਬੌਧਿਕਤਾ ਅਤੇ ਸਜੱਗਤਾ ਦੀ ਪੇਸ਼ਕਾਰੀ ਕੀਤੀ ਹੈ।ਡਾ. ਭਗਵੰਤ ਸਿੰਘ ਨੇ ਕਿਹਾ ਕਿ ਡਾ. ਰਾਕੇਸ਼ ਸ਼ਰਮਾ ਅਧਿਆਤਮਕਤਾ ਬਾਰੇ ਬਾਹਰਮੁਖੀ ਦ੍ਰਿਸ਼ਟੀ ਤੋਂ ਅਜੋਕੇ ਪ੍ਰਸੰਗ ਵਿੱਚ ਸੰਵਾਦ ਰਚਾਕੇ ਪ੍ਰਸੰਸਾਯੋਗ ਕਾਰਜ ਕੀਤਾ ਹੈ।ਸਮਾਗਮ ਵਿੱਚ ਅਮਰ ਗਰਗ ਕਲਮਦਾਨ ਨੇ ਹੀਰ ਦੇ ਕਿੱਸੇ ਬਾਰੇ ਦਮੋਦਰ ਦੇ ਸੰਦਰਭ ਵਿੱਚ ਖੋਜ ਪੱਤਰ ਡਾ. ਤੇਜਵੰਤ ਮਾਨ ਨੂੰ ਪੇਸ਼ ਕੀਤਾ।ਬਲਜਿੰਦਰ ਈਲਵਾਲ ਦੇ ਗੀਤ ਦਾ ਪੋਸਟਰ ਜਾਰੀ ਕੀਤਾ ਗਿਆ।ਡਾ. ਭਗਵੰਤ ਸਿੰਘ ਤੇ ਸੰਦੀਪ ਸਿੰਘ ਦੀ ਪੁਸਤਕ, ਸਾਚੀ ਸਾਖੀ ਦਾ ਅਸਲੀ ਸੱਚ ਬਾਰੇ ਗੰਭੀਰ ਚਰਚਾ ਹੋਈ।

# ਅਰਨੀਵਾਲਾ ਦੇ 11 ਵਾਰਡਾਂ 'ਚੋਂ 6 'ਆਪ' ਨੇ ਜਿੱਤੇ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਨਗਰ ਨਿਗਮ ਅਰਨੀਵਾਲਾ ਦੀਆਂ 11 ਵਾਰਡਾਂ ਵਿੱਚੋਂ 6 ਵਾਰਡਾਂ ਤੇ ਆਮ ਆਦਮੀ ਦੇ ਉਮੀਦਵਾਰਾਂ ਨੂੰ ਜਿੱਤ ਦਿਵਾਉਣ ਤੇ ਅਰਨੀਵਾਲਾ ਸ਼ੇਖ ਸੁਭਾਨ ਵਾਸੀਆਂ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕੀਤਾ। ਉਨ੍ਹਾਂ ਦੱਸਿਆ ਕਿ ਨਗਰ ਨਿਗਮ ਅਰਨੀਵਾਲਾ ਦੇ ਵਾਰਡ ਨੰਬਰ 2 ਤੋਂ ਸੰਦੀਪ ਕੁਮਾਰ, ਵਾਰਡ ਨੰਬਰ 3 ਤੋਂ ਕੇਵਲ ਕ੍ਰਿਸ਼ਨ ਕੰਬੋਜ, ਵਾਰਡ ਨੰਬਰ 8 ਤੋਂ ਹਰਭਜਨ ਦਾਸ, ਵਾਰਡ ਨੰਬਰ 9 ਤੋਂ ਮੋਨੂੰ ਕੱਕੜ, ਵਾਰਡ ਨੰਬਰ 10 ਤੋਂ ਸ਼ਿਵ ਕੁਮਾਰ ਅਤੇ ਵਾਰਡ ਨੰਬਰ 11 ਤੋਂ ਕੁਲਵੰਤ ਕੌਰ ਨੇ ਜਿੱਤ ਪ੍ਰਾਪਤ ਕੀਤੀ ਹੈ! ਉਨ੍ਹਾਂ ਕਿਹਾ ਕਿ ਅਰਨੀਵਾਲਾ ਵਾਸੀਆਂ ਵੱਲੋਂ ਜਿਸ ਆਸ ਨਾਲ ਇਨ੍ਹਾਂ ਉਮੀਦਵਾਰਾਂ ਨੂੰ ਜਿਤਾਇਆ ਗਿਆ ਹੈ, ਉਨ੍ਹਾਂ ਦੀ ਹਰ ਆਸ ਨੂੰ ਪੂਰਾ ਕੀਤਾ ਜਾਵੇਗਾ ਤੇ ਹੁਣ ਅਰਨੀਵਾਲਾ ਦਾ ਵਿਕਾਸ ਹੋਰ ਦੁੱਗਣੀ ਰਫ਼ਤਾਰ ਨਾਲ ਹੋਵੇਗਾ।

# ਮਾਣਯੋਗ ਹਾਈਕੋਰਟਾਂ ਦੇ ਫੈਸਲਿਆਂ ਨੂੰ ਨਜ਼ਰਅੰਦਾਜ਼ ਕਰ ਰਹੀ ਐੱਫ ਸੀ ਆਈ ਮੈਨੇਜਮੈਂਟ : ਚੱਠਾ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਆਲ ਇੰਡੀਆ ਐੱਫਸੀਆਈ ਐਗਜ਼ੀਕਿਊਟਿਵ ਸਟਾਫ ਯੂਨੀਅਨ ਦੇ ਕੌਮੀ ਪ੍ਰਧਾਨ ਸਤਿੰਦਰ ਸਿੰਘ ਚੱਠਾ ਨੇ ਕਿਹਾ ਕਿ ਐਫਸੀਆਈ ਦੀ ਮੈਨੇਜਮੈਂਟ ਵੱਲੋਂ 2023 ਵਿੱਚ ਤਿੰਨ ਮੈਂਬਰੀ ਰੀਵਿਊ ਕਮੇਟੀ ਵੱਲੋਂ ਵਿਭਾਗੀ ਨਿਯਮਾਂ ਦੀ ਦੁਰਵਰਤੋਂ ਕਰਕੇ ਐੱਫ ਸੀ ਆਈ ਦੇ ਅਨੇਕਾਂ ਬੇਕਸੂਰ ਮੁਲਾਜ਼ਮਾ ਨੂੰ ਸੇਵਾਮੁਕਤੀ ਤੋਂ ਪਹਿਲਾਂ ਹੀ ਨੌਕਰੀ ਤੋਂ ਫ਼ਾਰਗ ਕਰ ਦਿੱਤਾ ਸੀ, ਜਿਸਦੇ ਚੱਲਦਿਆਂ ਵੱਖ-ਵੱਖ ਸੂਬਿਆਂ ਵਿੱਚ ਰਹਿਣ ਵਾਲੇ ਐਫਸੀਆਈ ਮੁਲਾਜ਼ਮਾਂ ਨੇ ਰਿਵਿਊ ਕਮੇਟੀ ਦੇ ਫੈਸਲੇ ਤੇ ਸਵਾਲ ਖੜੇ ਕਰਦਿਆਂ ਮਾਨਯੋਗ ਹਾਈਕੋਰਟਾਂ ਵਿੱਚ ਕੇਸ ਦਾਇਰ ਕੀਤੇ ਸਨ, ਜਿਸ ਵਿੱਚ ਦੇਸ਼ ਭਰ ਦੀਆਂ ਵੱਖ-ਵੱਖ ਮਾਣਯੋਗ ਹਾਈਕੋਰਟਾਂ ਨੇ ਵੱਖ-ਵੱਖ ਮੁਲਾਜ਼ਮਾਂ ਦੇ ਹੱਕ 'ਚ ਫ਼ੈਸਲੇ ਸੁਣਾਏ ਸਨ, ਪਰ ਮੁਲਾਜ਼ਮਾਂ ਦੇ ਹੱਕ 'ਚ ਫੈਸਲੇ ਆਉਣ ਤੋਂ ਬਾਅਦ ਵੀ ਅਧਿਕਾਰੀਆਂ ਨੂੰ ਮੁੜ ਨੌਕਰੀ 'ਤੇ ਨਾ ਰੱਖ ਕੇ ਧੱਕੇਸ਼ਾਹੀ ਕੀਤੀ ਜਾ ਰਹੀ ਹੈ।ਸ੍ਰੀ ਚੱਠਾ ਨੇ ਕਿਹਾ ਕਿ ਐਫਸੀਆਈ ਦੀ ਮੈਨੇਜਮੈਂਟ ਵੱਲੋਂ ਆਪਣੀਆਂ ਗਲਤੀਆਂ ਛੁਪਾਉਣ ਲਈ ਵੱਖ-ਵੱਖ ਹਾਈਕੋਰਟਾਂ ਵਿੱਚੋਂ ਕੇਸ ਹਾਰਨ ਤੋਂ ਬਾਅਦ ਅੱਗੇ ਅਪੀਲਾਂ ਦਾਇਰ ਕਰਕੇ ਜਬਰੀ ਕੱਢੇ ਬੇਕਸੂਰ ਮੁਲਾਜ਼ਮਾਂ ਦਾ ਕੀਮਤੀ ਵਕਤ ਤੇ ਸਰਕਾਰੀ ਪੈਸੇ ਦੀ ਬਰਬਾਦੀ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਵਿਭਾਗ ਦਾ ਇਹ ਪੈਸਾ ਗਲਤੀਆਂ ਕਰਨ ਵਾਲੇ ਸਰਕਾਰੀ ਅਧਿਕਾਰੀਆਂ ਦੀ ਤਨਖਾਹ ਵਿੱਚੋਂ ਵਸੂਲਿਆ ਜਾਣਾ ਚਾਹੀਦਾ ਹੈ, ਕਿਉਂਕਿ ਜਦੋਂ ਕਿਧਰੇ ਵੀ ਅਨਾਜ ਆਦਿ ਦੀ ਢੋਆ ਢੁਆਈ ਦੌਰਾਨ ਅਨਾਜ ਦਾ ਕਿਸੇ ਪ੍ਰਕਾਰ ਦਾ ਵਿੱਤੀ ਨੁਕਸਾਨ ਹੁੰਦਾ ਹੈ ਤਾਂ ਉਹ ਪੈਸਾ ਮੈਨੇਜਮੈਂਟ ਵੱਲੋਂ ਸਬੰਧਤ ਐਫਸੀਆਈ ਅਧਿਕਾਰੀਆਂ ਦੀ ਜੇਬ 'ਚੋਂ ਵਸੂਲਿਆ ਜਾਂਦਾ ਹੈ।ਸ੍ਰੀ ਚੱਠਾ ਨੇ 2023 ਵਿੱਚ ਬਣੀ ਰੀਵਿਊ ਕਮੇਟੀ ਦੇ ਕੰਮਕਾਰ 'ਤੇ ਸਵਾਲ ਖੜੇ ਕਰਦਿਆਂ ਕਿਹਾ ਕਿ ਐੱਫਸੀਆਈ ਮੁਲਾਜ਼ਮਾਂ ਨਾਲ ਧੱਕੇਸ਼ਾਹੀ ਵਾਲਾ ਰਵੱਈਆ ਕੇਵਲ 2023 ਵਿੱਚ ਬਣੀ ਰਿਵਿਊ ਕਮੇਟੀ ਵੱਲੋਂ ਹੀ ਅਪਣਾਇਆ ਗਿਆ ਹੈ।

# ਕੇਵਲ ਢਿੱਲੋਂ ਨੂੰ ਭਾਜਪਾ ਦਾ ਪ੍ਰਧਾਨ ਬਣਾਉਣ ਨਾਲ ਪਾਰਟੀ ਹੋਰ ਮਜ਼ਬੂਤ ਹੋਵੇਗੀ : ਭਾਗਪੁਰ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਭਾਜਪਾ ਹਾਈਕਮਾਂਡ ਵੱਲੋਂ ਕੇਵਲ ਸਿੰਘ ਢਿੱਲੋਂ ਨੂੰ ਪੰਜਾਬ ਦਾ ਪ੍ਰਧਾਨ ਨਿਯੁਕਤ ਕਰਨ ਨਾਲ ਵਰਕਰਾਂ ਵਿੱਚ ਖ਼ੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਮਿਲਕ ਪਲਾਂਟ ਲੁਧਿਆਣਾ ਦੇ ਸਾਬਕਾ ਪ੍ਰਧਾਨ ਅਜਮੇਰ ਸਿੰਘ ਭਾਗਪੁਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਕੇਵਲ ਸਿੰਘ ਢਿੱਲੋਂ ਇੱਕ ਦੂਰ ਅੰਦੇਸ਼ੀ ਤੇ ਸੂਝਵਾਨ ਸ਼ਖ਼ਸੀਅਤ ਦੇ ਮਾਲਕ ਹਨ, ਜਿਨ੍ਹਾਂ ਦੀ ਅਗਵਾਈ ਹੇਠ ਪਾਰਟੀ ਸੂਬੇ ਵਿਚ ਹੋਰ ਮਜ਼ਬੂਤ ਹੋਵੇਗੀ। ਉਨ੍ਹਾਂ ਕਿਹਾ ਕਿ ਕੁਝ ਹੀ ਮਹੀਨਿਆਂ ਵਿਚ ਪੰਜਾਬ ਅੰਦਰ ਵਿਧਾਨ ਸਭਾ ਚੋਣਾਂ ਹੋਣ ਵਾਲੀਆਂ ਹਨ ਅਤੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਦੀ ਅਗਵਾਈ ਹੇਠ ਸਮੂਹ ਆਗੂ ਤੇ ਵਰਕਰ ਇੱਕਜੁਟ ਹੋ ਕੇ ਇਨ੍ਹਾਂ ਚੋਣਾਂ ਦੀਆਂ ਤਿਆਰੀਆਂ ਵਿਚ ਜੁਟਣਗੇ। ਭਾਗਪੁਰ ਨੇ ਕਿਹਾ ਕਿ ਸੂਬੇ ਦੇ ਲੋਕਾਂ ਨੂੰ ਹੁਣ ਭਾਜਪਾ ਵਿੱਚ ਆਪਣਾ ਭਵਿੱਖ ਦਿਖ ਰਿਹਾ ਹੈ, ਕਿਉਂਕਿ 'ਆਪ' ਸਰਕਾਰ ਦੇ ਰਾਜ ਵਿਚ ਵਧਦਾ ਜੁਰਮ ਤੇ ਨਸ਼ੇ ਤੋਂ ਉੱਚ ਚਿੰਤਤ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਜੇਕਰ ਆਪਣੇ ਸੂਬੇ ਨੂੰ ਖੁਸ਼ਹਾਲ ਕਰਨਾ ਹੈ ਤਾਂ ਇੱਥੇ ਭਾਜਪਾ ਸਰਕਾਰ ਬਣਾਉਣੀ ਪਵੇਗੀ।



# ਦੋ ਜੂਨ ਦੇ ਧਰਨੇ ਲਈ ਕਿਸਾਨਾਂ 'ਚ ਭਾਰੀ ਉਤਸ਼ਾਹ

## ਜਮਹੂਰੀ ਕਿਸਾਨ ਸਭਾ ਵੱਲੋਂ ਤਿਆਰੀਆਂ ਨੂੰ ਲੈ ਕੇ ਮੀਟਿੰਗ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਜਮਹੂਰੀ ਕਿਸਾਨ ਸਭਾ ਇਕਾਈ ਨਿਆਲ ਦੀ ਮੀਟਿੰਗ ਮਲਕੀਤ ਸਿੰਘ ਨਿਆਲ ਦੀ ਪ੍ਰਧਾਨਗੀ ਹੇਠ ਕੀਤੀ ਗਈ।ਮੀਟਿੰਗ ਵਿੱਚ ਸੂਬਾ ਕਮੇਟੀ ਦੇ ਫੈਸਲੇ ਤਹਿਤ 2 ਜੂਨ ਨੂੰ ਡਿਪਟੀ ਕਮਿਸ਼ਨਰ ਪਟਿਆਲਾ ਦੇ ਦਫ਼ਤਰ ਅੱਗੇ ਕੇਂਦਰ ਤੇ ਪੰਜਾਬ ਸਰਕਾਰ ਤੋਂ ਫੌਰੀ ਤੇ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਦਾ ਹੱਲ ਕਰਾਉਣ ਲਈ ਧਰਨਾ ਦੇਣ ਦਾ ਪ੍ਰੋਗਰਾਮ ਤਹਿ ਕੀਤਾ ਗਿਆ। ਕਿਸਾਨ ਆਗੂਆਂ ਨੇ ਦੱਸਿਆ ਕਿ ਕਿਸਾਨਾਂ ਦੀਆਂ ਚਿਰਾਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਦੇ ਨਾਲ ਨਾਲ ਕੇਂਦਰ ਸਰਕਾਰ ਵੱਲੋਂ ਡੀਜ਼ਲ ਤੇਲ ਦੇ ਅੰਨ੍ਹੇਵਾਹ ਕੀਤੇ ਜਾ ਰਹੇ ਵਾਧੇ ਨੂੰ ਵਾਪਸ ਕਰਾਉਣਾ, ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚ ਪੰਜਾਬ ਦੀ ਮੈਂਬਰਸ਼ਿਪ ਬਹਾਲ ਕਰਾਉਣਾ, ਬੈਂਕਾਂ ਵਿੱਚ ਨਗਦੀ ਦੀ ਨਿਕਾਸੀ ਰੈਗੂਲਰ ਕਰਾਉਣਾ, ਯੂਰੀਆ ਤੇ ਬਾਕੀ ਖਾਦਾਂ ਦੀ ਸਪਲਾਈ ਯਕੀਨੀ ਬਣਾਉਣਾ, ਐੱਮ ਐੱਸ ਪੀ ਦੀ ਕਾਨੂੰਨੀ ਗਾਰੰਟੀ, ਨਵੇਂ ਹੱਦ ਕਰਜ਼ੇ ਯਕੀਨੀ ਬਣਾਉਣਾ, ਕਿਸਾਨਾਂ ਤੇ ਮਜ਼ਦੂਰਾਂ ਲਈ ਪੈਨਸ਼ਨ ਦਾ ਬੁਢਾਪੇ ਵਿੱਚ ਦਸ ਹਜ਼ਾਰ ਰੁਪਏ ਪ੍ਰਤੀ ਮਹੀਨਾ ਲਾਗੂ ਕਰਾਉਣਾ ਆਦਿ ਹਨ। ਕਿਸਾਨ ਆਗੂਆਂ ਨੇ ਦੱਸਿਆ ਕਿ ਇਸ ਦੇ ਨਾਲ ਨਾਲ ਪਟਿਆਲਾ ਜ਼ਿਲ੍ਹੇ ਦੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਵਿਚਾਰਦੇ ਹੋਏ ਡਿਪਟੀ ਕਮਿਸ਼ਨਰ ਨਾਲ ਮੀਟਿੰਗ ਕਰ ਕੇ ਹੱਲ ਕਰਾਉਣ ਲਈ ਵੱਖਰਾ ਮੰਗ ਪੱਤਰ ਦੇਣ ਦਾ ਫੈਸਲਾ ਕੀਤਾ ਗਿਆ।ਮੀਟਿੰਗ ਨੂੰ ਸੰਬੋਧਨ ਕਰਦਿਆਂ ਸਰਪੰਚ ਪ੍ਰਲਾਦ ਸਿੰਘ ਨਿਆਲ, ਹਰੀ ਸਿੰਘ ਦੌਣ ਕਲਾਂ, ਸੁਖਦੇਵ ਸਿੰਘ ਨਿਆਲ, ਦਰਸ਼ਨ ਬੇਲੂਮਾਜਰਾ ਨੇ ਕਿਹਾ ਕਿ ਪਾਤੜਾਂ ਪ੍ਰਸ਼ਾਸਨ ਟਰੱਕ ਯੂਨੀਅਨ ਪਾਤੜਾਂ ਦਾ ਮਸਲਾ ਫੌਰੀ ਤੌਰ 'ਤੇ ਹੱਲ ਕਰੇ।ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਜੀਤ ਸਿੰਘ, ਚੰਦ ਸਿੰਘ, ਸਰਬਜੀਤ ਸਿੰਘ, ਛੋਟਾ ਸਿੰਘ, ਬਲਜੀਤ ਸਿੰਘ ਤੇ ਛੋਟਾ ਪ੍ਰੇਮੀ ਆਦਿ ਹਾਜ਼ਰ ਸਨ।

# ਐੱਨ ਸੀ ਸੀ ਕੈਂਪ 'ਚ ਜੀ ਐੱਨ ਐੱਫ ਪੀ ਐੱਸ ਦੇ ਕੈਡਿਟਾਂ 11 ਸੋਨ ਤਮਗੇ ਜਿੱਤੇ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਬਟਾਲੀਅਨ ਐੱਨ.ਸੀ.ਸੀ. ਵੱਲੋਂ ਰੂਪਨਗਰ ਵਿਖੇ ਐੱਨ.ਸੀ.ਸੀ. ਕੈਡਿਟਾਂ ਲਈ 10 ਦਿਨਾਂ ਦਾ ਕੈਂਪ ਲਗਾਇਆ ਗਿਆ।ਇਸ ਕੈਂਪ ਵਿੱਚ ਗੁਰੂ ਨਾਨਕ ਫਾਊਂਡੇਸ਼ਨ ਪਬਲਿਕ ਸਕੂਲ, ਪਟਿਆਲਾ ਦੇ 24 ਕੈਡਿਟਾਂ, ਜਿਨ੍ਹਾਂ ਵਿੱਚ 14 ਲੜਕੇ ਤੇ 10 ਲੜਕੀਆਂ ਸ਼ਾਮਲ ਸਨ, ਨੇ ਭਾਗ ਲਿਆ। ਕੈਂਪ ਦੌਰਾਨ ਐੱਨ.ਸੀ.ਸੀ. ਇੰਸਟ੍ਰਕਟਰਾਂ ਵੱਲੋਂ ਕੈਡਿਟਾਂ ਨੂੰ ਪਹਾੜ ਚੜ੍ਹਾਈ, ਟ੍ਰੈਕਿੰਗ, ਚੱਟਾਨ ਚੜ੍ਹਾਈ, ਦਰਿਆ ਪਾਰ ਕਰਨਾ, ਨਿਸ਼ਾਨੇਬਾਜ਼ੀ, ਤੰਬੂ ਲਗਾਉਣਾ, ਰੱਸੇ ਦੀਆਂ ਗੰਢਾਂ ਬੰਨ੍ਹਣ ਤੇ ਹੋਰ ਸਾਹਸੀ ਗਤੀਵਿਧੀਆਂ ਦੀ ਸਿਖਲਾਈ ਦਿੱਤੀ ਗਈ।ਕੈਡਿਟਾਂ ਨੇ ਸਾਰੀਆਂ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ, ਜਿਸ ਨਾਲ ਉਨ੍ਹਾਂ ਦੇ ਆਤਮ-ਵਿਸ਼ਵਾਸ, ਅਨੁਸ਼ਾਸਨ ਤੇ ਟੀਮ ਭਾਵਨਾ ਵਿੱਚ ਵਾਧਾ ਹੋਇਆ।ਜੀ.ਐੱਨ.ਐੱਫ.ਪੀ.ਐੱਸ. ਪਟਿਆਲਾ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਕੁੱਲ 11 ਸੋਨ ਤਮਗੇ ਜਿੱਤੇ।ਸੁਖਮਨੀ ਸ਼ਰਮਾ ਨੂੰ ਬੈਸਟ ਸੀਨੀਅਰ ਵਜੋਂ ਸਨਮਾਨਤ ਕੀਤਾ ਗਿਆ ਤੇ ਉਸ ਨੇ ਟੇਬਲ ਡਰਿੱਲ ਅਤੇ ਸੋਲੋ ਲੁੱਡੀ ਨਾਚ ਵਿੱਚ ਸੋਨ ਤਮਗੇ ਜਿੱਤੇ।ਏਕਮਜੋਤ ਕੌਰ ਨੇ ਖੋ-ਖੋ ਵਿੱਚ ਸੋਨ ਤਮਗਾ ਹਾਸਲ ਕੀਤਾ। ਅਨਵੀ, ਦਿਵਯਾਂਸ਼ੀ, ਪ੍ਰਿਧੀ, ਜਸਨੂਰ, ਗੁਰਫ਼ਤਿਹ, ਕਰਨ ਤੇ ਦਿਵਜੋਤਨੇ ਰੱਸਾਕਸ਼ੀ ਵਿੱਚ ਸੋਨ ਤਮਗੇ ਜਿੱਤੇ।ਸਕੂਲ ਲਈ ਮਾਣ ਵਾਲੀ ਗੱਲ ਹੈ ਕਿ ਤਿੰਨ ਕੈਡਿਟ ਸੁਖਮਨੀ ਸ਼ਰਮਾ, ਏਕਮਜੋਤ ਕੌਰ ਤੇ ਹਰਸ਼ਦ ਪਾਠਕ ਦੀ ਚੋਣ ਰਾਸ਼ਟਰੀ ਕੈਂਪ ਲਈ ਹੋਈ ਹੈ।ਸਕੂਲ ਪ੍ਰਬੰਧਨ ਤੇ ਪ੍ਰਿੰਸੀਪਲ ਸੁਸ਼੍ਰੀ ਜਸਜੀਤ ਸੋਹੀ ਨੇ ਸਾਰੇ ਕੈਡਿਟਾਂ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਵਧਾਈ ਦਿੱਤੀ ਤੇ ਸਮਰਪਿਤ ਸਿਖਲਾਈ ਲਈ ਐੱਨ.ਸੀ.ਸੀ. ਇੰਸਟ੍ਰਕਟਰਾਂ ਦੀ ਸ਼ਲਾਘਾ ਕੀਤੀ।

# ਟਰਾਂਸਫਾਰਮਰਾਂ 'ਚੋਂ ਤੇਲ ਚੋਰੀ ਦੀਆਂ ਘਟਨਾਵਾਂ ਕਾਰਨ ਕਿਸਾਨ ਦੁਖੀ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਇਲਾਕੇ 'ਚ ਟਰਾਂਸਫਾਰਮਰਾਂ 'ਚੋਂ ਤੇਲ ਚੋਰੀ ਦੀਆਂ ਵਧਦੀਆਂ ਘਟਨਾਵਾਂ ਨੇ ਕਿਸਾਨਾਂ ਦੀਆਂ ਚਿੰਤਾਵਾਂ ਵਧਾ ਦਿੱਤੀਆਂ ਹਨ।ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੇ ਬਲਾਕ ਪ੍ਰਧਾਨ ਪਰਮਜੀਤ ਸਿੰਘ ਢੀਂਡਸਾ ਨੇ ਤਿੱਖਾ ਪ੍ਰਤੀਕਰਮ ਦਿੰਦਿਆਂ ਖੁਲਾਸਾ ਕੀਤਾ ਕਿ ਤੇਲ ਚੋਰੀ ਹੋਣ ਤੋਂ ਬਾਅਦ ਜਦੋਂ ਕਿਸਾਨ ਬਿਜਲੀ ਮਹਿਕਮੇ ਕੋਲ ਨਵੇਂ ਸਿਰੇ ਤੋਂ ਤੇਲ ਲੈਣ ਜਾਂਦੇ ਹਨ ਤਾਂ ਅਧਿਕਾਰੀਆਂ ਵੱਲੋਂ ਕੋਈ ਸਕਾਰਾਤਮਕ ਰਾਹ ਨਹੀਂ ਦਿੱਤਾ ਜਾਂਦਾ, ਜਿਸ ਕਾਰਨ ਪੀੜਤ ਕਿਸਾਨਾਂ ਦੀਆਂ ਮੋਟਰਾਂ ਦੀ ਬਿਜਲੀ ਸਪਲਾਈ ਪੂਰੀ ਤਰ੍ਹਾਂ ਠੱਪ ਪਈ ਹੈ, ਕਿਉਂਕਿ ਤੇਲ ਕੱਢਣ ਕਾਰਨ ਕਈ ਟਰਾਂਸਫਾਰਮਰ ਸੜ ਚੁੱਕੇ ਹਨ ਅਤੇ ਮਹਿਕਮੇ ਦੇ ਨਿਯਮਾਂ ਮੁਤਾਬਕ ਟਰਾਂਸਫਾਰਮਰ ਤੇਲ ਪੂਰਾ ਕਰ ਕੇ ਹੀ ਜਮ੍ਹਾਂ ਕੀਤੇ ਜਾ ਸਕਦੇ ਹਨ।ਇਸ ਪ੍ਰਸ਼ਾਸਨਕ ਢਿੱਲਮੱਠ ਕਾਰਨ ਖੇਤਾਂ ਵਿੱਚ ਬੀਜੀ ਝੋਨੇ ਦੀ ਪਨੀਰੀ ਪਾਣੀ ਖੁਣੋਂ ਸੁੱਕ ਕੇ ਬਰਬਾਦ ਹੋ ਰਹੀ ਹੈ ਅਤੇ ਮਜਬੂਰਨ ਕਿਸਾਨਾਂ ਨੂੰ ਮਹਿੰਗੇ ਭਾਅ ਦਾ ਡੀਜ਼ਲ ਫੂਕ ਕੇ ਜੈਨਰੇਟਰਾਂ ਰਾਹੀਂ ਪਾਣੀ ਦਾ ਪ੍ਰਬੰਧ ਕਰਨਾ ਪੈ ਰਿਹਾ ਹੈ, ਜਿਸ ਨਾਲ ਉਨ੍ਹਾਂ 'ਤੇ ਆਰਥਿਕ ਬੋਝ ਲਗਾਤਾਰ ਵਧ ਰਿਹਾ ਹੈ।ਬੀਤੀ 20 ਮਈ ਨੂੰ ਵੀ ਪਿੰਡ ਕਲਾਲ ਮਾਜਰਾ ਵਿਖੇ ਅੱਧੀ ਦਰਜਨ ਦੇ ਕਰੀਬ ਟਰਾਂਸਫਾਰਮਰਾਂ ਨੂੰ ਚੋਰਾਂ ਨੇ ਨਿਸ਼ਾਨਾ ਬਣਾਇਆ, ਜਿਸ ਸਬੰਧੀ ਥਾਣਾ ਮਹਿਲ ਕਲਾਂ ਵਿਖੇ ਸ਼ਿਕਾਇਤ ਦਰਜ ਕਰਵਾਉਣ ਦੇ ਬਾਵਜੂਦ ਪੁਲਸ ਹੱਥ ਅਜੇ ਤੱਕ ਖਾਲੀ ਹਨ ਅਤੇ ਚੋਰਾਂ ਦਾ ਕੋਈ ਸੁਰਾਗ ਨਹੀਂ ਲੱਗ ਸਕਿਆ।ਪੀੜਤ ਕਿਸਾਨਾਂ ਜਗਤਾਰ ਸਿੰਘ ਢਿੱਲੋਂ, ਜਗਵਿੰਦਰ ਸਿੰਘ, ਇੰਦਰਜੀਤ ਸਿੰਘ ਤੇ ਸੁਖਦੀਪ ਸਿੰਘ ਗਿੱਲ ਨੇ ਜ਼ਿਲ੍ਹਾ ਪੁਲਸ ਪ੍ਰਸ਼ਾਸਨ ਤੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਖੇਤਰ ਵਿੱਚ ਸਰਗਰਮ ਇਸ ਚੋਰ ਗ੍ਰੋਹ ਦਾ ਤੁਰੰਤ ਪਰਦਾਫ਼ਾਸ਼ ਕਰਕੇ ਮੁਲਜ਼ਮਾਂ ਖ਼ਿਲਾਫ਼ ਸਖ਼ਤ ਕਾਨੂੰਨੀ ਧਾਰਾਵਾਂ ਤਹਿਤ ਮੁਕੱਦਮੇ ਦਰਜ ਕੀਤੇ ਜਾਣ।

# ਨਗਰ ਪੰਚਾਇਤ ਭਗਤਾ ਦੀਆਂ ਚੋਣਾਂ 'ਚ ਅਕਾਲੀ ਦਲ ਦੀ ਝੰਡੀ

**ਬਠਿੰਡਾ (ਰਾਜੀਵ ਗੋਇਲ)**-ਨਗਰ ਪੰਚਾਇਤ ਭਗਤਾ ਦੀਆਂ ਚੋਣਾਂ ਨੂੰ ਲੈ ਕੇ ਆਏ ਨਤੀਜਿਆਂ ਵਿੱਚ ਅਕਾਲੀ ਦਲ ਦੀ ਝੰਡੀ ਰਹੀ ਹੈ ਤੇ ਨਤੀਜਿਆਂ ਮੁਤਾਬਕ 7 ਸੀਟਾਂ ਤੇ ਅਕਾਲੀ ਦਲ, ਕਾਂਗਰਸ 5 ਸੀਟਾਂ ਅਤੇ ਆਮ ਆਦਮੀ ਪਾਰਟੀ ਨੂੰ 1 ਸੀਟ ਹਾਸਲ ਹੋਈ ਹੈ। ਆਮ ਆਦਮੀ ਪਾਰਟੀ ਨੂੰ ਵਾਰਡ ਨੰਬਰ 12 ਤੋਂ ਜਿੱਤ ਹਾਸਲ ਹੋਈ ਹੈ, ਜਿੱਥੇ ਜਗਸੀਰ ਸਿੰਘ ਸੀਰਾ ਪੁੰਨੂ ਵੱਲੋਂ ਬਾਜ਼ੀ ਮਾਰੀ ਗਈ ਹੈ। ਇਨ੍ਹਾਂ ਚੋਣਾਂ ਵਿੱਚ ਮੌਜੂਦਾ ਆਮ ਆਦਮੀ ਪਾਰਟੀ ਅਤੇ ਭਾਜਪਾ ਪਛੜ ਕੇ ਰਹਿ ਗਈ ਹੈ। ਵਾਰਡ ਨੰ1 ਤੋਂ ਗਗਨਦੀਪ ਗਰੇਵਾਲ ਦੀ ਪਤਨੀ ਅਮਨਦੀਪ ਕੌਰ ਗਰੇਵਾਲ, ਵਾਰਡ ਨੰ 2 ਤੋਂ ਬੂਟਾ ਸਿੰਘ ਸਿੱਧੂ, ਵਾਰਡ ਨੰ 3 ਤੋਂ ਅਕਾਲੀ ਦਲ ਦਾ ਉਮੀਦਵਾਰ, ਵਾਰਡ ਨੰਬਰ 4 ਤੋਂ ਗੁਰਪ੍ਰੀਤ ਸਿੰਘ ਘਾਰੂ, ਵਾਰਡ ਨੰਬਰ 5 ਤੋਂ ਮਨਜੀਤ ਕੌਰ, ਵਾਰਡ ਨੰਬਰ 6 ਤੋਂ ਰਾਜਵਿੰਦਰ ਸਿੰਘ ਰਾਜਾ, ਵਾਰਡ ਨੰਬਰ 7 ਤੋਂ ਗੁਰਚਰਨ ਸਿੰਘ, ਵਾਰਡ ਨੰਬਰ 8 ਤੋਂ ਸੁਖਦੀਪ ਸਿੰਘ, ਵਾਰਡ ਨੰਬਰ 9 ਤੋਂ ਜਗਮੋਹਨ ਲਾਲ ਦੀ ਪਤਨੀ, ਵਾਰਡ ਨੰਬਰ 10 ਤੋਂ ਲਖਵੀਰ ਸਿੰਘ ਲੱਖਾ, ਵਾਰਡ ਨੰਬਰ 11 ਤੋਂ ਚੈਰੀ ਬਾਲਾ, ਵਾਰਡ ਨੰਬਰ 12 ਤੋਂ ਜਗਸੀਰ ਸਿੰਘ ਪੁੰਨੂ, ਵਾਰਡ ਨੰਬਰ 13 ਤੋਂ ਮਨਜੀਤ ਸਿੰਘ ਧੁੰਨਾ ਜੇਤੂ ਰਹੇ ਹਨ। ਉਧਰ ਦੂਜੇ ਪਾਸੇ ਵਾਰਡ ਨੰਬਰ 12 ਤੋਂ ਜੇਤੂ ਰਹੇ ਜਗਸੀਰ ਸਿੰਘ ਸੀਰਾ ਪੁੰਨੂ ਵੱਲੋਂ ਆਮ ਆਦਮੀ ਪਾਰਟੀ ਤੇ ਮਾਰਕਫੈਡ ਦੇ ਚੇਅਰਮੈਨ ਇੰਦਰਜੀਤ ਸਿੰਘ ਮਾਨ ਦੀ ਇੱਜ਼ਤ ਰੱਖੀ ਗਈ ਹੈ।

# 'ਸਿੱਖ ਯਾਦ ਵਿਚ 1984' ਵਿਸ਼ੇ ਤਹਿਤ ਅੰਤਰਰਾਸ਼ਟਰੀ ਸੈਮੀਨਾਰ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫ਼ਤਿਹਗੜ੍ਹ ਸਾਹਿਬ ਵੱਲੋਂ 'ਸਿੱਖ ਯਾਦ ਵਿਚ 1984' ਵਿਸ਼ੇ ਅਧੀਨ ਦੋ ਰੋਜ਼ਾ ਅੰਤਰ-ਰਾਸ਼ਟਰੀ ਸੈਮੀਨਾਰ ਕਰਵਾਇਆ ਗਿਆ।ਸੈਮੀਨਾਰ ਬਾਰੇ ਵਧੇਰੇ ਜਾਣਕਾਰੀ ਦਿੰਦਿਆਂ ਵਾਈਸ ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਦੱਸਿਆ ਕਿ ਇਸ ਸੈਮੀਨਾਰ ਦਾ ਮੁੱਖ ਉਦੇਸ਼ ਜੂਨ ਤੇ ਨਵੰਬਰ 1984 ਵਿੱਚ ਵਾਪਰੇ ਘਟਨਾਕ੍ਰਮਾਂ ਨੂੰ ਸਾਹਿਤ, ਦਰਸ਼ਨ, ਫਿਲਮਕਾਰੀ ਤੇ ਇਤਿਹਾਸ ਲਿਖਣ ਵਿੱਚ ਕਿਵੇਂ ਯਾਦ ਰੱਖਿਆ ਗਿਆ ਹੈ, ਇਸ ਉੱਤੇ ਅਕਾਦਮਿਕ ਵਿਚਾਰ-ਵਟਾਂਦਰਾ ਕਰਨਾ ਹੈ।ਉਨ੍ਹਾਂ ਕਿਹਾ ਕਿ ਇਨ੍ਹਾਂ ਘਟਨਾਵਾਂ ਨੇ ਸਿੱਖਾਂ ਦੇ ਧਾਰਮਿਕ, ਸਮਾਜਿਕ, ਆਰਥਿਕ ਤੇ ਰਾਜਨੀਤਕ ਜੀਵਨ ਦੇ ਹਰ ਪੱਖ ਉੱਤੇ ਡੂੰਘਾ ਅਸਰ ਪਾਇਆ ਹੈ ਤੇ ਇਸ ਅਸਰ ਦਾ ਮੁਲਾਂਕਣ ਕਰਨਾ ਅਕਾਦਮਿਕ ਜਗਤ ਦਾ ਫਰਜ਼ ਹੈ।ਇਸ ਮੌਕੇ ਉਨ੍ਹਾਂ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਜੀਵਨ, ਬਾਣੀ ਤੇ ਸਿੱਖਿਆਵਾਂ ਨਾਲ ਸਬੰਧਤ ਇੱਕ ਵਿਸ਼ੇਸ਼ ਮੋਬਾਈਲ ਐਪ ਵੀ ਲੋਕ ਅਰਪਣ ਕੀਤੀ ਗਈ। ਸੈਮੀਨਾਰ ਦੇ ਮੁੱਖ ਮਹਿਮਾਨ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ, ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ, ਪ੍ਰੋ. ਹਰਪਾਲ ਸਿੰਘ ਪੰਨੂ, ਪ੍ਰੋ. ਸਵਰਾਜ ਰਾਜ, ਪ੍ਰੋ. ਹਰਜਿੰਦਰ ਸਿੰਘ ਵਾਲੀਆ ਤੇ ਪ੍ਰੋ. ਗੁਰਨਾਮ ਕੌਰ ਵੱਲੋਂ 1984 ਦੇ ਵੱਖ-ਵੱਖ ਪਹਿਲੂਆਂ ਉੱਤੇ ਚਾਨਣਾ ਪਾਇਆ ਗਿਆ।ਸੈਮੀਨਾਰ ਦੌਰਾਨ ਯੂਨੀਵਰਸਿਟੀ ਵੱਲੋਂ ਪ੍ਰਕਾਸ਼ਤ ਕਿਤਾਬ 'ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਗੁਰਮੁਖੀ ਸ੍ਰੋਤ' ਸੰਪਾਦਕ ਹਰਪ੍ਰੀਤ ਸਿੰਘ ਨਾਜ਼, ਜੋਗਿੰਦਰ ਸਿੰਘ ਤੇ ਅਮਨ ਸਿੰਘ ਨੇ ਅਰਪਣ ਕੀਤੀ।ਸੈਮੀਨਾਰ ਵਿਚ ਆਏ ਸਮੂਹ ਪਤਵੰਤਿਆਂ ਤੇ ਸ੍ਰੋਤਿਆਂ ਦਾ ਸਵਾਗਤ ਡਾ. ਹਰਦੇਵ ਸਿੰਘ ਡੀਨ ਫੈਕਲਟੀ ਸ੍ਰੀ ਗੁਰੂ ਗ੍ਰੰਥ ਸਾਹਿਬ ਧਰਮ ਅਧਿਐਨ ਵਿਭਾਗ ਵੱਲੋਂ ਕੀਤਾ ਗਿਆ ਤੇ ਧੰਨਵਾਦੀ ਪ੍ਰਸਤਾਵ ਡਾ. ਰਮਨਦੀਪ ਕੌਰ ਵਿਭਾਗ ਮੁਖੀ ਰਾਜਨੀਤੀ ਵਿਗਿਆਨ ਵਿਭਾਗ ਵੱਲੋਂ ਪੇਸ਼ ਕੀਤਾ ਗਿਆ।

# ਮੰਗਾਂ ਨਾ ਮੰਨੇ ਜਾਣ 'ਤੇ ਭੜਕੇ ਨਾਨ-ਟੀਚਿੰਗ ਮੁਲਾਜ਼ਮ, ਪੂਰਨ ਹੜਤਾਲ ਦਾ ਐਲਾਨ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਯੂਨੀਵਰਸਿਟੀ ਪ੍ਰਸ਼ਾਸਨ ਦੇ ਕਥਿਤ ਅੜੀਅਲ ਵਤੀਰੇ ਤੇ ਵਾਅਦਾਖਿਲਾਫੀ ਦੇ ਖਿਲਾਫ ਨਾਨ-ਟੀਚਿੰਗ ਕਰਮਚਾਰੀ ਐਸੋਸੀਏਸ਼ਨ ਨੇ ਵੱਡੇ ਸੰਘਰਸ਼ ਦਾ ਬਿਗੁਲ ਵਜਾ ਦਿੱਤਾ ਹੈ।ਯੂਨੀਅਨ ਵੱਲੋਂ ਅੱਜ ਤੋਂ ਯੂਨੀਵਰਸਿਟੀ ਦਾ ਸਾਰਾ ਕੰਮ-ਕਾਰ ਪੂਰੀ ਤਰ੍ਹਾਂ ਠੱਪ ਕਰਨ ਦਾ ਐਲਾਨ ਕੀਤਾ ਗਿਆ ਹੈ।ਮੁਲਾਜ਼ਮ ਆਗੂਆਂ ਨੇ ਸਪੱਸ਼ਟ ਕੀਤਾ ਹੈ ਕਿ ਇਹ ਹੁਣ ਸਿਰਫ਼ ਮੰਗਾਂ ਦੀ ਨਹੀਂ, ਸਗੋਂ ਮੁਲਾਜ਼ਮਾਂ ਦੀ ਇੱਜ਼ਤ ਤੇ ਹੋਂਦ ਦੀ ਲੜਾਈ ਬਣ ਚੁੱਕੀ ਹੈ।ਮੁਲਾਜ਼ਮ ਆਗੂਆਂ ਨੇ ਦੱਸਿਆ ਕਿ ਉਹ ਪਿਛਲੇ 4 ਮਹੀਨਿਆਂ ਤੋਂ ਆਪਣੇ ਹੱਕਾਂ ਲਈ ਬਿਲਕੁਲ ਸ਼ਾਂਤਮਈ ਢੰਗ ਨਾਲ ਧਰਨੇ 'ਤੇ ਬੈਠੇ ਹੋਏ ਸਨ।ਇਸ ਦੌਰਾਨ ਨਾ ਤਾਂ ਯੂਨੀਵਰਸਿਟੀ ਦਾ ਕੰਮ ਬੰਦ ਕਰਵਾਇਆ ਗਿਆ ਤੇ ਨਾ ਹੀ ਕਿਸੇ ਨੂੰ ਕੋਈ ਪ੍ਰੇਸ਼ਾਨੀ ਆਉਣ ਦਿੱਤੀ ਗਈ, ਪਰ ਅਥਾਰਟੀ ਵੱਲੋਂ ਇਸ ਸ਼ਾਂਤਮਈ ਧਰਨੇ ਨੂੰ ਵੀ ਕੋਰਟ ਵਿੱਚ ਗਲਤ ਤਰੀਕੇ ਨਾਲ ਪੇਸ਼ ਕੀਤਾ ਜਾ ਰਿਹਾ ਹੈ, ਜਿਵੇਂ ਮੁਲਾਜ਼ਮ ਆਪਣੇ ਹੱਕ ਮੰਗ ਕੇ ਕੋਈ ਗੁਨਾਹ ਕਰ ਰਹੇ ਹੋਣ।ਨਾਨ-ਟੀਚਿੰਗ ਕਰਮਚਾਰੀ ਐਸੋਸੀਏਸ਼ਨ ਨੇ ਪ੍ਰਸ਼ਾਸਨ 'ਤੇ ਵਾਅਦਾ ਖਿਲਾਫੀ ਦੇ ਦੋਸ਼ ਲਗਾਏ ਹਨ। ਐਸੋਸੀਏਸ਼ਨ ਅਨੁਸਾਰ ਫਰਵਰੀ ਮਹੀਨੇ ਵਿੱਚ ਅਥਾਰਟੀ ਨੇ ਭਰੋਸਾ ਦਿੱਤਾ ਸੀ ਕਿ 15 ਅਪ੍ਰੈਲ ਤੱਕ ਮੁਲਾਜ਼ਮਾਂ ਦੇ ਸਾਰੇ ਮਸਲੇ ਹੱਲ ਕਰ ਦਿੱਤੇ ਜਾਣਗੇ, ਜਿਸ ਤੋਂ ਬਾਅਦ ਧਰਨਾ ਖਤਮ ਕੀਤਾ ਗਿਆ ਸੀ, ਪਰ ਅੱਜ ਤੱਕ ਇੱਕ ਵੀ ਮੰਗ ਪੂਰੀ ਨਹੀਂ ਹੋਈ।ਮੁਲਾਜ਼ਮਾਂ ਨੂੰ ਸਿਰਫ਼ ਝੂਠੇ ਵਾਅਦੇ, ਟਾਲਮਟੋਲ ਤੇ ਬੇਇੱਜ਼ਤੀ ਹੀ ਮਿਲੀ ਹੈ।ਯੂਨੀਅਨ ਨੇ ਚੇਤਾਵਨੀ ਦਿੱਤੀ ਹੈ ਕਿ ਜੇਕਰ ਅੱਜ ਵੀ ਨਾਨ-ਟੀਚਿੰਗ ਸਟਾਫ਼ ਚੁੱਪ ਰਿਹਾ, ਤਾਂ ਆਉਣ ਵਾਲੇ ਸਮੇਂ ਵਿੱਚ ਹਰ ਇੱਕ ਮੁਲਾਜ਼ਮ ਨੂੰ ਇਕੱਲਾ-ਇਕੱਲਾ ਕਰਕੇ ਅਧਿਕਾਰੀਆਂ ਦੇ ਜ਼ੁਲਮ ਦਾ ਸ਼ਿਕਾਰ ਹੋਣਾ ਪਵੇਗਾ।ਕਿਸੇ ਦੀ ਸੁਣਵਾਈ ਨਹੀਂ ਹੋਵੇਗੀ ਤੇ ਫਾਈਲਾਂ ਨੂੰ ਜਾਣਬੁੱਝ ਕੇ ਰੋਕਿਆ ਜਾਵੇਗਾ।ਐਸੋਸੀਏਸ਼ਨ ਨੇ ਸਾਰੇ ਮੁਲਾਜ਼ਮ ਅਪੀਲ ਕੀਤੀ ਹੈ ਕਿ ਉਹ ਸ਼ੁੱਕਰਵਾਰ ਤੋਂ ਸ਼ੁਰੂ ਹੋਣ ਵਾਲੀ ਕੰਮ-ਬੰਦ ਹੜਤਾਲ 'ਚ ਭਾਗ ਲੈਣ।

# ਬਾਬਾ ਸੇਵਾ ਦਾਸ ਟਰੱਸਟ ਨੇ ਕਰਾਈ ਦੋ ਕਮਰਿਆਂ ਦੀ ਸੇਵਾ



**ਮੋਗਾ (ਇਕਬਾਲ ਸਿੰਘ ਖਹਿਰਾ)** ਬਾਬਾ ਸੇਵਾ ਦਾਸ ਟਰੱਸਟ ਵੱਲੋਂ (ਐਚ ਡਬਲਯੂ ਸੀ) ਧੂੜਕੋਟ ਕਲਾਂ ਵਿਖੇ ਸੇਵਾ ਵਜੋਂ ਦੋ ਕਮਰੇ ਬਣਵਾਏ ਗਏ। ਸਮੇਂ-ਸਮੇਂ 'ਤੇ ਪਹਿਲਾਂ ਵੀ ਇਸ ਟਰੱਸਟ ਵੱਲੋਂ ਸਾਂਝੇ ਕੰਮਾਂ ਸਕੂਲ ਤੇ ਹਸਪਤਾਲਾਂ ਦੀ ਮਦਦ ਕੀਤੀ ਜਾਂਦੀ ਹੈ।

ਇਸ ਦੌਰਾਨ ਸੂਬਾ ਪ੍ਰਧਾਨ ਕੁਲਬੀਰ ਸਿੰਘ ਢਿੱਲੋਂ, ਡਾਕਟਰ ਬਲਦੇਵ ਸਿੰਘ ਧੂੜਕੋਟ, ਪ੍ਰਧਾਨ ਜੋਰਾ ਸਿੰਘ, ਜੋਗਿੰਦਰ ਸਿੰਘ, ਪੰਚ ਲਖਬੀਰ ਸਿੰਘ, ਗੁਰਲਾਲ ਸਿੰਘ, ਜਸਵਿੰਦਰ ਸਿੰਘ, ਜਸਦੀਪ ਸਿੰਘ, ਅਮਨਦੀਪ ਕੌਰ ਸੀ.ਐਚ.ਓ, ਮੂਰਤੀ ਏ ਐਨ ਐਮ, ਕਮਲਜੀਤ ਕੌਰ ਆਸ਼ਾ ਵਰਕਰ ਤੇ ਕੁਲਵੰਤ ਕੌਰ ਆਸ਼ਾ ਵਰਕਰ ਸ਼ਾਮਲ ਹੋਏ।

# ਹੈੱਡ ਕਾਂਸਟੇਬਲ ਜਗਰੂਪ ਸਿੰਘ ਤੇ ਲੇਡੀਜ਼ ਕਾਂਸਟੇਬਲ ਚੰਪਾ ਨਗੋਸੀਆ ਸਨਮਾਨਤ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਟ੍ਰੈਫਿਕ ਪੁਲਸ ਵੱਲੋਂ ਨਿਭਾਈਆਂ ਜਾ ਰਹੀਆਂ ਵਧੀਆ ਸੇਵਾਵਾਂ ਨੂੰ ਮੱਦੇਨਜ਼ਰ ਰੱਖਦਿਆਂ ਹੈੱਡ ਕਾਂਸਟੇਬਲ ਜਗਰੂਪ ਸਿੰਘ (680 ਮੋਗਾ) ਤੇ ਲੇਡੀਜ਼ ਕਾਂਸਟੇਬਲ ਚੰਪਾ ਨਗੋਸੀਆ (921 ਮੋਗਾ) ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਹ ਸਨਮਾਨ ਡੀਐੱਸਪੀ ਬਾਘਾ ਪੁਰਾਣਾ ਜਸਬਰਿੰਦਰ ਸਿੰਘ ਖਹਿਰਾ ਵੱਲੋਂ ਡੀਐੱਸਪੀ ਡਿਸਕ ਦੇ ਰੂਪ ਵਿੱਚ ਪ੍ਰਦਾਨ ਕੀਤਾ ਗਿਆ।ਇਹ ਸਨਮਾਨ ਸਮਾਰੋਹ ਮਾਨਯੋਗ ਸਪੈਸ਼ਲ ਡੀਜੀਪੀ ਕਮਿਊਨਿਟੀ ਅਫੇਅਰ ਡਵੀਜ਼ਨ ਪੰਜਾਬ ਸ੍ਰੀਮਤੀ ਪ੍ਰਗਿਆ ਜੈਨ (ਆਈਪੀਐੱਸ), ਸੀਨੀਅਰ ਪੁਲਸ ਕਪਤਾਨ ਤੇ ਜ਼ਿਲ੍ਹਾ ਕਮਿਊਨਿਟੀ ਪੁਲਸ ਫਰੀਦਕੋਟ ਦੀ ਅਗਵਾਈ ਹੇਠ ਅਤੇ ਐੱਸ ਐੱਸ ਪੀ ਫਰੀਦਕੋਟ ਤੇ ਐੱਸ ਐੱਸ ਪੀ ਮੋਗਾ ਸਰਤਾਜ ਸਿੰਘ ਚਾਹਲ ਦੀ ਰਹਿਨੁਮਾਈ ਵਿੱਚ ਕਰਵਾਇਆ ਗਿਆ।ਇਸ ਮੌਕੇ ਡੀ ਐੱਸ ਪੀ ਜਸਬਰਿੰਦਰ ਸਿੰਘ ਨੇ ਦੋਵੇਂ ਪੁਲਸ ਕਰਮਚਾਰੀਆਂ ਦੀ ਡਿਊਟੀ ਪ੍ਰਤੀ ਨਿਸ਼ਠਾ, ਇਮਾਨਦਾਰੀ ਤੇ ਜਨਤਾ ਨਾਲ ਸਹਿਯੋਗੀ ਰਵੱਈਏ ਦੀ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਟ੍ਰੈਫਿਕ ਪੁਲਸ ਦਾ ਕੰਮ ਸਿਰਫ ਕਾਨੂੰਨ ਲਾਗੂ ਕਰਨਾ ਹੀ ਨਹੀਂ, ਸਗੋਂ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨਾ ਵੀ ਹੈ, ਜਿਸ ਨੂੰ ਇਹ ਕਰਮਚਾਰੀ ਬਖੂਬੀ ਨਿਭਾਅ ਰਹੇ ਹਨ। ਸਨਮਾਨ ਪ੍ਰਾਪਤ ਕਰਨ ਉਪਰੰਤ ਹੈੱਡ ਕਾਂਸਟੇਬਲ ਜਗਰੂਪ ਸਿੰਘ ਤੇ ਲੇਡੀਜ਼ ਕਾਂਸਟੇਬਲ ਚੰਪਾ ਨਗੋਸੀਆ ਨੇ ਉੱਚ ਅਧਿਕਾਰੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਸਨਮਾਨ ਉਨ੍ਹਾਂ ਨੂੰ ਹੋਰ ਵੀ ਵਧੀਆ ਸੇਵਾ ਕਰਨ ਲਈ ਪ੍ਰੇਰਿਤ ਕਰੇਗਾ।ਉਨ੍ਹਾਂ ਵਿਸ਼ੇਸ਼ ਤੌਰ 'ਤੇ ਸਪੈਸ਼ਲ ਡੀਜੀਪੀ ਪ੍ਰਗਿਆ ਜੈਨ, ਐੱਸ ਐੱਸ ਪੀ ਫਰੀਦਕੋਟ ਤੇ ਐੱਸ ਐੱਸ ਪੀ ਮੋਗਾ ਦਾ ਧੰਨਵਾਦ ਕੀਤਾ।ਅਧਿਕਾਰੀਆਂ ਨੇ ਆਸ ਜਤਾਈ ਕਿ ਭਵਿੱਖ ਵਿੱਚ ਵੀ ਪੁਲਸ ਕਰਮਚਾਰੀ ਇਸੇ ਤਰ੍ਹਾਂ ਲੋਕ ਸੇਵਾ ਤੇ ਟ੍ਰੈਫਿਕ ਪ੍ਰਬੰਧਨ ਵਿੱਚ ਆਪਣਾ ਯੋਗਦਾਨ ਪਾਉਂਦੇ ਰਹਿਣਗੇ।


## VALLABH STEELS LIMITED

Regd. Off.: G.T. Road, Village Pawa, Sahnewal, Ludhiana-141 120(Punjab), India, CIN: L27109PB1980PLC004327, Tel.:+91-161-2511413, Fax: +91-161-2511414, E-mail: fin.ho@vallabhgroup.com website: www.vallabhsteelsltd.in

**31 ਮਾਰਚ 2026 ਨੂੰ ਖਤਮ ਹੋਈ ਤਿਮਾਹੀ ਅਤੇ ਸਾਲ ਲਈ ਪੜਤਾਲੇ ਸਟੈਂਡਅਲੋਨ ਵਿੱਤੀ ਨਤੀਜੇ**

ਵਲਭ ਸਟੀਲਜ਼ ਲਿਮਟਿਡ ("ਦ ਕੰਪਨੀ") ਦੇ ਬੋਰਡ ਡਾਇਰੈਕਟਰਾਂ ਨੇ ਵੀਰਵਾਰ, 28 ਮਈ, 2026 ਨੂੰ ਹੋਈ ਮੀਟਿੰਗ 'ਚ ਸੇਬੀ (ਲਿਸਟਿੰਗ ਆਬਲੀਗੇਸ਼ਨਜ਼ ਐਂਡ ਡਿਸਕਲੋਜ਼ਰ ਰਿਕਵਾਇਰਮੈਂਟਸ) ਰੈਗੂਲੇਸ਼ਨਜ਼ 2015 ਦੇ ਰੈਗੂਲੇਸ਼ਨ 33 ਦੇ ਨਿਯਮਾਂ ਅਨੁਸਾਰ 31 ਮਾਰਚ, 2026 ਨੂੰ ਖਤਮ ਹੋਈ ਤਿਮਾਹੀ ਅਤੇ ਸਾਲ ਲਈ ਪੜਤਾਲੇ ਸਟੈਂਡਅਲੋਨ ਵਿੱਤੀ ਨਤੀਜਿਆਂ ਨੂੰ ਮਨਜ਼ੂਰੀ ਦੇ ਦਿੱਤੀ ਹੈ।

ਉਪਰੋਕਤ ਵਿੱਤੀ ਨਤੀਜੇ ਅਤੇ ਪੜਤਾਲੀਆਂ ਰਿਪੋਰਟਾਂ ਕੰਪਨੀ ਦੀ ਵੈੱਬਸਾਈਟ (www.vallabh-steelsltd.in) ਅਤੇ ਬੀ ਐੱਸ ਈ ਲਿਮਟਿਡ (www.bseindia.com) 'ਤੇ ਉਪਲੱਬਧ ਹਨ। ਇਨ੍ਹਾਂ ਨੂੰ ਹੇਠਾਂ ਦਰਸਾਏ ਕਿਊ ਆਰ ਕੋਡ ਤੋਂ ਵੀ ਸਕੈਨ ਕੀਤਾ ਜਾ ਸਕਦਾ ਹੈ।

ਸਥਾਨ : ਲੁਧਿਆਣਾ
ਮਿਤੀ : 28-05-2026

ਵਾਸਤੇ ਵਲਭ ਸਟੀਲਜ਼ ਲਿਮਟਿਡ
ਸਹੀ/-
(ਨੀਲਮ ਸ਼ਰਮਾ)
ਡਾਇਰੈਕਟਰ



## ਰਿਲਾਇੰਸ ਐਸੇਟ ਰੀਕੰਸਟਰੱਕਸ਼ਨ ਕੰਪਨੀ ਲਿਮਟਿਡ

11ਵੀਂ ਮੰਜ਼ਲ, ਉੱਤਰੀ ਪੈਸੇ, ਆਰ-ਟੈਕ ਪਾਰਕ,
ਵੈਸਟਰਨ ਐਕਸਪ੍ਰੈਸ ਹਾਈਵੇ, ਗੋਰੇਗਾਉਂ (ਪੂਰਬੀ), ਮੁੰਬਈ-400063

ਜਿਵੇਂ ਕਿ ਨਿਮਨ ਹਸਤਾਖਰੀ ਨੇ ਰਿਲਾਇੰਸ ਐਸੇਟ ਰੀਕੰਸਟਰਕਸ਼ਨ ਕੰਪਨੀ ਲਿਮਟਿਡ ਦਾ ਅਧਿਕਾਰਤ ਅਫ਼ਸਰ ਹੋਣ ਦੇ ਨਾਤੇ ਸਕਿਓਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ਼ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ਼ ਸਕਿਉਰਿਟੀ ਇੰਟਰੈਸਟ ਐਕਟ 2002, ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਅਧੀਨ ਮਿਲੀਆਂ ਸ਼ਕਤੀਆਂ ਦੀ ਵਰਤੋਂ ਕਰਦਿਆਂ ਡਿਮਾਂਡ ਨੋਟਿਸ ਜਾਰੀ ਕਰਕੇ ਹੇਠ ਸਾਰਣੀ ਵਿੱਚ ਦਰਸਾਏ ਕ੍ਰਮਵਾਰ ਕਰਜ਼ਦਾਰਾਂ/(ਕਰਜ਼ਦਾਰਾਂ) ਨੂੰ ਸਾਰਣੀ ਵਿੱਚ ਦਰਸਾਈ ਰਕਮ ਉਕਤ ਨੋਟਿਸ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਅਦਾ ਕਰਨ ਲਈ ਕਿਹਾ ਗਿਆ ਸੀ। ਕਰਜ਼ਦਾਰ ਰਕਮ ਅਦਾ ਕਰਨ ਵਿੱਚ ਅਸਫ਼ਲ ਰਹੇ ਹਨ। ਕਰਜ਼ਦਾਰ ਅਤੇ ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਨਿਮਨ ਹਸਤਾਖਰੀ ਨੇ ਸਕਿਊਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਦੇ ਸਬ ਸੈਕਸ਼ਨ (4) ਅਧੀਨ ਮਿਲੀਆਂ ਸ਼ਕਤੀਆਂ ਦੀ ਵਰਤੋਂ ਕਰਦਿਆਂ ਹੇਠ ਦਰਸਾਈਆਂ ਜਾਇਦਾਦਾਂ ਦਾ ਕਬਜ਼ਾ ਲੈ ਲਿਆ ਹੈ। ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਦੇ ਧਿਆਨ ਵਿੱਚ ਲਿਆਂਦਾ ਜਾਂਦਾ ਹੈ ਕਿ ਉਨ੍ਹਾਂ ਕੋਲ ਸਰਫੇਸੀ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਅਧੀਨ ਸਕਿਉਰਡ ਐਸਟਸ ਛੁਡਾਉਣ ਲਈ ਸਮਾਂ ਉਪਲਬਧ ਹੈ।

ਖਾਸ ਤੌਰ 'ਤੇ ਕਰਜ਼ਦਾਰ ਅਤੇ ਆਮ ਜਨਤਾ ਨੂੰ ਜਾਇਦਾਦਾਂ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਕਰਨ ਤੋਂ ਖ਼ਬਰਦਾਰ ਕੀਤਾ ਜਾਂਦਾ ਹੈ ਅਤੇ ਜਾਇਦਾਦਾਂ ਸੰਬੰਧੀ ਕਿਸੇ ਤਰ੍ਹਾਂ ਦਾ ਰਿਲਾਇੰਸ ਐੱਸਟਸ ਰੀਕੰਸਟਰੱਕਸ਼ਨ ਕੰਪਨੀ ਲਿਮਟਿਡ ਨੂੰ ਰਕਮ ਇਸ 'ਤੇ ਵਿਆਜ ਦੀ ਅਦਾਇਗੀ ਦਾ ਵਿਸ਼ਾ ਹੈ।

| ਕਰਜ਼ਦਾਰ ਅਤੇ ਗਰੰਟਰਾਂ ਦਾ ਨਾਂਅ | ਜਾਇਦਾਦ ਦਾ ਵੇਰਵਾ | ਭੌਤਿਕ ਕਬਜ਼ੇ ਦੀ ਮਿਤੀ | ਡਿਮਾਂਡ ਡਰਾਫਟ ਦੀ ਮਿਤੀ | ਡਿਮਾਂਡ ਨੋਟਿਸ ਦੀ ਮਿਤੀ ਨੂੰ ਬਕਾਇਆ ਰਕਮ |
|---|---|---|---|---|
| 1. ਸ੍ਰੀਮਤੀ ਕੁਲਵੰਤ ਕੌਰ ਪਤਨੀ ਰਣਜੀਤ ਸਿੰਘ<br>2. ਸ੍ਰੀ ਰਣਜੀਤ ਸਿੰਘ ਪੁੱਤਰ ਜਗਦੀਸ਼ ਸਿੰਘ<br>3. ਸ੍ਰੀ ਸਪਿੰਦਰ ਸਿੰਘ ਪੁੱਤਰ ਰਣਜੀਤ ਸਿੰਘ<br>4. ਸ੍ਰੀ ਗੁਰਲਾਲ ਸਿੰਘ | ਜਾਇਦਾਦ ਦਾ ਉਚਿਤ ਗਿਰਵੀਨਾਮਾ : ਜ਼ਮੀਨ (ਰਿਹਾਇਸ਼ੀ) ਪਲਾਟ ਰਕਬਾ 0 ਕਨਾਲ 16-2/3 ਮਰਲੇ, ਖਸਰਾ ਨੰ. 43//1 ਮਿੰਨ (0-16-2/3), ਖੱਤਾ ਨੰ. 113, ਖਤੌਨੀ ਨੰ. 206, ਜਮ੍ਹਾਂਬੰਦੀ ਸਾਲ 2014-2015, ਪਿੰਡ ਕਾਹਨਗੜ੍ਹ ਵਿਖੇ ਸਥਿਤ, ਤਹਿਸੀਲ ਸੁਨਾਮ ਊਧਮ ਸਿੰਘ ਵਾਲਾ, ਜ਼ਿਲ੍ਹਾ ਸੰਗਰੂਰ, ਹੱਦਬਸਤ ਨੰ. ----, ਸ੍ਰੀਮਤੀ ਕੁਲਵੰਤ ਕੌਰ ਪਤਨੀ ਰਣਜੀਤ ਸਿੰਘ ਪੁੱਤਰ ਜਗਦੀਸ਼ ਸਿੰਘ ਦੇ ਨਾਂਅ ਪਿੰਡ ਬੱਸੀਅਰਖ, ਤਹਿਸੀਲ ਭਵਾਨਗੜ੍ਹ, ਜ਼ਿਲ੍ਹਾ ਸੰਗਰੂਰ, ਬੈਨਾਮਾ ਵਸੀਕਾ ਨੰ. 2019-20/123/1/600 ਮਿਤੀ 29.05.2019 ਅਨੁਸਾਰ। (ਇਸ ਤੋਂ ਬਾਅਦ ਇਸ ਨੂੰ 'ਉਕਤ ਜਾਇਦਾਦ' ਵਜੋਂ ਜਾਣਿਆ ਜਾਵੇ। | 28.05.2026 | 05.08.2024 | ਰੁਪਏ 20,60,284/- (ਵੀਹ ਲੱਖ ਸੱਠ ਹਜ਼ਾਰ ਦੋ ਸੌ ਚੁਰਾਸੀ ਰੁਪਏ ਕੇਵਲ) |

ਮਿਤੀ : 29.05.2026 ਸਥਾਨ : ਜਲੰਧਰ ਅਧਿਕਾਰਤ ਅਫ਼ਸਰ



## YES BANK

Registered and Corporate Office: YES BANK House, Off Western Express Highway, Santacruz East, Mumbai – 400055 India. Website: www.yesbank.in
Email: comminications@yesbank.in, CIN: L65190MH2003PLC143249
Regional Office At: 5th Floor, Max Tower, Sector 16B, Noida, U.P.- 201301

**ਸਰਫੇਸੀ ਐਕਟ ਦੇ ਸੈਕਸ਼ਨ 13 (2) ਅਧੀਨ ਨੋਟਿਸ ਦੀ ਪ੍ਰਕਾਸ਼ਨਾ**

ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਏ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ, ਜਿਨ੍ਹਾਂ ਨੇ ਬੈਂਕ ਤੋਂ ਲਈ ਕਰਜ਼ਾ ਸਹੂਲਤ ਦਾ ਮੂਲ ਅਤੇ ਵਿਆਜ ਵਾਪਸ ਮੋੜਨ 'ਚ ਅਸਫਲਤਾ ਦਿਖਾਈ ਅਤੇ ਜਿਨ੍ਹਾਂ ਦੇ ਕਰਜ਼ਾ ਖਾਤੇ ਨਾਨ-ਪ੍ਰਫਾਰਮਿੰਗ ਐੱਸਟਸ (ਐੱਨ ਪੀ ਏ) ਵਰਗੀਕ੍ਰਿਤ ਕਰ ਦਿੱਤੇ ਗਏ ਹਨ। ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਦੇ ਸੈਕਸ਼ਨ 13 (2) ਅਤੇ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ 2002 (ਸਰਫੇਸੀ ਐਕਟ) ਤਹਿਤ ਉਨ੍ਹਾਂ ਦੇ ਜਾਣਕਾਰੀ ਵਾਲੇ ਆਖਰੀ ਪਤਿਆਂ 'ਤੇ ਨੋਟਿਸ ਜਾਰੀ ਕੀਤੇ ਗਏ ਸਨ ਜੋ ਬਿਨਾਂ ਤਾਮੀਲ ਵਾਪਸ ਆ ਗਏ ਅਤੇ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਗਈ ਹੈ।

| ਲੜੀ ਨੰ. | ਖਾਤਾ ਨੰ. | ਕਰਜ਼ੇ ਦੀ ਕਿਸਮ | ਕਰਜ਼ਦਾਰਾਂ, ਸਹਿ-ਕਰਜ਼ਦਾਰਾਂ, ਰਹਿਣਕਾਰਾਂ ਦਾ ਨਾਂਅ | 13 (2) ਨੋਟਿਸ ਅਨੁਸਾਰ ਬਕਾਇਆ ਰਕਮ | ਐਨ ਪੀ ਏ ਮਿਤੀ | ਨੋਟਿਸ ਦੀ ਮਿਤੀ |
|---|---|---|---|---|---|---|
| 1. | ਏ ਐਫ ਐਚ 00230 1688394 | ਮਕਾਨ ਕਰਜ਼ਾ ਸਹੂਲਤ | (1) ਕਲੀਦੀਨ ਮਾਰਫਤ ਗਯਾਦੀਨ, ਪਤਾ : ਮਕਾਨ ਨੰ. 54531,08, ਸਟਾਰ ਰੋਡ, ਲੋਹਾਰਾ, ਲੁਧਿਆਣਾ-141016 ("ਕਰਜ਼ਦਾਰ") (2) ਸੁਜੀਤ ਕੁਮਾਰ ਮਾਰਫਤ ਕਲੀਦੀਨ ਪਤਾ: ਮਕਾਨ ਨੰ. 54531, 08, ਸਟਾਰ ਰੋਡ, ਢਿੱਲੋਂ ਨਗਰ, ਲੋਹਾਰਾ, ਲੁਧਿਆਣਾ-141016 ("ਸਹਿ-ਕਰਜ਼ਦਾਰ) (3) ਦਰੋਪਤੀ ਦੇਵੀ ਮਾਰਫ਼ਤ ਕਲੀਦੀਨ, ਪਤਾ: ਮਕਾਨ ਨੰ. 54531,08, ਸਟਾਰ ਰੋਡ, ਢਿੱਲੋਂ ਨਗਰ, ਲੋਹਾਰਾ, ਲੁਧਿਆਣਾ 141016 ("ਸਹਿ-ਕਰਜ਼ਦਾਰ ਅਤੇ ਰਹਿਣਕਾਰ") | 18/05/2026 ਨੂੰ ਰੁਪਏ 10,06,697.66/- (ਦਸ ਲੱਖ ਛੇ ਹਜ਼ਾਰ ਛੇ ਸੌ ਸਤਾਨਵੇਂ ਰੁਪਏ ਅਤੇ ਛਿਆਹਠ ਪੈਸੇ ਕੇਵਲ) | 08 ਮਈ 2024 | 18 ਮਈ 2026 |
| ਸਕਿਉਰਡ ਐਸਟ ਦਾ ਵੇਰਵਾ : ਗੈਰ-ਖੇਤੀਬਾੜੀ ਵਾਲੀ ਜਾਇਦਾਦ ਰਕਬਾ 68-1/2 ਵਰਗ ਗਜ਼, ਖਸਰਾ ਨੰ. 163-164, ਖੱਤਾ ਨੰ. 668/722-669/777, ਸਫ਼ਾ ਨੰ. 1512-1528, ਜਮ੍ਹਾਂਬੰਦੀ ਸਾਲ 2009-10, ਪਿੰਡ ਲੋਹਾਰਾ ਵਿਖੇ ਸਥਿਤ, ਹੱਦਬਸਤ ਨੰ. 260, ਢਿੱਲੋਂ ਨਗਰ, ਤਹਿ. ਤੇ ਜ਼ਿਲ੍ਹਾ ਲੁਧਿਆਣਾ, ਪੰਜਾਬ ਨਾਲ ਸੰਬੰਧਤ ਸਭ ਕੁਝ। ਹੱਦਾਂ :- ਪੂਰਬ: ਗੁਆਂਢ ਬਾਹੀ 13', ਪੱਛਮ: ਗਲੀ 18' ਬਾਹੀ 13', ਉੱਤਰ : ਗੁਆਂਢ ਬਾਹੀ 47'-6", ਦੱਖਣ : ਗੁਆਂਢ ਬਾਹੀ 47'-6" | | | | | | |
| 2. | 98588900 000082 | ਐਸ ਬੀ ਐਲ-ਐਲ ਏ ਪੀ | 1. ਮੈਸ. ਟਰੈਵਲ 4 ਯੂ ਡਾਟ ਕਾਮ ਰਾਹੀਂ ਇਸ ਦੇ ਮਾਲਕ ਸਵ. ਸ੍ਰੀ ਆਸ਼ੂ ਸ਼ਰਮਾ ਪੁੱਤਰ ਪ੍ਰਸ਼ੋਤਮ ਲਾਲ ਸ਼ਰਮਾ ਰਾਹੀਂ ਇਸ ਦੇ ਕਾਨੂੰਨੀ ਵਾਰਸਾਂ, ਦਫ਼ਤਰ : ਸ੍ਰੀਨਾਥ ਪੈਲੇਸ, ਪੁਰਾਣਾ ਡਾਕਖਾਨਾ ਰੋਡ, ਫਗਵਾੜਾ-144401, ਨਾਲ ਹੀ : ਵਾਸੀ ਮਕਾਨ ਨੰ. 210, ਨੇੜੇ ਨਿਊ ਮਾਡਲ ਟਾਊਨ, ਰਿਜੈਂਸੀ ਟਾਊਨ, ਫਗਵਾੜਾ, ਜ਼ਿਲ੍ਹਾ ਕਪੂਰਥਲਾ-144401 ("ਕਰਜ਼ਦਾਰ ਅਤੇ ਰਹਿਣਕਾਰ") (2) ਮੈਸ. ਸ੍ਰੀਨਾਥ ਪੈਲੇਸ ਰਾਹੀਂ ਇਸ ਦੇ ਮਾਲਕ ਸ੍ਰੀ ਓਮੇਸ਼ ਸ਼ਰਮਾ ਪੁੱਤਰ ਪ੍ਰਸ਼ੋਤਮ ਲਾਲ ਸ਼ਰਮਾ, ਦਫ਼ਤਰ: ਸ੍ਰੀਨਾਥ ਪੈਲੇਸ, ਪੁਰਾਣਾ ਡਾਕਖਾਨਾ ਰੋਡ, ਫਗਵਾੜਾ-144401, ਨਾਲ ਹੀ : ਵਾਸੀ ਮਕਾਨ ਨੰ. 210, ਨੇੜੇ ਨਿਊ ਮਾਡਲ ਟਾਊਨ, ਰਿਜੈਂਸੀ ਟਾਊਨ, ਫਗਵਾੜਾ, ਜ਼ਿਲ੍ਹਾ ਕਪੂਰਥਲਾ-144401 ("ਕਰਜ਼ਦਾਰ ਅਤੇ ਰਹਿਣਕਾਰ") (3) ਸ੍ਰੀ ਓਮੇਸ਼ ਸ਼ਰਮਾ ਪੁੱਤਰ ਪ੍ਰਸ਼ੋਤਮ ਲਾਲ ਸ਼ਰਮਾ, ਦਫ਼ਤਰ : ਸ੍ਰੀਨਾਥ ਪੈਲੇਸ, ਪੁਰਾਣਾ ਡਾਕਖਾਨਾ ਰੋਡ, ਫਗਵਾੜਾ-144401, ਨਾਲ ਹੀ : ਵਾਸੀ ਮਕਾਨ # 209, ਨੇੜੇ ਨਿਊ ਮਾਡਲ ਟਾਊਨ, ਰਿਜੈਂਸੀ ਟਾਊਨ, ਫਗਵਾੜਾ, ਜ਼ਿਲ੍ਹਾ ਕਪੂਰਥਲਾ 144401, ਕਾਨੂੰਨੀ ਵਾਰਸ ਸਵ: ਸ੍ਰੀ ਆਸ਼ੂ ਸ਼ਰਮਾ ਪੁੱਤਰ ਪ੍ਰਸ਼ੋਤਮ ਲਾਲ ਸ਼ਰਮਾ (4) ਸ੍ਰੀਮਤੀ ਮੰਜੁਲ ਸ਼ਰਮਾ ਪਤਨੀ ਸਵ. ਸ੍ਰੀ ਆਸ਼ੂ ਸ਼ਰਮਾ ਪੁੱਤਰ ਪ੍ਰਸ਼ੋਤਮ ਲਾਲ ਸ਼ਰਮਾ ਵਾਸੀ ਮਕਾਨ ਨੰ. 209, ਨੇੜੇ ਨਿਊ ਮਾਡਲ ਟਾਊਨ, ਰਿਜੈਂਸੀ ਟਾਊਨ, ਫਗਵਾੜਾ, ਜ਼ਿਲ੍ਹਾ ਕਪੂਰਥਲਾ-144401, ਨਾਲ ਹੀ : ਦਫ਼ਤਰ : ਸ੍ਰੀਨਾਥ ਪੈਲੇਸ, ਪੁਰਾਣਾ ਡਾਕਖਾਨਾ ਰੋਡ ਫਗਵਾੜਾ-144401, ਕਾਨੂੰਨੀ ਵਾਰਸ ਸਵ. ਸ੍ਰੀ ਆਸ਼ੂ ਸ਼ਰਮਾ ਪੁੱਤਰ ਪ੍ਰਸ਼ੋਤਮ ਲਾਲ ਸ਼ਰਮਾ (5) ਸਵ. ਸ੍ਰੀ ਆਸ਼ੂ ਸ਼ਰਮਾ ਪੁੱਤਰ ਪ੍ਰਸ਼ੋਤਮ ਲਾਲ ਸ਼ਰਮਾ ਰਾਹੀਂ ਇਸ ਦੇ ਕਾਨੂੰਨੀ ਵਾਰਸਾਂ, ਵਾਸੀ ਮਕਾਨ ਨੰ. 209, ਨੇੜੇ ਨਿਊ ਮਾਡਲ ਟਾਊਨ, ਰਿਜੈਂਸੀ ਟਾਊਨ, ਫਗਵਾੜਾ, ਜ਼ਿਲ੍ਹਾ ਕਪੂਰਥਲਾ-144401, ਨਾਲ ਹੀ: ਦਫ਼ਤਰ: ਸ੍ਰੀਨਾਥ ਪੈਲੇਸ, ਪੁਰਾਣਾ ਡਾਕਖਾਨਾ ਰੋਡ, ਫਗਵਾੜਾ-144401 (ਸਹਿ-ਕਰਜ਼ਦਾਰ/ਗਰੰਟਰ ਅਤੇ ਰਹਿਣਕਾਰ) (6) ਸ੍ਰੀ ਓਮੇਸ਼ ਸ਼ਰਮਾ ਪੁੱਤਰ ਪ੍ਰੋਸ਼ਤਮ ਲਾਲ ਸ਼ਰਮਾ ਦਫ਼ਤਰ: ਸ੍ਰੀਨਾਥ ਪੈਲੇਸ, ਪੁਰਾਣਾ ਡਾਕਖਾਨਾ ਰੋਡ, ਫਗਵਾੜਾ-144401, ਨਾਲ ਹੀ : ਵਾਸੀ ਮਕਾਨ ਨੰ. 209, ਨੇੜੇ ਨਿਊ ਮਾਡਲ ਟਾਊਨ, ਰਿਜੈਂਸੀ ਟਾਊਨ, ਫਗਵਾੜਾ ਜ਼ਿਲ੍ਹਾ ਕਪੂਰਥਲਾ-144401 (ਸਹਿ-ਕਰਜ਼ਦਾਰ ਅਤੇ ਰਹਿਣਕਾਰ) (7) ਸ੍ਰੀਮਤੀ ਸੋਨੀਆ ਸ਼ਰਮਾ ਪਤਨੀ ਸ੍ਰੀ ਓਮੇਸ਼ ਸ਼ਰਮਾ ਪੁੱਤਰ ਪ੍ਰਸ਼ੋਤਮ ਲਾਲ ਸ਼ਰਮਾ ਵਾਸੀ ਮਕਾਨ ਨੰ. 210, ਨੇੜੇ ਨਿਊ ਮਾਡਲ ਟਾਊਨ, ਰਿਜੈਂਸੀ ਟਾਊਨ, ਫਗਵਾੜਾ, ਜ਼ਿਲ੍ਹਾ ਕਪੂਰਥਲਾ-144401, ਨਾਲ ਹੀ ਦਫ਼ਤਰ: ਸ੍ਰੀਨਾਥ ਪੈਲੇਸ, ਪੁਰਾਣਾ ਡਾਕਖਾਨਾ ਰੋਡ, ਫਗਵਾੜਾ-144401, ("ਸਹਿ-ਕਰਜ਼ਦਾਰ ਅਤੇ ਗਰੰਟਰ") (8) ਸ੍ਰੀਮਤੀ ਮੰਜੁਲ ਸ਼ਰਮਾ ਪਤਨੀ ਸ੍ਰੀ ਆਸ਼ੂ ਸ਼ਰਮਾ ਪੁੱਤਰ ਪ੍ਰਸ਼ੋਤਮ ਲਾਲ ਸ਼ਰਮਾ ਵਾਸੀ ਮਕਾਨ ਨੰ. 209, ਨੇੜੇ ਨਿਊ ਮਾਡਲ ਟਾਊਨ, ਰਿਜੈਂਸੀ ਟਾਊਨ, ਫਗਵਾੜਾ, ਜ਼ਿਲ੍ਹਾ ਕਪੂਰਥਲਾ-144401, ਨਾਲ ਹੀ : ਦਫ਼ਤਰ: ਸ੍ਰੀਨਾਥ ਪੈਲੇਸ, ਪੁਰਾਣਾ ਡਾਕਖਾਨਾ ਰੋਡ, ਫਗਵਾੜਾ-144401 ("ਸਹਿ-ਕਰਜ਼ਦਾਰ ਅਤੇ ਗਰੰਟਰ") | 15 ਮਈ 26 ਨੂੰ ਰੁਪਏ 1,27,04,656.30/- (ਇੱਕ ਕਰੋੜ ਸਤਾਈ ਲੱਖ ਚਾਰ ਹਜ਼ਾਰ ਛੇ ਸੌ ਛਪੰਜਾ ਰੁਪਏ ਅਤੇ ਤੀਹ ਪੈਸੇ ਕੇਵਲ) | 29 ਅਕਤੂਬਰ 2022 | 18 ਮਈ 2026 |
| ਸਕਿਉਰਡ ਐਸਟ ਦਾ ਵੇਰਵਾ (1) ਜਾਇਦਾਦ ਮਕਾਨ ਨੰ. 210, ਰਕਬਾ 11 ਮਰਲੇ (10.85 ਮਰਲਾ) ਹੱਦਾਂ: ਪੂਰਬ : ਸੜਕ, ਪੱਛਮ : ਇਮਾਰਤ, ਉੱਤਰ : ਨੰ-211, ਦੱਖਣ : ਨੰ. 209 ਖਸਰਾ ਨੰ. 3545, 7074/3546, 7073/3546, 3549 ਅਤੇ ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ (2) ਜਾਇਦਾਦ ਮਕਾਨ ਨੰ. 211, ਰਕਬਾ 12 ਮਰਲੇ, ਹੱਦਾਂ : ਪੂਰਬ: ਸੜਕ, ਪੱਛਮ: ਇਮਾਰਤ, ਉੱਤਰ: ਨੰ. 211, ਦੱਖਣ : ਨੰ. 209, ਖਸਰਾ ਨੰ. 3545, 7074/3546,7073/3546 ਅਤੇ ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ (3) ਜਾਇਦਾਦ ਮਕਾਨ ਨੰ. 209, ਰਕਬਾ 13-3/4 ਮਰਲਾ, ਹੱਦਾਂ :- ਪੂਰਬ : ਸੜਕ, ਪੱਛਮ : ਇਮਾਰਤ, ਉੱਤਰ : ਨੰ. 211 ਦੱਖਣ : ਨੰ. 209 ਖਸਰਾ ਨੰ. 3545,7074/3546,7073/3546, 3549 ਅਤੇ ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ। | | | | | | |
| 3. | ਐਮ ਆਈ ਸੀ 014153 92 ਅਤੇ 0001005 13000117 1 675 | ਮਾਈਕਰੋ ਐਲ ਏ ਪੀ ਮਿਆਦੀ ਕਰਜ਼ਾ ਅਤੇ ਕ੍ਰੈਡਿਟ ਕਾਰਡ | (1) ਸ੍ਰੀ ਦਪਿੰਦਰ ਸਿੰਘ ਖੱਟੜਾ (ਕਰਜ਼ਦਾਰ) ਪੁੱਤਰ ਹਰਨੇਕ ਸਿੰਘ ਵਾਸੀ ਮਕਾਨ # 305, ਵਾਰਡ# 1, ਨੇੜੇ ਕੱਚੀ ਕੋਠੀ ਅਹਿਮਦਗੜ੍ਹ, ਲੁਧਿਆਣਾ 148021, (2) ਸ੍ਰੀਮਤੀ ਸੁਰਿੰਦਰ ਕੌਰ ਪਤਨੀ ਹਰਨੇਕ ਸਿੰਘ (ਸਹਿ-ਕਰਜ਼ਦਾਰ ਅਤੇ ਰਹਿਣਕਾਰ) ਵਾਸੀ ਮਕਾਨ # 305, ਵਾਰਡ # 1, ਨੇੜੇ ਕੱਚੀ ਕੋਠੀ ਅਹਿਮਦਗੜ੍ਹ, ਲੁਧਿਆਣਾ 148021 (3) ਸ੍ਰੀਮਤੀ ਜਸਮਿੰਦਰ ਕੌਰ ਪੁੱਤਰੀ ਜਗਤਾਰ ਸਿੰਘ (ਸਹਿ-ਕਰਜ਼ਦਾਰ) ਵਾਸੀ ਮਕਾਨ # 305, ਵਾਰਡ #1, ਨੇੜੇ ਕੱਚੀ ਕੋਠੀ ਅਹਿਮਦਗੜ੍ਹ, ਲੁਧਿਆਣਾ-148021 | 15/05/2026 ਨੂੰ ਰੁਪਏ 23,96,269.31/- (ਤੇਈ ਲੱਖ ਛਿਆਨਵੇਂ ਹਜ਼ਾਰ ਦੋ ਸੌ ਉਨੱਤਰ ਰੁਪਏ ਅਤੇ ਇਕੱਤੀ ਪੈਸੇ ਕੇਵਲ) | 2 ਮਈ 2026 | 18 ਮਈ 2026 |
| ਸਕਿਉਰਡ ਐਸਟ ਦਾ ਵੇਰਵਾ : ਜਾਇਦਾਦ ਰਕਬਾ ਖੇਤਰ 0 ਕਨਾਲ-4.1/6 ਮਰਲਾ, ਖੱਤਾ 1072/1393, ਖਸਰਾ # 10//27, ਜਮ੍ਹਾਂਬੰਦੀ ਸਾਲ 1997-1998, ਪਿੰਡ ਬਹਾਦਰਗੜ੍ਹ ਵਿਖੇ ਸਥਿਤ, ਤਹਿਸੀਲ ਅਹਿਮਦਗੜ੍ਹ, ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। | | | | | | |

ਉਪਰੋਕਤ ਕਰਜ਼ਦਾਰ ਅਤੇ/ਜਾਂ ਉਨ੍ਹਾਂ ਦੇ ਗਰੰਟਰ/ਰਹਿਣਕਾਰ (ਜਦੋਂ ਵੀ ਲਾਗੂ ਹੋਵੇ) ਨੂੰ ਬਕਾਇਆ ਰਕਮ, ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਅਦਾ ਕਰਨ ਦਾ ਸੱਦਾ ਦਿੱਤਾ ਜਾਂਦਾ ਹੈ। ਅਸਫਲ ਰਹਿਣ 'ਤੇ 60 ਦਿਨ ਗੁਜ਼ਰ ਜਾਣ ਤੋਂ ਬਾਅਦ ਸਰਫੇਸੀ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਤਹਿਤ ਅਗਲੇ ਕਦਮ ਉਠਾਏ ਜਾਣਗੇ। ਇਸ ਤੋਂ ਅੱਗੇ ਇਹ ਵੀ ਤੁਹਾਡੇ ਧਿਆਨ 'ਚ ਲਿਆਂਦਾ ਜਾਂਦਾ ਹੈ ਕਿ ਉਕਤ ਐਕਟ ਦੇ ਸੈਕਸ਼ਨ 13 (8) ਤਹਿਤ, ਜੇਕਰ ਸਾਡੇ ਬਕਾਏ ਸਮੇਤ ਸਾਡੇ ਵੱਲੋਂ ਸਹਿਣ ਕੀਤੀਆਂ ਗਈਆਂ ਲਾਗਤਾਂ, ਚਾਰਜਿਜ਼ ਅਤੇ ਖਰਚੇ ਵਿਕਰੀ ਜਾਂ ਤਬਾਦਲੇ ਲਈ ਤੈਅ ਕੀਤੀ ਗਈ ਮਿਤੀ ਤੋਂ ਪਹਿਲਾਂ ਕਿਸੇ ਸਮੇਂ ਵੀ ਅਦਾ ਕਰ ਦਿੱਤੇ ਜਾਂਦੇ ਹਨ ਤਾਂ ਸਾਡੇ ਵੱਲੋਂ ਸਕਿਉਰਡ ਐੱਸਟ ਵਿਕਰੀ ਜਾਂ ਤਬਦੀਲ ਨਹੀਂ ਕੀਤੇ ਜਾਣਗੇ ਅਤੇ ਸਾਡੇ ਵੱਲੋਂ ਸਕਿਉਰਡ ਐੱਸਟ ਨੂੰ ਤਬਦੀਲ ਜਾਂ ਵਿਕਰੀ ਕਰਨ ਸੰਬੰਧੀ ਅਗਲੇ ਕਦਮ ਨਹੀਂ ਉਠਾਏ ਜਾਣਗੇ।

ਮਿਤੀ : 30.05.2026
ਸਥਾਨ : ਪੰਜਾਬ

ਸਹੀ/- (ਅਧਿਕਾਰਤ ਅਫ਼ਸਰ)
ਯੈੱਸ ਬੈਂਕ ਲਿਮਟਿਡ



## BHANDARI HOSIERY EXPORTS LIMITED

Regd. Office : Bhandari House, Village Meharban, Rahon Road, Ludhiana-141007 (Punjab) (India)
Phones : 88720-16410, Fax 0161-2690394, CIN: L17115PB1993PLC013930
E-mail : bhandari@bhandariexport.com; Web: www.bhandariexport.com

**STANDALONE AUDITED FINANCIAL RESULTS FOR THE QUARTER AND YEAR ENDED 31.03.2026** (Rs. In Lakhs)

| Sr. No. | Particulars | Quarter Ended 31.03.2026 | Quarter Ended 31.12.2025 | Quarter Ended 31.03.2025 | Year Ended 31.03.2026 | Year Ended 31.03.2025 |
|---|---|---|---|---|---|---|
| 1 | Total Income from Operations | 9027.91 | 5909.53 | 8938.18 | 28071.41 | 27882.21 |
| 2 | Net Profit / (Loss) for the period (before Tax, Exceptional and/or Extraordinary items) | 291.14 | 268.53 | 316.28 | 1043.71 | 1019.04 |
| 3 | Net Profit / (Loss) for the period before tax (after Extraordinary items ) | 291.14 | 268.53 | 316.28 | 1043.71 | 1019.04 |
| 4 | Net Profit / (Loss) for the period after tax (after Extraordinary items ) | 188.60 | 219.42 | 265.33 | 776.83 | 771.32 |
| 5 | Paid up Equity Share Capital (Face value of ₹1/- each) | 3329.56 | 2400.49 | 2400.49 | 3329.56 | 2400.49 |
| 6 | Total comprehensive income for the period (comprising profit/loss for the period and other comprehensive income (After Tax) | 188.60 | 219.42 | 268.80 | 776.83 | 774.80 |
| 7 | Reserves (excluding Revaluation Reserve) as shown in the Audited Balance Sheet of the previous year | | | | 15004.74 | 12914.12 |
| 8 | Earnings Per Share (of ₹1/- each) | | | | | |
| | Basic : | 0.06 | 0.09 | 0.11 | 0.23 | 0.32 |
| | Diluted : | 0.06 | 0.09 | 0.11 | 0.32 | 0.32 |

Note: 1. The above Audited Financial Results for the Quarter and Year ended 31.03.2026 have been reviewed by the Audit Committee and approved by the Board of Directors on 29th May, 2026 in accordance with Regulation 52 of SEBI (Listing Obligations and Disclosure Requirements) Regulations, 2015 as amended. The said results have been audited by the Statutory Auditors of the Company, who have issued an unmodified report thereon. 2. These results have been prepared in accordance with Indian Accounting Standards ('Ind AS') prescribed under Section 133 of the Companies Act, 2013 read with relevant rules thereunder and in terms of Regulation 33 of the SEBI (Listing Obligations & Disclosure Requirements) Regulations 2015 as amended. 3. The Group is engaged in the Single operating segment 'Textiles'. 4. The above is an extract of the detailed format of Audited Financial Results for Quarter and Year ended 31st March, 2026 filed with Stock Exchanges under Regulation 33 of the SEBI (Listing Obligations & Disclosure Requirements) Regulations 2015. The full format of the above said Financial Results are available on the Stock Exchange websites, www.nseindia.com and www.bseindia.com and on the Company's website www.bhandariexport.com . The aforementioned Financial Results along with the Audit Report of the Statutory Auditors thereon can also be accessed by scanning a Quick Response Code given below.

Dated : 29.05.2026
Place : Ludhiana

For Bhandari Hosiery Exports Limited
Sd/-
NITIN BHANDARI
Chairman & Managing Director
(DIN : 01385065)

# ਗੈਰ-ਕਾਨੂੰਨੀ ਹਥਿਆਰ ਸਮੇਤ ਤਿੰਨ ਕਾਬੂ

**ਜਲੰਧਰ (ਸੁਰਿੰਦਰ ਕੁਮਾਰ)**- ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ ਵੱਡੀ ਸਫਲਤਾ ਹਾਸਲ ਕਰਦਿਆਂ ਜਲੰਧਰ ਕਮਿਸ਼ਨਰੇਟ ਪੁਲਿਸ ਨੇ ਗੈਰ-ਕਾਨੂੰਨੀ ਹਥਿਆਰ ਤਸਕਰੀ ਮਾਡਿਊਲ ਵਿੱਚ ਸ਼ਾਮਲ ਤਿੰਨ ਮੁਲਜ਼ਮਾਂ ਨੂੰ ਪੰਜ .32 ਬੋਰ ਪਿਸਤੌਲਾਂ ਦੇ ਨਾਲ-ਨਾਲ 9 ਮੈਗਜ਼ੀਨਾਂ ਅਤੇ 22 ਜ਼ਿੰਦਾ ਕਾਰਤੂਸਾਂ ਸਮੇਤ ਗ੍ਰਿਫ਼ਤਾਰ ਕਰਕੇ ਇਸ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਦਿੰਦੇ ਡਾਇਰੈਕਟਰ ਜਨਰਲ ਆਫ ਪੁਲਿਸ (ਡੀ ਜੀ ਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਮਨਜੋਤ ਸਿੰਘ ਵਾਸੀ ਪਿੰਡ ਢੇਸੀਆਂ, ਗੁਰਦਾਸਪੁਰ; ਸੰਦੀਪ ਸਿੰਘ ਵਾਸੀ ਪਿੰਡ ਜਾਗੋਵਾਲ, ਗੁਰਦਾਸਪੁਰ ਅਤੇ ਅਮਨਦੀਪ ਸਿੰਘ ਉਰਫ਼ ਅਮਨ ਵਾਸੀ ਪਿੰਡ ਭੈਣੀ ਪਸਵਾਲ, ਗੁਰਦਾਸਪੁਰ ਵਜੋਂ ਹੋਈ ਹੈ।ਡੀ ਜੀ ਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਇਹ ਮਾਡਿਊਲ ਪੰਜਾਬ ਵਿੱਚ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਵਿੱਚ ਸ਼ਾਮਲ ਹੈ। ਉਨ੍ਹਾਂ ਦੱਸਿਆ ਕਿ ਅਗਲੇ-ਪਿਛਲੇ ਸਬੰਧ ਸਥਾਪਤ ਕਰਨ ਅਤੇ ਗੈਰ-ਕਾਨੂੰਨੀ ਹਥਿਆਰ ਤਸਕਰੀ ਨੈੱਟਵਰਕ ਦਾ ਮੁਕੰਮਲ ਖਾਤਮਾ ਕਰਨ ਲਈ ਹੋਰ ਜਾਂਚ ਜਾਰੀ ਹੈ। ਪੁਲਿਸ ਕਮਿਸ਼ਨਰ (ਸੀ ਪੀ) ਧਨਪ੍ਰੀਤ ਕੌਰ ਨੇ ਦੱਸਿਆ ਕਿ ਭਰੋਸੇਯੋਗ ਜਾਣਕਾਰੀ 'ਤੇ ਕਾਰਵਾਈ ਕਰਦਿਆਂ, ਪੁਲਿਸ ਟੀਮ ਨੇ ਸ਼ੱਕੀ ਮਨਜੋਤ ਸਿੰਘ ਨੂੰ ਬੱਸ ਸਟੈਂਡ ਜਲੰਧਰ ਨੇੜਿਓਂ ਇੱਕ .32 ਬੋਰ ਪਿਸਤੌਲ ਸਮੇਤ ਗ੍ਰਿਫ਼ਤਾਰ ਕੀਤਾ।ਉਨ੍ਹਾਂ ਦੱਸਿਆ ਕਿ ਗ੍ਰਿਫ਼ਤਾਰ ਮੁਲਜ਼ਮ ਮਨਜੋਤ ਨੇ ਆਪਣੇ ਖੁਲਾਸੇ ਦੌਰਾਨ ਇਸ ਮਾਡਿਊਲ ਵਿੱਚ ਸ਼ਾਮਲ ਆਪਣੇ ਦੋ ਸਾਥੀਆਂ ਸੰਦੀਪ ਅਤੇ ਅਮਨਦੀਪ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਅੱਗੇ ਦੱਸਿਆ ਕਿ ਇਸ ਜਾਣਕਾਰੀ 'ਤੇ ਤੁਰੰਤ ਕਾਰਵਾਈ ਕਰਦਿਆਂ ਪੁਲਿਸ ਟੀਮ ਨੇ ਗੁਰਦਾਸਪੁਰ ਦੇ ਪਿੰਡ ਭੈਣੀ ਪਸਵਾਲ ਤੋਂ ਉਕਤ ਦੋਵਾਂ ਨੂੰ ਗ੍ਰਿਫ਼ਤਾਰ ਕਰ ਲਿਆ। ਸੀ ਪੀ ਨੇ ਦੱਸਿਆ ਕਿ ਗ੍ਰਿਫ਼ਤਾਰ ਮੁਲਜ਼ਮ ਅਮਨਦੀਪ ਦੇ ਖੁਲਾਸੇ ਦੇ ਅਧਾਰ 'ਤੇ ਪੁਲਿਸ ਟੀਮਾਂ ਨੇ ਗੁਰਦਾਸਪੁਰ ਦੇ ਪਿੰਡ ਭੈਣੀ ਪਸਵਾਲ ਵਿਖੇ ਉਸੇ ਦੇ ਘਰ ਨੇੜੇ ਛੁਪਾਏ ਗਏ ਚਾਰ ਹੋਰ .32 ਬੋਰ ਪਿਸਤੌਲਾਂ ਦੇ ਨਾਲ-ਨਾਲ 9 ਮੈਗਜ਼ੀਨਾਂ ਅਤੇ 22 ਜ਼ਿੰਦਾ ਕਾਰਤੂਸ ਬਰਾਮਦ ਕੀਤੇ। ਉਨ੍ਹਾਂ ਅੱਗੇ ਕਿਹਾ ਕਿ ਇਸ ਸੰਬੰਧੀ ਆਉਣ ਵਾਲੇ ਦਿਨਾਂ ਵਿੱਚ ਹੋਰ ਗ੍ਰਿਫ਼ਤਾਰੀਆਂ ਅਤੇ ਬਰਾਮਦਗੀਆਂ ਹੋਣ ਦੀ ਸੰਭਾਵਨਾ ਹੈ।




# ਪੈਟਰੋਲ-ਡੀਜ਼ਲ ਦੀਆਂ ਕੀਮਤਾਂ ਵਧਾ ਕੇ ਕਾਰਪੋਰੇਟ ਘਰਾਣਿਆਂ ਨੂੰ ਫਾਇਦਾ ਪਹੁੰਚਾ ਰਹੀ ਮੋਦੀ ਸਰਕਾਰ : ਧਾਲੀਵਾਲ

## ਕਾਂਗਰਸ ਨੇ ਗੱਡਿਆਂ ਤੇ ਸਾਇਕਲਾਂ ਦੀ ਸਵਾਰੀ ਕਰਕੇ ਜਤਾਇਆ ਰੋਸ

**ਫਗਵਾੜਾ (ਡਾ. ਰਮਨ)**- ਕੇਂਦਰ ਸਰਕਾਰ ਵੱਲੋਂ ਪੈਟਰੋਲ, ਡੀਜ਼ਲ ਅਤੇ ਹੋਰ ਜ਼ਰੂਰੀ ਵਸਤੂਆਂ ਦੀਆਂ ਕੀਮਤਾਂ ਵਿੱਚ ਲਗਾਤਾਰ ਹੋ ਰਹੇ ਵਾਧੇ ਦੇ ਖਿਲਾਫ ਕਾਂਗਰਸ ਪਾਰਟੀ ਵੱਲੋਂ ਫਗਵਾੜਾ ਵਿਖੇ ਜ਼ੋਰਦਾਰ ਰੋਸ ਪ੍ਰਦਰਸ਼ਨ ਕਰਦਿਆਂ 'ਗੱਡਾ ਮਾਰਚ' ਕੱਢਿਆ ਗਿਆ। 'ਮੋਦੀ ਸਰਕਾਰ ਮੁਰਦਾਬਾਦ' ਦੇ ਨਾਅਰਿਆਂ ਨਾਲ ਗੂੰਜਦੇ ਇਸ ਪ੍ਰਦਰਸ਼ਨ ਦੌਰਾਨ ਕਾਂਗਰਸੀ ਆਗੂਆਂ ਅਤੇ ਵਰਕਰਾਂ ਨੇ ਖੱਚਰਾਂ ਵਾਲੇ ਗੱਡਿਆਂ ਅਤੇ ਸਾਇਕਲਾਂ 'ਤੇ ਸਵਾਰ ਹੋ ਕੇ ਕੇਂਦਰ ਸਰਕਾਰ ਦੀਆਂ ਨੀਤੀਆਂ ਖਿਲਾਫ ਆਪਣਾ ਵਿਰੋਧ ਦਰਜ ਕਰਵਾਇਆ। ਜ਼ਿਲ੍ਹਾ ਕਪੂਰਥਲਾ ਕਾਂਗਰਸ ਕਮੇਟੀ ਦੇ ਪ੍ਰਧਾਨ ਅਤੇ ਫਗਵਾੜਾ ਦੇ ਵਿਧਾਇਕ ਸ. ਬਲਵਿੰਦਰ ਸਿੰਘ ਧਾਲੀਵਾਲ (ਰਿਟ. ਆਈ.ਏ.ਐੱਸ.) ਦੀ ਅਗਵਾਈ ਹੇਠ ਸਮੂਹ ਕਾਂਗਰਸ ਵਰਕਰ ਰੈਸਟ ਹਾਊਸ ਜੀ ਟੀ ਰੋਡ ਫਗਵਾੜਾ ਵਿਖੇ ਇਕੱਤਰ ਹੋਏ। ਉੱਥੋਂ ਇਹ ਰੋਸ ਮਾਰਚ ਸ਼ਹਿਰ ਦੇ ਮੁੱਖ ਬਾਜ਼ਾਰਾਂ ਵਿੱਚੋਂ ਹੁੰਦਾ ਹੋਇਆ ਬੱਸ ਸਟੈਂਡ ਫਗਵਾੜਾ ਤੱਕ ਪਹੁੰਚਿਆ। ਪ੍ਰਦਰਸ਼ਨ ਦੌਰਾਨ ਵਰਕਰਾਂ ਨੇ ਹੱਥਾਂ ਵਿੱਚ ਤਖਤੀਆਂ ਅਤੇ ਬੈਨਰ ਫੜ ਕੇ ਕੇਂਦਰ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਖਿਲਾਫ ਨਾਅਰੇਬਾਜ਼ੀ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਬਲਵਿੰਦਰ ਸਿੰਘ ਧਾਲੀਵਾਲ ਨੇ ਕਿਹਾ ਕਿ ਭਾਜਪਾ ਸਰਕਾਰ ਦੀਆਂ ਗਲਤ ਆਰਥਿਕ ਨੀਤੀਆਂ ਕਾਰਨ ਆਮ ਲੋਕਾਂ ਦਾ ਜੀਵਨ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਚੁੱਕਾ ਹੈ। ਉਨ੍ਹਾਂ ਕਿਹਾ ਕਿ ਇੱਕ ਪਾਸੇ ਦੇਸ਼ ਵਿੱਚ ਬੇਰੁਜ਼ਗਾਰੀ ਅਤੇ ਮਹਿੰਗਾਈ ਚਰਮ 'ਤੇ ਹੈ, ਦੂਜੇ ਪਾਸੇ ਪੈਟਰੋਲ ਅਤੇ ਡੀਜ਼ਲ ਦੀਆਂ ਵਧਦੀਆਂ ਕੀਮਤਾਂ ਨੇ ਹਰ ਵਰਗ ਦੀ ਕਮਰ ਤੋੜ ਦਿੱਤੀ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਕੇਂਦਰ ਸਰਕਾਰ ਕਾਰਪੋਰੇਟ ਘਰਾਣਿਆਂ ਨੂੰ ਫਾਇਦਾ ਪਹੁੰਚਾਉਣ ਵਿੱਚ ਲੱਗੀ ਹੋਈ ਹੈ ਜਦਕਿ ਆਮ ਜਨਤਾ ਮਹਿੰਗਾਈ ਦੀ ਮਾਰ ਹੇਠ ਪਿਸ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਕਰੋਨਾ ਮਹਾਮਾਰੀ ਦੌਰਾਨ ਜਦੋਂ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਕੱਚੇ ਤੇਲ ਦੀ ਕੀਮਤ ਲਗਭਗ ਜ਼ੀਰੋ ਡਾਲਰ ਪ੍ਰਤੀ ਬੈਰਲ ਤੱਕ ਪਹੁੰਚ ਗਈ ਸੀ, ਉਸ ਸਮੇਂ ਵੀ ਕੇਂਦਰ ਸਰਕਾਰ ਨੇ ਲੋਕਾਂ ਨੂੰ ਕੋਈ ਰਾਹਤ ਨਹੀਂ ਦਿੱਤੀ। ਉਨ੍ਹਾਂ ਆਖਿਆ ਕਿ ਸਰਕਾਰ ਨੇ ਉਸ ਵੇਲੇ ਵੀ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਘਟਾਉਣ ਦੀ ਬਜਾਏ ਟੈਕਸ ਵਧਾ ਕੇ ਲੋਕਾਂ ਦੀ ਜੇਬ 'ਤੇ ਵਾਧੂ ਬੋਝ ਪਾਇਆ।



# ਭਾਜਪਾ ਪੰਜਾਬ 'ਚ ਲੀਡਰਸ਼ਿਪ ਨੂੰ ਆਊਟਸੋਰਸ ਕਰ ਰਹੀ : ਵੜਿੰਗ



**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਭਾਰਤੀ ਜਨਤਾ ਪਾਰਟੀ ਵੱਲੋਂ ਸਾਬਕਾ ਕਾਂਗਰਸੀ ਆਗੂ ਕੇਵਲ ਸਿੰਘ ਢਿੱਲੋਂ ਨੂੰ ਆਪਣਾ ਸੂਬਾ ਪ੍ਰਧਾਨ ਨਿਯੁਕਤ ਕਰਨ 'ਤੇ ਤੰਜ ਕੱਸਿਆ ਹੈ।ਇਸ ਨਿਯੁਕਤੀ 'ਤੇ ਪ੍ਰਤੀਕਿਰਿਆ ਦਿੰਦਿਆਂ, ਸੂਬਾ ਕਾਂਗਰਸ ਪ੍ਰਧਾਨ ਨੇ ਕਿਹਾ ਕਿ ਭਾਜਪਾ ਵੱਲੋਂ ਕੇਵਲ ਸਿੰਘ ਢਿੱਲੋਂ ਨੂੰ ਸੂਬਾ ਪ੍ਰਧਾਨ ਬਣਾਉਣਾ ਆਪਣੇ ਆਪ ਵਿੱਚ ਭਾਜਪਾ ਵਿੱਚ ਲੀਡਰਸ਼ਿਪ ਦੀ ਹਾਲਤ ਬਿਆਨ ਕਰਦਾ ਹੈ।ਉਨ੍ਹਾਂ ਨੇ ਕਿਹਾ ਕਿ ਜਿਹੜੀ ਪਾਰਟੀ ਪੰਜਾਬ ਵਿੱਚ ਸਰਕਾਰ ਬਣਾਉਣ ਦੇ ਦਿਨ ਵਿੱਚ ਸੁਪਨੇ ਦੇਖ ਰਹੀ ਹੈ, ਉਸ ਨੂੰ ਆਪਣੇ ਹੀ ਘਰ ਵਿੱਚੋਂ ਸੂਬੇ ਦੀ ਅਗਵਾਈ ਕਰਨ ਲਈ ਕੋਈ ਯੋਗ ਵਿਅਕਤੀ ਨਹੀਂ ਮਿਲ ਰਿਹਾ। ਉਨ੍ਹਾਂ ਨੇ ਕਿਹਾ ਕਿ ਪਾਰਟੀ ਕੋਲ ਹੁਣ ਆਪਣੇ ਸੂਬਾ ਪ੍ਰਧਾਨ ਵੀ ਆਊਟਸੋਰਸ ਕਰਨ ਤੋਂ ਬਿਨਾਂ ਕੋਈ ਚਾਰਾ ਨਹੀਂ ਬਚਿਆ ਹੈ ਅਤੇ ਉਸਨੇ ਲਗਾਤਾਰ ਦੂਜੀ ਵਾਰ ਸਾਬਕਾ ਕਾਂਗਰਸੀਆਂ, ਪਹਿਲਾਂ ਸੁਨੀਲ ਜਾਖੜ ਤੇ ਹੁਣ ਕੇਵਲ ਸਿੰਘ ਢਿੱਲੋਂ ਨੂੰ ਨਿਯੁਕਤ ਕੀਤਾ ਹੈ।

# ਖਾਦਾਂ ਦੀ ਸੰਤੁਲਿਤ ਵਰਤੋਂ ਵਿਸ਼ੇ 'ਤੇ ਜਾਗਰੂਕਤਾ ਕੈਂਪ ਲਗਾਇਆ

**ਨਵਾਂਸ਼ਹਿਰ (ਮਨੋਜ ਲਾਡੀ)**- ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ ਲੰਗੜੋਆ ਵੱਲੋਂ ਖਾਦਾਂ ਦੀ ਸੰਤੁਲਿਤ ਵਰਤੋਂ ਵਿਸ਼ੇ 'ਤੇ ਇੱਕ ਵਿਆਪਕ ਜਾਗਰੂਕਤਾ ਕੈਂਪ ਲਗਾਇਆ ਗਿਆ। ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਤੇ ਆਈ ਸੀ ਏ ਆਰ-ਅਟਾਰੀ ਦੀ ਸਰਪ੍ਰਸਤੀ ਹੇਠ ਪੀ ਏ ਯੂ ਕੈਂਪਸ ਵਿਖੇ ਆਯੋਜਿਤ ਇਸ ਪ੍ਰੋਗਰਾਮ ਵਿੱਚ ਖੇਤਰ ਦੇ 35 ਅਗਾਂਹਵਧੂ ਕਿਸਾਨਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਇਹ ਪ੍ਰੋਗਰਾਮ ਡਾ. ਪ੍ਰਦੀਪ ਕੁਮਾਰ, ਐਸੋਸੀਏਟ ਡਾਇਰੈਕਟਰ (ਟ੍ਰੇਨਿੰਗ) ਦੀ ਯੋਗ ਅਗਵਾਈ ਹੇਠ ਕਰਵਾਇਆ ਗਿਆ। ਡਾ. ਤੇਜਬੀਰ ਸਿੰਘ (ਪਸ਼ੂ ਵਿਗਿਆਨ) ਨੇ ਹਾਜ਼ਰੀਨ ਨੂੰ ਦੱਸਿਆ ਕਿ ਰਸਾਇਣਕ ਖਾਦਾਂ ਦੀ ਅੰਨ੍ਹੇਵਾਹ ਵਰਤੋਂ ਪਸ਼ੂਆਂ ਨੂੰ ਸਿੱਧੇ ਤੌਰ 'ਤੇ ਪ੍ਰਭਾਵਿਤ ਕਰਦੀ ਹੈ। ਉਨ੍ਹਾਂ ਨੇ ਸਮਝਾਇਆ ਕਿ ਰਸਾਇਣਕ ਬਹਾਅ ਅਤੇ ਦੂਸ਼ਿਤ ਚਾਰਾ ਪਸ਼ੂਆਂ ਵਿੱਚ ਗੰਭੀਰ ਬਿਮਾਰੀਆਂ ਦਾ ਕਾਰਨ ਬਣ ਸਕਦਾ ਹੈ, ਇਸ ਲਈ ਪਸ਼ੂਧਨ ਦੀ ਰੱਖਿਆ ਲਈ ਮਿੱਟੀ ਦੇ ਸੰਤੁਲਿਤ ਪੋਸ਼ਣ ਦੀ ਸਖ਼ਤ ਲੋੜ ਹੈ। ਡਾ. ਰਜਿੰਦਰ ਕੌਰ, ਅਸਿਸਟੈਂਟ ਪ੍ਰੋਫੈਸਰ (ਗ੍ਰਹਿ ਵਿਗਿਆਨ) ਨੇ ਖੇਤੀਬਾੜੀ ਅਤੇ ਮਨੁੱਖੀ ਸਿਹਤ ਦੇ ਆਪਸੀ ਸਬੰਧਾਂ ਬਾਰੇ ਜਾਣਕਾਰੀ ਦਿੱਤੀ।ਡਾ. ਆਰਤੀ ਵਰਮਾ (ਸਬਜ਼ੀ ਵਿਗਿਆਨ) ਨੇ ਕੁਦਰਤੀ ਖੇਤੀ ਦੇ ਤਰੀਕਿਆਂ ਬਾਰੇ ਮਹੱਤਵਪੂਰਨ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਨੇ ਕਿਸਾਨਾਂ ਨੂੰ ਸਿੰਥੈਟਿਕ/ਰਸਾਇਣਕ ਖਾਦਾਂ 'ਤੇ ਆਪਣੀ ਨਿਰਭਰਤਾ ਘਟਾਉਣ ਅਤੇ ਸਬਜ਼ੀਆਂ ਦੀ ਕਾਸ਼ਤ ਲਈ ਵਾਤਾਵਰਣ-ਪੱਖੀ ਬਦਲ ਅਪਨਾਉਣ ਲਈ ਪ੍ਰੇਰਿਤ ਕੀਤਾ ਤਾਂ ਜੋ ਰਸਾਇਣ-ਮੁਕਤ ਅਤੇ ਪੌਸ਼ਟਿਕ ਤੱਤਾਂ ਨਾਲ ਭਰਪੂਰ ਫ਼ਸਲ ਹਾਸਲ ਕੀਤੀ ਜਾ ਸਕੇ। ਇਸ ਕੈਂਪ ਦਾ ਸਫ਼ਲਤਾਪੂਰਵਕ ਸਮਾਪਨ ਇੱਕ ਵਿਚਾਰ-ਵਟਾਂਦਰਾ ਸੈਸ਼ਨ ਨਾਲ ਹੋਇਆ, ਜਿੱਥੇ ਕਿਸਾਨਾਂ ਨੇ ਮਿੱਟੀ ਦੀ ਪਰਖ ਅਤੇ ਜੈਵਿਕ ਵਿਕਲਪਾਂ ਬਾਰੇ ਆਪਣੇ ਸ਼ੰਕੇ ਦੂਰ ਕੀਤੇ। ਇਹ ਉਪਰਾਲਾ ਪੰਜਾਬ ਦੇ ਖੇਤੀਬਾੜੀ ਭਾਈਚਾਰੇ ਲਈ ਰਵਾਇਤੀ ਖੇਤੀ ਨੂੰ ਵਧੇਰੇ ਸੁਰੱਖਿਅਤ ਅਤੇ ਆਰਥਿਕ ਤੌਰ 'ਤੇ ਲਾਹੇਵੰਦ ਬਣਾਉਣ ਲਈ ਕ੍ਰਿਸ਼ੀ ਵਿਗਿਆਨ ਕੇਂਦਰ ਦੀ ਨਿਰੰਤਰ ਵਚਨਬੱਧਤਾ ਨੂੰ ਦਰਸਾਉਂਦਾ ਹੈ।




# ਨਗਰ ਕੌਂਸਲ ਟਾਂਡਾ ਦੇ ਚੋਣ ਨਤੀਜੇ 'ਚ 10 ਤੇ 'ਆਪ' ਤੇ 5 ਤੇ ਕਾਂਗਰਸ ਜੇਤੂ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਦਿੱਤੇ ਗਏ ਚੋਣ ਪ੍ਰੋਗਰਾਮ ਬੀਤੀ 26 ਮਈ ਨੂੰ ਨਗਰ ਕੌਂਸਲ ਟਾਂਡਾ ਦੇ 15 ਵਾਰਡਾਂ ਹੋਈ ਚੋਣ ਉਪਰੰਤ ਐਲਾਨ ਕੀਤੇ ਗਏ ਨਤੀਜਿਆਂ ਵਿੱਚ ਸੱਤਾਧਾਰੀ ਪਾਰਟੀ ਦੇ 10 ਅਤੇ ਕਾਂਗਰਸ ਪਾਰਟੀ ਦੇ 5 ਉਮੀਦਵਾਰ ਜੇਤੂ ਰਹੇ ਜਦ ਕਿ ਸ਼੍ਰੋਮਣੀ ਅਕਾਲੀ ਦਲ ਅਤੇ ਭਾਜਪਾ ਆਪਣੀ ਜਿੱਤ ਦਾ ਖਾਤਾ ਖੋਲਣ ਵਿੱਚ ਅਸਫਲ ਰਹੇ। ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਕਮ ਜਿਲਾ ਚੋਣ ਅਫਸਰ ਆਸਿਕਾ ਜੈਨ ਦੀ ਅਗਵਾਈ ਵਿੱਚ ਐੱਸ ਡੀ ਐੱਮ ਕਮ ਚੋਣ ਅਫਸਰ ਟਾਂਡਾ ਲਵਪ੍ਰੀਤ ਸਿੰਘ ਔਲਖ ਦੀ ਦੇਖ ਰੇਖ ਹੇਠ ਸਕੂਲ ਆਫ ਐਮੀਨੈਂਸ ਟਾਂਡਾ ਵਿਖੇ ਹੋਈ ਗਿਣਤੀ ਉਪਰੰਤ ਵਾਰਡ ਨੰਬਰ 1 ਤੋਂ ਕਾਂਗਰਸ ਦੇ ਹਿਨਾ ਵੈਦ 2 ਤੋਂ ਕਾਂਗਰਸ ਦੇ ਬਲਦੇਵ ਰਾਜ, ਵਾਰਡ ਨੰਬਰ 3 ਤੋਂ ਸੱਤਾਧਾਰੀ ਪਾਰਟੀ ਦੀ ਸਰੋਜ ਬਾਲਾ, 4 ਤੋਂ ਕਾਂਗਰਸ ਪਾਰਟੀ ਦੇ ਦਵਿੰਦਰ ਬਿੱਲੂ ਸੈਣੀ, 5 ਤੋਂ ਕਾਂਗਰਸ ਦੀ ਗੁਰਪ੍ਰੀਤ ਕੌਰ, 6 ਤੋਂ ਸੱਤਾਧਾਰੀ ਪਾਰਟੀ ਦੇ ਸੇਠ ਰਾਮ ਸੇਠੀ, 7 ਤੋਂ ਸੱਤਾਧਾਰੀ ਪਾਰਟੀ ਦੀ ਨਰਿੰਦਰ ਕੌਰ, 8 ਤੋਂ ਸੱਤਾਧਾਰੀ ਪਾਰਟੀ ਦੇ ਹਰਮੀਤ ਸਿੰਘ,9 ਤੋਂ ਕਾਂਗਰਸ ਪਾਰਟੀ ਦੀ ਪ੍ਰਿਤਪਾਲ ਕੌਰ, 10 ਤੋਂ ਸੱਤਾਧਾਰੀ ਦੇ ਸੋਨੂ ਖੰਨਾ ,11 ਤੋਂ ਸੱਤਾਧਾਰੀ ਪਾਰਟੀ ਦੀ ਗੁਰਬਖਸ਼ ਕੌਰ, ਵਾਰਡ ਨੰਬਰ 12 ਤੋਂ ਸੱਤਾਧਾਰੀ ਪਾਰਟੀ ਦੇ ਹਰੀ ਕ੍ਰਿਸ਼ਨ ਸੈਣੀ 13 ਤੋਂ ਸੱਤਾਧਾਰੀ ਪਾਰਟੀ ਦੀ ਪਰਮਿੰਦਰ ਕੌਰ,ਵਾਰਡ ਨੰਬਰ 14 ਤੋਂ ਸੱਤਾਧਾਰੀ ਪਾਰਟੀ ਦੀ ਮਨਜੀਤ ਕੌਰ ਅਤੇ ਵਾਰਡ ਨੰਬਰ 15 ਤੋ ਸਤਾਧਾਰੀ ਪਾਰਟੀ ਦੀ ਜਸਵੰਤ ਕੌਰ ਮੁਲਤਾਨੀ ਜੇਤੂ ਰਹੇ।ਜਿਕਰ ਯੋਗ ਹੈ ਕਿ ਪਿਛਲੇ 20 ਸਾਲਾਂ ਤੋਂ ਨਗਰ ਕੌਂਸਲ ਟਾਂਡਾ ਤੇ ਕਾਂਗਰਸ ਕਾਬਜ ਸੀ।



# ਅੰਤਰਰਾਸ਼ਟਰੀ ਮਹਿਲਾ ਸਿਹਤ ਦਿਵਸ ਮਨਾਇਆ

**ਬੰਗਾ (ਅਵਤਾਰ ਕਲੇਰ)**- ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਅੰਤਰਰਾਸ਼ਟਰੀ ਮਹਿਲਾ ਸਿਹਤ ਦਿਵਸ ਮਨਾਇਆ ਗਿਆ।

ਇਸ ਮੌਕੇ ਹਸਪਤਾਲ ਪ੍ਰਬੰਧਕ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਪ੍ਰਧਾਨ ਕੁਲਵਿੰਦਰ ਸਿੰਘ ਢਾਹਾਂ ਨੇ ਕਿਹਾ ਕਿ ਅੰਤਰਰਾਸ਼ਟਰੀ ਮਹਿਲਾ ਸਿਹਤ ਦਿਵਸ ਮੌਕੇ ਔਰਤਾਂ ਵਿਚ ਸਰੀਰਿਕ, ਮਾਨਸਿਕ ਸਿਹਤ ਅਤੇ ਉਨ੍ਹਾਂ ਦੇ ਅਧਿਕਾਰਾਂ ਪ੍ਰਤੀ ਜਾਗਰੂਕਤਾ ਪੈਦਾ ਕਰਨ ਦੀ ਜ਼ਰੂਰਤ ਹੈ । ਉਹਨਾਂ ਕਿਹਾ ਕਿ ਔਰਤਾਂ ਨੂੰ ਆਪਣੇ ਹੱਕਾਂ ਅਤੇ ਤੰਦਰੁਸਤ ਰਹਿਣ ਪ੍ਰਤੀ ਹਮੇਸ਼ਾ ਚੇਤੰਨ ਰਹਿਣਾ ਚਾਹੀਦਾ ਹੈ, ਕਿਉਂਕਿ ਔਰਤ ਦਾ ਸਿਹਤਮੰਦ ਹੋਣਾ ਪੂਰੇ ਪਰਿਵਾਰ ਦੀ ਖੁਸ਼ਹਾਲੀ ਦਾ ਮੁੱਖ ਆਧਾਰ ਹੁੰਦਾ ਹੈ । ਉਹਨਾਂ ਨੇ ਔਰਤਾਂ ਨੂੰ ਆਪਣੀ ਸਿਹਤ ਦੀ ਨਿਯਮਤ ਜਾਂਚ ਕਰਵਾਉਣ ਲਈ ਵੀ ਪ੍ਰੇਰਿਤ ਕੀਤਾ। ਸਮਾਗਮ ਦੌਰਾਨ ਹਸਪਤਾਲ ਦੇ ਔਰਤਾਂ ਦੀਆਂ ਬਿਮਾਰੀਆਂ ਦੇ ਮਾਹਿਰ ਡਾ. ਸ਼ਵੇਤਾ ਬਗੜੀਆ ਨੇ ਦੱਸਿਆ ਕਿ ਔਰਤਾਂ ਵਿਚ ਛਾਤੀ ਦਾ ਕੈਂਸਰ, ਹੱਡੀਆਂ ਦੀ ਮਜ਼ਬੂਤੀ , ਥਾਇਰਾਇਡ , ਬਲੱਡ ਪ੍ਰੈਸ਼ਰ, ਹਾਰਮੋਨ, ਮੇਨੋਪੌਜ਼, ਆਇਰਨ, ਵਿਟਾਮਿਨ ਦੀਆਂ ਕਮੀਆਂ ਅਤੇ ਹੋਰ ਬਿਮਾਰੀਆਂ ਤੋਂ ਬਚਣ ਲਈ ਸਮੇਂ-ਸਮੇਂ 'ਤੇ ਜਾਂਚ ਕਰਵਾਉਣੀ ਬਹੁਤ ਜ਼ਰੂਰੀ ਹੈ। ਉਹਨਾਂ ਕਿਹਾ ਕਿ ਔਰਤਾਂ ਪਰਵਾਰ ਅਤੇ ਕੰਮ ਦੀਆਂ ਜ਼ਿੰਮੇਵਾਰੀਆਂ ਪੂਰੀਆਂ ਕਰਦੇ ਹੋਏ ਆਪਣੀ ਸਿਹਤ ਦਾ ਧਿਆਨ ਰੱਖਣ । ਉਹਨਾਂ ਨੇ ਇਸ ਮੌਕੇ ਅੰਤਰਰਾਸ਼ਟਰੀ ਮਹਿਲਾ ਸਿਹਤ ਦਿਵਸ ਬਾਰੇ ਵੀ ਵਿਸਥਾਰ ਸਹਿਤ ਜਾਣਕਾਰੀ ਦਿੱਤੀ ।ਅੰਤਰਰਾਸ਼ਟਰੀ ਮਹਿਲਾ ਸਿਹਤ ਦਿਵਸ ਨੂੰ ਸਮਰਪਿਤ ਜਾਗਰੂਕਤਾ ਪੋਸਟਰ ਵੀ ਖਿੱਚ ਦਾ ਕੇਂਦਰ ਸਨ। ਇਸ ਮੌਕੇ ਮਹਿੰਦਰਪਾਲ ਸਿੰਘ ਦਫਤਰ ਸੁਪਰਡੈਂਟ, ਪਿਊਸ਼ੀ ਯਾਦਵ ਗੁਰੂ ਨਾਨਕ ਪੈਰਾਮੈਡੀਕਲ ਕਾਲਜ, ਡਾ. ਰਵੀਨਾ, ਡਾ. ਤਨਪ੍ਰੀਤ ਕੌਰ, ਸਰਬਜੀਤ ਕੌਰ ਡਿਪਟੀ ਨਰਸਿੰਗ ਸੁਪਰਡੈਂਟ, ਜੋਤੀ ਭਾਟੀਆ ਉ ਪੀ ਡੀ ਮੈਨੇਜਰ, ਬਲਬੀਰ ਕੌਰ ਉ ਪੀ ਡੀ ਇੰਚਾਰਜ, ਬਲਜੀਤ ਕੌਰ, ਸੋਨੀਆ ਸਿੰਘ, ਗੁਰਪ੍ਰੀਤ ਕੌਰ, ਕਿਰਨਦੀਪ ਕੌਰ, ਬਲਬੀਰ ਕੌਰ ਅਤੇ ਸਨੀਤਾ ਰਾਣੀ (ਸਾਰੇ ਵਾਰਡ ਇੰਚਾਰਜ), ਸਮੂਹ ਨਰਸਿੰਗ ਤੇ ਹਸਪਤਾਲ ਸਟਾਫ ਵੀ ਹਾਜ਼ਰ ਸੀ।



# ਜ਼ਿਲ੍ਹੇ 'ਚ ਵੱਖ-ਵੱਖ ਥਾਈਂ ਚੱਲੀ ਡੇਂਗੂ ਰੋਕਥਾਮ ਮੁਹਿੰਮ

**ਮੋਹਾਲੀ, (ਗੁਰਜੀਤ ਬਿੱਲਾ)**- ਹਰ ਸ਼ੁੱਕਰਵਾਰ, ਡੇਂਗੂ 'ਤੇ ਵਾਰ ਮੁਹਿੰਮ ਤਹਿਤ ਜ਼ਿਲ੍ਹਾ ਸਿਹਤ ਵਿਭਾਗ ਦੀਆਂ ਟੀਮਾਂ ਨੇ ਜ਼ਿਲ੍ਹੇ ਦੇ ਵੱਖ ਵੱਖ ਧਾਰਮਿਕ, ਇਤਿਹਾਸਕ ਸਥਾਨਾਂ ਤੇ ਕਮਿਊਨਿਟੀ ਸੈਂਟਰਾਂ ਵਿਚ ਚੈਕਿੰਗ ਕੀਤੀ । ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਗੁਰਦਵਾਰਾ ਸ੍ਰੀ ਅੰਬ ਸਾਹਿਬ ਵਿਚ ਚੱਲ ਰਹੀ ਜਾਂਚ ਮੁਹਿੰਮ ਦਾ ਨਿਰੀਖਣ ਕੀਤਾ। ਉਨ੍ਹਾਂ ਅਪੀਲ ਕੀਤੀ ਕਿ ਹਰ ਕਿਸੇ ਨੂੰ ਇਹ ਯਕੀਨੀ ਕਰਨਾ ਚਾਹੀਦਾ ਹੈ ਕਿ ਡੇਂਗੂ ਬੁਖ਼ਾਰ ਤੋਂ ਬਚਣ ਲਈ ਕਿਸੇ ਵੀ ਜਗ੍ਹਾ ਪਾਣੀ ਜਮ੍ਹਾਂ ਨਾ ਹੋਣ ਦਿਤਾ ਜਾਵੇ। ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਅਨਾਮਿਕਾ ਸੋਨੀ ਨੇ ਦਸਿਆ ਕਿ ਜ਼ਿਲ੍ਹੇ ਦੇ ਸੀਨੀਅਰ ਸਿਹਤ ਅਧਿਕਾਰੀਆਂ ਦੀ ਅਗਵਾਈ ਹੇਠ ਸਿਹਤ ਵਰਕਰਾਂ, ਆਸ਼ਾ ਵਰਕਰਾਂ, ਨਰਸਿੰਗ ਕਾਲਜਾਂ ਦੇ ਵਿਦਿਆਰਥੀਆਂ ਨੇ ਡੇਂਗੂ ਬੁਖ਼ਾਰ ਲਈ ਜ਼ਿੰਮੇਵਾਰ ਮੱਛਰ ਦਾ ਲਾਰਵਾ ਲੱਭਣ ਲਈ ਕੰਟੇਨਰ ਚੈੱਕ ਕੀਤੇ ਅਤੇ ਮੱਛਰ ਦੀ ਪੈਦਾਇਸ਼ ਵਾਲੀਆਂ ਹੋਰ ਸੰਭਾਵੀ ਥਾਵਾਂ ਦਾ ਨਿਰੀਖਣ ਕੀਤਾ। ਮੌਕੇ 'ਤੇ ਮੌਜੂਦ ਲੋਕਾਂ ਨੂੰ ਡੇਂਗੂ ਬੁਖ਼ਾਰ ਦੇ ਲੱਛਣਾਂ, ਕਾਰਨਾਂ, ਬਚਾਅ ਅਤੇ ਇਲਾਜ ਬਾਰੇ ਵੀ ਵਿਸਥਾਰਪੂਰਵਕ ਸਮਝਾਇਆ ਗਿਆ।ਡਾ. ਅਨਾਮਿਕਾ ਸੋਨੀ ਨੇ ਦਸਿਆ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ 'ਤੇ 'ਹਰ ਸ਼ੁੱਕਰਵਾਰ, ਡੇਂਗੂ 'ਤੇ ਵਾਰ' ਮੁਹਿੰਮ ਸਾਰੇ ਜ਼ਿਲ੍ਹੇ ਵਿਚ ਚੱਲ ਰਹੀ ਹੈ। ਅਧਿਕਾਰੀਆਂ ਸਮੇਤ ਹੋਰ ਸਟਾਫ਼ ਜਿਥੇ ਘਰ ?-ਘਰ ਜਾ ਕੇ ਸਰਵੇਖਣ ਕਰ ਰਹੇ ਹਨ, ਉਥੇ ਚਾਲਾਨ ਕੱਟਣ ਦੀ ਕਾਰਵਾਈ ਵੀ ਕੀਤੀ ਜਾ ਰਹੀ ਹੈ। ਸਰਵੇ ਦੌਰਾਨ ਕੰਟੇਨਰ, ਗਮਲੇ, ਕੂਲਰ, ਫ਼ਰਿੱਜ, ਬਕਸੇ ਅਤੇ ਹੋਰ ਸਮਾਨ ਦੀ ਜਾਂਚ ਕੀਤੀ ਜਾ ਰਹੀ ਹੈ।



# ਐੱਸ ਸੀ ਕਮਿਸ਼ਨ ਵੱਲੋਂ 1 ਜੁਲਾਈ ਨੂੰ ਐਕਸ਼ਨ ਟੇਕਨ ਰਿਪੋਰਟ ਪੇਸ਼ ਕਰਨ ਦੇ ਹੁਕਮ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਵੱਲੋਂ ਮੈਂਬਰ ਪਾਰਲੀਮੈਂਟ, ਅਮਰਿੰਦਰ ਸਿੰਘ ਰਾਜਾ ਵੜਿੰਗ ਮਾਮਲੇ ਵਿੱਚ ਪੰਜਾਬ ਪੁਲਿਸ ਨੂੰ 1 ਜੁਲਾਈ ਨੂੰ ਐਕਸ਼ਨ ਟੇਕਨ ਰਿਪੋਰਟ ਪੇਸ਼ ਕਰਨ ਦੇ ਹੁਕਮ ਦਿੱਤੇ ਹਨ।ਇਸ ਸਬੰਧੀ ਜਾਣਕਾਰੀ ਦਿੰਦਿਆਂ ਜਸਵੀਰ ਸਿੰਘ ਗੜ੍ਹੀ ਨੇ ਦੱਸਿਆ ਕਿ ਕਮਿਸ਼ਨ ਵੱਲੋਂ ਕਾਂਗਰਸ ਪਾਰਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵਲੋਂ ਵੋਟਾਂ ਦੇ ਪ੍ਰਚਾਰ ਦੌਰਾਨ ਦਲਿਤ ਜਾਤੀਆਂ ਪ੍ਰਤੀ ਜਾਤੀ ਸੂਚਕ ਸ਼ਬਦ ਵਰਤਣ ਸਬੰਧੀ ਮਾਮਲੇ ਦਾ ਸੂ-ਮੋਟੋ ਨੋਟਿਸ ਲਿਆ ਗਿਆ ਸੀ। ਜਿਸ ਸਬੰਧੀ ਸੀਨੀਅਰ ਕਪਤਾਨ ਪੁਲਿਸ ਸ੍ਰੀ ਮੁਕਸਤਰ ਸਾਹਿਬ ਦੀ ਤਰਫੋਂ ਐੱਸ ਪੀ ਹੈੱਡਕੁਆਟਰ ਸ੍ਰੀ ਮੁਕਤਸਰ ਸਾਹਿਬ ਪੇਸ਼ ਹੋਏ ਤੇ ਉਨ੍ਹਾਂ ਦੱਸਿਆ ਕਿ ਇਸ ਮਾਮਲੇ ਸਬੰਧੀ ਆਡੀਓ ਦੀ ਜਾਂਚ ਦਾ ਕੰਮ ਆਰੰਭ ਕਰ ਦਿੱਤਾ ਗਿਆ ਹੈ। ਪੰਜਾਬ ਪੁਲਿਸ ਵੱਲੋਂ ਇਸ ਸੰਬੰਧੀ ਮੈਟਾ ਕੰਪਨੀ ਤੋਂ ਵੀ ਜਾਣਕਾਰੀ ਮੰਗੀ ਗਈ ਹੈ, ਜਿਸ ਬਾਬਤ ਰਿਪੋਰਟ 30 ਦਿਨਾਂ ਵਿੱਚ ਪ੍ਰਾਪਤ ਹੋਣ ਦੀ ਉਮੀਦ ਹੈ।ਉਨ੍ਹਾਂ ਦੱਸਿਆ ਕਿ ਕਮਿਸ਼ਨ ਵੱਲੋਂ ਇਸ ਸੰਬੰਧੀ ਐਕਸ਼ਨ ਟੇਕਨ ਰਿਪੋਰਟ ਅਤੇ ਮੈਟਾ ਦੀ ਰਿਪੋਰਟ 1 ਜੁਲਾਈ ਨੂੰ ਪੇਸ਼ ਕਰਨ ਦੇ ਹੁਕਮ ਦਿੱਤੇ ਗਏ ਹਨ।




# ਗਾਂਧੀ ਵਨੀਤਾ ਆਸ਼ਰਮ ਵਿਖੇ ਸਿਲਾਈ ਕੋਰਸ ਦੀ ਸ਼ੁਰੂਆਤ

**ਜਲੰਧਰ (ਸੁਰਿੰਦਰ ਕੁਮਾਰ)**- ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਮਨਿੰਦਰ ਕੌਰ ਵੱਲੋਂ ਜ਼ਿਲ੍ਹਾ ਰੈਡ ਕਰਾਸ ਸੁਸਾਇਟੀ ਵਲੋਂ ਦਲਵੀਰ ਕੌਰ ਮੈਮੋਰੀਅਲ ਚੈਰੀਟੇਬਲ ਸਿਲਾਈ ਸੈਂਟਰ ਕਰਤਾਰਪੁਰ ਦੇ ਸਹਿਯੋਗ ਨਾਲ ਚਿਲਡਰਨ ਹੋਮ ਗਾਂਧੀ ਵਨੀਤਾ ਆਸ਼ਰਮ ਵਿਖੇ ਰਹਿ ਰਹੀਆਂ ਲੜਕੀਆਂ ਨੂੰ ਹੁਨਰਮੰਦ ਬਣਾਉਣ ਦੇ ਮੰਤਵ ਨਾਲ ਸਿਲਾਈ ਦੇ ਕੋਰਸ ਦੀ ਸ਼ੁਰੂਆਤ ਕਰਵਾਈ ਗਈ।ਲੜਕੀਆਂ ਦੀ ਹੌਸਲਾ ਅਫ਼ਜਾਈ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਿਲਾਈ ਦਾ ਕੋਰਸ ਮੁਕੰਮਲ ਕਰਨ ਉਪਰੰਤ ਇਹ ਲੜਕੀਆਂ ਭਵਿੱਖ ਵਿੱਚ ਸਵੈ ਰੋਜ਼ਗਾਰ ਸ਼ੁਰੂ ਕਰਕੇ ਆਰਥਿਕ ਪੱਖੋਂ ਮਜ਼ਬੂਤ ਬਣ ਸਕਣਗੀਆਂ। ਉਨ੍ਹਾਂ ਬੱਚਿਆਂ ਨੂੰ ਪੂਰੀ ਲਗਨ ਤੇ ਮਿਹਨਤ ਨਾਲ ਸਿਖਲਾਈ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਅਜੈ ਭਾਰਤੀ ਵੀ ਮੌਜੂਦ ਸਨ। ਉਨ੍ਹਾਂ ਜ਼ਿਲ੍ਹਾ ਰੈਡ ਕਰਾਸ ਸੁਸਾਇਟੀ ਅਤੇ ਦਲਵੀਰ ਕੌਰ ਮੈਮੋਰੀਅਲ ਚੈਰੀਟੇਬਲ ਸਿਲਾਈ ਸੈਂਟਰ ਦੇ ਪ੍ਰਧਾਨ ਸੁਰਜੀਤ ਸਿੰਘ ਅਤੇ ਉਨ੍ਹਾਂ ਦੇ ਸਾਥੀ ਅਮਰੀਕ ਸਿੰਘ ਵਲੋਂ ਕੀਤੇ ਗਏ ਇਸ ਨੇਕ ਉਪਰਾਲੇ ਦੀ ਸ਼ਲਾਘਾ ਵੀ ਕੀਤੀ।ਇਸ ਮੌਕੇ ਸਕੱਤਰ ਜ਼ਿਲ੍ਹਾ ਰੈਡ ਕਰਾਸ ਸੁਸਾਇਟੀ ਸੁਰਜੀਤ ਲਾਲ ਨੇ ਦੱਸਿਆ ਕਿ 30 ਲੜਕੀਆਂ ਨੂੰ ਸਿਲਾਈ ਕੋਰਸ ਕਰਵਾਇਆ ਜਾਵੇਗਾ ਅਤੇ ਭਵਿੱਖ ਵਿੱਚ ਵੀ ਇਸ ਕੋਰਸ ਨੂੰ ਜਾਰੀ ਰੱਖਿਆ ਜਾਵੇਗਾ।

# ਸਤਨਾਮ ਜਲਾਲਪੁਰ ਨੇ ਮਨੀਸ਼ ਸਿਸੋਦੀਆ ਨਾਲ ਕੀਤੀ ਮੁਲਾਕਾਤ

**ਬਲਾਚੌਰ (ਜਸਵਿੰਦਰ ਬੈਂਸ)**- ਸ਼ਹੀਦ ਭਗਤ ਸਿੰਘ ਨਗਰ ਤੋਂ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਅਤੇ ਜ਼ਿਲਾ ਯੋਜਨਾ ਬੋਰਡ ਦੇ ਚੇਅਰਮੈਨ ਸਤਨਾਮ ਜਲਾਲਪੁਰ ਵੱਲੋਂ ਆਮ ਆਦਮੀ ਪਾਰਟੀ ਦੇ ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ ਨਾਲ ਜ਼ਿਲ੍ਹੇ ਦੇ ਤਿੰਨੋਂ ਵਿਧਾਨ ਸਭਾ ਹਲਕਿਆਂ ਸਬੰਧੀ ਵਿਸਥਾਰ ਪੂਰਵਕ ਚਰਚਾ ਕੀਤੀ ਗਈ। ਇਸ ਦੌਰਾਨ ਪਾਰਟੀ ਦੀਆਂ ਸੰਗਠਨਾਤਮਕ ਗਤੀਵਿਧੀਆਂ, ਵਰਕਰਾਂ ਦੀ ਮਜ਼ਬੂਤੀ, ਲੋਕਾਂ ਦੇ ਮੁੱਦੇ ਅਤੇ ਆਉਣ ਵਾਲੀਆਂ ਰਾਜਨੀਤਿਕ ਰਣਨੀਤੀਆਂ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਆਗੂਆਂ ਨੇ ਭਰੋਸਾ ਜਤਾਇਆ ਕਿ ਪਾਰਟੀ ਪੰਜਾਬ ਵਿੱਚ ਹੋਰ ਮਜ਼ਬੂਤੀ ਨਾਲ ਲੋਕਾਂ ਦੀਆਂ ਉਮੀਦਾਂ 'ਤੇ ਖਰੀ ਉਤਰੇਗੀ ਅਤੇ ਹਰ ਹਲਕੇ ਵਿੱਚ ਵਿਕਾਸ ਕਾਰਜਾਂ ਨੂੰ ਤਰਜੀਹ ਦਿੱਤੀ। ਮਨੀਸ਼ ਸਿਸੋਦੀਆ ਨੇ ਸਤਨਾਮ ਜਲਾਲਪੁਰ ਨੂੰ ਜਲਦੀ ਦੋਬਾਰਾ ਮਿਲਣ ਲਈ ਚੰਡੀਗੜ੍ਹ ਬੁਲਾਇਆ ਹੈ ਤਾਂ ਜੋ ਹੋਰ ਵਿਸਥਾਰ ਨਾਲ ਜ਼ਿਲ੍ਹੇ ਵਾਰੇ ਵਿਚਾਰ ਚਰਚਾ ਕੀਤੀ ਜਾ ਸਕੇ।



# ਨਗਰ ਕੌਂਸਲ ਮੋਰਿੰਡਾ ਤੇ ਕਾਂਗਰਸ ਦਾ ਕਬਜ਼ਾ, 15 'ਚੋਂ 12 ਕੌਂਸਲਰ ਪਹੁੰਚੇ ਚੰਨੀ ਦੀ ਕੋਠੀ

**ਮੋਰਿੰਡਾ (ਨਿਹਾਲ ਸਿੰਘ ਕਲਸੀ)** ਮੋਰਿੰਡਾ ਦੀ ਨਗਰ ਕੌਂਸਲ ਤੇ ਕਾਂਗਰਸ ਦਾ ਕਬਜ਼ਾ ਹੋਇਆ। ਕੁਲ 15 ਕੌਂਸਲਰਾਂ ਵਿੱਚੋਂ 12 ਕੌਂਸਲਰ ਜਿੱਤਣ ਉਪਰੰਤ ਢੋਲ ਢਮਕੇ ਨਾਲ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀ ਕੋਠੀ ਪਹੁੰਚੇ। ਜਿਥੇ ਜਿੱਤੇ ਸਮੂਹ ਕੌਂਸਲਰਾਂ ਦੇ ਸਮਰਥਕਾਂ ਨੇ ਆਤਸ਼ਬਾਜ਼ੀ ਚਲਾਈ। ਇਸ ਮੌਕੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੇ ਸਪੁੱਤਰ ਨਵਜੀਤ ਸਿੰਘ ਨਵੀਂ ਨੇ ਨਵੇਂ ਜਿੱਤੇ ਕੌਂਸਲਰਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ।ਉਹਨਾਂ ਸ਼ਹਿਰ ਦੇ ਸਮੂਹ ਵੋਟਰਾਂ ਦਾ ਧੰਨਵਾਦ ਕਰਦਿਆਂ ਆਖਿਆ ਕਿ ਉਹਨਾਂ ਨੇ ਕਾਂਗਰਸ ਪਾਰਟੀ ਦੇ ਕੌਂਸਲਰਾਂ ਨੂੰ ਵੱਡੀ ਗਿਣਤੀ ਵਿਚ ਜਿਤਾ ਕੇ ਚਰਨਜੀਤ ਸਿੰਘ ਚੰਨੀ ਤੇ ਕਾਂਗਰਸ ਪਾਰਟੀ ਵਿੱਚ ਵਿਸ਼ਵਾਸ ਪ੍ਰਗਟ ਕੀਤਾ ਹੈ।ਇਸ ਮੌਕੇ ਨਵੇਂ ਜਿੱਤੇ ਕੌਂਸਲਰਾਂ ਵਿਚ ਸੀਨੀਅਰ ਪੱਤਰਕਾਰ ਹਰਜਿੰਦਰ ਸਿੰਘ ਛਿੱਬਰ, ਗੁੰਜਨ ਸੂਦ, ਮਹਿੰਦਰ ਸਿੰਘ ਢਿੱਲੋਂ, ਨੇਹਾ ਸ਼ਰਮਾ, ਹਰਜੀਤ ਸਿੰਘ ਸੋਢੀ, ਸੁਰਿੰਦਰ ਕੌਰ, ਮਨਦੀਪ ਸਿੰਘ ਬਾਜਵਾ, ਪਿੰਕੀ ਕੌਰ, ਰਾਜੇਸ਼ ਕੁਮਾਰ ਸਿਸੋਦੀਆ, ਕਮਲਜੀਤ ਕੌਰ ਬਾਜਵਾ, ਦਲਜੀਤ ਕੌਰ, ਸਿਕੰਦਰ ਕੌਰ ਗਿੱਲ ਆਦਿ ਕੌਂਸਲਰਾਂ ਤੋਂ ਇਲਾਵਾ ਬੰਤ ਸਿੰਘ ਕਲਾਰਾਂ ਸਾਬਕਾ ਚੇਅਰਮੈਨ ਪੰਨਗ੍ਰੇਨ ਪੰਜਾਬ, ਹਰਮਿੰਦਰ ਸਿੰਘ ਲੱਕੀ ਮੀਤ ਪ੍ਰਧਾਨ ਜ਼ਿਲ੍ਹਾ ਕਾਂਗਰਸ ਕਮੇਟੀ ਰੂਪਨਗਰ, ਜਸਵੀਰ ਸਿੰਘ, ਬਲਜਿੰਦਰ ਸਿੰਘ ਧਾਲੀਵਾਲ ਡਾਇਰੈਕਟਰ ਵੇਰਕਾ ਮਿਲਕ ਪਲਾਂਟ ਮੁਹਾਲੀ, ਸਾਬਕਾ ਚੇਅਰਮੈਨ ਨਰਿੰਦਰ ਸਿੰਘ ਮਾਵੀ ਤੇ ਗੁਰਵਿੰਦਰ ਸਿੰਘ ਕਕਰਾਲੀ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਰੂਪਨਗਰ, ਦਰਸ਼ਨ ਸਿੰਘ ਸੰਧੂ ਪ੍ਰਧਾਨ ਬਲਾਕ ਕਾਂਗਰਸ ਕਮੇਟੀ ਮੋਰਿੰਡਾ, ਬਲਵਿੰਦਰ ਸਿੰਘ ਬਾਜਵਾ ਸਾਬਕਾ ਪ੍ਰਧਾਨ ਨਗਰ ਕੌਂਸਲ ਮੋਰਿੰਡਾ, ਹਰੀ ਪਾਲ ਸਾਬਕਾ ਪ੍ਰਧਾਨ ਨਗਰ ਕੌਂਸਲ ਮੋਰਿੰਡਾ, ਬਬਲਾ ਸਰਪੰਚ ਗੋਸਲਾਂ, ਜੀਤੀ ਮੰਡਾਂ, ਰਿੰਕੂ ਕੁਮਾਰ, ਕਰਮਜੀਤ ਸਿੰਘ ਭੁੱਲਰ, ਜਗਤਾਰ ਸਿੰਘ ਅਰਨੌਲੀ, ਰਾਹੁਲ ਸ਼ਰਮਾ, ਬਲਵੀਰ ਸਿੰਘ ਲਾਲਾ, ਸੰਨੀ ਭੂਮਕ , ਤਰਲੋਚਨ ਸਿੰਘ ਸਮਾਣਾ, ਹਰਜੋਤ ਸਿੰਘ ਢੰਗਰਾਲੀ, ਰਣਦੀਪ ਸਿੰਘ ਸਰਪੰਚ ਢੰਗਰਾਲੀ, ਜਗਦੀਪ ਸਿੰਘ ਢੀਂਡਸਾ, ਤਰਲੋਚਨ ਸਿੰਘ ਸਮਾਣਾਂ, ਬਲਬੀਰ ਸਿੰਘ ਸਹੇੜੀ, ਅਮਰਜੀਤ ਸਿੰਘ ਛਿੱਬਰ, ਪਰਮਿੰਦਰ ਸਿੰਘ ਸੋਨੂੰ ਖੁਰਲ, ਧਰਮਪਾਲ ਥੰਮਣ, ਨੰਬਰਦਾਰ ਰੁਪਿੰਦਰ ਸਿੰਘ ਭੀਚਰਾ, ਇਕਬਾਲ ਸਿੰਘ ਡੂਮਛੇੜੀ ਆਦਿ ਪਤਵੰਤੇ ਸੱਜਣ ਤੇ ਕਾਂਗਰਸੀ ਆਗੂ ਹਾਜ਼ਰ ਸਨ।



# ਸ੍ਰੀ ਗੁਰੂ ਰਵਿਦਾਸ ਦੇ ਪ੍ਰਕਾਸ਼ ਪੂਰਬ ਸੰਬੰਧੀ ਕੀਰਤਨ ਦਰਬਾਰ ਅੱਜ

**ਫਗਵਾੜਾ (ਡਾ ਰਮਨ)**- ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੂਰਬ ਨੂੰ ਸਮਰਪਿਤ 30 ਮਈ ਨੂੰ ਫਗਵਾੜਾ ਵਿਖੇ ਸ਼੍ਰੋਮਣੀ ਸ੍ਰੀ ਗੁਰੂ ਰਵਿਦਾਸ ਮੰਦਿਰ ਦੇ ਸਾਹਮਣੇ ਸਥਿਤ ਸਰਕਾਰੀ ਮਿਡਲ ਸਕੂਲ ਦੀ ਗਰਾਊਂਡ ਜੀਟੀ ਰੋਡ ਚੱਕ ਹਕੀਮ ਵਿਖੇ ਮਹਾਨ ਕੀਰਤਨ ਦਰਬਾਰ 30 ਮਈ ਨੂੰ ਕਰਵਾਇਆ ਜਾ ਜਾਵੇਗਾ। ਇਸ ਸਬੰਧੀ ਲੋਕ ਸਭਾ ਮੈਂਬਰ (ਐਮਪੀ) ਡਾ. ਰਾਜ ਕੁਮਾਰ ਚੱਬੇਵਾਲ ਅਤੇ ਸਲਾਹਕਾਰ ਦੀਪਕ ਬਾਲੀ ਵੱਲੋਂ ਪੱਤਰਕਾਰ ਵਾਰਤਾ ਦੌਰਾਨ ਦੱਸਿਆ ਗਿਆ ਕਿ ਸਮਾਗਮ ਸਬੰਧੀ ਸਾਰੇ ਜ਼ਰੂਰੀ ਪ੍ਰਬੰਧ ਕੀਤੇ ਜਾ ਰਹੇ ਹਨ।ਐਮਪੀ ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਇਹ ਸਮਾਗਮ ਬਹੁਤ ਹੀ ਇਤਿਹਾਸਕ ਅਤੇ ਵਿਸ਼ਾਲ ਪੱਧਰ 'ਤੇ ਮਨਾਇਆ ਜਾ ਰਿਹਾ ਹੈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨਤਮਸਤਕ ਹੋਣ ਲਈ ਪਹੁੰਚ ਰਹੀਆਂ ਹਨ, ਇਸ ਲਈ ਪੰਜਾਬ ਸਰਕਾਰ ਵੱਲੋਂ ਸੰਗਤਾਂ ਦੀ ਸਹੂਲਤ ਲਈ ਕੋਈ ਕਮੀ ਨਹੀਂ ਛੱਡੀ ਜਾਵੇਗੀ।ਇਸ ਦੌਰਾਨ ਸਲਾਹਕਾਰ ਟੂਰਿਜ਼ਮ ਵਿਭਾਗ ਦੀਪਕ ਬਾਲੀ ਨੇ ਦੱਸਿਆ ਕਿ 30 ਮਈ ਨੂੰ ਕੀਰਤਨ ਦਰਬਾਰ ਸ਼ਾਮ 5:30 ਵਜੇ ਦੇ ਕਰੀਬ ਸ਼ੁਰੂ ਹੋਵੇਗਾ ਜੋ ਕਿ 8:30 ਵਜੇ ਤੱਕ ਚੱਲੇਗਾ। ਸਮਾਗਮ ਸਬੰਧੀ ਹੋਰ ਜਾਣਕਾਰੀ ਦਿੰਦੇ ਹੋਏ ਉਹਨਾਂ ਨੇ ਦੱਸਿਆ ਕਿ ਸਮਾਗਮ ਵਾਲੀ ਥਾਂ ਅਤੇ ਆਲੇ-ਦੁਆਲੇ ਦੇ ਇਲਾਕਿਆਂ ਵਿੱਚ ਵਿਸ਼ੇਸ਼ ਸਫਾਈ ਮੁਹਿੰਮ ਰੱਖਣ ਸਬੰਧੀ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਸੰਗਤਾਂ ਲਈ ਸਾਫ਼ ਪੀਣ ਵਾਲੇ ਪਾਣੀ, ਆਰਜ਼ੀ ਪਖਾਨੇ ਅਤੇ ਸਿਹਤ ਵਿਭਾਗ ਵੱਲੋਂ ਮੈਡੀਕਲ ਕੈਂਪਾਂ ਸਮੇਤ ਐਂਬੂਲੈਂਸਾਂ ਤਾਇਨਾਤ ਕਰਨ ਦੀਆਂ ਹਦਾਇਤਾਂ ਦਿੱਤੀਆਂ ਗਈਆਂ ਹਨ। ਗਰਮੀ ਦੇ ਮੌਸਮ ਨੂੰ ਮੁੱਖ ਰੱਖਦਿਆਂ ਸਮਾਗਮ ਵਾਲੀ ਥਾਂ 'ਤੇ ਇੱਕ ਹਵਾਦਾਰ ਅਤੇ ਵਿਸ਼ਾਲ ਪੰਡਾਲ ਤਿਆਰ ਕੀਤਾ ਜਾ ਰਿਹਾ ਹੈ । ਇਸ ਮੌਕੇ ਤੇ ਮੇਅਰ ਰਾਮਪਾਲ ਉਪਲ ਤੋਂ ਇਲਾਵਾ ਹੋਰ ਵੀ ਪਤਵੰਤੇ ਸੱਜਣ ਮੌਜੂਦ ਸਨ।



# ਮੁਕੇਰੀਆਂ ਦੇ 7 ਵਾਰਡਾਂ 'ਚ ਭਾਜਪਾ

ਮੁਕੇਰੀਆਂ (ਬਲਵੀਰ ਸਿੰਘ ਸੈਣੀ)-ਸਥਾਨਕ ਨਗਰ ਕੌਂਸਲ ਦੇ 15 ਵਾਰਡਾਂ ਲਈ 26 ਮਈ ਨੂੰ ਪਈਆਂ ਵੋਟਾਂ ਦੀ ਅੱਜ ਹੋਈ ਗਿਣਤੀ ਦੌਰਾਨ ਭਾਰਤੀ ਜਨਤਾ ਪਾਰਟੀ ਦੇ 7, ਕਾਂਗਰਸ ਪਾਰਟੀ ਦੇ 6, ਆਮ ਆਦਮੀ ਪਾਰਟੀ ਦਾ ਇੱਕ ਅਤੇ ਇੱਕ ਆਜ਼ਾਦ ਉਮੀਦਵਾਰ ਜੇਤੂ ਰਿਹਾ। ਵਧੀਕ ਡਿਪਟੀ ਕਮਿਸ਼ਨਰ-ਕਮ-ਵਧੀਕ ਜ਼ਿਲ੍ਹਾ ਚੋਣ ਅਫ਼ਸਰ ਨਿਕਾਸ ਕੁਮਾਰ ਨੇ ਚੋਣ ਨਤੀਜਿਆਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਾਰਡ ਨੰਬਰ 1 ਤੋਂ ਆਮ ਆਦਮੀ ਪਾਰਟੀ ਦੀ ਉਮੀਦਵਾਰ ਪ੍ਰਿਆ ਭਰਯਾਲ 409 ਵੋਟਾਂ ਲੈ ਕੇ ਜੇਤੂ ਰਹੀ। ਇਸੇ ਤਰ੍ਹਾਂ ਵਾਰਡ ਨੰਬਰ 2 ਤੇ 3 'ਚੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਸਤਨਾਮ ਸਿੰਘ ਅਤੇ ਰਾਧਿਕਾ ਗੁਪਤਾ ਨੇ ਕ੍ਰਮਵਾਰ 407 ਅਤੇ 864 ਵੋਟਾਂ ਲੈ ਕੇ ਜਿੱਤ ਦਰਜ ਕੀਤੀ।ਵਾਰਡ ਨੰਬਰ 4,5,6,7,8,9 ਅਤੇ 10 ਵਿਚ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰਾਂ ਨੀਰਜ ਸਾਹਨੀ, ਰਾਜੇਸ਼ ਜੈਨ, ਅਨੂਪ ਕੁਮਾਰ ਭੱਟੀ, ਜਯੋਤੀ ਸ਼ਰਮਾ, ਸੁਭਾਸ਼ ਚੰਦਰ, ਮਧੂਮਿਤਾ ਅਤੇ ਰਮਨ ਡੋਗਰਾ ਨੇ ਕ੍ਰਮਵਾਰ 691,773, 671, 614, 535, 482 ਅਤੇ 503 ਵੋਟਾਂ ਲੈ ਕੇ ਜਿੱਤਾਂ ਦਰਜ ਕੀਤੀਆਂ।ਵਾਰਡ 11, 12 ਅਤੇ 13 ਵਿਚ ਕਾਂਗਰਸ ਪਾਰਟੀ ਦੇ ਉਮੀਦਵਾਰਾਂ ਪੂਨਮ, ਸ਼ੇਰ ਸਿੰਘ ਅਤੇ ਰਮਨ ਰਾਣੀ ਨੇ 450,625 ਅਤੇ 533 ਵੋਟਾਂ ਲੈ ਕੇ ਜਿੱਤ ਦਰਜ ਕੀਤੀ। ਇਸੇ ਤਰ੍ਹਾਂ ਵਾਰਡ 14 ਤੋਂ ਆਜ਼ਾਦ ਉਮੀਦਵਾਰ ਗੁਲਜ਼ਾਰ ਸਿੰਘ ਨੇ 312 ਵੋਟਾਂ ਅਤੇ ਵਾਰਡ ਨੰਬਰ 15 ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਰੂਪ ਲਾਲ ਨੇ 549 ਵੋਟਾਂ ਲੈ ਕੇ ਜਿੱਤ ਦਰਜ ਕੀਤੀ।

# ਭਾਰਤ-ਅਮਰੀਕਾ ਵਪਾਰ ਸਮਝੌਤਾ ਦੇਸ਼ ਦੀ ਆਰਥਿਕਤਾ ਨੂੰ ਬਰਬਾਦ ਕਰ ਦੇਵੇਗਾ : ਧਾਵਲੇ

**ਜਲੰਧਰ (ਲਖਵਿੰਦਰ ਸਿੰਘ ਆਧੀ)**- ਕੁੱਲ ਹਿੰਦ ਕਿਸਾਨ ਸਭਾ ਦੇ ਰਾਸ਼ਟਰੀ ਪ੍ਰਧਾਨ ਡਾ. ਅਸ਼ੋਕ ਕੁਮਾਰ ਧਾਵਲੇ ਨੇ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਭਾਰਤ ਅਤੇ ਅਮਰੀਕਾ ਦਰਮਿਆਨ ਕੀਤਾ ਵਪਾਰ ਸਮਝੌਤਾ ਦੇਸ਼ ਦੀ ਆਰਥਿਕਤਾ ਅਤੇ ਖੇਤੀ ਨੂੰ ਬਰਬਾਦ ਕਰਕੇ ਰੱਖ ਦੇਵੇਗਾ। ਅਮਰੀਕਾ ਤੋਂ ਭਾਰਤ ਵਿੱਚ ਆਯਾਤ ਹੋਣ ਵਾਲੀਆਂ ਵਸਤਾਂ ਮੱਛੀ, ਦੁੱਧ,ਅੰਡੇ, ਸੋਇਆਬੀਨ ਆਦਿ ਟੈਰਿਫ ਤੋਂ ਮੁਕਤ ਹੋਣਗੀਆਂ। ਇਸਦੇ ਉਲਟ ਭਾਰਤ ਤੋਂ ਅਮਰੀਕਾ ਨੂੰ ਨਿਰਯਾਤ ਵਸਤਾਂ 'ਤੇ 18 ਪ੍ਰਤੀਸ਼ਤ ਟੈਰਿਫ ਲਗਾਇਆ ਜਾਵੇਗਾ। ਡਾਕਟਰ ਧਾਵਲੇ ਇੱਥੇ ਕੁੱਲ ਹਿੰਦ ਕਿਸਾਨ ਸਭਾ ਅਤੇ ਕੁੱਲ ਹਿੰਦ ਖੇਤ ਮਜਦੂਰ ਯੂਨੀਅਨ ਵੱਲੋਂ ਦੇਸ਼ ਭਗਤ ਯਾਦਗਾਰ ਹਾਲ ਵਿਖੇ ਆਯੋਜਿਤ ਸੂਬਾਈ ਵਿਸ਼ਾਲ ਰੈਲੀ ਨੂੰ ਸੰਬੋਧਨ ਕਰ ਰਹੇ ਸਨ।ਰੈਲੀ ਦੀ ਪ੍ਰਧਾਨਗੀ ਸਾਥੀ ਮੇਜਰ ਸਿੰਘ ਭਿੱਖੀਵਿੰਡ ਸੂਬਾ ਪ੍ਰਧਾਨ ਕੁੱਲ ਹਿੰਦ ਕਿਸਾਨ ਸਭਾ ਅਤੇ ਸਾਥੀ ਸਤਪਾਲ ਸਿੰਘ ਬਨੂੜ ਸੂਬਾ ਪ੍ਰਧਾਨ ਕੁੱਲ ਹਿੰਦ ਖੇਤ ਮਜਦੂਰ ਯੂਨੀਅਨ ਨੇ ਕੀਤੀ। ਸੀ ਪੀ ਆਈ (ਐਮ) ਦੇ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਨੇ ਕਿਹਾ ਕਿ ਅੱਜ ਦੇਸ਼ ਪੱਧਰ 'ਤੇ ਸਮੇਤ ਪੰਜਾਬ ਵਿੱਚ ਫਿਰਕੂ ਫਾਸ਼ੀਵਾਦੀ ਧਿਰਾਂ ਦੇ ਖਤਰਨਾਕ ਮਨਸੂਬਿਆਂ ਨੂੰ ਆਮ ਜਨਤਾ ਵਿੱਚ ਨੰਗਾ ਕਰਨ ਤੋਂ ਬਿਨਾਂ ਮਜ਼ਦੂਰਾਂ ਕਿਸਾਨਾਂ ਦੀ ਮਜ਼ਬੂਤ ਲਹਿਰ ਦੀ ਉਸਾਰੀ ਨਹੀਂ ਹੋ ਸਕਦੀ। ਇਸ ਮੌਕੇ 'ਤੇ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਸਾਥੀ ਮੇਜਰ ਸਿੰਘ ਭਿੱਖੀਵਿੰਡ, ਸੂਬਾ ਜਨਰਲ ਸਕੱਤਰ ਸਾਥੀ ਬਲਜੀਤ ਸਿੰਘ ਗਰੇਵਾਲ ਅਤੇ ਕੁੱਲ ਹਿੰਦ ਖੇਤ ਮਜਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਸਾਥੀ ਸਤਪਾਲ ਸਿੰਘ ਬਨੂੜ, ਸੂਬਾ ਜਨਰਲ ਸਕੱਤਰ ਸਾਥੀ ਚਮਕੌਰ ਸਿੰਘ ਖੇੜੀ ਨੇ ਮੰਗ ਕੀਤੀ ਕਿ ਮਨਰੇਗਾ ਕਾਨੂੰਨ ਬਹਾਲ ਕੀਤਾ ਜਾਵੇ,ਬਿਜਲੀ ਬਿੱਲ ਵਾਪਸ ਲਿਆ ਜਾਵੇ,ਬੀਜ ਬਿੱਲ ਵਾਪਸ ਲਿਆ ਜਾਵੇ। ਇਸ ਸੂਬਾਈ ਰੈਲੀ ਮੌਕੇ ਹੋਰਨਾਂ ਤੋਂ ਇਲਾਵਾ ਕੁੱਲ ਹਿੰਦ ਖੇਤ ਮਜਦੂਰ ਯੂਨੀਅਨ ਦੇ ਆਗੂ ਕਾਮਰੇਡ ਭੂਪ ਚੰਦ ਚੰਨੋਂ, ਕਾਮਰੇਡ ਗੁਰਮੇਸ਼ ਸਿੰਘ, ਕਾਮਰੇਡ ਸੁਖਪ੍ਰੀਤ ਸਿੰਘ ਜੌਹਲ, ਕਾਮਰੇਡ ਗੁਰਦਰਸ਼ਨ ਸਿੰਘ ਖਾਸਪੁਰ, ਕਾਮਰੇਡ ਸਵਰਨਜੀਤ ਸਿੰਘ ਦਲਿਓ, ਕਾਮਰੇਡ ਸੋਢੀ ਲਾਲ ਉੱਪਲ ਭੂਪਾ, ਕਾਮਰੇਡ ਹਰਬੰਸ ਸਿੰਘ ਧੂਤ, ਕਾਮਰੇਡ ਸਤਨਾਮ ਸਿੰਘ ਬੜੈਚ,ਕਾਮਰੇਡ ਧਰਮਪਾਲ ਸਿੰਘ ਸੀਲ, ਕਾਮਰੇਡ ਗੁਰਨੇਕ ਸਿੰਘ ਭੱਜਲ,ਕਾਮਰੇਡ ਜਸਵੀਰ ਸਿੰਘ ਝਬਾਲ, ਕਾਮਰੇਡ ਹੁਸਨ ਸਿੰਘ ਮਾਂਗਟ, ਕਾਮਰੇਡ ਸੁਰਜੀਤ ਸਿੰਘ ਗਗੜਾ, ਕਾਮਰੇਡ ਜਸਵਿੰਦਰ ਸਿੰਘ ਢੇਰ, ਕਾਮਰੇਡ ਲਖਵਿੰਦਰ ਸਿੰਘ ਮਰੜ, ਕਾਮਰੇਡ ਬਲਦੇਵ ਸਿੰਘ ਲਤਾਲਾ, ਡਾਕਟਰ ਗੁਰਵਿੰਦਰ ਸਿੰਘ, ਕਾਮਰੇਡ ਮੇਜਰ ਸਿੰਘ ਮੁਕਤਸਰ, ਕਾਮਰੇਡ ਤੇਜਾ ਸਿੰਘ ਬੜੈਚ, ਕਾਮਰੇਡ ਨਿੱਕਾ ਸਿੰਘ ਖੇੜਾ, ਕਾਮਰੇਡ ਹੀਰਾ ਸਿੰਘ, ਕਾਮਰੇਡ ਰਾਜਿੰਦਰ ਸਿੰਘ ਡੋਡ, ਡੀ ਵਾਈ ਐੱਫ ਆਈ ਦੇ ਸੂਬਾ ਸਕੱਤਰ ਸਾਥੀ ਸੁਖਦੀਪ ਸਿੰਘ ਗਰੇਵਾਲ ਆਦਿ ਵੀ ਮੌਜੂਦ ਸਨ।



# ਮਰਦਮ ਸ਼ੁਮਾਰੀ 'ਚ ਜਾਤੀ ਅਪਮਾਨਿਤ ਸ਼ਬਦ ਹਟਾਕੇ ਆਦਿ ਧਰਮ ਕਾਲਮ ਸਥਾਪਤ ਕੀਤਾ ਜਾਵੇ : ਸੰਤ ਸਤਵਿੰਦਰ ਹੀਰਾ

**ਹੁਸ਼ਿਆਰਪੁਰ (ਓ ਪੀ ਰਾਣਾ)**- ਆਲ ਇੰਡੀਆ ਆਦਿ ਧਰਮ ਮਿਸ਼ਨ (ਰਜਿ.) ਭਾਰਤ ਦੇ ਰਾਸ਼ਟਰੀ ਪ੍ਰਧਾਨ ਸੰਤ ਸਤਵਿੰਦਰ ਹੀਰਾ ਦੀ ਅਗਵਾਈ ਹੇਠ ਸਰਗਰਮ ਮਿਸ਼ਨਰੀ ਆਗੂਆਂ ਨੇ ਸ੍ਰੀ ਚਰਨਛੋਹ ਬੇਗਮਪੁਰਾ ਵਿਖੇ ਵਿਚਾਰ ਚਰਚਾ ਕਰਦਿਆਂ ਆਦਿ ਧਰਮ ਮਿਸ਼ਨ ਦੀ ਵਿਚਾਰਧਾਰਾ ਅਤੇ ਮਿਸ਼ਨ ਦੀਆਂ ਗਤੀਵਿਧੀਆਂ ਨੂੰ ਤੇਜ਼ ਕਰਨ ਸਬੰਧੀ ਆਪਣੇ ਵਿਚਾਰ ਪ੍ਰਗਟ ਕੀਤੇ।ਸ੍ਰੀ ਗੁਰੂ ਰਵਿਦਾਸ ਇਤਿਹਾਸਕ ਧਰਮ ਅਸਥਾਨ ਚਰਨਛੋਹ ਸੱਚਖੰਡ ਬੇਗਮਪੁਰਾ ਸ੍ਰੀ ਖੁਰਾਲਗੜ ਸਾਹਿਬ ਵਿਖੇ ਵਿਚਾਰ ਸਾਂਝੇ ਕਰਦਿਆਂ ਸੰਤ ਸਤਵਿੰਦਰ ਹੀਰਾ ਨੇ ਭਾਰਤ ਸਰਕਾਰ ਤੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਜਦਕਿ ਜਨਗਣਨਾ ਸ਼ੁਰੂ ਹੋ ਚੁੱਕੀ ਹੈ ਪਰ ਆਦਿ ਧਰਮ ਮਿਸ਼ਨ ਚਰੋਕੇ ਸਮੇਂ ਤੋਂ ਇਹ ਮੰਗ ਕਰਦਾ ਆ ਰਿਹਾ ਹੈ ਕਿ ਮਰਦਮ ਸ਼ੁਮਾਰੀ 2027 ਦੇ ਸ਼ੁਰੂ ਅਭਿਆਨ ਤੋਂ ਪਹਿਲਾਂ ਕੌਮ ਦੇ ਮਹਾਨ ਰਹਿਬਰ ਬਾਬੂ ਮੰਗੂ ਰਾਮ ਮੁਗੋਵਾਲੀਆ ਵੱਲੋਂ ਸਥਾਪਤ ਕਰਾਏ ਆਦਿ ਧਰਮ ਕਾਲਮ ਨੂੰ ਮੁੜ ਸਥਾਪਤ ਕੀਤਾ ਜਾਵੇ। ਉਨ੍ਹਾਂ ਕਿਹਾ ਮਰਦਮ ਸ਼ੁਮਾਰੀ ਫਾਰਮਾਂ ਵਿੱਚ ਵਾਲਮੀਕ ਕੌਮ ਲਈ ਵਰਤੇ ਅਪਮਾਨਿਤ ਸ਼ਬਦ ਤੁਰੰਤ ਹਟਾਏ ਜਾਣ ਅਤੇ ਸਨਮਾਨਿਤ ਸ਼ਬਦ ਵਰਤੇ ਜਾਣ।

ਸੰਤ ਸਤਵਿੰਦਰ ਹੀਰਾ ਨੇ ਕਿਹਾ ਆਦਿ ਧਰਮ ਮਿਸ਼ਨ ਸਤਿਗੁਰੂ ਰਵਿਦਾਸ ਜੀ ਮਹਾਰਾਜ, ਭਗਵਾਨ ਸ੍ਰੀ ਵਾਲਮੀਕ ਮਹਾਰਾਜ ਅਤੇ ਮਹਾਨ ਰਹਿਬਰ ਬਾਬੂ ਮੰਗੂ ਰਾਮ ਮੁਗੋਵਾਲੀਆ, ਬਾਬਾ ਸਾਹਿਬ ਡਾ. ਅੰਬੇਡਕਰ, ਬਾਬੂ ਕਾਂਸ਼ੀ ਰਾਮ ਦੀ ਕ੍ਰਾਂਤੀਕਾਰੀ ਵਿਚਾਰਧਾਰਾ ਨੂੰ ਸਮਰਪਿਤ ਹੈ ਅਤੇ ਜਨ ਜਨ ਤੱਕ ਪਹੁੰਚਾਉਣ ਲਈ ਦਿਨ ਰਾਤ ਸੰਘਰਸ਼ ਕਰ ਰਿਹਾ ਹੈ । ਇਸ ਮੌਕੇ ਸਮਾਰਟ ਟਿੰਕੂ ਆਰੋਣ ਭੱਟੀ ਹਰਿਆਣਾ ਨੂੰ ਵਿਸ਼ੇਸ਼ ਸਨਮਾਨਤ ਕੀਤਾ ਗਿਆ ਤੇ ਪ੍ਰਿੰਸੀਪਲ ਸੰਤ ਧਰਮਪਾਲ ਧਾਮ ਚਾਨਣ ਪੁਰੀ ਸ਼ੇਰਗੜ, ਸੰਤ ਹੰਸ ਪਾਲ, ਸਰਬਜੀਤ ਸਿੰਘ ਕੰਡਿਆਣਾ, ਰਾਮ ਪਾਲ ਬਜਵਾੜਾ ਅਤੇ ਭਾਰੀ ਗਿਣਤੀ ਵਿੱਚ ਸੰਗਤਾਂ ਵੀ ਹਾਜ਼ਰ ਸਨ।



# ਵਿਦਿਆਰਥੀਆਂ ਨੇ ਸਾਂਝੇ ਕੀਤੇ ਕਰੀਅਰ ਸਫਲਤਾ ਦੇ ਤਜਰਬੇ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਰਿਆਤ ਬਾਹਰਾ ਯੂਨੀਵਰਸਿਟੀ ਨੇ ਆਪਣੇ ਗ੍ਰੈਜੂਏਟ ਵਿਦਿਆਰਥੀਆਂ ਦੀਆਂ ਸ਼ਾਨਦਾਰ ਪਲੇਸਮੈਂਟ ਪ੍ਰਾਪਤੀਆਂ ਦਾ ਜਸ਼ਨ ਮਨਾਉਣ ਲਈ ਪਲੇਸਮੈਂਟ ਸੰਮੇਲਨ 2026 ਦਾ ਆਯੋਜਨ ਕੀਤਾ, ਜਿਸ ਵਿੱਚ ਯੂਨੀਵਰਸਿਟੀ ਲੀਡਰਸ਼ਿਪ, ਉਦਯੋਗ ਮਾਹਰ, ਐਲੂਮਨੀ ਅਤੇ ਵਿਦਿਆਰਥੀਆਂ ਨੂੰ ਇੱਕ ਸਾਂਝੇ ਪਲੇਟਫਾਰਮ 'ਤੇ ਇਕੱਠਾ ਕੀਤਾ ਗਿਆ। ਇਸ ਸਮਾਗਮ ਦੀ ਸ਼ੁਰੂਆਤ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ, ਵਾਈਸ ਚਾਂਸਲਰ ਪ੍ਰੋ. (ਡਾ.) ਸੰਜੇ ਕੁਮਾਰ ਅਤੇ ਹੋਰ ਪਤਵੰਤਿਆਂ ਦੀ ਅਗਵਾਈ ਵਿੱਚ ਇੱਕ ਦੀਪ ਜਗਾਉਣ ਸਮਾਰੋਹ ਨਾਲ ਹੋਈ। ਸੰਮੇਲਨ ਵਿੱਚ ਵੱਖ-ਵੱਖ ਯੂਨੀਵਰਸਿਟੀ ਸਕੂਲਾਂ ਦੇ ਵਿਦਿਆਰਥੀਆਂ ਨੇ ਉਤਸ਼ਾਹੀ ਭਾਗੀਦਾਰੀ ਕੀਤੀ।ਮੁੱਖ ਭਾਸ਼ਣ ਸਟਾਈਲਮ ਇੰਡਸਟਰੀਜ਼ ਲਿਮਟਿਡ ਵਿਖੇ ਮਨੁੱਖੀ ਸਰੋਤ ਅਤੇ ਪ੍ਰਸ਼ਾਸਨ ਦੀ ਸੀਨੀਅਰ ਮੈਨੇਜਰ ਵੰਦਨਾ ਠਾਕੁਰ ਦੁਆਰਾ ਦਿੱਤਾ ਗਿਆ।ਉਨ੍ਹਾਂ ਦੇ ਨਾਲ ਕਵਿਤਾ, ਮੈਨੇਜਰ-ਟ੍ਰੇਨਿੰਗ ਅਤੇ ਕੈਂਪਸ ਰਿਲੇਸ਼ਨਜ਼, ਤੇ ਵੰਦਨਾ ਕਾਂਸਲ, ਮੈਨੇਜਰ-ਟੈਕਨੀਕਲ ਟ੍ਰੇਨਿੰਗ ਵੀ ਸਨ। ਕੀਮਤੀ ਉਦਯੋਗਿਕ ਸੂਝਾਂ ਸਾਂਝੀਆਂ ਕਰਦੇ ਹੋਏ, ਸ਼੍ਰੀਮਤੀ ਠਾਕੁਰ ਨੇ ਅੱਜ ਦੇ ਮੁਕਾਬਲੇ ਵਾਲੇ ਪੇਸ਼ੇਵਰ ਦ੍ਰਿਸ਼ਟੀਕੋਣ ਵਿੱਚ ਰੁਜ਼ਗਾਰ ਯੋਗਤਾ ਹੁਨਰ, ਅਨੁਕੂਲਤਾ, ਲੀਡਰਸ਼ਿਪ ਗੁਣਾਂ ਅਤੇ ਨਿਰੰਤਰ ਸਿੱਖਣ ਦੀ ਮਹੱਤਤਾ 'ਤੇ ਚਾਨਣਾ ਪਾਇਆ। ਵਿਦਿਆਰਥੀਆਂ ਨੂੰ ਉਨ੍ਹਾਂ ਦੀ ਪਲੇਸਮੈਂਟ ਸਫਲਤਾ 'ਤੇ ਵਧਾਈ ਦਿੰਦੇ ਹੋਏ, ਚੇਅਰਮੈਨ ਗੁਰਵਿੰਦਰ ਸਿੰਘ ਬਾਹਰਾ ਨੇ ਕਿਹਾ ਕਿ ਯੂਨੀਵਰਸਿਟੀ ਉਦਯੋਗ-ਮੁਖੀ ਸਿੱਖਿਆ ਪ੍ਰਦਾਨ ਕਰਨ ਅਤੇ ਵਿਦਿਆਰਥੀਆਂ ਲਈ ਮਜ਼ਬੂਤ ਕਰੀਅਰ ਦੇ ਮੌਕੇ ਪੈਦਾ ਕਰਨ ਲਈ ਵਚਨਬੱਧ ਹੈ।ਵਾਈਸ ਚਾਂਸਲਰ ਪ੍ਰੋ. (ਡਾ.) ਸੰਜੇ ਕੁਮਾਰ ਨੇ ਵਿਦਿਆਰਥੀਆਂ ਨੂੰ ਉੱਤਮਤਾ ਲਈ ਯਤਨਸ਼ੀਲ ਰਹਿਣ ਅਤੇ ਆਪਣੇ ਭਵਿੱਖ ਦੇ ਕਰੀਅਰ ਵਿੱਚ ਪੇਸ਼ੇਵਰਤਾ, ਨਵੀਨਤਾ ਅਤੇ ਇਮਾਨਦਾਰੀ ਦੇ ਮੁੱਲਾਂ ਨੂੰ ਕਾਇਮ ਰੱਖਣ ਲਈ ਉਤਸ਼ਾਹਿਤ ਕੀਤਾ। ਸੰਮੇਲਨ ਦੇ ਮੁੱਖ ਆਕਰਸ਼ਣਾਂ ਵਿੱਚੋਂ ਇੱਕ ਵਿਦਿਆਰਥੀ ਸਫਲਤਾ ਦੀਆਂ ਕਹਾਣੀਆਂ ਦਾ ਸੈਸ਼ਨ ਸੀ, ਜਿੱਥੇ ਵੱਖ-ਵੱਖ ਯੂਨੀਵਰਸਿਟੀ ਸਕੂਲਾਂ ਦੇ ਵਿਦਿਆਰਥੀਆਂ ਨੇ ਆਪਣੀਆਂ ਪ੍ਰੇਰਨਾਦਾਇਕ ਪਲੇਸਮੈਂਟ ਯਾਤਰਾਵਾਂ, ਸਿੱਖਣ ਦੇ ਤਜ਼ਰਬਿਆਂ ਅਤੇ ਕਰੀਅਰ ਦੀਆਂ ਇੱਛਾਵਾਂ ਸਾਂਝੀਆਂ ਕੀਤੀਆਂ। ਸਨਮਾਨ ਸਮਾਰੋਹ ਦੌਰਾਨ, ਪਲੇਸਮੈਂਟ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਪ੍ਰਾਪਤੀਆਂ ਅਤੇ ਸਮਰਪਣ ਦੇ ਸਨਮਾਨ ਵਿੱਚ ਸਰਟੀਫਿਕੇਟ (ਪ੍ਰਸ਼ੰਸਾ ਪੱਤਰ ) ਦੇ ਕੇ ਸਨਮਾਨਿਤ ਕੀਤਾ ਗਿਆ।



# ਨਗਰ ਕੌਂਸਲ ਫਿਲੌਰ ਦੀਆਂ ਚੋਣਾਂ 'ਚ 'ਆਪ' ਨੇ ਬਾਜ਼ੀ ਮਾਰੀ

## ਆਮ ਆਦਮੀ ਪਾਰਟੀ ਦੇ 8, ਕਾਂਗਰਸ ਦੇ 3, ਬਸਪਾ ਦੇ 2 ਅਤੇ 2 ਅਜ਼ਾਦ ਉਮੀਦਵਾਰ ਜੇਤੂ

**ਫਿਲੌਰ (ਨਿਰਮਲ)** ਨਗਰ ਕੌਂਸਲ ਦੀਆਂ ਚੋਣਾਂ 'ਚ ਫਿਲੌਰ ਤੋਂ ਆਮ ਆਦਮੀ ਪਾਰਟੀ ਨੇ 15 'ਚੋਂ 8 ਵਾਰਡਾਂ 'ਚ ਜਿੱਤ ਪ੍ਰਾਪਤ ਕਰਕੇ ਬਾਜ਼ੀ ਮਾਰ ਲਈ ਅਤੇ ਨਗਰ ਕੌਂਸਲ ਦੀ



ਪ੍ਰਧਾਨਗੀ 'ਤੇ ਕਬਜ਼ਾ ਕਰ ਲਿਆ। ਕੌਂਸਲ ਦੀਆਂ ਚੋਣਾਂ 'ਚ ਆਮ ਆਦਮੀ ਪਾਰਟੀ ਨੇ 8, ਕਾਂਗਰਸ ਨੇ 3, ਬਸਪਾ ਨੇ 2 ਅਤੇ 2 ਆਜ਼ਾਦ ਉਮੀਦਵਾਰਾਂ ਨੇ ਜਿੱਤ ਪ੍ਰਾਪਤ ਕੀਤੀ। ਪ੍ਰਾਪਤ ਵੇਰਵਿਆਂ ਅਨੁਸਾਰ ਵਾਰਡ ਨੰਬਰ 1 'ਤੋਂ ਆਮ ਆਦਮੀ ਪਾਰਟੀ ਦੀ ਬੀਬੀ ਜਸਵਿੰਦਰ ਕੌਰ ਨੇ 405 ਵੋਟਾਂ, ਵਾਰਡ ਨੰਬਰ 2 ਤੋਂ ਆਮ ਆਦਮੀ ਪਾਰਟੀ ਦੇ ਸ਼ੰਕਰ ਸੰਧੂ ਨੇ 353 ਵੋਟਾਂ, ਵਾਰਡ ਨੰਬਰ 3 ਤੋਂ ਆਮ ਆਦਮੀ ਪਾਰਟੀ ਦੀ ਰਣਜੀਤਾ ਨੇ 381ਵੋਟਾਂ, ਵਾਰਡ ਨੰਬਰ 4 ਤੋਂ ਅਜ਼ਾਦ ਉਮੀਦਵਾਰ ਅਮਿਤ ਪੰਮਾ ਨੇ 363, ਵਾਰਡ ਨੰਬਰ 5 ਤੋਂ ਅਜ਼ਾਦ ਉਮੀਦਵਾਰ ਮੰਜੂ ਬਾਲਾ ਨੇ 671 ਵੋਟ, ਵਾਰਡ ਨੰਬਰ 6 ਤੋਂ ਆਮ ਆਦਮੀ ਪਾਰਟੀ ਦੇ ਪਰਮਜੀਤ ਭਾਰਤੀ ਨੇ 488 ਵੋਟਾਂ, ਵਾਰਡ ਨੰਬਰ 7 ਤੋਂ ਆਮ ਆਦਮੀ ਪਾਰਟੀ ਦੀ ਬੀਬੀ ਸਰਬਜੀਤ ਕੌਰ ਨੇ 231 ਵੋਟਾਂ, ਵਾਰਡ ਨੰਬਰ 8 ਤੋਂ ਆਮ ਆਦਮੀ ਪਾਰਟੀ ਦੇ ਡਾ. ਵੈਭਵ ਸ਼ਰਮਾ ਨੇ 459, ਵਾਰਡ ਨੰਬਰ 9 ਤੋਂ ਕਾਂਗਰਸ ਦੀ ਮਧੂ ਬਠਲਾ ਨੇ 448 ਵੋਟਾਂ, ਵਾਰਡ ਨੰਬਰ 10 ਤੋਂ ਆਮ ਆਦਮੀ ਪਾਰਟੀ ਦੇ ਸੁਰਿੰਦਰ ਡਾਬਰ ਨੇ 288 ਵੋਟਾਂ, ਵਾਰਡ ਨੰਬਰ 11 ਤੋਂ ਕਾਂਗਰਸ ਦੀ ਉਮੀਦਵਾਰ ਬੀਬੀ ਪ੍ਰਭਜੋਤ ਕੌਰ ਨੇ 404 ਵੋਟ, ਵਾਰਡ ਨੰਬਰ 12 ਨੰਬਰ ਤੋਂ ਆਮ ਆਦਮੀ ਪਾਰਟੀ ਦੀ ਰਜਨੀ ਗਾਬਾ ਨੇ 565 ਵੋਟਾਂ, ਵਾਰਡ ਨੰਬਰ 13 ਤੋਂ ਕਾਂਗਰਸ ਦੇ ਉਮੀਦਾਵਰ ਮਲਕੀਤ ਸਿੰਘ ਨੇ 338 ਵੋਟ, ਵਾਰਡ ਨੰਬਰ 14 ਤੋਂ ਬਸਪਾ ਦੇ ਬੁੱਧ ਪ੍ਰਕਾਸ਼ ਨੇ 280 ਅਤੇ ਵਾਰਡ ਨੰਬਰ 15 ਤੋਂ ਬਸਪਾ ਦੇ ਪਾਲਾ ਰਾਮ ਸੰਧੂ ਨੇ 405 ਵੋਟ ਪ੍ਰਾਪਤ ਕਰਕੇ ਜਿੱਤ ਪ੍ਰਾਪਤ ਕੀਤੀ। ਨਤੀਜੇ ਘੋਸ਼ਿਤ ਹੋਣ ਉਪਰੰਤ ਢੋਲ ਦੀ ਥਾਪ 'ਤੇ ਜੇਤੂਆਂ ਨੇ ਭੰਗੜੇ ਪਾਏ ਅਤੇ ਆਪੋ ਆਪਣੇ ਵਾਰਡਾਂ 'ਚ ਘਰ ਘਰ ਜਾ ਕੇ ਸਮਰਥਕਾਂ ਦਾ ਧੰਨਵਾਦ ਕੀਤਾ ਅਤੇ ਸਮਰਥਕਾਂ ਨੇ ਉਮੀਦਵਾਰਾਂ ਦੇ ਫੁੱਲਾਂ ਅਤੇ ਨੋਟਾਂ ਦੇ ਹਾਰ ਪਾ ਕੇ ਸਵਾਗਤ ਕੀਤਾ ਅਤੇ ਭੰਗੜੇ ਪਾ ਕੇ ਖੁਸ਼ੀ ਦਾ ਇਜ਼ਹਾਰ ਕੀਤਾ। ਆਮ ਆਦਮੀ ਪਾਰਟੀ ਫਿਲੌਰ ਦੇ ਹਲਕਾ ਇੰਚਾਰਜ ਪ੍ਰਿੰਸੀਪਲ ਪ੍ਰੇਮ ਕੁਮਾਰ ਨੇ ਆਪਣੇ ਜੇਤੂ ਕੌਂਸਲਰਾਂ ਨੂੰ ਫੁੱਲਾਂ ਦੇ ਹਾਰ ਪਾ ਕੇ ਵਧਾਈ ਦਿੱਤੀ ਅਤੇ ਸਮਰਥਕਾਂ ਦਾ ਧੰਨਵਾਦ ਕੀਤਾ।

# ਆਰ ਬੀ ਯੂ ਵੱਲੋਂ ਹੋਣਹਾਰ ਵਿਦਿਆਰਥੀ ਸਨਮਾਨਤ

**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)**- ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ ਹੁਸ਼ਿਆਰਪੁਰ ਵੱਲੋਂ ਫਗਵਾੜਾ ਵਿਖੇ ਬੋਰਡ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਤ



ਕਰਨ ਲਈ ਇਕ ਵਿਸ਼ੇਸ਼ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਸਮਾਰੋਹ ਵਿੱਚ ਫਗਵਾੜਾ ਅਤੇ ਆਸ-ਪਾਸ ਦੇ ਵੱਖ-ਵੱਖ ਸਕੂਲਾਂ ਤੋਂ 300 ਤੋਂ ਵੱਧ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ। ਸਮਾਰੋਹ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਮਿਹਨਤ ਅਤੇ ਪ੍ਰਾਪਤੀਆਂ ਲਈ ਪ੍ਰੇਰਿਤ ਕਰਨਾ ਅਤੇ ਉਨ੍ਹਾਂ ਨੂੰ ਉੱਜਲਵਲ ਭਵਿੱਖ ਵੱਲ ਪ੍ਰੋਤਸਾਹਿਤ ਕਰਨਾ ਸੀ। ਇਸ ਮੌਕੇ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਚੰਦਰ ਮੋਹਨ ਨੇ ਰਿਆਤ ਬਾਹਰਾ ਗਰੁੱਪ ਦੇ ਵਿਜ਼ਨ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਯੂਨੀਵਰਸਿਟੀ ਹਮੇਸ਼ਾਂ ਹੋਣਹਾਰ ਵਿਦਿਆਰਥੀਆਂ ਨੂੰ ਉਤਸ਼ਾਹਿਤ ਅਤੇ ਸਨਮਾਨਤ ਕਰਨ ਵਿੱਚ ਵਿਸ਼ਵਾਸ ਰੱਖਦੀ ਹੈ। ਉਨ੍ਹਾਂ ਦੱਸਿਆ ਕਿ ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ ਵਿਦਿਆਰਥੀਆਂ ਨੂੰ ਗੁਣਵੱਤਾ ਭਰੀ ਸਿੱਖਿਆ ਦੇ ਨਾਲ-ਨਾਲ ਉੱਚ ਪੱਧਰੀ ਪਲੇਸਮੈਂਟ ਸੁਵਿਧਾਵਾਂ ਵੀ ਪ੍ਰਦਾਨ ਕਰਦੀ ਹੈ, ਜਿਸ ਕਾਰਨ ਅੱਜ ਯੂਨੀਵਰਸਿਟੀ ਦਾ ਮਜ਼ਬੂਤ ਐਲੂਮਨੀ ਨੈੱਟਵਰਕ ਬਣ ਚੁੱਕਾ ਹੈ। ਯੂਨੀਵਰਸਿਟੀ ਦੇ ਡੀਨ ਡਾ. ਨਿਖਿਲ ਮੋਂਗਾ ਨੇ ਦੱਸਿਆ ਕਿ ਰਿਆਤ ਬਾਹਰਾ ਗਰੁੱਪ ਵਿਦਿਆਰਥੀਆਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਹਰ ਸਾਲ 25 ਕਰੋੜ ਰੁਪਏ ਤੱਕ ਦੀ ਸਕਾਲਰਸ਼ਿਪ ਪ੍ਰਦਾਨ ਕਰਦਾ ਹੈ, ਤਾਂ ਜੋ ਯੋਗ ਅਤੇ ਹੋਣਹਾਰ ਵਿਦਿਆਰਥੀ ਆਰਥਿਕ ਰੁਕਾਵਟਾਂ ਤੋਂ ਬਿਨਾਂ ਆਪਣੀ ਉੱਚ ਸਿੱਖਿਆ ਜਾਰੀ ਰੱਖ ਸਕਣ।ਯੂਨੀਵਰਸਿਟੀ ਦੇ ਡੀਨ ਸਟੂਡੈਂਟ ਵੈਲਫੇਅਰ ਡਾ. ਕੁਲਦੀਪ ਵਾਲੀਆ ਨੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੰਦਿਆਂ ਭਵਿੱਖ ਲਈ ਸਹੀ ਅਤੇ ਫਿਊਚਰ-ਪਰੂਫ ਕਰੀਅਰ ਚੋਣਾਂ ਕਰਨ ਦੀ ਸਲਾਹ ਦਿੱਤੀ।

# ਦਸੂਹਾ ਦੇ 13 ਵਾਰਡਾਂ 'ਚ ਆਮ ਆਦਮੀ ਪਾਰਟੀ ਤੇ 2 ਵਾਰਡਾਂ 'ਚ ਕਾਂਗਰਸ ਦੇ ਉਮੀਦਵਾਰ ਜੇਤੂ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਬੀਰ ਸਿੰਘ ਸੈਣੀ, ਕਰਨੈਲ ਮਾਂਗਟ)**- ਸਥਾਨਕ ਨਗਰ ਕੌਂਸਲ ਦਸੂਹਾ ਦੇ 15 ਵਾਰਡਾਂ ਲਈ 26 ਮਈ ਨੂੰ ਪਈਆਂ ਵੋਟਾਂ ਦੀ ਗਿਣਤੀ ਦੌਰਾਨ 13 ਵਾਰਡਾਂ ਵਿਚ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਅਤੇ 2 ਵਾਰਡਾਂ ਵਿਚ ਕਾਂਗਰਸ ਪਾਰਟੀ ਦੇ ਉਮੀਦਵਾਰਾਂ ਨੇ ਜਿੱਤ ਦਰਜ ਕੀਤੀ।ਵਧੀਕ ਡਿਪਟੀ ਕਮਿਸ਼ਨਰ-ਕਮ-ਵਧੀਕ ਜ਼ਿਲ੍ਹਾ ਚੋਣ ਅਫ਼ਸਰ ਨਿਕਾਸ ਕੁਮਾਰ ਨੇ ਚੋਣ ਨਤੀਜਿਆਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਾਰਡ ਨੰਬਰ 1,2,3 ਅਤੇ 4 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਦੀਪ ਕੌਰ ਬਾਜਵਾ, ਜੋਗਿੰਦਰ ਪਾਲ, ਰਮਨਾ ਦੇਵੀ ਅਤੇ ਤਰੁਨ ਖੁਲਰ ਨੇ ਕ੍ਰਮਵਾਰ 518,675, 389 ਅਤੇ 625 ਵੋਟਾ ਲੈ ਕੇ ਜਿੱਤ ਦਰਜ ਕੀਤੀ। ਵਾਰਡ ਨੰਬਰ 5 ਅਤੇ 7 ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰਾਂ ਨੀਤਿਕਾ ਅਤੇ ਚਰਨਜੀਤ ਕੌਰ ਨੇ ਕ੍ਰਮਵਾਰ 471 ਅਤੇ 502 ਵੋਟਾਂ ਲੈ ਕੇ ਜਿੱਤ ਦਰਜ ਕੀਤੀ। ਵਾਰਡ ਨੰਬਰ 6,8,9,10 ਅਤੇ 11 ਵਿਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਸੰਤੋਖ ਕੁਮਾਰ, ਚਮਨ ਲਾਲ, ਰਣਜੀਤ ਕੌਰ, ਹਰਵਿੰਦਰ ਸਿੰਘ ਅਤੇ ਸੁਖਵਿੰਦਰ ਕੌਰ ਨੇ 833, 427, 250, 637 ਅਤੇ 678 ਵੋਟਾਂ ਲੈ ਕੇ ਜਿੱਤ ਦਰਜ ਕੀਤੀ। ਵਾਰਡ ਨੰਬਰ 12,13,14 ਅਤੇ 15 ਵਿਚ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਚੰਦਰ ਸ਼ੇਖਰ, ਕੁਲਵਿੰਦਰ ਕੌਰ, ਅਮਰਪ੍ਰੀਤ ਸਿੰਘ ਅਤੇ ਸੁਨੀਤਾ ਨੇ ਕ੍ਰਮਵਾਰ 489, 512, 673 ਅਤੇ 547 ਵੋਟਾਂ ਹਾਸਲ ਕਰਕੇ ਜਿੱਤਾਂ ਦਰਜ ਕੀਤੀਆਂ।ਵਾਰਡ ਨੰਬਰ 2 ਤੋਂ ਆਜ਼ਾਦ ਉਮੀਦਵਾਰ ਵਿਨੋਦ ਕੁਮਾਰ 270 ਵੋਟਾਂ ਲੈ ਕੇ ਜੇਤੂ ਰਹੇ। ਇਸੇ ਤਰ੍ਹਾਂ ਵਾਰਡ ਨੰਬਰ 3,4,5 ਅਤੇ 6 ਵਿਚ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਜਸਵੀਰ ਕੌਰ, ਪ੍ਰਿੰਸ, ਨੀਰਜ ਖੰਨਾ ਅਤੇ ਹਰਪ੍ਰੀਤ ਸਿੰਘ ਨੇ ਕ੍ਰਮਵਾਰ 573,299, 239 ਅਤੇ 390 ਵੋਟਾਂ ਲੈ ਕੇ ਜਿੱਤ ਦਰਜ ਕੀਤੀ। ਵਾਰਡ ਨੰਬਰ 7 ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਭਾਵਨਾ ਕਿਰਪਾਲ ਨੇ 178 ਵੋਟਾਂ ਲੈ ਕੇ ਜਿੱਤ ਦਰਜ ਕੀਤੀ। ਵਾਰਡ ਨੰਬਰ 8 ਅਤੇ 9 ਵਿਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਸੋਮਨਾਥ ਬੰਗੜ ਅਤੇ ਜਸਵਿੰਦਰ ਕੌਰ ਨੇ ਕ੍ਰਮਵਾਰ 489 ਅਤੇ 432 ਵੋਟਾਂ ਹਾਸਲ ਕਰਕੇ ਜਿੱਤ ਪ੍ਰਾਪਤ ਕੀਤੀ। ਵਾਰਡ ਨੰਬਰ 10 ਅਤੇ 11 ਵਿਚ ਆਜ਼ਾਦ ਉਮੀਦਵਾਰਾਂ ਵਿਕਰਾਂਤ ਰਣਦੇਵ ਅਤੇ ਨੀਰੂ ਸ਼ਰਮਾ ਕ੍ਰਮਵਾਰ 399 ਅਤੇ 492 ਵੋਟਾਂ ਹਾਸਲ ਕਰਕੇ ਜੇਤੂ ਰਹੇ। ਵਾਰਡ ਨੰਬਰ 12 ਵਿਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਉਪਕਰਨ ਸਿੰਘ ਬੰਗੜ ਨੇ 397 ਵੋਟਾਂ ਹਾਸਲ ਕਰਕੇ ਜਿੱਤ ਦਰਜ ਕੀਤੀ ਜਦਕਿ ਵਾਰਡ ਨੰਬਰ 13 ਵਿਚ ਆਜ਼ਾਦ ਉਮੀਦਵਾਰ ਪਰਵੀਨ 212 ਵੋਟਾਂ ਲੈ ਕੇ ਜੇਤੂ ਰਹੇ।

# ਸੇਵਾ ਨੂੰ ਸਮਰਪਿਤ ਸਟਾਫ਼ ਨਰਸ ਬੀਬਾ ਗੁਰਪ੍ਰੀਤ ਕੌਰ ਭੁੱਲਰ

**ਫਿਲੌਰ (ਨਿਰਮਲ)** ਬਹੁਤ ਖੁਸ਼ੀ ਅਤੇ ਮਾਣ ਦੀ ਗੱਲ ਹੈ ਕਿ ਮਨੁੱਖਤਾ ਦੀ ਸੇਵਾ ਨੂੰ ਸਮਰਪਿਤ, ਪ੍ਰਭਾਵਸ਼ਾਲੀ ਅਤੇ ਦਮਦਾਰ ਸ਼ਖ਼ਸੀਅਤ ਦੀ ਮਾਲਕ ਬੀਬਾ ਗੁਰਪ੍ਰੀਤ ਕੌਰ ਭੁੱਲਰ ਆਪਣੀਆਂ ਸ਼ਲਾਘਾਯੋਗ ਸੇਵਾਵਾਂ ਪੂਰੀਆਂ ਕਰਕੇ ਅੱਜ ਸੇਵਾ ਮੁਕਤ ਹੋ ਰਹੇ ਹਨ। ਉਨ੍ਹਾਂ ਨੇ ਆਪਣੀ ਪੂਰੀ ਜ਼ਿੰਦਗੀ ਇਮਾਨਦਾਰੀ, ਮਿਹਨਤ ਅਤੇ ਸੇਵਾ ਭਾਵਨਾ ਨਾਲ ਲੋਕਾਂ ਦੀ ਭਲਾਈ ਲਈ ਸਮਰਪਿਤ ਰੱਖੀ।ਬੀਬਾ ਗੁਰਪ੍ਰੀਤ ਕੌਰ ਭੁੱਲਰ ਦਾ ਜਨਮ 5 ਮਈ 1968 ਨੂੰ ਜ਼ਿਲ੍ਹਾ ਮੋਗਾ ਦੇ ਪਿੰਡ ਗਲੋਟੀ ਵਿਖੇ ਇਕ ਸਧਾਰਨ ਪਰਿਵਾਰ ਵਿੱਚ ਹੋਇਆ। ਸਰਕਾਰੀ ਸਕੂਲ ਚ ਮੁੱਢਲੀ ਸਿੱਖਿਆ ਪ੍ਰਾਪਤ ਕਰਨ ਤੋਂ ਬਾਅਦ ਉਨ੍ਹਾਂ ਨੇ ਬਠਿੰਡਾ ਤੋਂ ਨਰਸਿੰਗ ਦੀ ਪੜ੍ਹਾਈ ਪੂਰੀ ਕੀਤੀ ਅਤੇ ਮਨੁੱਖਤਾ ਦੀ ਸੇਵਾ ਦਾ ਰਾਹ ਚੁਣਿਆ। 1992 ਵਿਚ ਉਨ੍ਹਾਂ ਦਾ ਵਿਆਹ ਜ਼ਿਲ੍ਹਾ ਤਰਨਤਾਰਨ ਦੇ ਪਿੰਡ ਘਰਿਆਲਾ (ਪੱਟੀ) ਦੇ ਵਸਨੀਕ ਮੋਹਨ ਸਿੰਘ ਭੁੱਲਰ ਨਾਲ ਹੋਇਆ, ਜੋ 2023 'ਚ ਪੰਜਾਬ ਪੁਲਿਸ ਲੁਧਿਆਣਾ ਤੋਂ ਇੰਸਪੈਕਟਰ ਵਜੋਂ ਸੇਵਾ ਮੁਕਤ ਹੋਏ। ਪਰਵਾਰਕ ਜੀਵਨ ਵਿਚ ਵੀ ਬੀਬਾ ਭੁੱਲਰ ਨੇ ਇਕ ਸੁਚੱਜੀ ਮਾਤਾ ਅਤੇ ਸਹਿਯੋਗੀ ਜੀਵਨ ਸਾਥੀ ਦੀ ਭੂਮਿਕਾ ਬਾਖੂਬੀ ਨਿਭਾਈ।ਉਨ੍ਹਾਂ ਦੇ ਦੋ ਬੇਟੀਆਂ ਅਮਾਨਤਪ੍ਰੀਤ ਕੌਰ, ਨਵਕਿਰਨਪ੍ਰੀਤ ਕੌਰ ਤੇ ਬੇਟਾ ਅਨਮੋਲਵੀਰ ਸਿੰਘ ਭੁੱਲਰ ਹੋਏ, ਅਮਾਨਤਪ੍ਰੀਤ



ਪਰਿਵਾਰ ਸਮੇਤ ਨਿਊਜ਼ੀਲੈਂਡ ਅਤੇ ਨਵਕਿਰਨਪ੍ਰੀਤ ਕੌਰ ਤੇ ਬੇਟਾ ਅਨਮੋਲਵੀਰ ਸਿੰਘ ਭੁੱਲਰ ਕੈਨੇਡਾ 'ਚ ਵੱਸਦੇ ਹਨ।ਉਨ੍ਹਾਂ ਨੇ ਲਗਾਤਾਰ 38 ਸਾਲ ਡੀ ਐੱਮ ਸੀ ਹਸਪਤਾਲ ਲੁਧਿਆਣਾ 'ਚ ਬਤੌਰ ਸਟਾਫ਼ ਨਰਸ ਸੇਵਾ ਨਿਭਾਈ, ਜਿਨ੍ਹਾਂ ਵਿੱਚੋਂ 26 ਸਾਲ ਅਰਬਨ ਹੈਲਥ ਸੈਂਟਰ ਸ਼ਿਮਲਾਪੁਰੀ ਵਿਖੇ ਅਣਥੱਕ ਡਿਊਟੀ ਕੀਤੀ। ਮਰੀਜ਼ਾਂ ਨਾਲ ਨਿਮਰਤਾ, ਸਾਥੀਆਂ ਨਾਲ ਪਿਆਰ ਅਤੇ ਸੀਨੀਅਰਜ਼ ਪ੍ਰਤੀ ਆਦਰ ਨੇ ਉਨ੍ਹਾਂ ਨੂੰ ਹਰ ਦਿਲ ਅਜ਼ੀਜ਼ ਬਣਾ ਦਿੱਤਾ।ਉਨ੍ਹਾਂ ਦੀ ਸੇਵਾ ਮੁਕਤੀ ਮੌਕੇ ਸਮੂਹ ਸਟਾਫ਼ ਵੱਲੋਂ ਭਾਵਭਿੰਨੀ ਵਿਦਾਇਗੀ ਦਿੱਤੀ ਗਈ। ਸਾਰੇ ਸਹਿਕਰਮੀਆਂ ਨੇ ਕਿਹਾ ਕਿ ਬੀਬਾ ਗੁਰਪ੍ਰੀਤ ਕੌਰ ਭੁੱਲਰ ਦੀਆਂ ਮਨੁੱਖਤਾ ਪ੍ਰਤੀ ਨਿਭਾਈਆਂ ਗਈਆਂ ਸ਼ਲਾਘਾਯੋਗ ਸੇਵਾਵਾਂ ਹਮੇਸ਼ਾ ਯਾਦ ਰੱਖੀਆਂ ਜਾਣਗੀਆਂ ਅਤੇ ਉਹ ਆਉਣ ਵਾਲੀਆਂ ਪੀੜ੍ਹੀਆਂ ਲਈ ਪ੍ਰੇਰਣਾ ਸਰੋਤ ਬਣੇ ਰਹਿਣਗੇ।

# ਸੰਤ ਹੀਰਾ ਦਾਸ ਸਕੂਲ ਵਿਖੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ

**ਕਾਲਾ ਸੰਘਿਆਂ (ਮਨਜੀਤ ਮਾਨ)**- ਸਥਾਨਿਕ ਕਸਬੇ ਦੇ ਪ੍ਰਸਿੱਧ ਸਕੂਲ ਸੰਤ ਹੀਰਾ ਦਾਸ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਸ਼ੈਸ਼ਨ ਦੀ ਆਰੰਭਤਾ ਨੂੰ ਮੱਦੇਨਜ਼ਰ ਰੱਖਦੇ ਹੋਏ ਬੱਚਿਆਂ ਦੀ ਤੰਦਰੁਸਤੀ ਤੇ ਚੰਗੇਰੇ ਭਵਿੱਖ ਲਈ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਗਏ। ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੀ ਆਰੰਭਤਾ ਸਕੂਲ ਸਟਾਫ ਅਤੇ ਸਕੂਲੀ ਬੱਚਿਆਂ ਦੁਆਰਾ ਬੜੇ ਹੀ ਅਦਬ ਸਤਿਕਾਰ ਨਾਲ ਕੀਤੀ ਗਈ। ਭੋਗ ਪੈਣ ਉਪਰੰਤ ਗਿਆਰਵੀਂ ਅਤੇ ਬਾਰ੍ਹਵੀਂ ਕਲਾਸ ਦੇ ਵਿਦਿਆਰਥੀਆਂ ਨੇ ਕਵੀਸ਼ਰੀ ਤੇ ਰਸ ਭਿੰਨਾਂ





ਕੀਰਤਨ ਕਰਕੇ ਹਾਜ਼ਰੀ ਲਗਵਾਈ। ਉਪਰੰਤ ਸੰਸਥਾ ਦੀ ਚੜ੍ਹਦੀਕਲਾ ਦੀ ਅਰਦਾਸ ਹੋਈ। ਹਾਜ਼ਰੀਨ ਮੈਂਬਰਾਂ ਵਿੱਚੋਂ ਸੰਸਥਾ ਦੇ ਡਾਇਰੈਕਟਰ ਡਾ. ਰਾਮ ਮੂਰਤੀ ਨੇ ਬੱਚਿਆਂ ਨੂੰ ਗੁਰੂ ਗ੍ਰੰਥ ਸਾਹਿਬ ਦੀ ਬਾਣੀ ਨੂੰ ਗ੍ਰਹਿਣ ਕਰਕੇ ਆਪਣੇ ਆਚਰਣ ਨੂੰ ਉੱਚਾ ਸੁੱਚਾ ਰੱਖਣ ਲਈ ਪ੍ਰੇਰਿਆ। ਭੋਗ ਪੈਣ ਉਪਰੰਤ ਗੁਰੂ ਕੇ ਲੰਗਰ ਤੇ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਏ। ਆਏ ਬੱਚਿਆਂ ਉਨ੍ਹਾਂ ਦੇ ਮਾਪਿਆਂ ਅਤੇ ਸਮੂਹ ਸਟਾਫ ਨੇ ਬਹੁਤ ਹੀ ਅਦਬ ਸਤਿਕਾਰ ਨਾਲ ਲੰਗਰ ਛਕਿਆ। ਇਸ ਸਮੁੱਚੇ ਪ੍ਰੋਗਰਾਮ ਨੂੰ ਸਕੂਲ ਪ੍ਰਿੰਸੀਪਲ ਮੈਡਮ ਕਰੁਣਾ ਕਟੌਚ ਨੇ ਸਮੁੱਚੇ ਸਟਾਫ ਨਾਲ ਮਿਲ ਕੇ ਉਲੀਕਿਆ। ਪੰਜਵੀਂ, ਅੱਠਵੀਂ, ਦੱਸਵੀਂ ਤੇ ਬਾਰਵੀਂ ਸ਼੍ਰੇਣੀ ਦੇ 100 ਫੀਸਦੀ ਨਤੀਜਿਆਂ ਅਤੇ ਸਾਲਾਨਾ ਧਾਰਮਿਕ ਪ੍ਰੀਖਿਆ ਲਈ ਬੱਚਿਆਂ ਨੂੰ ਇਨਾਮ ਤਕਸੀਮ ਕੀਤੇ। ਇਸ ਮੌਕੇ ਤੇ ਪ੍ਰਧਾਨ ਸ਼ੀਤਲ ਸਿੰਘ ਸੰਘਾ, ਵਾਈਸ ਪ੍ਰਧਾਨ ਬਿਕਰਮਜੀਤ ਸਿੰਘ, ਸੱਕਤਰ ਸੰਜੀਵ ਕੁਮਾਰ ਹੈਪੀ, ਡਾ. ਰਾਮ ਮੂਰਤੀ ਡਾਇਰੈਕਟਰ, ਕਾਲਿਜ ਪ੍ਰਿੰਸੀਪਲ ਬਲਜਿੰਦਰ ਕੌਰ, ਜੀ ਐਨ ਡੀ ਦੀ ਪ੍ਰਿੰਸੀਪਲ ਨੀਨਾ ਸ਼ਰਮਾ ਅਤੇ ਸਕੂਲ ਦੇ ਸਮੂਹ ਅਧਿਆਪਕ ਸਾਹਿਬਾਨ ਹਾਜ਼ਰ ਸਨ।

# ਲਾਇਨਜ਼ ਕਲੱਬ ਪਰਲ ਵੱਲੋਂ ਹੋਣਹਾਰ ਵਿਦਿਆਰਥੀ ਸਨਮਾਨਤ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਲਾਇਨਜ਼ ਕਲੱਬ ਹੁਸ਼ਿਆਰਪੁਰ ਪਰਲ ਵੱਲੋਂ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਰੇਲਵੇ ਮੰਡੀ ਵਿੱਚ ਇਕ ਸੰਖੇਪ ਸਮਾਰੋਹ ਦੌਰਾਨ 10ਵੀਂ ਅਤੇ 12ਵੀਂ ਜਮਾਤ ਵਿੱਚ 90% ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ 30 ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ। ਸਮਾਗਮ ਦੀ ਪ੍ਰਧਾਨਗੀ ਪ੍ਰਿੰਸੀਪਲ ਰਾਜਨ ਅਰੋੜਾ ਨੇ ਕੀਤੀ। ਇਸ ਮੌਕੇ ਕਲੱਬ ਦੇ ਪ੍ਰਧਾਨ ਲਾਇਨ ਵਿਜੇ ਅਰੋੜਾ ਨੇ ਵਿਦਿਆਰਥੀਆਂ ਨੂੰ ਸਨਮਾਨਤ ਕਰਦਿਆਂ ਕਿਹਾ ਕਿ ਸਿੱਖਿਆ ਹੀ ਸਮਾਜ ਅਤੇ ਦੇਸ਼ ਦੀ ਤਰੱਕੀ ਦਾ ਸਭ ਤੋਂ ਵੱਡਾ ਆਧਾਰ ਹੈ ਅਤੇ ਸਫਲਤਾ ਮਿਹਨਤ, ਅਨੁਸ਼ਾਸਨ ਅਤੇ ਨਿਰੰਤਰ ਯਤਨਾਂ ਨਾਲ ਹੀ ਪ੍ਰਾਪਤ ਹੁੰਦੀ ਹੈ। ਉਨ੍ਹਾਂ ਨੇ ਵਿਦਿਆਰਥੀਆਂ, ਮਾਪਿਆਂ ਅਤੇ ਅਧਿਆਪਕਾਂ ਨੂੰ ਇਸ ਸਫਲਤਾ ਲਈ ਵਧਾਈ ਦਿੱਤੀ। ਨਾਲ ਹੀ ਹੋਰ ਵਿਦਿਆਰਥੀਆਂ ਨੂੰ ਵੀ ਇਨ੍ਹਾਂ ਬੱਚਿਆਂ ਤੋਂ ਪ੍ਰੇਰਣਾ ਲੈ ਕੇ ਮਨ ਲਾ ਕੇ ਪੜ੍ਹਾਈ ਕਰਨ ਲਈ ਪ੍ਰੇਰਿਤ ਕੀਤਾ ਤਾਂ ਜੋ ਉਹ ਵੀ ਅਗਲੇ ਸਾਲ ਸਨਮਾਨ ਪ੍ਰਾਪਤ ਕਰ ਸਕਣ। ਇਸ ਮੌਕੇ ਅਰੋੜਾ ਨੇ ਕਿਹਾ ਕਿ ਸਿੱਖਿਆ ਜੀਵਨ ਦੀ ਸਭ ਤੋਂ ਵੱਡੀ ਤਾਕਤ ਹੈ ਅਤੇ ਵਿਦਿਆਰਥੀ ਦੇਸ਼ ਦਾ ਭਵਿੱਖ ਹਨ। ਉਨ੍ਹਾਂ ਕਿਹਾ ਕਿ ਅੱਜ ਦੇ ਬੱਚੇ



ਕੱਲ ਦੇ ਡਾਕਟਰ, ਇੰਜੀਨੀਅਰ, ਵਿਗਿਆਨੀ, ਪ੍ਰਸ਼ਾਸਨਿਕ ਅਧਿਕਾਰੀ ਅਤੇ ਸਮਾਜ ਦੇ ਜ਼ਿੰਮੇਵਾਰ ਨਾਗਰਿਕ ਬਣਨਗੇ। ਉਨ੍ਹਾਂ ਨੇ ਕਿਹਾ ਕਿ ਵਿਦਿਆਰਥੀਆਂ ਦੀ ਸਫਲਤਾ ਦੇ ਪਿੱਛੇ ਮਾਪਿਆਂ ਦੇ ਤਿਆਗ ਅਤੇ ਅਧਿਆਪਕਾਂ ਦੀ ਮਿਹਨਤ ਦਾ ਮਹੱਤਵਪੂਰਨ ਯੋਗਦਾਨ ਹੁੰਦਾ ਹੈ ਅਤੇ ਹੋਣਹਾਰ ਵਿਦਿਆਰਥੀਆਂ ਦਾ ਸਨਮਾਨ ਕਰਨਾ ਸਮਾਜ ਦਾ ਨੈਤਿਕ ਫਰਜ਼ ਵੀ ਬਣਦਾ ਹੈ। ਇਸ ਮੌਕੇ ਅਸ਼ਵਨੀ ਦੱਤਾ ਨੇ ਕਿਹਾ ਕਿ ਜਿਨ੍ਹਾਂ ਬੱਚਿਆਂ ਨੇ ਕਠਿਨ ਮਿਹਨਤ ਨਾਲ ਇਹ ਮੁਕਾਮ ਹਾਸਲ ਕੀਤਾ ਹੈ, ਉਹ ਆਉਣ ਵਾਲੇ ਸਮੇਂ ਵਿੱਚ ਦੇਸ਼ ਅਤੇ ਸਮਾਜ ਦੀ ਤਰੱਕੀ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣਗੇ। ਉਨ੍ਹਾਂ ਨੇ ਖਾਸ ਤੌਰ 'ਤੇ ਬੇਟੀਆਂ ਦੀਆਂ ਉਪਲਬਧੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਬੇਟੀਆਂ ਪਰਿਵਾਰ ਅਤੇ ਸਮਾਜ ਦੋਵਾਂ ਦਾ ਮਾਣ ਹੁੰਦੀਆਂ ਹਨ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਰਾਜਨ ਅਰੋੜਾ ਨੇ ਕਲੱਬ ਦਾ ਧੰਨਵਾਦ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਦੀ ਸਫਲਤਾ ਸਿਰਫ ਅੰਕਾਂ ਤੱਕ ਸੀਮਿਤ ਨਹੀਂ ਹੁੰਦੀ, ਸਗੋਂ ਉਨ੍ਹਾਂ ਦਾ ਚੰਗਾ ਚਰਿੱਤਰ, ਅਨੁਸ਼ਾਸਨ ਅਤੇ ਸੰਸਕਾਰ ਵੀ ਉਤਨੇ ਹੀ ਮਹੱਤਵਪੂਰਨ ਹਨ। ਮੰਚ ਸੰਚਾਲਨ ਦੀ ਭੂਮਿਕਾ ਮੋਨਿਕਾ ਰਤਨ ਨੇ ਬਖੂਬੀ ਨਿਭਾਈ। ਅੰਤ ਵਿੱਚ 30 ਹੋਣਹਾਰ ਵਿਦਿਆਰਥੀਆਂ ਨੂੰ ਯਾਦਗਾਰੀ ਚਿੰਨ੍ਹ ਭੇਂਟ ਕਰਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਉਮੇਸ਼ ਰਾਣਾ, ਰਾਜੇਸ਼ ਨੰਦਾ, ਅਸ਼ਵਨੀ ਕੁਮਾਰ ਦੱਤਾ, ਹਰਿਸ਼ ਚੁੱਘ, ਸੁਖਵੰਤ ਸਿੰਘ, ਵਿਜੇ ਗੁਪਤਾ, ਸੂਰਜ ਕੁਮਾਰ ਅਤੇ ਸਕੂਲ ਵੱਲੋਂ ਪੁਨੀਤ, ਰਵਿੰਦਰ ਕੌਰ, ਰੋਹਿਤ ਕੁਮਾਰੀ ਸਮੇਤ ਹੋਰ ਹਾਜ਼ਰ ਸਨ।

# ਬਕਰੀਦ ਦਾ ਤਿਉਹਾਰ ਮਨਾਇਆ



**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)**- ਪਿੰਡ ਭੂੰਗਰਨੀ ਵਿਖੇ ਈਦ ਅਲ-ਅਜ਼ਹਾ (ਬਕਰੀਦ) ਦੇ ਤਿਉਹਾਰ ਜੋ ਮੁਸਲਿਮ ਭਾਈਚਾਰੇ ਦਾ ਬਹੁਤ ਇਤਿਹਾਸਿਕ ਤਿਉਹਾਰ ਹੈ ਜਿਸਨੂੰ ਬੜੀ ਧੂਮਧਾਮ ਨਾਲ ਇੱਥੇ ਰਹਿੰਦੇ ਮੁਸਲਿਮ ਪਰਵਾਰਾਂ ਵੱਲੋਂ ਮਨਾਇਆ ਗਿਆ ।

ਇਸ ਖੁਸ਼ੀ ਦੇ ਤਿਉਹਾਰ ਮੌਕੇ ਭਾਈਚਾਰਕ ਸਾਂਝ ਨੂੰ ਮੁੱਖ ਰੱਖਦਿਆਂ ਪਿੰਡ ਦੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸੁਰਜੀਤ ਸਿੰਘ ਮਸੂਤਾ,ਦੋਆਬਾ ਜਨਰਲ ਕੈਟਾਗਰੀ ਫਰੰਟ ਦੇ ਪ੍ਰਧਾਨ ਬਲਵੀਰ ਸਿੰਘ ਫੁਗਲਾਣਾ ,ਅਮਰ ਕੌਰ -ਚਰਨ ਕੌਰ ਵੈਲਫੇਅਰ ਸੁਸਾਇਟੀ ਦੇ ਸੀਨੀਅਰ ਵਾਈਸ ਪ੍ਰਧਾਨ ਜਗਤਾਰ ਸਿੰਘ ਭੂੰਗਰਨੀ ਅਤੇ ਕਿਸਾਨ ਆਗੂ ਸਤਨਾਮ ਸਿੰਘ ਸ਼ਿੰਦੂ ਆਦਿ ਵੱਲੋਂ ਮੁਸਲਿਮ ਭਾਈਚਾਰੇ ਦੇ ਨਵਾਬ ਜਾਨ ਅਤੇ ਅਰਜਾਨਾ ਬੇਗਮ ਅਤੇ ਉਸ ਦੇ ਪਰਵਾਰਕ ਮੈਂਬਰਾਂ ਨੂੰ ਬੁੱਕਾ ਦੇ ਕੇ ਖੁਸ਼ੀ ਦਾ ਇਜ਼ਹਾਰ ਕੀਤਾ।

# ਨੂਰਮਹਿਲ ਦੇ 13 ਵਾਰਡਾਂ 'ਚੋਂ 6 ਅਜ਼ਾਦ, 4 ਆਪ, 2 ਬਸਪਾ ਤੇ 1 ਭਾਜਪਾ ਉਮੀਦਵਾਰ ਜੇਤੂ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਇੰਤਜ਼ਾਰ ਦੀਆਂ ਘੜੀਆਂ ਖਤਮ ਹੋਣ ਤੋਂ ਬਾਅਦ ਨੂਰਮਹਿਲ ਦੇ 13 ਵਾਰਡਾਂ ਦੀ ਗਿਣਤੀ ਸਵੇਰੇ ਬੀ. ਡੀ. ਪੀ . ਓ ਦਫ਼ਤਰ ਵਿੱਚ ਸਖ਼ਤ ਸੁਰੱਖਿਆ ਪ੍ਰਬੰਧਾਂ ਹੇਠ ਸ਼ੁਰੂ ਹੋਈ । ਹੌਲੀ-ਹੌਲੀ ਸਾਰੇ ਵਾਰਡਾਂ ਦੀ ਗਿਣਤੀ ਮੁਕੰਮਲ ਹੋ ਗਈ । ਇਕੱਤਰ ਕੀਤੀ ਜਾਣਕਾਰੀ ਅਨੁਸਾਰ ਵਾਰਡ 1 ਤੋਂ ਰਾਜਨ , ਵਾਰਡ ਨੰਬਰ 2 ਤੋਂ ਸੋਨੂੰ ਠੇਕੇਦਾਰ, ਵਾਰਡ ਨੰਬਰ 3 ਸੁਖਵਿੰਦਰ ਕੌਰ, ਵਾਰਡ ਨੰਬਰ 4 ਦੀਪਕ ਕੁਮਾਰ ਦੀਪੂ , ਵਾਰਡ ਨੰਬਰ 5 ਏਕਤਾ ਨਈਅਰ, ਵਾਰਡ ਨੰਬਰ 6 ਦਿਨੇਸ਼ ਕੁਮਾਰ ਨਿੱਕੂ , ਵਾਰਡ ਨੰਬਰ 7 ਮਮਤਾ ਬਾਲੂ ਐਡਵੋਕੇਟ, ਵਾਰਡ ਨੰਬਰ 8 ਕੁਲਦੀਪ ਦੀਪਾ , ਵਾਰਡ 9 ਸੋਨੀਆ, ਵਾਰਡ 10 ਪ੍ਰਿਅੰਕਾ ਮਿਸ਼ਰ , ਵਾਰਡ 11 ਰਜਨੀ ਕੋਹਲੀ , ਵਾਰਡ ਨੰਬਰ 12 ਰਕੇਸ਼ ਕਲੇਰ , ਤੇ ਵਾਰਡ ਨੰਬਰ 13 ਵਿੱਚੋਂ ਜੰਗ ਬਹਾਦਰ ਕੋਹਲੀ ਆਦਿ ਜੇਤੂ ਰਹੇ । ਜਿਤੇ ਉਮੀਦਵਾਰਾਂ ਨੂੰ ਜੇਤੂ ਸਰਟੀਫਿਕੇਟ ਦਿੱਤੇ ਗਏ । ਉਮੀਦਵਾਰਾਂ ਨੇ ਆਪੋ ਆਪਣੇ ਵਾਰਡਾਂ ਵਿੱਚ ਢੋਲ ਵਜਾਏ ਤੇ ਪਟਾਕੇ ਛੱਡੇ । ਜੇਤੂ ਉਮੀਦਵਾਰਾਂ ਨੇ ਵੋਟਰਾਂ ਦਾ ਧੰਨਵਾਦ ਕੀਤਾ । ਜ਼ਿਕਰਯੋਗ ਹੈ ਕਿ ਇਸ 13 ਵਾਰਡਾਂ ਵਿੱਚੋਂ ਅਕਾਲੀ ਦਲ ਨੂੰ ਕੋਈ ਵੀ ਸੀਟ ਨਹੀਂ ਮਿਲੀ । ਇਥੇ ਦੱਸਣਯੋਗ ਹੈ ਕਿ ਨੂਰਮਹਿਲ ਦੇ 13 ਵਾਰਡਾਂ ਵਿੱਚੋਂ 6 ਆਜ਼ਾਦ ਉਮੀਦਵਾਰ ਜਿਨ੍ਹਾਂ ਨੂੰ ਕਾਂਗਰਸ ਨੇ ਸਮਰਥਨ ਦਿੱਤਾ ਹੋਇਆ ਸੀ, 4 ਆਮ ਆਦਮੀ ਪਾਰਟੀ ਦੇ ਉਮੀਦਵਾਰ, 2 ਬੀ. ਐਸ. ਪੀ ਦੇ ਉਮੀਦਵਾਰ ਤੇ ਇੱਕ ਉਮੀਦਵਾਰ ਭਾਜਪਾ ਦੇ ਜੇਤੂ ਰਹੇ ਹਨ ।




# ਗੜ੍ਹਸ਼ੰਕਰ ਦੇ 13 ਵਾਰਡਾਂ 'ਚੋਂ 8 ਵਾਰਡਾਂ 'ਚ 'ਆਪ', 4 ਵਾਰਡਾਂ 'ਚ ਆਜ਼ਾਦ ਤੇ ਇੱਕ ਵਾਰਡ 'ਚ ਕਾਂਗਰਸ ਜੇਤੂ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਸਥਾਨਕ ਨਗਰ ਕੌਂਸਲ ਦੇ 13 ਵਾਰਡਾਂ ਲਈ 26 ਮਈ ਨੂੰ ਪਈਆਂ ਵੋਟਾਂ ਦੀ ਗਿਣਤੀ ਦੌਰਾਨ 8 ਵਾਰਡਾਂ ਵਿਚ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਵਲੋਂ ਜਿੱਤ ਦਰਜ ਕੀਤੀ ਗਈ ਜਦਕਿ 4 ਵਾਰਡਾਂ ਵਿਚ ਆਜ਼ਾਦ ਉਮੀਦਵਾਰ ਤੇ ਇੱਕ ਵਿਚ ਕਾਂਗਰਸ ਪਾਰਟੀ ਦਾ ਉਮੀਦਵਾਰ ਜੇਤੂ ਰਿਹਾ।ਵਧੀਕ ਡਿਪਟੀ ਕਮਿਸ਼ਨਰ-ਕਮ-ਵਧੀਕ ਜ਼ਿਲ੍ਹਾ ਚੋਣ ਅਫ਼ਸਰ ਨਿਕਾਸ ਕੁਮਾਰ ਨੇ ਚੋਣ ਨਤੀਜਿਆਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਾਰਡ ਨੰਬਰ 1 ਤੋਂ ਆਮ ਆਦਮੀ ਪਾਰਟੀ ਦੀ ਉਮੀਦਵਾਰ ਬਿਮਲਾ ਦੇਵੀ ਨੇ 350 ਵੋਟਾਂ ਲੈ ਕੇ ਜਿੱਤ ਦਰਜ ਕੀਤੀ ਜਦਕਿ ਵਾਰਡ ਨੰਬਰ 2 ਤੋਂ ਆਜ਼ਾਦ ਉਮੀਦਵਾਰ ਵਿਨੋਦ ਕੁਮਾਰ 270 ਵੋਟਾਂ ਲੈ ਕੇ ਜੇਤੂ ਰਹੇ। ਇਸੇ ਤਰ੍ਹਾਂ ਵਾਰਡ ਨੰਬਰ 3,4,5 ਅਤੇ 6 ਵਿਚ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਜਸਵੀਰ ਕੌਰ, ਪ੍ਰਿੰਸ, ਨੀਰਜ ਖੰਨਾ ਅਤੇ ਹਰਪ੍ਰੀਤ ਸਿੰਘ ਨੇ ਕ੍ਰਮਵਾਰ 573,299, 239 ਅਤੇ 390 ਵੋਟਾਂ ਲੈ ਕੇ ਜਿੱਤ ਦਰਜ ਕੀਤੀ। ਵਾਰਡ ਨੰਬਰ 7 ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਭਾਵਨਾ ਕਿਰਪਾਲ ਨੇ 178 ਵੋਟਾਂ ਲੈ ਕੇ ਜਿੱਤ ਦਰਜ ਕੀਤੀ। ਵਾਰਡ ਨੰਬਰ 8 ਅਤੇ 9 ਵਿਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਸੋਮਨਾਥ ਬੰਗੜ ਅਤੇ ਜਸਵਿੰਦਰ ਕੌਰ ਨੇ ਕ੍ਰਮਵਾਰ 489 ਅਤੇ 432 ਵੋਟਾਂ ਹਾਸਲ ਕਰਕੇ ਜਿੱਤ ਪ੍ਰਾਪਤ ਕੀਤੀ। ਵਾਰਡ ਨੰਬਰ 10 ਅਤੇ 11 ਵਿਚ ਆਜ਼ਾਦ ਉਮੀਦਵਾਰਾਂ ਵਿਕਰਾਂਤ ਰਣਦੇਵ ਅਤੇ ਨੀਰੂ ਸ਼ਰਮਾ ਕ੍ਰਮਵਾਰ 399 ਅਤੇ 492 ਵੋਟਾਂ ਹਾਸਲ ਕਰਕੇ ਜੇਤੂ ਰਹੇ। ਵਾਰਡ ਨੰਬਰ 12 ਵਿਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਉਪਕਰਨ ਸਿੰਘ ਬੰਗੜ ਨੇ 397 ਵੋਟਾਂ ਹਾਸਲ ਕਰਕੇ ਜਿੱਤ ਦਰਜ ਕੀਤੀ ਜਦਕਿ ਵਾਰਡ ਨੰਬਰ 13 ਵਿਚ ਆਜ਼ਾਦ ਉਮੀਦਵਾਰ ਪਰਵੀਨ 212 ਵੋਟਾਂ ਲੈ ਕੇ ਜੇਤੂ ਰਹੇ।

# ਨਸ਼ਾ ਵਿਰੋਧੀ ਮੁਹਿੰਮ 'ਚ ਕੋਤਾਹੀ ਬਰਦਾਸ਼ਤ ਨਹੀਂ ਕੀਤੀ ਜਾਏਗੀ : ਡੀ ਸੀ

**ਫਗਵਾੜਾ (ਡਾ. ਰਮਨ)**- ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਡਿਪਟੀ ਕਮਿਸ਼ਨਰ ਕਪੂਰਥਲਾ ਆਕਾਸ਼ ਬਾਂਸਲ ਦੀ ਰਹਿਨੁਮਾਈ ਹੇਠ ਜਿਲੇ ਵਿਚ ਚਲ ਰਹੇ ਨਸ਼ਾ ਛੁਡਾਊ ਕੇਂਦਰਾਂ ਦੀ ਕਾਰਗੁਜ਼ਾਰੀ ਦੇ ਸੰਬਧ 'ਚ ਇਕ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਡਿਪਟੀ ਕਮਿਸ਼ਨਰ ਕਪੂਰਥਲਾ ਆਕਾਸ਼ ਬਾਂਸਲ ਨੇ ਕਿਹਾ ਜਿਲੇ ਵਿਚ ਉਕਤ ਮੁਹਿੰਮ ਨੂੰ ਸਖਤੀ ਨਾਲ ਲਾਗੂ ਕੀਤਾ ਗਿਆ ਹੈ ਤੇ ਇਸ ਮੁਹਿੰਮ ਦੇ ਸਬੰਧ 'ਚ ਕਿਸੇ ਵੀ ਤਰ੍ਹਾਂ ਦੀ ਕੋਤਾਹੀ ਬਰਦਾਸ਼ਤ ਨਹੀਂ ਕੀਤੀ ਜਾਏਗੀ।ਉਹਨਾਂ ਜ਼ਿਲ੍ਹੇ ਵਿਚ ਚਲ ਰਹੇ ਸਾਰੇ ਓਟ ਸੈਂਟਰਾਂ ਅਤੇ



ਪ੍ਰਾਈਵੇਟ ਨਸ਼ਾ ਛੁਡਾਊ ਕੇਂਦਰਾਂ ਤੇ ਜਿਲਾ ਕੰਟਰੋਲ ਰੂਮ ਨੰਬਰ 01822-233777 ਡਿਸਪਲੇਅ ਕਰਨ ਦੀਆਂ ਹਦਾਇਤਾਂ ਵੀ ਜਾਰੀ ਕੀਤੀਆਂ ਤਾਂ ਕਿ ਨਸ਼ਾ ਵਿਰੋਧੀ ਮੁਹਿੰਮ ਵਿਚ ਆ ਰਹੀ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਵਿਰੁੱਧ ਸ਼ਿਕਾਇਤ ਦਰਜ਼ ਕਰਵਾਈ ਜਾ ਸਕੇ। ਇਸ ਤੋਂ ਇਲਾਵਾ ਪਿਛਲੇ ਦਿਨੀਂ ਸੀ ਐੱਚ ਸੀ ਫੱਤੂਢੀਂਗਾ ਵਿਖੇ ਓਟ ਕਲੀਨਿਕ ਦੀਆਂ ਦਵਾਈਆਂ ਦੀ ਚੋਰੀ ਦੇ ਸੰਬਧ ਚ ਸਖ਼ਤ ਰਵਇਆ ਅਪਣਾਉਂਦੇ ਕਿਹਾ ਕਿ ਆਰੋਪੀ ਕਰਮਚਾਰੀ ਖਿਲਾਫ ਐਨ ਡੀ ਪੀ ਐਸ ਐਕਟ ਤਹਿਤ ਕਾਨੂੰਨੀ ਕਾਰਵਾਈ ਕਰਦਿਆਂ ਐੱਫ ਆਈ ਆਰ ਦਰਜ ਕਰਵਾ ਦਿੱਤੀ ਗਈ ਹੈ ।

# ਚੌਧਰੀ ਗਿਆਨ ਸਿੰਘ ਦੀ ਬਰਸੀ ਭਲਕੇ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਉੱਘੇ ਸਮਾਜ ਸੇਵੀ ਚੌਧਰੀ ਗਿਆਨ ਸਿੰਘਦੀ ਬਰਸੀ ਸਬੰਧੀ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਚੌਧਰੀ ਗਿਆਨ ਸਿੰਘ ਵੈਲਫੇਅਰ ਐਸੋਸੀਏਸ਼ਨ (ਪੰਜਾਬ) ਦੇ ਸੂਬਾ ਪ੍ਰਧਾਨ ਪ੍ਰਿੰਸ ਪਲਿਆਲ, ਸੂਬਾ ਪ੍ਰੈੱਸ ਸਕੱਤਰ ਸ਼ਾਦੀ ਲਾਲ, ਕੈਸ਼ੀਅਰ ਵਰਿੰਦਰ ਕੁਮਾਰ ਕਾਲੋਵਾਲ ਨੇ ਦੱਸਿਆ ਕਿ ਉੱਘੇ ਸਮਾਜ ਸੇਵੀ ਰਾਏ ਸਾਹਿਬ ਚੌਧਰੀ ਗਿਆਨ ਸਿੰਘ ਜੀ ਦੀ ਸਾਲਾਨਾ ਬਰਸੀ 31ਮਈ ਨੂੰ ਪਿੰਡ ਭੇਭੋਤਾੜ ਵਿਖੇ ਉਨਾਂ ਦੇ ਪਰਵਾਰ ਵੱਲੋਂ ਮਨਾਈ ਜਾ ਰਹੀ ਹੈ। ਇਸ ਸਬੰਧੀ ਸੂਬਾ ਪ੍ਰਧਾਨ ਪ੍ਰਿੰਸ ਪਲਿਆਲ ਨੇ ਕਿਹਾ ਕਿ ਸਮਾਜ ਸੇਵਾ ਲਈ ਪੂਰਨ ਤੌਰ 'ਤੇ ਸਮਰਪਿਤ ਰਾਏ ਸਾਹਿਬ ਦੁਆਰਾ ਸਮਾਜ ਦੇ ਸਾਰੇ ਵਰਗਾਂ ਲਈ ਕੀਤੇ ਕੰਮਾਂ ਤੋਂ ਸੇਧ ਲੈਣੀ ਚਾਹੀਦੀ ਹੈ। ਉਨ੍ਹਾਂ ਇਲਾਕੇ ਦੇ ਉੱਘੇ ਸਮਾਜ ਸੇਵੀ ਅਤੇ ਹਰ ਵਰਗ ਦੇ ਲੋਕਾਂ ਨੂੰ ਰਾਏ ਸਾਹਿਬ ਦੀ ਬਰਸੀ ਤੇ ਪਹੁੰਚਣ ਦੀ ਅਪੀਲ ਕੀਤੀ। ਇਸ ਮੌਕੇ ਸੰਸਥਾ ਦੇ ਮੈਂਬਰ ਮਾਸਟਰ ਬਲਵੰਤ ਸਿੰਘ, ਦੇਸ ਰਾਜ ਮੈਰਾ, ਸੰਦੀਪ ਸਿੰਘ, ਜੀਵਨ ਜੋਤੀ, ਜਸਨੂਰ ਪਲਿਆਲ, ਧਨੰਤਰ ਸਿੰਘ, ਮਾਸਟਰ ਉੱਤਮ ਸਿੰਘ, ਨਿਰਮਲ ਸਿੰਘ ਬੰਸੀਆ, ਸੂਬੇਦਾਰ ਪ੍ਰੇਮ ਸਿੰਘ, ਸਤਪਾਲ ਸਿੰਘ, ਰਾਮ ਜੀ ਦਾਸ, ਬਖਸ਼ੀਸ਼ ਸਿੰਘ, ਚਰਨ ਸਿੰਘ, ਹਰਦੀਪ ਸਿੰਘ, ਕਰਮ ਕਿਸ਼ੋਰ, ਰੋਹਿਤ ਕੁਮਾਰ, ਸੁਰਲੀਨ ਕੌਰ, ਨਵਜੋਤ ਸਿੰਘ, ਨਵਦੀਪ ਸਿੰਘ, ਨਵਜੋਤ ਸਿੰਘ, ਜਰਨੈਲ ਸਿੰਘ, ਰੋਹਿਤ ਕੁਮਾਰ, ਸੋਮ ਨਾਥ ਰਮਨਦੀਪ ਕੁਮਾਰ, ਸਚਿਨ ਪਲਿਆਲ, ਦੇਵ ਲਾਲ, ਦੀਪਕ ਚੌਧਰੀ , ਸੰਜੀਵ ਕੁਮਾਰ, ਕਮਲ ਚੌਧਰੀ, ਗੁਰਪ੍ਰੀਤ ਸਿੰਘ, ਨਵਤੇਜ ਚੌਧਰੀ, ਰਜੇਸ਼ ਕੁਮਾਰ, ਦੇਸ ਰਾਜ, ਪ੍ਰਵੀਨ ਕੁਮਾਰ, ਸੁਨੀਲ ਕੁਮਾਰ ਤੇ ਜਸਨੂਰ ਪਲਿਆਲ ਹਾਜ਼ਰ ਸਨ।

# ਸੰਤ ਪ੍ਰੇਮ ਸਿੰਘ ਮੁਰਾਲੇ ਵਾਲਿਆਂ ਦੀ ਯਾਦ ਨੂੰ ਸਮਰਪਿਤ ਸ੍ਰੀ ਅਖੰਡ ਪਾਠ ਸਾਹਿਬ ਦੀ 7ਵੀਂ ਲੜੀ ਦੇ ਭੋਗ ਪਾਏ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਮਹਾਨ ਤਪੱਸਵੀ ਅਤੇ ਬ੍ਰਹਮ ਗਿਆਨੀ ਸੰਤ ਬਾਬਾ ਪ੍ਰੇਮ ਸਿੰਘ ਜੀ ਮੁਰਾਲੇ ਵਾਲਿਆਂ ਦੀ 76 ਵੀਂ ਬਰਸੀ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਗੋਬਿੰਦ ਪ੍ਰਵੇਸ਼ (ਮਿਆਣੀ) ਵਿਖੇ ਚੱਲ ਰਹੇ ਸਾਲਾਨਾ ਸਮਾਗਮ ਦੌਰਾਨ 7ਵੀਂ ਸ੍ਰੀ ਅਖੰਡ ਪਾਠ ਸਾਹਿਬ ਦੀ ਲੜੀ ਦੇ ਭੋਗ ਉਪਰੰਤ 8ਵੀਂ ਲੜੀ ਆਰੰਭ ਕੀਤੀ ਗਈ। ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸਾਬਕਾ ਮੰਤਰੀ ਚੌਧਰੀ ਬਲਵੀਰ ਸਿੰਘ ਮਿਆਣੀ ਦੀ ਦੇਖ-ਰੇਖ ਹੇਠ ਚੱਲ ਰਹੇ ਸਮਾਗਮਾਂ ਦੌਰਾਨ ਹੈੱਡ ਗ੍ਰੰਥੀ ਗਿਆਨੀ ਸਰਬਜੀਤ ਸਿੰਘ ਮਿਆਣੀ ਨੇ ਅਰਦਾਸ ਕੀਤੀ। ਇਸ ਮੌਕੇ ਪਾਠ ਦੀ ਸੇਵਾ ਨਿਭਾਉਣ



ਵਾਲੇ ਸਰਬਜੀਤ ਕੌਰ ਯੂ.ਐਸ.ਏ, ਇੰਦਰਜੀਤ ਸਿੰਘ ਜਰਮਨ, ਕੁਲਵੰਤ ਸਿੰਘ ਅਮਰੀਕਾ, ਹਰਦੀਪ ਸਿੰਘ, ਸੁਰਿੰਦਰ ਸਿੰਘ ਫੌਜੀ ਦੇ ਪਰਿਵਾਰਿਕ ਮੈਂਬਰਾਂ ਦਾ ਸਨਮਾਨ ਕੀਤਾ ਗਿਆ। ਚੌਧਰੀ ਬਲਵੀਰ ਸਿੰਘ ਮਿਆਣੀ ਨੇ ਦੱਸਿਆ ਕਿ 15 ਮਈ ਤੋਂ ਸ਼ੁਰੂ ਹੋਏ ਇਹ ਸਮਾਗਮ 2 ਜੂਨ ਤੱਕ ਜਾਰੀ ਰਹਿਣਗੇ ਅਤੇ 3 ਜੂਨ ਨੂੰ ਮੁੱਖ ਸਮਾਗਮ ਹੋਵੇਗਾ । ਉਹਨਾਂ ਦੱਸਿਆ ਕਿ 3 ਜੂਨ ਦੇ ਮੁੱਖ ਸਮਾਗਮ 'ਚ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ, ਸੰਤ ਬਾਬਾ ਤੇਜਾ ਸਿੰਘ ਖੁੱਡਾ ਵਾਲੇ, ਸੰਤ ਮੱਖਣ ਸਿੰਘ ਦਰੀਆ ਵਾਲੇ, ਸੰਤ ਬਾਬਾ ਹੀਰਾ ਸਿੰਘ ਖਾਲਸਾ, ਸੰਤ ਬਾਬਾ ਕੁਲਦੀਪ ਸਿੰਘ ਟਾਹਲੀ ਸਾਹਿਬ ਮੂਨਕਾਂ, ਸੰਤ ਬਾਬਾ ਹਰਚਰਨ ਸਿੰਘ ਖਾਲਸਾ ਰਮਦਾਸਪੁਰ ਵਾਲੇ, ਸੰਤ ਬਾਬਾ ਜਗਤਾਰ ਸਿੰਘ ਕਾਰ ਸੇਵਾ ਪੁਲ ਪੁਖਤਾ ਵਾਲੇ, ਸੰਤ ਤਰਲੋਕ ਸਿੰਘ ਅਕਬਰਪੁਰ ਵਾਲੇ, ਸਿੰਘ ਸਾਹਿਬ ਬ ਭਾਈ ਬਲਜੀਤ ਸਿੰਘ ਗ੍ਰੰਥੀ ਸ੍ਰੀ ਹਰਿਮੰਦਰ ਸਾਹਿਬ, ਹਜ਼ੂਰੀ ਰਾਗੀ ਭਾਈ ਸੁਰਿੰਦਰ ਸਿੰਘ, ਭਾਈ ਗੁਰਪ੍ਰੀਤ ਸਿੰਘ ਖਾਲਸਾ, ਕਥਾਵਾਚਕ ਗਿਆਨੀ ਜਗਦੀਪ ਸਿੰਘ ਬੁਰਜ, ਭਾਈ ਦਵਿੰਦਰ ਸਿੰਘ, ਭਾਈ ਦਲਜੀਤ ਸਿੰਘ ਗੁਰਦਾਸਪੁਰ, ਭਾਈ ਮੈਨੇਜਰ ਅਜੀਤ ਸਿੰਘ, ਕਥਾਵਾਚਕ ਡਾ. ਗੁਰਪ੍ਰੀਤ ਸਿੰਘ ਅਤੇ ਢਾਡੀ ਜੱਥਾ ਭਾਈ ਸੁਖਵਿੰਦਰ ਸਿੰਘ ਮੰਡਾਲੀ ਵਾਲੇ ਸੰਗਤਾਂ ਨੂੰ ਨਿਹਾਲ ਕਰਨਗੇ। ਉਹਨਾਂ ਨੇ ਹੋਰ ਦੱਸਿਆ ਕਿ 2 ਜੂਨ ਨੂੰ ਗੁਰਬਾਣੀ ਕੰਠ ਅਤੇ ਦਸਤਾਰ ਮੁਕਾਬਲੇ ਹੋਣਗੇ। ਨਾਲ ਹੀ ਹਰਬੰਸ ਰੇਖੀ ਹਸਪਤਾਲ ਟਾਂਡਾ, ਵੇਵਜ ਹਸਪਤਾਲ ਟਾਂਡਾ ਅਤੇ ਡਾ. ਬੀ. ਆਰ. ਕਾਜਲ ਹਸਪਤਾਲ ਦੀਆਂ ਟੀਮਾਂ ਵੱਲੋਂ ਮੁਫਤ ਮੈਡੀਕਲ ਕੈਂਪ ਲਾ ਕੇ ਦਵਾਈਆਂ ਦਿੱਤੀਆਂ ਜਾਣਗੀਆਂ। ਇਸ ਮੌਕੇ ਸਟੇਜ ਸਕੱਤਰ ਸੇਵਾ ਨਿਭਾ ਰਹੇ ਮਾਸਟਰ ਦਵਿੰਦਰ ਸਿੰਘ ਲਾਡੀ ਨੇ ਸੰਗਤ ਦਾ ਧੰਨਵਾਦ ਕੀਤਾ। ਇਸ ਮੌਕੇ ਚੌਧਰੀ ਸੁਰਿੰਦਰ ਕੌਰ ਮਿਆਣੀ, ਡਾ. ਲਖਮੀਰ ਸਿੰਘ ਚੌਧਰੀ, ਪ੍ਰਿੰਸੀਪਲ ਕੁਲਦੀਪ ਰਾਜ, ਸਾਬਕਾ ਪ੍ਰਿੰਸੀਪਲ ਹਰਭਜਨ ਸਿੰਘ ਮੱਲੀ, ਪ੍ਰਿੰਸੀਪਲ ਵਿਨੋਦ ਕੁਮਾਰ, ਜਸਵਿੰਦਰ ਸਿੰਘ ਭੂਪਾ, ਬਲਵੀਰ ਸਿੰਘ, ਬਲਦੇਵ ਸਿੰਘ, ਏ. ਐਸ. ਆਈ. ਸੁਖਵਿੰਦਰ ਸਿੰਘ, ਭੁਪਿੰਦਰ ਸਿੰਘ, ਕਿਰਪਾਲ ਸਿੰਘ ਪੰਡੋਰੀ, ਸਰਪੰਚ ਗੁਰਪ੍ਰੀਤ ਸਿੰਘ, ਜਸਵਿੰਦਰ ਕੁਮਾਰ, ਗੁਰਮੀਤ ਕੌਰ, ਸੁਖਦੀਪ ਕੌਰ, ਰੀਨਾ ਦੇਵੀ, ਜਸਵਿੰਦਰ ਕੌਰ, ਕੁਲਦੀਸ਼ ਕੁਮਾਰ ਮਿਆਣੀ, ਦਲਜੀਤ ਸਿੰਘ ਅਤੇ ਬਲਵੀਰ ਕੌਰ ਸਮੇਤ ਸੰਗਤਾਂ ਹਾਜ਼ਰ ਸਨ।

# ਕੈਬਨਿਟ ਮੰਤਰੀ ਵੱਲੋਂ ਨਵੇਂ ਟਿਊਬਵੈੱਲ ਦੇ ਕੰਮ ਦੀ ਸ਼ੁਰੂਆਤ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਦੇ ਜੇਲਾਂ ਅਤੇ ਪ੍ਰਵਾਸੀ ਭਾਰਤੀ ਮਾਮਲੇ ਮੰਤਰੀ ਡਾ. ਰਵਜੋਤ ਸਿੰਘ ਨੇ ਨੇੜਲੇ ਪਿੰਡ ਬਸੀ ਬਾਬੂ ਖਾਂ ਵਾਸੀਆਂ ਦੀ ਪੀਣ ਵਾਲੇ ਪਾਣੀ ਦੀ ਸਪਲਾਈ ਦੀ ਮੰਗ ਨੂੰ ਪੂਰਾ ਕਰਨ ਦੇ ਮਕਸਦ ਨਾਲ ਨਵੇਂ



ਟਿਊਬਵੈੱਲ ਦੇ ਕੰਮ ਸ਼ੁਰੂਆਤ ਕੀਤੀ। ਨਵੇਂ ਟਿਊਬਵੈੱਲ ਲਾਉਣ ਦੀ ਸ਼ੁਰੂਆਤ ਮੌਕੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਵਿੱਚ ਹਰ ਬੁਨਿਆਦੀ ਸਹੂਲਤ ਨੂੰ ਯਕੀਨੀ ਬਣਾ ਰਹੀ ਹੈ। ਉਨ੍ਹਾਂ ਕਿਹਾ ਕਿ ਪਿੰਡ ਬਸੀ ਬਾਬੂ ਖਾਂ ਵਾਸੀਆਂ ਵਾਸੀਆਂ ਨੂੰ ਅਕਸਰ ਗਰਮੀ ਦੇ ਮੌਸਮ ਦੌਰਾਨ ਪਾਣੀ ਦੀ ਕਿੱਲਤ ਦਾ ਸਾਹਮਣਾ ਕਰਨਾ ਪੈਂਦਾ ਸੀ ਅਤੇ ਪਿੰਡ ਵਾਸੀਆਂ ਦੀ ਮੰਗ ਸੀ ਕਿ ਪੀਣ ਵਾਲੇ ਪਾਣੀ ਦੀ ਸਪਲਾਈ ਲਈ ਨਵਾਂ ਟਿਊਬਵੈੱਲ ਲਗਾਇਆ ਜਾਵੇ ਤਾਂ ਜੋ ਹਰ ਘਰ ਤੱਕ ਸਾਫ਼ ਪੀਣ ਵਾਲਾ ਪਾਣੀ ਪਹੁੰਚ ਸਕੇ।ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਮੁੱਖ ਮਕਸਦ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ ਜਿਸ ਤਹਿਤ ਸੜਕਾਂ, ਸੀਵਰੇਜ, ਸਟਰੀਟ ਲਾਈਟਾਂ, ਸਕੂਲਾਂ ਅਤੇ ਸਿਹਤ ਸਹੂਲਤਾਂ ਦੇ ਨਾਲ-ਨਾਲ ਪੀਣ ਵਾਲੇ ਪਾਣੀ ਵਰਗੀਆਂ ਮੁੱਢਲੀਆਂ ਸਹੂਲਤਾਂ ਨੂੰ ਵੀ ਤਰਜੀਹ ਦਿੱਤੀ ਜਾ ਰਹੀ ਹੈ। ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਅਤੇ ਕੈਬਨਿਟ ਮੰਤਰੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਟਿਊਬਵੈੱਲ ਪਿੰਡ ਲਈ ਵੱਡੀ ਸਹੂਲਤ ਸਾਬਤ ਹੋਵੇਗਾ ਅਤੇ ਲੋਕਾਂ ਨੂੰ ਸਾਲਾਂ ਪੁਰਾਣੀ ਸਮੱਸਿਆ ਤੋਂ ਛੁਟਕਾਰਾ ਮਿਲੇਗਾ ਕੈਬਨਿਟ ਮੰਤਰੀ ਨੇ ਭਰੋਸਾ ਦਿਵਾਇਆ ਕਿ ਆਉਣ ਵਾਲੇ ਸਮੇਂ ਵਿੱਚ ਵੀ ਹਲਕੇ ਦੇ ਵਿਕਾਸ ਲਈ ਇਸੇ ਤਰ੍ਹਾਂ ਦੇ ਹੋਰ ਲੋਕ ਭਲਾਈ ਦੇ ਪ੍ਰੋਜੈਕਟ ਲਿਆਂਦੇ ਜਾਣਗੇ ਅਤੇ ਹਰ ਵਰਗ ਦੀਆਂ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦਿਆਂ ਕੰਮ ਕੀਤਾ ਜਾਵੇਗਾ।

# ਹੈਰੋਇਨ ਸਮੇਤ 1 ਕਾਬੂ

**ਨਵਾਂਸ਼ਹਿਰ (ਮਨੋਜ ਲਾਡੀ)**- ਥਾਣਾ ਸਿਟੀ ਨਵਾਂਸ਼ਹਿਰ ਦੀ ਪੁਲਿਸ ਵੱਲੋਂ 2 ਗ੍ਰਾਮ ਹੈਰੋਇਨ ਸਮੇਤ ਇੱਕ ਵਿਅਕਤੀ ਨੂੰ ਕਾਬੂ ਕੀਤਾ ਗਿਆ।ਪੁਲਿਸ ਥਾਣਾ ਸਿਟੀ ਨਵਾਂਸ਼ਹਿਰ ਦੇ ਐੱਸ ਆਈ ਕੇਵਲ ਕ੍ਰਿਸ਼ਨ ਨੇ ਦੱਸਿਆ ਕਿ ਸਮੇਤ ਪੁਲਿਸ ਪਾਰਟੀ ਚੰਡੀਗੜ ਰੋਡ ਹੁੰਦੇ ਹੋਏ ਪਿੰਡ ਮਹਿਦੀਪੁਰ ਵੱਲ ਨੂੰ ਜਾ ਰਹੇ ਸੀ ਤਾਂ ਮੜੀਆ ਪਿੰਡ ਮਹਿਦੀਪੁਰ ਸਾਈਡ ਤੋਂ ਇੱਕ ਨੌਜਵਾਨ ਪੈਦਲ ਆਉਂਦਾ ਦਿਖਾਈ ਦਿੱਤਾ, ਜਿਸ ਨੇ ਆਪਣੀ ਪਹਿਨੀ ਹੋਈ ਲੋਅਰ ਦੀ ਖੱਬੀ ਜੇਬ ਵਿੱਚੋਂ ਆਪਣੇ ਖੱਬੇ ਹੱਥ ਨਾਲ ਇੱਕ ਪਾਰਦਰਸ਼ੀ ਲਿਫਾਫੀ ਕੱਢ ਕੇ ਸੜਕ ਦੇ ਕਿਨਾਰੇ ਘਾਹ ਫੂਸ ਵਿਚ ਸੁੱਟ ਕੇ ਕਾਹਲੀ-ਕਾਹਲੀ ਪਿਛਾਹ ਨੂੰ ਮੁੜ ਪਿਆ ਜਿਸ ਨੂੰ ਕਾਬੂ ਕਰਕੇ ਉਸ ਦਾ ਨਾਂਅ ਪਤਾ ਪੁੱਛਿਆ ਜਿਸ ਨੇ ਆਪਣਾ ਨਾਮ ਬਲਜਿੰਦਰ ਸਿੰਘ ਉਰਫ ਬਿੰਦਰੂ ਪੁੱਤਰ ਭਜਨ ਸਿੰਘ ਵਾਸੀ ਪਿੰਡ ਚੂਹੜਪੁਰ ਦੱਸਿਆ। ਉਸ ਵੱਲੋਂ ਸੁੱਟੀ ਪਾਰਦਰਸ਼ੀ ਲਿਫਾਫੀ 'ਚੋਂ 2 ਗ੍ਰਾਮ ਹੈਰੋਇਨ ਬਰਾਮਦ ਕਰ ਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# 'ਲੋਕਾਂ ਕੋਲ ਚਲੋ' ਮੁਹਿੰਮ ਤਹਿਤ ਕੀਤੀ ਮੀਟਿੰਗ

**ਬੰਗਾ (ਅਵਤਾਰ ਕਲੇਰ)** ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਦੀਆਂ ਲੋਕ-ਵਿਰੋਧੀ ਤੇ ਮਹਿੰਗਾਈ ਵਧਾਊ ਨੀਤੀਆਂ ਖਿਲਾਫ ਆਮ ਅਵਾਮ ਨੂੰ ਸੁਚੇਤ ਕਰਨ ਹਿੱਤ, ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਵਲੋਂ ਸ਼ੁਰੂ ਕੀਤੀ 'ਲੋਕਾਂ ਕੋਲ ਚਲੋ' ਮੁਹਿੰਮ ਤਹਿਤ ਪਿੰਡ ਨੂਰਪੁਰ



(ਬੰਗਾ) ਵਿੱਖੇ ਸੁਰਜੀਤ ਨੂਰਪੁਰ ਦੀ ਪ੍ਰਧਾਨਗੀ ਹੇਠ ਮੀਟਿੰਗ ਕੀਤੀ ਗਈ। ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਹਰਪਾਲ ਸਿੰਘ ਜਗਤਪੁਰ ਨੇ ਸਰਕਾਰਾਂ ਦੀਆਂ ਆਪਣੇ ਕਾਰਪੋਰੇਟਰ ਸਹਿਯੋਗੀਆਂ ਨੂੰ ਵੱਧ ਤੋਂ ਵੱਧ ਲਾਭ ਪਹੁੰਚਾਉਣ ਖਾਤਰ, ਰਸੋਈ ਗੈਸ ਅਤੇ ਤੇਲ ਦੀਆਂ ਕੀਮਤਾਂ ਲਗਾਤਾਰ ਵਾਧੇ ਕਰਕੇ,ਆਮ ਅਵਾਮ ਦੇ ਛੋਟੇ-ਮੋਟੇ ਕਾਰੋਬਾਰ ਖਤਮ ਕਰਕੇ,ਕਚੂੰਬਰ ਹੀ ਕੱਢਿਆ ਜਾ ਰਿਹਾ ਹੈ ਜਿਸ ਕਰਕੇ ਕਿਰਤੀ ਲੋਕਾਂ ਨੂੰ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਦੀਆਂ ਲੋਕ-ਵਿਰੋਧੀ ਨੀਤੀਆਂ ਖਿਲਾਫ, ਸ਼ੁਰੂ ਕੀਤੇ ਸੰਘਰਸ਼ਾਂ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਾ ਚਾਹੀਦਾ ਹੈ। ਇਸ ਮੌਜੂਦਾ ਸਮੇਂ ਦੇਸ਼ ਵਿੱਚ ਸਾਜ਼ਿਸ਼ ਤਹਿਤ,ਬੇਖੌਫ ਤੇ ਮਨਚਲੇ ਹਜੂਮ ਵਲੋਂ, ਫਿਰਕੂ ਅਤੇ ਜਾਤੀ-ਪਾਤੀ ਨਫ਼ਰਤ ਤਹਿਤ ਗਰੀਬ, ਮਜਬੂਰ ਅਤੇ ਬੇਵਸ ਲੋਕਾਂ ਉੱਤੇ, ਜਾਨਲੇਵਾ ਹਮਲੇ ਕੀਤੇ ਜਾ ਰਹੇ ਹਨ। ਇਹਨਾਂ ਹਮਲਿਆਂ ਤੇ ਵਧੀਕੀਆਂ ਲਈ ਆਪਸੀ ਇਕਮੁੱਠਤਾ ਹੀ ਕਾਰਗਰ ਹਥਿਆਰ ਹੈ।ਉਹਨਾਂ ਨੇ ਪਾਰਟੀ ਨੂੰ ਮਜ਼ਬੂਤ ਕਰਨ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਮੀਟਿੰਗ ਵਿੱਚ ਅਸ਼ਵਨੀ, ਸੋਢੀ,ਅਜੀਤ, ਲਹਿਬਰ ਰਾਮ, ਮਿੰਦਰ ਰਾਮ, ਚੇਤ ਰਾਮ, ਨਿਰਮਲ ਸਿੰਘ, ਰਛਪਾਲ, ਸੁਰਿੰਦਰ ਪਾਲ, ਮਹਿੰਦਰ, ਬਲਵੀਰ ਰਾਮ ਆਦਿ ਸ਼ਾਮਲ ਸਨ। ਅੰਤ ਵਿੱਚ ਸੁਰਜੀਤ ਨੂਰਪੁਰ ਨੇ ਹਾਜ਼ਰ ਮੈਂਬਰਾਂ ਦਾ ਧੰਨਵਾਦ ਕਰਦਿਆਂ, ਪਾਰਟੀ ਵਲੋਂ ਸ਼ੁਰੂ ਕੀਤੀ ਸੰਘਰਸ਼ ਵਿੱਚ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ।

# ਨਗਰ ਕੌਂਸਲ ਚਮਕੌਰ ਸਾਹਿਬ ਦੀਆਂ ਚੋਣਾਂ 'ਚ ਕਾਂਗਰਸ ਦੇ 7 ਉਮੀਦਵਾਰ ਜੇਤੂ

**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰ ਸਿੰਘ ਬੋਬੀ)**- ਨਗਰ ਕੌਂਸਲ ਚਮਕੌਰ ਸਾਹਿਬ ਦੀਆਂ ਵੋਟਾਂ ਦੀ ਗਿਣਤੀ ਜਵਾਹਰ ਨਵੋਦਿਆ ਸਕੂਲ ਸੰਧੂਆਂ ਵਿੱਚ ਐੱਸ ਡੀ ਐੱਮ ਪ੍ਰਦੀਪ ਸਿੰਘ ਬੈਂਸ ਦੀ ਅਗਵਾਈ ਹੇਠ ਹੋਈ। ਸ਼ਹਿਰ ਦੇ 13 ਵਾਰਡਾਂ ਵਿੱਚੋ ਵਾਰਡ ਨੰਬਰ 4 ਅਤੇ 12 ਤੋਂ ਉਮੀਦਵਾਰ ਪਹਿਲਾਂ ਹੀ ਨਿਰਵਿਰੋਧ ਚੁਣੇ ਗਏ ਸਨ। ਬੀ ਡੀ ਪੀ ਓ ਕਮ ਰਿਟਰਨਿੰਗ ਅਫ਼ਸਰ ਅਜੈਬ ਸਿੰਘ ਤੇ ਨਾਇਬ ਤਹਿਸੀਲਦਾਰ ਕਮ ਸਹਾਇਕ ਰਿਟਰਨਿੰਗ ਅਫਸਰ ਦਲਵਿੰਦਰ ਸਿੰਘ ਵੱਲੋ ਦਿੱਤੀ ਗਈ

## ● 'ਆਪ' ਤੇ ਆਜ਼ਾਦ ਨੂੰ ਤਿੰਨ ਤਿੰਨ ਵਾਰਡਾਂ 'ਚ ਜਿੱਤ ਮਿਲੀ

ਜਾਣਕਾਰੀ ਅਨੁਸਾਰ ਵਾਰਡ ਨੰਬਰ 1 (ਐੱਸ ਸੀ ਮਹਿਲਾ) ਕਾਂਗਰਸ ਦੀ ਪਵਨ ਕੌਰ 380 ਵੋਟਾਂ ਲੈ ਕੇ ਜੇਤੂ ਰਹੇ। ਜਦਕਿ ਆਮ ਆਦਮੀ ਪਾਰਟੀ ਦੀ ਹਰਜੀਤ ਕੌਰ ਨੂੰ 248 ਵੋਟਾਂ, ਗੁਰਜੀਤ ਕੌਰ ਅਜਾਦ ਨੂੰ 32, ਰੱਦ 6 ਅਤੇ ਨੋਟਾ ਨੂੰ 2 ਵੋਟਾਂ ਮਿਲੀਆਂ ਹਨ। ਵਾਰਡ ਨੰਬਰ 2 (ਓ ਬੀ ਸੀ) ਆਮ ਆਦਮੀ ਪਾਰਟੀ ਦੇ ਵਿਸਾਲ ਕਸ਼ਅਪ 354 ਵੋਟਾਂ ਹਾਸਲ ਕਰਕੇ ਜੇਤੂ ਰਹੇ। ਉਨ੍ਹਾਂ ਦੇ ਵਿਰੋਧੀ ਕਾਂਗਰਸ ਦੇ ਇੰਦਰਪਾਲ ਸਿੰਘ ਨੂੰ 338 ਵੋਟਾਂ, ਸੁਰਮੁੱਖ ਸਿੰਘ ਆਜ਼ਾਦ ਨੂੰ 6 ਨੋਟਾਂ ਨੂੰ 4 ਅਤੇ 40 ਵੋਟਾਂ ਰੱਦ, ਵਾਰਡ ਨੰਬਰ 3 ਕਾਂਗਰਸ ਦੇ ਜਸਵਿੰਦਰ ਸਿੰਘ 369 ਵੋਟਾਂ ਲੈ ਕੇ ਜੇਤੂ ਰਹੇ। ਉਨ੍ਹਾਂ ਦੇ ਵਿਰੋਧੀ 'ਆਪ' ਦੇ ਹਰਪ੍ਰੀਤ ਸਿੰਘ 173 ਵੋਟਾਂ, ਇਕਬਾਲ ਸਿੰਘ ਆਜ਼ਾਦ ਨੂੰ 78, ਭਾਜਪਾ ਦੇ ਜਸਪਿੰਦਰ ਸਿੰਘ ਨੂੰ 47 ਰੱਦ 14 ਨੋਟਾਂ ਨੂੰ 3, ਵਾਰਡ ਨੰਬਰ 5 ਤੋਂ ਕਾਂਗਰਸ ਦੇ ਕਿਰਪਾਲ ਸਿੰਘ ਗਿੱਲ 377 ਵੋਟਾਂ ਲੈ ਕੇ ਚੋਣ ਜਿੱਤ ਗਏ ਹਨ, 'ਆਪ' ਦੇ ਭੁਪਿੰਦਰ ਸਿੰਘ ਨੂੰ ਸਿਰਫ਼ 87 ਭਾਜਪਾ ਦੇ ਦਵਿੰਦਰ ਸਿੰਘ ਨੂੰ 9 ਅਕਾਲੀ ਦਲ ਦੇ ਕੁਲਦੀਪ ਸਿੰਘ ਨੂੰ 4, ਰੱਦ 8 ਅਤੇ ਨੋਟਾ ਨੂੰ 1 ਵੋਟ ਪਈ ਹੈ।ਵਾਰਡ ਨੰਬਰ 6 (ਜਨਰਲ ਮਹਿਲਾ) ਆਪ ਦੀ ਗੀਟਾ ਕਸ਼ਅਪ 397 ਵੋਟਾਂ ਲੈ ਕੇ



ਜੇਤੂ ਰਹੀ। ਜਦੋ ਕਿ ਆਜ਼ਾਦ ਉਮੀਦਵਾਰ ਮੰਜੂ ਬਾਲਾ ਨੂੰ 216 ਵੋਟਾਂ, ਰੱਦ 4 ਅਤੇ ਨੋਟਾਂ ਨੂੰ 3 ਵੋਟਾਂ ਪਈਆਂ ਹਨ। ਵਾਰਡ ਨੰਬਰ 7 (ਜਨਰਲ) ਤੋਂ ਆਜ਼ਾਦ ਉਮੀਦਵਾਰ ਚਹਿਲ ਸਿੰਘ 330 ਵੋਟਾਂ ਲੈ ਕੇ ਜੇਤੂ ਰਹੇ। ਉਨ੍ਹਾਂ ਨੇ ਕਾਂਗਰਸ ਦੀ ਕਮਲੇਸ਼ ਰਾਣੀ (296 ਵੋਟਾਂ) ਨੂੰ ਸਖ਼ਤ ਟੱਕਰ ਦਿੰਦਿਆਂ ਹਰਾਇਆ ਹੈ, ਜਦੋਂਕਿ ਸੁਖਬੀਰ ਸਿੰਘ ਅਜ਼ਾਦ ਨੂੰ 13,ਭਾਜਪਾ ਦੇ ਹਰਜਿੰਦਰ ਸਿੰਘ ਨੂੰ 11,ਨੋਟਾ ਨੂੰ 1 ਅਤੇ 24 ਵੋਟਾਂ ਰੱਦ ਹੋਈਆ ਹਨ। ਵਾਰਡ ਨੰਬਰ 8 (ਐੱਸ ਸੀ ਮਹਿਲਾ) ਕਾਂਗਰਸ ਦੀ ਕੁਲਵਿੰਦਰ ਕੌਰ 169 ਵੋਟਾਂ ਲੈ ਕੇ ਜੇਤੂ ਰਹੀ। ਉਨ੍ਹਾਂ ਨੇ 'ਆਪ' ਦੀ ਆਸ਼ਾ ਨੂੰ 144 ਵੋਟਾਂ ਨਾਲ ਹਰਾਇਆ, ਆਜ਼ਾਦ ਮਨਜਿੰਦਰ ਕੌਰ ਨੂੰ 151, ਆਜ਼ਾਦ ਬਲਵਿੰਦਰ ਕੌਰ ਨੂੰ 110, ਅਕਾਲੀ ਦਲ ਦੀ ਗੁਰਮੀਤ ਕੌਰ ਨੂੰ 31ਵੋਟਾਂ 24 ਵੋਟਾਂ ਰੱਦ ਹੋਈਆਂ ਹਨ। ਵਾਰਡ ਨੰਬਰ 9 (ਜਨਰਲ) ਕਾਂਗਰਸ ਦੀ ਸਤਵਿੰਦਰ ਕੌਰ 327 ਵੋਟਾਂ ਲੈ ਕੇ ਜੇਤੂ ਰਹੀ। ਉਨ੍ਹਾਂ ਨੇ 'ਆਪ' ਦੇ ਅਮਨਦੀਪ ਸਿੰਘ ਮਾਂਗਟ ਨੂੰ 278 ਵੋਟਾਂ ਨਾਲ ਹਰਾਇਆ ਹੈ, ਜਦੋਂਕਿ ਆਜਾਦ ਹਰਿੰਦਰ ਸਿੰਘ ਨੂੰ 125 ਅਤੇ 14 ਵੋਟਾਂ ਰੱਦ ਹੋਈਆਂ ਹਨ। ਵਾਰਡ ਨੰਬਰ 10 (ਐੱਸ ਸੀ ਮਹਿਲਾ) ਤੋਂ ਆਜ਼ਾਦ ਉਮੀਦਵਾਰ ਪਰਮਿੰਦਰ ਕੌਰ ਨੇ 387 ਵੋਟਾਂ ਲੈ ਕੇ ਜਿੱਤ ਦਰਜ ਕੀਤੀ, ਕਾਂਗਰਸ ਦੀ ਮਮਤਾ ਨੇ 308 ਮਨਪ੍ਰੀਤ ਕੌਰ ਭਾਜਪਾ ਨੇ 22 ਆਪ ਦੀ ਪਰਮਜੀਤ ਕੌਰ ਨੇ 111ਅੰਮ੍ਰਿਤ ਕੌਰ ਆਜ਼ਾਦ ਨੇ 27 ਅਤੇ 10 ਵੋਟਾਂ ਰੱਦ ਹੋਈਆਂ ਹਨ। ਵਾਰਡ ਨੰਬਰ 11 (ਐੱਸ ਸੀ) ਕਾਂਗਰਸ ਦੇ ਵਰਿੰਦਰ ਕੁਮਾਰ ਵਿੱਕੀ 279 ਵੋਟਾਂ ਲੈ ਕੇ ਜੇਤੂ ਰਹੇ। ਉਨ੍ਹਾਂ ਨੇ ਆਜ਼ਾਦ ਉਮੀਦਵਾਰ ਹਰਮਨਜੀਤ ਸਿੰਘ 217 ਵੋਟਾਂ ਨਾਲ ਹਰਾਇਆ, ਆਪ ਦੇ ਸ਼ਮਸ਼ੇਰ ਸਿੰਘ ਮੰਗੀ ਨੂੰ 94 ਨੋਟਾਂ ਨੂੰ ਦੋ ਅਤੇ 14 ਵੋਟਾਂ ਰੱਦ ਹੋਈਆਂ। ਵਾਰਡ ਨੰਬਰ 13 (ਮਹਿਲਾ) ਆਜ਼ਾਦ ਉਮੀਦਵਾਰ ਹਰਜਿੰਦਰ ਕੌਰ ਨੇ 404 ਵੋਟਾਂ ਲੈ ਕੇ ਜਿੱਤ ਹਾਸਲ ਕੀਤੀ। ਉਨ੍ਹਾਂ ਨੇ ਅਕਾਲੀ ਦਲ ਦੀ ਚਰਨਜੀਤ ਕੌਰ ਨੂੰ 173 ਵੋਟਾਂ ਨਾਲ ਹਰਾਇਆ। ਚੋਣ ਅਧਿਕਾਰੀ ਨੇ ਦੱਸਿਆ ਕਿ ਇਨ੍ਹਾਂ ਨਤੀਜਿਆਂ ਵਿੱਚ ਕਾਂਗਰਸ ਸਭ ਤੋਂ ਅੱਗੇ ਰਹੀ ਹੈ,ਜਿਸ ਦੇ ਹਿੱਸੇ 7 ਸੀਟਾਂ ਆਈਆਂ ਹਨ। ਆਮ ਆਦਮੀ ਪਾਰਟੀ ਨੂੰ 3 ਸੀਟਾਂ 'ਤੇ ਜਿੱਤ ਮਿਲੀ ਹੈ, ਜਦੋ ਕਿ 3 ਸੀਟਾਂ 'ਤੇ ਆਜ਼ਾਦ ਉਮੀਦਵਾਰਾਂ ਨੇ ਬਾਜ਼ੀ ਮਾਰੀ ਹੈ। ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਆਪਣਾ ਖਾਤਾ ਖੋਲ੍ਹਣ ਵਿੱਚ ਨਾਕਾਮਯਾਬ ਰਹੇ।

# ਗੁਰੂ ਗ੍ਰੰਥ ਸਾਹਿਬ ਬੇਅਦਬੀ ਕਾਨੂੰਨ 'ਚੋਂ ਕਸਟੋਡੀਅਨ ਤੇ ਸਟੋਰ ਸ਼ਬਦ ਕੱਢੇ ਜਾਣ

### ਗ੍ਰੰਥੀ ਸਿੰਘਾਂ ਤੇ ਸਿੰਘ ਸਭਾਵਾਂ ਨੇ ਵੱਡਾ ਇਕੱਠ ਕਰਕੇ ਕੀਤੀ ਮੰਗ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦੇ ਸੰਬੰਧ ਵਿੱਚ ਬਣਾਏ ਗਏ ਕਾਨੂੰਨ ਨੂੰ ਲੈ ਕੇ ਹਲਕਾ ਮੋਗਾ ਦੇ ਗ੍ਰੰਥੀ ਸਿੰਘਾਂ, ਸਿੰਘ ਸਭਾਵਾਂ ਤੇ ਸੁਖਮਨੀ ਸਾਹਿਬ ਸੇਵਾ ਸੁਸਾਇਟੀਆਂ ਨੇ ਕਈ ਤਰ੍ਹਾਂ ਦੇ ਇਤਰਾਜ਼ ਜਤਾਏ ਹਨ।ਇੱਥੇ ਹੋਈ ਮੀਟਿੰਗ ਵਿੱਚ ਕਿਹਾ ਗਿਆ ਕਿ ਪੰਜਾਬ ਸਰਕਾਰ ਵੱਲੋਂ ਜੋ ਕਾਨੂੰਨ ਬਣਾਇਆ ਗਿਆ ਹੈ, ਉਸ ਮੁਤਾਬਿਕ ਜੇ ਕੋਈ ਵੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਬਦੀ ਕਰ ਜਾਵੇ ਤਾਂ ਉਸ ਵਿੱਚ ਸਿੱਧਾ ਹੀ ਗ੍ਰੰਥੀ ਸਿੰਘ ਨੂੰ ਕਸੂਰਵਾਰ ਮੰਨਿਆ ਜਾਵੇਗਾ, ਜੋ ਸਰਾਸਰ ਗਲਤ ਹੈ।ਭਾਈ ਕਲਿਆਣਾ ਜੀ ਗੁਰਮਤਿ ਗ੍ਰੰਥੀ ਸਭਾ ਪੰਜਾਬ ਜ਼ਿਲ੍ਹਾ ਮੋਗਾ ਵੱਲੋਂ ਮੋਗਾ ਜ਼ਿਲ੍ਹੇ ਦੀਆਂ ਸਮੂਹ ਸਭਾਵਾਂ ਦਾ ਇਕੱਠ ਗੁਰਦੁਆਰਾ ਬੀਬੀ ਕਾਹਨ ਕੌਰ ਮੋਗਾ ਵਿਖੇ ਸੱਦਿਆ ਗਿਆ, ਜਿਸ ਵਿੱਚ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਹੈ ਕਿ ਕਾਨੂੰਨ ਵਿੱਚ ਸੋਧ ਕੀਤੀ ਜਾਵੇ, ਜਿਸ ਵਿੱਚ ਕਸਟੋਡੀਅਨ ਗ੍ਰੰਥੀ ਸਿੰਘ ਬਣਦਾ ਹੈ।ਮੀਟਿੰਗ ਵਿੱਚ ਕਿਹਾ ਗਿਆ ਕਿ ਸਟੋਰ ਦੀ ਥਾਂ ਤੇ ਸੁਖ-ਆਸਣ ਸ਼ਬਦ ਲਿਖਿਆ ਜਾਵੇ, ਕਿਉਂਕਿ ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਵਿਸ਼ਰਾਮ ਆਸਨ ਦੇ ਕਮਰੇ ਨੂੰ ਸੁਖ-ਆਸਣ ਵਾਲਾ ਕਮਰਾ ਆਖਿਆ ਜਾਂਦਾ ਹੈ, ਕਿਉਂਕਿ ਸਟੋਰ ਸ਼ਬਦ ਤਾਂ ਸਿਰਫ ਪਿੰਡਾ ਜਾਂ ਸ਼ਹਿਰਾਂ ਵਿੱਚ ਫਾਲਤੂ ਸਾਮਾਨ ਵਾਲੇ ਕਮਰੇ ਨੂੰ ਕਿਹਾ ਜਾਂਦਾ ਹੈ।ਇਸ ਮੌਕੇ ਜੁੜੇ ਇਕੱਠ ਨੇ ਕਿਹਾ ਕਿ ਸਰਕਾਰ ਮੁਤਾਬਿਕ ਸਾਲ 2024 ਵਿੱਚ ਸ੍ਰੀ ਆਕਾਲ ਤਖਤ ਸਾਹਿਬ ਵੱਲੋਂ ਹੁਕਮਨਾਮਾ ਜਾਰੀ ਕੀਤਾ ਗਿਆ ਸੀ, ਜਿਸ ਵਿੱਚ ਗ੍ਰੰਥੀ ਸਿੰਘ ਤੇ ਪ੍ਰਬੰਧਕ ਕਮੇਟੀਆਂ ਨੂੰ ਜ਼ਿੰਮੇਵਾਰ ਬਣਾਇਆ ਗਿਆ ਸੀ, ਪਰ ਉਸ ਵਿੱਚ ਜੋ ਦੋਸ਼ੀ ਨੂੰ ਸਜ਼ਾਵਾਂ ਧਾਰਮਿਕ ਮਰਿਆਦਾਵਾਂ ਅਨੁਸਾਰ ਦਿੱਤੀਆਂ ਜਾਣੀਆਂ ਸਨ, ਉਹ ਠੀਕ ਸਨ, ਪਰ ਬੇਅਦਬੀਆਂ ਰੋਕਣ ਦਾ ਨਾਮ ਨਹੀਂ ਲੈ ਰਹੀਆਂ ਹਨ।ਵੱਖ-ਵੱਖ ਸੰਸਥਾਵਾਂ ਦੇ ਬੁਲਾਰਿਆਂ ਨੇ ਆਪੋ ਆਪਣੇ ਵਿਚਾਰ ਪੇਸ਼ ਕੀਤੇ ਤੇ ਸਟੇਜ ਦੀ ਸੇਵਾ ਭਾਈ ਕੁਲਦੀਪ ਸਿੰਘ ਭੇਖਾਂ ਨੇ ਬਾਖੂਬੀ ਨਿਭਾਈ।

## ਵਿਧਾਇਕ ਵੱਲੋਂ ਰਜਿੰਦਰ ਨਗਰ 'ਚ ਪਾਣੀ ਦੀ ਟੈਂਕੀ ਦਾ ਉਦਘਾਟਨ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਹਲਕਾ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਬਲਾਕ ਸਰਹਿੰਦ ਦੇ ਪਿੰਡ ਰਜਿੰਦਰ ਨਗਰ ਵਿਖੇ 30 ਲੱਖ ਰੁਪਏ ਦੀ ਲਾਗਤ ਨਾਲ ਨਵੀਂ ਬਣੀ ਪਾਣੀ ਦੀ ਟੈਂਕੀ ਦਾ ਉਦਘਾਟਨ ਕੀਤਾ। ਇਸ ਮੌਕੇ ਵਿਧਾਇਕ ਲਖਬੀਰ ਸਿੰਘ ਰਾਏ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ, ਜਿਸ ਦੇ ਤਹਿਤ ਪਿੰਡਾਂ ਦੀਆਂ ਸੜਕਾਂ ਦਾ ਨਵੀਨੀਕਰਨ ਹੋ ਰਿਹਾ ਹੈ ਅਤੇ ਪਾਣੀ ਵਾਲੀਆਂ ਟੈਂਕੀਆਂ ਬਣਾ ਕੇ ਲੋਕਾਂ ਨੂੰ ਸ਼ੁੱਧ ਤੇ ਸਾਫ ਪਾਣੀ ਮੁਹੱਈਆ ਕਰਵਾਇਆ ਜਾ ਰਿਹਾ ਹੈ।ਇਸੇ ਲੜੀ ਤਹਿਤ ਪਿੰਡ ਰਜਿੰਦਰ ਨਗਰ ਵਿਖੇ 30 ਲੱਖ ਦੀ ਲਾਗਤ ਨਾਲ ਬਣੀ ਪਾਣੀ ਦੀ ਟੈਂਕੀ ਪਿੰਡ ਵਾਸੀਆਂ ਨੂੰ ਸਮਰਪਤ ਕੀਤੀ ਗਈ ਹੈ।ਇਸ ਟੈਂਕੀ ਦੇ ਬਣਨ ਨਾਲ ਪਿੰਡ ਦੇ ਲੋਕਾਂ ਨੂੰ ਸ਼ੁੱਧ ਤੇ ਸਾਫ ਪਾਣੀ ਮਿਲੇਗਾ।ਪਿੰਡ ਵਾਸੀਆਂ ਦੀ ਲੰਬੇ ਸਮੇਂ ਤੋਂ ਲਟਕਦੀ ਇਹ ਮੰਗ ਪੂਰੀ ਕੀਤੀ ਗਈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੀ ਉਹ ਪਹਿਲੀ ਸਰਕਾਰ ਹੈ, ਜਿਸ ਨੇ ਗਰਾਊਂਡ ਪੱਧਰ 'ਤੇ ਜਾ ਕੇ ਆਮ ਲੋਕਾਂ ਦੇ ਜੀਵਨ ਉੱਤੇ ਕੰਮ ਕਰਨਾ ਸ਼ੁਰੂ ਕੀਤਾ ਹੈ ਤੇ ਉਨ੍ਹਾਂ ਨੂੰ ਹਰ ਤਰ੍ਹਾਂ ਦੀਆਂ ਸਹੂਲਤਾਂ ਮੁਹੱਈਆ ਕਰਵਾਉਣ ਲਈ ਯਤਨਸ਼ੀਲ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਪ੍ਰੀਤ ਸਿੰਘ ਭਿੰਡਰ, ਮਨਦੀਪ ਸਿੰਘ ਪੋਲਾ, ਸਾਬਕਾ ਸਰਪੰਚ ਅਮਰੀਕ ਸਿੰਘ ਬਾਲਪੁਰ, ਸਰਪੰਚ ਜਗਜੀਵਨ ਸਿੰਘ, ਪੰਚ ਜੋਰਾ ਸਿੰਘ, ਗੁਰਦੇਵ ਸਿੰਘ, ਗੁਰਨਾਮ ਸਿੰਘ, ਨੰਬਰਦਾਰ ਕੁਲਵੰਤ ਸੰਧੂ, ਜਰਨੈਲ ਸਿੰਘ ਮਾਂਗਟ, ਜਗਵਿੰਦਰ ਸਿੰਘ ਮਾਂਗਟ, ਇੰਦਰਜੀਤ ਸਿੰਘ ਸਾਬਕਾ ਸਰਪੰਚ, ਸੁਖਦੀਪ ਸਿੰਘ ਸਾਬਕਾ ਸਰਪੰਚ, ਸੰਜੀਵਨ ਸਿੰਘ ਸਰਾਣਾ, ਤੀਰਥ ਸਿੰਘ ਗੁਣੀਆਂ ਮਾਜਰਾ, ਗੁਰਪ੍ਰੀਤ ਸਿੰਘ ਗੁਣੀਆ ਮਾਜਰਾ ਆਦਿ ਹਾਜ਼ਰ ਸਨ।

## ਅੰਨਦਾਤਾ ਤੋਂ ਊਰਜਾਦਾਤਾ ਸਕੀਮ ਤਹਿਤ ਜਾਗਰੂਕਤਾ ਵਰਕਸ਼ਾਪ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਅੰਨਦਾਤਾ ਤੋਂ ਊਰਜਾਦਾਤਾ ਸਕੀਮ ਤਹਿਤ ਜ਼ਿਲ੍ਹਾ ਬਠਿੰਡਾ ਦੇ ਪਿੰਡ ਚਾਉਕੇ ਵਿਖੇ ਸਮਰੱਥਾ ਨਿਰਮਾਣ ਤੇ ਕਿਸਾਨ ਜਾਗਰੂਕਤਾ ਵਰਕਸ਼ਾਪ ਸਫਲਤਾਪੂਰਵਕ ਕਰਵਾਈ ਗਈ।ਇਹ ਪਾਇਲਟ ਪਹਿਲ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਹੈ।ਸਮਾਗਮ ਦਾ ਆਯੋਜਨ ਦਿ ਨੇਚਰ ਕਨਜ਼ਰਵੇਂਸੀ ਵੱਲੋਂ ਪੰਜਾਬ ਐਨਰਜੀ ਡਿਵੈਲਪਮੈਂਟ ਏਜੰਸੀ, ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਿਟਡ ਤੇ ਪੰਜਾਬ ਡਿਵੈਲਪਮੈਂਟ ਕਮਿਸ਼ਨ ਦੇ ਸਹਿਯੋਗ ਨਾਲ ਕੀਤਾ ਗਿਆ। ਵਰਕਸ਼ਾਪ ਦਾ ਮੁੱਖ ਉਦੇਸ਼ ਕਿਸਾਨਾਂ ਨੂੰ ਇਸ ਪਾਇਲਟ ਪਹਿਲ ਦੇ ਉਦੇਸ਼ਾਂ ਤੇ ਨਵਿਆਉਣਯੋਗ ਊਰਜਾ, ਖ਼ਾਸ ਕਰਕੇ ਸੂਰਜੀ ਊਰਜਾ ਨੂੰ ਅਪਣਾਉਣ ਨਾਲ ਪਾਣੀ ਸੰਭਾਲ ਤੇ ਮਿੱਟੀ ਦੀ ਸਿਹਤ ਪ੍ਰਬੰਧਨ ਵਿੱਚ ਮਿਲਣ ਵਾਲੇ ਲੰਬੇ ਸਮੇਂ ਦੇ ਲਾਭ ਬਾਰੇ ਜਾਣੂ ਕਰਵਾਉਣਾ ਸੀ।ਕ੍ਰਿਸ਼ੀ ਵਿਗਿਆਨ ਕੇਂਦਰ ਦੇ ਮਾਹਿਰਾਂ ਵੱਲੋਂ ਟਿਕਾਊ ਜਲ ਉਪਯੋਗ ਤਕਨੀਕਾਂ ਤੇ ਮਿੱਟੀ ਦੀ ਸਿਹਤ ਨੂੰ ਬਰਕਰਾਰ ਰੱਖਣ ਸਬੰਧੀ ਸੈਸ਼ਨ ਕਰਵਾਏ ਗਏ ਤਾਂ ਜੋ ਲੰਬੇ ਸਮੇਂ ਲਈ ਖੇਤੀ 'ਚੋਂ ਚੰਗਾ ਮੁਨਾਫਾ ਯਕੀਨੀ ਬਣਾਇਆ ਜਾ ਸਕੇ।ਵਰਕਸ਼ਾਪ ਵਿੱਚ 400 ਤੋਂ ਵੱਧ ਕਿਸਾਨਾਂ ਨੇ ਭਾਗ ਲਿਆ।ਕਈ ਪਿੰਡਾਂ ਦੇ ਸਰਪੰਚਾਂ ਤੇ ਪੰਚਾਇਤ ਮੈਂਬਰਾਂ ਨੇ ਵੀ ਸਮਾਗਮ ਵਿੱਚ ਸ਼ਿਰਕਤ ਕੀਤੀ ਤੇ ਮੌਸਮ-ਅਨੁਕੂਲ ਤੇ ਟਿਕਾਊ ਖੇਤੀ ਪ੍ਰਥਾਵਾਂ 'ਤੇ ਅਧਾਰਤ ਇਸ ਪਹਿਲ ਦੀ ਸ਼ਲਾਘਾ ਕੀਤੀ।

## ਕਿੰਡਰ ਗਾਰਟਨ ਸਕੂਲ ਨੇ ਵਾਤਾਵਰਨ ਦਿਵਸ ਮਨਾਇਆ



**ਸਮਰਾਲਾ (ਸੁਰਜੀਤ ਸਿੰਘ)**-ਸਥਾਨਕ ਕਿੰਡਰ ਗਾਰਟਨ ਤੇ ਸੀਨੀਅਰ ਸੈਕੰਡਰੀ ਸਕੂਲ ਨੇ ਅੱਜ ਛੋਟੇ ਬੱਚਿਆਂ ਤੋਂ ਸਕੂਲ ਵਿੱਚ ਵਾਤਾਵਰਨ ਨੂੰ ਧਿਆਨ ਵਿੱਚ ਰੱਖਦੇ ਹੋਏ ਬੂਟੇ ਲਗਵਾਏ।ਬੱਚਿਆਂ ਨੂੰ ਇਸ ਖੁਸ਼ੀ ਦੀ ਘੜੀ ਵਿੱਚ ਬੂਟਿਆਂ ਦਾ ਪ੍ਰਸ਼ਾਦ ਵੰਡਿਆ ਗਿਆ ਤੇ ਬੱਚਿਆਂ ਨੂੰ ਪ੍ਰੇਰਿਆ ਗਿਆ ਕਿ ਜਿਹੜਾ ਬੂਟਾ ਤੁਸੀਂ ਆਪਣੇ ਘਰ ਦੇ ਵਿਹੜੇ ਜਾਂ ਬਾਹਰ ਲਗਾਉਗੇ ਉਸ ਨੂੰ ਪਾਲਣਾ ਵੀ ਤੁਸੀਂ ਹੈ।ਬੱਚਿਆਂ ਨੇ ਇੱਕ ਮਤ ਹੋ ਕੇ ਇਹ ਵਾਅਦਾ ਕੀਤਾ ਕਿ ਉਹ ਬੂਟਿਆਂ ਦਾ ਖੁਦ ਖਿਆਲ ਰੱਖਣਗੇ।ਇਸ ਵਕਤ ਸਕੂਲ ਦੇ ਪ੍ਰਿੰਸੀਪਲ ਰਣਜੋਤ ਕੌਰ ਨੇ ਬੋਲਦਿਆਂ ਕਿਹਾ ਕਿ ਇਸ ਵਕਤ ਸਾਰੇ ਪੰਜਾਬ ਵਿੱਚ ਹੀ ਦਰੱਖਤਾਂ ਦੀ ਸਖ਼ਤ ਲੋੜ ਹੈ।ਕਿਸਾਨਾਂ ਨੂੰ ਵੀ ਜਿਸ ਕੋਲ ਪੰਜ ਏਕੜ ਜ਼ਮੀਨ ਹੈ, ਉਸ ਨੂੰ ਘੱਟੋ-ਘੱਟ ਇੱਕ ਕਨਾਲ ਵਿੱਚ ਦਰੱਖ਼ਤ ਲਾਉਣੇ ਚਾਹੀਦੇ ਹਨ।ਇਸ ਨਾਲ ਕੁਦਰਤੀ ਸੰਤੁਲਨ ਬਣਿਆ ਰਹੇਗਾ। ਸਕੂਲ ਦੇ ਡਾਇਰੈਕਟਰ ਸਰਬਜੀਤ ਕੌਰ ਨੇ ਦੱਸਿਆ ਕਿ ਰੁੱਖ ਆਕਸੀਜਨ ਪ੍ਰਦਾਨ ਕਰਕੇ ਸਾਨੂੰ ਜੀਵਨ ਦਾਨ ਦਿੰਦੇ ਹਨ।ਉਨ੍ਹਾਂ ਕਿਹਾ ਕਿ ਜੇਕਰ ਉਹ ਬੂਟੇ ਲਾਉਣਗੇ ਤਾਂ ਬਾਬੇ ਨਾਨਕ ਦੀ ਬਾਣੀ 'ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ' ਦੀ ਪਾਲਣਾ ਕਰ ਰਹੇ ਹੋਵਾਂਗੇ।ਇਸ ਮੌਕੇ ਬੱਚਿਆਂ ਨੇ ਆਪਣੇ ਘਰ ਤੇ ਬਾਹਰ ਬੂਟੇ ਲਾਉਣ ਦਾ ਅਹਿਦ ਕੀਤਾ।ਮੈਡਮ ਰਣਜੋਤ ਕੌਰ ਨੇ ਦੱਸਿਆ ਕਿ ਇਸ ਸੰਬੰਧੀ ਆਉਣ ਵਾਲੇ ਦਿਨਾਂ ਵਿੱਚ ਇਕ ਭਾਸ਼ਣ ਪ੍ਰਤੀਯੋਗਤਾ ਵੀ ਕਰਵਾਈ ਜਾਵੇਗੀ।ਇਸ ਪ੍ਰੋਗਰਾਮ ਵਿੱਚ ਨਰਸਰੀ ਤੋਂ ਦੂਜੀ ਜਮਾਤ ਤੱਕ ਦੇ ਅਧਿਆਪਕ ਵੀ ਸ਼ਾਮਲ ਸਨ।ਅੰਤ ਵਿੱਚ ਇਸ ਪ੍ਰੋਗਰਾਮ ਵਿੱਚ ਛੋਟੇ ਬੱਚਿਆਂ ਨੇ ਗਿੱਧਾ ਪਾ ਕੇ ਖੁਸ਼ੀ ਮਨਾਈ।

## ਸਾਹਿਤਕ ਜਥੇਬੰਦੀਆਂ ਵੱਲੋਂ ਰਿਪੁਦਮਨ ਸਿੰਘ ਰੂਪ ਦੀ ਮੌਤ 'ਤੇ ਦੁੱਖ ਪ੍ਰਗਟ

**ਬਠਿੰਡਾ (ਬਖਤੌਰ ਢਿੱਲੋਂ)**-ਪੰਜਾਬੀ ਦੇ ਬਹੁਵਿਧਾਵੀ ਲੇਖਕ ਤੇ ਬਹੁਪੱਖੀ ਸ਼ਖਸੀਅਤ ਸ੍ਰੀ ਰਿਪੁਦਮਨ ਸਿੰਘ ਰੂਪ ਦੇ ਵਿਛੋੜੇ 'ਤੇ ਸਾਹਿਤਕ ਜਥੇਬੰਦੀਆਂ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਸਾਹਿਤਕਾਰਾਂ ਨੇ ਦੁੱਖ ਪ੍ਰਗਟ ਕਰਦਿਆਂ ਕਿਹਾ ਸ੍ਰੀ ਰੂਪ ਨੇ ਹਮੇਸ਼ਾਂ ਮਾਂ ਬੋਲੀ ਪੰਜਾਬੀ ਦੀ ਪ੍ਰਫੁੱਲਤਾ ਲਈ ਕੰਮ ਕੀਤਾ ਤੇ ਮਿਆਰੀ ਸਾਹਿਤ ਪਾਠਕਾਂ ਦੇ ਰੂਬਰੂ ਕੀਤਾ। ਇਹ ਵੀ ਮਾਣ ਵਾਲੀ ਗੱਲ ਹੈ ਕਿ ਉਹ ਪੰਜਾਬੀ ਦੇ ਸਿਰਮੌਰ ਲੇਖਕ ਸੰਤੋਖ ਸਿੰਘ ਧੀਰ ਦੇ ਭਰਾਤਾ ਸਨ, ਉਹ ਰਾਮ-ਲਛਮਣ ਦੀ ਜੋੜੀ ਦਾ ਸਾਕਾਰਾਤਮਕ ਰੂਪ ਸਨ। ਪੰਜਾਬੀ ਸਾਹਿਤ ਸਭਾ ਰਜਿ: ਦੇ ਪ੍ਰਧਾਨ ਜਸਪਾਲ ਮਾਨਖੇੜਾ, ਜਨਰਲ ਸਕੱਤਰ ਰਣਜੀਤ ਗੌਰਵ, ਆਹੁਦੇਦਾਰਾਂ ਗੁਰਦੇਵ ਖੋਖਰ, ਬਲਵਿੰਦਰ ਸਿੰਘ ਭੁੱਲਰ, ਦਿਲਬਾਗ ਸਿੰਘ, ਅਮਨ ਦਾਤੇਵਾਸੀਆ, ਆਗਾਜ਼ਬੀਰ, ਰਣਬੀਰ ਰਾਣਾ, ਦਮਜੀਤ ਦਰਸਨ, ਰਮੇਸ਼ ਕੁਮਾਰ ਗਰਗ, ਅਮਰਜੀਤ ਸਿੰਘ ਸਿੱਧੂ, ਰਵਿੰਦਰ ਸਿੰਘ ਸੰਧੂ, ਭੋਲਾ ਸਿੰਘ ਸਮੀਰੀਆ ਨੇ ਦੁੱਖ ਪ੍ਰਗਟ ਕਰਦਿਆਂ ਨਾ ਪੂਰਾ ਹੋਣ ਵਾਲਾ ਘਾਟਾ ਕਿਹਾ। ਸ੍ਰੀ ਮਾਨਖੇੜਾ ਨੇ ਦੁੱਖ ਪ੍ਰਗਟ ਕਰਦਿਆਂ ਕਿਹਾ ਕਿ ਸ੍ਰੀ ਰੂਪ ਜਿੱਥੇ ਆਪ ਵੱਡੇ ਸਾਹਿਤਕਾਰ ਸਨ, ਉੱਥੇ ਉੱਭਰਦੇ ਸਾਹਿਤਕਾਰਾਂ ਦੇ ਪ੍ਰੇਰਨਾਸਰੋਤ ਬਣ ਕੇ ਉਹਨਾਂ ਨੂੰ ਮਾਂ ਬੋਲੀ ਦੀ ਸੇਵਾ ਦੇ ਰਾਹ ਤੋਰਨ ਵਾਲੇ ਇਕ ਅਧਿਆਪਕ ਵਜੋਂ ਵੀ ਵਿਚਰਦੇ ਰਹੇ। ਟੀਚਰਜ ਹੋਮ ਟਰੱਸਟ ਬਠਿੰਡਾ ਦੇ ਜਨਰਲ ਸਕੱਤਰ ਲਛਮਣ ਮਲੂਕਾ ਸਮੇਤ ਪੇਂਡੂ ਸਾਹਿਤ ਸਭਾ ਬਾਲਿਆਂਵਾਲੀ ਦੇ ਪ੍ਰਧਾਨ ਸੁਖਦਰਸ਼ਨ ਗਰਗ, ਸ਼ਾਇਰ ਅਮਰਜੀਤ ਸਿੰਘ ਜੀਤ ਨੇ ਵੀ ਸ੍ਰੀ ਰੂਪ ਦੀ ਮੌਤ ਤੇ ਡੂੰਘੇ ਦੁੱਖ ਦਾ ਇਜ਼ਹਾਰ ਕੀਤਾ ਹੈ। ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਕੱਤਰ ਸੁਰਿੰਦਰਪ੍ਰੀਤ ਸਿੰਘ ਘਣੀਆ ਨੇ ਕਿਹਾ ਕਿ ਸ੍ਰੀ ਰੂਪ ਨੇ ਕਹਾਣੀ ਸੰਗ੍ਰਹਿ, ਨਾਵਲ, ਕਾਵਿ ਸੰਗ੍ਰਹਿ ਸੰਪਾਦਨ, ਲੇਖ ਸੰਗ੍ਰਹਿ ਅਤੇ ਯਾਤਰਾਵਾਂ ਦੇ ਸੰਕਲਨ ਨਾਲ ਮਾਂ ਬੋਲੀ ਦੀ ਸੇਵਾ ਕੀਤੀ ਹੈ। ਸ੍ਰੀ ਰੂਪ ਦੀ ਮੌਤ ਉੱਪਰ ਇਤਿਹਾਸਕਾਰ ਹਰਭਜਨ ਸਿੰਘ ਸੇਲਬਰਾਹ, ਪ੍ਰੋ. ਤਰਸੇਮ ਨਰੂਲਾ, ਡਾ. ਜਸਪਾਲਜੀਤ, ਜਗਮੇਲ ਸਿੰਘ ਜਠੌਲ ਨੇ ਵੀ ਦੁੱਖ ਪ੍ਰਗਟ ਕੀਤਾ।

## ਭਾਜਪਾ ਯੁਵਾ ਮੋਰਚਾ ਦੇ ਪ੍ਰਧਾਨ ਵੱਲੋਂ ਖੱਤਰੀ ਸਭਾ ਦੇ ਦਫ਼ਤਰ ਦਾ ਦੌਰਾ, ਹਰ ਸੰਭਵ ਮਦਦ ਦਾ ਦਿੱਤਾ ਭਰੋਸਾ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸਮਾਜ ਸੇਵੀ ਕਾਰਜਾਂ ਵਿੱਚ ਮੋਹਰੀ ਹੋ ਵਡਮੁੱਲਾ ਯੋਗਦਾਨ ਨਿਭਾਅ ਰਹੀ ਸੰਸਥਾ ਖੱਤਰੀ ਵੈੱਲਫੇਅਰ ਸਭਾ ਦੇ ਦਫ਼ਤਰ ਵਿਖੇ ਪੰਜਾਬ ਭਾਜਪਾ ਯੁਵਾ ਮੋਰਚਾ ਦੇ ਸੂਬਾ ਪ੍ਰਧਾਨ ਅਭਿਸ਼ੇਕ ਧਵਨ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਗਈ। ਦਫ਼ਤਰ ਪਹੁੰਚਣ 'ਤੇ ਸਭਾ ਦੇ ਅਹੁਦੇਦਾਰਾਂ ਵੱਲੋਂ ਸਿਰੋਪਾ ਤੇ ਹਾਰ ਪਾ ਕੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਕਰਵਾਏ ਗਏ ਸਮਾਗਮ ਦੌਰਾਨ ਖੱਤਰੀ ਵੈੱਲਫੇਅਰ ਸਭਾ ਦੇ ਪ੍ਰਧਾਨ ਦਵਿੰਦਰ ਧਵਨ, ਚੇਅਰਮੈਨ ਪਵਨ ਭੰਡਾਰੀ, ਵਾਈਸ ਚੇਅਰਮੈਨ ਤਰਸੇਮ ਬੇਦੀ ਨੇ ਸਭਾ ਵੱਲੋਂ ਕੀਤੇ ਜਾ ਰਹੇ ਵੱਖ-ਵੱਖ ਸਮਾਜ ਭਲਾਈ ਤੇ ਸੇਵਾ ਦੇ ਕੰਮਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਸਭਾ ਜਿੱਥੇ ਨਿਰੰਤਰ ਸਮਾਜ ਦੇ ਲੋੜਵੰਦ ਵਰਗਾਂ ਦੀ ਮਦਦ ਲਈ ਕਾਰਜਸ਼ੀਲ ਹੈ, ਉੱਥੇ ਹੀ ਵਾਤਾਵਰਣ ਦੀ ਸ਼ੁੱਧਤਾ ਲਈ ਸਭਾ ਵੱਲੋਂ ਬੂਟੇ ਲਗਾਏ ਜਾ ਰਹੇ ਹਨ। ਇਸ ਮੌਕੇ ਭਾਜਪਾ ਯੁਵਾ ਮੋਰਚਾ ਪੰਜਾਬ ਦੇ ਪ੍ਰਧਾਨ ਅਭਿਸ਼ੇਕ ਧਵਨ ਨੇ ਖੱਤਰੀ ਸਭਾ ਦੇ ਕੰਮਾਂ ਦੀ ਸ਼ਲਾਘਾ ਕਰਦਿਆਂ ਅਹੁਦੇਦਾਰਾਂ ਨੂੰ ਪੂਰਨ ਭਰੋਸਾ ਦਿਵਾਇਆ ਕਿ ਜੋ ਮੰਗਾਂ ਸਭਾ ਦੇ ਅਹੁਦੇਦਾਰਾ ਨੇ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਿਆ ਹਨ ਉਨ੍ਹਾਂ ਨੂੰ ਜਲਦ ਤੋਂ ਜਲਦ ਪੂਰਾ ਕਰਨ ਦੀ ਕੋਸ਼ਿਸ਼ ਕੀਤੀ ਜਾਵੇਗੀ ਤਾਂ ਜੋ ਸਮਾਜ ਸੇਵਾ ਦੇ ਇਨ੍ਹਾਂ ਕਾਰਜਾਂ ਨੂੰ ਹੋਰ ਵੱਡੇ ਪੱਧਰ 'ਤੇ ਲਿਜਾਇਆ ਜਾ ਸਕੇ। ਇਸ ਮੌਕੇ ਸਭਾ ਦੇ ਕਈ ਹੋਰ ਪ੍ਰਮੁੱਖ ਮੈਂਬਰ ਕੁਲਦੀਪ ਮੈਣੀ, ਪ੍ਰਵੀਨ ਤਲਵਾਰ, ਅਵਤਾਰ ਭੋਲਾ, ਨਰੇਸ਼ ਬੇਰੀ, ਸੰਜੀਵ ਨੰਦਾ, ਪ੍ਰਸ਼ੋਤਮ ਲਾਲ ਮਹਿਤਾ, ਸ਼ਵਿੰਦਰ ਮਲੋਹਤਾ, ਮਨੀਸ਼ ਮਹਿਤਾ ਤੇ ਪਤਵੰਤੇ ਸੱਜਣ ਹਾਜ਼ਰ ਸਨ।

# ਕੋਟ ਈਸੇ ਖਾਂ ਦੇ 13 'ਚੋਂ 12 ਵਾਰਡਾਂ 'ਤੇ ਆਪ ਕਾਬਜ਼, ਇੱਕ ਆਜ਼ਾਦ ਉਮੀਦਵਾਰ ਜੇਤੂ




**ਕੋਟ ਈਸੇ ਖਾਂ (ਅਰੋੜਾ)**-ਨਗਰ ਪੰਚਾਇਤ ਕੋਟ ਈਸੇ ਖਾਂ ਦੀਆਂ ਚੋਣਾਂ ਤੋਂ ਬਾਅਦ ਨਤੀਜੇ ਆਉਂਦੀਆਂ ਸਾਰ ਹੀ ਆਮ ਆਦਮੀ ਪਾਰਟੀ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 13 ਵਿੱਚੋਂ 12 ਵਾਰਡਾਂ 'ਤੇ ਜਿੱਤ ਦਰਜ ਕਰਕੇ ਨਗਰ ਪੰਚਾਇਤ 'ਤੇ ਆਪਣਾ ਕਬਜ਼ਾ ਕਰ ਲਿਆ ਹੈ, ਜਦਕਿ ਇੱਕ ਸੀਟ 'ਤੇ ਆਜ਼ਾਦ ਉਮੀਦਵਾਰ ਨੇ ਜਿੱਤ ਹਾਸਲ ਕੀਤੀ।ਇਸ ਮੌਕੇ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਨੇ ਸ਼ਹਿਰ ਦੇ ਸਮੂਹ ਵੋਟਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ 13 ਵਿੱਚੋਂ 12 ਸੀਟਾਂ 'ਤੇ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਦੀ ਜਿੱਤ ਇਹ ਸਾਬਿਤ ਕਰਦੀ ਹੈ ਕਿ ਲੋਕ ਪੰਜਾਬ ਸਰਕਾਰ ਤੇ ਪਾਰਟੀ ਦੀਆਂ ਨੀਤੀਆਂ ਨਾਲ ਖੁਸ਼ ਹਨ।ਜਾਣਕਾਰੀ ਅਨੁਸਾਰ ਵਾਰਡ ਨੰ.1 ਤੋਂ ਕਿਰਨ, ਵਾਰਡ ਨੰ. 2 ਤੋਂ ਪ੍ਰਕਾਸ਼ ਸਿੰਘ, ਵਾਰਡ ਨੰ. 3 ਤੋਂ ਦਰਸ਼ਨਾ ਰਾਣੀ, ਵਾਰਡ ਨੰ. 4 ਤੋਂ ਅੰਮ੍ਰਿਤਪਾਲ, ਵਾਰਡ ਨੰ. 5 ਤੋਂ ਸੁਨੀਤਾ ਰਾਣੀ, ਵਾਰਡ ਨੰ. 7 ਤੋਂ ਸੁਖਮਨਜੀਤ ਕੌਰ, ਵਾਰਡ ਨੰ. 8 ਤੋਂ ਜਰਨੈਲ ਸਿੰਘ, ਵਾਰਡ ਨੰ. 9 ਤੋਂ ਸੀਮਾ, ਵਾਰਡ ਨੰ. 10 ਤੋਂ ਸਚਿਨ ਧੀਰ, ਵਾਰਡ ਨੰ. 11 ਤੋਂ ਸਿਮਰਨਜੀਤ ਕੌਰ, ਵਾਰਡ ਨੰ. 12 ਤੋਂ ਮੁਕੇਸ਼ ਕੁਮਾਰ, ਵਾਰਡ ਨੰ. 13 ਤੋਂ ਸੁੱਚਾ ਸਿੰਘ ਜੇਤੂ ਰਹੇ।ਇਸ ਤੋਂ ਇਲਾਵਾ ਵਾਰਡ ਨੰ. 6 ਦੇ ਉਮੀਦਵਾਰ ਅਰੁਣ ਸੀਕਰੀ ਆਜ਼ਾਦ ਉਮੀਦਵਾਰ ਵਜੋਂ ਜੇਤੂ ਰਹੇ।ਇਸ ਮੌਕੇ ਲਾਡੀ ਢੋਸ ਨੇ ਕਿਹਾ ਕਿ ਇਹ ਜਿੱਤ ਕਿਸੇ ਇੱਕ ਵਿਅਕਤੀ ਦੀ ਨਹੀਂ, ਸਗੋਂ ਪੂਰੇ ਸ਼ਹਿਰ ਦੀ ਜਿੱਤ ਹੈ।ਚੋਣ ਨਤੀਜੇ ਆਉਣ ਤੋਂ ਬਾਅਦ ਸ਼ਹਿਰ ਵਿੱਚ ਆਪ ਸਮਰਥਕਾਂ ਵੱਲੋਂ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਤੇ ਵੱਖ-ਵੱਖ ਥਾਵਾਂ 'ਤੇ ਲੱਡੂ ਵੰਡ ਕੇ ਤੇ ਢੋਲ ਦੀਆਂ ਧੁਨਾਂ 'ਤੇ ਭੰਗੜੇ ਪਾ ਕੇ ਜਸ਼ਨ ਮਨਾਏ ਗਏ।ਚੋਣ ਨਤੀਜਿਆਂ ਤੋਂ ਬਾਅਦ ਜੇਤੂ ਉਮੀਦਵਾਰਾਂ ਨੇ ਸ਼ਹਿਰ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਲੋਕਾਂ ਨੇ ਉਨ੍ਹਾਂ 'ਤੇ ਜੋ ਵਿਸ਼ਵਾਸ ਜਤਾਇਆ ਹੈ, ਉਹ ਉਸ 'ਤੇ ਪੂਰਾ ਉਤਰਨ ਦੀ ਕੋਸ਼ਿਸ਼ ਕਰਨਗੇ।

# ਐੱਸ ਕੇ ਐੱਮ ਕੇਂਦਰ ਨਾਲ ਸੰਬੰਧਤ ਮੰਗਾਂ ਲਈ ਡਿਪਟੀ ਕਮਿਸ਼ਨਰਾਂ ਨੂੰ ਦੇਵੇਗਾ ਮੰਗ ਪੱਤਰ

**ਲੁਧਿਆਣਾ (ਐਮ.ਐਸ.ਭਾਟੀਆ)**

ਐਸਕੇਐਮ ਦੀ ਮੀਟਿੰਗ 'ਚ ਅਹਿਮ ਫ਼ੈਸਲਾ ਕੀਤਾ ਗਿਆ ਕਿ ਕੇਂਦਰ ਦਾ ਸੰਬੰਧਤ ਮੰਗਾਂ ਨੂੰ ਲੈ ਕੇ ਪ੍ਰਧਾਨ ਮੰਤਰੀ ਦੇ ਨਾਂਅ 'ਤੇ ਮੰਗ ਪੱਤਰ ਡਿਪਟੀ ਕਮਿਸ਼ਨਰਾਂ ਰਾਹੀਂ 2 ਜੂਨ ਨੂੰ ਦਿੱਤੇ ਜਾਣਗੇ।ਇਸ ਮੰਗ ਪੱਤਰ 'ਚ ਜੋ ਮੁੱਖ ਮੰਗਾਂ ਉਭਾਰੀਆਂ ਗਈਆਂ ਹਨ, ਉਹ ਇਸ ਤਰ੍ਹਾਂ ਹਨ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚੋਂ ਪੰਜਾਬ ਤੇ ਹਰਿਆਣਾ ਦੀ ਪੱਕੀ ਨੁਮਾਇੰਦਗੀ ਦਾ ਹੱਕ ਖੋਹਣ ਵਾਲਾ ਨੋਟੀਫਿਕੇਸ਼ਨ ਰੱਦ ਕੀਤਾ ਜਾਵੇ, ਪੰਜਾਬ 'ਚ ਖੇਤੀ ਲਈ ਖਾਦਾਂ ਦੀ ਪੂਰੀ ਸਪਲਾਈ ਯਕੀਨੀ ਬਣਾਈ ਜਾਵੇ।ਯੂਰੀਆ ਖਾਦ ਦੀ ਕੀਮਤ ਵਿੱਚ ਕੀਤਾ ਵਾਧਾ ਵਾਪਸ ਲਿਆ ਜਾਵੇ।ਸਬਸਿਡੀ ਵਿੱਚ ਕੀਤੀ ਕਟੌਤੀ ਬਹਾਲ ਕੀਤੀ ਜਾਵੇ ਤੇ ਯੂਰੀਆ ਦੇ ਥੈਲੇ ਨੂੰ ਪੂਰਾ 50 ਕਿਲੋ ਕੀਤਾ ਜਾਵੇ, ਡੀਜ਼ਲ/ਪੈਟਰੋਲ ਤੇ ਰਸੋਈ ਗੈਸ ਦੇ ਵਧਾਏ ਹੋਏ ਰੇਟ ਰੱਦ ਕੀਤੇ ਜਾਣ। ਡੀਜ਼ਲ ਲੋੜ ਅਨੁਸਾਰ ਪੂਰਾ ਦਿੱਤਾ ਜਾਵੇ, ਸਾਰੀਆਂ ਫ਼ਸਲਾਂ ਦੀ ਘੱਟੋ ਘੱਟ ਸਮਰਥਨ ਮੁੱਲ ਤੇ ਖਰੀਦ ਦੀ ਗਾਰੰਟੀ ਦਾ ਕਾਨੂੰਨ ਬਣਾਇਆ ਜਾਵੇ।ਐਮਐਸਪੀ ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਅਨੁਸਾਰ 32+50% ਦੇ ਫਾਰਮੂਲੇ ਅਨੁਸਾਰ ਲਾਗੂ ਕੀਤੀ ਜਾਵੇ। ਐਮਐਸਪੀ ਤੋਂ ਘੱਟ ਖਰੀਦ ਕਰਨ ਨੂੰ ਸਜ਼ਾ ਯੋਗ ਅਪਰਾਧ ਐਲਾਨਿਆ ਜਾਵੇ।ਖੇਤੀ ਲਾਗਤ ਅਤੇ ਮੁੱਲ ਕਮਿਸ਼ਨ ਨੂੰ ਕਾਨੂੰਨੀ ਦਰਜਾ ਦਿੱਤਾ ਜਾਵੇ, ਪੰਜਾਬ ਦੇ ਕਿਸਾਨਾਂ ਤੇ ਮਜ਼ਦੂਰਾਂ ਨੂੰ ਕਰਜ਼ਾ ਮੁਕਤ ਕੀਤਾ ਜਾਵੇ। ਕਾਰਪੋਰੇਟ ਘਰਾਣਿਆਂ ਵਾਂਗ ਕਿਸਾਨਾਂ-ਮਜ਼ਦੂਰਾਂ ਦੇ ਕਰਜ਼ੇ 'ਤੇ ਲੀਕ ਮਾਰੀ ਜਾਵੇ।ਸਹਿਕਾਰੀ ਤੇ ਲੈਂਡ ਮਾਰਗੇਜ਼ ਬੈਂਕਾਂ ਵਿੱਚ ਵੀ ਵਨ ਟਾਈਮ ਸੈਟਲਮੈਂਟ ਸਕੀਮ ਲਾਗੂ ਕੀਤੀ ਜਾਵੇ, ਅਮਰੀਕਾ ਦੇ ਦਬਾਅ ਹੇਠ ਕੀਤਾ ਜਾ ਰਿਹਾ ਮੁਕਤ ਵਪਾਰ ਸਮਝੌਤਾ ਰੱਦ ਕੀਤਾ ਜਾਵੇ।ਸਭਨਾਂ ਸਾਮਰਾਜੀ ਮੁਲਕਾਂ ਨਾਲ ਕੀਤੇ ਆਣਸਾਂਵੇਂ ਵਪਾਰਕ ਸਮਝੌਤੇ ਰੱਦ ਕੀਤੇ ਜਾਣ।ਖੇਤੀ ਅਤੇ ਸਹਾਇਕ ਧੰਦਿਆਂ ਨੂੰ ਮੁਕਤ ਵਪਾਰ ਸਮਝੌਤੇ ਦੇ ਦਾਇਰੇ ਤੋਂ ਬਾਹਰ ਰੱਖਿਆ ਜਾਵੇ, ਬਿਜਲੀ ਖੇਤਰ ਦੇ ਮੁਕੰਮਲ ਨਿੱਜੀਕਰਨ ਲਈ ਪ੍ਰਸਤਾਵਿਤ ਬਿਜਲੀ ਸੋਧ ਬਿੱਲ 2025 ਨੂੰ ਵਾਪਸ ਲਿਆ ਜਾਵੇ, ਬੀਜ ਬਿੱਲ 2025 ਵਾਪਸ ਲਿਆ ਜਾਵੇ।ਇਹ ਬਿੱਲ ਸੂਬਿਆਂ ਦੇ ਅਧਿਕਾਰ ਖੇਤਰ ਨੂੰ ਕਮਜ਼ੋਰ ਕਰਦਾ ਹੈ, ਭਾਰਤ ਮਾਲਾ ਪ੍ਰੋਜੈਕਟ ਤਹਿਤ ਜ਼ਮੀਨਾਂ ਦਾ ਮੁਆਵਜ਼ਾ ਜ਼ਮੀਨ ਅਧਿਗ੍ਰਹਿਣ ਸੋਧ ਕਾਨੂੰਨ 2013 ਅਨੁਸਾਰ ਬਜ਼ਾਰੀ ਕੀਮਤ ਨੂੰ ਆਧਾਰ ਬਣਾ ਕੇ ਤੈਅ ਕੀਤਾ ਜਾਵੇ, ਦਿੱਲੀ ਅੰਦੋਲਨ ਤੋਂ ਪਹਿਲਾਂ, ਦੌਰਾਨ ਅਤੇ ਬਾਅਦ ਵਿੱਚ ਕਿਸਾਨਾਂ ਉੱਪਰ ਦਰਜ ਕੀਤੇ ਸਾਰੇ ਕੇਸ ਵਾਪਸ ਲਏ ਜਾਣ, ਮੱਧ ਪੂਰਬ ਤੇ ਪਾਕਿਸਤਾਨ ਨਾਲ ਅਟਾਰੀ-ਵਾਹਘਾ ਤੇ ਹੁਸੈਨੀਵਾਲਾ ਬਾਰਡਰ ਦੇ ਸੜਕੀ ਅਤੇ ਰੇਲ ਲਾਂਘਿਆਂ ਨੂੰ ਵਪਾਰ ਲਈ ਖੋਲ੍ਹਿਆ ਜਾਵੇ। ਸਾਮਰਾਜੀ ਮੁਲਕਾਂ ਤੇ ਵਿਸ਼ਵ ਵਪਾਰ ਸੰਸਥਾ ਦਾ ਦਬਾਅ ਤਿਆਗ ਕੇ ਮੁਲਕ ਦੇ ਕਿਰਤੀ ਲੋਕਾਂ ਦੀਆਂ ਲੋੜਾਂ ਅਨੁਸਾਰ ਵਪਾਰ ਦੀ ਨੀਤੀ ਬਣਾਈ ਜਾਵੇ।ਹੜ੍ਹ ਰੋਕੂ ਪ੍ਰੋਜੈਕਟਾਂ ਲਈ ਵਿਸ਼ੇਸ਼ ਕੇਂਦਰੀ ਫੰਡ ਜਾਰੀ ਕੀਤਾ ਜਾਵੇ।




## ਸਫਾ 3 ਦੇ ਬਾਕੀ...

### ਆਮ ਲੋਕਾਂ ਨੂੰ ਲੁੱਟ...

35 ਹਜ਼ਾਰ ਰੁਪਏ ਮਹੀਨਾ ਜ਼ਰੂਰ ਮਿਲਣਾ ਚਾਹੀਦਾ ਹੈ। ਸਾਡੇ ਸਮਾਜ ਦਾ ਅਸਲੀ ਧੁਰਾ ਔਰਤ ਹੀ ਹੈ। ਕਮਿਊਨਿਸਟ ਪਾਰਟੀ ਦੇ ਆਗੂ ਪ੍ਰਿਥੀਪਾਲ ਸਿੰਘ ਮਾੜੀਮੇਘਾ, ਕਾਮਰੇਡ ਰਾਜਿੰਦਰ ਪਾਲ ਕੌਰ ਤੇ ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਕਿਹਾ ਕਿ ਅੱਜ ਸਰਕਾਰਾਂ ਸਿਆਸੀ ਪਾਰਟੀਆਂ ਨਹੀਂ ਸਗੋਂ ਕਾਰਪੋਰੇਟ ਘਰਾਣੇ ਚਲਾ ਰਹੇ ਹਨ। ਜਿਸ ਨਾਲ ਪਾੜੋ ਤੇ ਰਾਜ ਕਰੋ ਦੀ ਨੀਤੀ ਹੋਰ ਤੇਜ਼ ਹੋ ਗਈ ਹੈ। ਲੋਕਾਂ ਨੂੰ ਧਰਮ ਤੇ ਜਾਤੀਆਂ ਦੇ ਨਾਂਅ 'ਤੇ ਲੜਾਇਆ ਜਾ ਰਿਹਾ ਹੈ। ਇਸ ਪ੍ਰਬੰਧ ਵਿੱਚ ਆਮ ਮਿਹਨਤਕਸ਼ ਜਨਤਾ ਦਾ ਲਹੂ ਨਿਚੋੜਿਆ ਜਾ ਰਿਹਾ ਹੈ। ਉਹਨਾਂ ਮੰਗ ਕੀਤੀ ਕਿ ਸਿੱਖਿਆ, ਸਿਹਤ ਅਤੇ ਰੁਜ਼ਗਾਰ ਦੀ ਗਰੰਟੀ ਹੋਵੇ ਅਤੇ ਘੱਟੋ-ਘੱਟ ਉਜਰਤ 35 ਹਜ਼ਾਰ ਰੁਪਏ ਮਹੀਨਾ ਦਿੱਤੀ ਜਾਵੇ। ਭਾਰਤੀ ਕਮਿਊਨਿਸਟ ਪਾਰਟੀ ਦੇ ਆਗੂਆਂ ਬਲਕਾਰ ਸਿੰਘ ਵਲਟੋਹਾ ਅਤੇ ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਮਤਾ ਪਾਸ ਕਰਵਾਇਆ ਕਿ ਪੰਜਾਬ ਸਰਕਾਰ ਸ਼ੇਰੋਂ ਖੰਡ ਮਿੱਲ ਵੇਚਣ ਦੀ ਬਜਾਏ ਮੁੜ ਚਾਲੂ ਕਰੇ ਤਾਂ ਜੋ ਇਸ ਜ਼ਿਲ੍ਹੇ ਦੇ ਕਿਸਾਨਾਂ-ਮਜ਼ਦੂਰਾਂ ਨੂੰ ਰੁਜ਼ਗਾਰ ਦੇ ਮੌਕੇ ਮਿਲਣ ਅਤੇ ਖੇਤੀ ਦੀ ਵੰਨ-ਸੁਵੰਨਤਾ ਨੂੰ ਬੜ੍ਹਾਵਾ ਮਿਲ ਸਕੇ। ਕਨਵੈਨਸ਼ਨ ਵਿੱਚ ਆਏ ਪਾਰਟੀ ਵਰਕਰਾਂ ਦਾ ਧੰਨਵਾਦ ਕਰਦਿਆਂ ਕਾਮਰੇਡ ਗੁਰਦਿਆਲ ਸਿੰਘ ਖਡੂਰ ਸਾਹਿਬ ਨੇ ਕਿਹਾ ਕਿ ਅੱਜ ਲੋੜ ਹੈ ਕਿ ਮੁੜ ਲੋਕ ਸੰਘਰਸ਼ਾਂ ਦਾ ਪਿੜ ਮੱਲੀਏ। ਸੀ ਪੀ ਆਈ (ਐਮ) ਦੇ ਕਾਮਰੇਡ ਹੀਰਾ ਸਿੰਘ ਨੇ ਵੀ ਭਰਾਤਰੀ ਸੰਦੇਸ਼ ਦਿੱਤਾ।ਹੋਰਨਾਂ ਤੋਂ ਇਲਾਵਾ ਸਾਰੇ ਬਲਾਕ ਸਕੱਤਰਾਂ ਕਾਮਰੇਡ ਬਲਵਿੰਦਰ ਸਿੰਘ ਦਦੇਹਰ, ਬਲਜੀਤ ਸਿੰਘ ਫਤਿਆਬਾਦ, ਮਨਜੀਤ ਸਿੰਘ ਢੰਡ, ਚਰਨ ਸਿੰਘ, ਕਾਰਜ ਸਿੰਘ ਕੈਰੋਂ ਦੇ ਇਲਾਵਾ ਇਸਤਰੀ ਸਭਾ ਦੀ ਸਕੱਤਰ ਰੁਪਿੰਦਰ ਕੌਰ ਮਾੜੀਮੇਘਾ, ਤਾਰਾ ਸਿੰਘ ਖਹਿਰਾ, ਜਸਬੀਰ ਸਿੰਘ ਜਿਉਣੇਕੇ, ਟਹਿਲ ਸਿੰਘ ਲੱਧੂ, ਸੀਮਾ ਸੋਹਲ, ਲਵਪ੍ਰੀਤ ਮਾੜੀਮੇਘਾ, ਬਲਵਿੰਦਰ ਸਿੰਘ ਮੂਸੇ, ਮੋਤਾ ਸਿੰਘ ਸੋਹਲ, ਰਛਪਾਲ ਸਿੰਘ ਬਾਠ, ਵਿਸ਼ਾਲ ਵਲਟੋਹਾ, ਹਰਬਿੰਦਰ ਸਿੰਘ ਕਸੇਲ ਨੇ ਵੀ ਆਪਣੇ ਵਿਚਾਰ ਰੱਖੇ।

...

ਭਗਵੰਤ ਸਿੰਘ ਮਾਨ ਨੇ ਕਿਹਾ, "ਭਾਜਪਾ 1,000 ਤੋਂ ਵੱਧ ਸੀਟਾਂ 'ਤੇ ਆਪਣੀ ਜ਼ਮਾਨਤ ਤੱਕ ਨਹੀਂ ਬਚਾ ਸਕੀ। ਇੰਨਾ ਜ਼ਿਆਦਾ ਪ੍ਰਚਾਰ ਕਰਨ ਦੇ ਬਾਵਜੂਦ ਉਹ ਇਨ੍ਹਾਂ ਚੋਣਾਂ ਵਿੱਚ ਪੰਜਵੇਂ ਸਥਾਨ 'ਤੇ ਰਹੀ ਹੈ। ਕਈ ਥਾਵਾਂ 'ਤੇ ਤਾਂ ਆਜ਼ਾਦ ਉਮੀਦਵਾਰਾਂ ਨੇ ਵੀ ਭਾਜਪਾ ਨਾਲੋਂ ਵੱਧ ਸੀਟਾਂ ਜਿੱਤੀਆਂ ਹਨ।ਅਜਿਹਾ ਲੱਗਦਾ ਸੀ ਜਿਵੇਂ ਭਾਜਪਾ ਸਿਰਫ਼ 'ਨੋਟਾ' ਨਾਲ ਮੁਕਾਬਲਾ ਕਰ ਰਹੀ ਹੋਵੇ।"

ਹਲਕਾਵਾਰ ਨਤੀਜਿਆਂ ਦਾ ਹਵਾਲਾ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਫ਼ੈਸਲਾ ਪੂਰੇ ਪੰਜਾਬ ਵਿੱਚ 'ਆਪ' ਲਈ ਮਜ਼ਬੂਤ ਸਮਰਥਨ ਨੂੰ ਦਰਸਾਉਂਦਾ ਹੈ।ਉਨ੍ਹਾਂ ਕਿਹਾ, "ਪੰਜਾਬ ਕਾਂਗਰਸ ਪ੍ਰਧਾਨ ਦੇ ਜੱਦੀ ਹਲਕੇ ਗਿੱਦੜਬਾਹਾ ਵਿੱਚ 'ਆਪ' ਨੇ 19 ਵਿੱਚੋਂ 17 ਸੀਟਾਂ ਜਿੱਤੀਆਂ। ਬਰਨਾਲਾ, ਜੋ ਨਵ-ਨਿਯੁਕਤ ਪੰਜਾਬ ਭਾਜਪਾ ਪ੍ਰਧਾਨ ਨਾਲ ਸਬੰਧਤ ਹੈ, ਉੱਥੇ ਭਾਜਪਾ ਕਿਤੇ ਮੁਕਾਬਲੇ ਵਿੱਚ ਹੀ ਨਹੀਂ ਸੀ, ਜਦੋਂਕਿ 'ਆਪ' ਨੇ 50 ਵਿੱਚੋਂ 37 ਸੀਟਾਂ 'ਤੇ ਜਿੱਤ ਦਰਜ ਕੀਤੀ।"

### ਮੋਦੀ ਸਰਕਾਰ ਕਾਰਪੋਰੇਟਾਂ...

ਅਸਥਿਰਤਾ ਪੈਦਾ ਕੀਤੀ ਜਾ ਰਹੀ ਹੈ।ਸਮਾਜਵਾਦੀ ਅਤੇ ਅਗਾਂਹਵਧੂ ਮੁਲਕਾਂ ਨੂੰ ਲਗਾਤਾਰ ਹਮਲਿਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਕਿਉਂਕਿ ਉਹ ਸਾਮਰਾਜਵਾਦੀਆਂ ਦੀ ਈਨ ਮੰਨਣ ਨੂੰ ਤਿਆਰ ਨਹੀਂ।ਅਮਰੀਕਾ ਵੱਲੋਂ ਸਮਾਜਵਾਦੀ ਦੇਸ਼ ਕਿਊਬਾ ਉੱਤੇ ਲਾਈਆਂ ਗਈਆਂ ਆਰਥਿਕ ਪਾਬੰਦੀਆਂ ਕਾਰਨ ਲਗਾਤਾਰ ਦਹਾਕਿਆਂ ਤੋਂ ਉਸ ਨੂੰ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਭਾਰਤੀ ਜਨਤਾ ਪਾਰਟੀ ਦੀ ਸਰਕਾਰ ਦੌਰਾਨ ਭਾਰਤ ਨੂੰ ਵੱਡੇ ਆਰਥਿਕ ਸੰਕਟ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਕਾਮਰੇਡ ਗੋਰੀਆ ਨੇ ਮਹਿੰਗਾਈ, ਸਿੱਖਿਆ ਖੇਤਰ ਦੀ ਅੱਧੋਗਤੀ, ਪੇਂਡੂ ਆਰਥਿਕਤਾ ਤੋਂ ਇਲਾਵਾ ਮਨਰੇਗਾ ਨੂੰ ਖਤਮ ਕਰਨ ਦੀ ਸਰਕਾਰ ਦੀ ਖੋਟੀ ਨੀਤ ਦਾ ਵਿਸਥਾਰ ਨਾਲ ਵਰਣਨ ਕੀਤਾ। ਕਾਮਰੇਡ ਗੋਰੀਆ ਨੇ ਕਿਹਾ ਕਿ ਅਜਿਹੀਆਂ ਪ੍ਰਸਥਿਤੀਆਂ ਵਿੱਚ ਮਜ਼ਦੂਰਾਂ, ਕਿਸਾਨਾਂ, ਖੇਤੀ ਕਾਮਿਆਂ, ਨੌਜਵਾਨਾਂ, ਔਰਤਾਂ ਅਤੇ ਸਾਰੀਆਂ ਜਮਹੂਰੀ ਤਾਕਤਾਂ ਦੇ ਸਾਂਝੇ ਸੰਘਰਸ਼ ਦੀ ਲੋੜ ਹੈ। ਸਿਰਫ ਸਮਾਜਵਾਦ ਹੀ ਮਜ਼ਦੂਰਾਂ, ਕਿਸਾਨਾਂ ਤੇ ਖੇਤੀ ਕਾਮਿਆਂ ਤੇ ਹਾਸ਼ੀਆਗਤ ਲੋਕਾਂ ਨੂੰ ਬਚਾ ਸਕਦਾ ਹੈ। ਕਾਮਰੇਡ ਗੋਰੀਆ ਨੇ ਵੱਖ-ਵੱਖ ਸੂਬਿਆਂ ਅੰਦਰ ਭਾਰਤੀ ਖੇਤ ਮਜ਼ਦੂਰ ਯੂਨੀਅਨ ਦੀ ਪਿਛਲੀ ਕਾਰਗੁਜ਼ਾਰੀ ਦਾ ਵੀ ਵਿਸਥਾਰ ਨਾਲ ਜ਼ਿਕਰ ਕੀਤਾ। ਯੂਨੀਅਨ ਵੱਲੋਂ ਭਵਿੱਖ ਵਿੱਚ ਕੀਤੇ ਜਾਣ ਵਾਲੇ ਕਾਰਜਾਂ ਬਾਰੇ ਦੱਸਦਿਆਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸਾਰੇ ਸੂਬੇ ਪਿੰਡ ਪੱਧਰ 'ਤੇ ਆਪਣੀਆਂ ਇਕਾਈਆਂ ਨੂੰ ਮਜ਼ਬੂਤ ਕਰਨ।ਇਸ ਤੋਂ ਇਲਾਵਾ ਕਾਮਰੇਡ ਦਰਿਆਓ ਸਿੰਘ ਕਸ਼ਯਪ ਨੇ ਇੱਕ ਸ਼ੋਕ ਮਤਾ ਪੇਸ਼ ਕੀਤਾ।ਪਿਛਲੇ ਸਮੇਂ ਵਿਛੋੜਾ ਦੇ ਗਈਆਂ ਸ਼ਖਸੀਅਤਾਂ ਨੂੰ ਦੋ ਮਿੰਟ ਦਾ ਮੋਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ ਗਈ। ਕਾਮਰੇਡ ਆਰ ਲੱਲਾ ਕਾਨੂੰ (ਤਾਮਿਲਨਾਡੂ), ਪ੍ਰੋਫੈਸਰ ਗਾਰਗੀ, ਗਾਇਕਾ ਆਸ਼ਾ ਭੋਸਲੇ, ਕਾਮਰੇਡ ਰੂੜਾ ਰਾਮ ਪਰਜੀਆਂ ਕਲਾਂ, ਪ੍ਰੇਮ ਸਿੰਘ ਬੁੱਢਾ ਖੇੜਾ ਅਤੇ ਗਟਰ ਸਾਫ ਕਰਦਿਆਂ ਮੌਤ ਦੇ ਮੂੰਹ ਜਾ ਪਏ ਮਜ਼ਦੂਰਾਂ ਆਦਿ ਨੂੰ ਪੇਸ਼ ਕੀਤੇ ਗਏ ਮਤੇ ਵਿੱਚ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ।ਇਸ ਤੋਂ ਪਹਿਲਾਂ ਭਾਰਤੀ ਕਮਿਊਨਿਸਟ ਪਾਰਟੀ ਦੀ ਨੈਸ਼ਨਲ ਸਕੱਤਰ ਕਾਮਰੇਡ ਐਨੀ ਰਾਜਾ ਵੱਲੋਂ ਮੀਟਿੰਗ ਦੀ ਕਾਰਵਾਈ ਸ਼ੁਰੂ ਕਰਨ ਦੀ ਪ੍ਰਵਾਨਗੀ ਦੇਣ ਉਪਰੰਤ ਕਾਮਰੇਡ ਗੋਰੀਆ ਨੇ ਰਿਪੋਰਟ ਪੇਸ਼ ਕੀਤੀ। ਰਿਪੋਰਟ 'ਤੇ ਬਹਿਸ ਹੋਣ ਉਪਰੰਤ ਕਾਮਰੇਡ ਐਨੀ ਰਾਜਾ ਸੰਬੋਧਨ ਕਰਨਗੇ।

### ਲੋਕਲ ਬਾਡੀਜ਼ ਚੋਣਾਂ...

ਧਾਰੀਵਾਲ ਨਗਰ ਕੌਂਸਲ ਦੇ 13 ਵਾਰਡਾਂ ਵਿੱਚੋਂ 7 ਆਪ ਨੇ ਜਿੱਤ ਲਏ। ਕਾਂਗਰਸ ਦੇ 2, ਅਕਾਲੀ ਦਲ ਬਾਦਲ ਦੇ 2 ਉਮੀਦਵਾਰ ਜਿੱਤੇ ਜਦਕਿ ਇਕ ਵਾਰਡ ਵਿੱਚ ਭਾਜਪਾ ਤੇ ਇੱਕ ਵਿੱਚ ਆਜ਼ਾਦ ਉਮੀਦਵਾਰ ਜਿੱਤੇ।

ਨਗਰ ਕੌਂਸਲ ਪੱਟੀ ਦੇ 19 ਵਾਰਡਾਂ ਵਿੱਚੋਂ 9 ਕਾਂਗਰਸ ਨੇ ਜਿੱਤ ਲਏ। ਆਪ ਨੇ 6 ਵਾਰਡ ਜਿੱਤੇ ਜਦਕਿ ਪੁਨਰ ਸੁਰਜੀਤ ਅਕਾਲੀ ਦਲ ਦੇ ਆਗੂ ਆਦੇਸ਼ ਪ੍ਰਤਾਪ ਸਿੰਘ ਕੈਰੋਂ ਵੱਲੋਂ ਅਜ਼ਾਦ ਉਤਾਰੇ ਗਏ ਉਮੀਦਵਾਰਾਂ ਵਿੱਚੋਂ ਚਾਰ ਜਿੱਤੇ ਹਨ।

ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀ ਨਗਰ ਕੌਂਸਲ ਚਮਕੌਰ ਸਾਹਿਬ ਦੀਆਂ 13 ਵਿੱਚੋਂ 11 ਸੀਟਾਂ ਕਾਂਗਰਸ ਨੇ ਜਿੱਤ ਲਈਆਂ ਹਨ। ਦੋ ਸੀਟਾਂ ਆਪ ਨੇ ਜਿੱਤੀਆਂ। ਸ੍ਰੀ ਆਨੰਦਪੁਰ ਸਾਹਿਬ ਨਗਰ ਕੌਂਸਲ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੇ 13 ਵਿੱਚੋਂ 11 ਵਾਰਡ ਜਿੱਤ ਲਏ। ਦੋ ਵਾਰਡਾਂ ਵਿੱਚ ਆਜ਼ਾਦ ਉਮੀਦਵਾਰ ਜੇਤੂ ਰਹੇ। ਮੁਹਾਲੀ ਦੀ ਨਵਾਂ ਗਾਓਂ ਨਗਰ ਕੌਂਸਲ ਦੀਆਂ 21 ਸੀਟਾਂ ਵਿੱਚੋਂ 16 ਸੀਟਾਂ ਭਾਜਪਾ ਨੇ ਜਿੱਤ ਲਈਆਂ। ਆਪ ਅਤੇ ਕਾਂਗਰਸ ਨੂੰ ਇੱਕ -ਇੱਕ ਸੀਟ ਮਿਲੀ ਅਤੇ ਤਿੰਨ ਸੀਟਾਂ 'ਤੇ ਆਜ਼ਾਦ ਉਮੀਦਵਾਰ ਜੇਤੂ ਰਹੇ।

ਬਰੇਟਾ ਨਗਰ ਕੌਂਸਲ ਵਿੱਚ ਕੁੱਲ 13 ਵਾਰਡਾਂ ਵਿੱਚੋਂ 11 'ਚ ਆਜ਼ਾਦ ਉਮੀਦਵਾਰਾਂ ਨੇ ਜਿੱਤ ਪ੍ਰਾਪਤ ਕੀਤੀ ਹੈ।

ਭਦੌੜ ਨਗਰ ਕੌਂਸਲ ਦੇ 13 ਵਾਰਡਾਂ ਵਿੱਚੋਂ ਆਪ ਨੇ 8 ਜਿੱਤ ਲਏ। ਚਾਰ ਵਾਰਡਾਂ ਵਿੱਚ ਆਜ਼ਾਦ ਉਮੀਦਵਾਰ ਜਿੱਤੇ ਹਨ। ਭਾਜਪਾ ਇੱਕ ਵਾਰਡ ਜਿੱਤੀ।

ਗੋਨਿਆਣਾ ਮੰਡੀ ਨਗਰ ਕੌਂਸਲ ਚੋਣਾਂ ਦੇ ਨਤੀਜਿਆਂ ਨੇ ਵੱਡਾ ਭੂਚਾਲ ਲਿਆਂਦਾ ਹੈ। ਕੁੱਲ 13 ਵਾਰਡਾਂ ਵਾਲੀ ਕੌਂਸਲ ਵਿੱਚ ਪਾਰਟੀ ਚੋਣ ਨਿਸ਼ਾਨਾਂ ਨੂੰ ਨਕਾਰਦਿਆਂ ਵੋਟਰਾਂ ਨੇ 8 ਆਜ਼ਾਦ ਉਮੀਦਵਾਰ ਜਿਤਾ ਕੇ ਸਭ ਨੂੰ ਹੈਰਾਨ ਕਰ ਦਿੱਤਾ। ਆਪ ਦੇ 5 ਉਮੀਦਵਾਰ ਜਿੱਤੇ। ਅਕਾਲੀ ਦਲ, ਕਾਂਗਰਸ ਤੇ ਭਾਜਪਾ ਖਾਤਾ ਖੋਲ੍ਹਣ ਲਈ ਤਰਸ ਗਈਆਂ।

ਜ਼ਿਲ੍ਹਾ ਬਰਨਾਲਾ ਦੇ ਅਧੀਨ ਆਉਂਦੀ 15 ਮੈਂਬਰੀ ਨਗਰ ਕੌਂਸਲ ਤਪਾ ਦੇ ਨਤੀਜਿਆਂ ਨੇ ਸਾਰੀਆਂ ਵੱਡੀਆਂ ਪਾਰਟੀਆਂ ਨੂੰ ਹੈਰਾਨ ਕਰ ਦਿੱਤਾ ਹੈ। ਆਜ਼ਾਦਾਂ ਨੇ 8 ਵਾਰਡਾਂ ਵਿੱਚ ਸ਼ਾਨਦਾਰ ਜਿੱਤ ਹਾਸਲ ਕੀਤੀ ਹੈ। ਆਪ ਦੇ ਖਾਤੇ ਵਿੱਚ 5 ਸੀਟਾਂ ਹੀ ਆਈਆਂ ਹਨ। ਅਕਾਲੀ ਦਲ (ਬਾਦਲ) ਦੇ ਦੋ ਉਮੀਦਵਾਰ ਜਿੱਤ ਸਕੇ।

ਦੋਰਾਹਾ ਨਗਰ ਕੌਂਸਲ ਦੇ 15 ਵਾਰਡਾਂ ਵਿੱਚੋਂ 8 ਆਪ ਨੇ ਜਿੱਤ ਲਏ। ਕਾਂਗਰਸ 5 ਤੇ ਆਜ਼ਾਦ ਦੋ ਵਾਰਡਾਂ ਵਿੱਚ ਜੇਤੂ ਰਹੇ। ਨਾਭਾ ਨਗਰ ਕੌਂਸਲ ਦੇ 23 ਵਾਰਡਾਂ ਵਿੱਚੋਂ ਆਪ ਨੇ 11 ਜਿੱਤੇ ਹਨ। ਕਾਂਗਰਸ ਦੇ 5, ਭਾਜਪਾ ਦੇ 3, ਅਕਾਲੀ ਦਲ ਦੇ 2 ਉਮੀਦਵਾਰ ਜਿੱਤੇ ਹਨ, ਜਦਕਿ 2 ਆਜ਼ਾਦ ਉਮੀਦਵਾਰ ਵੀ ਜੇਤੂ ਰਹੇ।

ਡੇਰਾ ਬੱਸੀ ਦੇ ਕੁੱਲ 19 ਵਾਰਡਾਂ ਵਿੱਚੋਂ 12 ਵਾਰਡਾਂ 'ਤੇ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਦੀ ਜਿੱਤ ਹੋਈ ਹੈ, ਜਦਕਿ ਤਿੰਨ ਵਾਰਡਾਂ 'ਤੇ ਅਕਾਲੀ ਦਲ, ਦੋ 'ਤੇ ਕਾਂਗਰਸ ਅਤੇ ਦੋ 'ਤੇ ਭਾਜਪਾ ਦੇ ਉਮੀਦਵਾਰਾਂ ਨੂੰ ਜਿੱਤ ਹਾਸਲ ਹੋਈ ਹੈ। ਧੂਰੀ ਨਗਰ ਕੌਂਸਲ ਮੁੱਖ ਮੰਤਰੀ ਭਗਵੰਤ ਮਾਨ ਦੇ ਹਲਕੇ ਵਿੱਚ ਪੈਂਦੀ ਹੈ। ਆਮ ਆਦਮੀ ਪਾਰਟੀ ਨੇ 21 ਵਿੱਚੋਂ 19 ਸੀਟਾਂ ਜਿੱਤੀਆਂ। ਆਜ਼ਾਦ ਉਮੀਦਵਾਰਾਂ ਨੇ ਦੋ ਸੀਟਾਂ ਜਿੱਤੀਆਂ। ਭਾਜਪਾ, ਸ਼੍ਰੋਮਣੀ ਅਕਾਲੀ ਦਲ ਅਤੇ ਕਾਂਗਰਸ ਦਾ ਸਫਾਇਆ ਹੋ ਗਿਆ। ਸੁਨਾਮ ਨਗਰ ਕੌਂਸਲ ਦੇ 23 ਵਾਰਡਾਂ ਵਿੱਚੋਂ 19 ਆਪ ਨੇ ਜਿੱਤ ਲਏ ਹਨ। ਸੀਟਾਂ ਜਿੱਤੀਆਂ। ਭਾਜਪਾ ਨੂੰ 1 ਸੀਟ ਮਿਲੀ, ਜਦੋਂ ਕਿ 3 ਵਾਰਡਾਂ ਵਿੱਚ ਆਜ਼ਾਦ ਉਮੀਦਵਾਰ ਜਿੱਤੇ। ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਲਈ ਇਹ ਚੋਣ ਕਾਫੀ ਨਿਰਾਸ਼ਾਜਨਕ ਰਹੀ ਹੈ। ਉਨ੍ਹਾ ਦੇ ਕਸਬੇ ਗਿੱਦੜਬਾਹਾ ਦੀ ਨਗਰ ਕੌਂਸਲ ਦੀਆਂ 19 ਵਿੱਚੋਂ 17 ਆਮ ਆਦਮੀ ਪਾਰਟੀ ਨੇ ਜਿੱਤ ਲਈਆਂ।

ਨਗਰ ਕੌਂਸਲ ਫਰੀਦਕੋਟ ਦੇ 25 ਵਾਰਡਾਂ 'ਚੋਂ ਕਾਂਗਰਸ ਦੇ 8, ਆਪ ਦੇ 10 ਤੇ ਅਕਾਲੀ ਦਲ ਦੇ 7 ਉਮੀਦਵਾਰ ਜਿੱਤੇਸ਼

ਆਪ ਨੇ ਹੁਸ਼ਿਆਰਪੁਰ ਜ਼ਿਲ੍ਹੇ ਦੀਆਂ 6 ਨਗਰ ਕੌਂਸਲਾਂ ਵਿੱਚੋਂ 5 ਨਗਰ ਕੌਂਸਲਾਂ (ਦਸੂਹਾ, ਗੜ੍ਹਸ਼ੰਕਰ, ਗੜ੍ਹਦੀਵਾਲਾ, ਟਾਂਡਾ ਅਤੇ ਹਰਿਆਣਾ) ਵਿੱਚ ਸਪੱਸ਼ਟ ਬਹੁਮਤ ਹਾਸਲ ਕਰ ਲਿਆ ਹੈ। ਟਾਂਡਾ ਨਗਰ ਕੌਂਸਲ 'ਤੇ ਕਰੀਬ 20 ਸਾਲਾਂ ਤੋਂ ਕਾਂਗਰਸ ਕਾਬਜ਼ ਸੀ ਪਰ ਇਸ ਵਾਰ 'ਆਪ' ਨੇ 15 ਵਿੱਚੋਂ 10 ਵਾਰਡ ਜਿੱਤ ਕੇ ਉਸਦਾ ਕਿਲਾ ਢਾਹ ਦਿੱਤਾ ਅਤੇ ਕਾਂਗਰਸ ਨੂੰ ਮਹਿਜ਼ 5 ਵਾਰਡਾਂ 'ਤੇ ਸਮੇਟ ਦਿੱਤਾ। ਦਸੂਹਾ ਨਗਰ ਕੌਂਸਲ 'ਤੇ ਕਾਂਗਰਸ ਤੇ ਭਾਜਪਾ ਕਾਬਜ਼ ਹੁੰਦੀਆਂ ਰਹੀਆਂ ਹਨ ਪਰ ਇਸ ਵਾਰ ਆਪ ਨੇ 15 ਵਿੱਚੋਂ ਰਿਕਾਰਡ 13 ਵਾਰਡਾਂ 'ਤੇ ਜਿੱਤ ਦਰਜ ਕੀਤੀ ਹੈ। ਕਾਂਗਰਸ ਪਾਰਟੀ 2 ਵਾਰਡਾਂ 'ਚ ਹੀ ਸਿਮਟ ਕੇ ਰਹਿ ਗਈ ਹੈ। ਗੜ੍ਹਸ਼ੰਕਰ 'ਚ 'ਆਪ' ਨੇ 13 ਵਿੱਚੋਂ 8 ਵਾਰਡ ਜਿੱਤੇ, ਜਦਕਿ 4 ਆਜ਼ਾਦ ਜੇਤੂ ਰਹੇ। ਕਾਂਗਰਸ ਸਿਰਫ 1 ਵਾਰਡ ਜਿੱਤ ਸਕੀ। ਗੜ੍ਹਦੀਵਾਲਾ ਕੌਂਸਲ ਵਿੱਚ 'ਆਪ' ਨੇ 11 ਵਿੱਚੋਂ 7 ਵਾਰਡਾਂ 'ਚ ਜਿੱਤ ਦਰਜ ਕਰਕੇ ਸਪੱਸ਼ਟ ਬਹੁਮਤ ਹਾਸਲ ਕਰ ਲਿਆ, ਜਦਕਿ ਕਾਂਗਰਸ 3 ਅਤੇ ਆਜ਼ਾਦ 1 ਵਾਰਡ 'ਚ ਸਿਮਟ ਗਏ। ਹਰਿਆਣਾ 'ਚ 'ਆਪ' ਨੇ 11 ਵਿੱਚੋਂ 7 ਵਾਰਡ ਜਿੱਤ ਲਏ। ਕਾਂਗਰਸ ਨੂੰ 3 ਅਤੇ ਭਾਜਪਾ ਨੂੰ 1 ਸੀਟ ਮਿਲੀ।

ਜਿੱਥੇ ਪੂਰੇ ਹੁਸ਼ਿਆਰਪੁਰ ਜ਼ਿਲ੍ਹੇ ਵਿੱਚ 'ਆਪ' ਦੀ ਹਨ੍ਹੇਰੀ ਚੱਲੀ, ਉੱਥੇ ਮੁਕੇਰੀਆਂ ਦੇ ਨਤੀਜਿਆਂ ਨੇ ਸਭ ਨੂੰ ਹੈਰਾਨ ਕਰ ਦਿੱਤਾ। ਇੱਥੋਂ ਦੇ 15 ਵਾਰਡਾਂ ਵਿੱਚੋਂ ਭਾਜਪਾ 7 ਵਾਰਡ ਜਿੱਤ ਕੇ ਸਭ ਤੋਂ ਵੱਡੀ ਪਾਰਟੀ ਬਣੀ, ਜਦਕਿ ਕਾਂਗਰਸ ਨੂੰ 6 ਸੀਟਾਂ ਮਿਲੀਆਂ। ਪਰ 'ਆਪ' ਇੱਥੇ ਮਹਿਜ਼ 1 ਸੀਟ 'ਤੇ ਹੀ ਸਿਮਟ ਗਈ ਅਤੇ 1 ਸੀਟ ਆਜ਼ਾਦ ਉਮੀਦਵਾਰ ਦੇ ਹਿੱਸੇ ਆਈ। ਇੱਥੇ ਕਿਸੇ ਵੀ ਪਾਰਟੀ ਨੂੰ ਸਪੱਸ਼ਟ ਬਹੁਮਤ ਨਹੀਂ ਮਿਲਿਆ ਹੈ।

13 ਸੀਟਾਂ ਵਾਲੀ ਆਦਮਪੁਰ ਨਗਰ ਕੌਂਸਲ ਵਿੱਚ 'ਆਪ' ਨੇ 10 ਸੀਟਾਂ ਜਿੱਤ ਕੇ ਸਪੱਸ਼ਟ ਬਹੁਮਤ ਹਾਸਲ ਕੀਤਾ ਹੈ, ਜਦੋਂਕਿ ਕਾਂਗਰਸ ਦੇ ਸਮਰਥਨ ਵਾਲੇ 3 ਆਜ਼ਾਦ ਉਮੀਦਵਾਰ ਹੀ ਜਿੱਤੇ। ਨਗਰ ਕੌਂਸਲ ਦੇ ਦੋ ਵਾਰ ਪ੍ਰਧਾਨ ਰਹਿ ਚੁੱਕੇ ਦਰਸ਼ਨ ਸਿੰਘ ਕਰਵਲ ਦੇ ਪਰਵਾਰ ਦੇ 5 ਮੈਂਬਰਾਂ ਨੇ ਕਿਸਮਤ ਅਜ਼ਮਾਈ, ਪਰ ਵੋਟਰਾਂ ਨੇ ਪੰਜਾਂ ਨੂੰ ਹੀ ਹਰਾ ਦਿੱਤਾ।

ਮਜੀਠਾ ਨਗਰ ਕੌਂਸਲ ਦੀਆਂ 13 ਵਿੱਚੋਂ 7 ਸੀਟਾਂ ਆਪ ਤੇ 6 ਅਕਾਲੀ ਦਲ ਨੇ ਜਿੱਤੀਆਂ। ਭਾਜਪਾ 25 ਮੈਂਬਰੀ ਫਾਜ਼ਿਲਕਾ ਨਗਰ ਕੌਂਸਲ ਦੀਆਂ 11 ਸੀਟਾਂ ਜਿੱਤ ਕੇ ਸਭ ਤੋਂ ਵੱਡੀ ਪਾਰਟੀ ਵਜੋਂ ਉਭਰੀ ਜਦਕਿ ਕਾਂਗਰਸ ਨੇ 9 ਤੇ ਆਪ ਨੇ 5 ਸੀਟਾਂ ਜਿੱਤੀਆਂ। ਮਲੋਟ ਨਗਰ ਕੌਂਸਲ 'ਚ ਕਿਸੇ ਨੂੰ ਸਪੱਸ਼ਟ ਬਹੁਮਤ ਨਹੀਂ ਮਿਲਿਆ। 27 ਵਿੱਚੋਂ 11 ਸੀਟਾਂ ਆਪ ਨੇ ਜਿੱਤੀਆਂ ਜਦਕਿ ਅਕਾਲੀ ਦਲ ਤੇ ਕਾਂਗਰਸ ਨੂੰ 8-8 ਸੀਟਾਂ ਮਿਲੀਆਂ।

## ਅਜੈ ਪਰੋਚਾ ਤੀਜੀ ਵਾਰ ਬਣੇ ਕੌਂਸਲਰ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਸ਼ਹਿਰ ਦੀ ਸਥਾਨਕ ਸਿਆਸਤ ਵਿੱਚ ਆਪਣਾ ਅਹਿਮ ਸਥਾਨ ਰੱਖਣ ਵਾਲੇ 'ਪਰੋਚਾ ਬ੍ਰਦਰਜ਼' ਨੇ ਇੱਕ ਵਾਰ ਫਿਰ ਤੋਂ ਆਪਣੀ ਬੇਮਿਸਾਲ ਲੋਕ-ਪ੍ਰਿਯਤਾ ਦਾ ਲੋਹਾ ਮੰਨਵਾਇਆ ਹੈ।ਇਸ ਵਾਰ ਦੀਆਂ ਨਗਰ ਕੌਂਸਲ ਚੋਣਾਂ ਵਿੱਚ ਸ਼ਹਿਰ ਦੇ ਵਾਰਡ ਨੰਬਰ 8 ਤੋਂ ਆਜ਼ਾਦ ਉਮੀਦਵਾਰ ਵਜੋਂ ਚੋਣ ਮੈਦਾਨ ਵਿੱਚ ਨਿੱਤਰੇ ਅਜੈ ਪਰੋਚਾ ਨੇ ਆਪਣੇ ਵਿਰੋਧੀਆਂ ਨੂੰ ਕਰਾਰੀ ਹਾਰ ਦਿੰਦੇ ਹੋਏ ਸ਼ਾਨਦਾਰ ਜਿੱਤ ਦਰਜ ਕੀਤੀ ਹੈ।ਚੋਣ ਨਤੀਜਿਆਂ ਦੇ ਵੇਰਵਿਆਂ ਮੁਤਾਬਕ, ਅਜੈ ਪਰੋਚਾ ਨੇ ਆਪਣੇ ਵਿਰੋਧੀ ਉਮੀਦਵਾਰ ਨੂੰ 199 ਵੋਟਾਂ ਦੇ ਵੱਡੇ ਫ਼ਰਕ ਨਾਲ ਪਛਾੜ ਕੇ ਜਿੱਤ ਦਾ ਝੰਡਾ ਲਹਿਰਾਇਆ ਹੈ।

## ਮਾਊਂਟ ਲਿਟਰਾ ਜ਼ੀ ਸਕੂਲ ਵਿਖੇ ਸਮਰੱਥਾ ਨਿਰਮਾਣ ਪ੍ਰੋਗਰਾਮ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਕੇਂਦਰੀ ਸੈਕੰਡਰੀ ਸਿੱਖਿਆ ਬੋਰਡ ਨੇ ਮਾਊਂਟ ਲਿਟਰਾ ਜ਼ੀ ਸਕੂਲ ਰਾਮਪੁਰਾ ਫੂਲ ਵਿਖੇ 'ਸਮਰੱਥਾ ਨਿਰਮਾਣ ਪ੍ਰੋਗਰਾਮ' ਦਾ ਆਯੋਜਨ ਕੀਤਾ।ਪ੍ਰੋਗਰਾਮ ਦਾ ਵਿਸ਼ਾ 'ਮੁਲਾਂਕਣ ਤੇ ਮੁਲਾਂਕਣ ਪ੍ਰਕਿਰਿਆਵਾਂ ਨੂੰ ਮਜ਼ਬੂਤ ਕਰਨਾ' ਸੀ।ਇਸ ਸਿਖਲਾਈ ਪ੍ਰੋਗਰਾਮ ਦਾ ਉਦੇਸ਼ ਅਧਿਆਪਕਾਂ ਨੂੰ ਨਵੇਂ ਅਧਿਆਪਨ ਤੇ ਮੁਲਾਂਕਣ ਤਰੀਕਿਆਂ ਤੋਂ ਜਾਣੂ ਕਰਵਾਉਣਾ ਸੀ।ਇਸ ਸਮਾਗਮ ਵਿੱਚ ਮੈਰੀ ਐਂਟਨੀ ਸਿੰਘ ਤੇ ਡਾ. ਪਰਮਿੰਦਰ ਕੌਰ ਰਿਸੋਰਸ ਪਰਸਨ ਵਜੋਂ ਮੌਜੂਦ ਸਨ। ਮੈਰੀ ਐਂਟਨੀ ਸਿੰਘ ਪਿਛਲੇ 35 ਸਾਲਾਂ ਤੋਂ ਸਿੱਖਿਆ ਖੇਤਰ ਵਿੱਚ ਕੰਮ ਕਰ ਰਹੇ ਹਨ ਤੇ 28 ਸਾਲਾਂ ਤੋਂ ਵੱਖ-ਵੱਖ ਸਕੂਲਾਂ ਵਿੱਚ ਪ੍ਰਿੰਸੀਪਲ ਵਜੋਂ ਸੇਵਾ ਨਿਭਾਅ ਰਹੇ ਹਨ ਤੇ ਡਾ. ਪਰਮਿੰਦਰ ਕੌਰ ਇੰਪੀਰੀਅਲ ਪਬਲਿਕ ਸਕੂਲ ਸ੍ਰੀ ਮੁਕਤਸਰ ਸਾਹਿਬ ਦੇ ਪ੍ਰਿੰਸੀਪਲ ਤੇ ਜ਼ਿਲ੍ਹਾ ਸਿਖਲਾਈ ਕੋਆਰਡੀਨੇਟਰ ਬਠਿੰਡਾ ਹਨ। ਸਕੂਲ ਪਹੁੰਚਣ 'ਤੇ ਦੋਵਾਂ ਰਿਸੋਰਸ ਪਰਸਨਾਂ ਦਾ ਫੁੱਲਾਂ ਦੇ ਗੁਲਦਸਤੇ ਨਾਲ ਨਿੱਘਾ ਸਵਾਗਤ ਕੀਤਾ ਗਿਆ। ਸਿਖਲਾਈ ਪ੍ਰੋਗਰਾਮ 'ਚ ਅਧਿਆਪਕਾਂ ਨੂੰ ਪ੍ਰਭਾਵਸ਼ਾਲੀ ਮੁਲਾਂਕਣ ਤਕਨੀਕਾਂ, ਵਿਦਿਆਰਥੀਆਂ ਦੀਆਂ ਸਿੱਖਣ ਯੋਗਤਾਵਾਂ ਨੂੰ ਵਿਕਸਤ ਕਰਨ ਤੇ ਅਧਿਆਪਨ ਪ੍ਰਕਿਰਿਆ ਨੂੰ ਹੋਰ ਦਿਲਚਸਪ ਤੇ ਉਤਪਾਦਕ ਬਣਾਉਣ ਬਾਰੇ ਜਾਣਕਾਰੀ ਦਿੱਤੀ ਗਈ।ਸਮਾਰੋਹ ਦੇ ਅੰਤ ਵਿੱਚ ਸਕੂਲ ਪ੍ਰਧਾਨ ਗਗਨ ਬਾਂਸਲ, ਜਨਰਲ ਸਕੱਤਰ ਸ਼੍ਰੀਮਤੀ ਨਮਿਤਾ ਬਾਂਸਲ ਤੇ ਪ੍ਰਿੰਸੀਪਲ ਸ਼੍ਰੀਮਤੀ ਗੀਤਾ ਪਿੱਲੇ ਨੇ ਸਾਰੇ ਭਾਗੀਦਾਰਾਂ ਤੇ ਰਿਸੋਰਸ ਪਰਸਨਾਂ ਦਾ ਧੰਨਵਾਦ ਕੀਤਾ।

## ਭਲਵਾਨ ਸਾਗਰ ਸਿੰਘ ਨੇ ਏਸ਼ੀਆ ਰੈਸਲਿੰਗ ਚੈਂਪੀਅਨਸ਼ਿਪ 'ਚ ਦੂਜਾ ਸਥਾਨ ਲਿਆ



**ਕੋਟਕਪੂਰਾ (ਰਛਪਾਲ ਭੁੱਲਰ)**-ਬਾਬਾ ਫਰੀਦ ਰੈਸਲਿੰਗ ਕਲੱਬ ਦੇ ਸਾਗਰ ਸਿੰਘ ਭਲਵਾਨ ਵੱਲੋਂ ਵੀਅਤਨਾਮ ਵਿੱਚ ਹੋਏ ਕੁਸ਼ਤੀ ਮੁਕਾਬਲੇ 'ਚ ਅੰਡਰ 23 ਸੀਨੀਅਰ ਏਸ਼ੀਅਨ ਚੈਂਪੀਅਨਸ਼ਿਪ 'ਚ ਸਿਲਵਰ ਮੈਡਲ ਜਿੱਤ ਕੇ ਦੇਸ਼ ਤੇ ਪੰਜਾਬ ਦਾ ਨਾਂਅ ਰੌਸ਼ਨ ਕੀਤਾ।ਇਸ ਭਲਵਾਨ ਦੇ ਸਤਿਕਾਰ 'ਚ ਬਾਬਾ ਫਰੀਦ ਰੈਸਲਿੰਗ ਕਲੱਬ ਵੱਲੋਂ ਸਨਮਾਨ ਸਮਾਰੋਹ ਲਾਲਾ ਲਾਜਪਤ ਰਾਏ ਮਿਊਂਸਪਲ ਪਾਰਕ ਵਿੱਚ ਰੱਖਿਆ, ਜਿਸ ਵਿੱਚ ਹੀਰੇ ਵੈਲਫੇਅਰ ਕਲੱਬ ਤੇ ਕੋਟਕਪੂਰਾ ਵਿਸ਼ਵਾਸ਼ ਲਾਇਨਜ਼ ਕਲੱਬ ਨੇ ਵਿਸ਼ੇਸ਼ ਸਹਿਯੋਗ ਦਿੱਤਾ।ਮਨਪ੍ਰੀਤ ਸਿੰਘ ਸੰਧੂ ਕੋਚ, ਜ਼ਿਲ੍ਹਾ ਪ੍ਰਧਾਨ ਪਰਮਵੀਰ ਸਿੰਘ ਗਿੱਲ ਨੇ ਕਲੱਬ ਦੀਆਂ ਪ੍ਰਾਪਤੀਆਂ ਤੇ ਪਹਿਲਵਾਨ ਸਾਗਰ ਸਿੰਘ ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੱਤੀ।ਪਹਿਲਵਾਨ ਨੂੰ ਰੈਸਲਿੰਗ ਕਲੱਬ ਤੇ ਹੋਰ ਸੰਸਥਾਵਾਂ ਨੇ ਇੱਕ ਲੱਖ ਇੱਕ ਹਜ਼ਾਰ ਰੁਪਏ ਨਕਦ ਇਨਾਮ ਦੇ ਕੇ, ਹਾਰ ਪਾ ਕੇ, ਸਨਮਾਨ ਚਿੰਨ੍ਹ ਦੇ ਕੇ ਅਤੇ ਹੀਰੇ ਵੈਲਫੇਅਰ ਕਲੱਬ ਨੇ 5100 ਰੁਪਏ ਨਕਦ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਰਜਿੰਦਰ ਸਿੰਘ ਸਰਾਂ, ਸੰਦੀਪ ਕਟਾਰੀਆ ਪ੍ਰਧਾਨ, ਜਸਕਰਤਾਰ ਸਿੰਘ, ਗੁਰਦੀਪ ਸਿੰਘ, ਨਛੱਤਰ ਸਿੰਘ, ਸੰਦੀਪ ਕੌੜਾ, ਕੈਪਟਨ ਜਰਨੈਲ ਸਿੰਘ ਮਾਨ, ਸੰਜੀਵ ਕੁਮਾਰ ਧੀਂਗੜਾ, ਸ਼ਸ਼ੀ ਗੋਇਲ, ਮੇਘ ਰਾਜ ਸ਼ਰਮਾ, ਬਿੱਟਾ ਨਰੂਲਾ, ਨਵਾਬ ਸਿੰਘ ਠੇਕੇਦਾਰ, ਮਾਸਟਰ ਕੌਸ਼ਲ ਪ੍ਰਕਾਸ਼, ਚੰਦਰ ਅਰੋੜਾ, ਸੁਖਜੀਤ ਸਿੰਘ ਚੇਅਰਮੈਨ, ਪ੍ਰਧਾਲ ਨਵਦੀਪ ਸਿੰਘ ਢਿੱਲੋਂ, ਜੁਗਰਾਜ ਸਿੰਘ, ਸੋਨੂੰ ਗੋਇਲ, ਹਰਦੀਪ ਸਿੰਘ ਫਿੱਡੂਪਹਿਲਵਾਨ, ਸੋਨਾ ਮੌੜ ਤੋਂ ਇਲਾਵਾ ਬਾਬਾ ਫ਼ਰੀਦ ਰੈਸਲਿੰਗ ਕਲੱਬ ਦੇ ਬਹੁਤ ਸਾਰੇ ਅਹੁਦੇਦਾਰ ਤੇ ਮੈਂਬਰ ਤੇ ਸ਼ਹਿਰ ਨਿਵਾਸੀ ਹਾਜ਼ਰ ਸਨ।

## ਵਿਧਾਇਕ ਰਾਏ ਨੇ ਸੜਕ ਦਾ ਰੱਖਿਆ ਨੀਂਹ ਪੱਥਰ



**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਸੂਬੇਦਾਰ ਰਣਜੀਤ ਸਿੰਘ ਫਾਰਮ ਤੋਂ ਜਾਲਖੇੜੀ ਤੱਕ ਬਣਨ ਵਾਲੀ 2.95 ਕਿਲੋਮੀਟਰ ਲੰਮੀ ਸੜਕ ਦਾ ਨੀਂਹ ਪੱਥਰ ਰੱਖਿਆ।ਇਸ ਸੜਕ ਤੇ ਬਣਨ ਨਾਲ ਇਲਾਕੇ ਨੂੰ ਵੱਡਾ ਫ਼ਾਇਦਾ ਮਿਲੇਗਾ।ਵਿਧਾਇਕ ਰਾਏ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੀਆਂ ਸੜਕਾਂ ਦੀ ਨੁਹਾਰ ਬਦਲਣ ਲਈ ਯਤਨਸ਼ੀਲ ਹੈ।ਹਲਕਾ ਫਤਿਹਗੜ੍ਹ ਸਾਹਿਬ ਦੀਆਂ 90 ਫ਼ੀਸਦੀ ਸੜਕਾਂ ਦਾ ਨਵੀਨੀਕਰਨ ਹੋ ਰਿਹਾ ਹੈ।ਬਹੁਤ ਸਾਰੀਆਂ ਸੜਕਾਂ ਬਣ ਕੇ ਤਿਆਰ ਹੋ ਚੁੱਕੀਆਂ ਹਨ, ਜਿਹੜੀਆਂ ਬਾਕੀ ਹਨ।ਉਨ੍ਹਾਂ ਨੂੰ ਵੀ ਆਉਣ ਵਾਲੇ ਚਾਰ ਪੰਜ ਮਹੀਨਿਆਂ ਦੇ ਵਿੱਚ ਪੂਰਾ ਕਰ ਲਿਆ ਜਾਵੇਗਾ।ਉਨ੍ਹਾਂ ਕਿਹਾ ਕਿ ਜਿਹੜੀਆਂ ਸੜਕਾਂ ਨੂੰ ਪਿਛਲੀਆਂ ਸਰਕਾਰਾਂ ਨੇ ਕਦੇ ਦੇਖਿਆ ਵੀ ਨਹੀਂ ਸੀ, ਪੰਜਾਬ ਸਰਕਾਰ ਨੇ ਉਨ੍ਹਾਂ ਸੜਕਾਂ ਨੂੰ ਵੀ ਪੱਕਾ ਕਰਕੇ ਸੂਬੇ ਦੇ ਲੋਕਾਂ ਨੂੰ ਵੱਡੀ ਸੁਗਾਤ ਦਿੱਤੀ ਹੈ।ਰਜਿੰਦਰ ਨਗਰ ਤੋਂ ਸੂਬੇਦਾਰ ਫਾਰਮ, ਸੂਬੇਦਾਰ ਫਾਰਮ ਤੋਂ ਜਾਲ ਖੇੜੀ ਤੱਕ ਬਣਨ ਵਾਲੀਆਂ ਇਹ ਸੜਕਾਂ ਜਿੱਥੇ ਫ਼ਤਿਹਗੜ੍ਹ ਜ਼ਿਲ੍ਹੇ ਦੇ ਲੋਕਾਂ ਨੂੰ ਫ਼ਾਇਦਾ ਦੇਣਗੀਆਂ, ਉਥੇ ਹੀ ਭਾਦਸੋਂ ਇਲਾਕੇ ਦੇ ਤੋਂ ਪਟਿਆਲਾ ਜਾਣ ਵਾਲੇ ਲੋਕਾਂ ਨੂੰ ਵੀ ਫ਼ਾਇਦਾ ਮਿਲੇਗਾ।ਉਨ੍ਹਾਂ ਕਿਹਾ ਕਿ ਮਾਨ ਸਰਕਾਰ ਸੂਬੇ ਦੀ ਉਹ ਪਹਿਲੀ ਸਰਕਾਰ ਹੈ, ਜਿਸ ਨੇ ਆਮ ਲੋਕਾਂ ਦੀਆਂ ਜ਼ਰੂਰਤਾਂ ਨੂੰ ਸਮਝਿਆ ਹੈ।ਪਹਿਲਾਂ ਵਾਲੇ ਮੁੱਖ ਮੰਤਰੀ ਮਹਿਲਾਂ ਦੇ ਵਿੱਚੋਂ ਨਹੀਂ ਨਿਕਲਦੇ ਸਨ, ਪ੍ਰੰਤੂ ਮਾਨਯੋਗ ਮੁੱਖ ਮੰਤਰੀ ਭਗਵੰਤ ਮਾਨ ਹਰ ਸਮੇਂ ਲੋਕਾਂ ਦੇ ਵਿੱਚ ਰਹਿੰਦੇ ਹਨ ਅਤੇ ਉਨ੍ਹਾਂ ਦੀਆਂ ਜ਼ਰੂਰਤਾਂ ਨੂੰ ਸਮਝਦੇ ਹਨ।

## 'ਆਪ' ਨੂੰ 7, ਭਾਜਪਾ ਨੂੰ 8 ਸੀਟਾਂ ਮਿਲੀਆਂ



**ਰਾਜਪੁਰਾ (ਰਮੇਸ਼ ਕਟਾਰੀਆ)**-ਨਗਰ ਕੌਂਸਲ ਚੋਣਾਂ ਦੇ 31 ਵਾਰਡਾਂ ਦੇ ਨਤੀਜਿਆਂ ਵਿੱਚ ਜਿਥੇ ਸੱਤਾਧਾਰੀ ਆਮ ਆਦਮੀ ਪਾਰਟੀ ਨੂੰ 7, ਭਾਜਪਾ ਨੂੰ 8, ਕਾਂਗਰਸ ਨੂੰ 9 ਵਾਰਡਾਂ ਵਿੱਚ, ਅਕਾਲੀ ਦਲ ਨੂੰ 4 ਵਾਰਡਾਂ ਤੇ 2 ਆਜ਼ਾਦ ਨੂੰ ਵੀ ਜਿੱਤ ਮਿਲੀ।ਹਾਲਾਂਕਿ ਵਾਰਡ ਨੰਬਰ 7 ਦੇ ਨਤੀਜੇ ਰੁਕੇ ਹੋਏ ਹਨ।ਸ਼ਹਿਰ ਵਿਚ ਇਹ ਚਰਚਾ ਆਮ ਸੁਣਨ ਵਿੱਚ ਮਿਲ ਰਹੀ ਸੀ ਕਿ ਇਸ ਵਾਰ ਨਗਰ ਕੌਂਸਲ ਵਿੱਚ ਕਿਸ ਦਾ ਪ੍ਰਧਾਨ ਹੋਵੇਗਾ, ਇਹ ਆਉਣ ਵਾਲੇ ਦਿਨਾਂ ਵਿਚ ਪਤਾ ਚੱਲੇਗਾ।

## 13 ਵਾਰਡਾਂ 'ਚੋਂ 11 ਅਜ਼ਾਦ ਤੇ 2 'ਆਪ' ਉਮੀਦਵਾਰਾਂ ਨੇ ਜਿੱਤ ਪ੍ਰਾਪਤ ਕੀਤੀ



**ਬਰੇਟਾ (ਰੀਤਵਾਲ)**-ਨਗਰ ਕੌਂਸਲ ਦੇ ਆਏ ਚੋਣ ਨਤੀਜਿਆਂ ਵਿੱਚ ਵਾਰਡ ਨੰਬਰ 1 ਤੋਂ ਸਰਬਜੀਤ ਕੌਰ, 2 ਤੋਂ ਆਮ ਆਦਮੀ ਪਾਰਟੀ ਦੇ ਸੰਦੀਪ ਸਿੰਘ, 3 ਤੋਂ ਸਰੀਤਾ ਗੁਪਤਾ, 4 ਤੋਂ ਵਿਕਾਸ ਕੁਮਾਰ ਮਿੱਤਲ, 5 ਤੋਂ ਅਭਿਤਾਸ਼ ਗੋਇਲ, 6 ਤੋਂ ਜੁਗਰਾਜ ਸਿੰਘ ਕਾਲਾ, 7 ਤੋਂ ਅਮਰਜੀਤ ਦੇਵੀ, 8 ਤੋਂ ਗਗਨਦੀਪ ਸਿੰਘ, 9 ਤੋਂ ਗਗਨਦੀਪ ਕੌਰ, 10 ਤੋਂ ਲਖਵਿੰਦਰ ਕੁਮਾਰ ਲੱਕੀ, 11 ਤੋਂ ਆਮ ਆਦਮੀ ਪਾਰਟੀ ਦੇ ਸੰਦੀਪ ਕੌਰ, 12 ਤੋਂ ਮਨਪ੍ਰੀਤ ਕੌਰ ਅਤੇ ਵਾਰਡ ਨੰਬਰ 13 ਤੋਂ ਕੈਪਟਨ ਅੰਮ੍ਰਿਤਪਾਲ ਸਿੰਘ ਜੇਤੂ ਰਹੇ ਹਨ।ਜ਼ਿਕਰਯੋਗ ਹੈ ਕਿ ਆਮ ਆਦਮੀ ਪਾਰਟੀ ਵੱਲੋਂ ਚੋਣ ਮੈਦਾਨ ਵਿੱਚ ਉਤਾਰੇ 6 ਉਮੀਦਵਾਰਾਂ ਵਿੱਚੋਂ 2 ਜੇਤੂ ਰਹੇ ਹਨ।ਬਾਕੀ 11 ਵਾਰਡਾਂ ਵਿੱਚ ਅਜ਼ਾਦ ਉਮੀਦਵਾਰਾਂ ਵੱਲੋਂ ਜਿੱਤ ਪ੍ਰਾਪਤ ਕੀਤੀ ਗਈ।

## 80 ਵਾਰਡਾਂ 'ਚੋਂ 'ਆਪ' ਦੇ 51, ਕਾਂਗਰਸ ਦੇ 14, ਅਕਾਲੀ ਦਲ ਦੇ 4, ਬੀਜੇਪੀ ਦੇ 4 ਤੇ 7 ਅਜ਼ਾਦ ਜੇਤੂ

**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਨਗਰ ਕੌਂਸਲ ਸਰਹਿੰਦ, ਫ਼ਤਿਹਗੜ੍ਹ ਸਾਹਿਬ, ਮੰਡੀ ਗੋਬਿੰਦਗੜ੍ਹ, ਬੱਸੀ ਪਠਾਨਾਂ ਤੇ ਨਗਰ ਪੰਚਾਇਤ ਖਮਾਣੋਂ ਦੀਆਂ ਚੋਣਾਂ ਲਈ 26 ਮਈ ਨੂੰ ਪਈਆਂ ਵੋਟਾਂ ਦੀ ਗਿਣਤੀ ਦਾ ਕੰਮ ਅਮਨ-ਅਮਾਨ ਤੇ ਪਾਰਦਰਸ਼ੀ ਢੰਗ ਨਾਲ ਮੁਕੰਮਲ ਹੋ ਗਿਆ ਹੈ।ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਡਾ. ਸੋਨਾ ਥਿੰਦ ਨੇ ਦੱਸਿਆ ਕਿ ਕੁੱਲ 80 ਵਾਰਡਾਂ ਵਿੱਚੋਂ ਆਮ ਆਦਮੀ ਪਾਰਟੀ ਦੇ 51 ਉਮੀਦਵਾਰ, ਕਾਂਗਰਸ ਦੇ 14 ਉਮੀਦਵਾਰ, ਸ਼੍ਰੋਮਣੀ ਅਕਾਲੀ ਦਲ ਦੇ 4 ਉਮੀਦਵਾਰ, ਬੀਜੇਪੀ ਦੇ 04 ਉਮੀਦਵਾਰ ਤੇ 7 ਆਜ਼ਾਦ ਉਮੀਦਵਾਰ ਜੇਤੂ ਰਹੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਨਗਰ ਕੌਂਸਲ ਸਰਹਿੰਦ ਫਤਿਹਗੜ੍ਹ ਸਾਹਿਬ ਦੇ 23 ਵਾਰਡਾਂ 'ਚੋਂ ਆਮ ਆਦਮੀ ਪਾਰਟੀ ਦੇ 17 ਉਮੀਦਵਾਰ ਅਤੇ ਕਾਂਗਰਸ ਦੇ 6 ਉਮੀਦਵਾਰ ਜੇਤੂ ਰਹੇ ਹਨ।ਇਸੇ ਤਰ੍ਹਾਂ ਨਗਰ ਕੌਂਸਲ ਮੰਡੀ ਗੋਬਿੰਦਗੜ੍ਹ ਦੇ 29 ਵਾਰਡਾਂ ਵਿੱਚੋਂ ਆਮ ਆਦਮੀ ਪਾਰਟੀ ਦੇ 19 ਉਮੀਦਵਾਰ, ਕਾਂਗਰਸ ਦੇ 6 ਉਮੀਦਵਾਰ, ਬੀਜੇਪੀ ਦੇ 03 ਉਮੀਦਵਾਰ ਤੇ ਸ਼੍ਰੋਮਣੀ ਅਕਾਲੀ ਦਲ ਦਾ 01 ਉਮੀਦਵਾਰ ਜੇਤੂ ਰਿਹਾ ਹੈ। ਉਨ੍ਹਾਂ ਦੱਸਿਆ ਕਿ ਨਗਰ ਕੌਂਸਲ ਬਸੀ ਪਠਾਨਾਂ ਦੇ 15 ਵਾਰਡਾਂ ਵਿੱਚੋਂ ਆਮ ਆਦਮੀ ਪਾਰਟੀ ਦੇ 9 ਉਮੀਦਵਾਰ, ਬੀਜੇਪੀ ਦਾ 1 ਉਮੀਦਾਵਾਰ, ਸ਼੍ਰੋਮਣੀ ਅਕਾਲੀ ਦਲ ਦਾ 01 ਉਮੀਦਵਾਰ ਅਤੇ 04 ਅਜ਼ਾਦ ਉਮੀਦਵਾਰ ਜੇਤੂ ਰਹੇ ਹਨ। ਇਸ ਤੋਂ ਇਲਾਵਾ ਨਗਰ ਪੰਚਾਇਤ ਖਮਾਣੋਂ ਦੇ 13 ਵਾਰਡਾਂ ਵਿੱਚੋਂ ਆਮ ਆਦਮੀ ਪਾਰਟੀ ਦੇ 06 ਉਮੀਦਵਾਰ, ਕਾਂਗਰਸ ਦੇ 02 ਉਮੀਦਵਾਰ, ਸ਼੍ਰੋਮਣੀ ਅਕਾਲੀ ਦਲ ਦੇ 2 ਉਮੀਦਵਾਰ ਤੇ 3 ਅਜ਼ਾਦ ਉਮੀਦਵਾਰ ਜੇਤੂ ਰਹੇ ਹਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134
Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

## ਬੀ ਕੇ ਯੂ ਏਕਤਾ ਉਗਰਾਹਾਂ ਦੀ ਮੀਟਿੰਗ 2 ਨੂੰ



**ਦਿੜ੍ਹਬਾ (ਜਸਵੀਰ ਲਾਡੀ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਦਿੜ੍ਹਬਾ ਦੀ ਮੀਟਿੰਗ ਬਲਾਕ ਪ੍ਰਧਾਨ ਹਰਜੀਤ ਸਿੰਘ ਮਹਿਲਾ ਤੇ ਹਰਬੰਸ ਸਿੰਘ ਦਿੜ੍ਹਬਾ ਦੀ ਅਗਵਾਈ ਹੇਠ ਬੈਰਸੀਆਣਾ ਗੁਰੂ ਘਰ ਦਿੜ੍ਹਬਾ ਵਿਖੇ ਕੀਤੀ ਗਈ। ਜ਼ਿਲ੍ਹਾ ਖ਼ਜ਼ਾਨਚੀ ਅਮਨਦੀਪ ਸਿੰਘ ਮਹਿਲਾਂ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। 2 ਜੂਨ ਨੂੰ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਪੰਜਾਬ ਦੇ ਸਾਰੇ ਡੀਸੀ ਦਫਤਰਾਂ ਅੱਗੇ ਧਰਨੇ ਦਿੱਤੇ ਜਾਣਗੇ, ਕਿਉਂਕਿ ਜਿਸ ਤਰੀਕੇ ਨਾਲ ਪਿਛਲੇ 10 ਦਿਨਾਂ ਵਿੱਚ ਵੱਡੀਆਂ ਕਾਰਪੋਰੇਟ ਸਰਮਾਏਦਾਰ ਤੇਲ ਕੰਪਨੀਆਂ ਨੂੰ ਮੁਨਾਫਾ ਦੇਣ ਦੀ ਨੀਅਤ ਨਾਲ ਸਰਕਾਰ ਨੇ ਡੀਜ਼ਲ ਤੇ ਪੈਟਰੋਲ ਦੇ ਲਗਭਗ 8 ਰੁਪਏ ਰੇਟ ਵਧਾ ਕੇ ਕਿਸਾਨਾਂ ਦਾ ਤੇ ਆਮ ਜਨਤਾ ਦਾ ਲੱਕ ਤੋੜ ਦਿੱਤਾ ਗਿਆ ਹੈ ਤੇ ਕਿਸਾਨਾਂ ਦੀ ਫਸਲ ਝੋਨੇ ਦਾ ਰੇਟ ਮਹਿਜ਼ 72 ਪੈਸੇ ਪ੍ਰਤੀ ਕਿਲੋ ਦੇ ਹਿਸਾਬ ਨਾਲ ਵਧਾ ਕੇ ਕਿਸਾਨਾਂ ਨਾਲ ਕੋਝਾ ਮਜ਼ਾਕ ਕੀਤਾ ਗਿਆ ਹੈ। ਬੀ ਬੀ ਐਮ ਬੀ ਦੀ ਪ੍ਰਬੰਧਕੀ ਮੈਨੇਜਮੈਂਟ ਵਿੱਚੋਂ ਪੰਜਾਬ ਅਤੇ ਹਰਿਆਣੇ ਦਾ ਹੱਕ ਬਹਾਲ ਕੀਤਾ ਜਾਵੇ, ਸਾਰੇ ਕਿਸਾਨਾਂ, ਮਜ਼ਦੂਰਾਂ ਦਾ ਪੂਰਨ ਤੌਰ 'ਤੇ ਕਰਜ਼ਾ ਮਾਫ ਕੀਤਾ ਜਾਵੇ ਤੇ 58 ਸਾਲ ਦੀ ਉਮਰ ਹੋਣ 'ਤੇ 10 ਹਜ਼ਾਰ ਮਹੀਨਾ ਪੈਨਸ਼ਨ ਦਿੱਤੀ ਜਾਵੇ, ਬੈਂਕਾਂ ਵਿੱਚ ਨਕਦੀ ਦੀ ਆ ਰਹੀ ਕਿੱਲਤ ਦੂਰ ਕੀਤੀ ਜਾਵੇ, ਤੇ ਕਾਰਪੋਰੇਟਵ ਬੈਂਕਾਂ (ਅਦਾਰਿਆਂ) ਵਿੱਚ ਵਨ ਟਾਈਮ ਸੈਟਲਮੈਂਟ ਸਕੀਮ ਚਾਲੂ ਕੀਤੀ ਜਾਵੇ, ਯੂਰੀਆ ਤੇ ਡੀਏਪੀ ਖਾਦ ਦੀ ਸਪਲਾਈ ਯਕੀਨੀ ਬਣਾਉਣਾ ਤੇ ਡੀਜ਼ਲ ਦੀਆਂ ਵਧੀਆਂ ਕੀਮਤਾਂ ਵਾਪਸ ਲਈਆਂ ਜਾਣ ਅਤੇ ਕੇਂਦਰ ਸਰਕਾਰ ਵੱਲੋਂ ਐਮਐਸਪੀ ਦਾ ਨਿਗੂਣਾ ਵਾਧਾ ਰੱਦ ਕਰਕੇ ਸਾਰੀਆਂ ਫ਼ਸਲਾਂ ਤੇ 32 +50% ਫਾਰਮੂਲੇ ਮੁਤਾਬਕ ਖਰੀਦ ਦਾ ਗਰੰਟੀ ਕਾਨੂੰਨ ਬਣਾਇਆ ਜਾਵੇ ਅਤੇ ਪੰਜਾਬ ਸਰਕਾਰ ਵੱਲੋਂ ਨਵਾਂ ਹੱਦ ਕਰਜ਼ਾ ਤੁਰੰਤ ਲਾਗੂ ਕਰਨਾ ਦਾ ਰਜਿਸਟਰਾਰ ਸਰਕਾਰੀ ਸਭਾ ਨੇ 15 ਮਈ ਤੱਕ ਕਰਨ ਦਾ ਵਾਅਦਾ ਕੀਤਾ ਸੀ, ਪਰ ਅਜੇ ਤੱਕ ਨੋਟੀਫਿਕੇਸ਼ਨ ਨਹੀਂ ਆਇਆ ਤੇ ਹੋਰ ਮੰਗਾਂ ਦੇ ਸਬੰਧ ਵਿੱਚ ਡੀਸੀ ਦਫ਼ਤਰ ਸੰਗਰੂਰ ਅੱਗੇ 2 ਜੂਨ ਧਰਨਾ ਦੇ ਕੇ ਮੰਗ ਪੱਤਰ ਦਿੱਤਾ ਜਾਵੇਗਾ।

## ਡਾ. ਦੀਪਕ ਸਿੰਗਲਾ ਦੀ ਕਿਤਾਬ 'ਰਤਨੋ ਕਾ ਰਹੱਸ' ਰਿਲੀਜ਼



ਚੰਡੀਗੜ੍ਹ-ਉੱਘੇ ਵੈਦਿਕ ਜੋਤਸ਼ੀ, ਰਤਨ ਵਿਗਿਆਨ ਮਾਹਰ, ਵਾਸਤੂ ਸਲਾਹਕਾਰ, ਅਤੇ ਅਧਿਆਤਮਿਕ ਹੀਲਰ ਡਾ. ਦੀਪਕ ਸਿੰਗਲਾ ਦੀ ਕਿਤਾਬ 'ਰਤਨੋ ਕਾ ਰਹੱਸ' ਦੀ ਚੇਅਰਮੈਨ ਪੰਜਾਬ ਮਨੁੱਖੀ ਅਧਿਕਾਰ ਕਮਿਸ਼ਨ ਜਸਟਿਸ ਸੰਤ ਪ੍ਰਕਾਸ਼ ਵੱਲੋਂ ਘੁੰਡ ਚੁਕਾਈ ਕੀਤੀ ਗਈ।

ਜ਼ਿਕਰਯੋਗ ਹੈ ਕਿ ਸਾਲਾਂ ਦੇ ਤਜ਼ਰਬੇ ਨਾਲ, ਡਾ. ਦੀਪਕ ਸਿੰਗਲਾ ਲੋਕਾਂ ਨੂੰ ਰੋਜ਼ਾਨਾ ਜੀਵਨ ਵਿੱਚ ਗ੍ਰਹਿ ਊਰਜਾਵਾਂ ਦੇ ਪ੍ਰਭਾਵ ਨੂੰ ਸਮਝਣ ਵਿੱਚ ਮਦਦ ਕਰ ਰਹੇ ਹਨ।ਇਹ ਦੱਸਣਾ ਜ਼ਰੂਰੀ ਹੈ ਕਿ 'ਰਤਨੋ ਕਾ ਰਹੱਸ' ਪੁਸਤਕ ਪਾਠਕਾਂ ਨੂੰ ਰਤਨ ਪੱਥਰਾਂ, ਗ੍ਰਹਿ ਊਰਜਾਵਾਂ ਦੀ ਦਿਲਚਸਪ ਦੁਨੀਆ ਅਤੇ ਸਧਾਰਨ ਉਪਾਵਾਂ, ਜੋ ਕਰੀਅਰ, ਸਿਹਤ, ਪਰਸਪਰ ਸਬੰਧਾਂ ਅਤੇ ਖੁਸ਼ਹਾਲੀ ਨਾਲ ਸਬੰਧਤ ਜੀਵਨ ਦੀਆਂ ਚੁਣੌਤੀਆਂ ਨੂੰ ਦੂਰ ਕਰਨ ਵਿੱਚ ਮਦਦ ਕਰ ਸਕਦੇ ਹਨ, ਨਾਲ ਰੂ-ਬ-ਰੂ ਕਰਵਾਉਂਦੀ ਹੈ।

## ਫੈਕਟਰੀ ਦੀ ਕੰਧ ਟੱਪ ਕੇ ਆਏ ਚੋਰਾਂ ਨੂੰ ਸਕਿਉਰਟੀ ਗਾਰਡਾਂ ਨੇ ਫ਼ਿਲਮੀ ਸਟਾਈਲ 'ਚ ਦਬੋਚਿਆ



**ਡੇਰਾਬੱਸੀ (ਵਿਨੈ ਕੁਮਾਰ ਜੈਨ)**-ਬਰਵਾਲਾ ਰੋਡ ਸਥਿਤ ਪਿੰਡ ਕੂੜਾਵਾਲਾ ਦੀ ਵਿਨਸਮ ਯਾਰਨ ਫੈਕਟਰੀ ਵਿੱਚ ਦਿਨ-ਦਿਹਾੜੇ ਕੰਧ ਟੱਪ ਕੇ ਅੰਦਰ ਵੜੇ ਚੋਰਾਂ ਦੇ ਇੱਕ ਗਿਰੋਹ ਨੂੰ ਫੈਕਟਰੀ ਦੇ ਮੁਸਤੈਦ ਸਕਿਉਰਟੀ ਸਟਾਫ਼ ਨੇ ਫ਼ਿਲਮੀ ਸਟਾਈਲ ਵਿੱਚ ਘੇਰ ਕੇ ਕਾਬੂ ਕਰ ਲਿਆ। ਚੋਰ ਫੈਕਟਰੀ ਦੀਆਂ ਮਸ਼ੀਨਾਂ ਵਿੱਚੋਂ ਕੀਮਤੀ ਤਾਂਬੇ ਦੀਆਂ ਤਾਰਾਂ ਕੱਟ ਕੇ ਰਫ਼ੂਚੱਕਰ ਹੋਣ ਦੀ ਫ਼ਿਰਾਕ ਵਿੱਚ ਸਨ, ਪਰ ਸਕਿਉਰਟੀ ਸੁਪਰਵਾਈਜ਼ਰ ਦੀ ਹੁਸ਼ਿਆਰੀ ਨੇ ਉਨ੍ਹਾਂ ਦੇ ਮਨਸੂਬਿਆਂ 'ਤੇ ਪਾਣੀ ਫੇਰ ਦਿੱਤਾ। ਪੁਲਿਸ ਨੇ ਮੌਕੇ 'ਤੇ ਪਹੁੰਚ ਕੇ ਦੋਵਾਂ ਚੋਰਾਂ ਨੂੰ ਗ੍ਰਿਫ਼ਤਾਰ ਕਰਕੇ ਜੇਲ੍ਹ ਭੇਜ ਦਿੱਤਾ ਹੈ।

ਇਹ ਸਾਰੀ ਘਟਨਾ ਦੁਪਹਿਰ ਵੇਲੇ ਵਾਪਰੀ। ਫੈਕਟਰੀ ਦੇ ਸਕਿਉਰਟੀ ਸੁਪਰਵਾਈਜ਼ਰ ਦਵਿੰਦਰ ਸਿੰਘ ਨੇ ਦੱਸਿਆ ਕਿ ਉਹ ਦੁਪਹਿਰ ਦਾ ਖਾਣਾ ਖਾ ਕੇ ਬਿਲਡਿੰਗ ਦੀ ਉੱਪਰਲੀ ਮੰਜ਼ਿਲ 'ਤੇ ਮੌਜੂਦ ਸੀ। ਅਚਾਨਕ ਉਸ ਦੀ ਨਜ਼ਰ ਫੈਕਟਰੀ ਦੇ ਅੰਦਰ ਘੁੰਮ ਰਹੇ ਦੋ ਸ਼ੱਕੀ ਨੌਜਵਾਨਾਂ 'ਤੇ ਪਈ, ਜਿਨ੍ਹਾਂ ਦੇ ਹੱਥਾਂ ਵਿੱਚ ਤਾਰਾਂ ਦੇ ਟੁਕੜੇ ਸਨ ਤੇ ਉਹ ਬੜੀ ਚਲਾਕੀ ਨਾਲ ਗੇਟ ਵੱਲ ਵਧ ਰਹੇ ਸਨ। ?ਖ਼ਤਰੇ ਨੂੰ ਭਾਂਪਦਿਆਂ ਸੁਪਰਵਾਈਜ਼ਰ ਨੇ ਬਿਨਾਂ ਸਮਾਂ ਗਵਾਏ ਹੇਠਾਂ ਮੌਜੂਦ ਸਕਿਉਰਟੀ ਗਾਰਡਾਂ ਨੂੰ ਅਲਰਟ ਕੀਤਾ। ਸੁਰੱਖਿਆ ਕਰਮੀਆਂ ਨੇ ਮੁਸਤੈਦੀ ਦਿਖਾਉਂਦੇ ਹੋਏ ਦੋਵਾਂ ਚੋਰਾਂ ਨੂੰ ਚਾਰੋਂ ਪਾਸਿਓਂ ਘੇਰ ਕੇ ਮੌਕੇ 'ਤੇ ਹੀ ਦਬੋਚ ਲਿਆ ਅਤੇ ਉਨ੍ਹਾਂ ਨੂੰ ਭੱਜਣ ਦਾ ਮੌਕਾ ਤੱਕ ਨਹੀਂ ਮਿਲਿਆ। ਸਕਿਉਰਟੀ ਸਟਾਫ਼ ਵੱਲੋਂ ਸਖ਼ਤੀ ਨਾਲ ਕੀਤੀ ਪੁੱਛਗਿੱਛ ਦੌਰਾਨ ਮੁਲਜ਼ਮਾਂ ਨੇ ਕਬੂਲਿਆ ਕਿ ਉਹ ਫੈਕਟਰੀ ਦੀ ਕੰਧ ਟੱਪ ਕੇ ਅੰਦਰ ਵੜੇ ਸਨ ਤੇ ਉਨ੍ਹਾਂ ਨੇ ਮਸ਼ੀਨਾਂ ਦੀਆਂ ਕੀਮਤੀ ਤਾਂਬੇ ਦੀਆਂ ਤਾਰਾਂ ਕੱਟੀਆਂ ਸਨ। ਮੁਲਜ਼ਮਾਂ ਕੋਲੋਂ ਮਸ਼ੀਨਾਂ ਦੀਆਂ ਕੱਟੀਆਂ ਹੋਈਆਂ ਤਾਰਾਂ ਦੇ ਦੋ ਥੈਲੇ ਵੀ ਬਰਾਮਦ ਹੋਏ ਹਨ। ?ਫੈਕਟਰੀ ਪ੍ਰਬੰਧਕਾਂ ਦੀ ਸੂਚਨਾ 'ਤੇ ਏ ਐੱਸ ਆਈ ਦਿਲਬਾਗ ਸਿੰਘ ਦੀ ਅਗਵਾਈ ਵਿੱਚ ਪਹੁੰਚੀ ਪੁਲਿਸ ਪਾਰਟੀ ਨੇ ਦੋਵਾਂ ਮੁਲਜ਼ਮਾਂ ਨੂੰ ਹਿਰਾਸਤ ਵਿੱਚ ਲੈ ਲਿਆ।ਮੁਲਜ਼ਮਾਂ ਦੀ ਪਛਾਣ ਜਸਵਿੰਦਰ ਸਿੰਘ ਵਾਸੀ ਫਿਰੋਜ਼ਪੁਰ (ਹਾਲ ਵਾਸੀ: ਨੇੜੇ ਸਬਜ਼ੀ ਮੰਡੀ, ਡੇਰਾਬੱਸੀ), ?ਰਾਹੁਲ ਕੁਮਾਰ ਵਾਸੀ ਡੇਰਾਬੱਸੀ ਵਜੋਂ ਹੋਈ ਹੈ। ?ਪੁਲਿਸ ਵੱਲੋਂ ਦੋਵਾਂ ਮੁਲਜ਼ਮਾਂ ਨੂੰ ਅਦਾਲਤ ਵਿੱਚ ਪੇਸ਼ ਕੀਤਾ ਗਿਆ, ਅਦਾਲਤ ਨੇ ਉਨ੍ਹਾਂ ਨੂੰ ਨਿਆਇਕ ਹਿਰਾਸਤ ਵਿੱਚ ਭੇਜ ਦਿੱਤਾ ਹੈ।

## ਸਮਾਜ ਸੇਵੀ ਭਾਨ ਸਿੰਘ ਜੱਸੀ ਵੱਲੋਂ ਕੈਂਸਰ ਪੀੜਤਾ ਦੀ ਵਿੱਤੀ ਮਦਦ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਮਾਂਗੇਵਾਲ ਵਿਖੇ ਬੀਤੇ ਸਮੇਂ ਤੋਂ ਕੈਂਸਰ ਵਰਗੀ ਨਾਮੁਰਾਦ ਬਿਮਾਰੀ ਨਾਲ ਜੂਝ ਰਹੀ ਮੁਸਲਿਮ ਭਾਈਚਾਰੇ ਨਾਲ ਸੰਬੰਧਤ ਭੈਣ ਸਲਮਾ ਬੇਗਮ ਦੀ ਮਦਦ ਲਈ ਸਮਾਜ ਸੇਵੀ ਭਾਨ ਸਿੰਘ ਜੱਸੀ ਵੱਲੋਂ ਮਨੁੱਖਤਾ ਦਾ ਫਰਜ਼ ਨਿਭਾਉਂਦਿਆਂ 5 ਹਜ਼ਾਰ ਰੁਪਏ ਦੀ ਆਰਥਿਕ ਸਹਾਇਤਾ ਪ੍ਰਦਾਨ ਕੀਤੀ ਗਈ।ਜਾਣਕਾਰੀ ਅਨੁਸਾਰ ਸਲਮਾ ਬੇਗਮ ਪਿਛਲੇ ਕਾਫੀ ਸਮੇਂ ਤੋਂ ਕੈਂਸਰ ਦੀ ਭਿਆਨਕ ਬਿਮਾਰੀ ਨਾਲ ਪੀੜਤ ਹੈ ਤੇ ਪਰਵਾਰ ਦੀ ਆਰਥਿਕ ਹਾਲਤ ਕਮਜ਼ੋਰ ਹੋਣ ਕਾਰਨ ਇਲਾਜ ਕਰਵਾਉਣ ਵਿੱਚ ਕਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਇਸ ਦੌਰਾਨ ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਪੀੜਤ ਪਰਵਾਰ ਨਾਲ ਹਮਦਰਦੀ ਜਤਾਉਂਦਿਆਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਗਰੀਬ ਤੇ ਲੋੜਵੰਦ ਪਰਵਾਰਾਂ ਲਈ ਗੰਭੀਰ ਬਿਮਾਰੀਆਂ ਦਾ ਮਹਿੰਗਾ ਇਲਾਜ ਕਰਵਾਉਣਾ ਵੱਸ ਦੀ ਗੱਲ ਨਹੀਂ ਰਿਹਾ।ਉਨ੍ਹਾਂ ਕਿਹਾ ਕਿ ਸਮਾਜ ਦੇ ਸਮਰੱਥ ਲੋਕਾਂ ਨੂੰ ਅਜਿਹੇ ਲੋੜਵੰਦ ਪਰਵਾਰਾਂ ਦੀ ਮਦਦ ਲਈ ਅੱਗੇ ਆਉਣਾ ਚਾਹੀਦਾ ਹੈ ਤਾਂ ਜੋ ਮਨੁੱਖਤਾ ਦੀ ਸੇਵਾ ਦਾ ਫਰਜ਼ ਨਿਭਾਇਆ ਜਾ ਸਕੇ।ਉਨ੍ਹਾਂ ਸਮੂਹ ਦਾਨੀ ਸੱਜਣਾਂ ਤੇ ਸਮਾਜ ਸੇਵੀ ਸੰਸਥਾਵਾਂ ਨੂੰ ਅਪੀਲ ਕੀਤੀ ਕਿ ਕੈਂਸਰ ਪੀੜਤਾ ਸਲਮਾ ਬੇਗਮ ਦੀ ਇਲਾਜ ਲਈ ਵੱਧ ਤੋਂ ਵੱਧ ਸਹਾਇਤਾ ਕੀਤੀ ਜਾਵੇ ਤਾਂ ਜੋ ਉਸ ਦਾ ਇਲਾਜ ਸਹੀ ਢੰਗ ਨਾਲ ਹੋ ਸਕੇ ਤੇ ਉਹ ਤੰਦਰੁਸਤ ਜੀਵਨ ਵੱਲ ਵਾਪਸ ਮੁੜ ਸਕੇ।ਇਸ ਮੌਕੇ ਗੁਰਮੇਲ ਸਿੰਘ ਮਾਂਗੇਵਾਲ, ਪੰਚ ਦਲਜੀਤ ਸਿੰਘ, ਪੰਚ ਜਗਸੀਰ ਸਿੰਘ, ਪੰਚ ਡਾਕਟਰ ਕੇਵਲ ਸਿੰਘ, ਸੋਨੀ ਮਾਂਗੇਵਾਲ, ਜਗਸੀਰ ਸਿੰਘ ਸੀਰਾ, ਵਰਿੰਦਰ ਸਿੰਘ ਵਿੱਕੀ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

## ਵਾਰਡ ਨੰਬਰ 16 ਤੋਂ ਆਜ਼ਾਦ ਪੁਸ਼ਪਾ ਰਾਣੀ ਤਾਇਲ ਜੇਤੂ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਸ਼ਹਿਰ ਦੀ ਰਾਜਨੀਤੀ ਦਾ ਮੁੱਖ ਕੇਂਦਰ ਬਿੰਦੂ ਬਣੇ ਵਾਰਡ ਨੰਬਰ 14 ਤੇ ਵਾਰਡ ਨੰਬਰ 16 ਵਿੱਚ ਸਭ ਦੀਆਂ ਨਜ਼ਰਾਂ ਟਿਕੀਆਂ ਹੋਈਆਂ ਸਨ। ਇਨ੍ਹਾਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਤੋਂ ਬਾਗੀ ਹੋ ਕੇ ਆਜ਼ਾਦ ਚੋਣ ਲੜਨ ਵਾਲੇ ਤਾਇਲ ਜੋੜੇ ਵਿੱਚੋਂ ਸੰਦੀਪ ਤਾਇਲ ਦੀ ਪਤਨੀ ਪੁਸ਼ਪਾ ਰਾਣੀ ਤਾਇਲ ਨੇ ਵਾਰਡ ਨੰਬਰ 16 ਤੋਂ ਸ਼ਾਨਦਾਰ ਜਿੱਤ ਹਾਸਲ ਕਰਦਿਆਂ 'ਆਪ' ਦੇ ਉਮੀਦਵਾਰ ਦੀਪਕ ਬਾਂਸਲ ਨੂੰ 193 ਵੋਟਾਂ ਦੇ ਵੱਡੇ ਫ਼ਰਕ ਨਾਲ ਮਾਤ ਦਿੱਤੀ ਹੈ। ਜ਼ਿਕਰਯੋਗ ਹੈ ਕਿ ਨਗਰ ਕੌਂਸਲ ਦੇ ਤਤਕਾਲੀ ਪ੍ਰਧਾਨ ਪੁਸ਼ਪਾ ਰਾਣੀ ਤਾਇਲ ਤੇ ਉਨ੍ਹਾਂ ਦੇ ਪਤੀ ਸੰਦੀਪ ਤਾਇਲ ਪੰਜਾਬ ਵਿੱਚ ਹੋਏ ਸੱਤਾ ਪਰਿਵਰਤਨ ਤੋਂ ਬਾਅਦ ਕਾਂਗਰਸ ਪਾਰਟੀ ਨੂੰ ਅਲਵਿਦਾ ਕਹਿ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ ਸਨ।ਹਾਲ ਹੀ ਵਿੱਚ ਹੋਈਆਂ ਨਗਰ ਕੌਂਸਲ ਚੋਣਾਂ ਦੌਰਾਨ ਤਾਇਲ ਪਰਿਵਾਰ ਵੱਲੋਂ ਵਾਰਡ ਨੰਬਰ 14 ਤੇ 16 ਤੋਂ ਚੋਣ ਟਿਕਟ ਦੀ ਮੰਗ ਕੀਤੀ ਜਾ ਰਹੀ ਸੀ।ਪਾਰਟੀ ਵੱਲੋਂ ਦੋਵਾਂ ਵਾਰਡਾਂ ਤੋਂ ਟਿਕਟ ਨਾ ਦਿੱਤੇ ਜਾਣ ਕਾਰਨ ਨਾਰਾਜ਼ ਹੋ ਕੇ ਇਸ ਜੋੜੇ ਨੇ ਬਗਾਵਤ ਦਾ ਬਿਗਲ ਵਜਾ ਦਿੱਤਾ ਤੇ ਆਜ਼ਾਦ ਉਮੀਦਵਾਰ ਵਜੋਂ ਮੈਦਾਨ ਵਿੱਚ ਨਿੱਤਰੇ।ਇਸ ਹਾਈ-ਪ੍ਰੋਫਾਈਲ ਮੁਕਾਬਲੇ ਕਾਰਨ ਪੂਰੇ ਧੂਰੀ ਸ਼ਹਿਰ ਦੇ ਲੋਕਾਂ ਦੀਆਂ ਨਜ਼ਰਾਂ ਇਨ੍ਹਾਂ ਦੋਵਾਂ ਸੀਟਾਂ ਦੇ ਨਤੀਜਿਆਂ 'ਤੇ ਟਿਕੀਆਂ ਹੋਈਆਂ ਸਨ।ਭਾਵੇਂਕਿ ਸਾਬਕਾ ਪ੍ਰਧਾਨ ਸੰਦੀਪ ਤਾਇਲ ਵਾਰਡ ਨੰਬਰ 14 ਤੋਂ ਆਮ ਆਦਮੀ ਪਾਰਟੀ ਦੇ ਸੰਦੀਪ ਬਾਂਸਲ ਤੋਂ ਕਰੀਬ 481 ਵੋਟਾਂ ਦੇ ਫ਼ਰਕ ਨਾਲ ਹਾਰ ਗਏ, ਪਰ ਵਾਰਡ ਨੰਬਰ 16 ਤੋਂ ਉਨ੍ਹਾਂ ਦੀ ਧਰਮਪਤਨੀ ਪੁਸ਼ਪਾ ਰਾਣੀ ਤਾਇਲ ਕਰੀਬ 193 ਵੋਟਾਂ ਦੇ ਫ਼ਰਕ ਨਾਲ ਜੇਤੂ ਰਹੇ।

# ਨਗਰ ਕੌਂਸਲ ਬੰਗਾ ਚੋਣਾਂ 'ਚ 'ਆਪ' ਨੂੰ ਬਹੁਮਤ, ਕਾਂਗਰਸ ਖਾਤਾ ਵੀ ਨਾ ਖੋਲ੍ਹ ਸਕੀ



ਬੰਗਾ (ਅਵਤਾਰ ਕਲੇਰ)-ਨਗਰ ਕੌਂਸਲ ਬੰਗਾ ਦੇ ਨਤੀਜੇ ਬੜੇ ਹੈਰਾਨੀਜਨਕ ਆਏ ਹਨ। ਬੰਗਾ ਨਗਰ ਕੌਂਸਲ ਦੇ 15 ਵਾਰਡਾਂ ਵਿੱਚ ਕੁੱਲ 52 ਉਮੀਦਵਾਰ ਚੋਣ ਮੈਦਾਨ ਵਿੱਚ ਸਨ। ਕਾਂਗਰਸ ਵੱਲੋਂ 15 ਦੇ 15 ਵਾਰਡਾਂ ਵਿੱਚ ਉਮੀਦਵਾਰ ਖੜੇ ਕੀਤੇ ਗਏ ਹਨ, ਜਦਕਿ ਆਮ ਆਦਮੀ ਪਾਰਟੀ ਵੱਲੋਂ 14, ਸ਼੍ਰੋਮਣੀ ਅਕਾਲੀ ਦਲ ਵੱਲੋਂ 9, ਭਾਰਤੀ ਜਨਤਾ ਪਾਰਟੀ ਵੱਲੋਂ 3 ਅਤੇ ਬਹੁਜਨ ਸਮਾਜ ਪਾਰਟੀ ਵੱਲੋਂ 2 ਉਮੀਦਵਾਰ ਮੈਦਾਨ ਵਿੱਚ ਸਨ। ਇਸ ਤੋਂ ਇਲਾਵਾ 9 ਆਜ਼ਾਦ ਉਮੀਦਵਾਰ ਵੀ ਆਪਣੀ ਕਿਸਮਤ ਅਜ਼ਮਾ ਰਹੇ ਸਨ। ਘੋਸ਼ਿਤ ਕੀਤੇ ਨਤੀਜਿਆਂ ਵਿੱਚ ਆਮ ਆਦਮੀ ਪਾਰਟੀ ਦੇ 10, ਸ਼੍ਰੋਮਣੀ ਅਕਾਲੀ ਦਲ 1, ਭਾਜਪਾ 1, ਬਹੁਜਨ ਸਮਾਜ ਪਾਰਟੀ 1, ਅਤੇ 2 ਅਜ਼ਾਦ ਉਮੀਦਵਾਰ ਜੇਤੂ ਰਹੇ। ਪਿਛਲੀ ਚੋਣ ਵੇਲੇ ਪੰਜ ਸੀਟਾਂ ਜਿੱਤਣ ਵਾਲੀ ਕਾਂਗਰਸ ਪਾਰਟੀ ਇਸ ਵਾਰ ਖਾਤਾ ਵੀ ਨਾ ਖੋਲ੍ਹ ਸਕੀ।ਵਾਰਡ ਨੰਬਰ 1 ਕਾਂਗਰਸ ਪਾਰਟੀ ਦੀ ਪਰਮਜੀਤ ਕੌਰ ਨੂੰ 155, ਆਮ ਆਦਮੀ ਪਾਰਟੀ ਦੀ ਵੰਦਨਾ ਨੂੰ 280 ਤੇ ਸ਼੍ਰੋਮਣੀ ਅਕਾਲੀ ਦਲ ਦੀ ਸਰਬਜੀਤ ਕੌਰ ਨੂੰ 16 ਵੋਟਾਂ ਮਿਲੀਆਂ ਜਿਸ ਵਿੱਚ ਜਿੱਤ ਦਾ ਸਿਹਰਾ ਆਮ ਆਦਮੀ ਪਾਰਟੀ ਦੀ ਬੰਦਨਾ ਦੇ ਸਿਰ ਸਜਿਆ। ਵਾਰਡ ਨੰਬਰ 2 ਕਾਂਗਰਸ ਦੇ ਸ਼ੰਕਰ ਦਾਸ ਨੂੰ 80, ਆਮ ਆਦਮੀ ਪਾਰਟੀ ਦੇ ਮੁਕੇਸ਼ ਕੁਮਾਰ ਘਈ ਨੂੰ 214 ਤੇ ਆਜ਼ਾਦ ਉਮੀਦਵਾਰ ਹਿੰਮਤ ਤੇਜਪਾਲ ਨੂੰ 308 ਵੋਟਾਂ ਪਈਆਂ। ਵਾਰਡ ਨੰਬਰ 3 ਕਾਂਗਰਸ ਦੀ ਬਲਵੀਰ ਕੌਰ ਨੂੰ 10, ਆਮ ਆਦਮੀ ਪਾਰਟੀ ਦੀ ਰਾਜਵਿੰਦਰ ਕੌਰ ਨੂੰ 201 ਤੇ ਆਜ਼ਾਦ ਉਮੀਦਵਾਰ ਛਾਇਆ ਰਾਣੀ ਨੂੰ 133, ਵਾਰਡ ਨੰਬਰ 4 ਕਾਂਗਰਸ ਦੇ ਪ੍ਰਮੋਦ ਕੁਮਾਰ ਨੂੰ 36. ਆਮ ਆਦਮੀ ਪਾਰਟੀ ਦੇ ਅੰਮ੍ਰਿਤ ਸਿੰਘ ਨੂੰ 373 ਅਤੇ ਸ਼੍ਰੋਮਣੀ ਅਕਾਲੀ ਦਲ ਦੇ ਜਸਵਿੰਦਰ ਸਿੰਘ ਮਾਨ ਨੂੰ 498, ਵਾਰਡ ਨੰਬਰ 5 ਕਾਂਗਰਸ ਦੀ ਸੁਖਜਿੰਦਰ ਕੌਰ ਨੂੰ 8, ਆਮ ਆਦਮੀ ਪਾਰਟੀ ਦੀ ਰੇਨੂੰ ਬਾਲਾ ਨੂੰ 305 ਅਤੇ ਭਾਜਪਾ ਦੀ ਅਨੀਤਾ ਖੋਸਲਾ ਨੂੰ 382, ਵਾਰਡ ਨੰਬਰ 6 ਕਾਂਗਰਸ ਦੇ ਜਗਦੀਸ਼ ਲਾਲ ਨੂੰ 218, ਆਮ ਆਦਮੀ ਪਾਰਟੀ ਦੀ ਮੋਨਿਕਾ ਵਾਲੀਆ ਨੂੰ 322, ਭਾਜਪਾ ਦੇ ਨਰੇਸ਼ ਕੁਮਾਰ ਸ਼ਰਮਾ ਨੂੰ 76, ਸ਼੍ਰੋਮਣੀ ਅਕਾਲੀ ਦਲ ਦੇ ਪਰਮਜੀਤ ਸਿੰਘ ਪੰਮਾ ਨੂੰ 62 ਤੇ ਆਜ਼ਾਦ ਉਮੀਦਵਾਰ ਸੁਰਿੰਦਰ ਕੁਮਾਰ ਨੂੰ 108, ਵਾਰਡ ਨੰਬਰ 7 ਕਾਂਗਰਸ ਦੀ ਬਲਵੀਰ ਕੌਰ ਨੂੰ 100, ਆਮ ਆਦਮੀ ਪਾਰਟੀ ਦੀ ਰਾਜ ਕੁਮਾਰੀ ਨੂੰ 256, ਸ਼੍ਰੋਮਣੀ ਅਕਾਲੀ ਦਲ ਦੀ ਰਮੇਸ਼ ਕੁਮਾਰੀ ਭਾਟੀਆ ਨੂੰ 191, ਬਸਪਾ ਦੀ ਰਵਿੰਦਰ ਮਹਿਮੀ ਨੂੰ 125 ਅਤੇ ਆਜ਼ਾਦ ਉਮੀਦਵਾਰ ਨਿਰਮਲਾ ਦੇਵੀ ਨੂੰ 75 ਵੋਟਾਂ ਪਈਆਂ। ਵਾਰਡ ਨੰਬਰ 8 ਕਾਂਗਰਸ ਦੀ ਰਸ਼ਪਾਲ ਕੌਰ ਨੂੰ 218, ਆਮ ਆਦਮੀ ਪਾਰਟੀ ਦੇ ਬਲਜੀਤ ਕੁਮਾਰ ਨੂੰ 118, ਸ਼੍ਰੋਮਣੀ ਅਕਾਲੀ ਦਲ ਦੇ ਜੀਤ ਸਿੰਘ ਭਾਟੀਆ ਨੂੰ 50 ਅਤੇ ਬਸਪਾ ਦੇ ਹਰਜਿੰਦਰ ਕੁਮਾਰ ਸੋਨੂੰ ਨੂੰ 247, ਵਾਰਡ ਨੰਬਰ 9 ਕਾਂਗਰਸ ਦੇ ਮਨਜਿੰਦਰ ਮੋਹਨ ਨੂੰ 343, ਆਮ ਆਦਮੀ ਪਾਰਟੀ ਦੇ ਅਮਰੀਕ ਸਿੰਘ ਸੋਨੀ ਨੂੰ 348 ਅਤੇ ਸ਼੍ਰੋਮਣੀ ਅਕਾਲੀ ਦਲ ਦੀ ਤਲਵਿੰਦਰ ਕੌਰ ਨੂੰ 184 ਵੋਟਾਂ ਪਈਆਂ। ਵਾਰਡ ਨੰਬਰ 10 ਕਾਂਗਰਸ ਦੇ ਹਰਬੰਸ ਸਿੰਘ ਨੂੰ 150 , ਆਮ ਆਦਮੀ ਪਾਰਟੀ ਦੇ ਲਵਲੀਨ ਸੁੰਡਾ ਨੂੰ 516 ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸੁੱਚਾ ਰਾਮ ਨੂੰ 56, ਵਾਰਡ ਨੰਬਰ 11

ਕਾਂਗਰਸ ਦੀ ਮੀਨੂੰ ਨੂੰ 78 ਅਤੇ ਆਜ਼ਾਦ ਉਮੀਦਵਾਰ ਕਵਿਤਾ ਅੱਬੀ ਪਤਨੀ ਪ੍ਰਵੀਨ ਅੱਬੀ (ਪੱਤਰਕਾਰ) ਨੂੰ 467 ਵੋਟਾਂ ਪਈਆਂ। ਵਾਰਡ ਨੰਬਰ 12 ਕਾਂਗਰਸ ਦੀ ਨੀਨਾ ਸ਼ਰਮਾ ਨੂੰ 52, ਆਮ ਆਦਮੀ ਪਾਰਟੀ ਦੇ ਮਨਜੀਤ ਸਿੰਘ ਬੱਬਲ ਨੂੰ 273 ਅਤੇ ਆਜ਼ਾਦ ਉਮੀਦਵਾਰ ਸੰਜੀਵ ਮੋਹਣ ਨੂੰ 129, ਵਾਰਡ ਨੰਬਰ 13 ਕਾਂਗਰਸ ਦੀ ਕੀਮਤੀ ਸੱਦੀ ਨੂੰ 248, ਆਮ ਆਦਮੀ ਪਾਰਟੀ ਦੀ ਮੀਨੂੰ ਨੂੰ 316 ਅਤੇ ਭਾਜਪਾ ਦੀ ਕੁਸਮ ਬਡਿਆਲ ਨੂੰ 203 ਵੋਟਾਂ ਪਈਆਂ। ਵਾਰਡ ਨੰਬਰ 14 ਕਾਂਗਰਸ ਦੇ ਲੈਂਹਿਬਰ ਰਾਮ ਚੁੰਬਰ ਨੂੰ 116, ਆਮ ਆਦਮੀ ਪਾਰਟੀ ਦੇ ਨਰਿੰਦਰਜੀਤ ਰੱਤੂ ਨੂੰ 463, ਸ਼੍ਰੋਮਣੀ ਅਕਾਲੀ ਦਲ ਦੇ ਸੁਰਿੰਦਰ ਕੁਮਾਰ ਨੂੰ 37 ਅਤੇ ਆਜ਼ਾਦ ਉਮੀਦਵਾਰ ਸੁਰਿੰਦਰ ਕੁਮਾਰ ਨੂੰ 204 ਤੇ ਬਹਾਦਰ ਸਿੰਘ ਨੂੰ 43 ਵੋਟਾਂ ਪਈਆਂ। ਵਾਰਡ ਨੰਬਰ 15 ਕਾਂਗਰਸ ਦੀ ਗੀਤਾ ਦੇਵੀ ਨੂੰ 113, ਆਮ ਆਦਮੀ ਪਾਰਟੀ ਦੀ ਮੀਨਾ ਕੁਮਾਰੀ ਨੂੰ 152, ਸ਼੍ਰੋਮਣੀ ਅਕਾਲੀ ਦਲ ਦੀ ਆਸ਼ਾ ਰਾਣੀ ਨੂੰ 64 ਅਤੇ ਆਜ਼ਾਦ ਉਮੀਦਵਾਰ ਸਰੋਜ ਬਾਲਾ ਨੂੰ 131 ਵੋਟਾਂ ਪਈਆਂ। ਇਸ ਮੌਕੇ ਹਲਕਾ ਵਿਧਾਇਕ ਬੰਗਾ ਡਾ. ਸੁਖਵਿੰਦਰ ਕੁਮਾਰ ਸੁੱਖੀ ਨੇ ਸ਼ਹਿਰ ਵਾਸੀਆਂ ਦਾ ਧੰਨਵਾਦ ਕੀਤਾ।

## ਸਨਮਤੀ ਵਿਮਲ ਜੈਨ ਸਕੂਲ ਵੱਲੋਂ ਠੰਢੇ ਮਿੱਠੇ ਜਲ ਦੀ ਛਬੀਲ



**ਜਗਰਾਉਂ (ਸੰਜੀਵ ਅਰੋੜਾ, ਅਮਿਤ ਖੰਨਾ)**-ਪੰਜਵੇਂ ਪਾਤਸ਼ਾਹ ਸਾਹਿਬ ਸ਼੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਸਨਮਤੀ ਵਿਮਲ ਜੈਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਜਗਰਾਉਂ ਵੱਲੋਂ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਪਵਿੱਤਰ ਮੌਕੇ ਸਕੂਲ ਵਿਦਿਆਰਥੀਆਂ ਨੂੰ ਸੇਵਾ, ਸਿਮਰਨ ਤੇ ਮਨੁੱਖਤਾ ਦਾ ਸੁਨੇਹਾ ਦਿੱਤਾ ਗਿਆ। ਵਿਦਿਆਰਥੀਆਂ ਤੇ ਸਟਾਫ ਵੱਲੋਂ ਆਉਣ-ਜਾਣ ਵਾਲੇ ਲੋਕਾਂ ਨੂੰ ਸ਼ਰਧਾ ਭਾਵਨਾ ਨਾਲ ਛਬੀਲ ਵਰਤਾਈ ਗਈ। ਇਸ ਮੌਕੇ ਸਕੂਲ ਦੇ ਪ੍ਰਧਾਨ ਰਮੇਸ਼ ਜੈਨ, ਸੈਕਟਰੀ ਮਹਾਵੀਰ ਜੈਨ, ਪ੍ਰਿੰਸੀਪਲ ਮੈਡਮ ਸੁਪ੍ਰਿਆ ਖੁਰਾਨਾ ਤੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ। ਉਨ੍ਹਾਂ ਨੇ ਸ਼੍ਰੀ ਗੁਰੂ ਅਰਜਨ ਦੇਵ ਜੀ ਦੀ ਲਾਸਾਨੀ ਸ਼ਹਾਦਤ ਨੂੰ ਯਾਦ ਕਰਦਿਆਂ ਕਿਹਾ ਕਿ ਗੁਰੂ ਸਾਹਿਬ ਜੀ ਨੇ ਮਨੁੱਖਤਾ, ਸਹਿਨਸ਼ੀਲਤਾ ਤੇ ਸੇਵਾ ਦਾ ਜੋ ਸੰਦੇਸ਼ ਦਿੱਤਾ, ਉਹ ਅੱਜ ਵੀ ਸਾਨੂੰ ਇਨਸਾਨੀਅਤ ਦੇ ਰਾਹ 'ਤੇ ਤੁਰਨ ਲਈ ਪ੍ਰੇਰਿਤ ਕਰਦਾ ਹੈ। ਪ੍ਰਿੰਸੀਪਲ ਮੈਡਮ ਸੁਪ੍ਰਿਆ ਖੁਰਾਨਾ ਨੇ ਵਿਦਿਆਰਥੀਆਂ ਨੂੰ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਨਾਲ ਜੁੜਨ ਅਤੇ ਸਮਾਜ ਸੇਵਾ ਦੇ ਕਾਰਜਾਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਸਕੂਲ ਦੇ ਪ੍ਰਧਾਨ ਰਮੇਸ਼ ਜੈਨ ਸੈਕਟਰੀ ਮਹਾਵੀਰ ਜੈਨ ਨੇ ਕਿਹਾ ਕਿ ਅਜਿਹੇ ਧਾਰਮਿਕ ਤੇ ਸਮਾਜਿਕ ਉਪਰਾਲੇ ਬੱਚਿਆਂ ਵਿੱਚ ਸੇਵਾ ਭਾਵਨਾ ਤੇ ਸੰਸਕਾਰ ਪੈਦਾ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਇਸ ਮੌਕੇ ਸਕੂਲ ਦਾ ਸਮੂਹ ਸਟਾਫ ਤੇ ਵਿਦਿਆਰਥੀ ਵੱਡੀ ਗਿਣਤੀ ਵਿੱਚ ਮੌਜੂਦ ਰਹੇ। ਇਸ ਮੌਕੇ ਸਨੀ ਪਾਸੀ, ਸਰਬਜੀਤ ਸਿੰਘ, ਵਿਨੋਦ ਕੁਮਾਰ, ਮਨੀਸ਼ ਕੁਮਾਰ, ਮਨੋਜ ਚੱਢਾ, ਇੰਦਰਜੀਤ ਸਿੰਘ, ਬੇਅੰਤ ਸਿੰਘ, ਜਸਵੰਤ ਸਿੰਘ, ਹਰਜਿੰਦਰ ਸਿੰਘ, ਜਸਮਿੰਦਰ ਸਿੰਘ, ਕਮਲਜੀਤ ਸਿੰਘ, ਗੁਰਮੇਲ ਸਿੰਘ, ਵੀਰਪਾਲ ਕੌਰ, ਨਵਜੀਤ ਧੀਰ, ਗੁਰਮੀਤ ਕੌਰ, ਜਸਵੀਰ ਕੁਮਾਰੀ, ਪਰਮਪ੍ਰੀਤ ਕੌਰ, ਗੁਰਮੀਤ ਕੌਰ ਆਦਿ ਹਾਜ਼ਰ ਸਨ।

## ਸੈਂਟੀਨਲ ਸਕੂਲ ਵੱਲੋਂ ਤੰਬਾਕੂ ਨੋਸ਼ੀ ਵਿਰੁੱਧ ਜਾਗਰੂਕਤਾ ਰੈਲੀ



**ਸਮਰਾਲਾ (ਸੁਰਜੀਤ ਸਿੰਘ)**-ਸਥਾਨਕ ਸੈਂਟੀਨਲ ਇੰਟਰਨੈਸ਼ਨਲ ਸਕੂਲ ਵਿੱਚ ਵਿਸ਼ਵ ਐਂਟੀ ਤੰਬਾਕੂ ਦਿਵਸ ਮੌਕੇ ਇੱਕ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਕੀਤਾ ਗਿਆ, ਜਿਸ ਦਾ ਮੁੱਖ ਉਦੇਸ਼ ਵਿਦਿਆਰਥੀਆਂ ਤੇ ਸਮਾਜ ਨੂੰ ਤੰਬਾਕੂ ਨੋਸ਼ੀ ਦੇ ਨੁਕਸਾਨਾਂ ਬਾਰੇ ਜਾਣੂ ਕਰਵਾਉਣਾ ਸੀ।ਸਕੂਲ ਦੇ ਪ੍ਰਿੰਸੀਪਲ ਮੈਡਮ ਡਾ. ਪੂਨਮ ਸ਼ਰਮਾ, ਅਧਿਆਪਕਾਂ ਤੇ ਵਿਦਿਆਰਥੀਆਂ ਨੇ ਇਸ ਮੁਹਿੰਮ ਵਿੱਚ ਬੜੇ ਉਤਸ਼ਾਹ ਨਾਲ ਭਾਗ ਲਿਆ।ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਲਈ ਭਾਸ਼ਣ ਮੁਕਾਬਲੇ ਕਰਵਾਏ ਗਏ।ਵਿਦਿਆਰਥੀਆਂ ਨੇ ਤੰਬਾਕੂ ਨੋਸ਼ੀ ਦੇ ਸਰੀਰ 'ਤੇ ਪੈਣ ਵਾਲੇ ਬੁਰੇ ਪ੍ਰਭਾਵਾਂ, ਜਿਨ੍ਹਾਂ ਵਿੱਚ ਮੁੱਖ ਤੌਰ 'ਤੇ ਕੈਂਸਰ ਵਰਗੀਆਂ ਖਤਰਨਾਕ ਬਿਮਾਰੀਆਂ ਤੇ ਸਮਾਜ 'ਤੇ ਇਸ ਦੇ ਨਕਾਰਾਤਮਕ ਪ੍ਰਭਾਵਾਂ ਬਾਰੇ ਆਪਣੇ ਵਿਚਾਰ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤੇ।ਭਾਸ਼ਣ ਮੁਕਾਬਲਿਆਂ ਦੇ ਨਿਰਨਾਇਕ ਮੰਡਲ ਵੱਲੋਂ ਵਧੀਆਂ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਦੀ ਪ੍ਰਸੰਸਾ ਕੀਤੀ ਗਈ।ਉਪਰੰਤ ਸਕੂਲ ਦੇ ਸੀਨੀਅਰ ਵਿਦਿਆਰਥੀਆਂ ਵੱਲੋਂ ਇੱਕ ਵਿਸ਼ਾਲ ਜਾਗਰੂਕਤਾ ਰੈਲੀ ਕੱਢੀ ਗਈ।ਵਿਦਿਆਰਥੀਆਂ ਨੇ ਆਪਣੇ ਹੱਥਾਂ ਵਿੱਚ ਨਸ਼ਿਆਂ ਵਿਰੁੱਧ ਪੋਸਟਰ ਫੜ ਕੇ ਨਸ਼ੇ ਤਿਆਗਣ ਦਾ ਸੁਨੇਹਾ ਦਿੱਤਾ।ਇਹ ਰੈਲੀ ਸਕੂਲ ਤੋਂ ਚਲ ਕੇ ਭਰਥਲਾ ਪਿੰਡ ਵਿੱਚ ਗਈ, ਜਿੱਥੇ ਵਿਦਿਆਰਥੀਆਂ ਵੱਲੋਂ ਲੋਕਾਂ ਨੂੰ ਨਸ਼ਿਆਂ ਦੇ ਨੁਕਸਾਨਾਂ ਬਾਰੇ ਜਾਣੂ ਕਰਵਾਇਆ। ਸਕੂਲ ਦੇ ਪ੍ਰਿੰਸੀਪਲ ਡਾ. ਪੂਨਮ ਸ਼ਰਮਾ ਨੇ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਤੰਬਾਕੂ ਵਰਗੀਆਂ ਬੁਰੀਆਂ ਆਦਤਾਂ ਤੋਂ ਬਚਾਉਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਜਾਗਰੂਕਤਾ ਪ੍ਰੋਗਰਾਮ ਸਮਾਜ ਵਿੱਚ ਚੰਗਾ ਸੰਦੇਸ਼ ਪਹੁੰਚਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।ਅੰਤ ਵਿੱਚ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਸਮਾਜ ਨੂੰ ਨਸ਼ਾ ਮੁਕਤ ਬਣਾਉਣ ਦਾ ਸੰਕਲਪ ਦੁਹਰਾਇਆ।

# ਪਹਿਲੀ ਨੂੰ ਕਿਸਾਨ ਕਰਨਗੇ ਚੰਡੀਗੜ੍ਹ ਕੂਚ, ਰਜਿਸਟਰਾਰ ਦਾ ਘਿਰਾਓ

**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਭਾਕਿਯੂ ਏਕਤਾ ਸਿੱਧੂਪੁਰ ਦੇ ਸੂਬਾ ਜਨਰਲ ਸਕੱਤਰ ਕਾਕਾ ਸਿੰਘ ਕੋਟੜਾ, ਜ਼ਿਲ੍ਹਾ ਜਨਰਲ ਸਕੱਤਰ ਰੇਸ਼ਮ ਸਿੰਘ ਯਾਤਰੀ ਨੇ ਕਿਹਾ ਕਿ ਕਿਸਾਨ ਸ਼ਾਹੂਕਾਰਾਂ ਤੋਂ ਬਚਣ ਦੇ ਲਈ ਸਹਿਕਾਰੀ ਬੈਂਕਾਂ ਤੋਂ ਆਪਣੀ ਫਸਲ ਪਾਲਣ ਲਈ ਕਰਜ਼ ਲੈ ਕੇ ਖੇਤੀਬਾੜੀ ਕਰਦਾ ਹੈ, ਪ੍ਰੰਤੂ ਪੰਜਾਬ ਸਰਕਾਰ ਦੇ ਮੁੱਖ ਮੰਤਰੀ ਦੀ ਅਗਵਾਈ ਵਾਲੇ ਆਪਣੇ ਅਦਾਰੇ ਲੈਂਡ ਮੋਰਗੇਜ ਬੈਂਕ ਵੱਲੋਂ ਸ਼ਾਹੂਕਾਰਾਂ ਦੁਆਰਾ ਕਿਸਾਨਾਂ ਦੀ ਕੀਤੀ ਜਾਂਦੀ ਲੁੱਟ ਨੂੰ ਵੀ ਪਿੱਛੇ ਛੱਡਦੇ ਹੋਏ ਕਿਸਾਨਾਂ ਤੋਂ ਵੀਹ ਵੀਹ ਗੁਣਾ ਵਿਆਜ ਸਮੇਤ ਪੈਸੇ ਵਸੂਲਣ ਤੋਂ ਬਾਅਦ ਕਿਸਾਨਾਂ ਨੂੰ ਕਲੀਅਰੈਂਸ ਸਰਟੀਫਿਕੇਟ ਦਿੱਤੇ ਗਏ ਸਨ ਤੇ ਹੁਣ ਉਨ੍ਹਾਂ ਹੀ ਪੈਸੇ ਭਰ ਕੇ ਕਲੀਅਰੈਂਸ ਸਰਟੀਫਿਕੇਟ ਪ੍ਰਾਪਤ ਕਰਨ ਵਾਲੇ ਕਿਸਾਨਾਂ ਦੀਆਂ ਜ਼ਮੀਨਾਂ ਖੋਹਣ ਲਈ ਲੈਂਡ ਮੋਰਗੇਜ ਬੈਂਕ ਵੱਲੋਂ ਫਿਰ ਤੋਂ ਉਸੇ ਵਿਆਜ ਸਮੇਤ ਪੈਸੇ ਵਾਪਸ ਕਰ ਚੁੱਕੇ ਕਿਸਾਨ ਦੀ ਜ਼ਮੀਨ ਦੀ ਫਰਦ ਵਿੱਚ ਆੜ ਰਹਿਣ ਦੀਆਂ ਐਂਟਰੀਆਂ ਕਰਾਈਆਂ ਜਾ ਰਹੀਆਂ ਹਨ ਅਤੇ ਮੁੱਖ ਮੰਤਰੀ ਦੀ ਅਗਵਾਈ ਵਾਲੇ ਲੈਂਡ ਮੋਰਗੇਜ ਬੈਂਕ ਵੱਲੋਂ ਕਿਸਾਨਾਂ ਤੋਂ ਲਏ ਗਏ ਖਾਲੀ ਚੈੱਕਾਂ ਨੂੰ ਅਦਾਲਤ ਵਿੱਚ ਲਾ ਕੇ ਕਿਸਾਨਾਂ ਦੀਆਂ ਜ਼ਮੀਨਾਂ ਕੁਰਕ ਕਰਕੇ ਕਾਰਪੋਰੇਟ ਘਰਾਣਿਆਂ ਨੂੰ ਦੇਣ ਲਈ ਸਾਜ਼ਿਸ਼ਾਂ ਘੜੀਆਂ ਜਾ ਰਹੀਆਂ ਹਨ, ਜਿਸ ਦੀਆਂ ਅਨੇਕਾਂ ਹੀ ਸ਼ਿਕਾਇਤਾਂ ਸਮੇਤ ਸਬੂਤ ਕਿਸਾਨਾਂ ਵੱਲੋਂ ਜਥੇਬੰਦੀ ਕੋਲ ਪਹੁੰਚ ਦੀਆ ਕੀਤੀਆ ਜਾ ਚੁੱਕੀਆਂ ਹਨ।ਰੇਸ਼ਮ ਸਿੰਘ ਯਾਤਰੀ ਮੁਖਤਿਆਰ ਸਿੰਘ ਕੁੱਬੇ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਕਿਸਾਨ ਵਿਰੋਧੀ ਤੇ ਕਾਰਪੋਰੇਟ ਪੱਖੀ ਚਿਹਰਾ ਇਸ ਗੱਲ ਤੋਂ ਹੀ ਨੰਗਾ ਹੋ ਜਾਂਦਾ ਹੈ ਕਿ ਪਿਛਲੀ 30 ਮਾਰਚ ਤੋਂ ਲੈਂਡ ਮੋਰਗੇਜ ਬੈਂਕ ਫਰੀਕੋਟ ਅੱਗੇ ਪਿੰਡ ਹਰੀ ਨੌਂ ਦੇ ਦੋ ਸਕੇ ਭਰਾਵਾਂ ਨੂੰ ਇਨਸਾਫ ਦਿਵਾਉਣ ਲਈ ਤੇ ਲੈਂਡ ਮੋਰਗੇਜ ਬੈਂਕ ਵੱਲੋਂ ਲਏ ਗਏ ਖਾਲੀ ਚੈੱਕਾਂ ਨੂੰ ਵਾਪਸ ਕਰਾਉਣ ਲਈ ਅਤੇ ਬੈਂਕ ਦੀ ਭ੍ਰਿਸ਼ਟ ਅਫਸਰਸ਼ਾਹੀ ਵੱਲੋਂ ਕਿਸਾਨਾਂ ਨਾਲ ਕੀਤੀਆਂ ਗਈਆਂ ਧੋਖਾਧੜੀ ਦੇ ਦੋਸ਼ੀ ਅਫਸਰਾਂ ਨੂੰ ਸਜ਼ਾ ਦਿਵਾਉਣ ਲਈ ਲਗਾਤਾਰ ਦਿਨ-ਰਾਤ ਧਰਨਾ ਚੱਲ ਰਿਹਾ ਹੈ ਅਤੇ ਜਿਸ ਉਪਰੰਤ ਅੰਦੋਲਨ ਨੂੰ ਹੋਰ ਤੇਜ਼ ਕਰਦੇ ਹੋਏ ਜਥੇਬੰਦੀ ਵੱਲੋਂ 10 ਤੋਂ ਵੱਧ ਹੋਰ ਜ਼ਿਲ੍ਹਿਆਂ ਵਿੱਚ ਲੈਂਡ ਮੋਰਗੇਜ ਬੈਂਕ ਦੀਆਂ ਮੇਨ ਬ੍ਰਾਂਚਾਂ ਅੱਗੇ ਵੀ ਧਰਨਾ ਦਿੱਤਾ ਜਾ ਰਿਹਾ ਹੈ

ਪ੍ਰੰਤੂ ਮੁੱਖ ਮੰਤਰੀ ਵੱਲੋਂ ਪੀੜਤ ਕਿਸਾਨਾਂ ਨੂੰ ਇਨਸਾਫ ਦੇਣ ਦੀ ਬਜਾਏ ਆਪਣੀ ਭ੍ਰਿਸ਼ਟ ਅਫਸਰਸ਼ਾਹੀ ਨੂੰ ਬਚਾਉਣ ਲਈ ਹੀ ਹੱਥਕੰਡੇ ਵਰਤੇ ਜਾ ਰਹੇ ਹਨ ਤੇ ਕਿਸਾਨਾਂ ਦੀਆਂ ਜਮੀਨਾਂ ਖੋਹਣ ਲਈ ਕਣਕ ਦੇ ਨਾੜ ਨੂੰ ਅੱਗ ਲਗਾਉਣ ਦਾ ਬਹਾਨਾ ਬਣਾ ਕੇ ਕਿਸਾਨਾਂ ਦੀਆਂ ਜ਼ਮੀਨਾਂ ਵਿੱਚ ਰੈਡ ਐਂਟਰੀਆਂ ਕਰਨ ਦੇ ਪੰਜਾਬ ਸਰਕਾਰ ਵੱਲੋਂ ਹੁਕਮ ਦਿੱਤੇ ਗਏ ਹਨ ਤਾਂ ਜੁ ਕਿਸਾਨਾਂ ਦੀਆਂ ਜ਼ਮੀਨਾਂ ਖੋਹ ਕੇ ਕਾਰਪੋਰੇਟ ਘਰਾਣਿਆਂ ਨੂੰ ਦੇਣ ਲਈ ਪੰਜਾਬ ਸਰਕਾਰ ਵੱਲੋਂ ਰਾਹ ਪੱਧਰੇ ਕੀਤੇ ਜਾ ਸਕਣ।

## ਐੱਸ ਕੇ ਐੱਮ ਜ਼ਿਲ੍ਹਾ ਲੁਧਿਆਣਾ ਦੀ ਇਕਾਈ 2 ਨੂੰ ਧਰਨੇ 'ਚ ਵੱਧ ਚੜ੍ਹ ਕੇ ਹਿੱਸਾ ਲਵੇਗੀ : ਘੁਡਾਣੀ



**ਲੁਧਿਆਣਾ (ਐੱਮ ਐੱਸ ਭਾਟੀਆ)**-ਸੰਯੁਕਤ ਕਿਸਾਨ ਮੋਰਚੇ ਦੀ ਜ਼ਿਲ੍ਹਾ ਲੁਧਿਆਣਾ ਦੀ ਮੀਟਿੰਗ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਲੁਧਿਆਣਾ ਵਿਖੇ ਸੁਦਾਗਰ ਸਿੰਘ ਘੁਡਾਣੀ ਸਿੰਘ ਦੀ ਪ੍ਰਧਾਨਗੀ ਹੇਠ 2 ਜੂਨ ਨੂੰ ਜ਼ਿਲ੍ਹਾ ਹੈੱਡਕੁਆਟਰਾਂ 'ਤੇ ਧਰਨੇ ਦੇ ਕੇ ਮੰਗ ਪੱਤਰ ਦੇਣ ਦੀ ਤਿਆਰੀ ਲਈ ਮੀਟਿੰਗ ਕੀਤੀ ਗਈ। ਇਸ ਮੌਕੇ ਭਾਰਤ ਸਰਕਾਰ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚੋਂ ਨੁਮਾਇੰਦਗੀ ਖੋਹਣ ਵਾਲਾ ਨੋਟੀਫਿਕੇਸ਼ਨ ਰੱਦ ਕਰਨ, ਖਾਦ, ਡੀਜ਼ਲ ਦੀ ਸਪਲਾਈ ਯਕੀਨੀ ਬਣਾਉਣਾ ਤੇ ਡੀਜ਼ਲ, ਪੈਟਰੋਲ ਦੇ ਵਧਾਏ ਰੇਟ ਰੱਦ ਕੀਤੇ ਜਾਣ, ਐੱਮ ਐੱਸ ਪੀ 'ਤੇ ਖਰੀਦ ਦੀ ਗਰੰਟੀ ਦਾ ਕਾਨੂੰਨ ਬਣਾਇਆ ਜਾਵੇ, ਪੰਜਾਬ ਦੇ ਕਿਸਾਨਾਂ ਮਜ਼ਦੂਰਾਂ ਨੂੰ ਕਰਜ਼ਾ ਮੁਕਤ ਕੀਤਾ ਜਾਵੇ, ਅਮਰੀਕਾ ਦੇ ਦਬਾਅ ਹੇਠ ਕੀਤਾ ਜਾ ਰਿਹਾ ਮੁਕਤ ਵਪਾਰ ਸਮਝੌਤਾ ਰੱਦ ਕੀਤਾ ਜਾਵੇ, ਬਿਜਲੀ ਸੋਧ ਬਿੱਲ 2025 ਤੇ ਬੀਜ ਬਿੱਲ ਵਾਪਸ ਲਏ ਜਾਣ, ਕਿਸਾਨਾਂ ਉੱਪਰ ਸਾਰੇ ਕੇਸ ਵਾਪਸ ਲਏ ਜਾਣ ਤੇ ਕੌਮੀ ਖੇਤੀ ਮੰਡੀਕਰਨ ਨਵੇਂ ਖਰੜੇ ਨੂੰ ਰੱਦ ਕੀਤਾ ਜਾਵੇ ਆਦਿ ਮੰਗਾਂ ਨੂੰ ਲੈ ਕੇ ਡੀਸੀ ਰਾਹੀਂ ਭਾਰਤ ਸਰਕਾਰ ਨੂੰ ਮੰਗ ਪੱਤਰ ਭੇਜਿਆ ਜਾਵੇਗਾ। ਧਰਨਾ 10.30 ਵਜੇ ਸ਼ੁਰੂ ਕੀਤਾ ਜਾਵੇਗਾ। ਆਗੂਆਂ ਕਿਹਾ ਕਿ ਸਰਕਾਰਾਂ ਕਾਰਪੋਰੇਟ ਪੱਖੀ ਨੀਤੀਆਂ ਬਣਾ ਕੇ ਕਿਸਾਨਾਂ, ਮਜ਼ਦੂਰਾਂ ਦਾ ਘਾਣ ਕਰਨ ਜਾ ਰਹੀਆਂ ਹਨ। ਇਸ ਲਈ ਆਓ ਆਪਾਂ ਇਕੱਠੇ ਹੋ ਕੇ ਆਪਣੀ ਆਵਾਜ਼ ਨੂੰ ਬੁਲੰਦ ਕਰੀਏ।ਇਸ ਵੇਲੇ ਜਮਹੂਰੀ ਕਿਸਾਨ ਸਭਾ ਦੇ ਰਘਬੀਰ ਸਿੰਘ ਬੈਨੀਪਾਲ, ਆਲ ਇੰਡੀਆ ਕਿਸਾਨ ਸਭਾ ਦੇ ਚਮਕੌਰ ਸਿੰਘ, ਭਾਰਤੀ ਕਿਸਾਨ ਯੂਨੀਅਨ ਧਨੇਰ ਦੇ ਰਜਿੰਦਰ ਸਿੰਘ, ਡਾਕਟਰ ਗੁਰਵਿੰਦਰ ਸਿੰਘ, ਪਮਨਦੀਪ ਸਿੰਘ ਮੇਹਲੋਂ, ਪ੍ਰਗਟ ਸਿੰਘ ਪਨੈਚ ਰਾਜੇਵਾਲ, ਸ਼ਮਸ਼ੇਰ ਸਿੰਘ ਆਸੀ ਪੰਜਾਬ ਕਿਸਾਨ ਯੂਨੀਅਨ, ਅਮਨਪ੍ਰੀਤ ਸਿੰਘ ਬਰਮਾਲੀਪੁਰ, ਸਾਧੂ ਸਿੰਘ ਅਚਰਵਾਲ, ਮਨਪ੍ਰੀਤ ਸਿੰਘ ਘਲਾਲ ਦੀ ਸ਼ਾਮਲ ਹੋਏ।

## ਨਿੱਜੀ ਕੰਪਨੀ ਦੇ ਪਏ ਫੂਸੇ ਨੂੰ ਚੁਕਵਾਉਣ ਲਈ ਮਾਰਕਿਟ ਕਮੇਟੀ ਦੇ ਹੱਥ ਖੜ੍ਹੇ



**ਭੀਖੀ (ਧਰਮਵੀਰ ਸ਼ਰਮਾ)**-ਸਥਾਨਕ ਮਾਰਕਿਟ ਕਮੇਟੀ ਦੇ ਮੁੱਖ ਯਾਰਡ ਭੀਖੀ ਵਿਖੇ ਲੱਗਭੱਗ 2 ਹਫਤਿਆਂ ਤੋਂ ਪਏ ਫੂਸੇ ਕਾਰਨ ਜਿੱਥੇ ਲੋਕਾਂ ਵਿੱਚ ਚਰਚਾ ਦਾ ਵਿਸ਼ਾ ਹੈ, ਉਥੇ ਹਾਲੇ ਤੱਕ ਕਮੇਟੀ ਫੂਸੇ ਨੂੰ ਇਥੋਂ ਚੁਕਵਾਉਣ ਵਿੱਚ ਅਸਫਲ ਰਹੀ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਗੁਡਜ਼ ਟਰੇਡਿੰਗ ਕੰਪਨੀ ਮੁੱਲਾਂਪੁਰ ਵੱਲੋਂ ਮੁੱਖ ਯਾਰਡ ਵਿਖੇ ਫੂਸੇ ਦਾ ਡੰਪ ਬਣਾ ਰੱਖਿਆ ਹੈ।ਭਾਵੇਂ ਸਕੱਤਰ ਮਾਰਕਿਟ ਕਮੇਟੀ ਵੱਲੋਂ ਉਕਤ ਕੰਪਨੀ ਨੂੰ ਨੋਟਿਸ ਕਰਕੇ ਬਣਦੀ ਫੀਸ ਭਰਨ ਲਈ ਕਿਹਾ ਗਿਆ ਸੀ, ਪ੍ਰੰਤੂ ਹਾਲੇ ਤੱਕ ਕੰਪਨੀ ਵੱਲੋਂ ਸਿਰਫ ਇੱਕ ਦਿਨ ਦੀ ਫੀਸ ਹੀ ਦਫਤਰ ਨੂੰ ਆਨਲਾਈਨ ਜਮ੍ਹਾਂ ਕਰਵਾਈ ਗਈ ਹੈ।ਇਸ ਸਬੰਧੀ ਸਪੱਸ਼ਟੀਕਰਨ ਦਿੰਦੇ ਹੋਏ ਸਕੱਤਰ ਮਾਰਕਿਟ ਕਮੇਟੀ ਗੁਰਵਿੰਦਰ ਸਿੰਘ ਚਹਿਲ ਨੇ ਕਿਹਾ ਕਿ ਕੰਪਨੀ ਵੱਲੋਂ ਬਿਨਾਂ ਮਨਜ਼ੂਰੀ ਲਏ ਇਥੇ ਫੂਸਾ ਡੰਪ ਕੀਤਾ ਗਿਆ ਹੈ, 'ਤੇ ਕਾਰਵਾਈ ਕਰਦਿਆਂ ਉਨ੍ਹਾਂ ਨੂੰ ਮਾਰਕਿਟ ਫੀਸ ਜਮ੍ਹਾਂ ਕਰਵਾਉਣ ਲਈ ਕਿਹਾ ਗਿਆ ਸੀ, ਪ੍ਰੰਤੂ ਇੱਕ ਦਿਨ ਦੀ ਫੀਸ ਭਰਨ ਤੋਂ ਬਾਅਦ ਉਨ੍ਹਾਂ ਹੋਰ ਕੋਈ ਰਕਮ ਜਮ੍ਹਾਂ ਨਹੀਂ ਕਰਵਾਈ ਅਤੇ ਨਾ ਹੀ ਫੂਸਾ ਚੁੱਕਿਆ।ਇਸ ਸਬੰਧੀ ਵਿਭਾਗ ਦੇ ਉੱਚ ਅਧਿਕਾਰੀਆਂ ਤੋਂ ਇਲਾਵਾ ਪੁਲਸ ਥਾਣਾ ਭੀਖੀ ਵਿਖੇ ਵੀ ਰਪਟ ਕਰਵਾਈ ਗਈ ਹੈ।ਉਨ੍ਹਾਂ ਕਿਹਾ ਕਿ ਮਾਰਕਿਟ ਕਮੇਟੀ ਆਪਣੇ ਫਰਜ਼ਾਂ ਤੇ ਜ਼ਿੰਮੇਵਾਰੀ ਪ੍ਰਤੀ ਪੂਰਨ ਪ੍ਰਤੀਬੱਧ ਹੈ ਤੇ ਕਿਸੇ ਨੂੰ ਵੀ ਨਿਯਮਾਂ ਦੀ ਉਲੰਘਣਾ ਨਹੀਂ ਕਰਨ ਦਿੱਤੀ ਜਾਵੇਗੀ।ਉਧਰ ਇਸ ਸਬੰਧੀ ਜਦੋਂ ਜ਼ਿਲ੍ਹਾ ਮੰਡੀਕਰਨ ਅਫਸਰ ਗੌਰਵ ਕੁਮਾਰ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਇਸ ਸਬੰਧੀ ਚੈੱਕ ਕਰਨ ਉਪਰੰਤ ਹੀ ਜਾਣਕਾਰੀ ਦੇਵਾਂਗਾ।

## ਸੂਬਾ ਪੱਧਰੀ ਕਬੱਡੀ ਮੁਕਾਬਲਿਆਂ ਸੰਬੰਧੀ ਟਰਾਇਲ ਭਲਕੇ

**ਭੀਖੀ (ਧਰਮਵੀਰ ਸ਼ਰਮਾ)**-ਕਬੱਡੀ ਐਸੋਸੀਏਸ਼ਨ ਵੱਲੋਂ ਸ਼ਹੀਦ ਭਗਤ ਸਿੰਘ ਨਗਰ (ਨਵਾਂ ਸ਼ਹਿਰ) ਵਿਖੇ ਜੂਨੀਅਰ ਪੰਜਾਬ ਕਬੱਡੀ ਚੈਂਪੀਅਨਸ਼ਿਪ ਨੈਸ਼ਨਲ ਸਟਾਇਲ (ਲੜਕੀਆਂ) ਦੇ ਕਰਵਾਏ ਜਾਣ ਵਾਲੇ ਮੁਕਾਬਲਿਆਂ ਵਿੱਚ ਜ਼ਿਲ੍ਹਾ ਮਾਨਸਾ ਦੀ ਟੀਮ ਚੁਣਨ ਲਈ 31 ਮਈ ਨੂੰ ਸਥਾਨਕ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਵਿਖੇ ਟਰਾਇਲ ਲਏ ਜਾਣਗੇ।ਜਾਣਕਾਰੀ ਦਿੰਦੇ ਹੋਏ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਅਮਨ ਸਿੰਗਲਾ ਢੈਪਈ ਨੇ ਦੱਸਿਆ ਕਿ ਇਸ ਸੂਬਾ ਪੱਧਰੀ ਮੁਕਾਬਲੇ ਵਿੱਚ ਖਿਡਾਰੀ ਦੀ ਉਮਰ 1 ਜਨਵਰੀ 2007 ਤੋਂ ਬਾਅਦ ਦੀ ਹੋਣੀ ਚਾਹੀਦੀ ਹੈ ਤੇ ਭਾਰ 65 ਕਿਲੋ ਹੋਣਾ ਚਾਹੀਦਾ ਹੈ।ਉਨ੍ਹਾਂ ਦੱਸਿਆ ਕਿ ਐਸੋਸੀਏਸ਼ਨ ਜ਼ਿਲ੍ਹੇ ਅੰਦਰ ਕਬੱਡੀ ਖੇਡ ਨੂੰ ਪ੍ਰਫੁੱਲਤ ਕਰਨ ਲਈ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ ਤੇ ਚੰਗੇ ਖਿਡਾਰੀ ਪੈਦਾ ਕਰਨ ਲਈ ਲਗਾਤਾਰ ਬਲਾਕ ਅਤੇ ਜ਼ਿਲ੍ਹਾ ਪੱਧਰੀ ਮੁਕਾਬਲੇ ਕਰਵਾਏ ਜਾ ਰਹੇ ਹਨ।ਉਨ੍ਹਾਂ ਕਬੱਡੀ ਨਾਲ ਜੁੜੀਆਂ ਸਮੂਹ ਖਿਡਾਰਨਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਇਨ੍ਹਾਂ ਟਰਾਇਲਜ਼ ਵਿੱਚ ਸ਼ਾਮਲ ਹੋ ਕੇ ਸੂਬਾ ਪੱਧਰੀ ਮੁਕਾਬਲੇ ਵਿੱਚ ਜਗ੍ਹਾ ਬਣਾਉਣ ਲਈ ਆਪਣੀ ਖੇਡ ਦਾ ਮੁਜ਼ਾਹਰਾ ਕਰਨ।ਇਸ ਮੌਕੇ ਉਨ੍ਹਾਂ ਨਾਲ ਮੱਖਣ ਹਾਜੀ ਤੇ ਐਸੋਸੀਏਸ਼ਨ ਦੇ ਜ਼ਿਲ੍ਹਾ ਜਨਰਲ ਸਕੱਤਰ ਕੁਲਦੀਪ ਸਿੰਘ ਮੌਜੂਦ ਸਨ।

# ਡਿਪਟੀ ਸਪੀਕਰ ਨੇ ਪੀਣ ਵਾਲੇ ਪਾਣੀ ਦੇ ਪ੍ਰੋਜੈਕਟ ਦਾ ਕੀਤਾ ਉਦਘਾਟਨ



**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਵੱਲੋਂ ਆਪਣੇ ਹਲਕੇ ਵਿੱਚ ਵਿਕਾਸ ਕਾਰਜਾਂ ਨੂੰ ਹੋਰ ਗਤੀ ਦਿੰਦਿਆਂ ਪਿੰਡ ਟਿੱਬੀਆਂ ਵਿਖੇ ਲਗਭਗ 25 ਲੱਖ ਰੁਪਏ ਦੀ ਲਾਗਤ ਨਾਲ ਪੀਣ ਵਾਲੇ ਪਾਣੀ ਦੀਆਂ ਨਵੀਆਂ ਪਾਈਪਾਂ ਪਾਉਣ ਦੇ ਪ੍ਰੋਜੈਕਟ ਦਾ ਉਦਘਾਟਨ ਕੀਤਾ ਗਿਆ। ਇਸ ਮਹੱਤਵਪੂਰਨ ਪ੍ਰੋਜੈਕਟ ਨਾਲ ਪਿੰਡ ਦੇ ਸੈਂਕੜਿਆਂ ਪਰਿਵਾਰਾਂ ਨੂੰ ਸਾਫ਼ ਅਤੇ ਸੁਚੱਜਾ ਪੀਣ ਵਾਲਾ ਪਾਣੀ ਮੁਹੱਈਆ ਹੋਵੇਗਾ।

ਇਸ ਮੌਕੇ ਇੱਕ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕਾਂ ਨੂੰ ਹਰ ਤਰ੍ਹਾਂ ਦੀਆਂ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਸਰਕਾਰ ਵੱਲੋਂ ਕਿਸੇ ਵੀ ਕਿਸਮ ਦੀ ਕਮੀ ਨਹੀਂ ਛੱਡੀ ਜਾ ਰਹੀ। ਲੋਕਾਂ ਦੀਆਂ ਲੋੜਾਂ ਅਨੁਸਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਾਫ਼ ਪੀਣ ਵਾਲਾ ਪਾਣੀ ਹਰ ਵਿਅਕਤੀ ਦਾ ਬੁਨਿਆਦੀ ਅਧਿਕਾਰ ਹੈ ਅਤੇ ਇਸ ਸਹੂਲਤ ਨੂੰ ਯਕੀਨੀ ਬਣਾਉਣ ਲਈ ਸਰਕਾਰ ਵੱਲੋਂ ਵੱਡੇ ਪੱਧਰ 'ਤੇ ਯੋਜਨਾਵਾਂ ਲਾਗੂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਪਿੰਡ ਟਿੱਬੀਆਂ ਵਿੱਚ ਕਾਫ਼ੀ ਸਮੇਂ ਤੋਂ ਪਾਣੀ ਦੀ ਸਪਲਾਈ ਸਬੰਧੀ ਸਮੱਸਿਆਵਾਂ ਆ ਰਹੀਆਂ ਸਨ, ਜਿਸ ਨੂੰ ਧਿਆਨ ਵਿੱਚ ਰੱਖਦਿਆਂ ਇਹ ਨਵਾਂ ਪ੍ਰੋਜੈਕਟ ਸ਼ੁਰੂ ਕੀਤਾ ਗਿਆ ਹੈ। ਨਵੀਆਂ ਪਾਈਪਾਂ ਪੈਣ ਨਾਲ ਪਾਣੀ ਦੀ ਸਪਲਾਈ ਹੋਰ ਸੁਚਾਰੂ ਹੋਵੇਗੀ ਅਤੇ ਲੋਕਾਂ ਨੂੰ ਘਰ-ਘਰ ਸਾਫ਼ ਪਾਣੀ ਮਿਲੇਗਾ। ਉਨ੍ਹਾਂ ਕਿਹਾ ਕਿ ਗੜ੍ਹਸ਼ੰਕਰ ਹਲਕੇ ਦੇ ਹਰ ਪਿੰਡ ਅਤੇ ਸ਼ਹਿਰ ਵਿੱਚ ਵਿਕਾਸ ਕਾਰਜ ਜੰਗੀ ਪੱਧਰ 'ਤੇ ਚੱਲ ਰਹੇ ਹਨ। ਸੜਕਾਂ, ਸੀਵਰੇਜ, ਪੀਣ ਵਾਲੇ ਪਾਣੀ, ਸਕੂਲਾਂ ਅਤੇ ਸਿਹਤ ਸਹੂਲਤਾਂ ਲਈ ਕਰੋੜਾਂ ਰੁਪਏ ਦੇ ਪ੍ਰੋਜੈਕਟ ਲਾਗੂ ਕੀਤੇ ਜਾ ਰਹੇ ਹਨ। ਉਨ੍ਹਾਂ ਭਰੋਸਾ ਦਿਵਾਇਆ ਕਿ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕੀਤਾ ਜਾਵੇਗਾ ਅਤੇ ਵਿਕਾਸ ਦੀ ਇਹ ਲੜੀ ਲਗਾਤਾਰ ਜਾਰੀ ਰਹੇਗੀ।

ਇਸ ਮੌਕੇ ਪਿੰਡ ਵਾਸੀਆਂ ਨੇ ਡਿਪਟੀ ਸਪੀਕਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਪ੍ਰੋਜੈਕਟ ਨਾਲ ਪਿੰਡ ਦੀ ਇੱਕ ਵੱਡੀ ਸਮੱਸਿਆ ਦਾ ਹੱਲ ਹੋਵੇਗਾ ਅਤੇ ਲੋਕਾਂ ਨੂੰ ਕਾਫ਼ੀ ਰਾਹਤ ਮਿਲੇਗੀ।

ਉਨ੍ਹਾਂ ਕਿਹਾ ਕਿ ਲੰਬੇ ਸਮੇਂ ਤੋਂ ਲੋਕਾਂ ਨੂੰ ਪਾਣੀ ਸਬੰਧੀ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਸੀ, ਪਰ ਹੁਣ ਇਸ ਸਮੱਸਿਆ ਦੇ ਹੱਲ ਦੀ ਉਮੀਦ ਜਗੀ ਹੈ। ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਪੰਚਾਇਤ ਮੈਂਬਰ, ਪਾਰਟੀ ਆਗੂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਅਰਨੀਵਾਲਾ ਨਗਰ ਨਿਗਮ ਚੋਣਾਂ 'ਚ 6 ਵਾਰਡਾਂ 'ਤੇ ਆਪ ਦੀ ਜਿੱਤ



**ਜਲਾਲਾਬਾਦ (ਜੰਗੀਰ ਕੌਰ/ਜੀਤ ਕੁਮਾਰ)**-ਜਲਾਲਾਬਾਦ ਦੇ ਵਿਧਾਇਕ ਸ੍ਰੀ ਜਗਦੀਪ ਕੰਬੋਜ ਗੋਲਡੀ ਨੇ ਨਗਰ ਨਿਗਮ ਅਰਨੀਵਾਲਾ ਦੀਆਂ 11 ਵਾਰਡਾਂ ਵਿੱਚੋਂ 6 ਵਾਰਡਾਂ ਤੇ ਆਮ ਆਦਮੀ ਦੇ ਉਮੀਦਵਾਰਾਂ ਨੂੰ ਜਿੱਤ ਦਿਵਾਉਣ 'ਤੇ ਅਰਨੀਵਾਲਾ ਸ਼ੇਖ ਸੁਭਾਨ ਵਾਸੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਦੱਸਿਆ ਕਿ ਨਗਰ ਨਿਗਮ ਅਰਨੀਵਾਲਾ ਦੇ ਵਾਰਡ ਨੰਬਰ 2 ਤੋਂ ਸੰਦੀਪ ਕੁਮਾਰ, ਵਾਰਡ ਨੰਬਰ 3 ਤੋਂ ਕੇਵਲ ਕ੍ਰਿਸ਼ਨ ਕੰਬੋਜ, ਵਾਰਡ ਨੰਬਰ 8 ਤੋਂ ਹਰਭਜਨ ਦਾਸ, ਵਾਰਡ ਨੰਬਰ 9 ਤੋਂ ਮੋਨੂੰ ਕੱਕੜ, ਵਾਰਡ ਨੰਬਰ 10 ਤੋਂ ਸ਼ਿਵ ਕੁਮਾਰ ਅਤੇ ਵਾਰਡ ਨੰਬਰ 11 ਤੋਂ ਕੁਲਵੰਤ ਕੌਰ ਨੇ ਜਿੱਤ ਪ੍ਰਾਪਤ ਕੀਤੀ ਹੈ। ਉਨ੍ਹਾਂ ਕਿਹਾ ਕਿ ਅਰਨੀਵਾਲਾ ਵਾਸੀਆਂ ਵੱਲੋਂ ਜਿਸ ਆਸ ਨਾਲ ਇਨ੍ਹਾਂ ਉਮੀਦਵਾਰਾਂ ਨੂੰ ਜਿਤਾਇਆ ਗਿਆ ਹੈ, ਉਨ੍ਹਾਂ ਦੀ ਹਰ ਆਸ ਨੂੰ ਪੂਰਾ ਕੀਤਾ ਜਾਵੇਗਾ ਤੇ ਹੁਣ ਅਰਨੀਵਾਲਾ ਦਾ ਵਿਕਾਸ ਹੋਰ ਦੁੱਗਣੀ ਰਫਤਾਰ ਨਾਲ ਹੋਵੇਗਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਸੂਬੇ ਦੀ ਬਿਹਤਰੀ ਲਈ ਯਤਨਸ਼ੀਲ ਹੈ ਤੇ ਇਸੇ ਤਹਿਤ ਹੀ ਕਰੋੜਾਂ ਦੀ ਰਾਸ਼ੀ ਨਾਲ ਵਿਕਾਸ ਕਾਰਜ ਕੀਤੇ ਜਾ ਰਹੇ ਹਨ।

# ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਡੀ ਸੀ ਦਫ਼ਤਰ ਸਾਹਮਣੇ ਧਰਨਾ 2 ਨੂੰ



**ਮੋਗਾ (ਇਕਬਾਲ ਸਿੰਘ ਖਹਿਰਾ)**

ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾ ਜ਼ਿਲ੍ਹਾ ਕਮੇਟੀ ਮੋਗਾ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਅਮਰਜੀਤ ਸਿੰਘ ਸੈਦੋ ਦੀ ਪ੍ਰਧਾਨਗੀ ਹੇਠ ਨੇਚਰ ਪਾਰਕ ਮੋਗਾ ਵਿਖੇ ਹੋਈ, ਜਿਸ ਵਿੱਚ ਆਗੂਆਂ ਨੇ ਦੱਸਿਆ ਕਿ ਸੰਯੁਕਤ ਕਿਸਾਨ ਮੋਰਚੇ ਦੇ ਫੈਸਲੇ ਅਨੁਸਾਰ ਕੇਂਦਰ ਸਰਕਾਰ ਨਾਲ ਸਬੰਧਤ ਮੰਗਾਂ ਤੇ ਦੋ ਜੂਨ 26 ਨੂੰ ਡੀਸੀ ਦਫਤਰ ਮੋਗਾ ਸਾਹਮਣੇ ਵਿਸ਼ਾਲ ਧਰਨਾ ਦਿੱਤਾ ਜਾਵੇਗਾ।

ਧਰਨੇ ਦੀਆਂ ਮੁੱਖ ਮੰਗਾਂ ਮੁਤਾਬਕ ਬੀ.ਬੀ.ਐਮ.ਬੀ ਭਾਖੜਾ ਬਿਆਸ ਮੈਨੇਜਮੈਂਟ ਬੋਰਡ 'ਚ ਪੰਜਾਬ ਤੇ ਹਰਿਆਣੇ ਦੀ ਪੱਕੀ ਨੁਮਾਇੰਦਗੀ ਦਾ ਹੱਕ ਖੋਹਣ ਵਾਲਾ ਨੋਟੀਫਿਕੇਸ਼ਨ ਰੱਦ ਕੀਤਾ ਜਾਵੇ, ਪੰਜਾਬ ਵਿੱਚ ਖੇਤੀ ਲਈ ਖਾਦਾਂ ਦੀ ਸਪਲਾਈ ਯਕੀਨੀ ਬਣਾਈ ਜਾਵੇ ਯੂਰੀਆ ਖਾਦ ਦੀ ਕੀਮਤ ਵਿੱਚ ਕੀਤਾ ਵਾਧਾ ਵਾਪਸ ਲਿਆ ਜਾਵੇ ਤੇ ਯੂਰੀਆ ਦਾ ਥੈਲਾ 50 ਕਿਲੋ ਦਾ ਕੀਤਾ ਜਾਵੇ, ਡੀਜ਼ਲ-ਪੈਟਰੋਲ ਤੇ ਰਸੋਈ ਗੈਸ ਦੀ ਵਧਾਏ ਰੇਟ ਰੱਦ ਕੀਤੇ ਜਾਣ,ਸਾਰੀਆਂ ਫਸਲਾਂ ਦੀ ਐਮ.ਐਸ.ਪੀ ਤੇ ਖਰੀਦ ਦੀ ਗਰੰਟੀ ਦਾ ਕਾਨੂੰਨ ਬਣਾਇਆ ਜਾਵੇ। ਐਮਐਸਪੀ ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਮੁਤਾਬਕ ਸੀ ਟੂ ਪਲਸ 50% ਦੇ ਫਾਰਮੂਲੇ ਨੂੰ ਲਾਗੂ ਕੀਤਾ ਜਾਵੇ ਤੇ ਐਮਐਸਪੀ ਤੋਂ ਘੱਟ ਖਰੀਦ ਕਰਨ ਨੂੰ ਸਜ਼ਾ ਯੋਗ ਅਪਰਾਧ ਐਲਾਨਿਆ ਜਾਵੇ, ਖੇਤੀ ਲਾਗਤ ਕਮਿਸ਼ਨ ਨੂੰ ਕਾਨੂੰਨੀ ਦਰਜਾ ਦਿੱਤਾ ਜਾਵੇ, ਕਿਸਾਨਾਂ-ਮਜ਼ਦੂਰਾਂ ਸਿਰ ਚੜ੍ਹੇ ਕਰਜ਼ੇ 'ਤੇ ਲਕੀਰ ਮਾਰੀ ਜਾਵੇ, ਅਮਰੀਕਾ ਦੇ ਦਬਾਅ ਹੇਠ ਕੀਤਾ ਜਾ ਰਿਹਾ ਵਪਾਰ ਸਮਝੌਤਾ ਰੱਦ ਕੀਤਾ ਜਾਵੇ, ਬਿਜਲੀ ਸੋਧ ਬਿੱਲ 2025 ਤੇ ਬੀਜ ਬਿੱਲ 2025 ਵਾਪਸ ਲਿਆ ਜਾਵੇ, ਭਾਰਤ ਮਾਲਾ ਪ੍ਰੋਜੈਕਟ ਤਹਿਤ ਜ਼ਮੀਨਾਂ ਦਾ ਮੁਆਵਜ਼ਾ ਜਮੀਨ ਅਧਿਗ੍ਰਹਿਣ ਸੋਧ ਕਾਨੂੰਨ 2013 ਅਨੁਸਾਰ ਬਜ਼ਾਰੀ ਕੀਮਤ ਨੂੰ ਆਧਾਰ ਬਣਾ ਕੇ ਤੈਅ ਕੀਤਾ ਜਾਵੇ, ਦਿੱਲੀ ਅੰਦੋਲਨ ਤੋਂ ਪਹਿਲਾਂ ਦੌਰਾਨ ਤੇ ਬਾਅਦ 'ਚ ਕਿਸਾਨਾਂ ਉੱਪਰ ਦਰਜ ਕੀਤੇ ਸਾਰੇ ਕੇਸ ਵਾਪਸ ਲਏ ਜਾਣ, ਸਭਨਾਂ ਗੁਆਂਢੀ ਮੁਲਕਾਂ ਨਾਲ ਵਪਾਰ ਨੂੰ ਤਰਜ਼ੀਹ ਦਿੱਤੀ ਜਾਵੇ, ਕਿਸਾਨ ਪੱਖੀ ਫ਼ਸਲੀ ਬੀਮਾ ਯੋਜਨਾ ਲਾਗੂ ਕੀਤੀ ਜਾਵੇ, ਕੌਮੀ ਖੇਤੀ ਮੰਡੀਕਰਨ ਨੀਤੀ ਸਬੰਧੀ ਨਵੇਂ ਖਰੜੇ ਨੂੰ ਕੇਂਦਰ ਸਰਕਾਰ ਰੱਦ ਕਰੇ, ਹੜ੍ਹਾਂ ਦੀ ਰੋਕਥਾਮ ਲਈ ਦਰਿਆਵਾਂ ਦੀ ਸਫ਼ਾਈ ਬੰਨ੍ਹਾਂ ਦੀ ਮਜਬੂਤੀ ਨਵੇਂ ਡਰੇਨਜ ਸਿਸਟਮ ਅਤੇ ਚੈੱਕ ਡੈਮਾਂ ਸਮੇਤ ਸਥਾਈ ਇੰਤਜ਼ਾਮ ਕੀਤੇ ਜਾਣ, ਹੜ੍ਹ ਰੋਕੂ ਪ੍ਰੋਜੈਕਟਾਂ ਲਈ ਵਿਸ਼ੇਸ਼ ਕੇਂਦਰੀ ਫੰਡ ਜਾਰੀ ਕੀਤਾ ਜਾਵੇ।


AXIS BANK LTD. ਰਿਟੇਲ ਐਸੇਟ ਸੈਂਟਰ : ਦੂਸਰੀ ਅਤੇ ਤੀਸਰੀ ਮੰਜ਼ਲ, ਪ੍ਰਾਪਰਟੀ ਨੰ. 7-ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001

ਕਾਰਪੋਰੇਟ ਦਫਤਰ : "ਐਕਸਿਸ ਹਾਊਸ" ਸੀ-2, ਵਾਡੀਆ ਇੰਟਰਨੈਸ਼ਨਲ ਸੈਂਟਰ, ਪਾਂਡੂਰੰਗ ਬੁੱਧਕਰ ਮਾਰਗ, ਵਰਲੀ, ਮੁੰਬਈ-400025, ਰਜਿਸਟਰਡ ਦਫਤਰ : "ਤ੍ਰਿਸ਼ੂਲ" ਤੀਸਰੀ ਮੰਜ਼ਲ ਸਾਹਮਣੇ ਸਮਰਥੇਸ਼ਵਰ ਮੰਦਰ ਲਾਅ ਗਾਰਡਨ, ਐਲਿਸਬਰਿਜ, ਅਹਿਮਦਾਬਾਦ-380006

**ਅਚੱਲ ਜਾਇਦਾਦ ਦੀ ਵਿਕਰੀ ਵਾਸਤੇ ਈ-ਨਿਲਾਮੀ ਵਿਕਰੀ ਨੋਟਿਸ**

ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐਸੇਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਤਹਿਤ ਅਚੱਲ ਐਸੇਟਸ ਦੀ ਵਿਕਰੀ ਵਾਸਤੇ ਈ-ਨਿਲਾਮੀ ਵਿਕਰੀ ਨੋਟਿਸ

ਆਮ ਜਨਤਾ ਅਤੇ ਖਾਸ ਕਰ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਈ ਅਚੱਲ ਜਾਇਦਾਦ ਸਕਿਉਰਡ ਕ੍ਰੈਡਿਟਰ ਕੋਲ ਰਹਿਣ/ਚਾਰਜਡ ਹੈ, ਜਿਸ ਦਾ ਭੌਤਿਕ ਕਬਜ਼ਾ ਐਕਸਿਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ ਸਕਿਉਰਡ ਕ੍ਰੈਡਿਟਰ ਵੱਲੋਂ ਪ੍ਰਾਪਤ ਕਰ ਲਿਆ ਗਿਆ ਹੈ, ਦੀ ਵਿਕਰੀ (1) ਸ੍ਰੀ ਹਰਮੀਤ ਸਿੰਘ ਮਠਾਰੂ ਪੁੱਤਰ ਸ੍ਰੀ ਕੁਲਦੀਪ ਸਿੰਘ (2) ਸ੍ਰੀਮਤੀ ਸਤਨਾਮ ਕੌਰ ਪਤਨੀ ਸ੍ਰੀ ਹਰਮੀਤ ਸਿੰਘ ਮਠਾਰੂ ਤੋਂ ਸਕਿਉਰਡ ਕ੍ਰੈਡਿਟਰ ਦੀ 28 ਅਪ੍ਰੈਲ 21 ਨੂੰ ਬਕਾਇਆ ਰਕਮ ਰੁਪਏ 54,46,981/- ਦੀ ਵਸੂਲੀ ਲਈ "ਜਿਵੇਂ ਹੈ ਜਿੱਥੇ ਹੈ", "ਜਿਵੇਂ ਹੈ ਜੋ ਹੈ" ਅਤੇ "ਉੱਥੇ ਜੋ ਵੀ ਹੈ" ਦੇ ਅਧਾਰ 'ਤੇ 16 ਜੂਨ 2026 ਨੂੰ ਕੀਤੀ ਜਾਵੇਗੀ। ਜ਼ਰੂਰੀ ਵੇਰਵਿਆਂ ਲਈ ਕਿਰਪਾ ਕਰਕੇ ਨਿਲਾਮੀ ਸਾਰਣੀ ਦਾ ਹਵਾਲਾ ਲਿਆ ਜਾਵੇ।

| | |
|---|---|
| ਜਾਣਕਾਰੀ 'ਚ ਜ਼ੋਖਮ (ਜੇਕਰ ਕੋਈ ਹੈ) | ਕੋਈ ਨਹੀਂ |
| ਰਾਖਵੀਂ ਕੀਮਤ (ਰੁਪਏ 'ਚ) | ਰੁਪਏ 34,02,945 (ਚੌਂਤੀ ਲੱਖ ਦੋ ਹਜ਼ਾਰ ਨੌਂ ਸੌ ਪੰਜਤਾਲੀ ਰੁਪਏ ਕੇਵਲ) |
| ਬਿਆਨਾ ਰਕਮ ਡਿਪਾਜ਼ਟ (ਰੁਪਏ 'ਚ) | ਰੁਪਏ 3,40,294 (ਤਿੰਨ ਲੱਖ ਚਾਲੀ ਹਜ਼ਾਰ ਦੋ ਸੌ ਚੁਰਾਨਵੇਂ ਰੁਪਏ) ਡੀ ਡੀ/ਪੀ ਓ ਰਾਹੀਂ 'ਐਕਸਿਸ ਬੈਂਕ ਲਿਮਟਿਡ' ਦੇ ਹੱਕ 'ਚ |
| ਬੋਲੀ ਵਾਧਾ ਰਕਮ | 10,000/- (ਦਸ ਹਜ਼ਾਰ ਰੁਪਏ ਕੇਵਲ) |
| ਈ ਐਮ ਡੀ ਸਮੇਤ ਬੋਲੀਆਂ/ਟੈਂਡਰ ਜਮ੍ਹਾਂ ਕਰਵਾਉਣ ਲਈ ਅੰਤਮ ਮਿਤੀ, ਸਮਾਂ ਅਤੇ ਸਥਾਨ | ਐਕਸਿਸ ਬੈਂਕ ਲਿਮਟਿਡ, ਰਿਟੇਲ ਐਸੇਟ ਸੈਂਟਰ, "ਦੂਸਰੀ ਅਤੇ ਤੀਸਰੀ ਮੰਜ਼ਲ, ਪ੍ਰਾਪਰਟੀ ਨੰ. 7-ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001 ਵਿਖੇ 15 ਜੂਨ 2026 ਨੂੰ 05.00 ਵਜੇ ਸ਼ਾਮ ਤੱਕ। |
| ਜਨਤਕ ਈ-ਨਿਲਾਮੀ ਲਈ ਮਿਤੀ, ਸਮਾਂ ਅਤੇ ਸਥਾਨ | ਵੈੱਬ ਪੋਰਟਲ https://www.bankeauctions.com 'ਤੇ 16 ਜੂਨ 2026 ਨੂੰ ਸਵੇਰੇ 10.00 ਵਜੇ ਅਤੇ ਦੁਪਹਿਰ 12.00 ਵਜੇ ਦਰਮਿਆਨ, ਹਰੇਕ 5 ਮਿੰਟਾਂ ਦੇ ਅਸੀਮਤ ਵਾਧਿਆਂ ਨਾਲ। ਈ-ਨਿਲਾਮੀ ਬੋਲੀ ਫਾਰਮ, ਘੋਸ਼ਣਾ ਆਦਿ ਰੱਖਦੇ ਈ-ਨਿਲਾਮੀ ਟੈਂਡਰ ਦਸਤਾਵੇਜ਼ ਉਪਰੋਕਤ ਦਰਸਾਏ ਸਰਵਿਸ ਪ੍ਰੋਵਾਈਡਰ ਦੀ ਵੈੱਬਸਾਈਟ 'ਤੇ ਉਪਲੱਬਧ ਹਨ। |

ਸਾਰਣੀ ਜਾਇਦਾਦ ਦਾ ਵੇਰਵਾ : ਜਾਇਦਾਦ/ਮਕਾਨ ਦਾ ਸਮੁੱਚਾ ਅਟੁੱਟ ਹਿੱਸਾ, ਪਲਾਟ ਪ੍ਰਾਈਵੇਟ ਨੰ. 67 ਮਿੰਨ, ਰਕਬਾ 179.72 ਵਰਗ ਗਜ਼, ਖਸਰਾ ਨੰ. 64//24/1/2, 64//24/2, 64//24//3, 67//4 ਮਿੰਨ, ਖਾਤਾ ਖਤੌਨੀ ਨੰ. 1142/1567, 1147/1587, 1211/1659, 987/1375, 988/1376, 989/1377, ਜਮ੍ਹਾਂਬੰਦੀ ਸਾਲ 2013-14 ਅਨੁਸਾਰ ਪਤਾ ਰਕਬਾ ਕਾਲਾ ਘਣੂਪੁਰ, ਸਬ-ਅਰਬਨ, ਨੇੜੇ ਆਬਾਦੀ ਭਾਈ ਜੀਵਨ ਸਿੰਘ ਕਾਲੋਨੀ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ, ਜੋ ਕਿ ਸ੍ਰੀ ਹਰਮੀਤ ਸਿੰਘ ਮਠਾਰੂ ਪੁੱਤਰ ਕੁਲਦੀਪ ਸਿੰਘ ਦੇ ਨਾਂਅ ਰਜਿਸਟਰਡ ਹੈ, ਬੈਨਾਮਾ ਦਸਤਾਵੇਜ਼ ਨੰ. 2018-19/93/1/5850 ਮਿਤੀ 28 ਦਸੰਬਰ 2018 ਅਨੁਸਾਰ ਹੱਦਬੰਦੀ ਹੇਠਾਂ ਅਨੁਸਾਰ : ਪੂਰਬ : ਪਲਾਟ ਨੰ. 67 ਮਿੰਨ ਦਾ ਬਾਕੀ ਹਿੱਸਾ, ਪੱਛਮ : ਪਲਾਟ ਨੰ. 66, ਉੱਤਰ : ਸੜਕ, ਦੱਖਣ : ਹੋਰਾਂ ਦੀ ਜਾਇਦਾਦ।

ਵਿਕਰੀ ਦੀਆਂ ਵਿਸਥਾਰਤ ਸ਼ਰਤਾਂ ਅਤੇ ਨਿਯਮਾਂ ਲਈ ਕ੍ਰਿਪਾ ਕਰਕੇ ਸਕਿਉਰਡ ਕ੍ਰੈਡਿਟਰ ਦੀ ਵੈੱਬਸਾਈਟ https://www.axis-bank.com/auction-retail ਅਤੇ ਬੈਂਕ ਪ੍ਰਮਾਣਿਤ ਸਰਵਿਸ ਪ੍ਰੋਵਾਈਡਰ ਮੈਸ: ਸੀ-1 ਇੰਡੀਆ ਪ੍ਰਾਈਵੇਟ ਲਿਮਟਿਡ ਦੇ ਵੈੱਬ ਪੋਰਟਲ https://www.bankeauctions.com ਦਾ ਹਵਾਲਾ ਲਿਆ ਜਾਵੇ। ਨਿਲਾਮੀ ਬੈਂਕ ਦੇ ਪ੍ਰਮਾਣਿਤ ਸਰਵਿਸ ਪ੍ਰੋਵਾਈਡਰ ਮੈਸ: ਸੀ-1 ਇੰਡੀਆ ਪ੍ਰਾਈਵੇਟ ਲਿਮਟਿਡ ਦੇ ਵੈੱਬ ਪੋਰਟਲ https://www.bankeauctions.com ਰਾਹੀਂ ਆਨਲਾਈਨ ਕੀਤੀ ਜਾਵੇਗੀ। ਹੋਰ ਸਹਾਇਤਾ ਲਈ ਚਾਹਵਾਨ ਬੋਲੀਕਾਰ ਸ੍ਰੀ ਸੁਮਿਤ ਕੁਮਾਰ ਮੋਬਾਇਲ ਨੰ. 9646223355 ਬੈਂਕ ਦੇ ਅਧਿਕਾਰਤ ਅਫਸਰ ਨਾਲ ਦਫਤਰੀ ਸਮੇਂ ਸਵੇਰੇ 10 ਵਜੇ ਤੋਂ ਸ਼ਾਮ ਦੇ 4.00 ਵਜੇ ਤੱਕ ਸੰਪਰਕ ਕਰ ਸਕਦੇ ਹਨ। ਇਸ ਨੋਟਿਸ ਨੂੰ ਕਰਜ਼ਦਾਰਾਂ ਲਈ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲ, 2002 ਦੇ ਰੂਲ 8 (6) ਤਹਿਤ 15 ਦਿਨਾਂ ਦਾ ਨੋਟਿਸ ਮੰਨਿਆ ਜਾਵੇ।

ਮਿਤੀ : 29 ਮਈ 2026, ਸਥਾਨ : ਅੰਮ੍ਰਿਤਸਰ ਸਹੀ/-, (ਅਧਿਕਾਰਤ ਅਫਸਰ), ਐਕਸਿਸ ਬੈਂਕ ਲਿਮਟਿਡ



**ਉੱਤਰ ਰੇਲਵੇ**

**ਈ-ਟੈਂਡਰ ਸੂਚਨਾ**

ਉਪ ਮੁੱਖ ਇੰਜੀਨੀਅਰ/ਪੁਲ/ਵਰਕਸ਼ਾਪ, ਉੱਤਰ ਰੇਲਵੇ, ਜਲੰਧਰ ਛਾਵਣੀ ਦੇ ਦੁਵਾਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ, ਓਪਨ ਈ-ਟੈਂਡਰ ਨੂੰ ਏਕਲ ਪੈਕਿਟ ਸਿਸਟਮ ਦੇ ਤਹਿਤ ਮੰਗ ਕੀਤੀ ਗਈ ਹੈ।

| ਲ. ਨੰ: | ਟੈਂਡਰ ਨੰਬਰ | ਕੰਮ ਦਾ ਵੇਰਵਾ | ਅਨੁਮਾਨਿਤ ਲਾਗਤ (ਰੁਪਏ) | ਬਿਆਨਾ ਰਾਸ਼ੀ (ਰੁਪਏ) | ਖੁਲਣ ਦੀ ਮਿਤੀ | IREPS ਉਤੇ ਬੋਲੀ ਲਗਾਣ ਦੀ ਮਿਤੀ | ਟੈਂਡਰ ਫਾਰਮ ਦੀ ਲਾਗਤ (ਰੁਪਏ) | ਕੰਮ ਪੂਰਾ ਕਰਨ ਦਾ ਸਮਾਂ |
|---|---|---|---|---|---|---|---|---|
| 1 | OT-10-JRC-2026 | SSE/Br/M/JUC ਦੇ ਅਧਿਕਾਰ ਖੇਤਰ ਦੇ ਅੰਤਰਗਤ, SNL-JUC ਸੈਕਸ਼ਨ, ਉਤੇ ਸਥਿਤ ਬ੍ਰਿਜ ਨੰਬਰ 1, 1A ਅਤੇ 20 DN ਅਤੇ, JRC-HSK ਸੈਕਸ਼ਨ ਦੇ ਬ੍ਰਿਜ ਨੰਬਰ 52 ਅਤੇ 70 ਉਤੇ ਸਾਇਡ ਪਾਥਵੇ ਅਤੇ ਮੇਨ ਰਿਫਯੂਜ ਉਪਲਬਧ ਕਰਾਣ ਦਾ ਕੰਮ ਕਰਨਾ। | 2,23,85,741.71 | 4,47,700.00 | 18.06.2026 | 04.06.2026 ਤੋਂ 18.06.2026 | 0 | 10 ਮਹੀਨੇ |
| 2 | OT-11-JRC-2026 | SSE/Br/M/JUC ਦੇ ਅਧਿਕਾਰ ਖੇਤਰ ਦੇ ਅੰਤਰਗਤ, JUC-ASR ਸੈਕਸ਼ਨ, ਉਤੇ ਸਥਿਤ ਬ੍ਰਿਜ ਨੰਬਰ 53 UP ਅਤੇ DN, ASR-ATT ਸੈਕਸ਼ਨ ਦੇ ਬ੍ਰਿਜ ਨੰਬਰ 177-A, ASR-KEMK ਸੈਕਸ਼ਨ ਦੇ ਬ੍ਰਿਜ ਨੰਬਰ 52, BES-TTO ਸੈਕਸ਼ਨ ਦੇ ਬ੍ਰਿਜ ਨੰਬਰ 63, JUC-NRO ਸੈਕਸ਼ਨ ਦੇ ਬ੍ਰਿਜ ਨੰਬਰ 25, PHR-LNK ਸੈਕਸ਼ਨ ਦੇ ਬ੍ਰਿਜ ਨੰਬਰ 141, VKA-DBNK ਸੈਕਸ਼ਨ ਦੇ ਬ੍ਰਿਜ ਨੰਬਰ 123 ਅਤੇ 140 ਅਤੇ FZP-FKA ਅਤੇ KKP-FKA ਸੈਕਸ਼ਨ ਦੇ ਬ੍ਰਿਜ ਨੰਬਰ 200 ਅਤੇ 36 ਉਤੇ ਸਾਇਡ ਪਾਥਵੇ ਅਤੇ ਮੇਨ ਰਿਫਯੂਜ ਉਪਲਬਧ ਕਰਾਣ ਦਾ ਕੰਮ। | 14,34,272.15 | 28,700.00 | 13.05.2024 | 29.04.2024 ਤੋਂ 13.05.2024 | 0 | 06 ਮਹੀਨੇ |

| | |
|---|---|
| ਟੈਂਡਰ ਪੇਸ਼ ਕਰਨਾ ਅਤੇ ਟੈਂਡਰ ਖੁਲਣ ਦੇ ਲਈ ਮਿਤੀ ਅਤੇ ਸਮਾਂ | ਹਰੇਕ ਦੇ ਖਿਲਾਫ ਦਿਖਾਏ ਗਈ ਮਿਤੀਆਂ ਉਤੇ 15.00 ਵਜੇ ਤਕ ਅਤੇ ਉਸੀ ਸਮੇਂ 15.00 ਵਜੇ ਦੇ ਬਾਦ। |
| ਵੈਬਸਾਈਟ ਵੇਰਵਾ ਜਿਥੋਂ ਟੈਂਡਰ ਦਾ ਪੂਰਾ ਵੇਰਵਾ ਦੇਖਿਆ ਜਾਂ ਸਕਦਾ ਹੈ ਅਤੇ ਡਾਊਨਲੋਡ ਕੀਤਾ ਜਾਂ ਸਕਦਾ ਹੈ। | ਪੂਰੀ ਈ-ਟੈਂਡਰ ਸੂਚਨਾ ਉੱਤਰ ਰੇਲਵੇ ਵੈਬਸਾਈਟ www.nr.indianrailways.gov.in ਉਤੇ ਉਪਲਬਧ ਹੈ ਅਤੇ ਟੈਂਡਰ ਦਸਤਾਵੇਜ਼ www.ireps.gov.in ਉਤੇ ਉਪਲਬਧ ਹੈ। |

No. 80-W/30/Bridges/Invitation Dated: 28.05.2026 1812/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਕਿਸਾਨੀ ਮੰਗਾਂ ਨੂੰ ਲੈ ਕੇ ਐੱਸ ਕੇ ਐੱਮ ਵੱਲੋਂ ਡੀ ਸੀ ਦਫਤਰ ਗੁਰਦਾਸਪੁਰ ਵਿਖੇ ਧਰਨਾ 2 ਜੂਨ ਨੂੰ

**ਗੁਰਦਾਸਪੁਰ, (ਜਨਕ ਮਹਾਜਨ)**- ਸਥਾਨਕ ਸ਼ਹੀਦ ਬਲਜੀਤ ਸਿੰਘ ਭਵਨ ਵਿਖੇ ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਗੁਰਦਾਸਪੁਰ ਨਾਲ ਸਬੰਧਤ ਸਮੂਹ ਕਿਸਾਨ ਜਥੇਬੰਦੀਆਂ ਦੇ ਆਗੂਆਂ ਦੀ ਇੱਕ ਭਰਵੀਂ ਮੀਟਿੰਗ ਕਿਰਤੀ ਕਿਸਾਨ ਯੂਨੀਅਨ ਦੇ ਆਗੂ ਸਾਥੀ ਤਰਲੋਕ ਸਿੰਘ ਬਹਿਰਾਮਪੁਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਮੱਖਣ ਸਿੰਘ ਕੁਹਾੜ, ਰਾਜ ਗੁਰਵਿੰਦਰ ਸਿੰਘ ਲਾਡੀ, ਲਖਵਿੰਦਰ ਸਿੰਘ ਮਰੜ, ਮੰਗਤ ਸਿੰਘ ਜੀਵਨਚੱਕ, ਹਰਵਿੰਦਰ ਸਿੰਘ ਮੱਲ੍ਹੀ, ਬਲਜੀਤ ਸਿੰਘ ਕਲਾਨੌਰ, ਜਗਜੀਤ ਸਿੰਘ ਅਲੂਣਾ, ਅਸ਼ਵਨੀ ਕੁਮਾਰ ਲਖਣ ਕਲਾਂ, ਐੱਸਪੀ ਸਿੰਘ ਗੋਸਲ, ਰਘਬੀਰ ਸਿੰਘ ਚਾਹਲ, ਧੀਰ ਸਿੰਘ ਸਿੱਧੂ, ਬਲਰਾਜ ਸਿੰਘ ਤੇ ਕੁਲਵਿੰਦਰ ਸਿੰਘ ਤਿੱਬੜ ਆਦਿ ਨੇ ਆਖਿਆ




ਕਿ ਮੋਦੀ ਸਰਕਾਰ ਸਵਾਮੀਨਾਥਨ ਕਮਿਸ਼ਨ ਮੁਤਾਬਕ ਐੱਮ. ਐੱਸ. ਪੀ. ਦੀ ਮੰਗ ਅਜੇ ਤਕ ਨਹੀ ਮੰਨੀ, ਬਿਜਲੀ ਸੋਧ ਬਿੱਲ ਤੇ ਬੀਜ ਸੋਧ ਬਿਲ ਵਾਪਸ ਨਹੀਂ ਲਿਆ। ਆਗੂਆਂ ਕਿਹਾ ਕਿ ਪੰਜਾਬ ਦੇ ਕਿਸਾਨ ਮਜ਼ਦੂਰ ਇਹ ਸਹਿਣ ਨਹੀਂ ਕਰਨਗੇ ਅਤੇ ਡਟ ਕੇ ਲੜਾਈ ਲੜੀ ਜਾਵੇਗੀ। ਆਗੂਆਂ ਨੇ ਕਿਹਾ ਕਿ 15 ਮਈ ਨੂੰ ਚੰਡੀਗੜ੍ਹ ਮੁਜ਼ਾਹਰੇ ਸਮੇਂ ਜਿਸ ਤਰ੍ਹਾਂ ਕਿਸਾਨਾਂ 'ਤੇ ਲਾਠੀ ਚਾਰਜ ਕੀਤਾ, ਅਥਰੂ ਗੈਸ ਦੇ ਗੋਲੇ ਸੁੱਟੇ, ਪਾਣੀ ਦੀਆਂ ਬੁਛਾੜਾਂ ਮਾਰੀਆਂ ਹਨ ਉਸ ਨਾਲ ਪੰਜਾਬੀਆਂ ਦਾ ਕੇਂਦਰ ਸਰਕਾਰ ਪ੍ਰਤੀ ਗੁੱਸਾ ਹੋਰ ਵਧ ਗਿਆ ਹੈ। ਇਸੇ ਲੜੀ ਤਹਿਤ ਦੋ ਜੂਨ ਨੂੰ ਡੀ ਸੀ ਦਫਤਰਾਂ ਅੱਗੇ ਧਰਨੇ ਦਿੱਤੇ ਜਾਣਗੇ। ਗੁਰਦਾਸਪੁਰ ਦੇ ਡੀਸੀ ਦਫਤਰ ਅੱਗੇ ਧਰਨਾ ਦੇਣ ਲਈ 2 ਜੂਨ ਨੂੰ 10:30 ਵਜੇ ਪਹਿਲਾਂ ਗੁਰੂ ਨਾਨਕ ਪਾਰਕ ਵਿਖੇ ਇਕੱਤਰ ਹੋਇਆ ਜਾਵੇਗਾ ਅਤੇ ਜਲੂਸ ਦੀ ਸ਼ਕਲ ਵਿੱਚ ਡੀਸੀ ਦਫਤਰ ਪੁੱਜਿਆ ਜਾਵੇਗਾ। ਆਗੂਆਂ ਨੇ ਵੱਡੀ ਗਿਣਤੀ ਵਿੱਚ ਕਿਸਾਨਾਂ ਮਜ਼ਦੂਰਾਂ ਨੂੰ ਧਰਨੇ ਵਿੱਚ ਪੁੱਜਣ ਦੀ ਅਪੀਲ ਕੀਤੀ। ਇਸ ਮੌਕੇ ਪਿੰਡ ਆਦੀਆਂ ਦੇ ਰਣਜੀਤ ਸਿੰਘ ਦੇ ਕੇਸ ਦੀ ਪੈਰਵੀ ਕਰ ਰਹੇ ਆਗੂਆਂ ਨੂੰ ਪ੍ਰਸ਼ਾਸਨ ਵੱਲੋਂ ਪਰੇਸ਼ਾਨ ਕਰਨ ਤੇ ਝੂਠੇ ਕੇਸਾਂ ਵਿਚ ਫਸਾਉਣ ਦੀਆਂ ਸਾਜ਼ਿਸ਼ਾਂ ਰਚਣ ਦੀ ਨਿਖੇਧੀ ਕੀਤੀ ਗਈ। ਇਸ ਮੌਕੇ ਸ਼ਿਵ ਕੁਮਾਰ, ਹਰਚਰਨ ਸਿੰਘ ਔਜਲਾ, ਕੁਲਵਿੰਦਰ ਸਿੰਘ ਤਿੱਬੜ, ਅਜੀਤ ਸਿੰਘ, ਜਸਪਾਲ ਸਿੰਘ, ਅਜੀਤ ਸਿੰਘ ਮੱਲੀਆਂ ਆਦਿ ਆਗੂ ਹਾਜ਼ਰ ਸਨ।

# ਸੇਵਾ ਕੇਂਦਰ ਮੁਲਾਜ਼ਮਾਂ ਵੱਲੋਂ ਸੰਘਰਸ਼ ਹੋਰ ਤਿੱਖਾ ਕਰਨ ਦੀ ਚੇਤਾਵਨੀ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਤਰਨ ਤਾਰਨ ਵੱਲੋਂ ਆਪਣੀਆਂ ਜਾਇਜ਼ ਮੰਗਾਂ ਨੂੰ ਲੈ ਕੇ ਸ਼ੁਰੂ ਕੀਤੀ ਅਣਮਿਥੇ ਸਮੇਂ ਦੀ ਹੜਤਾਲ ਤੀਜੇ ਦਿਨ ਵੀ ਜਾਰੀ ਰਹੀ।ਇਸ ਮੌਕੇ ਯੂਨੀਅਨ ਆਗੂਆਂ ਨੇ ਦੋਸ਼ ਲਾਇਆ ਕਿ ਅਜੇ ਤੱਕ ਸਰਕਾਰ ਦਾ ਕੋਈ ਵੀ ਨੁਮਾਇੰਦਾ ਉਨ੍ਹਾਂ ਦੀ ਸਾਰ ਲੈਣ ਨਹੀਂ ਪਹੁੰਚਿਆ ਅਤੇ ਨਾ ਹੀ ਮੰਗਾਂ ਸਬੰਧੀ ਕੋਈ ਸਕਾਰਾਤਮਕ ਕਦਮ ਚੁੱਕਿਆ ਗਿਆ ਹੈ।ਸੇਵਾ ਕੇਂਦਰ ਯੂਨੀਅਨ ਦੇ ਪ੍ਰਧਾਨ ਗੁਰਸੇਵਕ ਸਿੰਘ ਲਾਲੂ ਘੁੰਮਣ ਨੇ ਕਿਹਾ ਕਿ ਮੁਲਾਜ਼ਮਾਂ ਦੀਆਂ ਮੁੱਖ ਮੰਗਾਂ ਵਿੱਚ ਬਰਾਬਰ ਕੰਮ ਬਰਾਬਰ ਤਨਖਾਹ, ਘੱਟੋ-ਘੱਟ 40 ਹਜ਼ਾਰ ਰੁਪਏ ਮਹੀਨਾਵਾਰ ਤਨਖਾਹ, ਠੇਕਾ ਪ੍ਰਣਾਲੀ ਦਾ ਖਾਤਮਾ ਅਤੇ ਪੰਜਾਬ ਸਰਕਾਰ ਦੀਆਂ ਹਦਾਇਤਾਂ ਮੁਤਾਬਕ 10 ਸਾਲ ਸੇਵਾ ਪੂਰੀ ਕਰਨ ਵਾਲੇ ਮੁਲਾਜ਼ਮਾਂ ਨੂੰ ਪੱਕਾ ਕਰਨਾ ਸ਼ਾਮਲ ਹੈ।ਮੀਤ ਪ੍ਰਧਾਨ ਜਗਦੀਸ਼ ਸਿੰਘ ਨੇ ਕਿਹਾ ਕਿ ਮੌਜੂਦਾ ਘੱਟ ਤਨਖਾਹਾਂ ਨਾਲ ਪਰਿਵਾਰ ਦਾ ਗੁਜ਼ਾਰਾ ਕਰਨਾ ਬਹੁਤ ਮੁਸ਼ਕਲ ਹੋ ਗਿਆ ਹੈ।ਉਨ੍ਹਾਂ ਕਿਹਾ ਕਿ ਸਰਕਾਰਾਂ ਵੱਲੋਂ ਆਪਣੀਆਂ ਪ੍ਰਾਪਤੀਆਂ ਦੇ ਵੱਡੇ ਦਾਅਵੇ ਕੀਤੇ ਜਾਂਦੇ ਹਨ ਪਰ ਜ਼ਮੀਨੀ ਹਕੀਕਤ ਕੁਝ ਹੋਰ ਹੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਹੁਣ ਸੇਵਾ ਕੇਂਦਰ ਮੁਲਾਜ਼ਮ ਆਪਣੀਆਂ ਮੰਗਾਂ ਮਨਵਾਏ ਬਿਨਾਂ ਹੜਤਾਲ ਖਤਮ ਨਹੀਂ ਕਰਨਗੇ।ਯੂਨੀਅਨ ਆਗੂਆਂ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਸਰਕਾਰ ਜਾਂ ਕੰਪਨੀ ਵੱਲੋਂ ਮੁਲਾਜ਼ਮਾਂ ਨੂੰ ਟਰਮੀਨੇਟ ਕਰਨ ਜਾਂ



ਦਬਾਅ ਹੇਠ ਲਿਆਉਣ ਦੀ ਕੋਸ਼ਿਸ਼ ਕੀਤੀ ਗਈ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ ਅਤੇ ਲੋੜ ਪੈਣ 'ਤੇ ਪਰਿਵਾਰਾਂ ਸਮੇਤ ਸੜਕਾਂ ਤੇ ਉਤਰਿਆ ਜਾਵੇਗਾ।ਇਸ ਮੌਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਭਾਈ ਚਮਕੌਰ ਸਿੰਘ ਅਤੇ ਸਰਬਜੀਤ ਸਿੰਘ ਨੇ ਯੂਨੀਅਨ ਨੂੰ ਸਮਰਥਨ ਦਿੱਤਾ ਅਤੇ ਸਰਕਾਰ ਦੀਆਂ ਨੀਤੀਆਂ ਦੀ ਆਲੋਚਨਾ ਕੀਤੀ।ਇਸ ਤੋਂ ਇਲਾਵਾ ਪੀ.ਐੱਸ.ਐੱਮ.ਐੱਸ.ਯੂ. ਦੇ ਜ਼ਿਲ੍ਹਾ ਪ੍ਰਧਾਨ ਗੁਰਸੇਵਕ ਸਿੰਘ ਨੇ ਵੀ ਯੂਨੀਅਨ ਦੇ ਹੱਕ ਵਿੱਚ ਆਪਣਾ ਸਮਰਥਨ ਦਿੱਤਾ।ਆਜ਼ਾਦ ਕਿਸਾਨ ਸੰਘਰਸ਼ ਕਮੇਟੀ ਦੇ ਸੂਬਾ ਕਮੇਟੀ ਮੈਂਬਰ ਰਸ਼ਪਾਲ ਸਿੰਘ ਭੈਲ, ਅਮਨਦੀਪ ਸਿੰਘ, ਕੁਲਵੰਤ ਸਿੰਘ ਅਤੇ ਗੁਰਲਾਲ ਸਿੰਘ ਛਾਪੜੀ ਸਾਹਿਬ ਨੇ ਵੀ ਹੜਤਾਲ ਵਿੱਚ ਸ਼ਿਰਕਤ ਕੀਤੀ।ਸੇਵਾ ਸਹਾਇਕ ਪ੍ਰਧਾਨ ਵਰਿੰਦਰ ਸਿੰਘ ਜੋਤੀ ਨੇ ਕਿਹਾ ਕਿ ਜੇਕਰ ਕੰਪਨੀ ਵੱਲੋਂ ਮੁਲਾਜ਼ਮਾਂ 'ਤੇ ਦਬਾਅ ਬਣਾਇਆ ਗਿਆ ਤਾਂ ਸੰਘਰਸ਼ ਹੋਰ ਵੱਡੇ ਪੱਧਰ 'ਤੇ ਕੀਤਾ ਜਾਵੇਗਾ।ਯੂਨੀਅਨ ਆਗੂਆਂ ਨੇ ਕਿਹਾ ਕਿ ਤਿੰਨ ਦਿਨਾਂ ਤੋਂ ਮੁਲਾਜ਼ਮ ਹੜਤਾਲ 'ਤੇ ਬੈਠੇ ਹਨ ਪਰ ਸਰਕਾਰ ਦਾ ਕੋਈ ਨੁਮਾਇੰਦਾ ਉਨ੍ਹਾਂ ਨਾਲ ਗੱਲਬਾਤ ਕਰਨ ਨਹੀਂ ਆਇਆ, ਜੋ ਕਿ ਸਰਕਾਰ ਲਈ ਨਮੋਸ਼ੀ ਵਾਲੀ ਗੱਲ ਹੈ। ਉਨ੍ਹਾਂ ਐਲਾਨ ਕੀਤਾ ਕਿ ਜੇਕਰ ਸਰਕਾਰ ਇਸੇ ਤਰ੍ਹਾਂ ਬੇਪਰਵਾਹ ਰਹੀ ਤਾਂ ਮੁੱਖ ਮੰਤਰੀ ਦੀ ਸੰਗਰੂਰ ਸਥਿਤ ਕੋਠੀ ਦਾ ਘਿਰਾਓ ਵੀ ਕੀਤਾ ਜਾਵੇਗਾ।ਇਸ ਦੌਰਾਨ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਕੈਪਟਨ ਸਿੰਘ ਕਾਹਲਵਾਂ ਅਤੇ ਸੁਲੱਖਣ ਸਿੰਘ ਨੇ ਵੀ ਹੜਤਾਲ ਵਿੱਚ ਹਾਜ਼ਰੀ ਭਰੀ ਅਤੇ ਯੂਨੀਅਨ ਨੂੰ ਹਰ ਸੰਘਰਸ਼ ਵਿੱਚ ਮੋਢੇ ਨਾਲ ਮੋਢਾ ਜੋੜ ਕੇ ਸਾਥ ਦੇਣ ਦਾ ਭਰੋਸਾ ਦਿੱਤਾ।

# ਸੇਵਾ ਕਾਰਜਾਂ ਤੇ ਧਰਮ ਪ੍ਰਚਾਰ ਲਈ ਗੱਡੀ ਭੇਟ



**ਝਬਾਲ, (ਹਰਜਿੰਦਰ ਸਿੰਘ ਸੋਨੀ)**- ਗੁਰਦੁਆਰਾ ਸ੍ਰੀ ਕਿਲਾ ਸਾਹਿਬ ਠੱਠਗੜ੍ਹ (ਜ਼ਿਲਾ ਤਰਨਤਾਰਨ) ਦੇ ਮੁੱਖ ਸੇਵਾਦਾਰ ਜਥੇਦਾਰ ਸੰਤ ਬਾਬਾ ਸੁੱਧ ਸਿੰਘ ਟੂਸੇ ਮਾਛੀਵਾੜਾ ਸਾਹਿਬ ਵਾਲਿਆਂ ਨੂੰ ਸੇਵਾ ਕਾਰਜਾਂ ਅਤੇ ਧਰਮ ਪ੍ਰਚਾਰ ਲਈ ਸੰਗਤਾਂ ਵੱਲੋਂ ਗੱਡੀ ਭੇਟਾ ਕੀਤੀ ਗਈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਬਾਬਾ ਸਰਬਜੀਤ ਸਿੰਘ ਨੇ ਦੱਸਿਆ ਕਿ ਲੁਧਿਆਣਾ ਸ਼ਹਿਰ ਤੋਂ ਪਿਆਰ ਕਰਨ ਵਾਲੀਆ ਸੰਗਤਾਂ ਗੁਰੂ ਦੇ ਪਿਆਰਿਆਂ ਸਤਵਿੰਦਰ ਸਿੰਘ ਲਵਲੀ ਪ੍ਰਧਾਨ ਡੇਅਰੀ ਕੰਪਲੈਕਸ ਤਾਜਪੁਰ ਰੋਡ ਲੁਧਿਆਣਾ ਅਤੇ ਸੁਰਿੰਦਰ ਸਿੰਘ ਚੌਹਾਨ ਸ਼ਹਿਰ ਲੁਧਿਆਣਾ ਵੱਲੋਂ ਸੰਤ ਬਾਬਾ ਸੁੱਧ ਸਿੰਘ ਨੂੰ ਨਵੀਂ ਗੱਡੀ ਦੀਆਂ ਚਾਬੀਆਂ ਭੇਟ ਕਰਦਿਆਂ ਮਹਾਂਪੁਰਖਾਂ ਦਾ ਅਸ਼ੀਰਵਾਦ ਲਿਆ ਗਿਆ ਜਦਕਿ ਇਸ ਮੌਕੇ ਬਾਬਾ ਸਰਬਜੀਤ ਸਿੰਘ, ਬਾਬਾ ਸਤਵੰਤ ਸਿੰਘ ਸਮੇਤ ਹੋਰ ਵੀ ਸੇਵਾਦਾਰ ਹਾਜ਼ਰ ਸਨ।

# ਭਖਦੇ ਮਸਲਿਆਂ 'ਤੇ ਸੀ ਪੀ ਆਈ ਬਲਾਕ ਮਜੀਠਾ ਦੀ ਮੀਟਿੰਗ

## ਤੇਲ ਦੀਆਂ ਵਾਰ-ਵਾਰ ਵਧ ਰਹੀਆਂ ਕੀਮਤਾਂ ਦੀ ਕੀਤੀ ਸਖਤ ਨਿਖੇਧੀ

**ਚਵਿੰਡਾ ਦੇਵੀ, ਚੇਤਨਪੁਰਾ (ਖੁਸ਼ਹਾਲ ਸੁੰਦਰ, ਸੁਖਵੰਤ ਚੇਤਨਪੁਰੀ)**- ਸੀਪੀਆਈ ਬਲਾਕ ਮਜੀਠਾ ਦੀ ਇਲਾਕਾ ਕਮੇਟੀ ਦੀ ਮੀਟਿੰਗ ਕਾਮਰੇਡ ਮੇਜਰ ਸਿੰਘ ਅਬਦਾਲ ਸੋਹੀ ਦੀ ਪ੍ਰਧਾਨਗੀ ਹੇਠ ਕੀਤੀ ਗਈ ਜਿਸ ਵਿੱਚ ਪਿਛਲੇ



ਕੰਮਾਂ ਦੀ ਰਿਪੋਰਟ ਮਜੀਠਾ ਸੀਪੀਆਈ ਦੇ ਸੈਕਟਰੀ ਬਲਕਾਰ ਸਿੰਘ ਨੇ ਪੇਸ਼ ਕੀਤੀ। ਸਾਥੀ ਨੇ ਲਗਾਤਾਰ ਤੇਲ ਕੀਮਤਾਂ ਵਿੱਚ ਕੀਤੇ ਜਾ ਰਹੇ ਵਾਧੇ ਦੀ ਨਖੇਧੀ ਕੀਤੀ। ਸਾਥੀ ਨੇ ਇਹ ਵੀ ਦੱਸਿਆ ਕਿ ਦੇਸ਼ ਦੇ ਪ੍ਰਧਾਨ ਮੰਤਰੀ ਦੀਆਂ ਨੀਤੀਆਂ ਨੇ ਦੇਸ਼ ਨੂੰ ਕੰਗਾਲੀ ਦੇ ਕਗਾਰ ਤੇ ਖੜਾ ਕਰ ਦਿੱਤਾ ਹੈ। ਇਸ ਮੌਕੇ ਮੇਜਰ ਸਿੰਘ ਵਕੀਲ ਰੂਪੋਵਾਲੀ ਨੇ ਦੱਸਿਆ ਕਿ ਪੰਜਾਬ ਵਿੱਚ ਅਮਨ ਕਨੂੰਨ ਦੀ ਸਥਿਤੀ ਬਦ ਤੋਂ ਬਦਤਰ ਹੋ ਚੁੱਕੀ ਹੈ। ਕਾਮਰੇਡ ਬਲਵਿੰਦਰ ਸਿੰਘ ਦੁਧਾਲਾ ਨੇ ਕਿਹਾ ਕਿ ਜੇ ਇਹੀ ਹਾਲ ਰਿਹਾ ਤਾਂ ਦੇਸ਼ ਤਾਂ ਭਾਵੇਂ ਆਜ਼ਾਦ ਕਹਾਉਂਦਾ ਰਹੇ, ਪਰ ਦੇਸ਼ ਦੇ ਕਿਰਤੀ ਕਿਸਾਨ ਤੇ ਮਿਹਨਤਕਸ਼ ਲੋਕ ਜ਼ਰੂਰ ਕੰਗਾਲ ਹੋ ਕੇ ਗੁਲਾਮ ਹੋ ਜਾਣਗੇ। ਇਸ ਮੀਟਿੰਗ ਵਿੱਚ ਰਣਜੀਤ ਸਿੰਘ, ਗੁਰਜੀਤ ਸਿੰਘ ਜੇਠੂਵਾਲ, ਦਵਿੰਦਰ ਸਿੰਘ ਬੱਠੂਚੱਕ, ਗੁਰਦੀਪ ਸਿੰਘ ਹਦਾਇਤਪੁਰ, ਸੁਖਵਿੰਦਰ ਸਿੰਘ, ਜੋਗਿੰਦਰ ਸਿੰਘ ਚਵਿੰਡਾ ਦੇਵੀ, ਬਾਬਾ ਜਸਵੰਤ ਸਿੰਘ ਮੁਗੋਸੋਹੀ, ਰਛਪਾਲ ਸਿੰਘ ਤਲਵੰਡੀ ਦਸੌਂਧਾ ਸਿੰਘ, ਮੱਖਣ ਸਿੰਘ, ਜਗਦੀਸ਼ ਲਾਲ, ਹਰਵਿੰਦਰ ਸਿੰਘ ਲਹਿਰਕਾ ਨੇ ਆਪਣੇ ਵਿਚਾਰ ਪੇਸ਼ ਕੀਤੇ। ਮੇਜਰ ਸਿੰਘ ਅਬਦਾਲ ਨੇ ਧੰਨਵਾਦ ਕਰਦਿਆਂ ਕਿਹਾ ਕਿ ਸਾਨੂੰ ਮਹਿੰਗਾਈ ਵਿਰੁੱਧ ਸੰਘਰਸ਼ ਕਰਨਾ ਪੈਣਾ ਹੈ। ਇਨ੍ਹਾਂ ਸਾਥੀਆਂ ਤੋਂ ਇਲਾਵਾ ਪ੍ਰਕਾਸ਼ ਸਿੰਘ ਕੈਰੋਨੰਗਲ, ਸੁਖਵਿੰਦਰ ਸਿੰਘ ਮੈਣੀਆਂ, ਸੱਤਪਾਲ ਲਹਿਰਕਾ, ਜਗੀਰ ਸਿੰਘ ਤੇ ਪਿੰਦਰ ਸਿੰਘ ਮੁੱਗੋਸੋਹੀ ਨੇ ਵੀ ਮੀਟਿੰਗ ਵਿੱਚ ਹਿਸਾ ਲਿਆ।

# ਪੰਧੇਰ ਨਰਸਿੰਗ ਕਾਲਜ ਦੇ ਵਿਦਿਆਰਥੀਆਂ ਨੇ ਬਿਰਧ ਆਸ਼ਰਮ ਤੇ ਬਲਾਇੰਡ ਸਕੂਲ ਦਾ ਕੀਤਾ ਦੌਰਾ

**ਫਤਿਹਗੜ੍ਹ ਚੂੜੀਆਂ, ਚੇਤਨਪੁਰਾ (ਜਸਦੇਵ ਸਿੰਘ ਮਾਨ, ਸੁਖਵੰਤ ਚੇਤਨਪੁਰੀ)**- ਸ੍ਰੀ ਗੁਰੂ ਰਾਮਦਾਸ ਨਰਸਿੰਗ ਇੰਸਟੀਚਿਊਟ ਪੰਧੇਰ ਦੇ ਪ੍ਰਿੰਸੀਪਲ ਮੈਡਮ ਹਰਜਿੰਦਰਪਾਲ ਕੌਰ ਕੰਗ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸੰਸਥਾ ਦੇ



ਜੀ. ਐਨ. ਐਮ. ਪਹਿਲੇ ਸਾਲ ਦੇ ਵਿਦਿਆਰਥੀਆਂ ਵੱਲੋਂ ਸਮਾਜਿਕ ਸੇਵਾ ਅਤੇ ਮਨੁੱਖਤਾ ਦੀ ਭਲਾਈ ਲਈ ਇੱਕ ਵਿਸ਼ੇਸ਼ ਉਪਰਾਲਾ ਕੀਤਾ ਜਾ ਰਿਹਾ ਹੈ।ਸੇਵਾ ਮੁਹਿੰਮ ਤਹਿਤ ਵਿਦਿਆਰਥੀ ਅਧਿਆਪਕਾਂ ਮੈਡਮ ਜਗਦੀਪ ਕੌਰ ਅਤੇ ਮੈਡਮ ਸਿਮਰਨਦੀਪ ਰੰਧਾਵਾ ਦੀ ਅਗਵਾਈ ਵਿੱਚ ਬਿਰਧ ਆਸ਼ਰਮ ਅਤੇ ਬਲਾਇੰਡ ਸਕੂਲ ਦਾ ਦੌਰਾ ਕੀਤਾ ਗਿਆ।ਇਸ ਦੌਰੇ ਦੌਰਾਨ ਨਰਸਿੰਗ ਵਿਦਿਆਰਥੀਆਂ ਵੱਲੋਂ ਉਥੇ ਰਹਿੰਦੇ ਬਜ਼ੁਰਗਾਂ ਅਤੇ ਵਿਦਿਆਰਥੀਆਂ ਨਾਲ ਮਿਲ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਜ਼ਰੂਰਤਾਂ ਨੂੰ ਸਮਝਿਆ।ਵਿਦਿਆਰਥੀਆਂ ਵੱਲੋਂ ਸਮਾਜਿਕ ਸੇਵਾ ਨਿਭਾਉਂਦੇ ਹੋਏ ਉਨ੍ਹਾਂ ਦੀ ਸਹਾਇਤਾ ਕੀਤੀ ਅਤੇ ਮੁੱਢਲੇ ਮੈਡੀਕਲ ਚੈਕਅੱਪ ਵੀ ਕੀਤੇ।ਇਸ ਦੇ ਨਾਲ ਹੀ ਸਿਹਤ ਸਬੰਧੀ ਜਾਗਰੂਕਤਾ ਫੈਲਾਉਣ ਲਈ ਸਫ਼ਾਈ, ਪੋਸ਼ਣ ਅਤੇ ਸਿਹਤਮੰਦ ਜੀਵਨ ਸ਼ੈਲੀ ਬਾਰੇ ਵੀ ਜਾਣਕਾਰੀ ਦਿੱਤੀ ਗਈ।ਪ੍ਰਿੰਸੀਪਲ ਹਰਜਿੰਦਰਪਾਲ ਕੌਰ ਕੰਗ ਨੇ ਕਿਹਾ ਕਿ ਨਰਸਿੰਗ ਸਿਰਫ਼ ਇੱਕ ਪੇਸ਼ਾ ਨਹੀਂ, ਸਗੋਂ ਮਨੁੱਖਤਾ ਦੀ ਸੇਵਾ ਕਰਨ ਦਾ ਇੱਕ ਮਹੱਤਵਪੂਰਨ ਮਾਧਿਅਮ ਹੈ।ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਸਮਾਜਿਕ ਸੇਵਾ ਕਾਰਜ ਵਿਦਿਆਰਥੀਆਂ ਵਿੱਚ ਦਇਆ, ਸਹਿਯੋਗ ਅਤੇ ਸਮਾਜ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ।ਮੈਡਮ ਜਗਦੀਪ ਕੌਰ ਅਤੇ ਮੈਡਮ ਸਿਮਰਨਦੀਪ ਰੰਧਾਵਾ ਨੇ ਕਿਹਾ ਕਿ ਅਜਿਹੇ ਦੌਰੇ ਵਿਦਿਆਰਥੀਆਂ ਨੂੰ ਵਿਵਹਾਰਕ ਗਿਆਨ ਦੇ ਨਾਲ-ਨਾਲ ਸਮਾਜ ਨਾਲ ਜੁੜ ਕੇ ਸੇਵਾ ਕਰਨ ਦੀ ਪ੍ਰੇਰਨਾ ਦਿੰਦੇ ਹਨ।ਉਨ੍ਹਾਂ ਕਿਹਾ ਕਿ ਨਰਸਿੰਗ ਵਿਦਿਆਰਥੀਆਂ ਲਈ ਇਹ ਤਜਰਬਾ ਭਵਿੱਖ ਵਿੱਚ ਇੱਕ ਚੰਗੇ ਸਿਹਤ ਕਰਮੀ ਵਜੋਂ ਕੰਮ ਕਰਨ ਲਈ ਬਹੁਤ ਲਾਭਦਾਇਕ ਸਾਬਤ ਹੋਵੇਗਾ।

ਸੰਸਥਾ ਪ੍ਰਬੰਧਕਾਂ ਅਨੁਸਾਰ ਇਸ ਤਰ੍ਹਾਂ ਦੇ ਉਪਰਾਲਿਆਂ ਰਾਹੀਂ ਵਿਦਿਆਰਥੀਆਂ ਨੂੰ ਮਨੁੱਖਤਾ ਦੀ ਸੇਵਾ ਨਾਲ ਜੋੜਨ ਅਤੇ ਸਮਾਜ ਵਿੱਚ ਸਿਹਤ ਪ੍ਰਤੀ ਜਾਗਰੂਕਤਾ ਫੈਲਾਉਣ ਦਾ ਸੰਦੇਸ਼ ਦਿੱਤਾ ਜਾ ਰਿਹਾ ਹੈ।ਵਿਦਿਆਰਥੀਆਂ ਵਿੱਚ ਇਸ ਸਮਾਜਿਕ ਸੇਵਾ ਮੁਹਿੰਮ ਪ੍ਰਤੀ ਕਾਫ਼ੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ।

# ਸਿੱਕੀ ਨੇ ਸੀਨੀਅਰ ਕਾਂਗਰਸੀ ਆਗੂ ਕਾਰਜ ਸਿੰਘ ਦੀ ਸਿਹਤ ਬਾਰੇ ਹਾਲ-ਚਾਲ ਜਾਣਿਆ



**ਚੋਹਲਾ ਸਾਹਿਬ (ਰਮਨ ਚੱਢਾ)**- ਵਿਧਾਨ ਸਭਾ ਹਲਕਾ ਖਡੂਰ ਸਾਹਿਬ ਦੇ ਅਧੀਨ ਆਉਂਦੇ ਕਸਬਾ ਚੋਹਲਾ ਸਾਹਿਬ ਤੋਂ ਸੀਨੀਅਰ ਕਾਂਗਰਸੀ ਆਗੂ ਕਾਰਜ ਸਿੰਘ ਕਾਮਰੇਡ ਜਿਨ੍ਹਾਂ ਦੀ ਪਿਛਲੇ ਕੁਝ ਦਿਨਾਂ ਤੋਂ ਸਿਹਤ ਠੀਕ ਨਹੀਂ, ਕਾਰਨ ਉਨ੍ਹਾਂ ਦੇ ਗ੍ਰਹਿ ਨਿਵਾਸ ਚੋਹਲਾ ਸਾਹਿਬ ਵਿਖੇ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਆਪਣੀ ਸਾਰੀ ਟੀਮ ਨਾਲ ਪਹੁੰਚੇ ਉਨ੍ਹਾਂ ਦੀ ਸਿਹਤ ਦਾ ਹਾਲ ਚਾਲ ਜਾਣਿਆ ਅਤੇ ਵਾਹਿਗੁਰੂ ਅੱਗੇ ਅਰਦਾਸ ਕੀਤੀ ਕਿ ਪਰਮਾਤਮਾ ਕਾਰਜ ਸਿੰਘ ਨੂੰ ਤੰਦਰੁਸਤੀ ਬਖਸ਼ੇ। ਇਸ ਮੌਕੇ ਸਾਬਕਾ ਵਿਧਾਇਕ ਸਿੱਕੀ ਵੱਲੋਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੇ ਸੰਬੰਧ ਵਿੱਚ ਵਿਚਾਰ-ਵਟਾਂਦਰਾ ਵੀ ਕੀਤਾ ਗਿਆ। ਇਸ ਮੌਕੇ ਸੀਨੀਅਰ ਕਾਂਗਰਸੀ ਆਗੂ ਰਕੇਸ਼ ਕੁਮਾਰ, ਬਿੱਲੇ ਸ਼ਾਹ, ਮਨਦੀਪ ਸਿੰਘ ਮਨੀ, ਕਾਰਜ ਸਿੰਘ ਪ੍ਰਧਾਨ, ਬਲਵਿੰਦਰ ਸਿੰਘ ਮੈਂਬਰ ਪੰਚਾਇਤ, ਦਇਆ ਸਿੰਘ ਸੰਧੂ, ਬੀਬੀ ਗੁਰਬਚਨ ਕੌਰ ਮੈਂਬਰ ਬਲਾਕ ਸੰਮਤੀ ਚੋਹਲਾ ਸਾਹਿਬ, ਰਣਜੀਤ ਸਿੰਘ ਆੜ੍ਹਤੀਆ, ਡਾਕਟਰ ਕੁਲਵਿੰਦਰ ਸਿੰਘ ਮੈਡੀਕਲ ਸਟੋਰ ਵਾਲੇ, ਡਾਕਟਰ ਰਤਨਜੀਤ ਸਿੰਘ, ਸਰਜੀਤ ਸਿੰਘ ਸੀਤੂ, ਗੁਰਵਿੰਦਰ ਸਿੰਘ ਗਿੰਦ, ਅਮਨਦੀਪ ਸਿੰਘ ਸੋਨੂੰ, ਅਰਸ਼ਦੀਪ ਸਿੰਘ, ਮਹਾਵੀਰ ਸਿੰਘ ਰੱਤੋਕੇ, ਅਮਰ ਸਿੰਘ ਭਰੋਵਾਲ, ਰਜਿੰਦਰ ਸਿੰਘ ਬਾਜਵਾ, ਗੁਰਜੰਟ ਸਿੰਘ ਮੰਟਾ ਅਤੇ ਰਣਜੀਤ ਸਿੰਘ ਪਵਾਰ ਕਾਂਗਰਸੀ ਆਗੂ ਹਾਜ਼ਰ ਸਨ।

# ਪਿੰਡ ਸੂਚ ਦੀ ਮੱਕਾ ਮਸਜਿਦ 'ਚ ਈਦ-ਉਲ-ਅਜ਼ਾ ਦੀ ਨਮਾਜ਼ ਅਦਾ ਕੀਤੀ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਪਿੰਡ ਸੂਚ ਦੀ ਮੱਕਾ ਮਸਜਿਦ ਵਿਖੇ ਈਦ-ਉਲ-ਅਜ਼ਾ ਦੀ ਨਮਾਜ਼ ਅਦਾ ਕੀਤੀ ਗਈ। ਇਸ ਸੰਬੰਧ ਵਿੱਚ ਜਾਣਕਾਰੀ ਦਿੰਦਿਆਂ





ਮਸਜਿਦ ਦੇ ਪ੍ਰਧਾਨ ਨਿਆਮਤ ਅਲੀ ਸੂਚ ਅਤੇ ਡਾਕਟਰ ਅਮਰੀਕ ਅਲੀ ਨੇ ਦੱਸਿਆ ਕਿ ਈਦ ਉਲ ਅਜ਼ਾ ਦੀ ਨਮਾਜ਼ ਮੌਲਾਨਾ ਆਰਿਫ ਚੌਧਰੀ ਨੇ ਅਦਾ ਕਰਵਾਈ। ਇਸ ਮੌਕੇ ਈਦ ਦਾ ਖੁਤਬਾ ਦਿੰਦਿਆਂ ਮੌਲਾਨਾ ਨੇ ਦੱਸਿਆ ਕਿ ਈਦ ਦਾ ਤਿਉਹਾਰ ਕੁਰਬਾਨੀ ਅਤੇ ਤਿਆਗ ਦਾ ਪ੍ਰਤੀਕ ਹੈ। ਉਨ੍ਹਾਂ ਇਸ ਮੌਕੇ ਕਿਹਾ ਕਿ ਜੋ ਵਿਅਕਤੀ ਅੱਲਾਹ ਦੀ ਰਜ਼ਾ ਲਈ ਆਪਣੇ ਜਜ਼ਬਿਆਂ ਨੂੰ ਕੁਰਬਾਨ ਕਰਨ ਲਈ ਤਿਆਰ ਹੋ ਜਾਂਦਾ, ਅੱਲਾਹ ਦੀ ਰਹਿਮਤ ਨਾਲ ਉਸਨੂੰ ਸਾਰੀਆਂ ਖੁਸ਼ੀਆਂ ਪ੍ਰਾਪਤ ਹੁੰਦੀਆਂ ਹਨ। ਇਸ ਮੌਕੇ ਦੇਸ਼ ਦੀ ਖੁਸ਼ਹਾਲੀ ਅਤੇ ਅਮਨ ਸ਼ਾਂਤੀ ਲਈ ਵੀ ਦੁਆ ਕੀਤੀ ਗਈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾਕਟਰ ਨੂਰ ਮੁਹੰਮਦ ਆਸਿਮ, ਰਿਆਜ਼ ਅਲੀ, ਬਸ਼ੀਰ, ਰਾਣਾ ਖਾਨ, ਬੱਲਾ ਅਤੇ ਕਾਲੂ ਖਾਨ ਮੌਜੂਦ ਸਨ।

# ਵੱਖ-ਵੱਖ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲੇ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**- ਥਾਣਾ ਦੀਨਾਨਗਰ ਦੇ ਏ. ਐੱਸ. ਆਈ. ਬਲਕਾਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਪੁਰਾਣੀ ਬੰਦ ਪਈ ਤਹਿਸੀਲ ਦੀਨਾਨਗਰ ਤੋਂ ਸਵਨ ਪੁੱਤਰ ਬਾਲੀ ਵਾਸੀ ਪਨਿਆੜ ਜੋ ਲੁਕ-ਛਿਪ ਕੇ ਨਸ਼ੇ ਦਾ ਸੇਵਨ ਕਰ ਰਿਹਾ ਸੀ, ਨੂੰ ਕਾਬੂ ਕਰਕੇ ਉਸ ਪਾਸੋਂ ਇਕ ਸਿਲਵਰ ਪੇਪਰ, ਲਾਇਟਰ ਅਤੇ 20 ਰੁਪਏ ਦਾ ਨੋਟ ਬਰਾਮਦ ਕੀਤਾ ਹੈ। ਥਾਣਾ ਦੋਰਾਂਗਲਾ ਦੇ ਐੱਸ. ਆਈ. ਅਵਤਾਰ ਸਿੰਘ ਨੇ ਪਿੰਡ ਕਾਦੀਆਵਾਲੀ ਤੋਂ ਅਭਿਸ਼ੇਕ ਪੁੱਤਰ ਲੱਬਾ ਮਸੀਹ ਵਾਸੀ ਸਦਰ ਗੁਰਦਾਸਪੁਰ ਨੂੰ 7 ਗਰਾਮ ਹੈਰੋਇਨ ਅਤੇ 1000 ਰੁਪਏ ਡਰੱਗ ਮਨੀ ਸਮੇਤ ਕਾਬੂ ਕੀਤਾ। ਥਾਣਾ ਸਿਟੀ ਗੁਰਦਾਸਪੁਰ ਦੇ ਏ. ਐੱਸ. ਆਈ. ਨਿਰਮਲ ਸਿੰਘ ਨੇ ਸਮੇਤ ਪੁਲਸ ਗੁਰਦਾਸਪੁਰ ਤੋਂ ਦੀਪਕ ਪੁੱਤਰ ਪ੍ਰਵੇਜ ਮਸੀਹ ਵਾਸੀ ਮੁਹੱਲਾ ਪ੍ਰੇਮ ਨਗਰ ਗੁਰਦਾਸਪੁਰ ਨੂੰ 6 ਗਰਾਮ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ ਹੈ। ਥਾਣਾ ਧਾਰੀਵਾਲ ਦੇ ਏ. ਐੱਸ. ਆਈ. ਸੁਖਦੇਵ ਸਿੰਘ ਨੇ ਮਿੱਲ ਗਰਾਊਂਡ ਧਾਰੀਵਾਲ ਤੋਂ ਰਿੰਪੀ ਡੇਵਿਡ ਪੁੱਤਰ ਬਸ਼ੀਰ ਮਸੀਹ ਵਾਸੀ ਨਬੀਪੁਰ ਥਾਣਾ ਸਦਰ ਗੁਰਦਾਸਪੁਰ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਪਾਸੋਂ ਬਰਾਮਦ ਮੋਮੀ ਲਿਫਾਫੇ ਨੂੰ ਚੈਕ ਕੀਤਾ ਜਿਸ ਵਿੱਚੋਂ 140 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਹਨ। ਥਾਣਾ ਸਦਰ ਗੁਰਦਾਸਪੁਰ ਦੇ ਐੱਸ. ਆਈ. ਸੁਰਜੀਤ ਸਿੰਘ ਨੇ ਸਮੇਤ ਪੁਲਸ ਪਾਰਟੀ ਬਾਈਪਾਸ ਰੋਡ ਸਾਹਮਣੇ ਲੁੱਕ ਪਲਾਂਟ ਹਰੋਬਥਵਾਲਾ ਤੋਂ ਅਦੋਮ ਮਸੀਹ ਪੁੱਤਰ ਮੁਸ਼ਤਾਕ ਮਸੀਹ ਵਾਸੀ ਪੀਰਾਬਾਗ ਨੂੰ ਕਾਬੂ ਕਰਕੇ ਉਸ ਦੀ ਦੀ ਤਲਾਸ਼ੀ ਕੀਤੀ ਜਿਸ ਦੇ ਪਜਾਮੇ ਦੀ ਸੱਜੀ ਜੇਬ ਵਿੱਚੋਂ ਮੋਮੀ ਲਿਫਾਫੇ ਵਿੱਚ ਲਪੇਟੀ ਹੋਈ 4 ਗਰਾਮ ਹੈਰੋਇਨ ਬਰਾਮਦ ਹੋਈ ਹੈ। ਪੁਲਸ ਨੇ ਉਕਤ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।




# ਡਿਵਾਈਡਰ ਨਾਲ ਟਕਰਾਉਣ ਕਾਰਨ ਤੇਲ ਦਾ ਖਾਲੀ ਟੈਂਕਰ ਪਲਟਿਆ; ਲੱਖਾਂ ਦਾ ਨੁਕਸਾਨ

**ਗੁਰਦਾਸਪੁਰ, (ਜਨਕ ਮਹਾਜਨ)**- ਗੁਰਦਾਸਪੁਰ ਅੰਦਰ ਪੈਂਦੇ ਕਸਬਾ ਪੁਰਾਣਾ ਸ਼ਾਲਾ ਵਿੱਚ ਬੀਤੀ ਦੇਰ ਰਾਤ ਇੱਕ ਖਾਲੀ ਤੇਲ ਟੈਂਕਰ ਵਾਡਰ ਨਾਲ ਟਕਰਾਉਣ ਤੋਂ ਬਾਅਦ ਪਲਟ ਗਿਆ ਅਤੇ ਇੱਕ ਥਾਰ ਗੱਡੀ ਵੀ ਇਸ ਡਿਵਾਈਡਰ ਨਾਲ ਟਕਰਾਉਣ ਤੋਂ ਬਾਅਦ ਹਾਦਸਾਗ੍ਰਸਤ ਹੋ ਗਈ। ਹਾਦਸੇ ਦੌਰਾਨ ਤੇਲ ਟੈਂਕਰ ਦਾ ਅਗਲਾ ਹਿੱਸਾ ਬੁਰੀ ਤਰ੍ਹਾਂ ਨਾਲ ਨੁਕਸਾਨਿਆ ਗਿਆ।

ਗੱਲਬਾਤ ਦੌਰਾਨ ਤੇਲ ਟੈਂਕਰ ਚਾਲਕ ਨੇ ਦੱਸਿਆ ਕਿ ਉਹ ਜਲੰਧਰ ਡੀਪੂ ਤੋਂ ਤੇਲ ਲੈ ਕੇ ਦੀਨਾਨਗਰ ਪੈਟਰੋਲ ਪੰਪ 'ਤੇ ਖਾਲੀ ਕਰਕੇ ਵਾਪਸ ਜਲੰਧਰ ਜਾ ਰਿਹਾ ਸੀ ਕਿ ਇੱਕ ਗੱਡੀ ਦੀ ਹੈੱਡਲਾਈਟ ਦੇ ਕਾਰਨ ਉਸ ਨੂੰ ਡਿਵਾਈਡਰ ਦਿਖਾਈ ਨਹੀਂ ਦਿੱਤਾ ਅਤੇ ਅਚਾਨਕ ਉਸ ਦਾ ਟੈਂਕਰ ਡਿਵਾਈਡਰ ਨਾਲ ਟਕਰਾ ਗਿਆ। ਉਨ੍ਹਾਂ ਦੱਸਿਆ ਕਿ ਟੈਂਕਰ ਦਾ ਕਰੀਬ 3 ਲੱਖ ਰੁਪਏ ਦਾ ਨੁਕਸਾਨ ਹੋਇਆ ਹੈ।

ਇਸੇ ਤਰ੍ਹਾਂ ਇੱਕ ਥਾਰ ਗੱਡੀ ਵੀ ਡਿਵਾਈਡਰ ਨਾਲ ਟਕਰਾ ਗਈ ਜਿਸ ਵਿੱਚ ਕੋਈ ਜਾਨੀ ਨੁਕਸਾਨ ਤਾਂ ਨਹੀਂ ਹੋਇਆ ਪਰ ਮਾਲੀ ਨੁਕਸਾਨ ਕਾਫੀ ਹੋਇਆ। ਜ਼ਿਕਰ ਯੋਗ ਹੈ ਕਿ ਇਸ ਡਿਵਾਈਡਰ ਤੇ ਟਕਰਾਉਣ ਨਾਲ ਕਾਫੀ ਗੱਡੀਆਂ ਪਹਿਲਾਂ ਵੀ ਹਾਦਸਾ ਗ੍ਰਸਤ ਹੋ ਚੁੱਕੀਆਂ ਹਨ ਜਿਸ ਦੇ ਵਿਰੋਧ ਵਿੱਚ ਪਗੜੀ ਸੰਭਾਲ ਜੱਟਾ ਲਹਿਰ ਦੇ ਆਗੂਆਂ ਨੇ ਪੀ. ਡਬਲਯੂ. ਡੀ. ਦੇ ਖਿਲਾਫ ਧਰਨਾ ਲਗਾ ਕੇ ਨਾਅਰੇਬਾਜ਼ੀ ਕਰਨੀ ਸ਼ੁਰੂ ਕਰ ਦਿੱਤੀ ਜਿਸ ਕਾਰਨ ਗੁਰਦਾਸਪੁਰ-ਮੁਕੇਰੀਆਂ ਸੜਕ 'ਤੇ ਕਾਫੀ ਲੰਬਾ ਜਾਮ ਲੱਗਾ ਰਿਹਾ। ਘਟਨਾ ਦੀ ਸੂਚਨਾ ਮਿਲਦੇ ਹੀ ਐੱਸ. ਐੱਚ. ਓ. ਪੁਰਾਣਾ ਸ਼ਾਲਾ ਨੇ ਪਹੁੰਚ ਕੇ ਆਗੂਆਂ ਨੂੰ ਭਰੋਸਾ ਦਿੱਤਾ ਕਿ ਇਸ ਸਮੱਸਿਆ ਦਾ ਜਲਦ ਹੱਲ ਕਰ ਦਿੱਤਾ ਜਾਵੇਗਾ।



# ਗਿਆਨੀ ਗੁਰਮੁੱਖ ਸਿੰਘ ਐੱਮਏ ਦਾ ਯੂ ਐੱਸ ਏ 'ਚ ਸਨਮਾਨ

**ਚੋਹਲਾ ਸਾਹਿਬ (ਰਮਨ ਚੱਢਾ)**- ਸਿੱਖ ਕੌਮ ਦੇ ਮਹਾਨ ਕਵੀਸ਼ਰ ਗਿਆਨੀ ਗੁਰਮੁੱਖ ਸਿੰਘ ਐੱਮ ਏ ਨੇ ਕਵੀਸ਼ਰੀ ਦੇ ਬੇਤਾਜ ਬਾਦਸ਼ਾਹ ਸ਼੍ਰੋਮਣੀ ਕਵੀਸ਼ਰ ਗਿਆਨੀ ਜੋਗਾ ਸਿੰਘ ਜੋਗੀ ਨਾਲ 50 ਸਾਲ ਕਵੀਸ਼ਰੀ ਰਾਹੀਂ ਸੇਵਾ ਕੀਤੀ। ਗਿਆਨੀ ਗੁਰਮੁੱਖ ਸਿੰਘ ਐੱਮ ਏ ਦਾ ਪਹਿਲੀ ਵਾਰ ਯੂਐੱਸਏ ਦੀ ਧਰਤੀ 'ਤੇ ਪੁੱਜਣ 'ਤੇ ਗੁਰਦਵਾਰਾ ਸ੍ਰੀ ਗੁਰੂ ਤੇਗ ਬਹਾਦਰ ਜੀ ਗੁਰੂ ਲਾਧੋ ਰੇ ਦੀ ਸਮੁੱਚੀ ਕਮੇਟੀ ਅਤੇ ਸ਼ਹੀਦ ਭਾਈ ਨਿਰਮਲ ਸਿੰਘ ਚੋਹਲਾ ਸਾਹਿਬ ਦੇ ਪੁੱਤਰ ਭਾਈ ਬਲਕਾਰ ਸਿੰਘ ਵੱਲੋਂ ਸਨਮਾਨ ਕੀਤਾ ਗਿਆ। ਇਸ ਮੌਕੇ ਗਿਆਨੀ ਗੁਰਮੁਖ ਸਿੰਘ ਨੇ ਆਪਣੇ ਲੈਕਚਰ ਅਤੇ ਗੁਰੂ ਜਸ ਸਣਾ ਕੇ ਸੰਗਤ ਨੂੰ ਨਿਹਾਲ ਕੀਤਾ। ਭਾਈ ਬਲਕਾਰ ਸਿੰਘ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਮੌਕੇ ਜਥੇਦਾਰ ਤਾਰਾ ਸਿੰਘ ਸੱਲ੍ਹਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਹਾਜ਼ਰ ਸਨ।

# ਵਿਸ਼ਵ ਤੰਬਾਕੂ ਵਿਰੋਧੀ ਦਿਵਸ ਮਨਾਇਆ



**ਝਬਾਲ (ਹਰਜਿੰਦਰ ਸਿੰਘ ਸੋਨੀ)**- ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਝਬਾਲ ਵਿਖੇ ਵਿਸ਼ਵ ਤੰਬਾਕੂ ਵਿਰੋਧੀ ਦਿਵਸ ਮਨਾਇਆ ਗਿਆ।ਸਕੂਲ ਵੱਲੋਂ ਵਿਦਿਆਰਥੀਆਂ ਨੂੰ ਤੰਬਾਕੂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨ ਲਈ ਗਿਆਰਵੀਂ ਜਮਾਤ ਦੇ ਵਿਦਿਆਰਥੀ ਅਹਿਮਪ੍ਰੀਤ ਸਿੰਘ ਅਤੇ ਨੌਵੀਂ ਜਮਾਤ ਦੀ ਵਿਦਿਆਰਥਣ ਅਨੁਰੀਤ ਕੌਰ ਨੇ ਤੰਬਾਕੂ ਨਾਲ ਸਿਹਤ ਨੂੰ ਹੋਣ ਵਾਲੇ ਨੁਕਸਾਨ, ਕੈਂਸਰ ਤੇ ਦਿਲ ਦੀਆਂ ਬਿਮਾਰੀਆਂ ਬਾਰੇ ਵਿਸਥਾਰਪੂਰਵਕ ਭਾਸ਼ਣ ਦਿੱਤਾ।ਉਨ੍ਹਾਂ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਸਮਾਜ 'ਚ ਜਾਗਰੂਕਤਾ ਫੈਲਾਉਣ ਦਾ ਸੱਦਾ ਦਿੱਤਾ।ਵਿਦਿਆਰਥੀਆਂ ਦੀ ਰਚਨਾਤਮਕਤਾ ਨੂੰ ਉਤਸ਼ਾਹਿਤ ਕਰਨ ਲਈ ਚਾਰਟ ਮੇਕਿੰਗ ਮੁਕਾਬਲਾ ਵੀ ਕਰਵਾਇਆ ਗਿਆ।ਇਸ ਮੁਕਾਬਲੇ 'ਚ ਵਿਦਿਆਰਥੀਆਂ ਨੇ ਤੰਬਾਕੂ ਵਿਰੋਧੀ ਸਲੋਗਨਾਂ ਤੇ ਤਸਵੀਰਾਂ ਨਾਲ ਭਰਪੂਰ ਚਾਰਟ ਤਿਆਰ ਕੀਤੇ।ਨੌਵੀਂ ਜਮਾਤ ਦੀ ਵਿਦਿਆਰਥਣ ਖੁਸ਼ਪ੍ਰੀਤ ਕੌਰ ਨੇ ਆਪਣੇ ਪ੍ਰਭਾਵਸ਼ਾਲੀ ਚਾਰਟ ਸਦਕਾ ਪਹਿਲਾ ਸਥਾਨ ਹਾਸਲ ਕੀਤਾ।ਇਸ ਮੌਕੇ ਸਕੂਲ ਦੇ ਮੈਂਬਰ ਇੰਚਾਰਜ ਮਨਜੀਤ ਸਿੰਘ ਢਿੱਲੋਂ, ਆਦਰਸ਼ਪਿੰਦਰ ਸਿੰਘ ਮਾਨ, ਅਜੀਤਪਾਲ ਸਿੰਘ ਅਨੇਜਾ ਅਤੇ ਪ੍ਰਿੰਸੀਪਲ ਅਨੁਰੀਤ ਬਾਵਾ ਨੇ ਜੇਤੂ ਵਿਦਿਆਰਥਣਾਂ ਨੂੰ ਵਧਾਈ ਦਿੰਦਿਆਂ ਹੋਇਆਂ ਕਿਹਾ ਕਿ ਨੌਜਵਾਨ ਪੀੜ੍ਹੀ ਹੀ ਨਸ਼ਾ ਮੁਕਤ ਸਮਾਜ ਦੀ ਨੀਂਹ ਰੱਖ ਸਕਦੀ ਹੈ।ਤੰਬਾਕੂ ਦਾ ਜੀਵਨ ਵਿੱਚ ਸੇਵਨ ਨਾ ਕਰਨ ਅਤੇ ਹੋਰਨਾਂ ਨੂੰ ਵੀ ਰੋਕਣ ਲਈ ਪ੍ਰੇਰਿਤ ਕੀਤਾ।

# ਆਦਮਪੁਰ ਨਗਰ ਕੌਂਸਲ ਚੋਣਾਂ 'ਚ ਆਮ ਆਦਮੀ ਪਾਰਟੀ ਵੱਲੋਂ ਸ਼ਾਨਦਾਰ ਜਿੱਤ ਹਾਸਲ, 13 ਵਿੱਚੋਂ 10 ਸੀਟਾਂ 'ਤੇ ਕਬਜ਼ਾ

**ਆਦਮਪੁਰ**- ਆਦਮਪੁਰ ਨਗਰ ਕੌਂਸਲ ਚੋਣਾਂ ਵਿੱਚ ਆਮ ਆਦਮੀ ਪਾਰਟੀ (ਆਪ) ਨੇ ਸ਼ਾਨਦਾਰ ਜਿੱਤ ਹਾਸਲ ਕੀਤੀ, 13 ਵਿੱਚੋਂ 10 ਸੀਟਾਂ ਜਿੱਤੀਆਂ। ਚੋਣ ਨਤੀਜਿਆਂ ਦੇ ਐਲਾਨ ਤੋਂ ਬਾਅਦ, ਪਾਰਟੀ ਵਰਕਰਾਂ ਅਤੇ ਸਮਰਥਕਾਂ ਵਿੱਚ ਵਿਆਪਕ ਉਤਸ਼ਾਹ ਦੇਖਣ ਨੂੰ ਮਿਲਿਆ। ਆਪ ਦੇ ਆਦਮਪੁਰ ਹਲਕਾ ਇੰਚਾਰਜ ਪਵਨ ਟੀਨੂੰ ਨੇ ਸਾਰੇ ਜੇਤੂ ਉਮੀਦਵਾਰਾਂ ਨੂੰ ਵਧਾਈ ਦਿੱਤੀ ਅਤੇ ਇਸ ਨੂੰ ਆਮ ਲੋਕਾਂ ਦੀ ਜਿੱਤ ਦੱਸਿਆ।ਪਵਨ ਟੀਨੂੰ ਨੇ ਕਿਹਾ ਕਿ ਆਦਮਪੁਰ ਦੇ ਲੋਕਾਂ ਨੇ ਵਿਕਾਸ, ਇਮਾਨਦਾਰ ਰਾਜਨੀਤੀ ਅਤੇ ਲੋਕ ਭਲਾਈ ਨੀਤੀਆਂ ਵਿੱਚ



ਆਪਣਾ ਵਿਸ਼ਵਾਸ ਜਤਾਇਆ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੇ ਰਵਾਇਤੀ ਰਾਜਨੀਤੀ ਨੂੰ ਰੱਦ ਕਰ ਦਿੱਤਾ ਹੈ ਅਤੇ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਰਕਾਰ ਦੇ ਕੰਮ ਦਾ ਸਮਰਥਨ ਕੀਤਾ ਹੈ। ਉਨ੍ਹਾਂ ਕਿਹਾ ਕਿ ਸਭ ਤੋਂ ਮਹੱਤਵਪੂਰਨ ਗੱਲ ਇਹ ਸੀ ਕਿ ਆਦਮਪੁਰ ਤੋਂ ਕਾਂਗਰਸ ਮੁਖੀ ਨੂੰ ਵੀ ਆਮ ਆਦਮੀ ਪਾਰਟੀ ਦੇ ਉਮੀਦਵਾਰ ਤੋਂ ਹਾਰ ਦਾ ਸਾਹਮਣਾ ਕਰਨਾ ਪਿਆ। ਇਸ ਨਾਲ ਭ੍ਰਿਸ਼ਟ ਸ਼ਾਸਨ ਦਾ ਅੰਤ ਹੋ ਗਿਆ।ਉਨ੍ਹਾਂ ਕਿਹਾ ਕਿ ਇਹ ਜਿੱਤ ਕਿਸੇ ਇੱਕ ਨੇਤਾ ਜਾਂ ਪਾਰਟੀ ਦੀ ਨਹੀਂ, ਸਗੋਂ ਆਦਮਪੁਰ ਦੇ ਹਰ ਨਾਗਰਿਕ ਦੀ ਜਿੱਤ ਹੈ ਜਿਸਨੇ ਬਦਲਾਅ ਅਤੇ ਵਿਕਾਸ ਲਈ ਵੋਟ ਦਿੱਤੀ ਹੈ। ਉਨ੍ਹਾਂ ਕਿਹਾ ਕਿ ਜਨਤਾ ਨੇ ਸਪੱਸ਼ਟ ਸੁਨੇਹਾ ਦਿੱਤਾ ਹੈ ਕਿ ਉਹ ਭ੍ਰਿਸ਼ਟਾਚਾਰ ਅਤੇ ਝੂਠੀ ਰਾਜਨੀਤੀ ਤੋਂ ਤੰਗ ਆ ਚੁੱਕੇ ਹਨ ਅਤੇ ਵਿਕਾਸ ਚਾਹੁੰਦੇ ਹਨ।ਪਵਨ ਟੀਨੂੰ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਜੇਤੂ ਉਮੀਦਵਾਰ ਪੂਰੀ ਇਮਾਨਦਾਰੀ ਅਤੇ ਪਾਰਦਰਸ਼ਤਾ ਨਾਲ ਜਨਤਾ ਦੀ ਸੇਵਾ ਕਰਨਗੇ। ਨਗਰ ਕੌਂਸਲ ਵਿੱਚ ਵਿਕਾਸ ਪ੍ਰੋਜੈਕਟਾਂ ਨੂੰ ਪਹਿਲ ਦਿੱਤੀ ਜਾਵੇਗੀ, ਅਤੇ ਲੋਕਾਂ ਦੀਆਂ ਬੁਨਿਆਦੀ ਸਮੱਸਿਆਵਾਂ ਨੂੰ ਹੱਲ ਕੀਤਾ ਜਾਵੇਗਾ।ਉਨ੍ਹਾਂ ਨੇ ਚੋਣ ਪ੍ਰਚਾਰ ਦੌਰਾਨ ਦਿਨ-ਰਾਤ ਅਣਥੱਕ ਮਿਹਨਤ ਕਰਨ ਵਾਲੇ ਪਾਰਟੀ ਵਰਕਰਾਂ ਅਤੇ ਸਮਰਥਕਾਂ ਦਾ ਵੀ ਧੰਨਵਾਦ ਕੀਤਾ। ਇਸ ਮੌਕੇ ਜੇਤੂ ਉਮੀਦਵਾਰਾਂ ਅਤੇ ਸਮਰਥਕਾਂ ਨੇ ਮਠਿਆਈਆਂ ਵੰਡੀਆਂ ਅਤੇ ਪਾਰਟੀ ਲੀਡਰਸ਼ਿਪ ਪ੍ਰਤੀ ਆਪਣੀ ਖੁਸ਼ੀ ਅਤੇ ਧੰਨਵਾਦ ਪ੍ਰਗਟ ਕੀਤਾ।ਆਦਮਪੁਰ ਵਿੱਚ ਆਮ ਆਦਮੀ ਪਾਰਟੀ ਦੀ ਇਹ ਮਹੱਤਵਪੂਰਨ ਜਿੱਤ ਭਵਿੱਖ ਵਿੱਚ ਖੇਤਰ ਦੀ ਰਾਜਨੀਤੀ ਲਈ ਮਹੱਤਵਪੂਰਨ ਮੰਨੀ ਜਾ ਰਹੀ ਹੈ।

# ਬਿਕਰਮਜੀਤ ਸਿੰਘ ਸ੍ਰੀ ਹੇਮਕੁੰਡ ਸਾਹਿਬ ਲੰਗਰ ਸੇਵਾ ਸੋਸਾਇਟੀ ਵੱਲੋਂ ਸਨਮਾਨਿਤ



**ਅਜਨਾਲਾ, (ਸੁਖਤਿੰਦਰ ਸਿੰਘ ਰਾਜੂ)**- ਸ੍ਰੀ ਹੇਮਕੁੰਡ ਸਾਹਿਬ ਲੰਗਰ ਸੇਵਾ ਸੋਸਾਇਟੀ ਅਜਨਾਲਾ ਵੱਲੋਂ ਜੋ ਹਰ ਸਾਲ ਸ੍ਰੀ ਹੇਮਕੁੰਡ ਸਾਹਿਬ ਜੀ ਦੀ ਯਾਤਰਾ ਲੰਗਰ ਲਗਾਉਂਦੀ ਹੈ, ਇਸ ਸਾਲ ਵੀ 13ਵਾਂ ਸਾਲਾਨਾ ਲੰਗਰ ਜੋ ਰਿਸ਼ੀਕੇਸ਼ ਤੋਂ ਤਕਰੀਬਨ 180 ਕਿਲੋਮੀਟਰ ਅੱਗੇ ਨੰਦ ਪ੍ਰਿਆਂਗ ਵਿਖੇ ਚੱਲ ਰਿਹਾ ਹੈ, ਇਸ ਲੰਗਰ ਦੀ ਸੇਵਾ ਵਿੱਚ ਬਹੁਤ ਵੱਡਾ ਸਿਲੰਡਰ ਦਾ ਯੋਗਦਾਨ ਪਾਉਣ ਲਈ ਭਾਰਤ ਗੈਸ ਏਜੰਸੀ ਅਜਨਾਲਾ ਗੈਸ ਸਰਵਿਸ ਦੇ ਮਾਲਕ ਬਿਕਰਮਜੀਤ ਸਿੰਘ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬੋਲਦਿਆਂ ਸੁਸਾਇਟੀ ਦੇ ਸਰਪ੍ਰਸਤ ਅਮਰਜੀਤ ਸਿੰਘ ਬਾਜਵਾ ਨੇ ਕਿਹਾ ਕਿ ਇਸ ਵਾਰ ਗੈਸ ਦੀ ਦਿੱਕਤ ਹੋਣ ਕਾਰਨ ਫਿਰ ਵੀ ਬਿਕਰਮਜੀਤ ਸਿੰਘ ਵੱਲੋਂ ਸੋਸਾਇਟੀ ਨੂੰ ਬਹੁਤ ਵੱਡਾ ਯੋਗਦਾਨ ਦਿੱਤਾ ਗਿਆ ਹੈ।ਇਸ ਕਰਕੇ ਸੁਸਾਇਟੀ ਉਨ੍ਹਾਂ ਦੀ ਰਿਣੀ ਹੈ।ਇਸ ਮੌਕੇ ਬਿਕਰਮਜੀਤ ਸਿੰਘ ਵੱਲੋਂ ਸਾਰੀ ਸੁਸਾਇਟੀ ਦਾ ਧੰਨਵਾਦ ਵੀ ਕੀਤਾ ਗਿਆ ਅਤੇ ਕਿਹਾ ਗਿਆ ਕਿ ਉਹ ਉਨ੍ਹਾਂ ਵੱਲੋਂ ਹਰ ਵਕਤ ਤਨ ਮਨ ਧਨ ਨਾਲ ਸੁਸਾਇਟੀ ਦੀ ਸੇਵਾ ਕਰਨਗੇ। ਇਸ ਮੌਕੇ ਸੋਸਾਇਟੀ ਦੇ ਖਜਾਨਚੀ ਵਿਜੇ ਕੁਮਾਰ ਅਰੋੜਾ, ਜਸਬੀਰ ਸਿੰਘ ਢਿੱਲੋਂ, ਪਰਮਜੀਤ ਸਿੰਘ ਪੰਮਾ ਡੀਪੂ ਵਾਲੇ, ਲਾਲੀ ਬਾਜਵਾ, ਗੈਸ ਏਜੰਸੀ ਦੇ ਮੈਨੇਜਰ ਹਰਪ੍ਰੀਤ ਸਿੰਘ ਹੈਪੀ ਆਦਿ ਹਾਜ਼ਰ ਸਨ।

# ਦਿਨੇਸ਼ ਬੱਸੀ ਨੇ ਪੀੜਤਾਂ ਦੀ ਮਦਦ ਲਈ ਸਰਕਾਰ ਅੱਗੇ ਕੀਤੀ ਫਰਿਆਦ

**ਛੇਹਰਟਾ, (ਮਨੋਜ ਕੁਮਾਰ)**- ਵੀਰਵਾਰ ਨੂੰ ਰਾਮਬਾਗ ਇਲਾਕੇ ਵਿਚ ਲੱਗੀ ਭਿਆਨਕ ਅੱਗ ਤੋਂ ਬਾਅਦ ਇੰਪਰੂਵਮੈਂਟ ਟਰੱਸਟ ਦੇ ਸਾਬਕਾ ਚੇਅਰਮੈਨ ਦਿਨੇਸ਼ ਬੱਸੀ



ਮੌਕੇ 'ਤੇ ਪੁੱਜੇ ਤੇ ਪ੍ਰਭਾਵਿਤ ਲੋਕਾਂ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਉਨ੍ਹਾਂ ਨੇ ਦੁਕਾਨਦਾਰਾਂ ਦਾ ਹਾਲ -ਚਾਲ ਜਾਣਿਆ ਤੇ ਉਨ੍ਹਾਂ ਨੂੰ ਹੌਸਲਾ ਦਿੱਤਾ। ਦਿਨੇਸ਼ ਬੱਸੀ ਨੇ ਦੁਕਾਨਦਾਰਾਂ ਨੂੰ ਕਿਹਾ ਕਿ ਉਹ ਕਿਸੇ ਵੀ ਤਰ੍ਹਾਂ ਦੀ ਚਿੰਤਾ ਨਾ ਕਰਨ, ਉਹ ਹਰ ਕਦਮ 'ਤੇ ਉਨ੍ਹਾਂ ਦੇ ਨਾਲ ਖੜ੍ਹੇ ਹਨ। ਉਨ੍ਹਾਂ ਭਰੋਸਾ ਦਿਵਾਇਆ ਕਿ ਪ੍ਰਭਾਵਿਤ ਪਰਿਵਾਰਾਂ ਤੇ ਵਪਾਰੀਆਂ ਦੀ ਹਰ ਸੰਭਵ ਮਦਦ ਕੀਤੀ ਜਾਵੇਗੀ। ਇਸ ਦੇ ਨਾਲ ਹੀ ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਅੱਗ ਤੋਂ ਪ੍ਰਭਾਵਿਤ ਲੋਕਾਂ ਨੂੰ ਮੁੜ ਆਪਣੇ ਪੈਰਾਂ 'ਤੇ ਖੜ੍ਹਾ ਹੋਣ ਲਈ ਸਹਾਇਤਾ ਦਿੱਤੀ ਜਾਵੇ ਅਤੇ ਅਜਿਹੇ ਯਤਨ ਕੀਤੇ ਜਾਣ ਕਿ ਦੁਕਾਨਦਾਰ ਜਲਦ ਤੋਂ ਜਲਦ ਆਪਣਾ ਕਾਰੋਬਾਰ ਦੁਬਾਰਾ ਸ਼ੁਰੂ ਕਰ ਸਕਣ।

# ਗਰਮੀ ਤੇ ਲੂਅ ਦੇ ਚਲਦਿਆਂ ਗੰਨੇ ਦੀ ਫ਼ਸਲ ਨੂੰ ਜ਼ਰੂਰਤ ਅਨੁਸਾਰ ਪਾਣੀ ਲਗਾਓ : ਕੇਨ ਕਮਿਸ਼ਨਰ

**ਧਾਰੀਵਾਲ, (ਮਨਦੀਪ ਵਿੱਕੀ)** ਹਰ ਸਾਲ ਜੂਨ ਜੁਲਾਈ ਮਹੀਨੇ ਦੌਰਾਨ ਗੰਨੇ ਦੀ ਫ਼ਸਲ ਦਾ ਸਹਿਕਾਰੀ ਅਤੇ ਨਿੱਜੀ ਖੰਡ ਵਲੋਂ ਸਰਵੇਅ ਕੀਤਾ ਜਾਂਦਾ ਹੈ ਤਾਂ ਗੰਨੇ ਦੀ ਫ਼ਸਲ ਹੇਠ ਰਕਬੇ ਦਾ ਜਾਇਜ਼ਾ ਲਿਆ ਜਾ ਸਕੇ ਅਤੇ ਉਸ ਅਨੁਸਾਰ ਕਲੰਡਰ ਨਿਰਧਾਰਤ ਕੀਤਾ ਜਾ ਸਕੇ।ਸਹਿਕਾਰੀ ਖੰਡ ਮਿੱਲ ਗੁਰਦਾਸਪੁਰ ਵਲੋਂ ਚੱਲ ਰਹੇ ਸਰਵੇਅ ਦੇ ਕੰਮ ਦਾ ਜਾਇਜ਼ਾ ਲੈਣ ਲਈ ਗੰਨਾ ਕਮਿਸ਼ਨਰ ਪੰਜਾਬ ਡਾਕਟਰ ਅਮਰੀਕ ਸਿੰਘ ਵਲੋਂ ਸਰਹੱਦੀ ਪਿੰਡਾਂ ਜੋਗਰ, ਮਰਾੜਾ , ਬਾਹਮਣੀ ਅਤੇ ਮਕੌੜਾ ਦਾ ਦੌਰਾ ਕੀਤਾ।ਦੌਰੇ ਦੌਰਾਨ ਕਿਸਾਨਾਂ ਨਾਲ ਗੱਲਬਾਤ ਵੀ ਕੀਤੀ ਅਤੇ ਉਨ੍ਹਾਂ ਦੀਆਂ ਗੰਨੇ ਦੀ ਫ਼ਸਲ ਨਾਲ ਸੰਬੰਧਤ ਮੁਸ਼ਕਲਾਂ ਦਾ ਮੌਕੇ ਤੇ ਹੱਲ ਕੀਤਾ।ਇਸ ਵਾਰ ਪੰਜਾਬ ਸਰਕਾਰ ਵਲੋਂ ਸਮੇਂ ਸਿਰ ਗੰਨੇ ਦੀ ਅਦਾਇਗੀ ਕਰਨ ਲਈ ਗੰਨਾ ਕਾਸ਼ਤਕਾਰਾਂ ਵਲੋਂ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ। ਇਸ ਮੌਕੇ ਡਾਕਟਰ ਮਿੱਤਰ ਮਾਨ ਸਿੰਘ ਖ਼ੇਤੀਬਾੜੀ ਵਿਕਾਸ ਅਫ਼ਸਰ (ਗੰਨਾ), ਬਿਕਰਮਜੀਤ ਸਿੰਘ ਖੈਹਰਾ ਮੁੱਖ ਗੰਨਾ ਵਿਕਾਸ ਅਫ਼ਸਰ, ਮਨਦੀਪ ਸਿੰਘ ਅਤੇ ਵੱਡੀ ਗਿਣਤੀ ਵਿਚ ਗੰਨਾ ਕਾਸ਼ਤ ਕਾਰ ਹਾਜ਼ਰ ਸਨ।ਪਿੰਡ ਮਰਾੜਾ ਵਿਚ ਗੰਨਾ ਕਾਸ਼ਤਕਾਰਾਂ ਨਾਲ ਗਲਬਾਤ ਕਰਦਿਆਂ ਡਾ. ਅਮਰੀਕ ਸਿੰਘ ਨੇ ਕਿਹਾ ਕਿ ਮੂਢੀ ਫਸਲ ਦੀ ਸੰਭਾਲ ਵੱਲ ਸਹੀ ਸਮੇਂ ਤੇ ਧਿਆਨ ਨਾਂ ਦੇਣ ਨਾਲ ਪੈਦਾਵਾਰ ਘਟਦੀ ਹੈ , ਜੋਂ ਗੰਨਾ ਕਾਸ਼ਤਕਾਰਾਂ ਅਤੇ ਖੰਡ ਮਿੱਲਾਂ ਨੂੰ ਆਰਥਿਕ



ਨੁਕਸਾਨ ਦਾ ਕਾਰਨ ਬਣਦੀ ਹੈ ।ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਦੌਰਾਨ ਅਤੀ ਦੀ ਗਰਮੀ ਅਤੇ ਲੂਅ ਨੂੰ ਮੁੱਖ ਰੱਖਦਿਆਂ ਗੰਨੇ ਦੀ ਫ਼ਸਲ ਨੂੰ 10-15 ਦਿਨ ਦੇ ਵਕਫੇ ਤੇ ਪਾਣੀ ਦਿੰਦੇ ਰਹਿਣਾ ਚਾਹੀਦਾ ਤਾਂ ਜੋਂ ਪਾਣੀ ਦੀ ਘਾਟ ਨਾਲ ਗੰਨੇ ਦੀ ਫ਼ਸਲ ਪ੍ਰਭਾਵਤ ਨਾਂ ਹੋ ਸਕੇ।ਉਨ੍ਹਾਂ ਕਿਹਾ ਕਿ ਗੰਨੇ ਦੀ ਚੰਗੀ ਗੁਣਵੱਤਾ ਅਤੇ ਵਧੇਰੇ ਪੈਦਾਵਾਰ ਲੈਣ ਲਈ ਗੰਨੇ ਦੀ ਮੂਢੀ ਫਸਲ ਦਾ ਪ੍ਰਬੰਧਨ ਕਰਨਾ ਬਹੁਤ ਜ਼ਰੂਰੀ ਕੰਮ ਹੈ ਕਿਉਂਕਿ ਜੇਕਰ ਸ਼ੁਰੂਆਤੀ ਪੜਾਅ ਦੌਰਾਨ ਮੂਢੀ ਫ਼ਸਲ ਦੀ ਸਹੀ ਦੇਖਭਾਲ ਨਾਂ ਕੀਤੀ ਜਾਵੇ ਤਾਂ ਗੰਨੇ ਦੀ ਪੈਦਾਵਾਰ ਦੇ ਨਾਲ ਨਾਲ ਖੰਡ ਦੀ ਰਿਕਵਰੀ ਘਟਦੀ ਹੈ ਜਿਸ ਨਾਲ ਗੰਨਾਂ ਕਾਸ਼ਤਕਾਰ ਅਤੇ ਖੰਡ ਮਿੱਲ ਦੋਹਾਂ ਨੂੰ ਆਰਥਿਕ ਨੁਕਸਾਨ ਹੁੰਦਾ ਹੈ।ਗੰਨੇ ਦੀ ਮੂਢੀ ਫਸਲ ਦੀ ਸੁਚੱਜੀ ਸਾਂਭ ਸੰਭਾਲ ਬਾਰੇ ਉਨ੍ਹਾਂ ਨੇ ਦੱਸਿਆ ਕਿ ਗੰਨੇ ਦੀ ਬੀਜੜ ਫ਼ਸਲ ਨੂੰ ਕੀੜਿਆਂ ਤੋਂ ਬਚਾਉਣ ਲਈ ਨਿਰੰਤਰ ਨਿਰੀਖਣ ਕਰਨ ਦੀ ਜ਼ਰੂਰਤ ਹੈ।ਉਨ੍ਹਾਂ ਦੱਸਿਆ ਕਿ ਅੱਜ ਕੀਤੇ ਦੌਰੇ ਦੌਰਾਨ ਦੇਖਿਆ ਗਿਆ ਕਿ ਗੰਨੇ ਦੀ ਫ਼ਸਲ ਖਾਸ ਕਰਕੇ ਮੂਢੀ ਫਸਲ ਉੱਪਰ ਅਗੇਤੀ ਫੋਟ ਦੇ ਗੜੂਏ ਦਾ ਹਮਲਾ ਹੋਇਆ ਹੈ ਪ੍ਰੰਤੂ ਕਿਸਾਨਾਂ ਨੂੰ ਘਬਰਾਉਣ ਦੀ ਜ਼ਰੂਰਤ ਨਹੀਂ ਕਿਉਂਕਿ ਇਸ ਕੀੜੇ ਦਾ ਹਮਲਾ ਆਰਥਿਕ ਨੁਕਸਾਨ ਦੇ ਪੱਧਰ ਤੋਂ ਹੇਠਾਂ ਹੀ ਹੈ।ਉਨ੍ਹਾਂ ਕਿਹਾ ਕਿ ਇਸ ਕੀੜੇ ਦੇ ਸ਼ੁਰੂਆਤੀ ਹਮਲੇ ਨੂੰ ਟਰਾਈਕੋ ਕਾਰਡ ਲਗਾ ਕੇ ਘਟਾਇਆ ਜਾ ਸਕਦਾ ਹੈ ਅਤੇ ਕਾਰਡ ਖੰਡ ਮਿੱਲਾਂ ਵਲੋਂ ਕਿਸਾਨਾਂ ਨੂੰ ਦਿੱਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਜੇਕਰ ਹਮਲਾ ਜ਼ਿਆਦਾ ਹੈ ਤਾਂ 10 ਕਿਲੋ ਫਿਪਰੋਨਿਲ ਪ੍ਰਤੀ ਏਕੜ ਨੂੰ 20 ਕਿਲੋ ਸਿੱਲੀ ਮਿੱਟੀ ਵਿੱਚ ਮਿਲਾ ਕੇ ਗੰਨੇ ਦੀ ਫ਼ਸਲ ਦੀਆਂ ਲਾਈਨਾਂ ਦੇ ਨਾਲ ਨਾਲ ਕੇਰ ਦੇਣੀ ਚਾਹੀਦੀ ਹੈ ਅਤੇ ਬਾਅਦ ਵਿਚ ਪਾਣੀ ਲਗਾ ਦੇਣਾ ਚਾਹੀਦਾ।ਉਨ੍ਹਾਂ ਕਿਹਾ ਕਿ ਮੂਢੀ ਫਸਲ ਦੇ ਬਿਹਤਰ ਵਾਧੇ ਲਈ ਖਾਦਾਂ ਨੂੰ ਮੁੱਢਲੀ ਅਵਸਥਾ ਵਿਚ ਹੀ ਪਾ ਦੇਣਾ ਚਾਹੀਦਾ ।ਮੂਢੀ ਫਸਲ ਨੂੰ ਬੀਜੜ ਫਸਲ ਨਾਲੋਂ 20% ਵੱਧ ਯਾਨੀ 195 ਕਿਲੋ ਯੂਰੀਆ ਪ੍ਰਤੀ ਏਕੜ ਨੂੰ ਤਿੰਨ ਹਿੱਸਿਆਂ ਪਹਿਲੀ ਗੁਡਾਈ ਕਰਨ ਸਮੇਂ , ਦੂਜੀ ਅਪ੍ਰੈਲ ਮਈ ਅਤੇ ਤੀਜੀ ਜੂਨ ਦੇ ਅਖੀਰ ਵਿੱਚ ਪਾਉਣੀ ਚਾਹੀਦੀ ਚਾਹੀਦੀ ਹੈ। ਇਸ ਦੇ ਨਾਲ ਗੋਡੀ ਕਰਨ ਸਮੇਂ 150 ਕਿਲੋ ਸਿੰਗਲ ਸੁਪਰ ਫਾਸਫੇਟ ਅਤੇ 20 ਕਿਲੋ ਪੋਟਾਸ਼ ਖਾਦ ਪਾਓ ਅਤੇ ਨਦੀਨਾਂ ਦਾ ਸਹੀ ਸਮੇਂ ਤੇ ਪ੍ਰਬੰਧਨ ਕਰਨਾ ਚਾਹੀਦਾ।ਉਨ੍ਹਾਂ ਗੰਨਾ ਕਾਸ਼ਤਕਾਰਾਂ ਨੂੰ ਅਪੀਲ ਕੀਤੀ ਕਿ ਸਰਵੇਅ ਦੌਰਾਨ ਗੰਨਾ ਕਰਮਚਾਰੀਆਂ ਨੂੰ ਗੰਨੇ ਦੀ ਫ਼ਸਲ ਬਾਰੇ ਸਹੀ ਜਾਣਕਾਰੀ ਦਿੱਤੀ ਜਾਵੇ।ਗੰਨਾ ਵਿਕਾਸ ਅਧਿਕਾਰੀ ਬਿਕਰਮਜੀਤ ਸਿੰਘ ਖੈਹਰਾ ਨੇ ਦੱਸਿਆ ਕਿ ਖੰਡ ਮਿੱਲ ਵਲੋਂ ਕੀੜਿਆਂ ਦੀ ਰੋਕਥਾਮ ਤੇ ਵਾਜਬ ਮੁੱਲ ਤੇ ਕਲੋਐਂਟਰਾਨਿਲੀਪ੍ਰੋਲ ਅਤੇ ਕਲੋਰੋਪੈਰੀਫਾਸ ਦਿੱਤੀ ਜਾ ਰਹੀ ਹੈ ਤਾਂ ਜੋਂ ਗੰਨਾ ਕਾਸ਼ਤਕਾਰ ਸਮੇਂ ਸਿਰ ਇਹ ਕੀਟ ਨਾਸ਼ਕ ਵਰਤ ਕੇ ਕੀੜਿਆਂ ਦੀ ਰੋਕਥਾਮ ਕਰ ਸਕਣ।

# ਬੀਬੀ ਰਮਨਦੀਪ ਕੌਰ ਖਹਿਰਾ ਗੁ. ਬਾਬੇ ਸ਼ਹੀਦ ਵਿਖੇ ਹੋਏ ਨਤਮਸਤਕ



**ਚੋਹਲਾ ਸਾਹਿਬ (ਰਮਨ ਚੱਢਾ)**- ਵਿਧਾਨ ਸਭਾ ਹਲਕਾ ਖਡੂਰ ਸਾਹਿਬ ਦੇ ਅਧੀਨ ਆਉਂਦੇ ਕਸਬਾ ਚੋਹਲਾ ਸਾਹਿਬ ਵਿਖੇ ਗੁਰਦੁਆਰਾ ਬਾਬੇ ਸ਼ਹੀਦ ਰਾਣੀ ਵਲਾਹ ਰੋਡ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਬੀਬੀ ਰਮਨਦੀਪ ਕੌਰ ਖਹਿਰਾ ਅਤੇ ਸਰਪੰਚ ਅਵਤਾਰ ਸਿੰਘ ਬਿੱਲਾ ਸੋਰੋਂ ਅਤੇ ਜਥੇਦਾਰ ਗੁਰਬਚਨ ਸਿੰਘ ਕਰਮੂੰਵਾਲਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਪਣੇ ਸਾਥੀਆਂ ਸਮੇਤ ਨਮਸਤਕ ਹੋਏ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਇਸ ਮੌਕੇ ਜਥੇਦਾਰ ਬਾਬਾ ਜਗਤਾਰ ਸਿੰਘ ਸ਼ਹੀਦਾਂ ਵਾਲਿਆਂ ਵੱਲੋਂ ਬੀਬੀ ਖਹਿਰਾ ਅਤੇ ਸਰਪੰਚ ਅਵਤਾਰ ਸਿੰਘ ਬਿੱਲਾ ਅਤੇ ਜਥੇਦਾਰ ਗੁਰਬਚਨ ਸਿੰਘ ਕਰਮੂੰਵਾਲਾ ਨੂੰ ਸਿਰੋਪਾ ਦੇ ਕੇ ਸਨਮਾਨ ਕੀਤਾ ਗਿਆ। ਇਸ ਮੌਕੇ ਇਨ੍ਹਾਂ ਦੇ ਨਾਲ ਜ਼ਿਲਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਬੀ ਸੀ ਵਿੰਗ ਤਰਨ ਤਰਨ ਮਨਜਿੰਦਰ ਸਿੰਘ ਲਾਟੀ, ਸੀਨੀਅਰ ਅਕਾਲੀ ਆਗੂ ਦਇਆ ਸਿੰਘ ਨਿੱਕਾ ਚੋਹਲਾ, ਮਨਜੀਤ ਸਿੰਘ ਪੱਖੋਪੁਰ, ਦਲੇਰ ਸਿੰਘ ਢਿੱਲੋਂ, ਮੈਂਬਰ ਬਲਾਕ ਸੰਮਤੀ ਸਰਪੰਚ ਇੰਦਰਜੀਤ ਸਿੰਘ ਕਰਮੂੰਵਾਲਾ, ਸੁਖਚੈਨ ਸਿੰਘ ਰੰਧਾਵਾ ਕਰਮੂੰਵਾਲਾ, ਸਿਕੰਦਰ ਸਿੰਘ ਵਰਾਣਾ, ਜਸਵੰਤ ਕੌਰ ਮੈਂਬਰ ਪੰਚਾਇਤ, ਜੰਗਸ਼ੇਰ ਸਿੰਘ ਟੋਨੀ ਸਰਪੰਚ ਰੂੜੀਵਾਲਾ, ਗੁਰਮੇਲ ਸਿੰਘ ਚੋਹਲਾ,. ਰਣਜੀਤ ਸਿੰਘ ਰਾਣਾ, ਅੰਗਰੇਜ਼ ਸਿੰਘ ਸ਼ੇਰਦਿਲ ਸਰਹਾਲੀ, ਸੁਵਿੰਦਰ ਸਿੰਘ ਕਰਮੂੰਵਾਲਾ ਭੁਪਿੰਦਰ ਸਿੰਘ ਸਰਹਾਲੀ, ਵਿਸ਼ਾਲਦੀਪ ਸਿੰਘ ਮੁਨੀਮ ਆਦਿ ਆਗੂਆਂ ਵੱਲੋਂ ਹਾਜ਼ਰੀ ਭਰੀ ਗਈ।

# ਨਗਰ ਨਿਗਮ ਚੋਣਾਂ 'ਚ 'ਆਪ' ਦੀ ਵੱਡੀ ਜਿੱਤ

## ਪੰਜਾਬ ਦੀ ਜਨਤਾ ਨੇ ਕੇਜਰੀਵਾਲ ਦੀ ਰਾਜਨੀਤੀ ਤੇ ਭਗਵੰਤ ਮਾਨ ਦੇ ਕੰਮ 'ਤੇ ਲਗਾਈ ਮੋਹਰ : ਸਿਸੋਦੀਆ

ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ)-ਪੰਜਾਬ ਵਿੱਚ ਨਗਰ ਨਿਗਮ ਤੇ ਕੌਂਸਲ ਚੋਣਾਂ ਦੇ ਨਤੀਜਿਆਂ ਵਿੱਚ ਆਮ ਆਦਮੀ ਪਾਰਟੀ (ਆਪ) ਨੇ ਇੱਕ ਵਾਰ ਫਿਰ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਬੰਪਰ ਜਿੱਤ ਹਾਸਲ ਕੀਤੀ ਹੈ। ਇਸ ਇਤਿਹਾਸਕ ਜਿੱਤ ਤੋਂ ਬਾਅਦ ਆਮ ਆਦਮੀ ਪਾਰਟੀ ਦੇ ਪੰਜਾਬ ਪ੍ਰਦੇਸ਼ ਦਫ਼ਤਰ ਵਿੱਚ ਜਸ਼ਨ ਦਾ ਮਾਹੌਲ ਰਿਹਾ। ਸਵੇਰ ਤੋਂ ਹੀ ਨਤੀਜਿਆਂ ਦੇ ਰੁਝਾਨ 'ਆਪ' ਦੇ ਪੱਖ ਵਿੱਚ ਆਉਣ ਤੋਂ ਬਾਅਦ ਪਾਰਟੀ ਆਗੂ ਤੇ ਵਰਕਰ ਦਫ਼ਤਰ 'ਤੇ ਇਕੱਠਾ ਹੋਣਾ ਸ਼ੁਰੂ ਹੋ ਗਏ।ਜਿੱਤ ਦੀ ਖ਼ੁਸ਼ੀ ਵਿੱਚ ਪਾਰਟੀ ਮੁੱਖ ਦਫ਼ਤਰ ਵਿਖੇ ਵਰਕਰਾਂ ਨੇ ਢੋਲ ਦੀ ਥਾਪ 'ਤੇ ਜੰਮ ਕੇ ਭੰਗੜਾ ਪਾਇਆ ਅਤੇ ਇੱਕ-ਦੂਜੇ ਨੂੰ ਲੱਡੂ ਖਵਾ ਕੇ ਅਤੇ ਵਧਾਈ ਦੇ ਕੇ ਜਿੱਤ ਦਾ ਜਸ਼ਨ ਮਨਾਇਆ।ਇਸ ਵਿਜੇ ਉਤਸਵ ਦੇ ਮੌਕੇ 'ਤੇ 'ਆਪ' ਪੰਜਾਬ ਦੇ ਇੰਚਾਰਜ ਮਨੀਸ਼ ਸਿਸੋਦੀਆ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਅਤੇ ਮੀਡੀਆ ਇੰਚਾਰਜ ਬਲਤੇਜ ਪੰਨੂ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਇਨ੍ਹਾਂ ਤੋਂ ਇਲਾਵਾ ਪਾਰਟੀ ਦੇ ਤਮਾਮ ਸੀਨੀਅਰ ਆਗੂ, ਵਿਧਾਇਕ ਅਤੇ ਅਹੁਦੇਦਾਰ ਵੀ ਇਸ ਜਸ਼ਨ ਵਿੱਚ ਸ਼ਾਮਲ ਹੋਏ।

ਇਸ ਮੌਕੇ ਮੌਜੂਦ ਸੀਨੀਅਰ ਆਗੂਆਂ ਨੇ ਪੰਜਾਬ ਦੀ ਜਨਤਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਜਿੱਤ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਆਪ ਸਰਕਾਰ ਦੀਆਂ ਲੋਕ-ਭਲਾਈ ਨੀਤੀਆਂ ਅਤੇ ਵਿਕਾਸ ਕਾਰਜਾਂ 'ਤੇ ਜਨਤਾ ਦੀ ਮੋਹਰ ਹੈ। ਨਗਰ ਨਿਗਮਾਂ ਵਿੱਚ ਵੀ ਹੁਣ 'ਆਪ' ਦੀ ਸਰਕਾਰ ਬਣਨ ਨਾਲ ਸ਼ਹਿਰਾਂ ਦਾ ਵਿਕਾਸ ਹੋਰ ਤੇਜ਼ੀ ਨਾਲ ਹੋਵੇਗਾ।





ਉੱਥੇ ਹੀ 'ਆਪ' ਪੰਜਾਬ ਦੇ ਇੰਚਾਰਜ ਮਨੀਸ਼ ਸਿਸੋਦੀਆ ਨੇ ਵੀ ਪੰਜਾਬ ਦੀ ਜਨਤਾ ਦਾ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਅੱਜ ਪੰਜਾਬ ਦੇ ਲੋਕਾਂ ਨੇ ਬਹੁਤ ਵੱਡਾ ਸੰਦੇਸ਼ ਦਿੱਤਾ ਹੈ। ਉਨ੍ਹਾਂ ਕਿਹਾ, ਇਨ੍ਹਾਂ ਚੋਣਾਂ ਵਿੱਚ 'ਆਪ' ਦੇ ਪੱਖ ਵਿੱਚ ਆਏ ਨਤੀਜਿਆਂ ਨੂੰ ਲੈ ਕੇ ਮੈਂ ਪੰਜਾਬ ਦੀ ਜਨਤਾ ਦਾ ਧੰਨਵਾਦ ਕਰਦਾ ਹਾਂ, ਜਿਨ੍ਹਾਂ ਨੇ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਇੰਨਾ ਵੱਡਾ ਸਨਮਾਨ ਅਤੇ ਆਸ਼ੀਰਵਾਦ ਦਿੱਤਾ ਹੈ।

ਜਨਤਾ ਨੇ ਸਾਫ਼ ਕਰ ਦਿੱਤਾ ਹੈ ਕਿ ਉਨ੍ਹਾਂ ਨੂੰ ਅਰਵਿੰਦ ਕੇਜਰੀਵਾਲ ਦਾ ਇਮਾਨਦਾਰੀ ਦੀ ਰਾਜਨੀਤੀ ਕਰਨ ਦਾ ਤਰੀਕਾ ਅਤੇ ਮੁੱਖ ਮੰਤਰੀ ਭਗਵੰਤ ਮਾਨ ਦਾ ਪਿਛਲੇ 4 ਸਾਲਾਂ ਦਾ ਕੰਮ ਕਰਨ ਦਾ ਅੰਦਾਜ਼ ਬੇਹੱਦ ਪਸੰਦ ਆ ਰਿਹਾ ਹੈ।ਮਨੀਸ਼ ਸਿਸੋਦੀਆ ਨੇ ਕਿਹਾ ਕਿ ਕੁਝ ਸਮਾਂ ਪਹਿਲਾਂ ਜਦੋਂ ਪੰਜਾਬ ਵਿੱਚ ਜ਼ਿਲ੍ਹਾ ਪੰਚਾਇਤ ਦੀਆਂ ਚੋਣਾਂ ਹੋਈਆਂ ਸਨ, ਉਦੋਂ ਪਿੰਡਾਂ ਦੇ ਲੋਕਾਂ ਨੇ ਆਮ ਆਦਮੀ ਪਾਰਟੀ ਨੂੰ ਇੱਕਤਰਫ਼ਾ ਬੰਪਰ ਜਿੱਤ ਦਿਵਾਈ ਸੀ ਅਤੇ ਹੁਣ ਨਗਰ ਨਿਗਮ/ਕੌਂਸਲ ਦੀਆਂ ਚੋਣਾਂ ਵਿੱਚ, ਖ਼ਾਸ ਕਰਕੇ ਸ਼ਹਿਰਾਂ ਦੇ ਲੋਕਾਂ ਨੇ ਇਹ ਸਪਸ਼ਟ ਸੰਦੇਸ਼ ਦੇ ਦਿੱਤਾ ਹੈ ਕਿ ਉਨ੍ਹਾਂ ਨੂੰ ਸਾਡੀ ਸਰਕਾਰ ਦੇ ਜਨਹਿਤ ਦੇ ਕੰਮ ਪਸੰਦ ਆ ਰਹੇ ਹਨ।

ਸਿਸੋਦੀਆ ਨੇ ਕਿਹਾ ਕਿ ਮਾਨ ਸਾਹਿਬ ਦੀ ਸਰਕਾਰ ਨੇ ਬਿਜਲੀ, ਪਾਣੀ, ਰੁਜ਼ਗਾਰ, ਸਿੱਖਿਆ ਅਤੇ ਸਿਹਤ ਦੇ ਖੇਤਰ ਵਿੱਚ ਜੋ ਕ੍ਰਾਂਤੀਕਾਰੀ ਕਦਮ ਚੁੱਕੇ ਹਨ, ਜਨਤਾ ਨੇ ਅੱਜ ਉਸ 'ਤੇ ਆਪਣੀ ਮੋਹਰ ਲਗਾ ਦਿੱਤੀ ਹੈ। ਪੰਜਾਬ ਦੇ ਇਸ ਚੋਣ ਨਤੀਜਿਆਂ ਨੇ ਦੋ ਬੇਹੱਦ ਸਾਫ਼ ਸੰਦੇਸ਼ ਦਿੱਤੇ ਹਨ। ਪਹਿਲਾ ਸੰਦੇਸ਼ ਜਨਤਾ ਨੇ ਮੁੱਖ ਮੰਤਰੀ ਭਗਵੰਤ ਮਾਨ ਦੇ ਵਿਕਾਸ ਕਾਰਜਾਂ ਨੂੰ ਆਪਣਾ ਸਮਰਥਨ ਦੇ ਕੇ ਦਿੱਤਾ ਹੈ, ਅਤੇ ਦੂਜਾ ਕਰਾਰਾ ਸੰਦੇਸ਼ ਜਨਤਾ ਨੇ 'ਈ ਡੀ ਪਾਰਟੀ' (ਭਾਜਪਾ) ਨੂੰ ਦਿੱਤਾ ਹੈ। ਪੰਜਾਬ ਦੇ ਜਾਗਰੂਕ ਵੋਟਰਾਂ ਨੇ ਇਹ ਸਾਫ਼ ਦੱਸ ਦਿੱਤਾ ਹੈ ਕਿ ਪੰਜਾਬ ਦੀ ਧਰਤੀ 'ਤੇ 'ਈ ਡੀ ਪਾਰਟੀ' ਅਤੇ ਉਸ ਦੀ ਬਦਲਾਖੋਰੀ ਦੀ ਰਾਜਨੀਤੀ ਲਈ ਕੋਈ ਥਾਂ ਨਹੀਂ ਹੈ। ਇਸ ਚੋਣ ਵਿੱਚ ਜਨਤਾ ਨੇ 'ਈ ਡੀ ਪਾਰਟੀ' ਨੂੰ ਇਸ ਕਦਰ ਨਕਾਰਿਆ ਹੈ ਕਿ ਉਨ੍ਹਾਂ ਦੇ 1142 ਉਮੀਦਵਾਰਾਂ ਦੀ ਜ਼ਮਾਨਤ ਤੱਕ ਜ਼ਬਤ ਹੋ ਗਈ ਹੈ।

## ਨਗਰ ਕੌਂਸਲ ਟਾਂਡਾ ਦੀਆਂ ਚੋਣਾਂ 'ਚ 'ਆਪ' ਉਮੀਦਵਾਰ ਜੇਤੂ



ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)- ਇਸ ਤੋਂ ਪਹਿਲਾਂ ਨਗਰ ਕੌਂਸਲ ਦੀਆਂ ਪੰਜ ਟਰਮਾਂ ਵਿੱਚ ਦੋ ਵਾਰ ਕਾਂਗਰਸ ਦੇ ਲਛਮਣ ਸਿੰਘ ਤੇ ਦੋ ਟਰਮਾਂ ਕਾਂਗਰਸ ਦੇ ਹੀ ਸੁਰਿੰਦਰ ਸਿੰਘ ਬਿੱਲੋ ਸੈਣੀ ਕਾਬਜ ਰਹੇ ਜਦਕਿ ਹੁਣ ਦਾਰਾਪੁਰ ਨੂੰ ਕਰੀਬ 25 ਸਾਲ ਬਾਅਦ ਨਵਾਂ ਕੌਂਸਲਰ ਮਿਲਿਆ ਹੈ ਅਤੇ ਵਾਰਡ ਵਾਸੀਆਂ ਨੇ ਆਮ ਆਦਮੀ ਪਾਰਟੀ ਦੇ ਹਰਮੀਤ ਵੜੈਚ ਨੂੰ ਇਸ ਵਾਰ ਵੋਟਾਂ ਪਾ ਕੇ ਕੌਂਸਲਰ ਬਣਾਇਆ ਹੈ ।ਇਸ ਮੌਕੇ ਨਵੇਂ ਬਣੇ ਕੌਂਸਲਰ ਹਰਮੀਤ ਸਿੰਘ ਵੜੈਚ ਨੇ ਵਾਰਡ ਵਾਸੀਆਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਹ ਵਿਧਾਇਕ ਜਸਵੀਰ ਸਿੰਘ ਰਾਜਾ ਦੀ ਅਗਵਾਈ ਵਿੱਚ ਰਹਿੰਦੇ ਹੋਏ ਵਿਕਾਸ ਕਾਰਜ ਪੂਰੇ ਕਰਨਗੇ।

## ਬਡ ਪੇਂਟਿੰਗ ਗਤੀਵਿਧੀ ਕਰਵਾਈ

ਜਲੰਧਰ (ਇਕਬਾਲ ਸਿੰਘ ਉਭੀ)- ਸੇਂਟ ਸੋਲਜਰ ਡਿਵਾਈਨ ਪਬਲਿਕ ਸਕੂਲ, ਅਰਜੁਨ ਨਗਰ ਵੱਲੋਂ ਪ੍ਰੀ-ਨਰਸਰੀ ਅਤੇ ਨਰਸਰੀ ਕਲਾਸਾਂ ਦੇ ਵਿਦਿਆਰਥੀਆਂ ਲਈ ਰੰਗਾਂ ਨਾਲ ਭਰਪੂਰ ਅਤੇ ਰਚਨਾਤਮਕ ਬਡ ਪੇਂਟਿੰਗ ਗਤੀਵਿਧੀ ਦਾ ਆਯੋਜਨ ਕੀਤਾ ਗਿਆ। ਇਸ ਗਤੀਵਿਧੀ ਦਾ ਉਦੇਸ਼ ਨੰਨੇ ਬੱਚਿਆਂ ਦੀ ਰਚਨਾਤਮਕਤਾ ਨੂੰ ਉਤਸ਼ਾਹਿਤ ਕਰਨਾ ਅਤੇ ਉਨ੍ਹਾਂ ਦੀ ਕਲਾਤਮਕ ਯੋਗਤਾ ਨੂੰ ਨਿਖਾਰਨਾ ਸੀ। ਨੰਨੇ-ਮੁੰਨੇ ਬੱਚਿਆਂ ਨੇ ਬੜੇ ਉਤਸ਼ਾਹ ਅਤੇ ਖ਼ੁਸ਼ੀ ਨਾਲ ਇਸ ਗਤੀਵਿਧੀ ਵਿੱਚ ਭਾਗ ਲਿਆ ਅਤੇ ਵੱਖ-ਵੱਖ ਰੰਗਾਂ ਰਾਹੀਂ ਆਪਣੀ ਕਲਪਨਾ ਸ਼ਕਤੀ ਦਾ ਪ੍ਰਗਟਾਵਾ ਕੀਤਾ। ਇਸ ਮਨੋਰੰਜਕ ਗਤੀਵਿਧੀ ਰਾਹੀਂ ਬੱਚਿਆਂ ਦੀ ਫਾਈਨ ਮੋਟਰ ਸਕਿਲਜ਼, ਹੱਥਾਂ ਅਤੇ ਅੱਖਾਂ ਦੇ ਤਾਲਮੇਲ ਅਤੇ ਰਚਨਾਤਮਕ ਸੋਚ ਦਾ ਵਿਕਾਸ ਹੋਇਆ। ਗਰੁੱਪ ਵਾਈਸ ਚੇਅਰਪਰਸਨ ਸੰਗੀਤਾ ਚੋਪੜਾ ਨੇ ਅਧਿਆਪਕਾਂ ਦੇ ਯਤਨਾਂ ਦੀ ਸਰਾਹਨਾ ਕਰਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਬੱਚਿਆਂ ਦੇ ਸਰਵਪੱਖੀ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ। ਸਾਰੇ ਵਿਦਿਆਰਥੀਆਂ ਨੇ ਇਸ ਗਤੀਵਿਧੀ ਦਾ ਭਰਪੂਰ ਆਨੰਦ ਮਾਣਿਆ ਅਤੇ ਪੂਰੇ ਉਤਸ਼ਾਹ ਨਾਲ ਇਸ ਵਿੱਚ ਭਾਗ ਲਿਆ।



## ਲੋਕ ਸੇਵਾ ਵੈਲਫੇਅਰ ਸੋਸਾਇਟੀ ਵੱਲੋਂ ਮੈਡੀਕਲ ਕੈਂਪ ਅੱਜ

ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)- ਲੋਕ ਸੇਵਾ ਵੈਲਫੇਅਰ ਸੋਸਾਇਟੀ ਦੇ ਸਰਪ੍ਰਸਤ ਰਸ਼ਪਾਲ ਸਿੰਘ ਚਰੜ ਦੀ ਅਗਵਾਈ ਵਿੱਚ ਵਰਲਡ ਕੈਂਸਰ ਕੇਅਰ ਸੋਸਾਇਟੀ ਦੇ ਚੇਅਰਮੈਨ ਕੁਲਵੰਤ ਸਿੰਘ ਅਤੇ ਮਾਂ ਮਤੇਸ਼ਵਰੀ ਚਿੰਤਪੁਰਨੀ ਮੰਦਿਰ ਢੋਲਵਾਹਾ ਜਨੌੜੀ ਦੇ ਸੰਸਥਾਪਕ ਠਾਕੁਰ ਰਵੀ ਗਾਂਧੀ ਦੇ ਸਹਿਯੋਗ ਨਾਲ ਬਾਬਾ ਬੂਟਾ ਭਗਤ ਹਾਲ ਉੜਮੁੜ ਵਿਖੇ 30 ਮਈ ਨੂੰ ਲਗਾਏ ਜਾ ਰਹੇ ਵਿਸ਼ਾਲ ਕੈਂਸਰ ਤੇ ਮੈਡੀਕਲ ਚੈੱਕਅਪ ਕੈਂਪ ਸਬੰਧੀ ਪੀਰ ਬਾਬਾ ਕਾਲੇ ਸ਼ਾਹ ਹਰਸੀ ਪਿੰਡ ਦੀ ਮੁੱਖ ਸੇਵਾਦਾਰ ਮਾਤਾ ਸੁੱਖੀ ਨੂੰ ਸੱਦਾ ਪੱਤਰ ਦਿੱਤਾ। ਇਸ ਮੌਕੇ ਤੇ ਉਨ੍ਹਾਂ ਨਾਲ ਰਵੀ ਗਾਂਧੀ, ਬਬੂ ਕੰਗ, ਰਵੀ ਚਰੜ, ਮਨਜਿੰਦਰ ਸਿੰਘ ਮਣੀ ਅਤੇ ਹੋਰ ਹਾਜ਼ਰ ਸਨ।



ਹਾਜ਼ਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਸੋਸਾਇਟੀ ਦੇ ਸਰਪ੍ਰਸਤ ਰਸ਼ਪਾਲ ਸਿੰਘ ਚਰੜ ਨੇ ਕਿਹਾ ਕਿ ਸਾਡੀ ਸੋਸਾਇਟੀ ਦਾ ਅਸਲ ਮਕਸਦ ਹਰ ਗਰੀਬ ਬੇਸਹਾਰਾ ਜਰੂਰਤਮੰਦ ਮਰੀਜ਼ਾਂ ਨੂੰ ਡਾਕਟਰੀ ਸਹਾਇਤਾ ਮੁਹਈਆ ਕਰਵਾ ਕੇ ਉਨ੍ਹਾਂ ਦਾ ਪੂਰਾ-ਪੂਰਾ ਇਲਾਜ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਅੱਜ ਕੱਲ ਦੇ ਇਸ ਮਹਿੰਗਾਈ ਭਰੇ ਯੁੱਗ ਵਿੱਚ ਹਰ ਇਨਸਾਨ ਆਪਣੀ ਬਿਮਾਰੀ ਦਾ ਇਲਾਜ ਸਹੀ ਅਤੇ ਪੂਰਾ ਨਹੀਂ ਕਰਵਾ ਸਕਦਾ ਹੈ।ਰਸ਼ਪਾਲ ਸਿੰਘ ਚਰੜ ਨੇ ਕਿਹਾ ਕਿ 30 ਮਈ ਨੂੰ ਲਗਾਏ ਜਾ ਰਹੇ ਮੁਫਤ ਕੈਂਸਰ ਤੇ ਮੈਡੀਕਲ ਚੈੱਕਅਪ ਕੈਂਪ ਵਿੱਚ ਕੈਂਸਰ ਦੇ ਮਾਹਿਰ ਡਾਕਟਰ ਨਿਓਨੈਟੋਲੋਜਿਸਟ ਡਾਕਟਰ ਅੰਕਿਤ ਗੋਇਲ, ਬੱਚਿਆਂ ਦੇ ਰੋਗਾਂ ਦੀ ਸਪੈਸ਼ਲਿਸਟ ਡਾਕਟਰ ਪ੍ਰਗਤੀ ਗੋਇਲ ਅਤੇ ਅੱਖਾਂ ਦੇ ਮਾਹਿਰ ਡਾਕਟਰ ਤੋਂ ਇਲਾਵਾ ਆਰਥੋਪੀਡਿਕਸ ਡਾਕਟਰ ਇੰਦਰਦੀਪ ਸਿੰਘ ਮਰੀਜਾਂ ਦਾ ਚੈੱਕਅਪ ਕਰਕੇ ਜਿੱਥੇ ਉਨ੍ਹਾਂ ਦੀਆਂ ਬਿਮਾਰੀਆਂ ਦਾ ਇਲਾਜ ਕਰਨਗੇ ਉਥੇ ਜਰੂਰਤਮੰਦ ਮਰੀਜ਼ਾਂ ਨੂੰ ਮੁਫਤ ਦਵਾਈਆਂ ਵੀ ਦੇਣਗੇ। ਉਨ੍ਹਾਂ ਕਿਹਾ ਕਿ ਕੈਂਪ ਦੌਰਾਨ ਲੈਬੋਟਰੀ ਟੈਕਨੀਸ਼ੀਅਨ ਜਰੂਰਤਮੰਦ ਮਰੀਜ਼ਾਂ ਦੇ ਮੁਫਤ ਟੈਸਟ ਵੀ ਕਰਨਗੇ। ਇਸ ਤੋਂ ਇਲਾਵਾ ਮਰੀਜ਼ਾਂ ਨੂੰ ਇਸ ਕੈਂਪ ਵਿੱਚ ਲਿਆਉਣ ਅਤੇ ਵਾਪਸ ਛੱਡਣ ਲਈ ਕੈਂਸਰ ਕੇਅਰ ਦੀਆਂ ਬੱਸਾਂ ਮੁਫ਼ਤ ਸੇਵਾ ਨਿਭਾਉਣਗੀਆਂ।ਠਾਕੁਰ ਰਵੀ ਗਾਂਧੀ ਨੇ ਕਿਹਾ ਕਿ ਲੋਕ ਸੇਵਾ ਵੈਲਫੇਅਰ ਸੋਸਾਇਟੀ ਵੱਲੋਂ ਮਹਿੰਗੇ ਇਲਾਜ ਤੋਂ ਵੰਚਿਤ ਗਰੀਬ ਬੇਸਹਾਰਾ ਮਰੀਜ਼ਾਂ ਦੇ ਇਲਾਜ ਕਰਨ ਲਈ ਕੈਂਸਰ ਤੇ ਮੈਡੀਕਲ ਚੈੱਕਅਪ ਕੈਂਪਾਂ ਦੀ ਜਿਹੜੀ ਲੜੀ ਸ਼ੁਰੂ ਕੀਤੀ ਹੈ ਉਹ ਸ਼ਲਾਘਾਯੋਗ ਕਾਰਜ ਹੈ।

## ਮਰਦਮਸ਼ੁਮਾਰੀ 'ਚ ਜਾਤੀ ਅਪਮਾਨਿਤ ਸ਼ਬਦ ਹਟਾਕੇ ਆਦਿ ਧਰਮ ਕਾਲਿਮ ਸਥਾਪਤ ਕੀਤਾ ਜਾਵੇ : ਸੰਤ ਸਤਵਿੰਦਰ ਹੀਰਾ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ) ਆਲ ਇੰਡੀਆ ਆਦਿ ਧਰਮ ਮਿਸ਼ਨ (ਰਜਿ.) ਭਾਰਤ ਦੇ ਰਾਸ਼ਟਰੀ ਪ੍ਰਧਾਨ ਸੰਤ ਸਤਵਿੰਦਰ ਹੀਰਾ ਦੀ ਅਗਵਾਈ ਹੇਠ ਸਰਗਰਮ ਮਿਸ਼ਨਰੀ ਆਗੂਆਂ ਨੇ ਸ੍ਰੀ ਚਰਨਛੋਹ ਬੇਗਮਪੁਰਾ ਵਿਖੇ ਵਿਚਾਰ ਚਰਚਾ ਕਰਦਿਆਂ ਆਦਿ ਧਰਮ ਮਿਸ਼ਨ ਦੀ ਵਿਚਾਰਧਾਰਾ ਅਤੇ ਮਿਸ਼ਨ ਦੀਆਂ ਗਤੀਵਿਧੀਆਂ ਨੂੰ ਤੇਜ਼ ਕਰਨ ਸਬੰਧੀ ਆਪਣੇ ਵਿਚਾਰ ਪ੍ਰਗਟ ਕੀਤੇ।ਇਸ ਮੌਕੇ ਸ੍ਰੀ ਗੁਰੂ ਰਵਿਦਾਸ ਇਤਿਹਾਸਕ ਧਰਮ ਅਸਥਾਨ ਚਰਨਛੋਹ ਸੱਚਖੰਡ ਬੇਗਮਪੁਰਾ ਸ੍ਰੀ ਖੁਰਾਲਗੜ ਸਾਹਿਬ ਵਿਖੇ ਵਿਚਾਰ ਸਾਂਝੇ ਕਰਦਿਆਂ ਸੰਤ ਸਤਵਿੰਦਰ ਹੀਰਾ ਨੇ ਭਾਰਤ ਸਰਕਾਰ ਅਤੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਜਦਕਿ ਜਨਗਣਨਾ ਸ਼ੁਰੂ ਹੋ ਚੁੱਕੀ ਹੈ ਪਰ ਆਦਿ ਧਰਮ ਮਿਸ਼ਨ ਚਰੋਕੇ ਸਮੇਂ ਤੋਂ ਇਹ ਮੰਗ ਕਰਦਾ ਆ ਰਿਹਾ ਹੈ ਕਿ ਮਰਦਮ ਸ਼ੁਮਾਰੀ 2027 ਦੇ ਸ਼ੁਰੂ ਅਭਿਆਨ ਤੋਂ ਪਹਿਲਾਂ ਕੌਮ ਦੇ ਮਹਾਨ ਰਹਿਬਰ ਬਾਬੂ ਮੰਗੂ ਰਾਮ ਮੁਗੋਵਾਲੀਆ ਵਲੋਂ ਸਥਾਪਤ ਕਰਾਏ ਆਦਿ ਧਰਮ ਕਾਲਿਮ ਨੂੰ ਮੁੜ ਸਥਾਪਤ ਕੀਤਾ ਜਾਵੇ। ਓਨਾਂ ਕਿਹਾ ਹੋ ਰਹੀ ਮਰਦਮ ਸ਼ੁਮਾਰੀ ਫਾਰਮਾਂ ਵਿੱਚ ਵਾਲਮੀਕ ਕੌਮ ਲਈ ਵਰਤੇ ਅਪਮਾਨਿਤ ਸ਼ਬਦ ਤੁਰੰਤ ਹਟਾਏ ਜਾਣ ਅਤੇ ਸਨਮਾਨਿਤ ਸ਼ਬਦ ਵਰਤੇ ਜਾਣ। ਸੰਤ ਸਤਵਿੰਦਰ ਹੀਰਾ ਨੇ ਕਿਹਾ ਆਦਿ ਧਰਮ ਮਿਸ਼ਨ ਸਤਿਗੁਰੂ ਰਵਿਦਾਸ ਜੀ ਮਹਾਰਾਜ, ਭਗਵਾਨ ਸ੍ਰੀ ਵਾਲਮੀਕ ਜੀ ਮਹਾਰਾਜ ਅਤੇ ਮਹਾਨ ਰਹਿਬਰ ਬਾਬੂ ਮੰਗੂ ਰਾਮ ਮੁਗੋਵਾਲੀਆ,ਬਾਬਾ ਸਾਹਿਬ ਡਾ. ਅੰਬੇਡਕਰ, ਬਾਬੂ ਕਾਂਸ਼ੀ ਰਾਮ ਦੀ ਕ੍ਰਾਂਤੀਕਾਰੀ ਵਿਚਾਰਧਾਰਾ ਨੂੰ ਸਮਰਪਿਤ ਹੈ ਅਤੇ ਜਨ ਜਨ ਤੱਕ ਪਹੁੰਚਾਉਣ ਲਈ ਦਿਨ ਰਾਤ ਸੰਘਰਸ਼ ਕਰ ਰਿਹਾ ਹੈ । ਇਸ ਮੌਕੇ ਸਮਾਰਟ ਟਿੰਕੂ ਆਰੋਣ ਭੱਟੀ ਹਰਿਆਣਾ ਨੂੰ ਵਿਸ਼ੇਸ਼ ਸਨਮਾਨਿਤ ਕੀਤਾ ਗਿਆ ਅਤੇ ਪ੍ਰਿੰਸੀਪਲ ਸੰਤ ਧਰਮਪਾਲ ਧਾਮ ਚਾਨਣ ਪੁਰੀ ਸ਼ੇਰਗੜ, ਸੰਤ ਹੰਸ ਪਾਲ, ਸਰਬਜੀਤ ਸਿੰਘ ਕੰਡਿਆਣਾ, ਰਾਮ ਪਾਲ ਬਜਵਾੜਾ ਅਤੇ ਭਾਰੀ ਗਿਣਤੀ ਵਿੱਚ ਸੰਗਤਾਂ ਵੀ ਹਾਜ਼ਰ ਸਨ।



## ਲੇਖਕ ਰਿਪੁਦਮਨ ਸਿੰਘ ਰੂਪ ਦੀ ਯਾਦ 'ਚ ਸਮਾਗਮ 5 ਨੂੰ

ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ)- ਬੀਤੇ ਦਿਨੀਂ 91 ਸਾਲ ਦੀ ਉਮਰ ਭੋਗਕੇ ਵਿਛੋੜੇ ਦੇ ਗਏ ਪ੍ਰਸਿੱਧ ਪੰਜਾਬੀ ਲੇਖਕ ਐਡਵੋਕੇਟ ਰਿਪੁਦਮਨ ਸਿੰਘ ਰੂਪ ਦੀ ਯਾਦ ਵਿਚ ਪਰਿਵਾਰ ਵੱਲੋਂ ਉਨ੍ਹਾਂ ਦੀ ਯਾਦ ਵਿਚ ਕ੍ਰਿਸਮਿਸ ਟ੍ਰੀ ਲਾਇਆ ਗਿਆ।ਰੂਪ ਹੋਰਾਂ ਦੇ ਪੁੱਤਰਾਂ ਸੰਜੀਵਨ ਅਤੇ ਰੰਜੀਵਨ ਨੇ ਦੱਸਿਆ ਕਿ ਉਨ੍ਹਾਂ ਦੀ ਅੰਤਿਮ ਇੱਛਾ ਅਨੁਸਾਰ, ਉਨ੍ਹਾਂ ਦੀ ਦੇਹ ਪੀ. ਜੀ. ਆਈ. ਚੰਡੀਗੜ੍ਹ ਨੂੰ ਖੋਜ ਕਾਰਜਾਂ ਵਾਸਤੇ ਦਾਨ ਦਿੱਤੀ। ਰੂਪ ਦੇ ਵਡੇ ਭਰਾ ਸ਼੍ਰੋਮਣੀ ਸਾਹਿਤਕਾਰ ਸ੍ਰੀ ਸੰਤੋਖ ਸਿੰਘ ਧੀਰ ਦਾ ਸਰੀਰ ਵੀ 2010 ਵਿੱਚ ਪੀ. ਜੀ. ਆਈ ਨੂੰ ਦਾਨ ਕੀਤਾ ਗਿਆ ਸੀ।ਤਾਇਆ ਜੀ (ਸੰਤੋਖ ਸਿੰਘ ਧੀਰ) ਵਾਂਗ ਡੈਡੀ (ਰਿਪੁਦਮਨ ਸਿੰਘ ਰੂਪ) ਵੀ ਸਾਰੀ ਉਮਰ ਦੱਬੇ-ਕੁਚਲੇ, ਪੀੜਤ ਅਤੇ ਸੋਸ਼ਿਤ ਧਿਰਾਂ ਨਾਲ ਡੱਟ ਕੇ ਖੜੇ।ਉਨ੍ਹਾਂ ਦੀ ਕਲਮ ਕਦੇ ਵੀ ਹਾਕਿਮ ਧਿਰ ਦੇ ਹੱਕ ਵਿਚ ਨਹੀਂ ਚੱਲੀ।ਰਿਪੁਦਮਨ ਸਿੰਘ ਦੀਆਂ ਨੂੰਹਾਂ ਚਰਨਜੀਤ ਕੌਰ ਅਤੇ ਪੂਨਮ, ਪੋਤ-ਨੂੰਹ ਪੂਰਵਾ, ਪੋਤ-ਜਵਾਈ ਅਤੇ ਉਂਜਵਲ ਮੋਹਿਤ ਵੇਦ ਅਤੇ ਪੋਤੀ ਰਿੱਤੂ ਰਾਗ, ਪੋਤੀਆਂ ਰਿੱਤੂਰਾਗ, ਪ੍ਰਿਯਾਰਾਗ ਕੌਰ ਅਤੇ ਪੋਤੇ ਰਿਸ਼ਮਰਾਗ ਸਿੰਘ, ਉਦੈਰਾਗ ਸਿੰਘ ਤੋਂ ਇਲਾਵਾ ਪਰਿਵਾਲ ਦੇ ਨੇੜਲੇ ਰਿਸ਼ਤੇਦਾਰ ਸੰਜੇ ਜੁਨੇਜਾ ਅਤੇ ਸੋਨੀਆਂ ਜੁਨੇਜਾ, ਉੱਭਰਦਾ ਗਾਇਕ ਵੀ ਐਡਵੋਕੇਟ ਨਵਜੋਤ ਸਿੰਘ ਕਲਸੀਆ ਹਾਜ਼ਿਰ ਸਨ। ਰਿਪੁਦਮਨ ਸਿੰਘ ਰੂਪ ਸਮਰਿਤੀ ਸਮਾਗਮ 5 ਜੂਨ ਨੂੰ ਸਵੇਰੇ 10.30 ਵਜੇ ਕਿਸਾਨ ਭਵਨ, ਨਜ਼ਦੀਕ ਬਜਵਾੜਾ, ਸੈਕਟਰ 35-ਏ ਚੰਡੀਗੜ੍ਹ ਚੌਂਕ ਵਿਖੇ ਹੋਵੇਗਾ।



## ਕਰਮਚਾਰੀਆਂ ਦੀਆਂ ਮੰਗਾਂ ਦਾ ਖੱਬੀਆਂ ਪਾਰਟੀਆਂ ਨੇ ਕੀਤਾ ਸਮਰਥਨ

ਨੰਗਲ- ਸੀ ਪੀ ਆਈ ਐਮ ਤੇ ਸੀ ਪੀ ਆਈ ਦੇ ਆਗੂਆਂ ਦੀ ਸਾਂਝੀ ਮੀਟਿੰਗ ਹੋਈ ਜਿਸ ਵਿੱਚ ਸੇਵਾ ਕੇਂਦਰਾਂ ਦੇ ਕਰਮਚਾਰੀਆਂ ਦੀਆਂ ਮੰਗਾਂ ਮੰਨਣ ਦੀ ਪੰਜਾਬ ਸਰਕਾਰ ਕੋਲੋਂ ਮੰਗ ਕੀਤੀ ਗਈ। ਇਸ ਮੌਕੇ ਤੇ ਆਗੂਆਂ ਨੇ ਪ੍ਰੈਸ ਨੂੰ ਜਾਰੀ ਬਿਆਨ 'ਚ ਦੱਸਿਆ ਕਿ ਪੜੇ ਲਿਖੇ ਮੁੰਡੇ ਕੁੜੀਆਂ ਬਹੁਤ ਹੀ ਘੱਟ ਪੈਸਿਆਂ ਤੇ ਸੇਵਾ ਕੇਂਦਰਾਂ ਵਿੱਚ ਕੰਮ ਕਰਨ ਲਈ ਮਜਬੂਰ ਹਨ। ਉਹਨਾਂ ਨੇ ਕਿਹਾ ਕਿ ਕਰਮਚਾਰੀਆਂ ਨੂੰ ਡੀ ਸੀ ਰੇਟ ਤੱਕ ਉਜਰਤ ਵੀ ਨਹੀਂ ਦਿੱਤੀ ਜਾ ਰਹੀ ਹੈ । ਖੱਬੀਆਂ ਪਾਰਟੀਆਂ ਦੇ ਆਗੂ ਬਜਿੰਦਰ ਪੰਡਿਤ, ਗੁਰਨਾਮ ਸਿੰਘ ਔਲਖ, ਕਾਮਰੇਡ ਸੁਰਜੀਤ ਸਿੰਘ ਢੇਰ, ਸਤਨਾਮ ਸਿੰਘ, ਰਕੇਸ਼ ਬਾਲੀ ਕਲਸੇੜਾ ਅਤੇ ਹਰਵੰਤ ਸਿੰਘ ਨੇ ਕਿਹਾ ਕਿ ਕਰਮਚਾਰੀਆਂ ਵੱਲੋਂ ਕੀਤੇ ਗਏ ਸੰਘਰਸ਼ ਦੀ ਪੂਰਨ ਤੌਰ ਤੇ ਸਮਰਥਨ ਕੀਤਾ ਜਾਵੇਗਾ ਤੇ ਸਰਕਾਰ ਕੋਲੋਂ ਮੰਗ ਕੀਤੀ ਜਾ ਰਹੀ ਹੈ ਕਿ ਕਰਮਚਾਰੀਆਂ ਦੀ ਲੁੱਟ ਕਰਨ ਵਾਲੀਆਂ ਕੰਪਨੀ ਨੂੰ ਬਲੈਕ ਲਿਸਟ ਕੀਤਾ ਜਾਵੇ।



## ਦਰਬਾਰ ਸਾਂਈ ਜੁਮਲੇ ਸ਼ਾਹ ਵਿਖੇ ਈਦ ਦਾ ਤਿਉਹਾਰ ਮਨਾਇਆ



ਆਦਮਪੁਰ (ਪਰਮਜੀਤ ਸਿੰਘ)- ਪਿੰਡ ਉਦੇਸੀਆਂ ਵਿਖੇ ਸਥਿਤ ਦਰਬਾਰ ਸਾਂਈ ਜੁਮਲੈ ਸ਼ਾਹ ਵਿਖੇ ਬੀਬੀ ਸ਼ਰੀਫਾਂ ਦੇ ਅਸ਼ੀਰਵਾਦ ਸਦਕਾ ਈਦ ਦਾ ਤਿਉਹਾਰ ਮਨਾਇਆ ਗਿਆ। ਪਹਿਲਾ ਨਮਾਜ ਅਦਾ ਕੀਤੀ ਗਈ ਤੇ ਸਰਬਤ ਦੇ ਭਲੇ ਦੀ ਅਰਦਾਸ ਕੀਤੀ। ਇਸ ਮੌਕੇ ਸੰਗਤਾਂ ਨੂੰ ਸੇਵੀਆਂ ਦਾ ਲੰਗਰ ਵਰਤਾਇਆ ਗਿਆ। ਇਸ ਮੌਕੇ ਈਸ਼ਾ, ਸੋਨੂੰ, ਅੰਤਪ੍ਰੀਤ, ਜਸਵੀਰ, ਗੁਰਨਾਮ, ਜਸਪਾਲ ਸਿੰਘ, ਸਤੀ ਬਾਬਾ, ਕੁਲਵੰਤ ਸਿੰਘ ਦੂਹਰੇ, ਬਲਜੀਤ ਸਿੰਘ, ਆਸਵੰਤ, ਮਲਕੀਅਤ ਸਿੰਘ, ਅਵਤਾਰ ਸਿੰਘ, ਕਿਰਨਾ ਮੰਹਤ, ਬਾਬਾ ਮੰਨਜੂਰ ਅਹਿਮਦ, ਜਿੰਦਰ ਬਾਬਾ, ਬਲਜਿੰਦਰ ਸਿੰਘ, ਹੈਪੀ, ਲੱਕੀ, ਨਰਿੰਦਰ, ਸੰਨੀ, ਵਿਕੀ, ਏ ਐਸ ਆਈ, ਗੁਰਦੀਪ ਸਿੰਘ, ਲਵ, ਧੀਰਜ ਕੁਮਾਰ, ਦਿਲਰਾਜ ਭੱਟੀ, ਬਲਰਾਜ ਭੱਟੀ, ਮਨਜਿੰਦਰ ਸਿੰਘ, ਵਿਸ਼ਨੂੰ, ਨੀਟਾ, ਗੁਰਮੁਖ ਸਿੰਘ, ਭੋਲੀ, ਕਮਲਜੀਤ, ਸਰਬਜੀਤ, ਵਿਕਰ, ਕਰਨ, ਮਨਿੰਦਰ ਪਾਲ,ਸਿਪਾ, ਪਾਲੋਂ, ਭੋਲਾ, ਰਿੰਪਾ, ਸੁਰਿੰਦਰ ਘੁੰਮਣ ਤੇ ਹੋਰ ਸੰਗਤਾਂ ਹਾਜ਼ਰ ਸਨ।

## ਮਰੀਜ਼ਾਂ ਨੂੰ ਬਿਹਤਰ ਸਿਹਤ ਸੇਵਾਵਾਂ ਦੇਣਾ ਮੁੱਖ ਉਦੇਸ਼ : ਧੀਮਾਨ

ਫਗਵਾੜਾ (ਡਾ. ਰਮਨ)- ਸ੍ਰੀ ਵਿਸ਼ਵਕਰਮਾ ਚੈਰੀਟੇਬਲ ਹਸਪਤਾਲ ਟਰੱਸਟ ਫਗਵਾੜਾ ਵਿਖੇ ਡਾਕਟਰਾਂ ਤੇ ਨਰਸਿੰਗ ਸਟਾਫ ਦੀ ਇਕ ਵਿਸ਼ੇਸ਼ ਮੀਟਿੰਗ ਟਰੱਸਟ ਦੇ ਪ੍ਰਧਾਨ ਪ੍ਰਦੀਪ ਧੀਮਾਨ ਦੀ ਪ੍ਰਧਾਨਗੀ ਹੇਠ ਆਯੋਜਿਤ ਕੀਤੀ ਗਈ। ਮੀਟਿੰਗ ਦੌਰਾਨ ਹਸਪਤਾਲ ਟਰੱਸਟ ਵੱਲੋਂ ਸਮਾਜ ਨੂੰ ਦਿੱਤੀਆਂ ਜਾ ਰਹੀਆਂ ਸਿਹਤ ਸੇਵਾਵਾਂ, ਚੱਲ ਰਹੀਆਂ ਗਤੀਵਿਧੀਆਂ ਅਤੇ ਭਵਿੱਖ ਦੀਆਂ ਯੋਜਨਾਵਾਂ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਪ੍ਰਧਾਨ ਪ੍ਰਦੀਪ ਧੀਮਾਨ ਨੇ ਕਿਹਾ ਕਿ ਟਰੱਸਟ ਦਾ ਮੁੱਖ ਉਦੇਸ਼ ਸਮਾਜ ਦੇ ਹਰ ਵਰਗ ਤੱਕ ਸਸਤੀ ਸਿਹਤ ਸੇਵਾ ਪਹੁੰਚਾਉਣ ਦੇ ਨਾਲ ਹਸਪਤਾਲ 'ਚ ਇਲਾਜ ਲਈ ਆਉਣ ਵਾਲੇ ਮਰੀਜ਼ਾਂ ਨੂੰ ਬਿਹਤਰ ਸਿਹਤ ਸਹੂਲਤਾਂ ਦੇਣਾ ਹੈ। ਉਨ੍ਹਾਂ ਕਿਹਾ ਕਿ ਮਨੁੱਖਤਾ ਦੀ ਸੇਵਾ ਸਭ ਤੋਂ ਵੱਡੀ ਸੇਵਾ ਹੈ ਅਤੇ ਟਰੱਸਟ ਇਸੇ ਭਾਵਨਾ ਨਾਲ ਲਗਾਤਾਰ ਕੰਮ ਕਰ ਰਿਹਾ ਹੈ। ਮੀਟਿੰਗ ਦੌਰਾਨ ਸ੍ਰੀ ਵਿਸ਼ਵਕਰਮਾ ਮੰਦਿਰ ਅਤੇ ਟਰੱਸਟ ਦੇ ਹਸਪਤਾਲ 'ਚ ਸ਼ਾਨਦਾਰ ਸੇਵਾਵਾਂ ਨਿਭਾਉਣ ਵਾਲੇ ਸਾਥੀਆਂ, ਡਾਕਟਰਾਂ ਅਤੇ ਨਰਸਿੰਗ ਸਟਾਫ ਨੂੰ ਸਨਮਾਨਤ ਕੀਤਾ ਗਿਆ। ਇਸ ਦੇ ਨਾਲ ਹੀ ਹਸਪਤਾਲ ਸਟਾਫ ਵੱਲੋਂ 'ਮਹਿਲਾ ਸਿਹਤ ਲਈ ਅੰਤਰਰਾਸ਼ਟਰੀ ਕਾਰਵਾਈ ਦਿਵਸ' ਵੀ ਮਨਾਇਆ ਗਿਆ। ਇਸ ਸਬੰਧੀ ਪ੍ਰਦੀਪ ਧੀਮਾਨ ਨੇ ਔਰਤਾਂ ਦੀ ਸਿਹਤ ਸਬੰਧੀ ਮੁੱਦਿਆਂ 'ਤੇ ਖ਼ਾਸ ਜ਼ੋਰ ਦਿੰਦਿਆਂ ਕਿਹਾ ਕਿ ਤੰਦਰੁਸਤ ਸਮਾਜ ਦੀ ਸਿਰਜਣਾ ਲਈ ਮਹਿਲਾਵਾਂ ਦਾ ਸਿਹਤਮੰਦ ਹੋਣਾ ਬੇਹੱਦ ਜਰੂਰੀ ਹੈ। ਇਸ ਮੌਕੇ ਜਸਪਾਲ ਸਿੰਘ ਲਾਲ, ਸ਼ੁਭਾਸ਼ ਧੀਮਾਨ, ਪ੍ਰਸ਼ਾਂਤ ਧੀਮਾਨ, ਗੁਰਨਾਮ ਸਿੰਘ ਜੂਤਲਾ, ਅਮੋਲਕ ਸਿੰਘ ਝੀਤਾ, ਆਰ.ਪੀ. ਸਿੰਘ, ਗੁਰਮੁੱਖ ਸਿੰਘ ਲਾਲ ਅਤੇ ਵਿਕਰਮ ਰੂਪਰਾਏ ਸਮੇਤ ਹੋਰ ਪਤਵੰਤੇ ਹਾਜ਼ਰ ਸਨ।




## ਸ਼ਾਮਚੁਰਾਸੀ ਨਗਰ ਕੌਂਸਲ ਦੀਆਂ ਚੋਣਾਂ 13 ਨੂੰ

ਹੁਸ਼ਿਆਰਪੁਰ (ਓ ਪੀ ਰਾਣਾ)- ਰਾਜ ਚੋਣ ਕਮਿਸ਼ਨ ਵਲੋਂ ਨਗਰ ਕੌਂਸਲ, ਸ਼ਾਮਚੁਰਾਸੀ ਦੀਆਂ ਵੋਟਾਂ ਲਈ ਜਾਰੀ ਵੇਰਵਿਆਂ ਅਨੁਸਾਰ 30 ਮਈ ਤੋਂ ਨਾਮਜ਼ਦਗੀ ਪੱਤਰ ਪ੍ਰਾਪਤ ਕੀਤੇ ਜਾਣਗੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ-ਕਮ- ਜ਼ਿਲ੍ਹਾ ਚੋਣ ਅਫ਼ਸਰ ਆਸ਼ਿਕਾ ਜੈਨ ਨੇ ਦੱਸਿਆ ਕਿ ਰਾਜ ਚੋਣ ਕਮਿਸ਼ਨ ਵਲੋਂ ਜਾਰੀ ਕੀਤੇ ਗਏ ਨੋਟੀਫਿਕੇਸ਼ਨ ਅਨੁਸਾਰ ਨਗਰ ਕੌਂਸਲ, ਸ਼ਾਮਚੁਰਾਸੀ ਦੀਆਂ ਵੋਟਾਂ 13 ਜੂਨ ਨੂੰ ਪੈਣਗੀਆਂ। ਉਨ੍ਹਾਂ ਦੱਸਿਆ ਕਿ 30 ਮਈ ਤੋਂ ਸਵੇਰੇ 11 ਵਜੇ ਤੋਂ ਬਾਅਦ ਦੁਪਹਿਰ 3 ਵਜੇ ਤੱਕ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ ਜਾ ਸਕਦੇ ਹਨ। ਨਾਮਜ਼ਦਗੀ ਪੱਤਰ ਦਾਖ਼ਲ ਕਰਨ ਦੀ ਆਖਰੀ ਮਿਤੀ 3 ਜੂਨ ਬਾਅਦ ਦੁਪਹਿਰ 3:00 ਵਜੇ ਤੱਕ ਹੋਵੇਗੀ। ਉਨ੍ਹਾਂ ਦੱਸਿਆ ਕਿ 4 ਜੂਨ ਨੂੰ ਨਾਮਜ਼ਦਗੀ ਪੱਤਰਾਂ ਦੀ ਪੜਤਾਲ ਕੀਤੀ ਜਾਵੇਗੀ ਅਤੇ 5 ਜੂਨ ਨੂੰ ਬਾਅਦ ਦੁਪਹਿਰ 3:00 ਵਜੇ ਤੱਕ ਨਾਮਜ਼ਦਗੀ ਪੱਤਰ ਵਾਪਸ ਲਏ ਜਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਵੋਟਾਂ 13 ਜੂਨ ਨੂੰ ਸਵੇਰੇ 8:00 ਵਜੇ ਤੋਂ ਸ਼ਾਮ 4:00 ਵਜੇ ਤੱਕ ਪੈਣਗੀਆਂ ਅਤੇ ਇਸੇ ਦਿਨ ਵੋਟਾਂ ਪੈਣ ਉਪਰੰਤ ਵੋਟਾਂ ਦੀ ਗਿਣਤੀ ਸ਼ੁਰੂ ਹੋਵੇਗੀ। ਜ਼ਿਕਰਯੋਗ ਹੈ ਕਿ ਸ਼ਾਮਚੁਰਾਸੀ ਨਗਰ ਕੌਂਸਲ ਦੇ 9 ਵਾਰਡਾਂ ਲਈ ਹੋਣ ਵਾਲੀਆਂ ਚੋਣਾਂ ਦੀਆਂ ਨਾਮਜ਼ਦਗੀਆਂ ਨਗਰ ਕੌਂਸਲ ਵਿਚ ਕਾਰਜ ਸਾਧਕ ਅਫ਼ਸਰ ਦੇ ਕਮਰਾ ਨੰਬਰ 3 ਵਿਚ ਪ੍ਰਾਪਤ ਕੀਤੀਆਂ ਜਾਣਗੀਆਂ।

## ਬਿਮਲ ਕਿਸ਼ੋਰ ਬਖਲੌਰ ਦੇ ਪਰਵਾਰ ਨਾਲ ਕੀਤਾ ਦੁੱਖ ਦਾ ਪ੍ਰਗਟਾਵਾ

ਜਲੰਧਰ (ਰਾਜੇਸ਼ ਥਾਪਾ, ਲਖਵਿੰਦਰ ਸਿੰਘ ਆਧੀ)- ਦਿਹਾਤੀ ਮਜ਼ਦੂਰ ਸਭਾ ਦੇ ਆਗੂ ਤੇ ਸਾਬਕਾ ਸਰਪੰਚ ਸਾਥੀ ਬਿਮਲ ਕਿਸ਼ੋਰ ਪਿੰਡ ਬਖਲੌਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਲੜਕੇ ਸਤੀਸ਼ ਕੁਮਾਰ ਦੀ ਬੇਵਕਤੀ ਮੌਤ 'ਤੇ ਸਭਾ ਦੇ ਸੂਬਾ ਪ੍ਰਧਾਨ ਦਰਸ਼ਨ ਨਾਹਰ, ਸੂਬਾ ਜਨਰਲ ਸਕੱਤਰ ਗੁਰਨਾਮ ਸਿੰਘ ਦਾਊਦ ਤੇ ਜੁਆਇੰਟ ਸਕੱਤਰ ਬਲਦੇਵ ਸਿੰਘ ਨੂਰਪੁਰੀ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਬਿਮਲ ਕਿਸ਼ੋਰ ਦਾ ਲੜਕਾ ਸਤੀਸ਼ ਕੁਮਾਰ ਵਿਦੇਸ਼ ਵਿੱਚ ਕੁਝ ਸਮਾਂ ਪਹਿਲਾਂ ਹੀ ਗਿਆ ਸੀ। ਜਿੱਥੇ ਉਸ ਦੀ 11 ਮਈ ਨੂੰ ਭੇਦਭਰੀ ਹਾਲਤ ਵਿੱਚ ਮੌਤ ਹੋ ਗਈ।ਇਸ ਘਟਨਾ ਨੇ ਸਾਰੇ ਪਰਵਾਰ ਨੂੰ ਡੂੰਘੇ ਸਦਮੇ ਵਿਚ ਪਾ ਦਿੱਤਾ ਹੈ। ਸਤੀਸ਼ ਕੁਮਾਰ ਦਾ 25 ਮਈ ਨੂੰ ਸੰਸਕਾਰ ਕਰ ਦਿੱਤਾ ਗਿਆ ਸੀ ਤੇ 31 ਮਈ ਨੂੰ ਅੰਤਿਮ ਅਰਦਾਸ ਹੋਵੇਗੀ। ਬਿਮਲ ਕਿਸ਼ੋਰ ਦਾ ਸਾਰਾ ਪਰਿਵਾਰ ਗਰੀਬ ਲੋਕਾਂ ਦੇ ਦੁੱਖ ਸੁੱਖ ਵਿੱਚ ਉਨ੍ਹਾਂ ਦੇ ਸਦਾ ਹੀ ਅੰਗ ਸੰਗ ਰਿਹਾ ਹੈ। ਉਪਰੋਕਤ ਆਗੂਆਂ ਨੇ ਪਰਵਾਰ ਦੇ ਦੁੱਖ ਦੀ ਘੜੀ ਵਿੱਚ ਸ਼ਰੀਕ ਹੁੰਦਿਆਂ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟ ਕੀਤਾ।



## ਕੇਵਲ ਸਿੰਘ ਢਿੱਲੋਂ ਨੂੰ ਭਾਜਪਾ ਪੰਜਾਬ ਦਾ ਪ੍ਰਧਾਨ ਨਿਯੁਕਤ ਕਰਨ 'ਤੇ ਲੱਕੀ ਵੱਲੋਂ ਵਧਾਈ

ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ/ ਰਾਮ ਲਾਲ)- ਕੇਵਲ ਸਿੰਘ ਢਿੱਲੋਂ ਨੂੰ ਪੰਜਾਬ ਭਾਜਪਾ ਦਾ ਸੂਬਾ ਪ੍ਰਧਾਨ ਨਿਯੁਕਤ ਕੀਤੇ ਜਾਣ 'ਤੇ ਭਾਜਪਾ ਵਰਕਰਾਂ ਵਿੱਚ ਖ਼ੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਇਸ ਮੌਕੇ ਭਾਜਪਾ ਸ਼ਹੀਦ ਭਗਤ ਸਿੰਘ ਨਗਰ ਦੇ ਜ਼ਿਲ੍ਹਾ ਪ੍ਰਧਾਨ ਰਾਜਵਿੰਦਰ ਸਿੰਘ ਲੱਕੀ ਨੇ ਕੇਵਲ ਸਿੰਘ ਢਿੱਲੋਂ ਨੂੰ ਦਿਲੋਂ ਵਧਾਈ ਅਤੇ ਸ਼ੁੱਭਕਾਮਨਾਵਾਂ ਦਿੱਤੀਆਂ। ਲੱਕੀ ਨੇ ਕਿਹਾ ਕਿ ਕੇਵਲ ਸਿੰਘ ਢਿੱਲੋਂ ਇੱਕ ਮਿਹਨਤੀ, ਇਮਾਨਦਾਰ ਅਤੇ ਲੋਕਪ੍ਰਿਯ ਆਗੂ ਹਨ, ਜਿਨ੍ਹਾਂ ਨੇ ਸਦਾ ਹੀ ਪਾਰਟੀ ਦੀ ਨੀਤੀ ਅਤੇ ਸਿਧਾਂਤਾਂ ਨੂੰ ਮਜ਼ਬੂਤੀ ਨਾਲ ਲੋਕਾਂ ਤੱਕ ਪਹੁੰਚਾਇਆ ਹੈ। ਉਨ੍ਹਾਂ ਕਿਹਾ ਕਿ ਢਿੱਲੋਂ ਦੀ ਅਗਵਾਈ ਹੇਠ ਪੰਜਾਬ ਵਿੱਚ ਭਾਜਪਾ ਹੋਰ ਮਜ਼ਬੂਤ ਹੋਵੇਗੀ ਅਤੇ ਪਾਰਟੀ ਨਵੀਆਂ ਉਚਾਈਆਂ ਨੂੰ ਛੂਹੇਗੀ।ਉਨ੍ਹਾਂ ਨੇ ਕਿਹਾ ਕਿ ਪੰਜਾਬ ਦੇ ਵਿਕਾਸ, ਨੌਜਵਾਨਾਂ ਦੇ ਭਵਿੱਖ ਅਤੇ ਲੋਕ ਭਲਾਈ ਲਈ ਢਿੱਲੋਂ ਦੀ ਦੂਰਦਰਸ਼ੀ ਸੋਚ ਪਾਰਟੀ ਲਈ ਬਹੁਤ ਲਾਭਕਾਰੀ ਸਾਬਤ ਹੋਵੇਗੀ। ਉਨ੍ਹਾਂ ਦੀ ਨਿਯੁਕਤੀ ਨਾਲ ਪਾਰਟੀ ਵਰਕਰਾਂ ਵਿੱਚ ਨਵਾਂ ਜੋਸ਼ ਅਤੇ ਉਤਸ਼ਾਹ ਪੈਦਾ ਹੋਇਆ ਹੈ।ਰਾਜਵਿੰਦਰ ਸਿੰਘ ਲੱਕੀ ਨੇ ਕੇਂਦਰੀ ਨੇਤ੍ਰਿਤਵ ਦਾ ਵੀ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਨੇ ਇੱਕ ਯੋਗ ਅਤੇ ਤਜਰਬੇਕਾਰ ਨੇਤਾ ਨੂੰ ਪੰਜਾਬ ਦੀ ਕਮਾਨ ਸੌਂਪੀ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਢਿੱਲੋਂ ਦੀ ਅਗਵਾਈ ਵਿੱਚ ਵਿਕਸਿਤ ਪੰਜਾਬ, ਵਿਕਸਿਤ ਭਾਰਤ ਦੇ ਸੁਪਨੇ ਨੂੰ ਨਵੀਂ ਤਾਕਤ ਮਿਲੇਗੀ। ਇਸ ਮੌਕੇ ਜ਼ਿਲ੍ਹੇ ਦੇ ਕਈ ਭਾਜਪਾ ਆਗੂਆਂ ਅਤੇ ਵਰਕਰਾਂ ਨੇ ਵੀ ਢਿੱਲੋਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੀ ਕਾਮਯਾਬੀ ਲਈ ਸ਼ੁੱਭਕਾਮਨਾਵਾਂ ਪ੍ਰਗਟ ਕੀਤੀਆਂ। ਇਸ ਮੌਕੇ ਉਨ੍ਹਾਂ ਨਾਲ ਭਾਜਪਾ ਜ਼ਿਲ੍ਹਾ ਜਨਰਲ ਸਕੱਤਰ ਐਡਵੋਕੇਟ ਅਮਨ ਰਾਣਾ ਵੀ ਮੌਜੂਦ ਸਨ ।



## ਪੈਟਰੋਲ ਡੀਜ਼ਲ ਦੀਆਂ ਵਧੀਆ ਕੀਮਤਾਂ ਨੇ ਆਮ ਜਨਤਾਂ ਦੇ ਕੱਢੇ ਤਰਾਹ

ਅੱਡਾ ਸਰਾਂ (ਜਸਵੀਰ ਕਾਜਲ)- ਸਮੁੱਚੇ ਦੇਸ਼ ਅੰਦਰ ਡੀਜਲ ਅਤੇ ਪੈਟਰੋਲ ਦੀਆਂ ਲਗਾਤਾਰ ਵੱਧ ਰਹੀਆਂ ਕੀਮਤਾਂ ਨੇ ਆਮ ਲੋਕਾ ਕਚੂੰਬਰ ਕੱਢ ਦਿਤਾ ਹੈ ਅਤੇ ਦਿਨੋ ਦਿਨ ਵੱਧ ਰਹੀ ਮਹਿੰਗਾਈ ਦੀ ਮਾਰ ਹੇਠ ਆਏ ਲੋਕਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਵਾਰਸ ਪੰਜਾਬ ਦੇ ਜੱਥੇਬੰਦੀ ਦੇ ਸਰਕਲ ਪ੍ਰਧਾਨ ਜਸਵਿੰਦਰ ਸਿੰਘ ਨੇ ਸਥਾਨਿਕ ਪੱਤਰਕਾਰਾਂ ਨਾਲ ਕੀਤਾ। ਉਨ੍ਹਾਂ ਕਿਹਾ ਵੱਧ ਰਹੀਆਂ ਡੀਜਲ ਪੈਟਰੋਲ ਦੀਆਂ ਕੀਮਤਾਂ ਦੀ ਜਨਤਾ ਵਲੋ ਨਿੰਦਾ ਕੀਤੀ ਜਾ ਰਹੀ ਹੈ ।ਉਨ੍ਹਾਂ ਕਿਹਾ ਡੀਜਲ ਪੈਟਰੋਲ ਦੀਆਂ ਕੀਮਤਾਂ ਚ ਹੋਏ ਵਾਧੇ ਦਾ ਸਿੱਧਾ ਅਸਰ ਹਰ ਵਰਗ ਤੇ ਪੈਂਦਾ ਹੈ ਜਿਸ ਕਾਰਨ ਪਹਿਲਾਂ ਹੀ ਅਸਮਾਨ ਛੂਹ ਰਹੀ ਮਹਿਗਾਈ ਨੇ ਲੋਕਾ ਦਾ ਜੀਵਨ ਮੁਸ਼ਕਿਲ ਬਣਾ ਦਿਤਾ ਸੀ ਤੇ ਹੁਣ ਤੇਲ ਦੀਆਂ ਵਧੀਆ ਕੀਮਤਾਂ ਨੇ ਆਮ ਆਦਮੀ ਦੀਆਂ ਮੁਸ਼ਕਿਲਾ ਨੂੰ ਹੋਰ ਵਧਾ ਦਿਤਾ ਹੈ। ਇਸ ਮੌਕੇ ਸੁਖਜੀਤ ਸਿੰਘ, ਸਮਸੇਰ ਸਿੰਘ, ਪਰਮਿੰਦਰ ਸਿੰਘ, ਸਤਨਾਮ ਸਿੰਘ, ਲਖਵੀਰ ਸਿੰਘ, ਅਰਮਾਨਪਰੀਤ ਸਿੰਘ ਚੋਹਾਨ, ਰੋਹਿਤ ਕੋਸ਼ਲ, ਵਿਸਾਲ ਪੰਡਤ ਭਾਗੀਆ, ਮਨਦੀਪ ਸੰਧਰਾਂ, ਮਨਪ੍ਰੀਤ ਰਾਮਪੁਰ ਆਦਿ ਹਾਜਰ ਸਨ।



## 'ਮੇਰੀ ਰਸੋਈ' ਯੋਜਨਾ ਤਹਿਤ ਜ਼ਰੂਰਤਮੰਦ ਪਰਵਾਰਾਂ ਨੂੰ ਜਿੰਪਾ ਨੇ ਵੰਡੀਆਂ ਰਾਸ਼ਨ ਕਿੱਟਾਂ

ਹੁਸ਼ਿਆਰਪੁਰ (ਓ ਪੀ ਰਾਣਾ) ਪੰਜਾਬ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਨੂੰ ਘਰ-ਘਰ ਤੱਕ ਪਹੁੰਚਾਉਣ ਦੇ ਉਦੇਸ਼ ਨਾਲ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਮੁਹੱਲਾ ਕੱਚਾ ਟੋਭਾ ਵਿਚ 'ਮੇਰੀ ਰਸੋਈ' ਯੋਜਨਾ ਤਹਿਤ ਜ਼ਰੂਰਤਮੰਦ ਪਰਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ। ਇਸ ਦੌਰਾਨ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਲਗਾਤਾਰ ਆਮ ਲੋਕਾਂ ਦੇ ਆਰਥਿਕ ਬੋਝ ਨੂੰ ਘੱਟ ਕਰਨ ਲਈ ਇਤਿਹਾਸਕ ਫੈਸਲੇ ਲੈ ਰਹੀ ਹੈ।ਵਿਧਾਇਕ ਜਿੰਪਾ ਨੇ ਕਿਹਾ ਕਿ ਸੂਬੇ ਵਿਚ 600 ਯੂਨਿਟ ਤੱਕ ਮੁਫ਼ਤ ਬਿਜਲੀ ਦਿੱਤੀ ਜਾ ਰਹੀ ਹੈ, ਸਰਕਾਰੀ ਹਸਪਤਾਲਾਂ ਵਿਚ ਦਵਾਈਆਂ ਦੀ ਕੋਈ ਕਮੀ ਨਹੀਂ ਅਤੇ ਜਲਦ ਹੀ ਹੁਸ਼ਿਆਰਪੁਰ ਵਿਚ ਮੈਡੀਕਲ ਕਾਲਜ ਦਾ ਨਿਰਮਾਣ ਕਾਰਜ ਵੀ ਸ਼ੁਰੂ ਹੋ ਜਾਵੇਗਾ, ਜਿਸ ਨਾਲ ਸਿਹਤ ਸੇਵਾਵਾਂ ਹੋਰ ਮਜ਼ਬੂਤ ਹੋਣਗੀਆਂ। ਉਨ੍ਹਾਂ ਦੱਸਿਆ ਕਿ 'ਮੇਰੀ ਰਸੋਈ' ਯੋਜਨਾ ਰਾਹੀਂ ਸੂਬੇ ਦੇ ਕਰੀਬ 40 ਲੱਖ ਪਰਵਾਰਾਂ ਨੂੰ ਲਾਭ ਮਿਲੇਗਾ। ਉਨ੍ਹਾਂ ਕਿਹਾ ਕਿ ਇਹ ਯੋਜਨਾ ਗਰੀਬ ਅਤੇ ਜ਼ਰੂਰਤਮੰਦ ਪਰਵਾਰਾਂ ਲਈ ਕਿਸੇ ਰਾਹਤ ਤੋਂ ਘੱਟ ਨਹੀਂ ਹੈ ਕਿਉਂਕਿ ਇਸ ਨਾਲ ਰਸੋਈ ਦਾ ਖਰਚ ਕਾਫ਼ੀ ਹੱਦ ਤੱਕ ਘੱਟ ਹੋਵੇਗਾ। ਰਾਸ਼ਨ ਕਿੱਟ ਵਿਚ 2 ਕਿਲੋ ਛੋਲਿਆਂ ਦੀ ਦਾਲ, 2 ਕਿਲੋ ਖੰਡ, 1 ਕਿਲੋ ਲੂਣ, 200 ਗਰਾਮ ਹਲਦੀ ਅਤੇ 1 ਲੀਟਰ ਸਰ੍ਹੋਂ ਦਾ ਤੇਲ ਸ਼ਾਮਲ ਕੀਤਾ ਗਿਆ ਹੈ। ਇਸ ਤੋਂ ਇਲਾਵਾ ਹਰ ਲਾਭਪਾਤਰੀ ਪਰਵਾਰ ਨੂੰ ਹਰ ਤਿੰਨ ਮਹੀਨੇ ਬਾਅਦ ਇਸ ਤਰ੍ਹਾਂ ਦੀ ਵਿਸ਼ੇਸ਼ ਰਾਸ਼ਨ ਕਿੱਟ ਉਪਲਬੱਧ ਕਰਵਾਈ ਜਾਵੇਗੀ, ਜਿਸ ਵਿਚ ਘਰੇਲੂ ਜ਼ਰੂਰਤ ਦੀਆਂ ਹੋਰ ਵਸਤੂਆਂ ਵੀ ਸ਼ਾਮਲ ਹੋਣਗੀਆਂ।ਵਿਧਾਇਕ ਜਿੰਪਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਮੁਫ਼ਤ ਬਿਜਲੀ, ਬਿਹਤਰ ਸਿਹਤ ਸੇਵਾਵਾਂ, ਉਚ ਪੱਧਰੀ ਸਿੱਖਿਆ ਅਤੇ ਮਹਿਲਾਵਾਂ ਦੀ ਭਲਾਈ ਵਰਗੀਆਂ ਕਈ ਯੋਜਨਾਵਾਂ ਰਾਹੀਂ ਲੋਕਾਂ ਨੂੰ ਸਿੱਧਾ ਲਾਭ ਪਹੁੰਚਾ ਰਹੀ ਹੈ।ਇਸ ਮੌਕੇ ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ, ਕੌਂਸਲਰ ਪ੍ਰਦੀਪ ਬਿੱਟੂ, ਅਜੇ ਵਰਮਾ, ਸੰਜੀਵ ਦੂਆ ਤੋਂ ਇਲਾਵਾ ਮੁਹੱਲਾ ਨਿਵਾਸੀ ਵੀ ਮੌਜੂਦ ਸਨ ।



## ਐੱਸ ਆਈ ਆਰ ਲਈ ਕਾਂਗਰਸੀ ਵਰਕਰ ਚੌਕਸ ਰਹਿਣ : ਸ਼ਰਮਾ

ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)- ਅਮੇਠੀ ਤੋਂ ਮੈਂਬਰ ਪਾਰਲੀਮੈਂਟ ਅਤੇ ਸੀਨੀਅਰ ਕਾਂਗਰਸੀ ਆਗੂ ਪੰਡਿਤ ਕਿਸ਼ੋਰੀ ਲਾਲ ਸ਼ਰਮਾ ਆਪਣੇ ਜੱਦੀ ਪਿੰਡ ਭਿਵਾਨੀਪੁਰ ਜਾਂਦਿਆਂ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਮੈਂਬਰ ਪੰਕਜ ਕ੍ਰਿਪਾਲ ਐਡਵੋਕੇਟ ਦੇ ਨਿਵਾਸ ਸਥਾਨ ਤੇ ਰੁਕੇ, ਜਿਥੇ ਉਨਾਂ ਦਾ ਨਿੱਘਾ ਸੁਆਗਤ ਕੀਤਾ ਗਿਆ। ਇਸ ਮੌਕੇ ਮੈਂਬਰ ਪਾਰਲੀਮੈਂਟ ਪੰਡਿਤ ਕਿਸ਼ੋਰੀ ਲਾਲ ਸ਼ਰਮਾ ਨੇ ਪ੍ਰੈਸ ਨਾਲ ਗੱਲਬਾਤ ਕਰਦਿਆ ਕਿਹਾ ਕਿ ਕੇਂਦਰ ਸਰਕਾਰ ਵਲੋਂ ਕਰਵਾਈ ਜਾ ਰਹੀ ਐੱਸ ਆਈ ਆਰ ਲਈ ਹਰ ਕਾਂਗਰਸੀ ਵਰਕਰ ਨੂੰ ਆਪਣੇ-ਆਪਣੇ ਬੂਥ ਤੇ ਪੂਰੀ ਤਿਆਰੀ ਨਾਲ ਸਤਰਕ ਰਹਿਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਸੂਬੇ ਵਿੱਚ ਕਾਂਗਰਸ ਪਾਰਟੀ ਇਕਜੁੱਟ ਹੈ ਅਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਸਭ ਇਕੱਠੇ ਹੋ ਕੇ ਲੜਾਂਗੇ। ਇਸ ਮੌਕੇ ਕਲਿਆਣ ਸਿੰਘ ਗਾਂਧੀ, ਐਡਵੋਕੇਟ ਪੰਕਜ ਕ੍ਰਿਪਾਲ, ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਐੱਸ ਸੀ ਵਿਭਾਗ ਦੇ ਕਾਰਜਕਾਰੀ ਪ੍ਰਧਾਨ ਯਾਮਿਨੀ ਗੋਮਰ, ਜ਼ਿਲ੍ਹਾ ਕਾਂਗਰਸ ਕਮੇਟੀ ਹੁਸ਼ਿਆਰਪੁਰ ਦੇ ਐੱਸ ਸੀ ਵਿਭਾਗ ਦੇ ਪ੍ਰਧਾਨ ਬਲਵਿੰਦਰ ਸਿੰਘ ਬਿੱਟੂ, ਯੂਥ ਕਾਂਗਰਸ ਆਗੂ ਪ੍ਰਣਵ ਕ੍ਰਿਪਾਲ, ਰੋਹਿਤ, ਜਗਤਾਰ ਸਿੰਘ ਸਾਧੋਵਾਲ, ਦੀਪਕ ਰਾਜੂ, ਪ੍ਰਕਾਸ਼ ਸਿੰਘ ਲੰਬੜਦਾਰ ਆਦਿ ਹਾਜ਼ਰ ਹੋਏ।



## ਕੇਵਲ ਸਿੰਘ ਢਿੱਲੋਂ ਦੀ ਨਿਯੁਕਤੀ ਦਾ ਸਵਾਗਤ



ਆਦਮਪੁਰ (ਪਰਮਜੀਤ ਸਿੰਘ)- ਭਾਰਤੀ ਜਨਤਾ ਪਾਰਟੀ ਆਦਮਪੁਰ ਦੇ ਕਨਵੀਨਰ ਜਗਦੀਸ਼ ਕੁਮਾਰ ਜੱਸਲ ਨੇ ਕੇਵਲ ਸਿੰਘ ਢਿੱਲੋਂ ਨੂੰ ਪੰਜਾਬ ਭਾਜਪਾ ਦਾ ਪ੍ਰਧਾਨ ਨਿਯੁਕਤ ਹੋਣ 'ਤੇ ਦਿਲੋਂ ਵਧਾਈ ਦਿੰਦੇ ਹੋਏ ਕਿਹਾ ਕਿ ਪਾਰਟੀ ਹਾਈਕਮਾਨ ਨੇ ਇੱਕ ਮਿਹਨਤੀ, ਜੁਝਾਰੂ ਅਤੇ ਤਜਰਬੇਕਾਰ ਆਗੂ ਨੂੰ ਇਹ ਮਹੱਤਵਪੂਰਨ ਜ਼ਿੰਮੇਵਾਰੀ ਸੌਂਪ ਕੇ ਵਰਕਰਾਂ ਦਾ ਮਾਣ ਵਧਾਇਆ ਹੈ। ਜਗਦੀਸ਼ ਜੱਸਲ ਨੇ ਕਿਹਾ ਕਿ ਕੇਵਲ ਸਿੰਘ ਢਿੱਲੋਂ ਦੀ ਅਗਵਾਈ ਹੇਠ ਪੰਜਾਬ ਭਾਜਪਾ ਹੋਰ ਵੀ ਮਜ਼ਬੂਤ ਹੋਵੇਗੀ ਅਤੇ ਪਾਰਟੀ ਸੂਬੇ ਵਿੱਚ ਨਵੀਂ ਨੀਂਹ ਰੱਖੇਗੀ। ਉਨ੍ਹਾਂ ਕਿਹਾ ਕਿ ਕੇਵਲ ਸਿੰਘ ਢਿੱਲੋਂ ਲੰਬੇ ਸਮੇਂ ਤੋਂ ਆਗੂ ਰਹੇ ਹਨ। ਉਹ ਸੰਗਠਨ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਕੰਮ ਕਰ ਰਹੇ ਹਨ।

## ਦੇਸ਼ ਨੂੰ ਉਜਾੜਨ ਵਾਲੇ ਮੌਕਾਪ੍ਰਸਤ ਹਾਕਮਾਂ ਦਾ ਡੱਟ ਕੇ ਵਿਰੋਧ ਕਰਦੇ ਰਹਿਣਗੇ ਲੋਕ ਪੱਖੀ ਅਸੂਲਪ੍ਰਸਤ ਆਗੂ : ਤਲਵਿੰਦਰ ਹੀਰ

ਮਾਹਿਲਪੁਰ (ਸ਼ਫ਼ਰੀ)- ਦੇਸ਼ ਤੇ ਸੂਬੇ ਨੂੰ ਮੌਜੂਦਾ ਸੰਕਟਮਈ ਹਾਲਾਤਾਂ ਚੋਂ ਕੱਢਣ, ਮੌਕਾਪ੍ਰਸਤ ਹਾਕਮਾਂ ਦਾ ਅਸਲ ਕਰੂਪ ਚਿਹਰਾ ਜੱਗ ਜ਼ਾਹਰ ਕਰਨ ਤੇ ਦੇਸ਼ ਤੇ ਸੂਬੇ ਨੂੰ ਬਚਾਉਣ ਲਈ ਲੋਕ ਲਹਿਰਾਂ ਚੋਂ ਜਨਮੇ ਤੇ ਲੋਕ ਸੇਵਾ ਲੇਖੇ ਜ਼ਿੰਦਗੀ ਲਾਉਣ ਵਾਲੇ ਅਸੂਲਪ੍ਰਸਤ ਆਗੂ ਹਮੇਸ਼ਾ ਲੋਕਾਂ ਦੇ ਅੰਗ ਸੰਗ ਰਹਿਣਗੇ ਤੇ ਹੰਕਾਰੇ ਹਾਕਮਾਂ ਦਾ ਡੱਟ ਕੇ ਵਿਰੋਧ ਕਰਦੇ ਰਹਿਣਗੇ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਿਸਾਨ ਆਗੂ ਤਲਵਿੰਦਰ ਸਿੰਘ ਹੀਰ ਨੰਗਲ ਖਿਲਾੜੀਆਂ ਨੇ ਉੱਘੇ ਸੂਬਾਈ ਆਗੂ ਕਾਮਰੇਡ ਦਰਸ਼ਨ ਸਿੰਘ ਮੱਟੂ ਤੇ ਕਾਮਰੇਡ ਮਹਿੰਦਰ ਖੈਰੜ ਦੀ ਮੌਜੂਦਗੀ ਵਿੱਚ ਕੀਤਾ।ਉਹ ਬੀਤੇ ਦਿਨੀਂ ਪਿੰਡ ਮਖਸੂਸਪੁਰ ਦੇ ਅੱਗ ਨਾਲ ਸੜ ਕੇ ਮਰਨ ਵਾਲੇ ਸੁਖਵੀਰ ਸਿੰਘ ਉਮਰ 28 ਸਾਲ ਤੇ ਇਲਾਜ ਅਧੀਨ ਉਸ ਦੇ ਸਕੇ ਭਰਾ ਪ੍ਰਦੀਪ ਸਿੰਘ 32 ਸਾਲ ਦੇ ਘਰ ਪੀੜ੍ਹਤ ਪਿਤਾ ਸੁਲੱਖਣ ਸਿੰਘ ਤੇ ਮਾਤਾ ਕੁਲਵਿੰਦਰ ਕੌਰ ਨਾਲ ਹਮਦਰਦੀ ਪ੍ਰਗਟ ਕਰਨ ਤੇ ਹੌਸਲਾ ਦੇਣ ਲਈ ਪਹੁੰਚੇ ਹੋਏ ਸਨ।ਕਾਮਰੇਡ ਦਰਸ਼ਨ ਸਿੰਘ ਮੱਟੂ ਨੇ ਮ੍ਰਿਤਕ ਸੁਖਵੀਰ ਸਿੰਘ ਦੇ ਹੌਂਸਲੇ ਦੀ ਸਰਾਹਨਾ ਕਰਦਿਆਂ ਕਿਹਾ ਕਿ ਉਸ ਨੇ ਦੂਜਿਆਂ ਦੇ ਘਰਾਂ,ਦੁਕਾਨਾਂ ਤੇ ਆਪਣੇ ਮਾਲਕਾਂ ਨੂੰ ਹਰਜਾਨਾ ਭਰਨੋਂ ਬਚਾਉਣ ਖਾਤਰ ਚੜ੍ਹਦੀ ਉਮਰੇ ਆਪਣੀ ਜਾਨ ਕੁਰਬਾਨ ਕਰ ਦਿੱਤੀ। ਦੂਜੇ ਇਲਾਜ ਅਧੀਨ ਭਰਾ ਪ੍ਰਦੀਪ ਸਿੰਘ ਨੇ ਆਪਣੀ ਜਾਨ ਜੋਖ਼ਮ 'ਚ ਪਾ ਕੇ ਆਪਣੇ ਲਾਡਲੇ ਭਰਾ ਨੂੰ ਬਚਾਉਣ ਲਈ ਪੂਰੀ ਕੋਸ਼ਿਸ਼ ਕੀਤੀ ਪਰ ਉਹ ਸਫ਼ਲ ਨਾ ਹੋ ਸਕਿਆ।ਉਨ੍ਹਾਂ ਕਿਹਾ ਸੁਖਵੀਰ ਸਿੰਘ ਦੇ ਮਾਤਾ ਪਿਤਾ ਤੇ ਭਰਾ ਨੂੰ ਸ਼ਹੀਦ ਭਗਤ ਸਿੰਘ ਮੈਮੋਰੀਅਲ ਚੈਰੀਟੇਬਲ ਟਰੱਸਟ ਵਲੋਂ ਆਉਣ ਵਾਲੇ ਸਮੇਂ ਵਿੱਚ ਸਨਮਾਨਤ ਕੀਤਾ ਜਾਵੇਗਾ ਤੇ ਹਰ ਦੁੱਖ ਸੁੱਖ ਵਿੱਚ ਉਨ੍ਹਾਂ ਦਾ ਸਾਥ ਨਿਭਾਇਆ ਜਾਵੇਗਾ।ਕਾਮਰੇਡ ਮਹਿੰਦਰ ਸਿੰਘ ਖੈਰੜ ਨੇ ਇਲਾਕੇ ਦੇ ਪੁਰਾਣੇ ਇਨਸਾਫਪਸੰਦ ਆਗੂਆਂ ਸਵ: ਡਾਕਟਰ ਭਾਗ ਸਿੰਘ ਮਖਸੂਸਪੁਰ, ਕਾਮਰੇਡ ਦਰਸ਼ਨ ਸਿੰਘ ਕੈਨੇਡੀਅਨ, ਚੌਧਰੀ ਬਲਵੀਰ ਸਿੰਘ, ਕਰਤਾਰ ਸਿੰਘ ਵੈਦ, ਬਲਵੰਤ ਸਿੰਘ ਖੇੜਾ ਵਰਗੇ ਆਗੂਆਂ ਨੂੰ ਸਤਿਕਾਰ ਸਹਿਤ ਯਾਦ ਕਰਦਿਆਂ ਕਿਹਾ ਕਿ ਅਜੋਕੇ ਨਿਕੰਮੇ ਭ੍ਰਿਸ਼ਟ ਆਗੂਆਂ ਨੇ ਦੇਸ਼ ਤੇ ਸੂਬੇ ਦਾ ਹੱਦੋਂ ਵੱਧ ਨੁਕਸਾਨ ਕੀਤਾ ਹੈ।ਇਸ ਮੌਕੇ ਤੇ ਜਨਵਾਦੀ ਇਸਤਰੀ ਸਭਾ ਦੀ ਸੂਝਵਾਨ ਆਗੂ ਸੁਭਾਸ਼ ਮੱਟੂ, ਡਾਕਟਰ ਬਲਵਿੰਦਰ ਸਿੰਘ, ਬੀਬੀ ਅਮਰੀਕ ਕੌਰ,ਕੁਲਵਿੰਦਰ ਕੌਰ ਤੇ ਸਰਬਜੀਤ ਸਿੰਘ ਸੱਬਾ ਹਾਜ਼ਰ ਸਨ।



## ਤ੍ਰਵੈਣੀ ਆਸ਼ਰਮ ਵਿਖੇ ਸ੍ਰੀ ਮਦ ਭਾਗਵਤ ਕਥਾ ਸਮਾਪਤ





ਭਲਾਣ (ਹਰਭਜਨ ਸਿੰਘ ਢਿੱਲੋਂ)- ਤ੍ਰਵੈਣੀ ਆਸ਼ਰਮ ਭਲਾਣ ਵਿਖੇ 22 ਮਈ ਤੋਂ 28ਮਈ ਤੱਕ ਚੱਲ ਰਹੀ ਸ੍ਰੀਮਦ ਭਾਗਵਤ ਕਥਾ ਦੇ ਅੰਤਿਮ ਦਿਨ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਪਹੁੰਚ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ। ਇਸ ਮੌਕੇ 22 ਮਈ ਤੋਂ ਲਗਾਤਾਰ ਅਚਾਰੀਆ ਸ਼ੁਭਮ ਸੰਖਿਆਲ ਵੱਲੋਂ ਸਵੇਰੇ 11 ਤੋਂ ਦੁਪਿਹਰ 2 ਵਜੇ ਤੱਕ ਸੰਗਤਾਂ ਨੂੰ ਸ੍ਰੀ ਮਦ ਭਾਗਵਤ ਦੇ ਵੱਖ-ਵੱਖ ਅਧਿਆਇਆਂ ਤੋਂ ਪ੍ਰਸੰਗ ਸੁਣਾ ਕੇ ਧਾਰਮਿਕ ਗਿਆਨ ਦਿੱਤਾ ਗਿਆ ਤੇ ਗੁਰੂ ਬਾਣੀ ਨਾਲ ਜੁੜਨ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਸ੍ਰੀਮਦ ਭਗਵਤ ਕਥਾ ਦੌਰਾਨ ਹਰ ਰੋਜ਼ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ ਤੇ ਭਗਤੀ ਰਸ ਦਾ ਆਨੰਦ ਮਾਣਿਆ। ਇਸ ਮੌਕੇ ਮੰਦਰ ਸੰਚਾਲਕ ਸ੍ਰੀ ਸ੍ਰੀ 1008 ਸਵਾਮੀ ਸੁਮਾਰਦਾਸ, ਸੰਤ ਸੁਦਾਮਾ ਦਾਸ ਸਮੇਤ ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਵੱਖ-ਵੱਖ ਪਿੰਡਾਂ ਤੋਂ ਪਹੁੰਚੇ ਮੋਹਤਵਾਰ ਪਤਵੰਤਿਆਂ ਅਤੇ ਰਾਜਨੀਤੀਕ ਆਗੂ ਵਿਸਵਪਾਲ ਸਿੰਘ ਰਾਣਾ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ ਅਤੇ ਤ੍ਰਵੈਣੀ ਮੰਦਰ ਮੱਥਾ ਟੇਕ ਕੇ ਮਹਾਂਪੁਰਸ਼ਾਂ ਦਾ ਅਸ਼ੀਰਵਾਦ ਪ੍ਰਾਪਤ ਕੀਤਾ। ਰਾਣਾ ਬੇਸ਼ਪਾਲ ਨੇ ਆਪਣੇ ਸੰਬੋਧਨ ਵਿੱਚ ਕਿਹਾ ਕੀ ਭਾਗਵਤ ਨੇ ਸੰਸਾਰ ਨੂੰ ਜੁਗਾਂ ਜੁਗਾਂ ਤੋਂ ਨਵੀਂ ਰੌਸ਼ਨੀ ਦਿਖਾਈ ਹੈ। ਸਮਾਗਮ ਦੌਰਾਨ ਹਰ ਦਿਨ ਸੰਗਤਾਂ ਨੂੰ ਲੰਗਰ ਵੀ ਛਕਾਇਆ ਜਾਂਦਾ ਸੀ, ਜਿਸ ਵਿੱਚ ਸੰਗਤਾਂ ਨੇ ਬੜੀ ਸ਼ਰਧਾ ਨਾਲ ਸੇਵਾ ਨਿਭਾਈ। ਅੰਤਿਮ ਦਿਨ ਧਾਰਮਿਕ ਮਾਹੌਲ ਵਿੱਚ ਸੰਗਤਾਂ ਨੇ ਸ੍ਰੀ ਮਦ ਭਾਗਵਤ ਕਥਾ ਦਾ ਆਨੰਦ ਮਾਣਦੇ ਹੋਏ ਗੁਰੂ ਘਰ ਦੀਆਂ ਖ਼ੁਸ਼ੀਆਂ ਪ੍ਰਾਪਤ ਕੀਤੀਆਂ। ਇਸ ਮੌਕੇ ਮੰਦਰ ਪ੍ਰਬੰਧਕਾਂ ਅਤੇ ਸੇਵਦਾਰਾਂ ਵੱਲੋਂ ਪਹੁੰਚੀਆਂ ਸੰਗਤਾਂ ਦਾ ਧੰਨਵਾਦ ਕੀਤਾ ਗਿਆ।

## ਮੁਫ਼ਤ ਮੈਡੀਕਲ ਕੈਂਪ ਲਗਾਇਆ



ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)- ਸੰਤ ਬਾਬਾ ਜਵਾਲਾ ਸਿੰਘ ਚੈਰੀਟੇਬਲ ਹਸਪਤਾਲ ਅੱਤੋਵਾਲ ਵਿਖੇ ਸੰਤ ਅਮਰਜੀਤ ਸਿੰਘ ਮੁਖੀ ਹਰਖੋਵਾਲ ਸੰਪ੍ਰਦਾਇ ਦੀ ਅਗਵਾਈ 'ਚ ਤੇ ਡਾ: ਨਵੀਨ ਚਿਤਕਾਰਾ ਦੀ ਦੇਖ-ਰੇਖ ਹੇਠ ਮੁਫ਼ਤ ਮੈਡੀਕਲ ਜਾਂਚ ਕੈਂਪ ਲਗਾਇਆ ਗਿਆ ਜਿਸ ਦਾ ਉਦਘਾਟਨ ਅਰਦਾਸ ਉਪਰੰਤ ਸੰਤ ਅਮਰਜੀਤ ਸਿੰਘ ਵਲੋਂ ਕੀਤਾ ਗਿਆ। ਇਸ ਮੌਕੇ ਵੱਖ-ਵੱਖ ਰੋਗਾਂ ਦੇ ਮਰੀਜ਼ਾਂ ਦੀ ਜਾਂਚ ਉਪਰੰਤ ਲੋੜਵੰਦਾਂ ਨੂੰ ਮੁਫ਼ਤ ਦਵਾਈਆਂ ਵੀ ਦਿੱਤੀਆਂ ਗਈਆਂ। ਇਸ ਮੌਕੇ ਉਨ੍ਹਾਂ ਦੱਸਿਆ ਕਿ ਹਸਪਤਾਲ ਦਾ ਨਵੀਨੀਕਰਨ ਵੀ ਕੀਤਾ ਗਿਆ ਹੈ, ਜਿਸ ਨਾਲ ਇਲਾਕੇ ਦੇ ਲੋਕਾਂ ਨੂੰ ਸਿਹਤ ਸਹੂਲਤਾਂ ਸਬੰਧੀ ਲਾਭ ਮਿਲੇਗਾ ਤੇ ਹਸਪਤਾਲ 'ਚ ਮਾਹਿਰ ਡਾਕਟਰਾਂ ਸਮੇਤ ਪ੍ਰਸਿੱਧ ਡਾ. ਨਵੀਨ ਚਿਤਕਾਰਾ ਦੀ ਟੀਮ ਵੱਲੋਂ ਇਲਾਜ ਕੀਤਾ ਜਾਵੇਗਾ। । ਇਸ ਮੌਕੇ ਹੋਰਨਾਂ ਤੋਂ ਇਲਾਵਾ ਬਾਬਾ ਸੁਰਜੀਤ ਸਿੰਘ, ਹਰਜਾਪ ਸਿੰਘ ਮੱਖਣ ਰਾਜਪੁਰ ਭਾਈਆਂ, ਜਸਪ੍ਰੀਤ ਸਿੰਘ ਸੰਘਾ, ਹਰਮੇਲ ਸਿੰਘ ਮੱਲ੍ਹੀ ਨੰਗਲ, ਗੁਰਵਿੰਦਰ ਸਿੰਘ ਬੱਡਲਾ, ਡਾ: ਸੁਖਮੀਤ ਬੇਦੀ, ਮੈਨੇ: ਬਖਸ਼ਿੰਦਰ ਕੌਰ, ਸੁਖਵਿੰਦਰ ਸਿੰਘ ਜੱਜ, ਬਾਬਾ ਗੁਰਮੇਲ ਸਿੰਘ ਆਦਿ ਹਾਜ਼ਰ ਸਨ।